ਚੜ੍ਹਦੀਕਲਾ ਪੜ੍ਹੋ ! ਚੜ੍ਹਦੀਕਲਾ 'ਚ ਰਹੋ !!
ਚੜ੍ਹਦੀਕਲਾ
ਬੀਤੀ ਅੱਧੀ ਸਦੀ ਤੋਂ ਧਰੂ ਤਾਰੇ ਵਾਂਗ ਚਮਕ ਰਿਹਾ ਰੋਜ਼ਾਨਾ 'ਚੜ੍ਹਦੀਕਲਾ' ਅਖ਼ਬਾਰ
• ਦੇਸ਼ ਦੇ ਸਭ ਤੋਂ ਸੀਨੀਅਰ ਪੱਤਰਕਾਰਾਂ ਵਿਚੋਂ ਇਕ ਸ੍ਰ. ਜਗਜੀਤ ਸਿੰਘ ਦਰਦੀ ਦੀ ਯੋਗ ਰਹਿਨੁਮਾਈ
• ਬਿਨਾਂ ਕਿਸੇ ਸਿਆਸੀ ਦਬਾਅ ਜਾਂ ਲਾਲਚ ਤੋਂ ਨਿਰਪੱਖਤਾ ਅਤੇ ਨਿਡਰਤਾ ਨਾਲ ਲੋਕ ਮੁੱਦਿਆਂ ਨੂੰ ਪੇਸ਼ ਕਰਨਾ
• ਧਾਰਮਿਕ ਕੱਟੜਤਾ ਅਤੇ ਵਪਾਰਕ ਲਾਭਾਂ ਜਿਹੀ ਸੌੜੀ ਸੋਚ ਤੋਂ ਕੋਹਾਂ ਦੂਰ, ਕੌਮੀ ਹਿੱਤਾਂ ਨੂੰ ਸਮਰਪਿਤ ਸੋਚ
• ਪੇਸ਼ੇ ਪ੍ਰਤੀ ਇਮਾਨਦਾਰ, ਸਮਰਪਿਤ ਅਤੇ ਸੰਵੇਦਨਸ਼ੀਲ ਪੱਤਰਕਾਰ ਅਤੇ ਸੰਪਾਦਕ ਸਟਾਫ
• ਹਰ ਵਰਗ ਦੇ ਪਾਠਕਾਂ ਲਈ ਉਸਾਰੂ ਸਮੱਗਰੀ ਦੀ ਭਰਮਾਰ
ਰਾਜਨੀਤਿਕ, ਸਮਾਜਿਕ, ਆਰਥਿਕ ਅਤੇ ਹਰ ਤਰ੍ਹਾਂ ਦੀਆਂ ਤਾਜ਼ਾ ਖ਼ਬਰਾਂ
ਪੰਜਾਬ ਦੇ ਹਰ ਪਿੰਡ ਹਰ ਸ਼ਹਿਰ 'ਚ ਮਿਲਦਾ ਹੈ
ਵੱਖ-ਵੱਖ ਵਿਸ਼ਿਆਂ ਅਤੇ ਚਾਲੂ ਮਾਮਲਿਆਂ ਬਾਰੇ ਜਾਣਕਾਰੀ ਭਰਪੂਰ ਸੰਪਾਦਕੀ ਲੇਖ, ਫੀਚਰ ਅਤੇ ਪੜ੍ਹਨਯੋਗ ਸਮੱਗਰੀ
ਆਪਣੇ ਅਖ਼ਬਾਰਾਂ ਏਜੰਟ ਤੋਂ 'ਚੜ੍ਹਦੀਕਲਾ' ਦੀ ਮੰਗ ਕਰੋ

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬੱਤ ਦਾ ਭਲਾ

PRGI (RNI) Regd. No. 22972/1972

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ:) ਗਿ: ਹਰਨਾਮ ਸਿੰਘ ਜੀ

ਮੁੱਖ ਸੰਪਾਦਕ: ਡਾ. ਜਗਜੀਤ ਸਿੰਘ 'ਦਰਦੀ'

ਸੰਪਾਦਕ : ਹਰਪ੍ਰੀਤ ਸਿੰਘ 'ਦਰਦੀ'

(ਕੁੱਲ ਸਫ਼ੇ 12 Pages 12)

(Friday, 9 May, 2025) ਪਟਿਆਲਾ ਸ਼ੁੱਕਰਵਾਰ, 9 ਮਈ, 2025, 27 ਵੈਸਾਖ, ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26, ਸਾਲ (Year) 57 ਅੰਕ ਨੰਬਰ (Volume No.) 127 ਮੁੱਲ : 2.00 ਰੁਪਏ ਫ਼ੋਨ: +91- 92168-07500 Posted at RMS Patiala www.charhdikala.com E-mail: news@charhdikala.com

## ਬੀ.ਐਸ.ਐਫ. ਵੱਲੋਂ ਸਰਹੱਦ ਪਾਰ ਕਰਦਾ ਪਾਕਿਸਤਾਨੀ ਘੁਸਪੈਠੀਆ ਢੇਰ

ਫ਼ਿਰੋਜ਼ਪੁਰ, 8 ਮਈ (ਤਿਵਾੜੀ) : ਫ਼ਿਰੋਜ਼ਪੁਰ ਦੇ ਮਮਦੋਟ ਸੈਕਟਰ ਵਿਚ ਅੰਤਰਰਾਸ਼ਟਰੀ ਸਰਹੱਦ 'ਤੇ ਤਾਇਨਾਤ ਬੀਐੱਸਐੱਫ ਦੇ ਜਵਾਨਾਂ ਨੇ ਅੱਜ ਤੜਕੇ ਵੱਡੀ ਸਫਲਤਾ ਹਾਸਲ ਕਰਦੇ ਹੋਏ ਇਕ ਪਾਕਿਸਤਾਨੀ ਘੁਸਪੈਠੀਏ ਨੂੰ ਢੇਰ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਘਟਨਾ ਬੀਐੱਸਐੱਫ ਦੀ ਲੱਖਾ ਸਿੰਘ ਵਾਲਾ ਚੌਕੀ ਨੇੜੇ ਵਾਪਰੀ। ਤੜਕੇ ਕਰੀਬ 2:30 ਵਜੇ ਸਰਹੱਦ 'ਤੇ ਗਸ਼ਤ ਕਰ ਰਹੇ ਚੌਕਸ ਬੀਐੱਸਐੱਫ (ਬਾਕੀ ਸਫਾ 2 'ਤੇ)

# ਭਾਰਤੀ ਸ਼ਹਿਰਾਂ 'ਤੇ ਮਿਜ਼ਾਈਲ ਹਮਲਾ ਨਾਕਾਮ; ਪਾਕਿ ਦਾ ਹਵਾਈ ਰੱਖਿਆ ਤੰਤਰ ਨਸ਼ਟ

## ਭਾਰਤ ਨੇ ਪਾਕਿਸਤਾਨ ਵੱਲੋਂ ਛੱਡੀਆਂ ਮਿਜ਼ਾਈਲਾਂ ਅਤੇ ਡਰੋਨਾਂ ਨੂੰ ਡੇਗਿਆ; ਜਲੰਧਰ, ਲੁਧਿਆਣਾ, ਆਦਮਪੁਰ, ਬਠਿੰਡਾ, ਚੰਡੀਗੜ੍ਹ ਸਮੇਤ ਕਈ ਫੌਜੀ ਟਿਕਾਣੇ ਸਨ ਨਿਸ਼ਾਨੇ 'ਤੇ

ਚੜ੍ਹਦੀਕਲਾ ਬਿਊਰੋ

================





ਨਵੀਂ ਦਿੱਲੀ, 8 ਮਈ : ਭਾਰਤ ਦੇ ਆਪਰੇਸ਼ਨ ਸਿੰਦੂਰ ਤੋਂ ਬੌਖਲਾਏ ਪਾਕਿਸਤਾਨ ਨੇ ਬੁੱਧਵਾਰ ਰਾਤ ਨੂੰ ਜੰਮੂ-ਕਸ਼ਮੀਰ ਤੋਂ ਗੁਜਰਾਤ ਤੱਕ ਘੱਟੋ-ਘੱਟ 15 ਸ਼ਹਿਰਾਂ 'ਚ ਫੌਜੀ ਟਿਕਾਣਿਆਂ ਨੂੰ ਮਿਜ਼ਾਈਲਾਂ ਅਤੇ ਡਰੋਨਾਂ ਨਾਲ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਕੀਤੀ, ਜਿਸ ਨੂੰ ਭਾਰਤ ਦੀ ਹਵਾਈ ਰੱਖਿਆ ਪ੍ਰਣਾਲੀ ਨੇ ਪੂਰੀ ਤਰ੍ਹਾਂ ਨਾਕਾਮ ਕਰ ਦਿੱਤਾ ਅਤੇ ਜਵਾਬੀ ਕਾਰਵਾਈ 'ਚ ਲਾਹੌਰ ਦੀ ਹਵਾਈ ਰੱਖਿਆ ਪ੍ਰਣਾਲੀ (ਏਅਰ ਡਿਫੈਂਸ ਸਿਸਟਮ) ਨੂੰ ਤਬਾਹ ਕਰ ਦਿੱਤਾ ਗਿਆ। ਰੱਖਿਆ ਮੰਤਰਾਲਾ ਨੇ ਵੀਰਵਾਰ ਨੂੰ ਇੱਥੇ ਇਕ ਬਿਆਨ ਜਾਰੀ ਕਰਕੇ ਕਿਹਾ ਕਿ 7 ਅਤੇ 8 ਮਈ ਦੀ ਵਿਚਕਾਰਲੀ ਰਾਤ ਨੂੰ, ਪਾਕਿਸਤਾਨ ਨੇ ਉੱਤਰੀ ਅਤੇ ਪੱਛਮੀ ਭਾਰਤ 'ਚ ਮਿਜ਼ਾਈਲਾਂ ਅਤੇ ਡਰੋਨਾਂ ਨਾਲ ਕਈ ਫੌਜੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਕੀਤੀ, ਜਿਨ੍ਹਾਂ 'ਚ ਅਵੰਤੀਪੁਰਾ, ਸ਼੍ਰੀਨਗਰ, ਜੰਮੂ, ਪਠਾਨਕੋਟ, ਅੰਮ੍ਰਿਤਸਰ, ਕਪੂਰਥਲਾ, ਜਲੰਧਰ, ਲੁਧਿਆਣਾ, ਆਦਮਪੁਰ, ਬਠਿੰਡਾ, ਚੰਡੀਗੜ੍ਹ, ਨਾਲ ਫਲੋਦੀ, ਉਤਰਲਾਈ ਅਤੇ ਭੁਜ ਸ਼ਾਮਲ ਹਨ। ਪਾਕਿਸਤਾਨੀ ਮਿਜ਼ਾਈਲ ਅਤੇ ਡਰੋਨ ਨੂੰ ਭਾਰਤ ਦੀਆਂ ਏਕੀਕ੍ਰਿਤ ਹਵਾਈ ਰੱਖਿਆ ਪ੍ਰਣਾਲੀਆਂ ਦੁਆਰਾ ਤਬਾਹ ਕਰ ਦਿੱਤਾ ਗਿਆ।

ਮੰਤਰਾਲਾ ਨੇ ਕਿਹਾ ਕਿ ਅੱਜ ਸਵੇਰੇ ਇਕ ਜਵਾਬੀ ਕਾਰਵਾਈ 'ਚ ਭਾਰਤੀ ਸੁਰੱਖਿਆ ਫ਼ੋਰਸਾਂ ਨੇ ਪਾਕਿਸਤਾਨ 'ਚ ਕਈ ਥਾਵਾਂ 'ਤੇ ਹਵਾਈ ਰੱਖਿਆ ਪ੍ਰਣਾਲੀਆਂ ਅਤੇ ਰਡਾਰਾਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਹਮਲੇ ਕੀਤੇ। ਭਰੋਸੇਯੋਗ ਜਾਣਕਾਰੀ ਅਨੁਸਾਰ, ਇਨ੍ਹਾਂ ਹਮਲਿਆਂ 'ਚ ਲਾਹੌਰ ਦੀ ਹਵਾਈ ਰੱਖਿਆ ਪ੍ਰਣਾਲੀ ਪੂਰੀ ਤਰ੍ਹਾਂ ਤਬਾਹ ਹੋ ਗਈ। ਮੰਤਰਾਲਾ ਨੇ ਕਿਹਾ ਕਿ ਤਬਾਹ ਹੋਈਆਂ ਪਾਕਿਸਤਾਨੀ ਮਿਜ਼ਾਈਲਾਂ ਅਤੇ ਡਰੋਨਾਂ ਦਾ ਮਲਬਾ ਬਰਾਮਦ ਕੀਤਾ ਜਾ ਰਿਹਾ ਹੈ, ਜੋ ਕਿ ਪਾਕਿਸਤਾਨੀ ਹਮਲਿਆਂ ਦੇ ਸਬੂਤ ਹਨ। ਬਿਆਨ 'ਚ ਇਹ ਵੀ ਕਿਹਾ ਗਿਆ ਹੈ ਕਿ ਪਾਕਿਸਤਾਨ ਨੇ ਕੁਪਵਾੜਾ, ਬਾਰਾਮੂਲਾ, ਉੜੀ, ਪੁੰਛ, ਮੇਂਢਰ ਅਤੇ ਰਾਜੌਰੀ ਸੈਕਟਰਾਂ 'ਚ ਕੰਟਰੋਲ ਰੇਖਾ ਪਾਰ ਤੋਂ ਬਿਨਾਂ ਕਿਸੇ ਉਕਸਾਵੇ ਦੇ ਗੋਲੀਬਾਰੀ ਤੇਜ਼ ਕਰ ਦਿੱਤੀ ਹੈ, ਜਿਸ 'ਚ ਮੋਰਟਾਰ ਅਤੇ ਭਾਰੀ ਤੋਪਖਾਨੇ ਦੀ ਵਰਤੋਂ ਕੀਤੀ ਗਈ ਹੈ। ਇਸ ਗੋਲੀਬਾਰੀ 'ਚ 16 ਬੇਕਸੂਰ ਲੋਕਾਂ ਦੀ ਜਾਨ ਚਲੀ ਗਈ ਹੈ, ਜਿਨ੍ਹਾਂ 'ਚ ਤਿੰਨ ਔਰਤਾਂ ਅਤੇ ਪੰਜ ਬੱਚੇ ਸ਼ਾਮਲ ਹਨ। ਪਾਕਿਸਤਾਨੀ ਗੋਲੀਬਾਰੀ ਨੂੰ ਰੋਕਣ ਲਈ ਭਾਰਤ ਨੂੰ ਮੋਰਟਾਰ ਅਤੇ ਤੋਪਖਾਨੇ ਨਾਲ ਜਵਾਬੀ ਕਾਰਵਾਈ ਕਰਨ ਲਈ ਮਜ਼ਬੂਰ ਹੋਣਾ ਪਿਆ। ਰੱਖਿਆ ਮੰਤਰਾਲੇ ਨੇ ਕਿਹਾ ਹੈ ਕਿ ਭਾਰਤੀ ਹਥਿਆਰਬੰਦ ਫ਼ੌਜਾਂ ਦੀਆਂ ਕਾਰਵਾਈਆਂ ਤਣਾਅ ਨਹੀਂ ਵਧਾਉਣਗੀਆਂ ਬਸ਼ਰਤੇ ਪਾਕਿਸਤਾਨੀ ਫੌਜ ਵੀ ਸੰਜਮ ਵਰਤੇ।

## ਵਿਗੜੀ ਸਥਿਤੀ ਲਈ ਪਾਕਿਸਤਾਨ ਜ਼ਿੰਮੇਵਾਰ: ਵਿਦੇਸ਼ ਸਕੱਤਰ

### 'ਅਸੀਂ ਸਿਰਫ਼ ਪਹਿਲਗਾਮ ਹਮਲੇ ਦਾ ਜਵਾਬ ਦਿੱਤਾ'

ਚੜ੍ਹਦੀਕਲਾ ਬਿਊਰੋ

================



ਨਵੀਂ ਦਿੱਲੀ, 8 ਮਈ :ਪਹਿਲਗਾਮ ਅੱਤਵਾਦੀ ਹਮਲੇ ਦੇ ਜਵਾਬ ਵਿੱਚ ਭਾਰਤ ਨੇ ਆਪਰੇਸ਼ਨ ਸਿੰਦੂਰ ਨੂੰ ਅੰਜ਼ਾਮ ਦਿੱਤਾ, ਜਿਸ ਵਿੱਚ ਭਾਰਤੀ ਫੌਜ ਨੇ ਹਵਾਈ ਹਮਲੇ ਕੀਤੇ ਅਤੇ ਪਾਕਿਸਤਾਨ ਅਤੇ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਵਿੱਚ 9 ਅੱਤਵਾਦੀ ਟਿਕਾਣਿਆਂ ਨੂੰ ਤਬਾਹ ਕਰ ਦਿੱਤਾ।

ਭਾਰਤ ਦੀ ਇਸ ਕਾਰਵਾਈ ਤੋਂ ਘਬਰਾਏ ਪਾਕਿਸਤਾਨ ਨੇ 7 ਮਈ ਦੀ ਰਾਤ ਨੂੰ ਭਾਰਤ ਦੇ 15 ਸ਼ਹਿਰਾਂ 'ਤੇ ਡਰੋਨ ਅਤੇ ਮਿਜ਼ਾਈਲ ਹਮਲੇ ਕਰਨ ਦੀ ਅਸਫਲ ਕੋਸ਼ਿਸ਼ ਕੀਤੀ। ਪਾਕਿਸਤਾਨ ਵੱਲੋਂ ਦਾਗੀਆਂ ਗਈਆਂ ਮਿਜ਼ਾਈਲਾਂ ਅਤੇ ਡਰੋਨਾਂ ਨੂੰ ਭਾਰਤ ਦੀ ਐਸ-400 ਹਵਾਈ ਰੱਖਿਆ ਪ੍ਰਣਾਲੀ ਦੁਆਰਾ ਹਵਾ ਵਿੱਚ ਹੀ ਨਸ਼ਟ ਕਰ ਦਿੱਤਾ ਗਿਆ। ਭਾਰਤ ਨੇ ਜਵਾਬੀ ਕਾਰਵਾਈ ਕਰਦਿਆਂ ਲਾਹੌਰ ਵਿੱਚ ਪਾਕਿਸਤਾਨ ਦੀ ਹਵਾਈ ਰੱਖਿਆ ਪ੍ਰਣਾਲੀ ਨੂੰ ਤਬਾਹ ਕਰ ਦਿੱਤਾ।

ਬੀਤੀ ਰਾਤ ਵਾਪਰੀਆਂ ਇਨ੍ਹਾਂ ਘਟਨਾਵਾਂ ਦਾ ਵੇਰਵਾ ਦੇਣ ਲਈ ਭਾਰਤ ਦੇ ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਕਰਨਲ ਸੋਫੀਆ ਕੁਰੈਸ਼ੀ ਅਤੇ ਵਿੰਗ ਕਮਾਂਡਰ ਵਿਓਮਿਕਾ ਸਿੰਘ ਨਾਲ ਅੱਜ ਸ਼ਾਮ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕੀਤਾ। ਇਸ ਪ੍ਰੈਸ ਬ੍ਰੀਫਿੰਗ ਵਿੱਚ, ਵਿਕਰਮ ਮਿਸਰੀ ਨੇ ਪਾਕਿਸਤਾਨ ਦਾ ਪਰਦਾਫਾਸ਼ ਕਰਦਿਆਂ ਕਿਹਾ ਕਿ ਅੱਤਵਾਦੀਆਂ ਨੂੰ ਸਰਕਾਰੀ ਸਨਮਾਨ ਦੇਣਾ ਸ਼ਾਇਦ ਇਸਦੀ ਪੁਰਾਣੀ ਪਰੰਪਰਾ ਰਹੀ ਹੈ।

ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਕਿਹਾ ਕਿ ਸਰਹੱਦ ਪਾਰ ਤੋਂ ਸਾਡੇ ਵਿਰੁੱਧ ਬਹੁਤ ਸਾਰੀ ਗਲਤ ਜਾਣਕਾਰੀ ਫੈਲਾਈ ਗਈ ਹੈ। ਇਸ ਵਿੱਚ ਵਧਦੇ ਤਣਾਅ ਦਾ ਜ਼ਿਕਰ ਕੀਤਾ ਗਿਆ। ਪਹਿਲੀ ਗੱਲ ਇਹ ਹੈ ਕਿ ਪਹਿਲਗਾਮ ਵਿੱਚ ਹੋਇਆ ਹਮਲਾ ਤਣਾਅ ਵਧਣ ਦਾ ਪਹਿਲਾ ਮਾਮਲਾ ਸੀ। ਭਾਰਤੀ ਫੌਜ ਨੇ ਆਪਰੇਸ਼ਨ ਸਿੰਦੂਰ ਦੇ ਤਹਿਤ ਉਸ ਤਣਾਅ ਦਾ ਜਵਾਬ ਦਿੱਤਾ ਹੈ।

## ਪ੍ਰਧਾਨ ਮੰਤਰੀ ਮੋਦੀ ਨੇ ਭਾਰਤ ਸਰਕਾਰ ਦੇ ਸਕੱਤਰਾਂ ਨਾਲ ਉਚ-ਪੱਧਰੀ ਮੀਟਿੰਗ ਦੀ ਕੀਤੀ ਪ੍ਰਧਾਨਗੀ

ਚੜ੍ਹਦੀਕਲਾ ਬਿਊਰੋ

================



ਨਵੀਂ ਦਿੱਲੀ, 8 ਮਈ :ਪ੍ਰਧਾਨ ਮੰਤਰੀ ਮੋਦੀ ਨੇ ਅੱਜ ਰਾਸ਼ਟਰੀ ਸੁਰੱਖਿਆ ਨਾਲ ਸਬੰਧਤ ਹਾਲੀਆ ਘਟਨਾਵਾਂ ਦੇ ਮੱਦੇਨਜ਼ਰ ਰਾਸ਼ਟਰੀ ਤਿਆਰੀ ਅਤੇ ਅੰਤਰ-ਮੰਤਰਾਲਾ ਤਾਲਮੇਲ ਦੀ ਸਮੀਖਿਆ ਕਰਨ ਲਈ ਭਾਰਤ ਸਰਕਾਰ ਦੇ ਵੱਖ-ਵੱਖ ਮੰਤਰਾਲਿਆਂ ਅਤੇ ਵਿਭਾਗਾਂ ਦੇ ਸਕੱਤਰਾਂ ਨਾਲ ਇੱਕ ਉੱਚ-ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕੀਤੀ।

ਪ੍ਰਧਾਨ ਮੰਤਰੀ ਮੋਦੀ ਨੇ ਵੱਖ-ਵੱਖ ਮੰਤਰਾਲਿਆਂ ਅਤੇ ਵਿਭਾਗਾਂ ਦੇ ਸਕੱਤਰਾਂ ਨੂੰ ਆਪਣੇ-ਆਪਣੇ ਮੰਤਰਾਲਿਆਂ ਦੇ ਕੰਮਕਾਜ ਦੀ ਵਿਆਪਕ ਸਮੀਖਿਆ ਕਰਨ ਅਤੇ ਜ਼ਰੂਰੀ ਪ੍ਰਣਾਲੀਆਂ ਦੇ ਸੰਪੂਰਨ ਸੰਚਾਲਨ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ, ਜਿਸ ਵਿੱਚ ਤਿਆਰੀ, ਐਮਰਜੈਂਸੀ ਪ੍ਰਤੀਕਿਰਿਆ ਅਤੇ ਅੰਦਰੂਨੀ ਸੰਚਾਰ ਪ੍ਰੋਟੋਕੋਲ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ।

ਸਾਰੇ ਮੰਤਰਾਲਿਆਂ ਨੇ ਟਕਰਾਅ ਦੇ ਸਬੰਧ ਵਿੱਚ ਆਪਣੀਆਂ ਕਾਰਵਾਈ ਸਮਰੱਥਾਵਾਂ ਦੀ ਪਛਾਣ ਕੀਤੀ ਹੈ ਅਤੇ ਪ੍ਰਕਿਰਿਆਵਾਂ ਨੂੰ ਮਜ਼ਬੂਤ ਕਰ ਰਹੇ ਹਨ। ਮੰਤਰਾਲੇ ਹਰ ਤਰ੍ਹਾਂ ਦੀਆਂ ਉਭਰ ਰਹੀਆਂ ਸਥਿਤੀਆਂ ਨਾਲ ਨਜਿੱਠਣ ਲਈ ਤਿਆਰ ਹਨ।

ਮੀਟਿੰਗ ਦੌਰਾਨ ਕਈ ਮੁੱਦਿਆਂ 'ਤੇ ਚਰਚਾ ਕੀਤੀ ਗਈ। ਇਨ੍ਹਾਂ ਵਿੱਚ ਸਿਵਲ ਸੁਰੱਖਿਆ ਵਿਧੀਆਂ ਨੂੰ ਮਜ਼ਬੂਤ ਕਰਨਾ, ਗਲਤ ਜਾਣਕਾਰੀ ਅਤੇ ਜਾਅਲੀ ਖ਼ਬਰਾਂ ਦਾ ਮੁਕਾਬਲਾ ਕਰਨ ਦੇ ਯਤਨ ਅਤੇ ਮਹੱਤਵਪੂਰਨ ਬੁਨਿਆਦੀ ਢਾਂਚੇ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਸ਼ਾਮਲ ਹੈ। ਮੰਤਰਾਲਿਆਂ ਨੂੰ ਇਹ ਵੀ ਸਲਾਹ ਦਿੱਤੀ ਗਈ ਕਿ ਉਹ ਰਾਜ ਅਧਿਕਾਰੀਆਂ ਅਤੇ ਜ਼ਮੀਨੀ ਪੱਧਰ ਦੀਆਂ ਸੰਸਥਾਵਾਂ ਨਾਲ ਨੇੜਲਾ ਤਾਲਮੇਲ ਬਣਾਈ ਰੱਖਣ।

### ਰੱਖਿਆ ਮੰਤਰੀ ਨੇ ਸਰਬ ਪਾਰਟੀ ਮੀਟਿੰਗ 'ਚ ਦਿੱਤੀ ਜਾਣਕਾਰੀ

## 'ਆਪ੍ਰੇਸ਼ਨ ਸਿੰਦੂਰ' ਦੌਰਾਨ ਕਰੀਬ 100 ਅੱਤਵਾਦੀ ਹਲਾਕ: ਰਾਜਨਾਥ

### ਵਿਰੋਧੀ ਧਿਰਾਂ ਵੱਲੋਂ ਸੰਕਟ ਦੀ ਘੜੀ 'ਚ ਸਰਕਾਰ ਨੂੰ ਮੁਕੰਮਲ ਹਮਾਇਤ ਦਾ ਭਰੋਸਾ

ਚੜ੍ਹਦੀਕਲਾ ਬਿਊਰੋ

================




ਨਵੀਂ ਦਿੱਲੀ, 8 ਮਈ :ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਵੀਰਵਾਰ ਨੂੰ ਸਾਰੀਆਂ ਸਿਆਸੀ ਪਾਰਟੀਆਂ ਨੂੰ 'ਆਪ੍ਰੇਸ਼ਨ ਸਿੰਦੂਰ' ਦੇ ਵੇਰਵਿਆਂ ਬਾਰੇ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਨੂੰ ਦੱਸਿਆ ਕਿ ਪਾਕਿਸਤਾਨ ਅਤੇ ਮਕਬੂਜ਼ਾ ਕਸ਼ਮੀਰ (ਪੀ.ਓ.ਕੇ.) ਵਿੱਚ ਨੌਂ ਟਿਕਾਣਿਆਂ 'ਤੇ ਸਟੀਕ ਫੌਜੀ ਹਮਲਿਆਂ ਦੌਰਾਨ ਘੱਟੋ-ਘੱਟ 100 ਅਤਿਵਾਦੀਆਂ ਨੂੰ ਮਾਰ ਮੁਕਾਇਆ ਹੈ। ਸਿੰਘ ਨੇ ਕਿਹਾ ਕਿ 'ਆਪ੍ਰੇਸ਼ਨ ਸਿੰਦੂਰ' ਅਜੇ ਖ਼ਤਮ ਨਹੀਂ ਹੋਇਆ। ਸਿੰਘ ਨੇ ਵਿਰੋਧੀ ਧਿਰ ਅਤੇ ਹੋਰ ਪਾਰਟੀਆਂ ਨਾਲ ਪੂਰੇ ਵੇਰਵੇ ਸਾਂਝੇ ਕੀਤੇ ਅਤੇ ਕਿਹਾ ਕਿ ਹਮਲੇ ਦਹਿਸ਼ਤਗਰਦਾਂ ਨੂੰ ਖਤਮ ਕਰਨ ਲਈ ਸਨ। ਉਨ੍ਹਾਂ ਕਿਹਾ ਕਿ ਭਾਰਤ ਨੇ ਪਹਿਲਗਾਮ ਦਹਿਸ਼ਤੀ ਹਮਲੇ ਤੋਂ ਬਾਅਦ ਜਵਾਬੀ ਕਾਰਵਾਈ ਕਰਨ ਦੇ ਆਪਣੇ ਅਧਿਕਾਰ ਦੀ ਵਰਤੋਂ ਕੀਤੀ ਸੀ। ਸਿੰਘ ਨੇ ਕਿਹਾ ਕਿ ਭਾਰਤੀ ਹਥਿਆਰਬੰਦ ਬਲਾਂ ਦੀ 'ਆਪ੍ਰੇਸ਼ਨ ਸਿੰਦੂਰ' ਤਹਿਤ ਕਾਰਵਾਈ ਪਾਕਿਸਤਾਨ ਅਤੇ ਪੀਓਕੇ ਤੋਂ ਸੰਚਾਲਿਤ ਚੋਣਵੇਂ ਅਤਿਵਾਦੀ ਸਿਖਲਾਈ ਕੈਂਪਾਂ 'ਤੇ ਕੇਂਦਰਤ ਸੀ ਤੇ ਇਸ ਦੌਰਾਨ ਗੈਰ-ਫੌਜੀ ਟਿਕਾਣਿਆਂ ਨੂੰ ਬਚਾਉਣ ਲਈ ਪੂਰੀ ਚੌਕਸੀ ਵਰਤੀ ਗਈ। ਆਪਰੇਸ਼ਨ ਵਿੱਚ ਜਾਨੀ ਨੁਕਸਾਨ ਦੇ ਅੰਕੜੇ ਪਹਿਲੀ ਵਾਰ ਵਿਰੋਧੀ ਧਿਰ ਨਾਲ ਰਸਮੀ ਤੌਰ 'ਤੇ ਸਾਂਝੇ ਕੀਤੇ ਗਏ ਹਨ।ਕਾਂਗਰਸ ਦੀ ਅਗਵਾਈ ਵਿੱਚ ਸਾਰੀਆਂ ਵਿਰੋਧੀ ਪਾਰਟੀਆਂ ਨੇ ਸਰਕਾਰ ਅਤੇ ਭਾਰਤ ਦੀ ਜਵਾਬੀ ਕਾਰਵਾਈ ਦੀ ਖੁੱਲ੍ਹ ਕੇ ਹਮਾਇਤ ਕੀਤੀ। ਰਾਜ ਸਭਾ ਵਿਚ ਵਿਰੋਧੀ ਧਿਰ ਦੇ ਆਗੂ ਮਲਿਕਾਰਜੁਨ ਖੜਗੇ ਨੇ ਕਿਹਾ,"ਸੰਕਟ ਦੀ ਇਸ ਘੜੀ ਵਿਚ ਅਸੀਂ ਸਰਕਾਰ ਦੇ ਨਾਲ ਹਾਂ। ਉਨ੍ਹਾਂ ਨੇ ਜੋ ਵੀ ਕਿਹਾ, ਅਸੀਂ ਸੁਣਿਆ। ਉਨ੍ਹਾਂ ਕਿਹਾ ਕਿ ਦੇਸ਼ ਹਿੱਤ ਵਿੱਚ ਰੱਖਿਆ ਅਤੇ ਸੁਰੱਖਿਆ ਨਾਲ ਜੁੜੇ ਮਾਮਲੇ ਗੁਪਤ ਹਨ ਅਤੇ ਅਸੀਂ ਸਭ ਕੁਝ ਨਹੀਂ ਦੱਸ ਸਕਦੇ। ਅਸੀਂ ਸਾਰਿਆਂ ਨੇ ਕਿਹਾ ਕਿ ਸੰਕਟ ਦੀ ਇਸ ਘੜੀ ਵਿੱਚ ਅਸੀਂ ਸਾਰੇ ਤੁਹਾਡੇ ਨਾਲ ਹਾਂ ਅਤੇ ਤੁਸੀਂ ਜੋ ਵੀ ਕੰਮ ਕਰ ਰਹੇ ਹੋ, ਉਸ ਨੂੰ (ਬਾਕੀ ਸਫਾ 2 'ਤੇ)

## ਜੰਮੂ ਹਵਾਈ ਅੱਡੇ ਤੇ ਰਾਕੇਟ ਹਮਲਾ, ਸਾਂਬਾ 'ਚ ਪਾਕਿਸਤਾਨ ਵੱਲੋਂ ਭਾਰੀ ਗੋਲਾਬਾਰੀ

ਜੰਮੂ , 8 ਮਈ (ਚੜ੍ਹਦੀਕਲਾ ਬਿਊਰੋ) : ਜਾਣਕਾਰੀ ਅਨੁਸਾਰ ਜੰਮੂ ਹਵਾਈ ਪੱਟੀ 'ਤੇ ਰਾਕੇਟ ਦਾਗਿਆ ਗਿਆ ਹੈ, ਭਾਰਤ ਅਤੇ ਪਾਕਿਸਤਾਨ ਹੁਣ ਜੰਗ ਦੇ ਕੰਢੇ 'ਤੇ ਖੜ੍ਹੇ ਹਨ। ਸਾਂਬਾ ਵਿੱਚ ਪਾਕਿਸਤਾਨ ਵਾਲੇ ਪਾਸਿਓਂ ਭਾਰੀ ਗੋਲਾਬਾਰੀ ਹੋ ਰਹੀ ਹੈ। ਇਸ ਦੇ ਮੱਦੇਨਜ਼ਰ, ਜੰਮੂ ਦੇ ਆਰਐਸ ਪੁਰਾ ਇਲਾਕੇ ਵਿੱਚ ਬਲੈਕਆਊਟ ਲਗਾ ਦਿੱਤਾ ਗਿਆ ਹੈ, ਇੱਥੇ ਸਾਇਰਨ ਵੱਜ ਰਹੇ ਹਨ। ਜੰਮੂ ਸ਼ਹਿਰ ਵਿੱਚ ਮੋਬਾਈਲ ਨੈੱਟਵਰਕ ਕੰਮ ਨਹੀਂ ਕਰ ਰਹੇ ਹਨ। ਸਤਵਾਰੀ ਕੈਂਪ 'ਤੇ ਹਮਲੇ ਦੀ ਖ਼ਬਰ ਹੈ। ਦੂਜੇ ਪਾਸੇ, ਕੁਪਵਾੜਾ ਵਿੱਚ ਵੀ ਭਾਰੀ ਗੋਲਾਬਾਰੀ ਹੋਈ ਹੈ।ਤੁਹਾਨੂੰ ਦੱਸ ਦੇਈਏ ਕਿ 7-8 ਮਈ ਦੀ ਰਾਤ ਨੂੰ ਪਾਕਿਸਤਾਨ ਨੇ ਡਰੋਨ ਅਤੇ ਮਿਜ਼ਾਈਲਾਂ ਰਾਹੀਂ ਲੁਧਿਆਣਾ, ਚੰਡੀਗੜ੍ਹ ਅਤੇ ਅੰਮ੍ਰਿਤਸਰ ਸਮੇਤ ਭਾਰਤ ਦੇ 15 ਸ਼ਹਿਰਾਂ 'ਤੇ ਹਮਲਾ ਕਰਨ ਦੀ ਕੋਸ਼ਿਸ਼ ਕੀਤੀ ਸੀ।

### ਬੀ.ਬੀ.ਐਮ.ਬੀ. ਵੱਲੋਂ ਪਾਣੀਆਂ ਦੀ ਚੋਰੀ ਕਰਨ ਦੇ ਮਾਮਲੇ 'ਤੇ ਕੇਂਦਰ ਸਰਕਾਰ 'ਤੇ ਵਰ੍ਹੇ ਮੁੱਖ ਮੰਤਰੀ

## ਸਰਹੱਦਾਂ ਅਤੇ ਪਾਣੀ ਦੀ ਰਾਖੀ ਲਈ ਦੂਹਰੀ ਜੰਗ ਲੜ ਰਿਹੈ ਪੰਜਾਬ: ਮਾਨ

ਜਸਕੀਰਤ ਸਿੰਘ ਮਲਹੋਤਰਾ

================



ਨੰਗਲ (ਰੂਪਨਗਰ), 8 ਮਈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਭਾਖੜਾ ਬਿਆਸ ਪ੍ਰਬੰਧਕੀ ਬੋਰਡ ਵੱਲੋਂ ਪੰਜਾਬ ਦੇ ਪਾਣੀਆਂ ਨੂੰ ਖੋਹਣ ਦੇ ਮਨਸੂਬਿਆਂ ਨੂੰ ਨਾਕਾਮ ਕਰ ਦਿੱਤਾ। ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਇਸ ਵੇਲੇ ਦੂਹਰੀ ਜੰਗ ਲੜ ਰਿਹਾ ਹੈ। ਇਕ ਪਾਸੇ ਪੰਜਾਬ ਸਰਹੱਦਾਂ ਦੀ ਰਾਖੀ ਲਈ ਪਾਕਿਸਤਾਨ ਦੇ ਖਿਲਾਫ ਜੰਗ ਲੜ ਰਿਹਾ ਹੈ ਅਤੇ ਦੂਜੇ ਪਾਸੇ ਆਪਣੇ ਪਾਣੀਆਂ ਦੀ ਰਾਖੀ ਲਈ ਕੇਂਦਰ ਅਤੇ ਹਰਿਆਣਾ ਦੀਆਂ ਸਰਕਾਰਾਂ ਦੇ ਖਿਲਾਫ ਲੜਾਈ ਲੜ ਰਿਹਾ ਹੈ। ਮੁੱਖ ਮੰਤਰੀ ਨੇ ਅੱਜ ਫੇਰ ਨੰਗਲ ਪਹੁੰਚ ਕੇ ਪਾਣੀਆਂ ਨੂੰ ਬਚਾਉਣ ਦੇ ਮੋਰਚੇ ਦੀ ਕਮਾਨ ਖੁਦ ਸੰਭਾਲੀ ਤਾਂ ਕਿ ਇਹ ਯਕੀਨੀ ਬਣਾਇਆ ਜਾ ਸਕੇ ਕਿ ਬੀ.ਬੀ.ਐਮ.ਬੀ. ਦਾ ਚੇਅਰਮੈਨ ਪੰਜਾਬ ਦੇ ਪਾਣੀ ਨੂੰ ਕਿਸੇ ਹੋਰ ਸੂਬੇ ਨੂੰ ਨਾ ਦੇ ਸਕੇ। ਇਸ ਮੌਕੇ ਮੁੱਖ ਮੰਤਰੀ ਨਾਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਜੋ ਹਲਕਾ ਵਿਧਾਇਕ ਵੀ ਹਨ ਅਤੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਵੀ ਹਾਜ਼ਰ ਸਨ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬੀ ਆਪਣੀਆਂ ਸਰਹੱਦਾਂ ਦੀ ਸੁਰੱਖਿਆ ਕਰ ਸਕਦੇ ਹਨ ਤਾਂ ਉਹ ਆਪਣੇ ਪਾਣੀਆਂ ਦੀ ਰਾਖੀ ਕਰਨ ਦੇ ਵੀ ਸਮਰੱਥ ਹੈ। ਭਗਵੰਤ ਸਿੰਘ ਮਾਨ ਨੇ ਕਿਹਾ "ਇਹ ਬਹੁਤ ਸ਼ਰਮਨਾਕ ਗੱਲ ਹੈ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਸੰਕਟ ਦੇ ਸਮੇਂ ਘਟੀਆ ਖੇਡਾਂ ਖੇਡ ਰਹੀ ਹੈ ਜਦੋਂ ਕਿ ਅਜਿਹੇ ਸਮੇਂ ਮੁਲਕ ਨੂੰ ਇਕ-ਦੂਜੇ ਨਾਲ ਮਿਲ ਕੇ ਦੁਸ਼ਮਣ ਦੇ ਖਿਲਾਫ ਲੜਨਾ ਚਾਹੀਦਾ ਹੈ।" ਮੁੱਖ ਮੰਤਰੀ ਨੇ ਕਿਹਾ ਕਿ ਅੱਜ ਜਦੋਂ ਪੂਰੇ ਦੇਸ਼ ਵਿੱਚ ਪਾਕਿਸਤਾਨ (ਬਾਕੀ ਸਫਾ 2 'ਤੇ)

## ਭਾਰਤ 'ਤੇ ਕਿਸੇ ਵੀ ਫ਼ੌਜੀ ਹਮਲੇ ਦਾ ਸਖ਼ਤ ਜਵਾਬ ਦਿੱਤਾ ਜਾਵੇਗਾ: ਜੈਸ਼ੰਕਰ

ਚੜ੍ਹਦੀਕਲਾ ਬਿਊਰੋ

================



ਨਵੀਂ ਦਿੱਲੀ : ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੇ ਵੀਰਵਾਰ ਨੂੰ ਕਿਹਾ ਕਿ ਭਾਰਤ ਦਾ ਪਾਕਿਸਤਾਨ ਨਾਲ ਤਣਾਅ ਵਧਾਉਣ ਦਾ ਕੋਈ ਇਰਾਦਾ ਨਹੀਂ ਹੈ ਪਰ ਜੇਕਰ ਦੇਸ਼ 'ਤੇ ਕੋਈ ਫ਼ੌਜੀ ਹਮਲਾ ਹੁੰਦਾ ਹੈ ਤਾਂ ਉਹ 'ਬਹੁਤ' ਸਖ਼ਤ ਜਵਾਬ ਦੇਵੇਗਾ।

ਜੈਸ਼ੰਕਰ ਨੇ ਇਹ ਗੱਲ ਈਰਾਨ ਦੇ ਵਿਦੇਸ਼ ਮੰਤਰੀ ਅੱਬਾਸ ਅਰਾਘਚੀ ਨਾਲ ਮੁਲਾਕਾਤ ਦੌਰਾਨ ਕਹੀ। ਵਿਦੇਸ਼ ਮੰਤਰੀ ਨੇ ਕਿਹਾ ਕਿ ਪਹਿਲਗਾਮ ਵਿੱਚ ਹੋਏ ਕਾਇਰਾਨਾ ਅੱਤਵਾਦੀ ਹਮਲੇ ਨੇ ਭਾਰਤ ਨੂੰ ਬੁੱਧਵਾਰ ਨੂੰ 'ਸਰਹੱਦ ਪਾਰ' ਅੱਤਵਾਦੀ ਟਿਕਾਣਿਆਂ 'ਤੇ ਹਮਲਾ ਕਰਨ ਲਈ ਮਜਬੂਰ ਕਰ ਦਿੱਤਾ।

ਉਨ੍ਹਾਂ ਨੇ ਕਿਹਾ, "ਇਸ ਹਮਲੇ ਨੇ ਸਾਨੂੰ 7 ਮਈ ਨੂੰ ਸਰਹੱਦ ਪਾਰੋਂ ਅੱਤਵਾਦੀ ਢਾਂਚੇ 'ਤੇ ਹਮਲਾ ਕਰਕੇ ਜਵਾਬੀ ਕਾਰਵਾਈ ਕਰਨ ਲਈ ਮਜਬੂਰ ਕੀਤਾ। ਸਾਡਾ ਜਵਾਬ ਦ੍ਰਿੜ ਅਤੇ ਮਾਪਿਆ ਗਿਆ ਸੀ।"

ਉਨ੍ਹਾਂ ਕਿਹਾ, 'ਸਾਡਾ ਹਾਲਾਤ ਨੂੰ ਹੋਰ ਵਿਗਾੜਨ ਦਾ ਕੋਈ ਇਰਾਦਾ ਨਹੀਂ ਹੈ। ਹਾਲਾਂਕਿ, ਜੇਕਰ ਸਾਡੇ 'ਤੇ ਕੋਈ ਫ਼ੌਜੀ ਹਮਲਾ ਹੁੰਦਾ ਹੈ ਤਾਂ ਇਸ ਵਿੱਚ ਕੋਈ ਸ਼ੱਕ ਨਹੀਂ ਹੋਣਾ ਚਾਹੀਦਾ ਕਿ ਇਸ ਦਾ ਬਹੁਤ ਸਖ਼ਤ ਜਵਾਬ ਦਿੱਤਾ ਜਾਵੇਗਾ।' ਜੈਸ਼ੰਕਰ ਨੇ ਕਿਹਾ ਕਿ ਇੱਕ ਗੁਆਂਢੀ ਅਤੇ ਇੱਕ ਨਜ਼ਦੀਕੀ ਭਾਈਵਾਲ ਹੋਣ ਦੇ ਨਾਤੇ, ਇਹ ਮਹੱਤਵਪੂਰਨ ਹੈ ਕਿ ਈਰਾਨ ਸਥਿਤੀ ਤੋਂ ਚੰਗੀ ਤਰ੍ਹਾਂ ਜਾਣੂ ਹੋਵੇ। (ਬਾਕੀ ਸਫਾ 2 'ਤੇ)

## ਭਾਰਤ-ਪਾਕਿ ਦਰਮਿਆਨ ਵਧਦੇ ਤਣਾਅ ਕਾਰਨ ਸ਼ੇਅਰ ਬਾਜ਼ਾਰ 'ਚ ਗਿਰਾਵਟ

ਮੁੰਬਈ, 8 ਮਈ (ਚੜ੍ਹਦੀਕਲਾ ਬਿਊਰੋ) : ਭਾਰਤ ਅਤੇ ਪਾਕਿਸਤਾਨ ਵਿਚਕਾਰ ਵਧਦੇ ਤਣਾਅ ਕਾਰਨ ਬੈਂਕਿੰਗ, ਐਫਐਮਸੀਜੀ ਅਤੇ ਆਟੋ ਸ਼ੇਅਰਾਂ ਵਿੱਚ ਵਿਕਰੀ ਕਾਰਨ ਵੀਰਵਾਰ ਨੂੰ ਇੱਕ ਉਤਰਾਅ-ਚੜ੍ਹਾਅ ਵਾਲੇ ਸੈਸ਼ਨ ਵਿੱਚ ਬੈਂਚਮਾਰਕ ਸੈਂਸੈਕਸ ਲਗਭਗ 412 ਅੰਕ ਡਿੱਗ ਗਿਆ।

ਬੰਬੇ ਸ਼ੇਅਰ ਬਾਜ਼ਾਰ ਦਾ 30 ਸ਼ੇਅਰਾਂ ਵਾਲਾ ਸੈਂਸੈਕਸ 411.97 ਅੰਕ ਜਾਂ 0.51 ਫ਼ੀਸਦੀ ਡਿੱਗ ਕੇ 80,334.81 'ਤੇ ਬੰਦ ਹੋਇਆ, ਜਿਸਦੇ 23 ਹਿੱਸੇ ਲਾਲ ਰੰਗ ਵਿੱਚ ਖਤਮ ਹੋਏ। ਸ਼ੁਰੂ ਵਿਚ ਸੂਚਕਾਂਕ ਉੱਚ ਪੱਧਰ 'ਤੇ ਖੁੱਲ੍ਹਿਆ ਅਤੇ ਸੈਸ਼ਨ ਦੇ ਪਹਿਲੇ ਅੱਧ ਵਿੱਚ ਇੱਕ ਸੀਮਾ ਵਿੱਚ ਵਪਾਰ ਕੀਤਾ। ਦੇਰ ਸਵੇਰ ਦੇ ਸੌਦਿਆਂ ਵਿੱਚ ਸੂਚਕਾਂਕ 80,927.99 ਦੇ ਉੱਚ ਪੱਧਰ 'ਤੇ ਪਹੁੰਚ ਗਿਆ। (ਬਾਕੀ ਸਫਾ 2 'ਤੇ)

## ਉੱਤਰਕਾਸ਼ੀ 'ਚ ਹੈਲੀਕਾਪਟਰ ਨੂੰ ਹਾਦਸਾ, ਛੇ ਦੀ ਮੌਤ

ਚੜ੍ਹਦੀਕਲਾ ਬਿਊਰੋ

================



ਦੇਹਰਾਦੂਨ, 8 ਮਈ : ਉੱਤਰਾਖੰਡ ਦੇ ਉਤਰਕਾਸ਼ੀ ਜ਼ਿਲ੍ਹੇ ਵਿਚ ਗੰਗਾਨਾਨੀ 'ਚ ਵੀਰਵਾਰ ਸਵੇਰੇ ਇੱਕ ਹੈਲੀਕਾਪਟਰ ਹਾਦਸਾਗ੍ਰਸਤ ਹੋ ਗਿਆ। ਉੱਤਰਕਾਸ਼ੀ ਜ਼ਿਲ੍ਹਾ ਆਫ਼ਤ ਪ੍ਰਬੰਧਨ ਅਧਿਕਾਰੀ ਸ਼ਰਦੂਲ ਸਿੰਘ ਨੇ ਇਸ ਖ਼ਬਰ ਏਜੰਸੀ ਨੂੰ ਫੋਨ 'ਤੇ ਦੱਸਿਆ ਕਿ ਹੈਲੀਕਾਪਟਰ 'ਤੇ ਕੈਪਟਨ ਸਣੇ ਸੱਤ ਵਿਅਕਤੀ ਸਵਾਰ ਸਨ। ਗੜ੍ਹਵਾਲ ਦੇ ਡਿਵੀਜ਼ਨਲ ਕਮਿਸ਼ਨਰ ਵਿਨੈ ਸ਼ੰਕਰ ਪਾਂਡੇ ਨੇ ਖ਼ਬਰ ਏਜੰਸੀ ਨੂੰ ਦੱਸਿਆ ਕਿ ਹਾਦਸੇ ਵਿਚ ਛੇ ਵਿਅਕਤੀਆਂ ਦੀ ਮੌਤ ਹੋ ਗਈ ਜਦੋਂਕਿ ਬਾਕੀ ਗੰਭੀਰ ਜ਼ਖ਼ਮੀ ਦੱਸੇ ਜਾਂਦੇ ਹਨ।ਹਾਦਸੇ ਵਾਲੀ ਥਾਂ ਦੀਆਂ ਤਸਵੀਰਾਂ ਵਿਚ ਹੈਲੀਕਾਪਟਰ ਦਾ ਅੰਦਰਲਾ ਹਿੱਸਾ ਬੁਰੀ ਤਰ੍ਹਾਂ ਨੁਕਸਾਨਿਆ ਨਜ਼ਰ ਆ ਰਿਹਾ ਹੈ। ਪਾਂਡੇ ਮੁਤਾਬਕ ਜਿਵੇਂ ਹੀ ਹਾਦਸੇ ਦੀ ਖ਼ਬਰ ਅਧਿਕਾਰੀਆਂ ਨੂੰ ਮਿਲੀ, ਰਾਹਤ ਅਤੇ ਬਚਾਅ ਟੀਮਾਂ ਮੌਕੇ 'ਤੇ ਪਹੁੰਚ ਗਈਆਂ। ਹਾਦਸੇ ਦਾ ਕਾਰਨ ਅਜੇ ਪਤਾ ਨਹੀਂ ਲੱਗ ਸਕਿਆ ਹੈ। ਹੋਰ ਵੇਰਵਿਆਂ ਦੀ ਉਡੀਕ ਹੈ। ਅਧਿਕਾਰੀਆਂ ਮੁਤਾਬਕ ਏਅਰਕ੍ਰਾਫਟ ਐਕਸੀਡੈਂਟ ਇਨਵੈਸਟੀਗੇਸ਼ਨ ਬਿਊਰੋ (ਏ.ਏ.ਆਈ.ਬੀ. )ਵੱਲੋਂ ਹੈਲੀਕਾਪਟਰ ਹਾਦਸੇ ਦੀ ਜਾਂਚ ਕੀਤੀ ਜਾਵੇਗੀ। ਉੱਤਰਕਾਸ਼ੀ ਪੁਲਿਸ ਵੱਲੋਂ ਦਿੱਤੀ ਜਾਣਕਾਰੀ (ਬਾਕੀ ਸਫਾ 2 'ਤੇ)

## ਭਾਰਤ-ਪਾਕਿ ਜੰਗ ਦੀ ਕਵਰੇਜ 'ਚ ਪੱਛਮੀ ਮੀਡੀਆ ਭਾਰਤ ਵਿਰੁੱਧ ਭੁਗਤਿਆ

ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ

================

➢ ਪਾਕਿਸਤਾਨੀ ਫ਼ੌਜ ਫਰਜ਼ੀ ਮੀਡੀਆ ਪ੍ਰਚਾਰ 'ਚ ਖ਼ੁਦ ਭਾਈਵਾਲ

➢ ਭਾਰਤੀ ਵਿਦੇਸ਼ ਸਕੱਤਰ ਵਿਕਰਮ ਮਿਸ਼ਰੀ ਨੇ ਕੀਤਾ ਝੂਠ ਉਜਾਗਰ



ਨਵੀਂ ਦਿੱਲੀ, 8 ਮਈ :ਭਾਰਤ-ਪਾਕਿਸਤਾਨ ਵਿੱਚ ਚੱਲ ਰਹੀ ਮਿਲਟਰੀ ਐਕਸ਼ਨ ਰਿਐਕਸ਼ਨ ਦੇ ਬਾਰੇ ਮੀਡੀਆ ਵਾਰ ਦੇ ਮੱਦੇਨਜ਼ਰ ਪੱਛਮੀ ਮੀਡੀਆ ਇੱਕ ਵਾਰ ਫ਼ਿਰ ਭਾਰਤ ਵਿਰੋਧੀ ਪ੍ਰਚਾਰ ਵਿੱਚ ਲੱਗਿਆ ਹੋਇਆ ਹੈ ,ਵਿਸ਼ੇਸ਼ਕਰ ਅੰਤਰਰਾਸ਼ਟਰੀ ਚੈਨਲ ਬੀਬੀਸੀ ਅਤੇ ਅਲਜ਼ਜੀਰਾ ਵਰਗੇ ਚੈਨਲ ਭਾਰਤ ਵਿਰੋਧੀ ਕਵਰੇਜ ਨੂੰ ਬਾਰ ਬਾਰ ਦਿਖਾ ਰਹੇ ਹਨ ਇਥੋਂ ਤੱਕ ਕਿ ਦੋਨਾਂ ਚੈਨਲਾਂ 'ਤੇ ਵਿਸ਼ੇਸ਼ ਪ੍ਰੋਗਰਾਮ ਜੋ ਮਕਬੂਜਾ ਕਸ਼ਮੀਰ ਮੁਜ਼ੱਫਰਾਬਾਦ ਅਤੇ ਲਾਹੌਰ ਦੇ ਵਿਜ਼ੂਅਲ ਦੇ ਨਾਲ ਸ੍ਰੀਨਗਰ ਉੜੀ ਦੇ ਵਿਜ਼ੂਅਲ ਦੇ ਨਾਲ ਦਿਖਾਏ ਜਾ ਰਹੇ ਹਨ ।

ਉਧਰ ਪਾਕਿਸਤਾਨ ਫ਼ੌਜ ਵਿੱਚ ਵੀ ਫੇਕ ਮੀਡੀਆ ਪ੍ਰਚਾਰ ਦੇ ਨਤੀਜੇ ਵਜੋਂ ਉਹ ਵੀ ਕਵਰੇਜ ਅਤੇ ਝੂਠੇ ਦਾਅਵੇ ਕਰ ਰਹੇ ਹਨ ਜਿਹੜੇ ਖੁਦ ਹੀ ਇੰਟਰਨੈਟ ਤੇ ਫੇਕ ਮੀਡੀਆ ਸਾਬਤ ਹੋਏ ਹਨ। ਪਾਕਿਸਤਾਨ ਆਰਮੀ ਨੇ ਜਿਹੜੇ ਵਿਜ਼ੂਅਲ ਭਾਰਤ ਦੇ ਬਾਰੇ ਦਿਖਾਏ ਹਨ ਪਤਾ ਚੱਲਿਆ ਹੈ ਕਿ ਉਹ ਗੂਗਲ ਦੁਆਰਾ ਹੀ ਫੇਕ ਮੀਡੀਆ ਕਰਾਰ ਦਿੱਤੇ ਗਏ ਹਨ ਜਿਹੜੇ ਕਿ ਯੂਕਰਾਇਨ ਦੀ ਜੰਗ ਦੇ ਹਨ ।

ਇਧਰ ਅੱਜ ਸ਼ਾਮ ਭਾਰਤੀ ਵਿਦੇਸ਼ ਸਕੱਤਰ ਸ੍ਰੀ ਵਿਕਰਮ ਮਿਸਰੀ ਨੇ ਇੱਕ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਪਾਕਿਸਤਾਨ 'ਤੇ 1947 ਤੋਂ ਹੀ ਫ਼ੌਜ ਅਤੇ ਕਬਾਇਲੀਆਂ ਦੇ ਮਾਮਲੇ ਵਿੱਚ ਸ਼ੁਰੂ ਤੋਂ ਹੀ ਝੂਠ ਬੋਲ ਰਿਹਾ ਹੈ ਤੇ ਇਹ ਝੂਠ ਦੀ ਬੁਨਿਆਦ 'ਤੇ ਹੀ ਪਿਛਲੇ 70 ਸਾਲਾਂ ਤੋਂ ਇਹ ਕੁੱਝ ਕਰ ਰਿਹਾ ਹੈ। ਇਸ ਲਈ ਇਸ ਦਾ ਖੁਲਾਸਾ ਇਸ 'ਤੇ ਕਦੀ ਵੀ ਇਤਬਾਰ ਨਹੀਂ ਕੀਤਾ ਜਾ ਸਕਦਾ। ਇਥੇ ਵਿਸ਼ੇਸ਼ ਤੌਰ 'ਤੇ ਵਰਨਣਯੋਗ ਹੋ ਜਾਂਦਾ ਹੈ ਕਿ ਪੱਛਮੀ ਮੀਡੀਆ ਦਾ ਇੱਕ ਵਿਸ਼ੇਸ਼ ਵਰਗ ਵਿਸ਼ੇਸ਼ ਕਰਕੇ ਬੀਬੀਸੀ ਅਲਜ਼ਜੀਰਾ ਤੇ ਹੋਰ ਕਈ ਚੈਨਲ ਇਥੋਂ ਤੱਕ ਕਿ ਯੂਰੋ ਨਿਊਜ਼ ਤੱਕ ਵੀ ਭਾਰਤ ਵਿਰੋਧੀ ਕਵਰੇਜ ਅਤੇ ਖ਼ਬਰਾਂ ਨੂੰ ਦਿਖਾ ਰਹੇ ਹਨ। ਤੁਰਕੀਏ ਬ੍ਰਾਡਕਾਸਟਰ ਤੁਰਕੀਏ ਟੈਲੀਵਿਜ਼ਨ ਵੀ ਇਹਨਾਂ ਮਾਮਲਿਆਂ ਵਿੱਚ ਸਭ ਤੋਂ ਅੱਗੇ ਹੈ ਜਿੱਥੋਂ ਇੱਕਪਾਸੜ ਖਬਰਾਂ ਤੇ ਮੀਡੀਆ ਅਪਰੋਚ ਦਿਖਾਈ ਜਾ ਰਹੀ ਹੈ। ਲੋਕਾਂ ਨੂੰ ਅਗਾਂਹ ਕੀਤਾ ਜਾਂਦਾ ਕਿ ਉਹ ਅਜਿਹੇ ਚੈਨਲਾਂ ਤੋਂ ਦੂਰ ਰਹਿਣ ਇਥੇ ਇਹ ਵੀ ਸੁਝਾਅ ਦਿੱਤਾ ਜਾਂਦਾ ਹੈ ਕਿ ਕਈ ਵਾਰ ਸਰਕਾਰ ਭਾਰਤ ਵਿੱਚ ਇਹਨਾਂ ਚੈਨਲਾਂ ਦੇ ਐਕਸੈਸ ਨੂੰ ਦੂਜੇ ਵੈਬਸਾਈਟ ਦੀ ਤਰ੍ਹਾਂ ਬੈਨ ਕਿਉਂ ਨਹੀਂ ਕਰਦੀ ,ਜਦਕਿ ਬੀਬੀਸੀ ਨੂੰ ਭਾਰਤ ਵਿੱਚ ਪਹਿਲੇ ਹੀ ਚੇਤਾਵਨੀ ਦਿੱਤੀ ਜਾ ਚੁੱਕੀ ਹੈ।

## 'ਆਪ੍ਰੇਸ਼ਨ ਸਿੰਦੂਰ' ਮਗਰੋਂ ਅਲਕਾਇਦਾ ਵੱਲੋਂ ਭਾਰਤੀ ਉਪ ਮਹਾਂਦੀਪ 'ਚ 'ਜਿਹਾਦ' ਦਾ ਸੱਦਾ

ਚੜ੍ਹਦੀਕਲਾ ਬਿਊਰੋ

================



ਨਵੀਂ ਦਿੱਲੀ, 8 ਮਈ :ਭਾਰਤ ਅਤੇ ਪਾਕਿਸਤਾਨ ਵਿਚਾਲੇ ਵਧਦੇ ਤਣਾਅ ਦਰਮਿਆਨ ਅਲ-ਕਾਇਦਾ ਨੇ ਭਾਰਤੀ ਹਥਿਆਰਬੰਦ ਬਲਾਂ ਦੇ 'ਅਪਰੇਸ਼ਨ ਸਿੰਦੂਰ' ਦੀ ਨਿਖੇਧੀ ਕਰਦਿਆਂ ਭਾਰਤੀ ਉਪ-ਮਹਾਂਦੀਪ ਵਿੱਚ ਨਵੇਂ ਸਿਰੇ ਤੋਂ ਜਿਹਾਦ ਦਾ ਸੱਦਾ ਦਿੱਤਾ ਹੈ। ਭਾਰਤੀ ਫੌਜ ਨੇ ਲੰਘੇ ਦਿਨ 'ਆਪਰੇਸ਼ਨ ਸਿੰਦੂਰ' ਤਹਿਤ ਪਾਕਿਸਤਾਨ ਤੇ ਮਕਬੂਜ਼ਾ ਕਸ਼ਮੀਰ ਵਿਚ ਦਹਿਸ਼ਤੀ ਟਿਕਾਣਿਆਂ 'ਤੇ ਮਿਜ਼ਾਈਲ ਹਮਲੇ ਕੀਤੇ ਸੀ। ਇਹ ਪੂਰਾ ਅਪਰੇਸ਼ਨ ਪਹਿਲਗਾਮ ਦਹਿਸ਼ਤੀ ਹਮਲੇ ਦੀ ਜਵਾਬੀ ਕਾਰਵਾਈ ਵਜੋਂ ਚਲਾਇਆ ਗਿਆ ਸੀ। ਪਹਿਲਗਾਮ ਹਮਲੇ ਵਿਚ 26 ਵਿਅਕਤੀਆਂ, ਜਿਨ੍ਹਾਂ ਵਿਚ ਬਹੁਤੇ ਸੈਲਾਨੀ ਸਨ, ਦੀ ਜਾਨ ਜਾਂਦੀ ਰਹੀ ਸੀ।ਅਲ ਕਾਇਦਾ ਇਨ ਇੰਡੀਅਨ ਸਬ-ਕੌਂਟੀਨੈਂਟ ਨੇ ਇਕ ਬਿਆਨ ਵਿਚ ਕਿਹਾ, "ਇਸਲਾਮ ਦੇ ਮੁਜਾਹੀਦੀਨਾਂ ਤੇ ਉਪ ਮਹਾਂਦੀਪ ਦੇ ਮੁਸਲਮਾਨਾਂ ਲਈ ਭਾਰਤ ਖਿਲਾਫ਼ ਇਹ ਜੰਗ ਜਿਹਾਦ ਫੀ ਸਬੀਲਿੱਲ੍ਹਾ ਹੈ। ਅੱਲ੍ਹਾ ਦੀ ਇਸ ਦੁਨੀਆਂ ਵਿਚ ਇਸਲਾਮ ਤੇ ਮੁਸਲਮਾਨਾਂ ਦੀ ਰਾਖੀ ਤੇ ਉਪ ਮਹਾਂਦੀਪ ਦੇ ਦੱਬੇ ਕੁਚਲੇ ਲੋਕਾਂ ਦੀ ਹਮਾਇਤ ਲਈ ਇਸ ਸੰਘਰਸ਼/ਜਿਹਾਦ ਵਿਚ ਕੁੱਦਣਾ ਸਾਡਾ ਫ਼ਰਜ਼ ਹੈ ਹੁਣ ਉਪ-ਮਹਾਂਦੀਪ ਦੇ ਮੁਸਲਮਾਨਾਂ ਲਈ ਇਨ੍ਹਾਂ ਮੰਤਵਾਂ ਦੀ ਹਮਾਇਤ ਵਿਚ ਖੜ੍ਹਨਾ ਪਹਿਲਾਂ ਨਾਲੋਂ ਕਿਤੇ ਵੱਧ ਜ਼ਰੂਰੀ ਹੈ।" ਇਸ ਵਿੱਚ ਕਿਹਾ ਗਿਆ ਹੈ, "6 ਮਈ, 2025 ਦੀ ਰਾਤ ਨੂੰ, ਭਾਰਤੀ (ਬਾਕੀ ਸਫਾ 2 'ਤੇ)

# ਆਲਮੀ ਆਗੂਆਂ ਨੇ ਕੀਤੀ ਭਾਰਤ ਦੇ 'ਆਪ੍ਰੇਸ਼ਨ ਸਿੰਦੂਰ' ਦੀ ਹਮਾਇਤ

ਨਵੀਂ ਦਿੱਲੀ , 8 ਮਈ (ਚ.ਨ.ਸ.) : ਭਾਰਤ ਦੇ 'ਆਪ੍ਰੇਸ਼ਨ ਸਿੰਦੂਰ' ਦੇ ਸਮਰਥਨ ਵਿੱਚ ਵਿਸ਼ਵ ਨੇਤਾ ਸਾਹਮਣੇ ਆਏ ਹਨ। ਭਾਰਤ ਨੇ 7 ਮਈ ਨੂੰ ਤੜਕੇ ਪਾਕਿਸਤਾਨ ਅਤੇ ਮਕਬੂਜ਼ਾ ਕਸ਼ਮੀਰ ਵਿੱਚ ਅੱਤਵਾਦੀ ਢਾਂਚਿਆਂ ਨੂੰ ਨਿਸ਼ਾਨਾ ਬਣਾਇਆ ਸੀ।




ਬਰਤਾਨੀਆ ਦੇ ਸਾਬਕਾ ਪ੍ਰਧਾਨ ਮੰਤਰੀ ਰਿਸ਼ੀ ਸੂਨਕ ਨੇ ਅੱਤਵਾਦੀ ਢਾਂਚੇ 'ਤੇ ਭਾਰਤੀ ਹਮਲੇ ਦਾ ਸਮਰਥਨ ਕੀਤਾ ਅਤੇ ਕਿਹਾ ਕਿ ਕਿਸੇ ਵੀ ਦੇਸ਼ ਨੂੰ ਕਿਸੇ ਹੋਰ ਦੇਸ਼ ਤੋਂ ਉਸ ਵਿਰੁੱਧ ਕੀਤੇ ਜਾ ਰਹੇ ਅੱਤਵਾਦੀ ਹਮਲਿਆਂ ਨੂੰ ਸਵੀਕਾਰ ਨਹੀਂ ਕਰਨਾ ਚਾਹੀਦਾ।
ਐਕਸ 'ਤੇ ਇੱਕ ਪੋਸਟ ਵਿੱਚ, ਸੂਨਕ ਨੇ ਕਿਹਾ, ਕਿਸੇ ਵੀ ਮੁਲਕ ਨੂੰ ਕਿਸੇ ਹੋਰ ਮੁਲਕ ਦੀ ਸਰਜ਼ਮੀਨ ਤੋਂ ਉਸਦੇ ਵਿਰੁੱਧ ਕੀਤੇ ਜਾ ਰਹੇ ਅੱਤਵਾਦੀ ਹਮਲਿਆਂ ਨੂੰ ਸਵੀਕਾਰ ਨਹੀਂ ਕਰਨਾ ਚਾਹੀਦਾ। ਭਾਰਤ ਦਾ ਅੱਤਵਾਦੀ ਬੁਨਿਆਦੀ ਢਾਂਚੇ 'ਤੇ ਹਮਲਾ ਕਰਨ ਦਾ ਕਦਮ ਜਾਇਜ਼ ਹੈ। ਅੱਤਵਾਦੀਆਂ ਲਈ ਕੋਈ ਸਜ਼ਾ ਨਹੀਂ ਹੋ ਸਕਦੀ।
ਯੂਕੇ ਦੀ ਸੰਸਦ ਮੈਂਬਰ ਪ੍ਰੀਤੀ ਪਟੇਲ ਨੇ ਹਮਲੇ ਦਾ ਸਮਰਥਨ ਕਰਦਿਆਂ ਕਿਹਾ ਕਿ ਭਾਰਤ ਨੂੰ ਆਪਣੇ ਬਚਾਅ ਲਈ ਵਾਜਬ ਕਦਮ ਚੁੱਕਣ ਅਤੇ ਉਸ ਘਿਨਾਉਣੇ ਅੱਤਵਾਦੀ ਢਾਂਚੇ ਨੂੰ ਤਬਾਹ ਕਰਨ ਦਾ ਅਧਿਕਾਰ ਹੈ ਜੋ ਇਸਨੂੰ ਖ਼ਤਰਾ ਹੈ।
ਯੂਕੇ ਦੇ ਵਿਦੇਸ਼ ਮੰਤਰੀ ਡੇਵਿਡ ਲੈਮੀ ਨੇ ਭਾਰਤ ਅਤੇ ਪਾਕਿਸਤਾਨ ਨੂੰ ਸੰਜਮ ਦਿਖਾਉਣ ਅਤੇ ਅੱਗੇ ਵਧਣ ਲਈ ਇੱਕ ਤੇਜ਼, ਕੂਟਨੀਤਕ ਰਸਤਾ ਲੱਭਣ ਲਈ ਸਿੱਧੀ ਗੱਲਬਾਤ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ। ਉਨ੍ਹਾਂ ਨੇ 22 ਅਪਰੈਲ ਨੂੰ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਦੀ ਮੁੜ ਨਿੰਦਾ ਕੀਤੀ ਹ।
ਉਨ੍ਹਾਂ ਇੱਕ ਬਿਆਨ ਵਿੱਚ ਕਿਹਾ, ਭਾਰਤ ਅਤੇ ਪਾਕਿਸਤਾਨ ਵਿਚਕਾਰ ਮੌਜੂਦਾ ਤਣਾਅ ਗੰਭੀਰ ਚਿੰਤਾ ਦਾ ਵਿਸ਼ਾ ਹੈ। ਯੂਕੇ ਸਰਕਾਰ ਭਾਰਤ ਅਤੇ ਪਾਕਿਸਤਾਨ ਨੂੰ ਸੰਜਮ ਦਿਖਾਉਣ ਅਤੇ ਅੱਗੇ ਵਧਣ ਲਈ ਇੱਕ ਤੇਜ਼, ਕੂਟਨੀਤਕ ਰਸਤਾ ਲੱਭਣ ਲਈ ਸਿੱਧੀ ਗੱਲਬਾਤ ਵਿੱਚ ਸ਼ਾਮਲ ਹੋਣ ਦੀ ਅਪੀਲ ਕਰ ਰਹੀ ਹੈ। ਯੂਕੇ ਦੇ ਦੋਵਾਂ ਦੇਸ਼ਾਂ ਨਾਲ ਨੇੜਲੇ ਅਤੇ ਵਿਲੱਖਣ ਸਬੰਧ ਹਨ। ਮੈਂ ਭਾਰਤ ਅਤੇ ਪਾਕਿਸਤਾਨ ਵਿੱਚ ਆਪਣੇ ਹਮਰੁਤਬਾ ਨੂੰ ਸਪੱਸ਼ਟ ਕਰ ਦਿੱਤਾ ਹੈ ਕਿ ਜੇ ਇਹ ਹੋਰ ਵਧਦਾ ਹੈ, ਤਾਂ ਕੋਈ ਨਹੀਂ ਜਿੱਤਦਾ। ਫਰਾਂਸੀਸੀ ਵਿਦੇਸ਼ ਮੰਤਰੀ ਜੀਨ-ਨੋਇਲ ਬੈਰੋਟ ਨੇ ਅੱਤਵਾਦ ਤੋਂ ਆਪਣੇ ਆਪ ਨੂੰ ਬਚਾਉਣ ਦੀ ਭਾਰਤ ਦੀ ਇੱਛਾ ਨੂੰ ਸਹੀ ਕਰਾਰ ਦਿੱਤਾ।
ਉਨ੍ਹਾਂ ਹਮਲੇ ਦੀ ਨਿੰਦਾ ਕਰਨ ਵਾਲੇ ਸੰਯੁਕਤ ਰਾਸ਼ਟਰ ਸੁਰੱਖਿਆ ਕੌਂਸਲ ਦੇ ਬਿਆਨ ਦਾ ਸਮਰਥਨ ਕਰਨ ਦੇ ਆਪਣੇ ਯਤਨਾਂ ਦਾ ਜ਼ਿਕਰ ਕਰਦੇ ਹੋਏ ਕਿਹਾ, ਮੈਂ ਪਿਛਲੇ ਹਫ਼ਤੇ ਵੀ ਨਿਊਯਾਰਕ ਵਿੱਚ ਸੰਯੁਕਤ ਰਾਸ਼ਟਰ ਸੁਰੱਖਿਆ ਪਰੀਸ਼ਦ ਵੱਲੋਂ ਇਸ ਅੱਤਵਾਦੀ ਹਮਲੇ ਦੀ ਨਿੰਦਾ ਕਰਨ ਵਾਲੇ ਬਿਆਨ ਨੂੰ ਪਾਸ ਕਰਨ ਦਾ ਸਮਰਥਨ ਕੀਤਾ ਸੀ।
ਭਾਰਤ ਵਿੱਚ ਇਜ਼ਰਾਈਲ ਦੇ ਰਾਜਦੂਤ, ਰਿਊਵੇਨ ਅਜ਼ਾਰ ਨੇ ਕਿਹਾ ਕਿ ਇਜ਼ਰਾਈਲ ਭਾਰਤ ਦੇ ਸਵੈ-ਰੱਖਿਆ ਦੇ ਅਧਿਕਾਰ ਦਾ ਸਮਰਥਨ ਕਰਦਾ ਹੈ ਅਤੇ ਕਿਹਾ ਕਿ ਅੱਤਵਾਦੀਆਂ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਮਾਸੂਮਾਂ ਵਿਰੁੱਧ ਉਨ੍ਹਾਂ ਦੇ ਘਿਨਾਉਣੇ ਅਪਰਾਧਾਂ ਤੋਂ ਉਨ੍ਹਾਂ ਦੇ ਲੁਕਣ ਲਈ ਕੋਈ ਜਗ੍ਹਾ ਨਹੀਂ ਹੈ।
ਨੀਦਰਲੈਂਡ ਦੇ ਸੰਸਦ ਮੈਂਬਰ ਗੀਰਟ ਵਾਈਲਡਰਸ ਨੇ ਆਪਣੇ ਟਵੀਟ ਨਾਲ ਆਪਣਾ ਸਮਰਥਨ ਪ੍ਰਗਟ ਕੀਤਾ ਹੈ ਕਿ ਕਸ਼ਮੀਰ 100 ਫ਼ੀਸਦੀ ਭਾਰਤ ਦਾ ਹੈ। ਉਨ੍ਹਾਂ ਨੇ ਐਕਸ 'ਤੇ ਆਪਣੀ ਪੋਸਟ ਵਿੱਚ ਹੈਸ਼ਟੈਗ #PakistanBehindPahalgam ਦੀ ਵੀ ਵਰਤੋਂ ਕੀਤੀ ਹੈ।
ਅਮਰੀਕੀ ਕਾਂਗਰਸ ਮੈਂਬਰ ਸ੍ਰੀ ਥਾਨੇਦਾਰ ਨੇ ਕਿਹਾ ਕਿ ਅੱਤਵਾਦ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ ਅਤੇ ਇਸਨੂੰ ਸਜ਼ਾ ਦਿੱਤੇ ਬਿਨਾਂ ਨਹੀਂ ਛੱਡਿਆ ਜਾ ਸਕਦਾ ਅਤੇ ਭਾਰਤ ਨੂੰ ਆਪਣੇ ਲੋਕਾਂ ਦਾ ਬਚਾਅ ਕਰਨ ਦਾ ਅਧਿਕਾਰ ਹੈ ਅਤੇ ਅੱਤਵਾਦੀ ਨੈੱਟਵਰਕਾਂ ਨੂੰ ਖਤਮ ਕਰਨ ਲਈ ਭਾਰਤ ਦੇ ਯਤਨਾਂ ਪ੍ਰਤੀ ਦ੍ਰਿੜ ਏਕਤਾ ਪ੍ਰਗਟ ਕੀਤੀ।

# ਰਾਮਬਨ 'ਚ ਢਿੱਗਾਂ ਖ਼ਿਸਕਣ ਕਾਰਨ ਜੰਮੂ-ਸ਼੍ਰੀਨਗਰ ਕੌਮੀ ਰਾਜਮਾਰਗ ਬੰਦ



ਰਾਮਬਨ/ਜੰਮੂ , 8 ਮਈ (ਚ.ਨ.ਸ.) : ਰਾਮਬਨ ਜ਼ਿਲ੍ਹੇ ਵਿਚ ਭਾਰੀ ਮੀਂਹ ਪੈਣ ਦੌਰਾਨ ਢਿੱਗਾਂ ਖਿਸਕਣ ਅਤੇ ਪਹਾੜੀਆਂ ਤੋਂ ਪੱਥਰ ਡਿੱਗਣ ਕਾਰਨ ਵੀਰਵਾਰ ਦੀ ਸਵੇਰ ਜੰਮੂ-ਸ਼੍ਰੀਨਗਰ ਕੌਮੀ ਰਾਜਮਾਰਗ 'ਤੇ ਆਵਾਜਾਈ ਨੂੰ ਰੋਕ ਦਿੱਤਾ ਗਿਆ ਹੈ। ਅਧਿਕਾਰੀਆਂ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਅਚਾਨਕ ਆਏ ਹੜ੍ਹ ਨੇ ਰਾਮਬਨ ਬਾਜ਼ਾਰ ਨੂੰ ਵੀ ਪ੍ਰਭਾਵਿਤ ਕੀਤਾ ਪਰ ਕਿਸੇ ਵੀ ਤਰ੍ਹਾਂ ਦੇ ਜਾਨੀ ਨੁਕਸਾਨ ਦੀ ਕੋਈ ਰਿਪੋਰਟ ਨਹੀਂ ਹੈ।
ਟਰੈਫਿਕ ਵਿਭਾਗ ਦੇ ਅਧਿਕਾਰੀਆਂ ਅਨੁਸਾਰ ਸੀਰੀ ਅਤੇ ਨਚਲਾਨਾ ਦੇ ਵਿਚਕਾਰ ਕਈ ਥਾਂਈ ਢਿੱਗਾਂ ਖਿਸਕਣ ਅਤੇ ਪੱਥਰ ਡਿੱਗਣ ਕਾਰਨ ਸਵੇਰੇ ਸਾਢੇ ਸੱਤ ਵਜੇ ਰਾਜਮਾਰਗ 'ਤੇ ਵਾਹਨਾਂ ਦੀ ਆਵਾਜਾਈ ਰੋਕ ਦਿੱਤੀ ਗਈ ਸੀ, ਜਿਸ ਕਾਰਨ ਦੋਹਾਂ ਪਾਸੇ ਸੈਂਕੜੇ ਵਾਹਨ ਫਸੇ ਹੋਏ ਹਨ। ਇਹ ਰਾਜਮਾਰਗ ਕਸ਼ਮੀਰ ਨੂੰ ਦੇਸ਼ ਦੇ ਬਾਕੀ ਹਿੱਸਿਆਂ ਨਾਲ ਜੋੜਨ ਵਾਲੀ ਇਕੋ ਇਕ ਸੜਕ ਹੈ, ਜੋ ਹਰ ਮੌਸਮ ਵਿਚ ਖੁੱਲੀ ਰਹਿੰਦੀ ਹੈ।
ਅਧਿਕਾਰੀਆਂ ਨੇ ਦੱਸਿਆ ਕਿ ਰਾਮਬਨ ਸ਼ਹਿਰ ਦੇ ਨੇੜੇ ਚੰਬਾ-ਸੀਰੀ 'ਚ ਵੱਡੇ ਪੱਧਰ 'ਤੇ ਢਿੱਗਾਂ ਖਿਸਕੀਆਂ ਹਨ, ਜਦ ਕਿ ਰਾਮਬਨ ਬਾਜ਼ਾਰ ਵਿਚ ਇਕ ਹੋਟਲ ਦੇ ਨੇੜੇ ਅਚਾਨਕ ਹੜ੍ਹ ਆਉਣ ਦੀ ਵੀ ਸੂਚਨਾ ਹੈ ਜਿਸ ਕਾਰਨ ਕਈ ਵਾਹਨਾਂ ਨੂੰ ਨੁਕਸਾਨ ਪਹੁੰਚਿਆ। ਉਨ੍ਹਾਂ ਦੱਸਿਆ ਕਿ ਲਗਾਤਾਰ ਮੀਂਹ ਕਾਰਨ ਯਾਤਰਾ ਮੁੜ ਚਾਲੂ ਕਰਨ ਦੇ ਕੰਮ ਵਿਚ ਰੁਕਾਵਟ ਪੇਸ਼ ਆ ਰਹੀ ਹੈ।ਟਰੈਫਿਕ ਵਿਭਾਗ ਦੇ ਬੁਲਾਰੇ ਨੇ ਕਿਹਾ, "ਯਾਤਰੀਆਂ ਨੂੰ ਮੌਸਮ ਵਿਚ ਸੁਧਾਰ ਅਤੇ ਸੜਕ ਸਾਫ਼ ਹੋਣ ਤੱਕ ਕੌਮੀ ਰਾਜਮਾਰਗ ਨੰਬਰ-44 ਦੀ ਵਰਤੋਂ ਨਾ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ।" ਮੌਸਮ ਵਿਭਾਗ ਨੇ 8 ਤੋਂ 11 ਮਈ ਤੱਕ ਜੰਮੂ-ਕਸ਼ਮੀਰ ਵਿਚ ਕੁੱਝ ਥਾਵਾਂ 'ਤੇ ਹਲਕੇ ਤੋਂ ਦਰਮਿਆਨਾ ਮੀਂਹ, ਗਰਜ ਦੇ ਨਾਲ ਮੀਂਹ ਪੈਣ ਅਤੇ ਤੇਜ਼ ਹਵਾਵਾਂ ਚੱਲਣ ਦਾ ਅੰਦਾਜ਼ਾ ਲਾਇਆ ਗਿਆ ਹੈ। ਇਸ ਤੋਂ ਬਾਅਦ 12 ਮਈ ਨੂੰ ਕੁਝ ਸਥਾਨਾਂ 'ਤੇ ਹਲਕਾ ਮੀਂਹ ਪੈਣ ਦੀ ਸੰਭਾਵਨਾ ਹੈ।
ਮੌਸਮ ਵਿਭਾਗ ਦੇ ਇਕ ਬੁਲਾਰੇ ਨੇ ਕਿਹਾ, "ਕੁਝ ਸੰਵੇਦਨਸ਼ੀਲ ਥਾਵਾਂ 'ਤੇ ਤੇਜ਼ ਮੀਂਹ ਕਾਰਨ ਢਿੱਗਾ ਖਿਸਕਣ ਦੀਆਂ ਘਟਨਾਵਾਂ ਵਾਪਰ ਸਕਦੀਆਂ ਹਨ।' ਉਨ੍ਹਾਂ ਨੇ 13 ਮਈ ਤੋਂ ਮੁੱਖ ਤੌਰ 'ਤੇ ਜੰਮੂ ਸੰਭਾਗ ਵਿਚ ਦਿਨ ਦੇ ਤਾਪਮਾਨ ਵਿਚ ਵਾਧਾ ਹੋਣ ਦਾ ਅਨੁਮਾਨ ਵੀ ਜਤਾਇਆ ਹੈ।

# ਭਾਰਤ ਤੇ ਪਾਕਿ ਦੇ ਕੌਮੀ ਸੁਰੱਖਿਆ ਸਲਾਹਕਾਰ ਇੱਕ ਦੂਜੇ ਦੇ ਰਾਬਤੇ ਵਿਚ: ਪਾਕਿ ਵਿਦੇਸ਼ ਮੰਤਰੀ

ਨਵੀਂ ਦਿੱਲੀ , 8 ਮਈ (ਚ.ਨ.ਸ.) : ਪਾਕਿਸਤਾਨ ਦੇ ਵਿਦੇਸ਼ ਮੰਤਰੀ ਇਸ਼ਾਕ ਡਾਰ ਨੇ ਦਾਅਵਾ ਕੀਤਾ ਹੈ ਕਿ ਉਨ੍ਹਾਂ ਦਾ ਕੌਮੀ ਸੁਰੱਖਿਆ ਸਲਾਹਕਾਰ ਆਪਣੇ ਭਾਰਤੀ ਹਮਰੁਤਬਾ ਅਜੀਤ ਡੋਵਾਲ ਦੇ ਸੰਪਰਕ ਵਿਚ ਹੈ।



ਡਾਰ ਨੇ ਟੀਆਰਟੀ ਨੂੰ ਇਕ ਇੰਟਰਵਿਊ ਦੌਰਾਨ ਦੱਸਿਆ, "ਹਾਂ ਦੋਵੇਂ ਜਣੇ ਇਕ ਦੂਜੇ ਦੇ ਰਾਬਤੇ ਵਿਚ ਹਨ।" ਹਾਲਾਂਕਿ ਪਾਕਿਸਤਾਨ ਦੇ ਇਸ ਦਾਅਵੇ ਨੂੰ ਲੈ ਕੇ ਭਾਰਤ ਸਰਕਾਰ ਦੇ ਜਵਾਬ ਦੀ ਉਡੀਕ ਹੈ। ਲੈਫਟੀਨੈਂਟ ਜਨਰਲ ਅਸੀਮ ਮਲਿਕ ਪਾਕਿਸਤਾਨ ਦੇ ਕੌਮੀ ਸੁਰੱਖਿਆ ਸਲਾਹਕਾਰ (ਐਨ.ਐਸ.ਏ.) ਹਨ। ਉਹ ਇੱਕ ਸੇਵਾਮੁਕਤ ਜਨਰਲ ਹਨ ਅਤੇ ਇੰਟਰ-ਸਰਵਿਸਿਜ਼ ਇੰਟੈਲੀਜੈਂਸ (ਆਈਐੱਸਆਈ) ਦੇ ਇੰਚਾਰਜ ਹਨ।
ਕਾਬਿਲੇਗੌਰ ਹੈ ਕਿ ਭਾਰਤ ਨੇ ਇੱਕ ਦਲੇਰਾਨਾ ਅਤੇ ਗਿਣੀ ਮਿਥੀ ਪੇਸ਼ਕਦਮੀ ਤਹਿਤ ਬੁੱਧਵਾਰ ਵੱਡੇ ਤੜਕੇ ਪਾਕਿਸਤਾਨ ਤੇ ਮਕਬੂਜ਼ਾ ਕਸ਼ਮੀਰ ਵਿਚ 9 ਦਹਿਸ਼ਤੀ ਟਿਕਾਣਿਆਂ 'ਤੇ ਸਟੀਕ ਮਿਜ਼ਾਈਲ ਹਮਲੇ ਕੀਤੇ ਸਨ। 'ਆਪ੍ਰੇਸ਼ਨ ਸਿੰਦੂਰ' ਤਹਿਤ ਇਹ ਹਮਲੇ ਪਹਿਲਗਾਮ ਵਿਚ ਹੋਏ ਦਹਿਸ਼ਤੀ ਹਮਲੇ ਦੀ ਜਵਾਬੀ ਕਾਰਵਾਈ ਵਜੋਂ ਕੀਤੇ ਗਏ ਸਨ, ਜਿਸ ਵਿਚ ਬੇਕਸੂਰ 26 ਸੈਲਾਨੀਆਂ ਦੀ ਜਾਨ ਜਾਂਦੀ ਰਹੀ ਸੀ। ਇਨ੍ਹਾਂ ਹਵਾਈ ਹਮਲਿਆਂ ਦਾ ਮੁੱਖ ਮਕਸਦ ਜੈਸ਼-ਏ-ਮੁਹੰਮਦ ਤੇ ਲਸ਼ਕਰ-ਏ-ਤਇਬਾ ਜਿਹੇ ਦਹਿਸ਼ਤੀ ਸੰਗਠਨ, ਜੋ ਸਰਹੱਦ ਪਾਰ ਹਮਲਿਆਂ ਲਈ ਮੁੱਖ ਤੌਰ 'ਤੇ ਜ਼ਿੰਮੇਵਾਰ ਹਨ, ਦੇ ਬੁਨਿਆਦੀ ਢਾਂਚਿਆਂ ਨੂੰ ਤਬਾਹ ਕਰਨਾ ਸੀ।
ਬੁੱਧਵਾਰ ਦੇ ਹਮਲਿਆਂ ਤੋਂ ਫੌਰੀ ਮਗਰੋਂ ਭਾਰਤ ਨੇ ਕਈ ਆਲਮੀ ਆਗੂਆਂ ਨੂੰ ਇਸ ਕਾਰਵਾਈ ਬਾਰੇ ਸੂਚਿਤ ਕੀਤਾ ਅਤੇ ਕਿਹਾ ਕਿ ਜੇਕਰ ਗੁਆਂਢੀ ਦੇਸ਼ ਸਥਿਤੀ ਨੂੰ ਹੋਰ ਵਿਗਾੜਦਾ ਹੈ ਤਾਂ ਉਹ 'ਦ੍ਰਿੜਤਾ ਨਾਲ ਜਵਾਬੀ ਕਾਰਵਾਈ' ਲਈ ਤਿਆਰ ਹੈ।
ਕੌਮੀ ਸੁਰੱਖਿਆ ਸਲਾਹਕਾਰ (ਐਨ.ਐਸ.ਏ. ) ਅਜੀਤ ਡੋਵਾਲ ਨੇ ਅਮਰੀਕਾ ਦੇ ਆਪਣੇ ਹਮਰੁਤਬਾ ਅਤੇ ਵਿਦੇਸ਼ ਮੰਤਰੀ ਮਾਰਕੋ ਰੂਬੀਓ, ਯੂਕੇ ਦੇ ਐਨ.ਐਸ.ਏ. ਜੋਨਾਥਨ ਪਾਵੇਲ, ਸਾਊਦੀ ਅਰਬ ਦੇ ਐਨ.ਐਸ.ਏ. ਮੁਸਾਇਦ ਅਲ ਐਬਨ, ਯੂ.ਏ.ਈ.ਦੇ ਹਮਰੁਤਬਾ ਸ਼ੇਖ ਤਾਹਨੂਨ, ਯੂ.ਏ.ਈ. ਦੇ ਐਨ.ਐਸ.ਸੀ. ਦੇ ਸਕੱਤਰ ਜਨਰਲ ਅਲੀ ਅਲ ਸ਼ਮਸੀ ਅਤੇ ਜਾਪਾਨ ਦੇ ਐਨ.ਐਸ.ਏ. ਮਾਸਾਤਾਕਾ ਓਕਾਨੋ ਸਮੇਤ ਕਈ ਦੇਸ਼ਾਂ ਦੇ ਐਨ.ਐਸ.ਏ. ਨਾਲ ਗੱਲਬਾਤ ਕੀਤੀ ਹੈ। ਡੋਵਾਲ ਨੇ ਆਪਣੇ ਰੂਸੀ ਹਮਰੁਤਬਾ ਸਰਗੇਈ ਸ਼ੋਇਗੂ, ਚੀਨੀ ਵਿਦੇਸ਼ ਮੰਤਰੀ ਵਾਂਗ ਯੀ ਅਤੇ ਫਰਾਂਸ ਦੇ ਰਾਸ਼ਟਰਪਤੀ ਦੇ ਕੂਟਨੀਤਕ ਸਲਾਹਕਾਰ ਇਮੈਨੁਅਲ ਬੋਨੇ ਨਾਲ ਵੀ ਸੰਪਰਕ ਸਥਾਪਿਤ ਕੀਤਾ।

# ਹਾਫਿਜ਼ ਸਈਦ ਵੱਲੋਂ ਪਾਕਿ ਅਦਾਲਤ 'ਚ ਆਪਣੀ ਸਜ਼ਾ ਨੂੰ ਚੁਣੌਤੀ ਦਿੰਦੀ ਪਟੀਸ਼ਨ ਦਾਇਰ

ਲਾਹੌਰ , 8 ਮਈ (ਚ.ਨ.ਸ.) : : ਮੁੰਬਈ ਅਤਿਵਾਦੀ ਹਮਲੇ ਦੇ ਮਾਸਟਰਮਾਈਂਡ ਅਤੇ ਪਾਬੰਦੀਸ਼ੁਦਾ ਜਮਾਤ-ਉਦ-ਦਾਵਾ ਦੇ ਮੁਖੀ ਹਾਫਿਜ਼ ਸਈਦ ਨੇ ਪਾਕਿਸਤਾਨ ਦੀ ਇਕ ਅਦਾਲਤ ਵਿਚ ਪਟੀਸ਼ਨ ਦਾਇਰ ਕੀਤੀ ਹੈ, ਜਿਸ ਵਿਚ ਅਤਿਵਾਦ ਫੰਡਿੰਗ ਮਾਮਲਿਆਂ 'ਚ ਕਈ ਸਾਲਾਂ ਦੀ ਆਪਣੀ ਸਜ਼ਾ ਨੂੰ ਚੁਣੌਤੀ ਦਿੱਤੀ ਗਈ ਹੈ।



ਅਦਾਲਤ ਦੇ ਇਕ ਅਧਿਕਾਰੀ ਨੇ ਖ਼ਬਰ ਏਜੰਸੀ ਪੀਟੀਆਈ ਨੂੰ ਦੱਸਿਆ, "ਸਈਦ ਅਤੇ ਜਮਾਤ-ਉਦ-ਦਾਵਾ (ਜੇਯੂਡੀ) ਦੇ ਕੁਝ ਹੋਰ ਨੇਤਾਵਾਂ ਨੇ ਲਾਹੌਰ ਹਾਈ ਕੋਰਟ ਵਿਚ ਇਕ ਪਟੀਸ਼ਨ ਦਾਇਰ ਕੀਤੀ ਹੈ ਜਿਸ ਵਿਚ ਅਪੀਲ ਕੀਤੀ ਗਈ ਹੈ ਕਿ ਉਹ ਅਤਿਵਾਦ ਫੰਡਿੰਗ ਮਾਮਲਿਆਂ ਵਿਚ ਉਨ੍ਹਾਂ ਦੀ ਸਜ਼ਾ ਨੂੰ ਕਈ ਸਾਲਾਂ ਲਈ ਰੱਦ ਕਰੇ।"ਉਨ੍ਹਾਂ ਕਿਹਾ ਕਿ ਜਸਟਿਸ ਸ਼ਾਹਬਾਜ਼ ਰਿਜ਼ਵੀ ਅਤੇ ਤਾਰਿਕ ਮਹਿਮੂਦ ਬਾਜਵਾ ਦੀ ਸ਼ਮੂਲੀਅਤ ਵਾਲੇ ਲਾਹੌਰ ਹਾਈ ਕੋਰਟ ਦੇ ਦੋ ਮੈਂਬਰੀ ਬੈਂਚ ਨੇ ਸੁਣਵਾਈ ਲਈ ਪਟੀਸ਼ਨ ਨਿਰਧਾਰਤ ਕੀਤੀ ਹੈ। ਸੁਣਵਾਈ ਦੀ ਮਿਤੀ ਬਾਅਦ ਵਿਚ ਸੂਚਿਤ ਕੀਤੀ ਜਾਵੇਗੀ। ਸੰਯੁਕਤ ਰਾਸ਼ਟਰ ਵੱਲੋਂ ਨਾਮਜ਼ਦ ਅਤਿਵਾਦੀ ਸਈਦ 'ਤੇ ਅਮਰੀਕਾ ਨੇ 10 ਮਿਲੀਅਨ ਡਾਲਰ ਦਾ ਇਨਾਮ ਰੱਖਿਆ ਸੀ। ਉਸ ਨੂੰ ਜੁਲਾਈ 2019 ਵਿਚ ਅਤਿਵਾਦੀ ਫੰਡਿੰਗ ਮਾਮਲਿਆਂ ਵਿਚ ਗ੍ਰਿਫਤਾਰ ਕੀਤਾ ਗਿਆ ਸੀ।ਸਈਦ, ਜੋ 2019 ਤੋਂ ਲਾਹੌਰ ਦੀ ਕੋਟ ਲਖਪਤ ਜੇਲ੍ਹ ਵਿੱਚ ਹੈ, ਨੂੰ ਬਾਅਦ ਵਿਚ ਕਈ ਸਾਲਾਂ ਤੋਂ ਅਤਿਵਾਦੀ ਫੰਡਿੰਗ ਮਾਮਲਿਆਂ ਵਿਚ ਦੋਸ਼ੀ ਠਹਿਰਾਇਆ ਗਿਆ ਸੀ। ਹਾਲਾਂਕਿ ਅਜਿਹੀਆਂ ਅਸਪਸ਼ਟ ਰਿਪੋਰਟਾਂ ਹਨ ਕਿ ਸਈਦ ਜੇਲ੍ਹ ਵਿਚ ਨਹੀਂ ਹੈ ਅਤੇ ਇਕ ਸੁਰੱਖਿਅਤ 'ਤੇ ਰਹਿ ਰਿਹਾ ਹੈ। ਜ਼ਿਕਰਯੋਗ ਹੈ ਕਿ ਸਈਦ ਲਸ਼ਕਰ-ਏ-ਤਇਬਾ ਦਾ ਸੰਸਥਾਪਕ ਹੈ, ਜੋ ਕਿ 2008 ਦੇ ਮੁੰਬਈ ਅਤਿਵਾਦੀ ਹਮਲੇ ਨੂੰ ਅੰਜਾਮ ਦੇਣ ਲਈ ਜ਼ਿੰਮੇਵਾਰ ਹੈ।

# ਬੀਜਾਪੁਰ 'ਚ ਮੁਕਾਬਲਾ : 2 ਕਮਾਂਡਰਾਂ ਸਣੇ 8 ਨਕਸਲੀ ਢੇਰ, ਆਈ.ਈ.ਡੀ. ਧਮਾਕੇ 'ਚ 5 ਜਵਾਨ ਸ਼ਹੀਦ

ਬੀਜਾਪੁਰ , 8 ਮਈ (ਚ.ਨ.ਸ.) : ਛੱਤੀਸਗੜ੍ਹ ਦੇ ਬੀਜਾਪੁਰ ਇਲਾਕੇ 'ਚ ਕਰੇਗੁੱਟਾ ਪਹਾੜੀ 'ਤੇ ਚੱਲ ਰਹੇ ਸਭ ਤੋਂ ਵੱਡੇ ਆਪਰੇਸ਼ਨ ਵਿਚਕਾਰ ਤੇਲੰਗਾਨਾ 'ਚ ਨਕਸਲੀਆਂ ਨੇ ਗ੍ਰੇਹਾਊਂਡਸ ਦੀ ਟੀਮ ਨੂੰ ਵੱਡਾ ਨੁਕਸਾਨ ਪਹੁੰਚਾਇਆ ਹੈ।



ਨਕਸਲੀਆਂ ਨੇ ਆਈ.ਈ.ਡੀ. ਧਮਾਕਾ ਕੀਤਾ ਜਿਸ ਵਿਚ ਗ੍ਰੇਹਾਊਂਡਸ ਦੇ 5 ਜਵਾਬ ਸ਼ਹੀਦ ਹੋ ਗਏ। ਇਸ ਦੌਰਾਨ ਮੁਕਾਬਲੇ ਵਿਚ ਜਵਾਨਾਂ ਨੇ 8 ਨਕਸਲੀਆਂ ਨੂੰ ਮਾਰ ਮੁਕਾਇਆ ਹੈ, ਜਿਨ੍ਹਾਂ ਵਿੱਚੋਂ ਦੋ ਨਕਸਲੀ ਕਮਾਂਡਰ ਦੱਸੇ ਜਾ ਰਹੇ ਹਨ।
ਪੁਲਸ ਅਨੁਸਾਰ, ਗ੍ਰੇਹਾਊਂਡਸ ਦੀ ਟੀਮ ਐਂਟੀ ਨਕਸਲ ਮੁਹਿੰਮ 'ਤੇ ਵਾਜੀਦੂ (ਟੀਜੀ) ਤੋਂ ਨਿਕਲੀ ਸੀ। ਤੇਲੰਗਾਨਾ ਅਤੇ ਬੀਜਾਪੁਰ ਦੀ ਸਰਹੱਦ 'ਤੇ ਨਕਸਲੀਆਂ ਨਾਲ ਮੁਕਾਬਲੇ ਦੌਰਾਨ ਆਈ.ਈ.ਡੀ. ਧਮਾਕੇ 'ਚ ਹੁਣ ਤਕ 5 ਜਵਾਨ ਸ਼ਹੀਦ ਹੋਏ ਹਨ, ਜਦੋਂਕਿ ਇਕ ਜਵਾਨ ਗੰਭੀਰ ਰੂਪ ਜ਼ਖ਼ਮੀ ਹੈ। ਮੁਕਾਬਲੇ 'ਚ ਸੀਸੀ ਮੈਂਬਰ ਚੰਦਰਾਨਾ ਅਤੇ ਐੱਸ.ਜੇ.ਡੀ.ਐੱਮ. ਬੰਦੀ ਪ੍ਰਕਾਸ਼ ਸਮੇਤ ਕੁੱਲ 8 ਨਕਸਲੀਆਂ ਦੇ ਮਾਰੇ ਜਾਣ ਦੀ ਖਬਰ ਸਾਹਮਣੇ ਆਈ ਹੈ।
ਇਹ ਮੁਕਾਬਲਾ ਬੀਜਾਪੁਰ ਦੇ ਉਸੂਰ ਖੇਤਰ ਦੇ ਲੰਕਾਪੱਲੋ ਇਲਾਕੇ ਵਿੱਚ ਚੱਲ ਰਿਹਾ ਹੈ। ਹਮਲੇ ਤੋਂ ਬਾਅਦ ਪੂਰੇ ਇਲਾਕੇ ਵਿੱਚ ਤਣਾਅ ਦਾ ਮਾਹੌਲ ਹੈ ਅਤੇ ਸੁਰੱਖਿਆ ਬਲਾਂ ਨੇ ਕਾਰਵਾਈ ਸੰਭਾਲ ਲਈ ਹੈ ਅਤੇ ਇਲਾਕੇ ਵਿੱਚ ਮੁਕਾਬਲਾ ਸ਼ੁਰੂ ਕਰ ਦਿੱਤਾ ਹੈ। ਇਸ ਵੇਲੇ ਮੁਕਾਬਲਾ ਜਾਰੀ ਹੈ ਅਤੇ ਸੁਰੱਖਿਆ ਬਲ ਨਕਸਲੀਆਂ ਨੂੰ ਮੂੰਹਤੋੜ ਜਵਾਬ ਦੇ ਰਹੇ ਹਨ।

# ਭਾਰਤ ਨੇ ਡੇਗਿਆ ਪਾਕਿਸਤਾਨ ਦਾ ਐਫ.-16 ਲੜਾਕੂ ਜਹਾਜ਼, ਏਅਰ ਡਿਫੈਂਸ ਸਿਸਟਮ ਪੂਰੀ ਤਰ੍ਹਾਂ ਐਕਟਿਵ

ਜੰਮੂ , 8 ਮਈ (ਚ.ਨ.ਸ.) : ਭਾਰਤ ਪਾਕਿਸਤਾਨ ਵਿਚਾਲੇ ਜੰਗ ਦਾ ਮਾਹੌਲ ਬਣ ਗਿਆ ਹੈ। ਪਾਕਿਸਤਾਨ ਵੱਲੋਂ ਇਸ ਦੌਰਾਨ ਜੰਮੂ ਤੇ ਪਠਾਨਕੋਟ ਵਿਚ ਹਮਲੇ ਹੋਣ ਦੀਆਂ ਖਬਰਾਂ ਸਾਹਮਣੇ ਆ ਰਹੀਆਂ ਹਨ। ਇਸ ਦੌਰਾਨ ਇਹ ਵੀ ਜਾਣਕਾਰੀ ਸਾਹਮਣੇ ਆਈ ਹੈ ਕਿ ਭਾਰਤੀ ਡਿਫੈਂਸ ਸਿਸਟਮ ਪੂਰੀ ਤਰ੍ਹਾਂ ਐਕਟਿਵ ਹੈ।




ਦੱਸ ਦਈਏ ਕਿ ਜੰਮੂ ਕਸ਼ਮੀਰ ਤੇ ਪਠਾਨਕੋਟ ਦੇ ਏਅਰਬੇਸ ਉੱਤੇ ਡਰੋਨ ਹਮਲਾ ਹੋਣ ਦੀਆਂ ਖਬਰਾਂ ਸਾਹਮਣੇ ਆ ਰਹੀਆਂ ਹਨ। ਇਸ ਦੌਰਾਨ ਟੀਵੀ ਉੱਤੇ ਚੱਲ ਰਹੀਆਂ ਖਬਰਾਂ ਵਿਚ ਇਹ ਵੀ ਜਾਣਕਾਰੀ ਸਾਹਮਣੇ ਇਨ੍ਹਾਂ ਸਾਰੇ ਪਾਕਿਸਤਾਨੀ ਡਰੋਨਾਂ ਨੂੰ ਰੂਸੀ ਡਿਫੈਂਸ ਸਿਸਟਮ ਐੱਸ 400 ਨਾਲ ਤਬਾਹ ਕਰ ਦਿੱਤਾ ਗਿਆ ਹੈ। ਦੱਸ ਦਈਏ ਕਿ ਇਸ ਤੋਂ ਪਹਿਲਾਂ ਜੰਮੂ ਹਵਾਈ ਪੱਟੀ 'ਤੇ ਰਾਕੇਟ ਦਾਗਿਆ ਗਿਆ ਹੈ, ਭਾਰਤ ਅਤੇ ਪਾਕਿਸਤਾਨ ਹੁਣ ਜੰਗ ਦੇ ਕੰਢੇ 'ਤੇ ਖੜ੍ਹੇ ਹਨ। ਸਾਂਬਾ ਵਿੱਚ ਪਾਕਿਸਤਾਨ ਵਾਲੇ ਪਾਸਿਓਂ ਭਾਰੀ ਗੋਲਾਬਾਰੀ ਹੋ ਰਹੀ ਹੈ। ਇਸ ਦੇ ਮੱਦੇਨਜ਼ਰ, ਜੰਮੂ ਦੇ ਆਰਐਸ ਪੁਰਾ ਇਲਾਕੇ ਵਿੱਚ ਬਲੈਕਆਊਟ ਲਗਾ ਦਿੱਤਾ ਗਿਆ ਹੈ, ਇੱਥੇ ਸਾਇਰਨ ਵੱਜ ਰਹੇ ਹਨ। ਜੰਮੂ ਸ਼ਹਿਰ ਵਿੱਚ ਮੋਬਾਈਲ ਨੈੱਟਵਰਕ ਕੰਮ ਨਹੀਂ ਕਰ ਰਹੇ ਹਨ। ਸਤਵਾਰੀ ਕੈਂਪ 'ਤੇ ਹਮਲੇ ਦੀ ਖ਼ਬਰ ਹੈ। ਦੂਜੇ ਪਾਸੇ, ਕੁਪਵਾੜਾ ਵਿੱਚ ਵੀ ਭਾਰੀ ਗੋਲਾਬਾਰੀ ਹੋਈ ਹੈ।
ਤੁਹਾਨੂੰ ਦੱਸ ਦੇਈਏ ਕਿ 7-8 ਮਈ ਦੀ ਰਾਤ ਨੂੰ ਪਾਕਿਸਤਾਨ ਨੇ ਡਰੋਨ ਅਤੇ ਮਿਜ਼ਾਈਲਾਂ ਰਾਹੀਂ ਲੁਧਿਆਣਾ, ਚੰਡੀਗੜ੍ਹ ਅਤੇ ਅੰਮ੍ਰਿਤਸਰ ਸਮੇਤ ਭਾਰਤ ਦੇ 15 ਸ਼ਹਿਰਾਂ 'ਤੇ ਹਮਲਾ ਕਰਨ ਦੀ ਕੋਸ਼ਿਸ਼ ਕੀਤੀ ਸੀ। ਪਰ ਭਾਰਤ ਨੇ ਇਸ ਕੋਸ਼ਿਸ਼ ਨੂੰ ਅਸਫਲ ਕਰ ਦਿੱਤਾ ਸੀ। ਕਈ ਫੌਜੀ ਅਦਾਰਿਆਂ ਨੂੰ ਨਿਸ਼ਾਨਾ ਬਣਾਇਆ ਗਿਆ।

## ਪਹਿਲੇ ਸਫ਼ੇ ਦੀ ਬਾਕੀ

### ਸਰਹੱਦਾਂ ਅਤੇ ਪਾਣੀ ਦੀ ਰਾਖੀ

ਵਿਰੁੱਧ ਲੜਾਈ ਦੀ ਰਣਨੀਤੀ ਦੇ ਹਿੱਸੇ ਵਜੋਂ ਬਲੈਕਆਊਟ ਲਈ ਸਾਇਰਨ ਵਜਾਏ ਜਾ ਰਹੇ ਹਨ ਤਾਂ ਅਜਿਹੇ ਸਮੇਂ ਭਾਜਪਾ ਪੰਜਾਬ ਨਾਲ ਘਟੀਆ ਸਿਆਸਤ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਸੱਚਮੁੱਚ ਸ਼ਰਮਨਾਕ ਹੈ ਕਿ ਭਾਜਪਾ ਸੰਕਟ ਦੀ ਘੜੀ ਵਿੱਚ ਸੂਬੇ ਦੇ ਹਿੱਤਾਂ ਨੂੰ ਨੁਕਸਾਨ ਪਹੁੰਚਾਉਣ ਲਈ ਮੁਸੀਬਤ 'ਚੋਂ ਮੌਕਾ ਲੱਭ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਕਦੇ ਵੀ ਭਾਜਪਾ ਦੇ ਨਾਪਾਕ ਮਨਸੂਬਿਆਂ ਨੂੰ ਸਫ਼ਲ ਨਹੀਂ ਹੋਣ ਦੇਵੇਗਾ ਅਤੇ ਕਿਸੇ ਹੋਰ ਸੂਬੇ ਨਾਲ ਇੱਕ ਬੂੰਦ ਵੀ ਪਾਣੀ ਸਾਂਝਾ ਨਹੀਂ ਕੀਤਾ ਜਾਵੇਗਾ।
ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਅਤੇ ਇਸ ਦੇ ਸਹਿਯੋਗੀ ਸੂਬੇ ਤੋਂ ਪਾਣੀ ਚੋਰੀ ਕਰਨ ਲਈ ਕਾਹਲੇ ਹਨ ਜਦੋਂ ਕਿ ਹਰਿਆਣਾ ਪੂਰੇ ਸਾਲ ਤੋਂ 4000 ਕਿਊਸਿਕ ਦੀ ਵਰਤੋਂ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਨੂੰ ਦੱਸਣਾ ਚਾਹੀਦਾ ਹੈ ਕਿ ਕੀ ਪੰਜਾਬ ਨੂੰ ਦੇਸ ਦੀਆਂ ਸਰਹੱਦਾਂ ਦੀ ਰਾਖੀ ਕਰਨੀ ਚਾਹੀਦੀ ਹੈ ਜਾਂ ਉਨ੍ਹਾਂ ਨੂੰ ਪਾਣੀਆਂ ਦੀ ਰਾਖੀ ਕਰਨੀ ਚਾਹੀਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੱਜ ਸੂਬਾ ਸਰਕਾਰ ਦੀ ਚੌਕਸੀ ਕਾਰਨ ਬੀ.ਬੀ.ਐਮ.ਬੀ. ਅਤੇ ਹਰਿਆਣਾ ਵੱਲੋਂ ਪਾਣੀ ਦੀ ਚੋਰੀ ਨੂੰ ਰੋਕਿਆ ਗਿਆ ਹੈ।
ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਬੀ.ਬੀ.ਐਮ.ਬੀ. ਅਤੇ ਪਾਣੀਆਂ ਦੀ ਵੰਡ ਬਾਰੇ ਹਾਈ ਕੋਰਟ ਦੇ ਫੈਸਲੇ ਨੂੰ ਸੁਪਰੀਮ ਕੋਰਟ ਵਿੱਚ ਚੁਣੌਤੀ ਦੇਵੇਗੀ। ਉਨ੍ਹਾਂ ਕਿਹਾ ਕਿ ਪਾਣੀਆਂ ਦੀ ਰਾਖੀ ਦੀ ਲੜਾਈ ਸਿਆਸੀ ਅਤੇ ਕਾਨੂੰਨੀ ਫਰੰਟ 'ਤੇ ਲੜੀ ਜਾਵੇਗੀ। ਉਨ੍ਹਾਂ ਕਿਹਾ ਕਿ ਬੀ.ਬੀ.ਐਮ.ਬੀ. ਚੇਅਰਮੈਨ ਨੇ ਸੂਬੇ ਦੇ ਪਾਣੀ ਨੂੰ ਗੈਰ-ਕਾਨੂੰਨੀ ਢੰਗ ਨਾਲ ਲੁੱਟਣ ਦੀ ਕੋਸ਼ਿਸ ਕੀਤੀ ਹੈ ਜੋ ਕਿ ਬਹੁਤ ਹੀ ਨਿੰਦਣਯੋਗ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਜਿਹੇ ਕਿਸੇ ਵੀ ਕਦਮ ਨੂੰ ਬਰਦਾਸਤ ਨਹੀਂ ਕੀਤਾ ਜਾਵੇਗਾ ਅਤੇ ਸੂਬਾ ਸਰਕਾਰ ਇਸ ਦਾ ਡਟ ਕੇ ਵਿਰੋਧ ਕਰੇਗੀ।
ਮੁੱਖ ਮੰਤਰੀ ਨੇ ਸਪੱਸਟ ਤੌਰ 'ਤੇ ਕਿਹਾ ਕਿ ਜੇਕਰ ਸੂਬਾ ਦੇਸ ਦੀਆਂ ਸਰਹੱਦਾਂ ਦੀ ਰਾਖੀ ਕਰਨ ਦੇ ਸਮਰੱਥ ਹੈ, ਤਾਂ ਇਹ ਪੰਜਾਬ ਦੇ ਪਾਣੀਆਂ ਨੂੰ ਵੀ ਬਚਾ ਸਕਦਾ ਹੈ। ਉਨ੍ਹਾਂ ਕਿਹਾ ਕਿ ਪਾਕਿਸਤਾਨ ਨਾਲ ਪੰਜਾਬ ਦੀ 532 ਕਿਲੋਮੀਟਰ ਲੰਬੀ ਸਰਹੱਦ ਲਗਦੀ ਹੈ ਜਿਸ ਦੀ ਰਾਖੀ ਲਈ ਪੰਜਾਬੀਆਂ ਵੱਲੋਂ ਮਹਾਨ ਕੁਰਬਾਨੀਆਂ ਦੇਣ ਦਾ ਸਾਨਦਾਰ ਇਤਿਹਾਸ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੱਜ ਵੀ ਪੰਜਾਬੀ ਪਾਕਿਸਤਾਨੀ ਫੌਜ ਨੂੰ ਮੂੰਹ ਤੋੜਵਾਂ ਜਵਾਬ ਦੇਣ ਵਿੱਚ ਸਭ ਤੋਂ ਅੱਗੇ ਹਨ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।
ਮੁੱਖ ਮੰਤਰੀ ਨੇ ਕਿਹਾ ਕਿ ਬੀ.ਬੀ.ਐਮ.ਬੀ. ਅਸਲ ਵਿੱਚ ਸਤਲੁਜ ਅਤੇ ਬਿਆਸ ਦਰਿਆਵਾਂ ਦੇ ਪਾਣੀਆਂ ਦੇ ਪ੍ਰਬੰਧਨ ਲਈ ਸਥਾਪਤ ਕੀਤਾ ਗਿਆ ਸੀ। ਹਾਲਾਂਕਿ, ਉਨ੍ਹਾਂ ਕਿਹਾ ਕਿ ਸਾਲਾਂ ਤੋਂ ਪੰਜਾਬ ਦਾ ਪਾਣੀ ਬੀ.ਬੀ.ਐਮ.ਬੀ. ਰਾਹੀਂ ਦੂਜੇ ਸੂਬਿਆਂ ਵੱਲ ਮੋੜਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਨੇ ਆਪਣੇ ਸਿਆਸੀ ਹਿੱਤਾਂ ਲਈ ਇਸ ਬੋਰਡ ਦੀ ਦੁਰਵਰਤੋਂ ਕਰਨੀ ਸ਼ੁਰੂ ਕਰ ਦਿੱਤੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਨਾਲ ਸਲਾਹ ਕੀਤੇ ਬਿਨਾਂ ਅੱਧੀ ਰਾਤ ਨੂੰ ਮੀਟਿੰਗਾਂ ਬੁਲਾਈਆਂ ਜਾ ਰਹੀਆਂ ਹਨ ਅਤੇ ਦੂਜੇ ਸੂਬਿਆਂ ਦੇ ਦਬਾਅ ਹੇਠ ਪੰਜਾਬ ਦਾ ਬਣਦਾ ਹਿੱਸਾ ਵੀ ਖੋਹਿਆ ਜਾ ਰਿਹਾ ਹੈ।
ਬੀ.ਬੀ.ਐਮ.ਬੀ. ਨੂੰ ਚਿੱਟਾ ਹਾਥੀ ਦੱਸਦਿਆਂ ਮੁੱਖ ਮੰਤਰੀ ਨੇ ਨਵਾਂ ਸੰਵਿਧਾਨ ਬਣਾ ਕੇ ਇਸ ਦੇ ਪੁਨਰਗਠਨ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਇਹ ਮੌਜੂਦਾ ਰੂਪ ਵਿੱਚ ਪੂਰੀ ਤਰ੍ਹਾਂ ਬੇਕਾਰ ਅਤੇ ਅਸਵੀਕਾਰਨਯੋਗ ਹੈ। ਉਨ੍ਹਾਂ ਕਿਹਾ ਕਿ ਪੰਜਾਬ ਹੁਣ ਇਸ ਨੂੰ ਕਦੇ ਵੀ ਸਵੀਕਾਰ ਨਹੀਂ ਕਰੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਕਿੰਨੇ ਦੁੱਖ ਦੀ ਗੱਲ ਹੈ ਕਿ ਦੂਜੇ ਸੂਬਿਆਂ ਦੇ ਕਰਮਚਾਰੀਆਂ ਨੂੰ ਸੂਬੇ ਦੇ ਖਜ਼ਾਨੇ ਵਿੱਚੋਂ ਤਨਖਾਹ ਦਿੱਤੀ ਜਾ ਰਹੀ ਹੈ ਜਦਕਿ ਇਹ ਸਿਰਫ ਪੰਜਾਬ ਦੇ ਹਿੱਤਾਂ ਨੂੰ ਨੁਕਸਾਨ ਪਹੁੰਚਾਉਂਦੇ ਹਨ।
ਮੁੱਖ ਮੰਤਰੀ ਨੇ ਕਿਹਾ ਕਿ ਹਾਲ ਹੀ ਦੇ ਦਿਨਾਂ ਵਿੱਚ ਭਾਰਤੀ ਜਨਤਾ ਪਾਰਟੀ, ਹਰਿਆਣਾ ਕੇ ਕੇਂਦਰ ਦੀਆਂ ਸਰਕਾਰਾਂ ਅਤੇ ਬੀ.ਬੀ.ਐਮ.ਬੀ. ਰਾਹੀਂ ਪੰਜਾਬ ਦੇ ਹੱਕਾਂ ਨੂੰ ਖੋਹਣ ਦੀ ਕੋਸ਼ਿਸ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਗ਼ੈਰ-ਸੰਵਿਧਾਨਕ ਅਤੇ ਗੈਰ-ਕਾਨੂੰਨੀ ਤਰੀਕੇ ਨਾਲ ਬੀ.ਬੀ.ਐਮ.ਬੀ. ਦੀਆਂ ਮੀਟਿੰਗਾਂ ਬੁਲਾ ਕੇ ਪੰਜਾਬ ਦੇ ਪਾਣੀਆਂ ਨੂੰ ਜ਼ਬਰਦਸਤੀ ਹਰਿਆਣਾ ਵੱਲ ਮੋੜਿਆ ਜਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬੀ.ਬੀ.ਐਮ.ਬੀ. ਵੀ ਪੰਜਾਬ ਵਿਰੁੱਧ ਕਾਨੂੰਨੀ ਲੜਾਈਆਂ ਲੜਨ ਲਈ ਸੂਬੇ ਦੇ ਪੈਸੇ ਦੀ ਵਰਤੋਂ ਕਰਦੀ ਹੈ ਜੋ ਕਿ ਅਤਿ ਨਿੰਦਣਯੋਗ ਹੈ।
ਮੁੱਖ ਮੰਤਰੀ ਨੇ ਕਿਹਾ ਕਿ 'ਅਪਰੇਸ਼ਨ ਸਿੰਧੂਰ' ਵਿੱਚ ਅੱਤਵਾਦੀ ਕੈਂਪਾਂ ਨੂੰ ਤਬਾਹ ਕਰਕੇ ਪਾਕਿਸਤਾਨ ਦੀਆਂ ਭਾਰਤ ਵਿਰੋਧੀ ਕਾਰਵਾਈਆਂ ਨੂੰ ਖਤਮ ਕਰਨ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਜਿੱਥੇ ਭਾਰਤੀ ਫੌਜ ਨੇ ਪਾਕਿਸਤਾਨ ਵੱਲੋਂ ਚਲਾਏ ਜਾ ਰਹੇ ਅੱਤਵਾਦੀ ਕੇਂਦਰਾਂ ਨੂੰ ਤਬਾਹ ਕਰ ਦਿੱਤਾ ਹੈ, ਦੂਜੇ ਪਾਸੇ ਸਰਹੱਦ ਪਾਰ ਤੋਂ ਬੰਬਾਰੀ ਦੌਰਾਨ ਦੁਸਮਣ ਵੱਲੋਂ ਸਾਡੇ ਧਾਰਮਿਕ ਅਸਥਾਨਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬੀ ਬਹਾਦਰ ਹਨ ਜੋ ਦੇਸ਼ ਲਈ ਕੁਝ ਵੀ ਕਰ ਸਕਦੇ ਹਨ ਪਰ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਨੇ ਸੂਬੇ ਵਿਰੁੱਧ ਪੰਜਾਬ ਵਿਰੋਧੀ ਸਟੈਂਡ ਅਪਣਾਇਆ ਹੈ ਜੋ ਬਹੁਤ ਮੰਦਭਾਗੀ ਗੱਲ ਹੈ।

### ਬੀ.ਐਸ.ਐਫ. ਵੱਲੋਂ ਸਰਹੱਦ ਪਾਰ ਕਰਦਾ

ਜਵਾਨਾਂ ਨੇ ਸਰਹੱਦੀ ਪਿੱਲਰ ਨੰਬਰ 207/1 ਦੇ ਨੇੜੇ ਪਾਕਿਸਤਾਨੀ ਖੇਤਰ ਤੋਂ ਭਾਰਤੀ ਸੀਮਾ ਵਿਚ ਦਾਖ਼ਲ ਹੋਣ ਦੀ ਕੋਸ਼ਿਸ਼ ਕਰ ਰਹੇ ਇਕ ਘੁਸਪੈਠੀਏ ਨੂੰ ਦੇਖਿਆ। ਇਸ ਸਬੰਧੀ ਤੁਰੰਤ ਕਾਰਵਾਈ ਕਰਦੇ ਹੋਏ ਬੀਐਸਐਫ ਜਵਾਨਾਂ ਨੇ ਉਸ ਨੂੰ ਗੋਲੀ ਮਾਰ ਕੇ ਢੇਰ ਕਰ ਦਿੱਤਾ।ਮੌਕੇ 'ਤੇ ਪਹੁੰਚੀ ਪੁਲਿਸ ਨੇ ਘੁਸਪੈਠੀਏ ਦੀ ਲਾਸ਼ ਨੂੰ ਆਪਣੇ ਕਬਜ਼ੇ ਵਿਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਦੇ ਮੁਰਦਾਘਰ ਵਿਚ ਰਖਵਾ ਦਿੱਤਾ ਹੈ। ਪੁਲਿਸ ਇਸ ਸਬੰਧੀ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਭਾਰਤ ਅਤੇ ਪਾਕਿਸਤਾਨ ਦੇ ਵਿਚਕਾਰ ਤਣਾਅਪੂਰਨ ਸਥਿਤੀ ਦੇ ਮੱਦੇਨਜ਼ਰ ਸਰਹੱਦ 'ਤੇ ਸੁਰੱਖਿਆ ਪ੍ਰਬੰਧ ਹੋਰ ਵੀ ਸਖ਼ਤ ਕਰ ਦਿੱਤੇ ਗਏ ਹਨ। ਬੀਐੱਸਐੱਫ ਦੇ ਜਵਾਨ ਸਰਹੱਦ ਦੀ ਪੂਰੀ ਚੌਕਸੀ ਨਾਲ ਨਿਗਰਾਨੀ ਕਰ ਰਹੇ ਹਨ ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਵਾਪਰਨ ਤੋਂ ਰੋਕਿਆ ਜਾ ਸਕੇ।

### 'ਆਪ੍ਰੇਸ਼ਨ ਸਿੰਦੂਰ' ਦੌਰਾਨ ਕਰੀਬ 100 ਅੱਤਵਾਦੀ

ਜਾਰੀ ਰੱਖੋ ਅਤੇ ਅਸੀਂ ਦੇਸ਼ ਹਿੱਤ ਵਿੱਚ ਤੁਹਾਡੇ ਨਾਲ ਰਹਾਂਗੇ।"
ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਵੀ ਕਿਹਾ ਕਿ ਵਿਰੋਧੀ ਧਿਰ ਨੇ ਸਰਕਾਰ ਦਾ ਪੂਰਾ ਸਮਰਥਨ ਕੀਤਾ। ਗਾਂਧੀ ਨੇ ਸੰਸਦ ਭਵਨ ਕੰਪਲੈਕਸ ਵਿੱਚ ਮੀਟਿੰਗ ਤੋਂ ਬਾਅਦ ਕਿਹਾ, "ਅਸੀਂ ਆਪਣਾ ਪੂਰਾ ਸਮਰਥਨ ਦਿੱਤਾ। ਕੁਝ ਗੱਲਾਂ 'ਤੇ ਚਰਚਾ ਨਹੀਂ ਕੀਤੀ ਜਾ ਸਕਦੀ। ਸਾਰਿਆਂ ਨੇ ਸਰਕਾਰ ਦਾ ਸਮਰਥਨ ਕੀਤਾ।"
ਏਆਈਐੱਮਆਈਐੱਮ ਮੁਖੀ ਐੱਮਐੱਮ ਓਵਾਇਸੀ ਨੇ 'ਆਪ੍ਰੇਸ਼ਨ ਸਿੰਦੂਰ' ਲਈ ਹਥਿਆਰਬੰਦ ਫੌਜੀ ਬਲਾਂ ਅਤੇ ਸਰਕਾਰ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ, "ਮੈਂ ਇਹ ਵੀ ਸੁਝਾਅ ਦਿੱਤਾ ਕਿ ਸਾਨੂੰ ਦਿ ਰਜ਼ਿਸਟੈਂਸ ਫਰੰਟ (ਟੀਆਰਐਫ) ਵਿਰੁੱਧ ਇੱਕ ਵਿਸ਼ਵਵਿਆਪੀ ਮੁਹਿੰਮ ਚਲਾਉਣੀ ਚਾਹੀਦੀ ਹੈ। ਮੈਂ ਕਿਹਾ ਕਿ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਟੀਆਰਐਫ ਨੂੰ ਇੱਕ ਦਹਿਸ਼ਤੀ ਸੰਗਠਨ ਵਜੋਂ ਨਾਮਜ਼ਦ ਕਰਨ ਸਬੰਧੀ ਅਮਰੀਕਾ ਨੂੰ ਬੇਨਤੀ ਕਰੇ। ਸਾਨੂੰ ਪਾਕਿਸਤਾਨ ਨੂੰ ਵਿੱਤੀ ਐਕਸ਼ਨ ਟਾਸਕ ਫੋਰਸ ਦੀ ਗ੍ਰੇਅ ਲਿਸਟ ਵਿਚ ਸ਼ਾਮਲ ਕਰਵਾਉਣ ਲਈ ਵੀ ਯਤਨ ਕਰਨੇ ਚਾਹੀਦੇ ਹਨ।" ਮੀਟਿੰਗ ਦੀ ਪ੍ਰਧਾਨਗੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਥਾਂ ਮੁੜ ਰਾਜਨਾਥ ਸਿੰਘ ਨੇ ਕੀਤੀ। ਖੜਗੇ ਨੇ ਕਿਹਾ, "ਪ੍ਰਧਾਨ ਮੰਤਰੀ ਇੱਥੇ ਨਹੀਂ ਹਨ, ਉਨ੍ਹਾਂ ਨੂੰ ਸ਼ਾਇਦ ਲੱਗਦਾ ਹੈ ਕਿ ਉਹ ਸੰਸਦ ਤੋਂ ਉੱਪਰ ਹਨ। ਸਮਾਂ ਆਉਣ 'ਤੇ ਅਸੀਂ ਇਹ ਸਵਾਲ ਪੁੱਛਾਂਗੇ। ਸੰਕਟ ਦੇ ਇਸ ਸਮੇਂ ਅਸੀਂ ਕਿਸੇ ਦੀ ਆਲੋਚਨਾ ਨਹੀਂ ਕਰਨਾ ਚਾਹੁੰਦੇ।" ਸੱਤਾਧਾਰੀ ਤੇ ਵਿਰੋਧੀ ਧਿਰਾਂ ਦੇ ਆਗੂ ਦਰਮਿਆਨ ਪਿਛਲੇ ਪੰਦਰਵਾੜੇ ਵਿੱਚ ਇਹ ਦੂਜੀ ਮੀਟਿੰਗ ਸੀ। ਕੇਂਦਰੀ ਮੰਤਰੀ ਰਾਜਨਾਥ ਸਿੰਘ, ਅਮਿਤ ਸ਼ਾਹ, ਐੱਸ. ਜੈਸ਼ੰਕਰ, ਜੇਪੀ ਨੱਡਾ ਅਤੇ ਨਿਰਮਲਾ ਸੀਤਾਰਮਨ ਨੇ ਸਰਕਾਰ ਦੀ ਨੁਮਾਇੰਦਗੀ ਕੀਤੀ, ਜਦੋਂ ਕਿ ਕਾਂਗਰਸ ਤੋਂ ਰਾਹੁਲ ਗਾਂਧੀ ਅਤੇ ਮਲਿਕਾਰੁਜਨ ਖੜਗੇ, ਤ੍ਰਿਣਮੂਲ ਕਾਂਗਰਸ ਦੇ ਸੰਦੀਪ ਬੰਦੋਪਾਧਿਆਏ ਅਤੇ ਡੀਐਮਕੇ ਦੇ ਟੀਆਰ ਬਾਲੂ ਮੀਟਿੰਗ ਵਿੱਚ ਪ੍ਰਮੁੱਖ ਵਿਰੋਧੀ ਹਸਤੀਆਂ ਵਿੱਚੋਂ ਸਨ। ਮੀਟਿੰਗ ਦੀ ਪ੍ਰਧਾਨਗੀ ਰਾਜਨਾਥ ਸਿੰਘ ਨੇ ਕੀਤੀ।

### ਭਾਰਤ-ਪਾਕਿ ਦਰਮਿਆਨ

ਹਾਲਾਂਕਿ, ਦੁਪਹਿਰ ਦੇ ਸੈਸ਼ਨ ਵਿੱਚ ਬੈਰੋਮੀਟਰ ਨੇ ਰਫ਼ਤਾਰ ਗੁਆ ਲਈ ਕਿਉਂਕਿ ਐਫਐਮਸੀਜੀ, ਆਟੋ ਅਤੇ ਚੋਣਵੇਂ ਬੈਂਕਿੰਗ ਸ਼ੇਅਰਾਂ ਵਿੱਚ ਵਿਕਰੀ ਉਭਰ ਕੇ ਸਾਹਮਣੇ ਆਈ। ਇਹ ਪ੍ਰੀ-ਕਲੋਜ਼ ਸੈਸ਼ਨ ਵਿੱਚ 759.17 ਅੰਕ ਜਾਂ 0.94 ਫ਼ੀਸਦੀ ਡਿੱਗ ਕੇ 79,987.61 ਦੇ ਹੇਠਲੇ ਪੱਧਰ 'ਤੇ ਪਹੁੰਚ ਗਿਆ।
ਇਸੇ ਤਰ੍ਹਾਂ ਐਨਐਸਈ ਨਿਫਟੀ ਵੀ 140.60 ਅੰਕ ਜਾਂ 0.58 ਫ਼ੀਸਦੀ ਡਿੱਗ ਕੇ 24,273.80 'ਤੇ ਬੰਦ ਹੋਇਆ। ਦਿਨ ਦੌਰਾਨ ਇਹ 264.2 ਅੰਕ ਜਾਂ 1 ਫ਼ੀਸਦੀ ਡਿੱਗ ਕੇ 24,150.20 'ਤੇ ਆ ਗਿਆ।
ਗ਼ੌਰਤਲਬ ਹੈ ਕਿ ਭਾਰਤੀ ਹਥਿਆਰਬੰਦ ਫ਼ੌਜਾਂ ਨੇ ਬੀਤੀ ਰਾਤ ਉੱਤਰੀ ਅਤੇ ਪੱਛਮੀ ਭਾਰਤ ਵਿੱਚ ਕਈ ਫੌਜੀ ਟਿਕਾਣਿਆਂ 'ਤੇ ਡਰੋਨ ਅਤੇ ਮਿਜ਼ਾਈਲਾਂ ਦੀ ਵਰਤੋਂ ਕਰਕੇ ਪਾਕਿਸਤਾਨੀ ਫੌਜ ਵੱਲੋਂ ਕੀਤੇ ਗਏ ਹਮਲੇ ਨੂੰ ਨਾਕਾਮ ਕਰ ਦਿੱਤਾ ਅਤੇ ਲਾਹੌਰ ਵਿੱਚ ਇੱਕ ਪਾਕਿਸਤਾਨੀ ਹਵਾਈ ਰੱਖਿਆ ਪ੍ਰਣਾਲੀ ਨੂੰ ਤਬਾਹ ਕਰ ਦਿੱਤਾ। ਇਹ ਜਾਣਕਾਰੀ ਅੱਜ ਅਧਿਕਾਰੀਆਂ ਨੇ ਦਿੱਤੀ ਹੈ।

### ਭਾਰਤ 'ਤੇ ਕਿਸੇ ਵੀ ਫ਼ੌਜੀ ਹਮਲੇ ਦਾ

ਭਾਰਤ ਅਤੇ ਪਾਕਿਸਤਾਨ ਵਿਚਾਲੇ ਵਧਦੇ ਤਣਾਅ ਦੇ ਵਿਚਕਾਰ, ਈਰਾਨੀ ਵਿਦੇਸ਼ ਮੰਤਰੀ ਬੀਤੀ ਰਾਤ ਇੱਕ ਪੂਰਵ-ਨਿਰਧਾਰਤ ਦੌਰੇ 'ਤੇ ਨਵੀਂ ਦਿੱਲੀ ਪਹੁੰਚੇ।ਭਾਰਤੀ ਫ਼ੌਜ ਨੇ ਪਾਕਿਸਤਾਨ ਦੇ ਹਵਾਈ ਰੱਖਿਆ ਰਡਾਰਾਂ ਨੂੰ ਬਣਾਇਆ ਨਿਸ਼ਾਨਾ ਲਾਹੌਰ ਦੀ ਇੱਕ ਹਵਾਈ ਰੱਖਿਆ ਪ੍ਰਣਾਲੀ ਨੂੰ ਕੀਤਾ ਬੇਅਸਰ, ਰੱਖਿਆ ਮੰਤਰਾਲੇ ਨੇ ਦਿੱਤੀ ਜਾਣਕਾਰੀ

### ਉੱਤਰਕਾਸ਼ੀ 'ਚ ਹੈਲੀਕਾਪਟਰ ਨੂੰ

ਮੁਤਾਬਕ ਹੈਲੀਕਾਪਟਰ ਰਿਸ਼ੀਕੇਸ਼-ਗੰਗੋਤਰੀ ਨੈਸ਼ਨਲ ਹਾਈਵੇਅ 'ਤੇ ਸਵੇਰੇ ਪੌਣੇ ਨੌਂ ਵਜੇ ਦੇ ਕਰੀਬ ਹਾਦਸਾਗ੍ਰਸਤ ਹੋਇਆ। ਬੈੱਲ ਹੈਲੀਕਾਪਟਰ ਅਹਿਮਦਾਬਾਦ ਅਧਾਰਿਤ ਨਿੱਜੀ ਕੰਪਨੀ ਐਰੋਟਰਾਂਸ ਸਰਵਸਿਜ਼ ਪ੍ਰਾਈਵੇਟ ਲਿਮਟਿਡ ਦਾ ਸੀ। ਏਵੀਏਸ਼ਨ ਰੈਗੂਲੇਟਰ ਡੀਜੀਸੀਏ ਦੀ ਵੈੱਬਸਾਈਟ ਕੋਲ ਉਪਲਬਧ ਜਾਣਕਾਰੀ ਮੁਤਾਬਕ ਐਰੋਟਰਾਂਸ ਸਰਵਸਿਜ਼ ਕੋਲ ਦੋ ਬੈੱਲ ਹੈਲੀਕਾਪਟਰ ਤੇ ਇਕ ਸੈਸਨਾ ਏਅਰਕ੍ਰਾਫ਼ਟ ਹੈ।
ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਕਿਹਾ ਕਿ ਰਾਹਤ ਅਤੇ ਬਚਾਅ ਕਾਰਜਾਂ ਲਈ ਐਸ.ਡੀ.ਆਰ.ਐਫ. ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਮੌਕੇ 'ਤੇ ਪਹੁੰਚ ਗਈਆਂ ਹਨ। ਉਨ੍ਹਾਂ ਕਿਹਾ, "ਮੈਂ ਪ੍ਰਸ਼ਾਸਨ ਨੂੰ ਜ਼ਖ਼ਮੀਆਂ ਨੂੰ ਹਰ ਸੰਭਵ ਮਦਦ ਪ੍ਰਦਾਨ ਕਰਨ ਅਤੇ ਹਾਦਸੇ ਦੀ ਜਾਂਚ ਕਰਨ ਦੇ ਨਿਰਦੇਸ਼ ਦਿੱਤੇ ਹਨ

### 'ਆਪ੍ਰੇਸ਼ਨ ਸਿੰਦੂਰ' ਮਗਰੋਂ ਅਲਕਾਇਦਾ

'ਭਗਵਾ' ਸਰਕਾਰ ਨੇ ਪਾਕਿਸਤਾਨ ਵਿੱਚ ਛੇ ਥਾਵਾਂ 'ਤੇ ਬੰਬ ਧਮਾਕੇ ਕੀਤੇ, ਖਾਸ ਤੌਰ 'ਤੇ ਮਸਜਿਦਾਂ ਅਤੇ ਬਸਤੀਆਂ ਨੂੰ ਨਿਸ਼ਾਨਾ ਬਣਾਇਆ। ਇਨ੍ਹਾਂ ਬੰਬ ਧਮਾਕਿਆਂ ਵਿੱਚ ਕਥਿਤ ਕਈ ਮੁਸਲਮਾਨਾਂ ਦੀ ਸ਼ਹਾਦਤ ਅਤੇ ਜ਼ਖਮੀ ਹੋਣ ਦੀ ਖ਼ਬਰ ਹੈ ਬਿਨਾਂ ਸ਼ੱਕ, ਇਹ ਬੰਬ ਧਮਾਕਾ 'ਭਗਵਾ' ਨਿਜ਼ਾਮ ਵੱਲੋਂ ਕੀਤੇ ਗਏ ਅਪਰਾਧਾਂ ਦੀ ਲੰਮੀ ਸੂਚੀ ਵਿੱਚ ਇੱਕ ਹੋਰ ਕਾਲਾ ਅਧਿਆਇ ਜੋੜਦਾ ਹੈ।"
ਇਸ ਵਿਚ ਅੱਗੇ ਕਿਹਾ ਗਿਆ, "ਇਹ ਸਭ ਜਾਣਦੇ ਹਨ ਕਿ ਇਸਲਾਮ ਅਤੇ ਮੁਸਲਮਾਨਾਂ ਵਿਰੁੱਧ ਭਾਰਤ ਦੀ ਜੰਗ ਪਹਿਲਗਾਮ ਵਿੱਚ ਹਾਲ ਹੀ ਵਿੱਚ ਵਾਪਰੀ ਘਟਨਾ ਨਾਲ ਸ਼ੁਰੂ ਨਹੀਂ ਹੋਈ ਸੀ, ਇਹ ਹਮਲਾ ਦਹਾਕਿਆਂ ਤੋਂ ਜਾਰੀ ਹੈ। ਭਾਰਤ ਅਤੇ ਕਸ਼ਮੀਰ ਦੇ ਮੁਸਲਮਾਨਾਂ ਨੇ ਇਤਿਹਾਸ ਦੇ ਕੁਝ ਸਭ ਤੋਂ ਭੈੜੇ ਜ਼ੁਲਮ ਹੰਢਾਏ ਹਨ।"
ਬਿਆਨ ਵਿੱਚ ਇਹ ਵੀ ਕਿਹਾ ਗਿਆ ਹੈ, 'ਹਿੰਦੂਤਵ-ਸੰਚਾਲਿਤ 'ਭਗਵਾ' ਅਤਿਵਾਦੀ ਅਤੇ ਉਨ੍ਹਾਂ ਦੀ ਮੋਦੀ ਦੀ ਅਗਵਾਈ ਵਾਲੀ ਸਰਕਾਰ ਇਸ ਸਮੇਂ ਪੂਰੇ ਉਪ-ਮਹਾਂਦੀਪ ਵਿੱਚੋਂ ਇਸਲਾਮ ਅਤੇ ਮੁਸਲਮਾਨਾਂ ਨੂੰ ਖਤਮ ਕਰਨ ਲਈ ਇੱਕ ਫੌਜੀ, ਰਾਜਨੀਤਿਕ, ਸੱਭਿਆਚਾਰਕ, ਵਿਚਾਰਧਾਰਕ ਅਤੇ ਮੀਡੀਆ-ਅਧਾਰਿਤ ਯੁੱਧ ਲੜ ਰਹੀ ਹੈ।"

## ਪੰਜਾਬ ਸਰਕਾਰ ਵੱਲੋਂ ਕੰਟਰੋਲ ਰੂਮ ਸਥਾਪਤ

### ਆਫ਼ਤ ਪ੍ਰਬੰਧਨ ਕੰਟਰੋਲ ਰੂਮ ਵੱਲੋਂ ਫੋਨ ਨੰਬਰ 0172-2741803 ਤੇ 0172-2749901 ਜਾਰੀ

ਚੰਡੀਗੜ੍ਹ, , 8 ਮਈ (ਚ.ਨ.ਸ.) : ਦੇਸ਼ ਵਿੱਚ ਉੱਤੇ ਬਣੀ ਮੌਜੂਦਾ ਸਥਿਤੀ ਦੇ ਮੱਦੇਨਜ਼ਰ ਪੰਜਾਬ ਸਰਕਾਰ ਵੱਲੋਂ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ। ਸਰਕਾਰੀ ਬੁਲਾਰੇ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਵਿੱਤ ਕਮਿਸ਼ਨਰ ਮਾਲ ਦੇ ਆਫ਼ਤ ਪ੍ਰਬੰਧਨ ਕੰਟਰੋਲ ਰੂਮ ਵੱਲੋਂ ਲੋਕਾਂ ਦੀ ਸਹੂਲਤ ਲਈ ਫੋਨ ਨੰਬਰ 0172-2741803 ਤੇ 0172-2749901 ਜਾਰੀ ਕੀਤੇ ਗਏ ਹਨ। ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ ਉਕਤ ਨੰਬਰਾਂ ਉਤੇ ਸੰਪਰਕ ਕੀਤਾ ਜਾ ਸਕਦਾ ਹੈ।

# ਭਾਰਤੀ ਡਰੋਨ ਹਮਲੇ 'ਚ 4 ਜਵਾਨ ਜ਼ਖ਼ਮੀ ਹੋਏ: ਪਾਕਿਸਤਾਨ

ਇਸਲਾਮਾਬਾਦ, 8 ਮਈ (ਪ੍ਰਤੀਨਿਧੀ) : ਪਾਕਿਸਤਾਨੀ ਫੌਜ ਨੇ ਵੀਰਵਾਰ ਨੂੰ ਕਿਹਾ ਕਿ ਇਕ ਡਰੋਨ ਹਮਲੇ ਵਿਚ ਉਨ੍ਹਾਂ ਦੇ ਚਾਰ ਜਵਾਨ ਜ਼ਖਮੀ ਹੋਏ ਹਨ। ਇਸ ਦੇ ਨਾਲ ਹੀ ਪਾਕਿਸਤਾਨ ਨੇ ਦਾਅਵਾ ਕੀਤਾ ਹੈ ਕਿ ਹਥਿਆਰਬੰਦ ਬਲਾਂ ਨੇ ਭਾਰਤ ਵੱਲੋਂ ਲਾਂਚ ਕੀਤੇ ਗਏ ਕਈ ਯੂਏਵੀ ਨੂੰ ਗੋਲੀ ਮਾਰ ਦਿੱਤੀ ਗਈ। ਉਧਰ ਨਵੀਂ ਦਿੱਲੀ ਵਿਚ ਭਾਰਤੀ ਫੌਜੀ ਅਧਿਕਾਰੀਆਂ ਨੇ ਕਿਹਾ ਕਿ ਭਾਰਤੀ ਹਥਿਆਰਬੰਦ ਬਲਾਂ ਨੇ ਕੱਲ੍ਹ ਰਾਤ ਉੱਤਰੀ ਅਤੇ ਪੱਛਮੀ ਭਾਰਤ ਵਿੱਚ ਕਈ ਫੌਜੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਉਣ ਦੀਆਂ ਪਾਕਿਸਤਾਨੀ ਫੌਜ ਦੀਆਂ ਕੋਸ਼ਿਸ਼ਾਂ ਨੂੰ ਨਾਕਾਮ ਕਰ ਦਿੱਤਾ ਅਤੇ ਲਾਹੌਰ ਵਿਚ ਇਕ ਪਾਕਿਸਤਾਨੀ ਹਵਾਈ ਰੱਖਿਆ ਪ੍ਰਣਾਲੀ ਨੂੰ ਤਬਾਹ ਕਰ ਦਿੱਤਾ।ਇਸਲਾਮਾਬਾਦ ਵਿਚ ਪਾਕਿਸਤਾਨੀ ਫੌਜ ਦੇ ਬੁਲਾਰੇ ਲੈਫਟੀਨੈਂਟ ਜਨਰਲ ਅਹਿਮਦ ਸ਼ਰੀਫ ਚੌਧਰੀ ਨੇ ਕਿਹਾ ਕਿ ਇਕ ਡਰੋਨ ਲਾਹੌਰ ਦੇ ਨੇੜੇ ਕਰੈਸ਼ ਹੋਇਆ ਅਤੇ ਹਮਲੇ ਦੇ ਨਤੀਜੇ ਵਜੋਂ ਚਾਰ ਜਵਾਨ ਜ਼ਖਮੀ ਹੋ ਗਏ। ਚੌਧਰੀ ਨੇ ਦਾਅਵਾ ਕੀਤਾ ਕਿ ਲਾਹੌਰ, ਗੁਜਰਾਂਵਾਲਾ, ਚਕਵਾਲ, ਬਹਾਵਲਪੁਰ, ਮਿਆਨੋ, ਕਰਾਚੀ, ਛੋੜ, ਰਾਵਲਪਿੰਡੀ ਅਤੇ ਅਟਕ ਵਿਚ ਡਰੋਨਾਂ ਨੂੰ ਬੇਅਸਰ ਕਰ ਦਿੱਤਾ ਗਿਆ। ਪਾਕਿਸਤਾਨੀ ਫੌਜ ਨੇ ਇੱਕ ਬਿਆਨ ਵਿੱਚ ਦਾਅਵਾ ਕੀਤਾ, "ਹੁਣ ਤੱਕ ਪਾਕਿਸਤਾਨੀ ਫੌਜ ਦੇ ਸਾਫਟ ਕਿੱਲ (ਤਕਨੀਕੀ) ਅਤੇ ਹਾਰਡ ਕਿੱਲ (ਹਥਿਆਰਾਂ) ਵੱਲੋਂ 25 ਇਜ਼ਰਾਈਲੀ-ਬਣੇ ਹੀਰੋਪ ਡਰੋਨਾਂ ਨੂੰ ਗੋਲੀ ਮਾਰ ਦਿੱਤੀ ਗਈ ਹੈ।"



ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi
PRGI (RNI) Regd. No. 22972/1972

# ਵਿਦੇਸ਼-ਅਧਾਰਤ ਤਸਕਰ ਦੇ ਦੋ ਕਾਰਕੁਨ 10 ਕਿਲੋ ਹੈਰੋਇਨ ਅਤੇ ਇੱਕ ਲੱਖ ਰੁਪਏ ਦੀ ਡਰੱਗ ਮਨੀ ਸਮੇਤ ਗ੍ਰਿਫ਼ਤਾਰ

## ਗ੍ਰਿਫ਼ਤਾਰ ਮੁਲਜ਼ਮ ਨਸ਼ਿਆਂ ਅਤੇ ਹਥਿਆਰਾਂ ਦੀ ਤਸਕਰੀ ਵਿੱਚ ਸ਼ਾਮਲ ਸਨ : ਡੀਜੀਪੀ

ਅੰਮ੍ਰਿਤਸਰ, 8 ਮਈ, (ਬਬਲੂ ਮਹਾਜਨ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤੇ ਵਿੱਢੀ ਗਈ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਪੰਜਾਬ ਪੁਲਿਸ ਦੇ ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਨੇ ਵਿਦੇਸ਼-ਅਧਾਰਤ ਤਸਕਰ ਜੱਸਾ ਦੁਆਰਾ ਚਲਾਏ ਜਾ ਰਹੇ ਅੰਤਰਰਾਸ਼ਟਰੀ ਨਾਰਕੋ-ਤਸਕਰੀ ਮਾਡਿਊਲ ਦੇ ਭਾਰਤ-ਅਧਾਰਤ ਦੋ ਕਾਰਕੁਨਾਂ ਨੂੰ ਗ੍ਰਿਫ਼ਤਾਰ ਕਰਕੇ ਇਸ ਨੈਟਵਰਕ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਦਿੰਦਿਆਂ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੇ ਕਬਜ਼ੇ 'ਚੋਂ 10 ਕਿਲੋ ਹੈਰੋਇਨ ਅਤੇ 1 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ।




ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਮਜੀਠਾ ਰੋਡ ਸਥਿਤ ਇੰਦਰਾ ਕਲੋਨੀ ਦੇ ਰਹਿਣ ਵਾਲੇ ਗੁਰਪਿੰਦਰ ਸਿੰਘ ਅਤੇ ਅੰਮ੍ਰਿਤਸਰ ਦੇ ਚੱਕ ਮਿਸ਼ਰੀ ਖਾਨ ਦੇ ਰਹਿਣ ਵਾਲੇ ਸਾਜਨ ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਉਨ੍ਹਾਂ ਦਾ ਕਾਲਾ ਹੀਰੋ ਸਪਲੈਂਡਰ ਮੋਟਰਸਾਈਕਲ (ਪੀਬੀ-02-ਈਐਮ-2025), ਜਿਸਦੀ ਵਰਤੋਂ ਉਹ ਨਸ਼ਿਆਂ ਦੀ ਤਸਕਰੀ ਲਈ ਕਰ ਰਹੇ ਸਨ, ਵੀ ਜ਼ਬਤ ਕਰ ਲਿਆ ਹੈ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਵਿਦੇਸ਼-ਅਧਾਰਤ ਮੁਲਜ਼ਮ ਜੱਸਾ ਨਸ਼ਿਆਂ ਅਤੇ ਹਥਿਆਰਾਂ ਦਾ ਤਸਕਰ ਹੈ, ਜੋ ਪੁਲਿਸ ਨੂੰ ਥਾਣਾ ਐਸਐਸਓਸੀ ਅੰਮ੍ਰਿਤਸਰ ਵਿਖੇ ਦਰਜ ਐਨਡੀਪੀਐਸ ਐਕਟ ਅਤੇ ਅਸਲਾ ਐਕਟ ਤਹਿਤ ਕਈ ਕੇਸਾਂ ਵਿੱਚ ਲੋੜੀਂਦਾ ਹੈ।

ਜ਼ਿਕਰਯੋਗ ਹੈ ਕਿ ਸੀਆਈ ਅੰਮ੍ਰਿਤਸਰ ਵੱਲੋਂ ਪਿਛਲੇ ਦਸ ਦਿਨਾਂ ਵਿੱਚ ਬੇਨਕਾਬ ਕੀਤਾ ਗਿਆ ਹੈ ਤੀਜਾ ਮਡਿਊਲ ਹੈ, ਜਿਸਨੂੰ ਵਿਦੇਸ਼ ਅਧਾਰਤ ਤਸਕਰ ਜੱਸਾ ਦੁਆਰਾ ਚਲਾਇਆ ਜਾ ਰਿਹਾ ਸੀ। ਇਸ ਤੋਂ ਪਹਿਲਾਂ ਉਕਤ ਤਸਕਰ ਜੱਸਾ ਦੇ ਕਾਰਕੁਨ ਅਭਿਸ਼ੇਕ ਨੂੰ ਸੱਤ ਪਿਸਤੌਲਾਂ ਅਤੇ 1.5 ਲੱਖ ਰੁਪਏ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਇਸ ਤੋਂ ਕੁਝ ਦਿਨਾਂ ਬਾਅਦ ਪੁਲਿਸ ਟੀਮਾਂ ਨੇ ਜੱਸਾ ਦੇ ਫਰਾਰ ਸਾਥੀ ਜੋਧਬੀਰ ਸਿੰਘ ਉਰਫ ਜੋਧਾ ਦੇ ਟਿਕਾਣੇ ਤੋਂ 5 ਕਿਲੋ ਹੈਰੋਇਨ ਬਰਾਮਦ ਕੀਤੀ ਸੀ।

ਡੀਜੀਪੀ ਨੇ ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਪੁਲਿਸ ਨੂੰ ਪੁਖ਼ਤਾ ਜਾਣਕਾਰੀ ਮਿਲੀ ਸੀ ਕਿ ਮੁਲਜ਼ਮ ਗੁਰਪਿੰਦਰ ਅਤੇ ਸਾਜਨ ਅੰਮ੍ਰਿਤਸਰ ਦੇ ਐਸਕਾਰਟ ਹਸਪਤਾਲ ਨੇੜੇ ਬਾਈਪਾਸ ਵਾਲੇ ਇਲਾਕੇ ਵਿੱਚ ਕਿਸੇ ਹੋਰ ਧਿਰ ਨੂੰ ਹੈਰੋਇਨ ਦੀ ਵੱਡੀ ਖੇਪ ਪਹੁੰਚਾਉਣ ਜਾ ਰਹੇ ਹਨ, ਜਿਸ 'ਤੇ ਕਾਰਵਾਈ ਕਰਦਿਆਂ ਸੀਆਈ ਅੰਮ੍ਰਿਤਸਰ ਦੀਆਂ ਪੁਲਿਸ ਟੀਮਾਂ ਨੇ ਪ੍ਰਾਪਤ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਇਲਾਕੇ ਵਿੱਚ ਆਪ੍ਰੇਸ਼ਨ ਚਲਾਇਆ ਅਤੇ ਦੋਵਾਂ ਮੁਲਜ਼ਮਾਂ ਨੂੰ ਉਸ ਵੇਲੇ ਗ੍ਰਿਫ਼ਤਾਰ ਕਰ ਲਿਆ, ਜਦੋਂ ਉਹ ਆਪਣੇ ਮੋਟਰਸਾਈਕਲ ਤੇ ਖੇਪ ਦੀ ਡਲਿਵਰੀ ਕਰਨ ਜਾ ਰਹੇ ਸਨ। ਉਨ੍ਹਾਂ ਅੱਗੇ ਕਿਹਾ ਕਿ ਉਕਤ ਮੁਲਜ਼ਮਾਂ ਦੀ ਤਲਾਸ਼ੀ ਦੌਰਾਨ ਪੁਲਿਸ ਨੂੰ ਉਨ੍ਹਾਂ ਤੋਂ 10 ਕਿਲੋ ਹੈਰੋਇਨ ਅਤੇ 1 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਹੋਈ।

ਉਨ੍ਹਾਂ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਆਪਣੇ ਵਿਦੇਸ਼-ਅਧਾਰਤ ਸੰਚਾਲਕ ਜੱਸਾ ਦੇ ਨਿਰਦੇਸ਼ਾਂ 'ਤੇ ਨਸ਼ਿਆਂ ਦੀ ਖੇਪ ਪਹੁੰਚਾਉਣ ਜਾ ਰਹੇ ਸਨ।

ਉਨ੍ਹਾਂ ਕਿਹਾ ਕਿ ਇਸ ਕੇਸ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਹੈ।

ਇਸ ਸਬੰਧੀ ਥਾਣਾ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ), ਅੰਮ੍ਰਿਤਸਰ ਵਿਖੇ ਐਨਡੀਪੀਐਸ ਕਾਨੂੰਨ ਦੀਆਂ ਧਾਰਾਵਾਂ 21, 25, 27-ਏ ਅਤੇ 29 ਤਹਿਤ ਐਫਆਈਆਰ ਨੰਬਰ 30 ਮਿਤੀ 08.05.2025 ਦਰਜ ਕੀਤੀ ਗਈ ਹੈ।

# ਪੰਜਾਬ ਦੇ ਲੋਕਾਂ ਅਤੇ ਪੰਜਾਬ ਦੀਆਂ ਫਸਲਾਂ ਨੂੰ ਪਿਆਸਾ ਮਾਰ ਕੇ ਹਰਿਆਣਾ ਨੂੰ ਪਾਣੀ ਨਹੀਂ ਦਿੱਤਾ ਜਾ ਸਕਦਾ : ਅਮਨ ਅਰੋੜਾ

ਫ਼ਤਹਿਗੜ੍ਹ ਸਾਹਿਬ, 8 ਮਈ, (ਨਰਿੰਦਰ ਸਿੰਘ) : ਪੰਜਾਬ ਦੇ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਸ਼੍ਰੀ ਅਮਨ ਅਰੋੜਾ ਨੇ ਅੱਜ ਮੰਡੀ ਗੋਬਿੰਦਗੜ੍ਹ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਕੋਲ ਹਰਿਆਣਾ ਨੂੰ ਦੇਣ ਲਈ ਵਾਧੂ ਪਾਣੀ ਨਹੀਂ ਹੈ। ਸ਼੍ਰੀ ਅਰੋੜਾ, ਅੱਜ ਮੰਡੀ ਗੋਬਿੰਦਗੜ੍ਹ ਦੇ ਗੋਲਡਨ ਹਾਈਟ ਹੋਟਲ ਵਿਖੇ ਉੱਘੇ ਸਮਾਜ ਸੇਵੀ ਸੰਚਿਤ ਸਿੰਗਲਾ ਅਤੇ 100 ਪਰਿਵਾਰਾਂ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਵਾਉਣ ਲਈ ਪਹੁੰਚੇ ਹੋਏ ਸਨ। ਇਸ ਮੌਕੇ ਵਿਧਾਇਕ ਅਮਲੋਹ ਗੁਰਿੰਦਰ ਸਿੰਘ ਗੈਰੀ ਬੜਿੰਗ ਤੇ ਹੋਰਨਾਂ ਸ਼ਖਸ਼ੀਅਤਾਂ ਨੇ ਉਹਨਾਂ ਦਾ ਸਵਾਗਤ ਕੀਤਾ।



ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਪਹਿਲਾਂ ਹੀ ਇਹ ਸਪਸ਼ਟ ਕਰ ਚੁੱਕੇ ਹਨ ਕਿ ਪੰਜਾਬ ਕੋਲ ਵਾਧੂ ਪਾਣੀ ਨਹੀਂ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਨੂੰ ਮਾਨਵਤਾ ਦੇ ਆਧਾਰ ਤੇ ਪੀਣ ਲਈ ਲੋੜੀਂਦਾ ਪਾਣੀ ਦਿੱਤਾ ਜਾ ਰਿਹਾ ਹੈ ਫਿਰ ਹਰਿਆਣਾ ਨੂੰ ਹੋਰ ਪਾਣੀ ਕਿਸ ਲਈ ਚਾਹੀਦਾ ਹੈ।

ਭਾਰਤ-ਪਾਕਿ ਵਿਚਾਲੇ ਬਣੀ ਸੰਭਾਵੀ ਜੰਗ ਦੀ ਸਥਿਤੀ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਇਸ ਸਬੰਧੀ ਪੰਜਾਬ ਸਰਕਾਰ ਦਾ ਰੁਖ ਬਹੁਤ ਸਪਸ਼ਟ ਹੈ। ਉਨ੍ਹਾਂ ਕਿਹਾ ਕਿ ਜੇਕਰ ਦੇਸ਼ ਦੀ ਆਨ, ਬਾਨ ਤੇ ਸ਼ਾਨ ਨੂੰ ਕੋਈ ਖਤਰਾ ਹੋਵੇਗਾ ਤਾਂ ਤਿੰਨ ਕਰੋੜ ਪੰਜਾਬੀ ਤੇ ਪੰਜਾਬ ਸਰਕਾਰ, ਹਿੱਕ ਡਾਹ ਕੇ ਇਸ ਦਾ ਮੁਕਾਬਲਾ ਕਰੇਗੀ। ਉਨ੍ਹਾਂ ਕਿਹਾ ਕਿ ਪੰਜਾਬ ਨੇ ਪਹਿਲਾਂ ਵੀ ਦੇਸ਼ ਦੀ ਸੁਰੱਖਿਆ ਲਈ ਹਮੇਸ਼ਾਂ ਮੋਹਰੀ ਹੋ ਕੇ ਲੜਾਈਆਂ ਲੜੀਆਂ ਹਨ ਅਤੇ ਹੁਣ ਵੀ ਜੇਕਰ ਲੋੜ ਪਈ ਤਾਂ ਪੰਜਾਬ ਦੇ ਲੋਕ ਪਿੱਛੇ ਨਹੀਂ ਹਟਣਗੇ।

ਕੈਬਨਿਟ ਮੰਤਰੀ ਨੇ ਪੱਤਰਕਾਰਾਂ ਵੱਲੋਂ ਉਦਯੋਗਿਕ ਵਿਕਾਸ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਉਦਯੋਗਿਕ ਵਿਕਾਸ ਸੂਬੇ ਦੀ ਜਿੰਦ ਜਾਨ ਹੈ ਤੇ ਰਾਜ ਸਰਕਾਰ ਪਹਿਲਾਂ ਹੀ ਸਪਸ਼ਟ ਕਰ ਚੁੱਕੀ ਹੈ ਕਿ ਉਦਯੋਗਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਉਦਯੋਗਿਕ ਵਿਕਾਸ ਨੂੰ ਮੁੱਖ ਰੱਖਦਿਆਂ ਪੰਜਾਬ ਸਰਕਾਰ ਨੇ ਇਸ ਸਾਲ ਦੇ ਬਜਟ ਵਿੱਚ ਉਦਯੋਗਾਂ ਲਈ 3400 ਕਰੋੜ ਰੁਪਏ ਦਾ ਪ੍ਰੋਤਸਾਹਨ ਦੇਣ ਦਾ ਪ੍ਰਬੰਧ ਕੀਤਾ ਹੈ ਅਤੇ ਹੁਣ ਉਦਯੋਗਾਂ ਨੂੰ 250 ਕਰੋੜ ਰੁਪਏ ਦੀ ਹੋਰ ਸਹਾਇਤਾ ਦਿੱਤੀ ਜਾਵੇਗੀ।

ਵਿਧਾਇਕ ਗੈਰੀ ਬੜਿੰਗ ਦੇ ਯਤਨਾਂ ਸਦਕਾ ਸਮਾਜ ਸੇਵੀ ਸੰਚਿਤ ਸਿੰਗਲਾ ਸਮੇਤ 100 ਪਰਿਵਾਰਾਂ ਦਾ ਪਾਰਟੀ ਵਿੱਚ ਸ਼ਾਮਲ ਹੋਣ ਤੇ ਗਰਮਜੋਸ਼ੀ ਨਾਲ ਸਵਾਗਤ ਕਰਦਿਆਂ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਸੂਬੇ ਦੇ ਵੱਡੀ ਗਿਣਤੀ ਲੋਕ ਪਾਰਟੀ ਦੀਆਂ ਨੀਤੀਆਂ ਤੋਂ ਖੁਸ ਹੋ ਕੇ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ ਅਤੇ ਸੰਚਿਤ ਸਿੰਗਲਾ ਜਮੀਨ ਨਾਲ ਜੁੜੇ ਆਗੂ ਹਨ ਜਿਨ੍ਹਾਂ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਪਾਰਟੀ ਹੋਰ ਮਜਬੂਤ ਹੋਵੇਗੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਹਮੇਸ਼ਾਂ ਹੀ ਮਿਹਨਤੀ ਤੇ ਇਮਾਨਦਾਰ ਲੋਕਾਂ ਨੂੰ ਬਣਦਾ ਮਾਣ ਸਨਮਾਨ ਦਿੱਤਾ ਹੈ।

ਇਸ ਮੌਕੇ ਅਮਲੋਹ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਕਿਹਾ ਕਿ ਸੰਚਿਤ ਸਿੰਗਲਾ ਇੱਕ ਮਿਹਨਤੀ ਤੇ ਇਮਾਨਦਾਰ ਸਮਾਜ ਸੇਵੀ ਹਨ ਜੋ ਕਿ ਲੋੜਵੰਦਾਂ ਦੀ ਸੇਵਾ ਲਈ ਹਮੇਸ਼ਾਂ ਤਤਪਰ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਵਿਅਕਤੀਆਂ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਜਿਥੇ ਪਾਰਟੀ ਨੂੰ ਜ਼ਮੀਨੀ ਪੱਧਰ ਤੇ ਮਜਬੂਤੀ ਮਿਲੇਗੀ ਉਥੇ ਹੀ ਪਾਰਟੀ ਤੇ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਵਿੱਚ ਵੀ ਸੌਖ ਹੋਵੇਗੀ।

ਇਸ ਮੌਕੇ ਪ੍ਰਧਾਨ ਨਗਰ ਕੌਂਸਲ ਹਰਪ੍ਰੀਤ ਸਿੰਘ ਪ੍ਰਿੰਸ, ਮਾਰਕਿਟ ਕਮੇਟੀ ਸਰਹਿੰਦ ਦੇ ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋਂ, ਮਾਰਕਿਟ ਕਮੇਟੀ ਅਮਲੋਹ ਦੇ ਚੇਅਰਪਰਸਨ ਸੁਖਵਿੰਦਰ ਕੌਰ ਗਹਿਲੋਤ, ਮਾਰਕੀਟ ਕਮੇਟੀ ਮੰਡੀ ਗੋਬਿੰਦਗੜ੍ਹ ਦੇ ਚੇਅਰਮੈਨ ਜਗਦੀਪ ਸਿੰਘ ਚੱਠਾ, ਨਗਰ ਕੌਂਸਲ ਅਮਲੋਹ ਦੇ ਪ੍ਰਧਾਨ ਸਿਕੰਦਰ ਸਿੰਘ ਗੋਗੀ, ਓਂਕਾਰ ਸਿੰਘ ਚੌਹਾਨ, ਸ਼ਿੰਗਾਰਾ ਸਿੰਘ ਸਲਾਣਾ, ਟਕਸਾਲੀ ਆਗੂ ਗੁਲਸ਼ਨ ਛਾਬੜਾ, ਅਤੁੱਲ ਲੁਟਾਵਾ, ਮੋਹਿਤ ਮਿੱਤਲ, ਦੀਪਕ ਖੁੱਲਰ,ਰਾਜੀਵ ਗਰਗ, ਪੰਕਜ ਕੁਮਾਰ, ਦਿਵਿਆਂਸ਼ੂ ਗਰਗ, ਦੀਪਕ ਧਾਰੀਵਾਲ ਤੇ ਸੁਮਿਤ ਗਰਗ ਸਮੇਤ ਵੱਡੀ ਗਿਣਤੀ ਵਿੱਚ ਹੋਰ ਵਰਕਰ, ਆਗੂ ਅਤੇ ਪਤਵੰਤੇ ਹਾਜ਼ਰ ਸਨ।

# ਬੇਨਿਯਮੀਆਂ ਅਤੇ ਲਾਪਰਵਾਹੀ ਲਈ ਪੀ.ਐਸ.ਪੀ.ਸੀ.ਐਲ. ਦੇ ਤਿੰਨ ਕਰਮਚਾਰੀ ਮੁਅੱਤਲ : ਈ.ਟੀ.ਓ.

ਚੰਡੀਗੜ੍ਹ, 8 ਮਈ, (ਚ.ਨ.ਸ.) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਲਾਪਰਵਾਹੀ ਅਤੇ ਬੇਨਿਯਮੀਆਂ ਵਿਰੁੱਧ ਜ਼ੀਰੋ-ਟੌਲਰੈਂਸ ਨੀਤੀ ਦੇ ਅਨੁਸਾਰ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀਐਸਪੀਸੀਐਲ) ਨੇ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਬਣਾਈ ਰੱਖਣ ਲਈ ਇੱਕ ਮਹੱਤਵਪੂਰਨ ਕਦਮ ਚੁੱਕਿਆ ਹੈ, ਜਿਸ ਵਿੱਚ ਆਪਣੇ ਤਿੰਨ ਕਰਮਚਾਰੀਆਂ ਨੂੰ ਲਾਪਰਵਾਹੀ ਅਤੇ ਬੇਨਿਯਮੀਆਂ ਵਿੱਚ ਕਥਿਤ ਸ਼ਮੂਲੀਅਤ ਲਈ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਗਿਆ ਹੈ।

ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਾਰਵਾਈ ਦੀ ਪੁਸ਼ਟੀ ਕਰਦੇ ਹੋਏ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਸਬੰਧਤ ਕਰਮਚਾਰੀਆਂ ਨੇ ਸਥਾਪਿਤ ਨਿਯਮਾਂ ਅਤੇ ਪ੍ਰਕਿਰਿਆਵਾਂ ਦੀ ਉਲੰਘਣਾ ਕਰਕੇ ਟਿਊਬਵੈੱਲ ਕੁਨੈਕਸ਼ਨ ਜਾਰੀ ਕੀਤੇ ਸਨ। ਮੁਅੱਤਲ ਕੀਤੇ ਗਏ ਕਰਮਚਾਰੀਆਂ ਵਿੱਚ ਪੀਐਸਪੀਸੀਐਲ ਭਿੰਡਰ ਕਲਾਂ ਦੇ ਡਿਸਟ੍ਰੀਬਿਊਸ਼ਨ ਸਬ ਡਿਵੀਜ਼ਨ ਦੇ ਜੂਨੀਅਰ ਇੰਜੀਨੀਅਰ ਰੋਹਿਤ ਸ਼ਰਮਾ; ਪੀਐਸਪੀਸੀਐਲ ਧਰਮਕੋਟ ਦੇ ਡਿਸਟ੍ਰੀਬਿਊਸ਼ਨ ਸਬ ਡਿਵੀਜ਼ਨ ਦੇ ਸਹਾਇਕ ਲਾਈਨਮੈਨ ਗੁਰਿੰਦਰਜੀਤ ਸਿੰਘ; ਅਤੇ ਉਸੇ ਸਬ-ਡਿਵੀਜ਼ਨ ਦੇ ਮਾਲ ਸਹਾਇਕ ਕੇਸਵ ਕੁਮਾਰ ਸ਼ਾਮਲ ਹਨ।

ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਅਜਿਹੀਆਂ ਗਲਤੀਆਂ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਪੀਐਸਪੀਸੀਐਲ ਦੇ ਕੰਮਕਾਜ ਵਿੱਚ ਕੋਈ ਵੀ ਬੇਨਿਯਮੀਆਂ ਜਾਂ ਲਾਪਰਵਾਹੀ ਸਵੀਕਾਰ ਨਹੀਂ ਕੀਤੀ ਜਾਵੇਗੀ। ਦੁਰਵਿਵਹਾਰ ਜਾਂ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਕਿਸੇ ਵੀ ਕਰਮਚਾਰੀ ਨੂੰ ਸਖ਼ਤ ਕਾਰਵਾਈ ਦਾ ਸਾਹਮਣਾ ਕਰਨਾ ਪਵੇਗਾ, ਉਨ੍ਹਾਂ ਜ਼ੋਰ ਦੇ ਕੇ ਕਿਹਾ।

ਉਨ੍ਹਾਂ ਅੱਗੇ ਕਿਹਾ ਕਿ ਬੇਨਿਯਮੀਆਂ ਦੀ ਪੂਰੀ ਜਾਂਚ ਕਰਨ ਲਈ ਅਤੇ ਇਸ ਮਾਮਲੇ ਵਿੱਚ ਕਿਸੇ ਹੋਰ ਅਧਿਕਾਰੀ ਦੀ ਸ਼ਮੂਲੀਅਤ ਦਾ ਪਤਾ ਲਗਾਉਣ ਲਈ ਇਸ ਸਮੇਂ ਇੱਕ ਵਿਸਤ੍ਰਿਤ ਜਾਂਚ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਜਨਤਕ ਸੇਵਾਵਾਂ ਪਾਰਦਰਸ਼ੀ ਰਹਿਣ ਅਤੇ ਖਪਤਕਾਰਾਂ ਦੇ ਹਿੱਤਾਂ ਦੀ ਰਾਖੀ ਕੀਤੀ ਜਾਵੇ।

# ਵਿਦੇਸ਼ੀ ਗੈਂਗਸਟਰ ਸੋਨੂੰ ਖੱਤਰੀ ਦਾ ਮੁੱਖ ਸਾਥੀ ਖਰੜ ਤੋਂ ਗ੍ਰਿਫ਼ਤਾਰ, ਤਿੰਨ ਪਿਸਤੌਲ ਬਰਾਮਦ

ਚੰਡੀਗੜ੍ਹ, 8 ਮਈ, (ਚ.ਨ.ਸ.) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਤੇ, ਸੰਗਠਿਤ ਅਪਰਾਧ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਤਹਿਤ,ਐਂਟੀ ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਨੇ ਐਸ.ਏ.ਐਸ.ਨਗਰ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਵਿੱਚ, ਵਿਦੇਸ਼ੀ ਗੈਂਗਸਟਰ ਰਾਜੇਸ਼ ਕੁਮਾਰ ਉਰਫ਼ ਸੋਨੂੰ ਖੱਤਰੀ ਦੇ ਮੁੱਖ ਸਾਥੀ ਹਰਜਿੰਦਰ ਸਿੰਘ ਨੂੰ ਖਰੜ ਬੱਸ ਸਟੈਂਡ ਤੋਂ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਵੀਰਵਾਰ ਨੂੰ ਇੱਥੇ ਦਿੱਤੀ।



ਪੁਲਿਸ ਟੀਮਾਂ ਨੇ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੇ ਕਬਜ਼ੇ ਵਿੱਚੋਂ ਤਿੰਨ ਪਿਸਤੌਲਾਂ— ਜਿਨ੍ਹਾਂ ਵਿੱਚ ਦੋ .32 ਬੋਰ ਅਤੇ ਇੱਕ .30 ਬੋਰ ਸਮੇਤ 14 ਕਾਰਤੂਸ ਬਰਾਮਦ ਕੀਤੇ ਹਨ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁਲਜ਼ਮ ਖਰੜ ਦੇ ਫਿਊਚਰ ਹਾਈਟਸ ਵਿਖੇ ਵਿਰੋਧੀ ਗੈਂਗ ਦੇ ਮੈਂਬਰਾਂ ਤੇ ਹਥਿਆਰਬੰਦ ਹਮਲੇ ਦੇ ਮਾਮਲੇ ਵਿੱਚ ਲੋੜੀਂਦਾ ਸੀ।

ਉਹਨਾਂ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਹਰਜਿੰਦਰ ਸਿੰਘ ਆਪਣੇ ਵਿਦੇਸ਼ ਵਿੱਚ ਰਹਿੰਦੇ ਹੈਂਡਲਰ ਸੋਨੂੰ ਖੱਤਰੀ ਤੋਂ ਸਿੱਧੇ ਤੌਰ ਤੇ ਨਿਰਦੇਸ਼ ਪ੍ਰਾਪਤ ਕਰ ਰਿਹਾ ਸੀ ਅਤੇ ਸੂਬੇ ਵਿੱਚ ਹਾਈ-ਪਰੋਫਾਈਲ ਅਪਰਾਧ ਨੂੰ ਅੰਜਾਮ ਦੇਣ ਦੀ ਸਾਜਿਸ਼ ਰਚ ਰਿਹਾ ਸੀ।

ਡੀਜੀਪੀ ਨੇ ਕਿਹਾ ਕਿ ਹਰਜਿੰਦਰ ਸਿੰਘ ਦੀ ਗ੍ਰਿਫਤਾਰੀ ਸਰਹੱਦ ਪਾਰਲੇ ਸਬੰਧਾਂ ਨਾਲ ਚਲਾਏ ਜਾ ਰਹੇ ਗੈਂਗਸਟਰ ਨੈੱਟਵਰਕਾਂ ਵਿਰੁੱਧ ਸਾਡੀ ਨਿਰੰਤਰ ਤੇ ਮੁਸਤੈਦ ਕਾਰਵਾਈ ਦਾ ਅਹਿਮ ਕਦਮ ਹੈ। ਉਹਨਾਂ ਇਹ ਵੀ ਕਿਹਾ ਕਿ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਅਤੇ ਅਗਲੇਰੇ ਪਿਛਲੇਰੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ।

ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦੇ ਹੋਏ, ਏਜੀਟੀਐਫ ਦੇ ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ ਖਰੜ ਬੱਸ ਸਟੈਂਡ ਤੋਂ ਗ੍ਰਿਫ਼ਤਾਰ ਕਰਨ ਵਿੱਚ ਕਾਮਯਾਬ ਰਹੇ।

ਇਸ ਸਬੰਧੀ ਬੀਐਨਐਸ ਦੀ ਧਾਰਾ 125, 194, 194(2), 296, 193(3) ਅਤੇ 190 ਅਤੇ ਅਸਲਾ ਐਕਟ ਦੀ ਧਾਰਾ 25 ਅਤੇ 27 ਤਹਿਤ ਐਫਆਈਆਰ ਨੰਬਰ 68 ਮਿਤੀ 24/02/2025 ਅਧੀਨ ਕੇਸ ਪਹਿਲਾਂ ਹੀ ਐਸਏਐਸ ਨਗਰ ਦੇ ਪੁਲਿਸ ਸਟੇਸ਼ਨ ਸਿਟੀ ਖਰੜ ਵਿਖੇ ਦਰਜ ਕੀਤਾ ਗਿਆ ਹੈ।

# ਕੇਂਦਰ ਸਰਕਾਰ ਕਸ਼ਮੀਰ ਅਤੇ ਵੱਖ ਵੱਖ ਸੂਬਿਆ ਵਿੱਚ ਵੱਸ ਰਹੇ ਸਿੱਖਾਂ ਦੀ ਸੁਰੱਖਿਆ ਯਕੀਨੀ ਬਣਾਵੇ : ਜਥੇਦਾਰ ਸੁਖਜੀਤ ਸਿੰਘ ਬਘੌਰਾ

ਘਨੌਰ, 8 ਮਈ, (ਚ.ਨ.ਸ.) : ਹਰ ਖੇਤਰ ਵਿੱਚ ਜਿਥੇ ਵੀ ਕੋਈ ਆਫ਼ਤ ਆਉਂਦੀ ਹੈ ਤਾਂ ਸਿੱਖ ਕੌਮ ਭਾਵੇਂ ਕਿਸੇ ਵੀ ਕੋਨੇ ਵਿੱਚ ਵਸਦੇ ਹੋਣ ਉਹਨਾਂ ਦੀ ਪਹਿਲ ਕਦਮੀ ਹਮੇਸ਼ਾ ਹੀ ਸੇਵਾ ਦੇ ਰੂਪ ਵਿੱਚ ਅੱਗੇ ਆਉਂਦੀ ਹੈ ਪਿਛਲੇ ਦਿਨਾਂ ਤੋਂ ਜੋ ਭਾਰਤ ਪਾਕਿਸਤਾਨ ਦਾ ਮਹੌਲ ਬਣਿਆ ਹੋਇਆ ਹੈ ਇਸ ਲਈ ਸਿਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਵਲੋਂ ਆਪਣੀ ਗੁਰੂ ਘਰਾਂ ਦੀਆਂ ਸਰਾਂਵਾਂ ਅਤੇ ਲੰਗਰ ਦੇ ਪੁਖਤਾ ਪ੍ਰਬੰਧ ਕਰਨ ਵਿੱਚ ਪਹਿਲ ਕਦਮੀ ਕੀਤੀ ਹੈ ਇਹ ਵਿਚਾਰ ਜਥੇਦਾਰ ਸੁਖਜੀਤ ਸਿੰਘ ਬਘੌਰਾ ਪ੍ਰਚਾਰ ਸਕੱਤਰ ਭਾਰਤੀ ਕਿਸਾਨ ਓਥਾਨ ਮਜ਼ਦੂਰ ਯੂਨੀਅਨ ਪੰਜਾਬ ਨੇ ਕਹੇ ਇਸ ਮੌਕੇ ਉਹਨਾਂ ਦੇ ਨਾਲ ਸੁਖਵੰਤ ਸਿੰਘ ਭੁੱਲਰ ਹਰਬੰਸ ਸਿੰਘ ਦਦਹੇੜਾ ਰਣਜੀਤ ਸਿੰਘ ਰਾਣਾ ਅਜੀਤਪਾਲ ਸਿੰਘ ਨਾਨਕ ਮਤਾ ਸਾਹਿਬ ਵੀ ਨਾਲ ਸਨ ਜਥੇਦਾਰ ਸੁਖਜੀਤ ਸਿੰਘ ਬਘੌਰਾ ਨੇ ਕਿਹਾ ਜਦੋਂ ਤੋਂ ਲੜਾਈ ਦਾ ਕਾਰਨ ਬਣਦਾ ਹੈ ਤਾਂ ਪੰਜਾਬ ਵਾਲੇ ਪਾਸੇ ਤੋਂ ਬਣਦਾ ਹੈ ਅਤੇ ਜੋ ਵਪਾਰ ਕੰਮ ਹਨ ਉਹ ਜੰਮੂ ਕਸ਼ਮੀਰ ਅਤੇ ਹੋਰ ਸੂਬਿਆਂ ਦੇ ਰਾਹੀਂ ਹੀ ਹੁੰਦਾ ਹੈ ਇਹ ਪੰਜਾਬ ਨਾਲ਼ ਵਿਤਕਰੇ ਤੋਂ ਇਲਾਵਾ ਕੋਈ ਗੱਲ ਝੂਠ ਨਹੀਂ ਹੋ ਸਕਦੀ ਜਥੇਦਾਰ ਸੁਖਜੀਤ ਸਿੰਘ ਬਘੌਰਾ ਨੇ ਕਿਹਾ ਪਿਛਲੇ ਸਮੇਂ ਦੌਰਾਨ ਜਦੋਂ ਕਰੋਨਾ ਕਾਲ ਆਇਆ ਸੀ ਉਸ ਵਿੱਚ ਪੰਜਾਬ ਦੇ ਜਝਾਰੂ ਸਿੰਘ ਨੇ ਪਿੰਡ ਪਿੰਡ ਜਾਂ ਕੇ ਸੇਵਾ ਕਰਨ ਵਿੱਚ ਪਹਿਲ ਕਦਮੀ ਕਰਕੇ ਪੰਜਾਬ ਦਾ ਸਿਰ ਉੱਚਾ ਕਰਕੇ ਵਖਾਇਆ ਅਤੇ ਜਦੋਂ ਕਿ ਇਸ ਵਕਤ ਦੇਸ਼ ਦੇ ਪ੍ਰਧਾਨ ਮੰਤਰੀ ਦੇ ਸੂਬੇ ਵਿੱਚ ਜਿੱਥੇ ਕਿਤੇ ਪੰਜਾਬ ਤੋਂ ਬਾਹਰ ਕੋਈ ਵੀ ਪੰਜਾਬ ਤੋਂ ਭਾਵੇਂ ਕੋਈ ਟੱਰਕ ਡਰਾਈਵਰ ਸਨ ਉਨ੍ਹਾਂ ਨੂੰ ਪੀਣ ਲਈ ਪਾਣੀ ਵੀ ਨਸੀਬ ਨਹੀਂ ਹੋਇਆ ਅਖੀਰ ਵਿੱਚ ਜਥੇਦਾਰ ਸੁਖਜੀਤ ਸਿੰਘ ਬਘੌਰਾ ਨੇ ਕਿਹਾ ਦੋਹਾਂ ਦੇਸ਼ਾਂ ਦਰਮਿਆਨ ਕਿਸੇ ਤਰ੍ਹਾਂ ਦੀ ਸਥਿਤੀ ਪੈਦਾ ਨਹੀਂ ਹੋਣੀ ਚਾਹੀਦੀ ਹੈ ਜਿਸ ਨਾਲ ਪੰਜਾਬ ਦਾ ਨੁਕਸਾਨ ਹੋਵੇ ਅਤੇ ਦੇਸ਼ ਦੇ ਪ੍ਰਧਾਨ ਮੰਤਰੀ ਭਾਰਤ ਦਾ ਫਰਜ਼ ਬਣਦਾ ਹੈ ਉਹ ਕਿਸੇ ਵੀ ਖੇਤਰ ਵਿੱਚ ਸਿੱਖ ਹੋਣ ਉਹਨਾਂ ਦੀ ਰਖਿਆ ਨੂੰ ਯਕੀਨੀ ਬਣਾਇਆ ਜਾਵੇ।

# ਪਟਿਆਲਾ ਸੜਕ ਹਾਦਸਾ : ਪੰਜਾਬ ਰਾਜ ਬਾਲ ਅਧਿਕਾਰ ਰੱਖਿਆ ਕਮਿਸ਼ਨ ਵੱਲੋਂ ਡਿਪਟੀ ਕਮਿਸ਼ਨਰ ਅਤੇ ਐਸ.ਐਸ.ਪੀ. ਤੋਂ ਰਿਪੋਰਟ ਤਲਬ

ਚੰਡੀਗੜ੍ਹ, 8 ਮਈ, (ਚ.ਨ.ਸ.) : ਪੰਜਾਬ ਰਾਜ ਬਾਲ ਅਧਿਕਾਰ ਕਮਿਸ਼ਨ ਵਲੋਂ ਪਟਿਆਲਾ ਵਿਖੇ ਵਾਪਰੇ ਸੜਕ ਹਾਦਸਾ ਮਾਮਲੇ ਵਿਚ ਡਿਪਟੀ ਕਮਿਸ਼ਨਰ ਪਟਿਆਲਾ ਅਤੇ ਐਸ.ਐਸ.ਪੀ. ਤੋਂ ਰਿਪੋਰਟ ਤਲਬ ਕੀਤੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਬਾਲ ਅਧਿਕਾਰ ਕਮਿਸ਼ਨ ਦੇ ਚੇਅਰਮੈਨ ਕੰਵਰਜੀਤ ਸਿੰਘ ਨੇ ਦੱਸਿਆ ਕਿ ਸਕੂਲੀ ਗੱਡੀ ਦੀ ਟਿੱਪਰ ਨਾਲ ਹੋਈ ਭਿਆਨਕ ਟੱਕਰ ਵਿੱਚ ਡਰਾਈਵਰ ਸਮੇਤ 7 ਵਿਦਿਆਰਥੀਆਂ ਦੀ ਮੌਤ ਹੋ ਗਈ ਹੈ ਅਤੇ ਕਈ ਜ਼ਖਮੀ ਹੋ ਗਏ ਹਨ, ਇਸ ਮਾਮਲੇ ਸਬੰਧੀ ਕਮਿਸ਼ਨ ਵੱਲੋਂ ਸੂ-ਮੋਟੋ ਨੋਟਿਸ ਲਿਆ ਗਿਆ ਹੈ।

ਪੰਜਾਬ ਰਾਜ ਬਾਲ ਅਧਿਕਾਰ ਰੱਖਿਆ ਕਮਿਸ਼ਨ ਵੱਲੋਂ ਡਿਪਟੀ ਕਮਿਸ਼ਨ ਪਟਿਆਲਾ ਨੂੰ ਪੱਤਰ ਲਿਖ ਕੇ ਕਿਹਾ ਹੈ ਕਿ ਹਾਦਸੇ ਦੌਰਾਨ ਜਖਮੀ ਹੋਏ ਬੱਚਿਆਂ ਦਾ ਹਰ ਸੰਭਵ ਇਲਾਜ ਕਰਵਾਇਆ ਜਾਵੇ ਅਤੇ ਰਿਜਨਲ ਟ੍ਰਾਂਸਪੋਰਟ ਆਫਸਰ ਨੂੰ ਸਖਤ ਹਦਾਇਤ ਕੀਤੀ ਜਾਵੇ ਕਿ ਸੜਕਾਂ ਤੇ ਚੱਲ ਰਹੇ ਓਵਰਲੋਡ ਟਿੱਪਰਾਂ/ਵਾਹਨਾਂ ਦੀ ਸਖਤੀ ਨਾਲ ਚੈਕਿੰਗ ਕੀਤੀ ਜਾਵੇ। ਇਸ ਤੋਂ ਇਲਾਵਾ ਇਹ ਵੀ ਕਿਹਾ ਗਿਆ ਹੈ ਕਿ ਸਬੰਧਤ ਸਕੂਲ ਅਤੇ ਜ਼ਿਲ੍ਹੇ ਦੇ ਸਾਰੇ ਸਕੂਲਾਂ ਦੇ ਸਕੂਲੀ ਵਾਹਨਾਂ ਦੀ ਚੈਕਿੰਗ ਕੀਤੀ ਜਾਵੇ, ਜੇਕਰ ਸਕੂਲੀ ਵਾਹਨ ਨਿਰਧਾਰਤ ਸ਼ਰਤਾਂ ਪੂਰੀਆਂ ਨਹੀਂ ਕਰਦੇ ਤਾਂ ਸਕੂਲੀ ਵਾਹਨ ਚਾਲਕਾਂ ਅਤੇ ਸਕੂਲਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ।

ਇਸ ਤੋਂ ਇਲਾਵਾ ਸੀਨੀਅਰ ਸੁਪਰੀਡੈਂਟ ਆਫ਼ ਪੁਲਿਸ ਪਟਿਆਲਾ ਨੂੰ ਹਦਾਇਤ ਕੀਤੀ ਗਈ ਕਿ ਇਸ ਹਾਦਸੇ ਲਈ ਜ਼ਿੰਮੇਵਾਰ ਟਿੱਪਰ ਦੇ ਡਰਾਈਵਰ ਦੇ ਲਾਈਸੈਂਸ, ਟਿੱਪਰ ਦੇ ਮੁਕੰਮਲ ਦਸਤਾਵੇਜ ਜਿਵੇ ਵੈਲਿਡ ਆਰ.ਸੀ. ਫਿੱਟਨੈਸ ਤੋਂ ਇਲਾਵਾ ਸਰਕਾਰ ਵੱਲੋਂ ਜਾਰੀ ਮਾਈਨਿੰਗ ਪਾਲਿਸੀ ਦੀਆਂ ਸ਼ਰਤਾਂ ਤਹਿਤ ਸੜਕ ਦੇ ਚੱਲਣ, ਓਵਰ ਲੋਡ ਆਦਿ ਦੀ ਗਹਿਰਾਈ ਨਾਲ ਮੁਕੰਮਲ ਤਫਤੀਸ਼ ਕਰਕੇ ਟਿੱਪਰ ਮਾਲਕ ਵਿਰੁੱਧ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇ, ਕਮਿਸ਼ਨ ਵਲੋਂ ਡਿਪਟੀ ਕਮਿਸ਼ਨਰ ਪਟਿਆਲਾ ਅਤੇ ਐਸ ਐਸ ਪੀ ਪਟਿਆਲਾ ਤੋਂ ਇਸ ਸਬੰਧੀ ਕਾਰਵਾਈ ਦੀ ਰਿਪੋਰਟ 11.05.2025 ਤਲਬ ਕੀਤੀ ਗਈ ਹੈ।

ਪਾਠਕ ਆਪਣੇ ਹਾਕਰ ਤੋਂ ਚੜ੍ਹਦੀਕਲਾ ਦੀ ਮੰਗ ਕਰਨ

ਚੜ੍ਹਦੀਕਲਾ ਪੜ੍ਹੋ ! ਚੜ੍ਹਦੀਕਲਾ ਵਿੱਚ ਰਹੋ !!

ੴ ਸ੍ਰੀ ਵਾਹਿਗੁਰੂ ਜੀ ਦੀ ਫ਼ਤਹਿ
ਪੰਜਾਬ ਐਂਡ ਸਿੰਧ ਬੈਂਕ
(ਭਾਰਤ ਸਰਕਾਰ ਦਾ ਅਦਾਰਾ)
ਜ਼ੋਨ : ਬਠਿੰਡਾ
100 ਫੁੱਟ ਰੋਡ, ਸਿਵਲ ਸਟੇਸ਼ਨ, ਬਠਿੰਡਾ-151001
ਫੋਨ 0164-5011889/5011892
ਪੀ.ਐਸ.ਬੀ
ਜਿੱਥੇ ਸੇਵਾ ਹੀ ਜੀਵਨ ਦਾ ਰਾਹ ਹੈ

**ਸਲਾਹਕਾਰ/ਆਰਕੀਟੈਕਟ/ਆਰਕੀਟੈਕਚਰਲ ਫਰਮ ਦਾ ਸਮਰਥਨ**

ਬੈਂਕ ਜ਼ੋਨ ਬਠਿੰਡਾ ਅਧੀਨ ਆਉਣ ਵਾਲੇ ਜ਼ੋਨਲ ਦਫ਼ਤਰ ਅਤੇ ਇਸਦੀਆਂ ਸ਼ਾਖਾਵਾਂ/ਦਫ਼ਤਰਾਂ ਲਈ ਆਰਕੀਟੈਕਚਰਲ ਸੇਵਾਵਾਂ ਲਈ ਸਲਾਹਕਾਰ/ਆਰਕੀਟੈਕਟ/ਆਰਕੀਟੈਕਚਰਲ ਫਰਮ ਦੇ ਸੂਚੀਕਰਨ ਲਈ ਪੇਸ਼ਕਸ਼ਾਂ ਦਾ ਸੱਦਾ ਦਿੰਦਾ ਹੈ। ਬੋਲੀ ਜਮ੍ਹਾਂ ਕਰਨ ਦੀ ਆਖਰੀ ਮਿਤੀ 30.05.2025 ਹੈ। ਵਧੇਰੇ ਜਾਣਕਾਰੀ ਲਈ ਸਾਡੀ ਵੈੱਬਸਾਈਟ https://punjabandsindbank.co.in 'ਤੇ ਜਾਓ।

ਜ਼ੋਨਲ ਮੈਨੇਜਰ



## ਸੰਪਾਦਕੀ

# ਕਰਾਰਾ ਜਵਾਬ

ਆਪ੍ਰੇਸ਼ਨ ਸਿੰਦੂਰ ਰਾਹੀਂ ਪਾਕਿਸਤਾਨ ਵਿੱਚ ਅੱਤਵਾਦੀ ਕੈਂਪਾਂ 'ਤੇ ਹਮਲਾ ਕਰਕੇ ਭਾਰਤੀ ਫੌਜ ਨੇ ਨਾ ਸਿਰਫ ਪਹਿਲਗਾਮ ਹਮਲੇ ਦਾ ਸਖ਼ਤ ਜਵਾਬ ਦਿੱਤਾ ਹੈ, ਸਗੋਂ ਦੁਨੀਆ ਨੂੰ ਆਪਣੀ ਰਣਨੀਤਕ ਸਮਰੱਥਾ ਦਾ ਕੁਸ਼ਲਤਾ ਨਾਲ ਪ੍ਰਦਰਸ਼ਨ ਵੀ ਕੀਤਾ ਹੈ। ਇਸ ਹਮਲੇ ਤੋਂ ਬਾਅਦ, ਭਾਰਤ ਸਰਕਾਰ ਨੂੰ ਕੂਟਨੀਤਕ ਸਫਲਤਾ ਵੀ ਮਿਲਣੀ ਸ਼ੁਰੂ ਹੋ ਗਈ ਹੈ । ਇਸ ਮੁਹਿਮ ਦੀ ਰਣਨੀਤੀ ਤਿੰਨਾਂ ਫੌਜਾਂ ਨੇ ਸਾਂਝੇ ਤੌਰ 'ਤੇ ਤਿਆਰ ਕੀਤੀ ਸੀ। ਹਾਲਾਂਕਿ, ਪਾਕਿਸਤਾਨ ਸ਼ੁਰੂ ਤੋਂ ਹੀ ਰੌਲਾ ਪਾ ਰਿਹਾ ਸੀ ਕਿ ਭਾਰਤ ਉਸ 'ਤੇ ਕਿਸੇ ਵੀ ਸਮੇਂ ਹਮਲਾ ਕਰ ਸਕਦਾ ਹੈ ਅਤੇ ਇਸ ਦੇ ਮੱਦੇਨਜ਼ਰ, ਉਸਨੇ ਆਪਣੀਆਂ ਰਣਨੀਤਕ ਤਿਆਰੀਆਂ ਤੇਜ਼ ਕਰ ਦਿੱਤੀਆਂ ਸਨ । ਪਰ ਭਾਰਤੀ ਫੌਜ ਨੇ ਇੰਨੀ ਕੁਸ਼ਲਤਾ ਨਾਲ ਅਤੇ ਇੰਨੀ ਸ਼ੁੱਧਤਾ ਨਾਲ ਨਿਸ਼ਾਨਾ ਬਣਾ ਕੇ ਹਵਾਈ ਹਮਲੇ ਕੀਤੇ ਕਿ ਉਸਨੂੰ ਸਮਝਣ ਦਾ ਮੌਕਾ ਵੀ ਨਹੀਂ ਮਿਲਿਆ । ਇਹ ਫੌਜ ਅਤੇ ਸਰਕਾਰ ਵੱਲੋਂ ਇੱਕ ਵੱਡੀ ਸਿਆਣਪ ਹੈ ਕਿ ਪਾਕਿਸਤਾਨ ਦੇ ਕਿਸੇ ਵੀ ਨਾਗਰਿਕ, ਫੌਜੀ ਜਾਂ ਆਰਥਿਕ ਸਥਾਨ ਨੂੰ ਨਿਸ਼ਾਨਾ ਬਣਾਉਣ ਦੀ ਬਜਾਏ, ਸਿਰਫ ਅੱਤਵਾਦੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ ਗਿਆ ਅਤੇ ਤਬਾਹ ਕਰ ਦਿੱਤਾ ਗਿਆ। ਇਸ ਤਰ੍ਹਾਂ ਦੁਨੀਆਂ ਵਿੱਚ ਕਿਸੇ ਨੂੰ ਵੀ ਇਸਦੇ ਵਿਰੁੱਧ ਕੁਝ ਕਹਿਣ ਦਾ ਮੌਕਾ ਨਹੀਂ ਮਿਲਦਾ । ਚੀਨ ਵੀ ਇਹ ਨਹੀਂ ਸਮਝ ਪਾ ਰਿਹਾ ਕਿ ਭਾਰਤ ਦੇ ਇਸ ਕਦਮ ਨੂੰ ਗਲਤ ਕਿਵੇਂ ਕਿਹਾ ਜਾ ਸਕਦਾ ਹੈ। ਹਮਲੇ ਤੋਂ ਤੁਰੰਤ ਬਾਅਦ, ਭਾਰਤ ਦੇ ਰਾਸ਼ਟਰੀ ਸੁਰੱਖਿਆ ਸਲਾਹਕਾਰ ਨੇ ਅਮਰੀਕਾ, ਰੂਸ, ਬ੍ਰਿਟੇਨ, ਸੰਯੁਕਤ ਅਰਬ ਅਮੀਰਾਤ ਆਦਿ ਵਿੱਚ ਆਪਣੇ ਹਮਰੁਤਬਾ ਨੂੰ ਫ਼ੋਨ ਕੀਤਾ ਅਤੇ ਉਨ੍ਹਾਂ ਨੂੰ ਹਮਲੇ ਬਾਰੇ ਜਾਣਕਾਰੀ ਦਿੱਤੀ। ਇਸ ਤਰ੍ਹਾਂ, ਪਾਕਿਸਤਾਨ ਕੂਟਨੀਤਕ ਤੌਰ 'ਤੇ ਵੀ ਘਿਰ ਗਿਆ ਹੈ । ਆਪ੍ਰੇਸ਼ਨ ਸਿੰਦੂਰ ਦੇ ਤਹਿਤ, ਮੁੱਖ ਤੌਰ 'ਤੇ ਪਾਕਿਸਤਾਨ ਵਿੱਚ ਜੈਸ਼-ਏ-ਮੁਹੰਮਦ, ਹਿਜ਼ਬੁਲ ਮੁਜਾਹਿਦੀਨ ਅਤੇ ਲਸ਼ਕਰ-ਏ-ਤੋਇਬਾ ਦੇ ਹੈੱਡਕੁਆਰਟਰ ਅਤੇ ਅੱਤਵਾਦੀ ਸਿਖਲਾਈ ਕੈਂਪਾਂ 'ਤੇ ਹਮਲੇ ਕੀਤੇ ਗਏ। ਇਸ ਦੇ ਸਬੂਤ ਵੀ ਦੁਨੀਆ ਸਾਹਮਣੇ ਪੇਸ਼ ਕੀਤੇ ਜਾ ਚੁੱਕੇ ਹਨ । ਮੰਨਿਆ ਜਾ ਰਿਹਾ ਹੈ ਕਿ ਇਸ ਹਮਲੇ ਵਿੱਚ ਇਨ੍ਹਾਂ ਅੱਤਵਾਦੀ ਸੰਗਠਨਾਂ ਨਾਲ ਜੁੜੇ ਕਈ ਲੋਕਾਂ ਦੀ ਜਾਨ ਗਈ ਹੈ । ਭਾਰਤੀ ਫੌਜ ਦੁਆਰਾ ਹਮਲਾ ਕੀਤੇ ਗਏ ਨੌਂ ਅੱਤਵਾਦੀ ਟਿਕਾਣਿਆਂ ਵਿੱਚੋਂ, ਚਾਰ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਵਿੱਚ ਸਨ ਅਤੇ ਬਾਕੀ ਉਸਦੇ ਪੰਜਾਬ ਸੂਬੇ ਵਿੱਚ ਸਨ । ਸ਼ਾਇਦ ਪਾਕਿਸਤਾਨੀ ਫੌਜ ਨੂੰ ਇਹ ਅਹਿਸਾਸ ਨਹੀਂ ਸੀ ਕਿ ਭਾਰਤੀ ਫੌਜ ਪੰਜਾਬ ਸੂਬੇ ਦੇ ਅੰਦਰ ਵੀ ਹਮਲਾ ਕਰ ਸਕਦੀ ਹੈ । ਇਸ ਹਮਲੇ ਦੇ ਜਵਾਬ ਵਿੱਚ, ਇਸਨੇ ਭਾਰਤੀ ਸਰਹੱਦ 'ਤੇ ਕੁਝ ਨਾਗਰਿਕ ਟਿਕਾਣਿਆਂ 'ਤੇ ਹਮਲਾ ਕੀਤਾ ਹੈ, ਪਰ ਇਹ ਸਿਰਫ ਇਸਦੀ ਨਿਰਾਸ਼ਾ ਨੂੰ ਦਰਸਾਉਂਦਾ ਹੈ। ਕੁਝ ਦਿਨ ਪਹਿਲਾਂ ਤੱਕ, ਇਹ ਕੰਟਰੋਲ ਰੇਖਾ ਤੇ ਜੰਗਬੰਦੀ ਦੀ ਉਲੰਘਣਾ ਕਰ ਰਿਹਾ ਸੀ, ਗੋਲੀਬਾਰੀ ਕਰ ਰਿਹਾ ਸੀ, ਭਾਰਤੀ ਫੌਜ ਨੂੰ ਚੁਣੌਤੀ ਦੇ ਰਿਹਾ ਸੀ ਅਤੇ ਆਪਣੀ ਪ੍ਰਮਾਣੂ ਸ਼ਕਤੀ ਨਾਲ ਧਮਕੀਆਂ ਦੇ ਰਿਹਾ ਸੀ, ਹੁਣ ਇਹ ਸਮਝ ਨਹੀਂ ਆ ਰਿਹਾ ਕਿ ਕਿਵੇਂ ਜਵਾਬ ਦਿੱਤਾ ਜਾਵੇ । ਦਰਅਸਲ, ਉਸਨੂੰ ਲੱਗਦਾ ਸੀ ਕਿ ਉਸਨੂੰ ਚੀਨ ਤੋਂ ਸਮਰਥਨ ਮਿਲੇਗਾ ਅਤੇ ਭਾਰਤ ਡਰ ਦੇ ਵੱਸ ਵਿੱਚ ਆ ਜਾਵੇਗਾ । ਪਰ ਹੁਣ ਇਹ ਦੇਖਣਾ ਬਾਕੀ ਹੈ ਕਿ ਚੀਨ ਅੱਤਵਾਦ ਵਿਰੁੱਧ ਹਮਲੇ ਵਿੱਚ ਪਾਕਿਸਤਾਨ ਦਾ ਕਿਵੇਂ ਸਮਰਥਨ ਕਰੇਗਾ । ਇਸ ਹਮਲੇ ਤੋਂ ਬਾਅਦ, ਦੇਸ਼ ਭਰ ਵਿੱਚ ਭਾਰਤੀ ਫੌਜ ਦੀ ਪ੍ਰਸ਼ੰਸਾ ਹੋ ਰਹੀ ਹੈ। ਵਿਰੋਧੀ ਪਾਰਟੀਆਂ ਨੇ ਵੀ ਇੱਕ ਵਾਰ ਫਿਰ ਸਰਕਾਰ ਨਾਲ ਆਪਣੀ ਇਕਜੁੱਟਤਾ ਪ੍ਰਗਟ ਕੀਤੀ ਹੈ ਅਤੇ ਫੌਜ ਦੇ ਹੁਨਰ ਦੀ ਪ੍ਰਸ਼ੰਸਾ ਕੀਤੀ ਹੈ । ਹਾਲਾਂਕਿ, ਅਮਰੀਕਾ ਵਰਗੇ ਕੁਝ ਦੇਸ਼ਾਂ ਨੇ ਕਿਹਾ ਹੈ ਕਿ ਇਹ ਤਣਾਅ ਜਿੰਨੀ ਜਲਦੀ ਖਤਮ ਹੋਵੇਗਾ, ਓਨਾ ਹੀ ਚੰਗਾ ਹੋਵੇਗਾ । ਪਰ ਭਾਰਤੀ ਜਨਤਾ ਦੀ ਭਾਵਨਾ ਇਹ ਹੈ ਕਿ ਪਾਕਿਸਤਾਨ ਵਿੱਚ ਵਧ-ਫੁੱਲ ਰਹੇ ਅੱਤਵਾਦੀ ਸੰਗਠਨਾਂ ਵਿਰੁੱਧ ਚੁੱਕਿਆ ਗਿਆ ਇਹ ਕਦਮ ਫੈਸਲਾਕੁੰਨ ਹੋਣਾ ਚਾਹੀਦਾ ਹੈ। ਸਰਕਾਰ ਵੀ ਇਸ ਭਾਵਨਾ ਨੂੰ ਗੰਭੀਰਤਾ ਨਾਲ ਲੈਂਦੀ ਹੈ। ਇਸ ਲਈ, ਜਿਸ ਤਰ੍ਹਾਂ ਉਸਨੇ ਫੌਜ ਮੁਖੀਆਂ ਨੂੰ ਫੈਸਲੇ ਲੈਣ ਦੀ ਆਜ਼ਾਦੀ ਦਿੱਤੀ ਅਤੇ ਫੌਜ ਨੇ ਆਪਣੀ ਰਣਨੀਤੀ ਸਾਵਧਾਨੀ ਨਾਲ ਤਿਆਰ ਕੀਤੀ, ਉਸ ਤੋਂ ਇਹ ਸਪੱਸ਼ਟ ਹੁੰਦਾ ਹੈ ਕਿ ਮਾਪੇ ਹੋਏ ਕਦਮ ਚੁੱਕ ਕੇ, ਉਹ ਅੱਤਵਾਦ ਨੂੰ ਸਰਪ੍ਰਸਤੀ ਦੇਣ ਵਾਲਿਆਂ 'ਤੇ ਡੂੰਘੇ ਜ਼ਖ਼ਮ ਦੇਣ ਲਈ ਵਚਨਬੱਧ ਹੈ।

-ਜਗਜੀਤ ਸਿੰਘ ਦਰਦੀ

# ਭਾਰਤ ਦੇ ਜਵਾਬੀ ਮਿਲਟਰੀ ਐਕਸ਼ਨ ਨਾਲ ਪਾਕਿਸਤਾਨ ਵਿੱਚ ਖ਼ਲਬਲੀ



ਪ੍ਰੋ . ਡਾ . ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

- ਮਿਜ਼ਾਇਲ ਡਰੋਨ ਹਮਲਿਆਂ ਨਾਲ ਤਬਾਹੀ
- ਸਰਬ ਪਾਰਟੀ ਮੀਟਿੰਗ ਵਿੱਚ ਸਰਕਾਰ ਨੇ ਕੀਤਾ ਐਲਾਨ, 'ਅਪਰੇਸ਼ਨ ਸਿੰਦੂਰ' ਅਜੇ ਜਾਰੀ
- ਪਾਕਿਸਤਾਨ ਵੱਲੋਂ ਪੰਜਾਬ 'ਚ ਡਿੱਗੀਆਂ ਮਿਜ਼ਾਇਲਾਂ ਕੀਤੀਆਂ ਬੇਅਸਰ
- ਜਵਾਬੀ ਕਾਰਵਾਈ 'ਚ ਭਾਰਤ ਨੇ ਡਰੋਨ ਹਮਲਿਆਂ ਨਾਲ ਲਾਹੌਰ, ਸਿਆਲਕੋਟ ਤੇ ਕਰਾਚੀ 'ਚ ਕੀਤੇ ਧਮਾਕੇ
- ਬਲੋਚਿਸਤਾਨ ਲਿਬਰੇਸ਼ਨ ਆਰਮੀ ਵੱਲੋਂ ਪਾਕਿਸਤਾਨੀ ਸੈਨਾ 'ਤੇ ਹਮਲਿਆਂ ਦੀ ਪੁਸ਼ਟੀ
- ਪੂਰੇ ਪਾਕਿਸਤਾਨ ਵਿੱਚ ਹਫੜਾ-ਦਫੜੀ ਦਾ ਮੰਜ਼ਰ
- ਸਿੰਧ ਤੋਂ ਲੈ ਕੇ ਗਿਲਗਿਤ ਘਾਟੀ ਤੱਕ ਵਿਰੋਧ

ਪਾਕਿਸਤਾਨ ਵੱਲੋਂ ਪਹਿਲਗਾਮ ਵਿੱਚ ਕੀਤੇ ਗਏ ਨਰਸੰਹਾਰ ਤੋਂ ਬਾਅਦ ਭਾਰਤ ਦੇ ਆਪਰੇਸ਼ਨ ਸਿੰਦੂਰ 'ਤੇ ਰੌਂਦੇ ਅਮਲ ਵਿੱਚ ਪਾਕਿਸਤਾਨ ਨੇ ਭਾਰਤੀ ਕਸ਼ਮੀਰ ਵਿਸ਼ੇਸ਼ ਤੇ ਉੜੀ ਰਜੌਰੀ ਏਰੀਆ ਦੇ ਵਿੱਚ ਜਿਸ ਤਰ੍ਹਾਂ ਐਲਓਸੀ ਤੋਂ ਪਾਰ ਇਧਰ ਨਿਹੱਥੇ ਲੋਕਾਂ 'ਤੇ ਗੋਲੀਆਂ ਵਰ੍ਹਾਈਆਂ ਹਨ ਅਤੇ ਉਸ ਨਾਲ ਪੁੰਛ ਵਿਚ ਮੰਦਰ ਮਸਜ਼ਿਦ ਤੇ ਗੁਰਦੁਆਰਾ ਸਾਹਿਬ ਨੂੰ ਜੋ ਨੁਕਸਾਨ ਹੋਇਆ ਹੈ, ਉਸਦੇ ਵਿਰੋਧ ਵਿੱਚ ਅੱਜ ਵੀ ਕਸ਼ਮੀਰ ਵਿੱਚ ਪਾਕਿਸਤਾਨੀ ਵਿਰੋਧ ਦਾ ਉਬਾਲ ਦੇਖਿਆ ਜਾ ਰਿਹਾ ਹੈ।

ਉਧਰ ਭਾਰਤ ਵਿੱਚ ਆਪਰੇਸ਼ਨ ਸਿੰਦੂਰ ਤੋਂ ਬਾਅਦ ਸਰਵ ਪਾਰਟੀ ਪਾਰਟੀਆਂ ਦੀ ਮੀਟਿੰਗ ਵਿੱਚ ਸਰਕਾਰ ਵੱਲੋਂ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਜਿਸ ਤਰ੍ਹਾਂ ਕਿਹਾ ਹੈ ਕਿ ਅਜੇ ਬਹੁਤ ਕੁੱਝ ਦੱਸਿਆ ਨਹੀਂ ਜਾ ਰਿਹਾ ਕਿਉਂਕਿ ਉਹ ਡਿਫੈਂਸ ਨਾਲ ਸਬੰਧਤ ਹੈ ਕਿਉਂਕਿ ਅਜੇ ਅਪਰੇਸ਼ਨ ਸਿੰਦੂਰ ਜਾਰੀ ਹੈ। ਸਰਕਾਰ ਦੇ ਇਹ ਕਹਿਣ ਨਾਲ ਕਿ ਅਪਰੇਸ਼ਨ ਸਿੰਦੂਰ ਜਾਰੀ ਹੈ ਇਹ ਤਵੱਕੋ ਵੱਧ ਗਈ ਹੈ ਕਿ ਅੰਦਰ ਖ਼ਾਤੇ ਕੀ ਚੱਲ ਰਿਹਾ ਹੈ ਪਰ ਕੁੱਝ ਵੀ ਹੋਵੇ ਭਾਰਤ ਇਸ ਵਾਰ ਪਾਕਿਸਤਾਨ ਨੂੰ ਸਿੱਧਾ ਅਤੇ ਸਖ਼ਤ ਕਿਸਮ ਦਾ ਜਵਾਬ ਦੇਣ ਦੇ ਕਾਬਲ ਹੈ ਅਤੇ ਉਹ ਦੇ ਰਿਹਾ ਹੈ। ਉਸਦੇ ਉੱਤਰ ਵਿੱਚ ਜਿਸ ਤਰ੍ਹਾਂ ਘਬਰਾਏ ਅਤੇ ਬੁਖਲਾਏ ਹੋਏ ਪਾਕਿਸਤਾਨ ਦੇ ਆਰਮੀ ਕਮਾਂਡ ਅਤੇ ਮੀਡੀਆ ਦੇ ਵਿੱਚ ਝੂਠ ਬੋਲਣ ਦੀ ਦੌੜ ਚੱਲ ਰਹੀ ਹੈ ਉਹ ਵੀ ਦੇਖਣ ਲਾਇਕ ਹੈ ।

ਇਸ ਦੇ ਰੱਦੇ ਅਮਲ ਦੇ ਵਿੱਚ ਪਾਕਿਸਤਾਨ ਨੇ ਕੱਲ੍ਹ ਰਾਤ ਭਾਰਤੀ ਪੰਜਾਬ ਦੇ ਅੰਮ੍ਰਿਤਸਰ ਅਤੇ ਗੁਰਦਾਸਪੁਰ ਦੇ ਸ਼ਹਿਰਾਂ ਅਤੇ ਕਸਬਿਆਂ 'ਤੇ ਜੋ ਮਿਜਾਈਲਾਂ ਦਾਗੀਆਂ ਉਹਨਾਂ ਨੂੰ ਹਵਾ ਵਿੱਚ ਹੀ ਖ਼ਤਮ ਕਰ ਦਿੱਤਾ ਗਿਆ ਤੇ ਅੱਜ ਉਹਨਾਂ ਨੂੰ ਡਿਫਿਊਜ਼ ਕਰਨ ਦਾ ਕੰਮ ਚੱਲ ਰਿਹਾ ਹੈ। ਇਸ ਨਾਕਾਮੀ ਤੋਂ ਘਬਰਾਏ ਹੋਏ ਪਾਕਿਸਤਾਨ ਨੇ ਹੋਰ ਵੀ ਥਾਵਾਂ 'ਤੇ ਐਲਓਸੀ ਨੂੰ ਪਾਰ ਗੋਲਾ ਬਾਰੂਦ ਨਾਲ ਹਮਲਾ ਕੀਤਾ ਹੈ ਜਿਸ ਨਾਲ ਨਿਹੱਥੀਆਂ ਜਾਨਾਂ ਗਈਆਂ ਹਨ ਪਰੰਤੂ ਉਸ ਦੀ ਜਵਾਬੀ ਕਾਰਵਾਈ ਦੇ ਵਿੱਚ ਜੋ ਭਾਰਤੀ ਫ਼ੌਜ ਨੇ ਕੀਤੀ ਹੈ, ਉਸ ਨਾਲ ਪਾਕਿਸਤਾਨ ਦੀ ਨੀਂਦ ਉਡ ਗਈ ਹੈ ।

ਭਾਰਤੀ ਫ਼ੌਜ ਨੇ ਆਪਣੇ ਜਵਾਬ ਵਿੱਚ ਡਰੋਨ ਹਮਲਿਆਂ ਦੇ ਨਾਲ ਕਰਾਚੀ ਸਿਆਲਕੋਟ ਅਤੇ ਲਾਹੌਰ ਵਿੱਚ ਜੋ ਧਮਾਕੇ ਕੀਤੇ ਹਨ, ਉਸ ਨਾਲ ਕਿਹਾ ਜਾ ਰਿਹਾ ਹੈ ਕਿ ਪਾਕਿਸਤਾਨ ਦਾ ਏਅਰ ਮਿਜ਼ਾਇਲ ਸਿਸਟਮ ਦਾ ਬੇਸ ਨਸ਼ਟ ਕਰ ਦਿੱਤਾ ਗਿਆ ਹੈ ਪਰੰਤੂ ਇਹ ਗੱਲ ਪਾਕਿਸਤਾਨ ਦੀ ਟੈਲੀਵਿਜ਼ਨ ਚੈਨਲ ਅਤੇ ਪਾਕਿਸਤਾਨ ਦੀ ਆਰਮੀ ਨੇ ਆਪਣੇ ਮੀਡੀਆ ਰਾਹੀਂ ਦਿੱਤੀ ਹੈ।

ਭਾਰਤ ਵਿੱਚ ਜਿੱਥੇ ਪੂਰੀ ਦੁਨੀਆ ਭਾਰਤ ਦਾ ਟੈਰੋਰਿਜ਼ਮ ਦੇ ਖ਼ਿਲਾਫ਼ ਇਸ ਮਾਮਲੇ ਵਿੱਚ ਸਾਥ ਦੇ ਰਹੀ ਹੈ ਉੱਥੇ ਪਾਕਿਸਤਾਨ ਦੇ ਦੋ ਹਮਦਰਦ ਤੁਰਕੀ ਅਤੇ ਚੀਨ ਪਾਕਿਸਤਾਨ ਦੇ ਨਾਲ ਖੁੱਲ੍ਹ ਕੇ ਸਾਹਮਣੇ ਆ ਗਏ ਹਨ ਅਤੇ ਤੁਰਕੀ ਨੇ ਪਾਕਿਸਤਾਨ ਨੂੰ ਆਪਣਾ ਯੁੱਧ ਪੋਤ ਵੀ ਭੇਜਿਆ ਹੈ ਅਤੇ ਭਾਰਤ ਨੂੰ ਤੁਰਕੀ ਵੱਲੋਂ ਸਫ਼ਾਈ ਦਿੱਤੀ ਗਈ ਹੈ ਕਿ ਉਹ ਉਹਨਾਂ ਦੇ ਜਹਾਜ਼ਾਂ ਵਿੱਚ ਕੋਈ ਵੀ ਆਰਮੀ ਅਸਲਾ ਨਹੀਂ ਭੇਜਿਆ ਗਿਆ ਹੈ ।

ਹੁਣ ਜਿਸ ਤਰ੍ਹਾਂ ਦੀ ਰਾਜਨੀਤੀ ਇਸ ਯੁੱਧ ਨੂੰ ਲੈ ਕੇ ਅਤੇ ਰਿਟੈਲੀਏਸ਼ਨ ਨੂੰ ਲੈ ਕੇ ਹੋ ਰਹੀ ਹੈ, ਉਸਨੇ ਜੰਗ ਦੇ ਬੱਦਲਾਂ ਨੂੰ ਹੋਰ ਗਹਿਰਾ ਕਰ ਦਿੱਤਾ ਹੈ ਪ੍ਰੰਤੂ ਉਧਰ ਇਹ ਵੀ ਸੱਚ ਹੈ ਕਿ ਪਾਕਿਸਤਾਨ ਦੇ ਵਿੱਚ ਹੁਣ ਹਫੜਾ ਦਫੜੀ ਦਾ ਮਾਹੌਲ ਹੈ ਅਤੇ ਪਾਕਿਸਤਾਨ ਦੇ ਸਾਰੇ ਸੂਬਿਆਂ ਦੇ ਵਿੱਚ ਵਿਸ਼ੇਸ਼ਕਰ ਬਲੋਚਿਸਤਾਨ ਦੇ ਵਿੱਚ ਬਲੋਚਿਸਤਾਨ ਲਿਬਰੇਸ਼ਨ ਆਰਮੀ ਨੇ ਪਾਕਿਸਤਾਨ ਸੈਨਾ ਦਾ ਵਿਰੋਧ ਕੀਤਾ ਹੈ ਅਤੇ ਅੱਜ ਉਸ ਨੇ ਕਈਆਂ ਥਾਵਾਂ 'ਤੇ ਚੀਨ ਪਾਕਿਸਤਾਨ ਦੇ ਟਰੱਕਾਂ ਨੂੰ ਜਲਾ ਕੇ ਅਤੇ 10 ਤੋਂ ਜ਼ਿਆਦਾ ਪਾਕਿਸਤਾਨ ਆਰਮੀ ਦੇ ਲੋਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਹੈ।

ਉਧਰ ਪਾਕਿਸਤਾਨ ਵਾਲੇ ਪਾਸੇ ਸਰਕਾਰ ਪੈਨਿਕ ਮੋਡ ਵਿੱਚ ਗਈ ਹੈ ਅਤੇ ਸਦਭਾਵਨਾ ਦੇ ਨਾਮ 'ਤੇ ਪੂਰੀ ਦੁਨੀਆ ਨੂੰ ਆਪਣੇ ਹੱਕ ਵਿੱਚ ਕਰਨ ਦਾ ਕਹਿ ਰਹੀ ਹੈ। ਉਧਰ ਇਹ ਵੀ ਸੱਚ ਹੈ ਕਿ ਮਕਬੂਜਾ ਕਸ਼ਮੀਰ ਜਿਸਨੂੰ ਉਹ ਆਜ਼ਾਦ ਕਸ਼ਮੀਰ ਕਹਿੰਦੇ ਹਨ ਉਥੇ ਕੀਤੇ ਗਏ ਹਮਲੇ ਦੇ ਦੌਰਾਨ ਅੱਜ ਜੋ ਕੁੱਝ ਵੇਖਿਆ ਗਿਆ, ਉਹ ਪਹਿਲੀ ਵਾਰ ਸੀ ਉਹਨਾਂ ਦੀ ਰਾਜਧਾਨੀ ਮੁਜ਼ੱਫਰਾਬਾਦ ਵਰਗੇ ਪੁਰਾਣੇ ਇਤਿਹਾਸਿਕ ਸ਼ਹਿਰ ਵਿੱਚ ਭਾਰਤੀ ਏਅਰ ਸਟਰਾਈਕ ਅਤੇ ਨਿਸ਼ਾਨਾ ਬਣਾਇਆ ਗਿਆ, ਥਾਵਾਂ ਦਾ ਉਥੇ ਦੇ ਪ੍ਰਧਾਨ ਵੱਲੋਂ ਦੌਰਾ ਕੀਤਾ ਗਿਆ ਹੈ ।

ਇਧਰ ਭਾਰਤ ਨੇ ਪਾਕਿਸਤਾਨ 'ਤੇ ਵਾਟਰ ਸਟਰਾਈਕ ਵੀ ਕੀਤਾ ਹੈ। ਜਨਾਬ ਨਦੀ ਦਾ ਪਾਣੀ ਰੋਕਿਆ ਗਿਆ ਹੈ ਅਤੇ ਕਿਸ਼ਨ ਗੰਗਾ ਡੈਮ ਵਿੱਚ ਪਾਣੀ ਰੁਕਣ ਦੀ ਪਲਾਨਿੰਗ ਚੱਲ ਰਹੀ ਹੈ। ਸਲਾਲ ਡੈਮ ਬੰਧ ਦੇ ਗੇਟ ਮੁਕੰਮਲ ਤੌਰ 'ਤੇ ਬੰਦ ਕੀਤੇ ਗਏ ਹਨ। ਇਸ ਨਾਲ ਪਾਕਿਸਤਾਨ ਦੇ ਵਿੱਚ ਪਾਣੀ ਦੀ ਭਿਆਨਕ ਕਮੀ ਹੋ ਸਕਦੀ ਹੈ ਅਤੇ ਇਸ ਨੂੰ ਭਾਰਤ ਵੱਲੋਂ ਵਾਟਰ ਸਟਰਾਈਕ ਦੇ ਰੂਪ ਵਿੱਚ ਵੀ ਦੇਖਿਆ ਜਾ ਰਿਹਾ ਹੈ ਪ੍ਰੰਤੂ ਹੁਣ ਆਉਣ ਵਾਲੇ ਦਿਨਾਂ ਦੇ ਵਿੱਚ ਪਾਕਿਸਤਾਨ ਨੂੰ ਇਹ ਸੰਦੇਸ਼ ਦਿੱਤਾ ਗਿਆ ਹੈ ਕਿ ਜੇ ਉਹ ਇਸ ਤੋਂ ਅੱਗੇ ਵਾਰ ਕਰਦਾ ਹੈ ਤਾਂ ਫ਼ਿਰ ਉਸ ਦਾ ਇਤਿਹਾਸਿਕ ਜਵਾਬ ਦਿੱਤਾ ਜਾਏਗਾ ।

ਅਜੇ ਕੱਲ ਦੀ ਗੱਲ ਹੈ ਕਿ ਭਾਰਤ ਸਰਕਾਰ ਵੱਲੋਂ ਕਿਹਾ ਗਿਆ ਹੈ ਕਿ ਅਪਰੇਸ਼ਨ ਸਿੰਦੂਰ ਵਿਚ 100 ਤੋਂ ਜ਼ਿਆਦਾ ਆਤੰਕਵਾਦੀਆਂ ਦੀ ਮੌਤ ਦਾ ਖਦਸ਼ਾ ਹੈ ਪਰੰਤੂ ਪਾਰਟੀ ਮੀਟਿੰਗ ਦੇ ਵਿੱਚ ਭਾਰਤ ਨੇ ਇਹ ਸਾਫ਼ ਕਰ ਦਿੱਤਾ ਹੈ ਕਿ ਆਉਣ ਵਾਲੇ ਦਿਨਾਂ ਦੇ ਵਿੱਚ ਜੇਕਰ ਪਾਕਿਸਤਾਨ ਇਸ ਦਾ ਜਵਾਬੀ ਕਾਰਵਾਈ ਦੇ ਵਿੱਚ ਰਿਟੈਲੀਏਸ਼ਨ ਕਰਦਾ ਹੈ ਤਾਂ ਆਉਣ ਵਾਲੇ ਦਿਨਾਂ ਦੇ ਵਿੱਚ ਭਾਰਤ ਉਸਦਾ ਸਖ਼ਤ ਕਿਸਮ ਦਾ ਜਵਾਬ ਦਿੱਤਾ ਜਾਵੇਗਾ ਪਰੰਤੂ ਇਹ ਵੀ ਸੱਚ ਹੈ ਕਿ ਭਾਰਤ ਅੱਜ ਸਮੁੱਚੇ ਦੁਨੀਆਂ ਦੇ ਭਾਈਚਾਰੇ ਵਿੱਚ ਆਤੰਕਵਾਦ 'ਤੇ ਹਮਲੇ ਨੂੰ ਲੈ ਕੇ ਜਿਸ ਤਰ੍ਹਾਂ ਸੁਰਖੀਆਂ ਵਿੱਚ ਹੈ ਅਤੇ ਜਿਸ ਤਰ੍ਹਾਂ ਉਸਨੂੰ ਸਮਰਥਨ ਮਿਲ ਰਿਹਾ ਹੈ ਉਹ ਭਾਰਤ ਵੱਲੋਂ ਪਾਕਿਸਤਾਨ ਦੇ ਖਿਲਾਫ ਡਿਪਲੋਮੈਸੀ ਵਿੱਚ ਵੀ ਬਦਲਿਆ ਹੈ।

ਭਾਰਤ ਆਪਣੇ ਸਹੀ ਸਮੇਂ ਦੀ ਇੰਤਜ਼ਾਰ ਵਿੱਚ ਹੈ ਅਤੇ ਆਉਣ ਵਾਲੇ ਦਿਨਾਂ ਦੇ ਵਿੱਚ ਭਾਰਤ ਹੋਰ ਵੀ ਜਵਾਬੀ ਕਾਰਵਾਈ ਕਰ ਸਕਦਾ ਹੈ । ਉਧਰ ਜਪਾਨ ਦੇ ਰੱਖਿਆ ਮੰਤਰੀ ਨੇ ਰੱਖਿਆ ਮੰਤਰੀ ਰਾਜਨਾਥ ਸਿੰਘ ਨਾਲ ਮੁਲਾਕਾਤ ਕੀਤੀ ਹੈ ਅਤੇ ਮਕਬੂਜਾ ਕਸ਼ਮੀਰ ਭਾਰਤੀ ਕਸ਼ਮੀਰ ਵਿੱਚ ਜਿਸ ਤਰ੍ਹਾਂ ਦਾ ਪੈਨਿਕ ਅਤੇ ਜਾਨੀ ਮਾਲੀ ਨੁਕਸਾਨ ਹੋ ਰਿਹਾ ਹੈ ਉਸ ਤੋਂ ਦੋਨਾਂ ਪਾਸੇ ਲੋਕਾਂ ਦੇ ਵਿੱਚ ਘਬਰਾਹਟ ਤਾਂ ਹੈ ਪ੍ਰੰਤੂ ਭਾਰਤ ਦੇ ਪਾਸੇ ਵਿੱਚ ਇਸ ਗੱਲ ਦੀ ਤਸੱਲੀ ਹੈ ਜਾਂ ਭਾਰਤੀ ਸੈਨਾ ਨੇ ਆਪਣੇ ਆਪਰੇਸ਼ਨ ਸਿੰਦੂਰ ਦੇ ਨਾਲ ਇੱਕ ਵਾਰ ਇਹ ਦੱਸ ਦਿੱਤਾ ਹੈ ਕਿ ਅਸੀਂ ਅੰਦਰ ਘੁਸ ਕੇ ਵੀ ਮਾਰ ਸਕਦੇ ਹਾਂ, ਹਮਲਾ ਕਰ ਸਕਦੇ ਹਾਂ ਅਤੇ ਪਾਕਿਸਤਾਨ ਦੇ ਆਤੰਕਵਾਦੀਆਂ ਦੇ ਸਰਗਨਾ ਅਤੇ ਆਤੰਕਵਾਦੀਆਂ ਨੂੰ ਇਹ ਸਿੱਧਾ ਸੰਦੇਸ਼ ਦਿੱਤਾ ਗਿਆ ਹੈ।

ਅੱਜ ਪਾਕਿਸਤਾਨ ਦੇ ਅੰਦਰਲੀ ਆਂਤਰਿਕ ਹਾਲਤ ਵੀ ਬੇਹੱਦ ਬਗਾਵਤੀ ਸੁਰ ਵਿੱਚ ਹੈ, ਜਿਸ ਦਾ ਵਿਰੋਧ ਸਿੰਧ ਤੋਂ ਲੈ ਕੇ ਤੱਕ ਹੋ ਰਿਹਾ ਹੈ ਪਾਕਿਸਤਾਨ ਵਿੱਚ ਸਿੰਧ ਦੇ ਲੋਕਾਂ ਦਾ ਵਿਰੋਧ ਅਤੇ ਇਹਨਾਂ ਦਾ ਵਿਰੋਧ ਹੁਣ ਜਿਸ ਤਰ੍ਹਾਂ ਸਾਹਮਣੇ ਆਇਆ ਹੈ ਉਹ ਪਾਕਿਸਤਾਨ ਦੇ ਚੰਗੇ ਦਿਨਾਂ ਦੀ ਖੁਸ਼ਤਪਤੀ ਨਹੀਂ ਹੈ ।

ਆਉਣ ਵਾਲੇ ਦਿਨਾਂ ਦੇ ਵਿੱਚ ਮਕਬੂਜਾ ਕਸ਼ਮੀਰ, ਖ਼ੈਬਰ ਪਖਤੂਨਵਾ ਸਿੰਧ ਅਤੇ ਬਲੋਚਿਸਤਾਨ ਜਿਸ ਤਰ੍ਹਾਂ ਆਪਣੀ ਆਪਣੀ ਆਜ਼ਾਦੀ ਦੀ ਟੋਹ ਵਿੱਚ ਸੈਨਾ ਨੂੰ ਅੱਖਾਂ ਦਿਖਾ ਰਹੇ ਹਨ, ਉਹਦੇ ਨਾਲ ਪਾਕਿਸਤਾਨ ਕਈ ਟੁਕੜਿਆਂ ਵਿੱਚ ਟੁੱਟ ਸਕਦਾ ਹੈ ਤਾਂ ਫ਼ਿਰ ਕਿਤੇ ਨਾ ਕਿਤੇ ਆਤੰਕਵਾਦ ਦੀ ਸਮੱਸਿਆ ਦਾ ਹੱਲ ਨਿਕਲ ਸਕਦਾ ਹੈ ।

ਇਧਰ ਪੰਜਾਬ ਦੇ ਵਿੱਚ ਸਰਹੱਦੀ ਜ਼ਿਲ੍ਹਿਆਂ ਦੇ ਵਿੱਚ ਲੋਕਾਂ ਵਿੱਚ ਪੈਨਕੀ ਹੈ ਅਤੇ ਲੋਕਾਂ ਵਿੱਚ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ ਕਿ ਘਬਰਾਇਆ ਹੋਇਆ ਤੇ ਬੁਖਲਾਇਆ ਹੋਇਆ ਪਾਕਿਸਤਾਨ ਕੁੱਝ ਵੀ ਕਰ ਸਕਦਾ ਹੈ । ਭਾਰਤ ਦੀ ਜਵਾਬੀ ਕਾਰਵਾਈ ਦੇ ਵਿੱਚ ਜੋ ਸੈਟੇਲਾਈਟ ਤਸਵੀਰਾਂ ਦੇ ਨਾਲ ਦਿਖਾਇਆ ਜਾ ਰਿਹੈ, ਉਸ ਵਿੱਚ ਲਾਹੌਰ ਦਾ ਇਹ ਡਿਫੈਂਸ ਸਿਸਟਮ ਤਬਾਹ ਕਰਨ ਦਾ ਨਜ਼ਾਰਾ ਦਿਖਾਇਆ ਗਿਆ ਅਤੇ ਪਾਕਿਸਤਾਨ ਦੇ ਖ਼ਿਲਾਫ਼ ਐਸ 400 ਦਾ ਇਸਤੇਮਾਲ ਕੀਤਾ ਗਿਆ ਹੈ, ਇਸ ਤਰ੍ਹਾਂ ਦਾ ਏਅਰ ਡਿਫੈਂਸ ਮਿਜ਼ਾਇਲ ਸਿਸਟਮ ਦੇ ਮਿਜ਼ਾਇਲ ਤੇ ਰਾਕਟ 'ਤੇ ਵੀ ਵਾਰ ਕਰਦਾ ਹੈ। ਉਧਰ ਇਹ ਵੀ ਕਿਹਾ ਜਾ ਰਿਹਾ ਕਿ ਪਾਕਿਸਤਾਨ ਵੱਲੋਂ ਕੱਲ੍ਹ ਰਾਤ ਤੇ ਹੁਣ ਤੱਕ ਭਾਰਤ ਦੇ 15 ਸ਼ਹਿਰਾਂ 'ਤੇ ਹਮਲੇ ਕਰਨ ਦੀ ਕੋਸ਼ਿਸ਼ ਕੀਤੀ ਗਈ, ਜਿਸ ਨੂੰ ਭਾਰਤੀ ਫ਼ੌਜ ਵੱਲੋਂ ਨਾਕਾਮ ਕੀਤਾ ਗਿਆ ਹੈ ਅਤੇ ਭਾਰਤ ਨੇ ਉਹਨਾਂ ਦੇ ਡਰੋਨ ਮਿਜ਼ਾਇਲ ਸਿਸਟਮ 'ਤੇ ਪਲਟਵਾਰ ਕੀਤਾ ਹੈ। ਭਾਰਤ ਦੇ ਜਿਨ੍ਹਾਂ ਸ਼ਹਿਰਾਂ 'ਤੇ ਪਾਕਿਸਤਾਨ ਦੀ ਇਸ ਨਾਲ ਪਾਕ ਸ਼ਰਾਰਤ ਦਾ ਅਸਰ ਹੋਇਆ ਹੈ ਉਹਨਾਂ ਦੇ ਵਿੱਚ ਗੁਜਰਾਤ ਤੋਂ ਲੈ ਕੇ ਪੰਜਾਬ ਕਸ਼ਮੀਰ ਤੇ ਭਾਰਤ ਦੇ 15 ਟਿਕਾਣਿਆਂ 'ਤੇ ਹਮਲਿਆਂ ਦੀ ਕੋਸ਼ਿਸ਼ ਕੀਤੀ ਗਈ ਹੈ, ਜਿਨਾਂ ਵਿੱਚ ਪੰਜਾਬ ਦੇ ਅੰਮ੍ਰਿਤਸਰ ਗੁਰਦਾਸਪੁਰ ਤੇ ਭੁੱਜ ਤੱਕ ਦੇ ਇਲਾਕੇ ਸ਼ਾਮਲ ਹਨ । ਇਹ ਸਾਰਾ ਇਲਾਕਾ ਉਹ ਹੈ, ਜਿਹੜਾ ਪਾਕਿਸਤਾਨ ਦੇ ਬਾਰਡਰ ਦੇ ਨਾਲ ਨਾਲ ਦੇਖ ਮਿਲਦਾ ਹੈ । ਇੱਥੇ ਇਹ ਵੀ ਕਿਹਾ ਗਿਆ ਹੈ ਕਿ ਭਾਰਤ ਨੇ ਪਾਕਿਸਤਾਨ ਦੇ ਇਹਨਾਂ ਸਾਰੇ ਰਾਤ ਭਰ ਦੇ ਆਪਰੇਸ਼ਨ ਨੂੰ ਨਾਕਾਮ ਕਰ ਦਿੱਤਾ ਹੈ ।

ਹੁਣ ਇੱਕ ਗੱਲ ਸਾਫ਼ ਹੋ ਗਈ ਹੈ ਕਿ ਇਹ ਆਪਰੇਸ਼ਨ ਹਾਲੇ ਲਗਾਤਾਰ ਚਲੇਗਾ ਕਿਉਂਕਿ ਪਾਕਿਸਤਾਨ ਵੱਲੋਂ ਜੰਮੂ ਪਠਾਨਕੋਟ ਅਵੰਤੀਪੁਰਾ ਅੰਮ੍ਰਿਤਸਰ ਕਪੂਰਥਲਾ ਤੱਕ ਹਮਲੇ ਦੀ ਕੋਸ਼ਿਸ਼ ਕੀਤੀ ਗਈ ਹੈ । ਭਾਰਤ ਦੀ ਰੱਖਿਆ ਪ੍ਰਣਾਲੀ ਨੇ ਚੌਕੰਨੇ ਹੋ ਕੇ ਇਹਨਾਂ ਨੂੰ ਨਾਕਾਮ ਕੀਤਾ ਹੈ ਜਿਹੜੇ 15 ਸ਼ਹਿਰਾਂ ਦੀ ਲਿਸਟ ਪਾਕਿਸਤਾਨੀ ਹਮਲੇ ਦੇ ਵਾਸਤੇ ਆਈ ਹੈ, ਉਹਨਾਂ ਵਿੱਚ ਸ਼੍ਰੀਨਗਰ ਜੰਮੂ ਪਠਾਨਕੋਟ ਅੰਮ੍ਰਿਤਸਰ ਕਪੂਰਥਲਾ ਜਲੰਧਰ ਲੁਧਿਆਣਾ ਆਦਮਪੁਰ ਬਠਿੰਡਾ ਚੰਡੀਗੜ੍ਹ ਨਾਲ ਫਾਲੋਦੀ ਰਾਜਸਥਾਨ ਅਤੇ ਕੁੱਝ ਰਾਜ ਗੁਜਰਾਤ ਦਾ ਏਰੀਆ ਸ਼ਾਮਿਲ ਹੈ ਅਤੇ ਸਭ ਤੋਂ ਵੱਡੀ ਗੱਲ ਇਹ ਹੈ ਕਿ ਭਾਰਤ ਦੇ ਸਿਸਟਮ ਨੇ ਇਹ ਸਾਰੀਆਂ ਕੋਸ਼ਿਸ਼ਾਂ ਨਾਕਾਮ ਕਰ ਦਿੱਤੀਆਂ ਹਨ ।

ਆਉਣ ਵਾਲੇ ਦਿਨਾਂ ਦੇ ਵਿੱਚ ਅਤੇ ਅਗਲੀਆਂ ਕੁੱਝ ਰਾਤਾਂ ਦੇ ਵਿੱਚ ਭਾਰਤ ਪਾਕਿਸਤਾਨ ਦਾ ਇਹ ਦਵੰਦ ਅਤੇ ਮਿਲਟਰੀ ਐਕਸ਼ਨ ਵੱਧ ਸਕਦਾ ਹੈ ਕਿਉਂਕਿ ਹੁਣ ਸਿੱਧਾ ਲੜਾਈ ਦਾ ਅਸਲ ਰੂਪ ਦੇਖਿਆ ਜਾ ਰਿਹਾ ਹੈ, ਹਾਲਾਂਕਿ ਭਾਰਤ ਦੀ ਇਹ ਕੋਸ਼ਿਸ਼ ਹੈ ਕਿ ਉਹ ਪਹਿਲਾਂ ਹਮਲਾ ਨਹੀਂ ਕਰੇਗਾ ਪ੍ਰੰਤੂ ਜੋ ਕੁਝ ਪਾਕਿਸਤਾਨ ਕਰ ਰਿਹਾ, ਉਸ ਦੀ ਜਵਾਬੀ ਕਾਰਵਾਈ ਦਾ ਸਖ਼ਤ ਕਿਸਮ ਦਾ ਜਵਾਬ ਦਿੱਤਾ ਜਾਏਗਾ ।ਆਉਣ ਵਾਲੇ ਦਿਨ ਆਉਣ ਵਾਲਾ ਸਮਾਂ ਇਸ ਰਾਤ ਭਰ ਚੱਲੇ ਆਪਰੇਸ਼ਨ ਤੋਂ ਬਾਅਦ ਕੋਈ ਅਮਨ ਦੀ ਖਬਰ ਨਹੀਂ ਲਿਆਉਂਦਾ ਹੈ ਹਾਲਾਂਕਿ ਆਉਣ ਵਾਲੇ ਦਿਨਾਂ ਦੇ ਵਿੱਚ ਇਹ ਪਾਕਿਸਤਾਨ ਦੇ ਹਮਲੇ ਦੀ ਕਾਰਵਾਈ ਦੀ ਜਵਾਬੀ ਕਾਰਵਾਈ ਹੈ ਜਿਸ ਨੂੰ ਭਾਰਤ ਨੇ ਬਾਰ ਬਾਰ ਕਿਹਾ ਹੈ ਪ੍ਰੰਤੂ ਇਹ ਪੂਰਾ ਯੁੱਧ ਆਉਣ ਵਾਲੇ ਦਿਨਾਂ ਦੇ ਵਿੱਚ ਇੱਕ ਮੁਕੰਮਲ ਜੰਗ ਵਿੱਚ ਬਦਲ ਜਾਏ ਤਾਂ ਕੋਈ ਕਾਰਨ ਨਹੀਂ ਹੈ ।ਹੁਣ ਭਾਰਤ ਦੀ ਤੇ ਭਾਰਤ ਸਰਕਾਰ ਦੀ ਇਹ ਕੋਸ਼ਿਸ਼ ਹੈ ਕਿ ਇਸ ਨੂੰ ਜੰਗ ਦਾ ਰੂਪ ਨਾ ਦਿੱਤਾ ਜਾਵੇ । ਉਹ ਸਿਰਫ਼ ਉਹਨਾਂ ਦੇ ਉੱਤੇ ਜਵਾਬੀ ਕਾਰਵਾਈ ਹੀ ਕਰ ਰਹੇ ਹਨ ਪ੍ਰੰਤੂ ਇਹ ਗੱਲ ਸਾਫ਼ ਹੈ ਕਿ ਜੇਕਰ ਪਾਕਿਸਤਾਨ ਆਪਣੀਆਂ ਹਰਕਤਾਂ ਤੋਂ ਬਾਜ਼ ਨਹੀਂ ਆਉਂਦਾ ਹੈ ਤਾਂ ਫ਼ਿਰ ਜੰਗ ਲਾਜ਼ਿਮ ਹੋ ਜਾਂਦੀ ਹੈ ਤੇ ਜਿਸ ਦੇ ਲਈ ਭਾਰਤ ਭਾਰਤੀ ਜਨਤਾ ਤੇ ਭਾਰਤੀ ਫ਼ੌਜ ਬਿਲਕੁਲ ਤਿਆਰ ਹੈ।

# ਵਾਹ ! ਸਦਕੇ ਜਾਈਏ ਭਾਈ ਘਨੱਈਆ ਜੀ ਦੇ ਵਾਰਸੋ !

ਕਮਲਜੀਤ ਸਿੰਘ ਬਨਵੈਤ
98147 34035



ਮੁਲਕ ਜਾਂ ਸੰਸਾਰ ਉੱਤੇ ਜਦੋਂ ਜਦੋਂ ਵੀ ਕੋਈ ਆਫ਼ਤ ਆਈ ਹੈ ਤਾਂ ਸਿੱਖ ਕੌਮ ਦਾ ਰੋਲ ਅਹਿਮ ਰਿਹਾ ਹੈ । ਸਿੱਖ ਇੱਕ ਮਾਰਸ਼ਲ ਕੌਮ ਹੈ । ਸੁਭਾਅ ਦੇ ਖਾੜਕੂ ਹਨ ਪਰ ਮਾਨਵਤਾ ਪੱਖੋਂ ਇਹਨਾਂ ਦਾ ਕੋਈ ਮੁਕਾਬਲਾ ਨਹੀਂ। ਭਾਈ ਘਨੱਈਆ ਦੇ ਵਾਰਸ ਅੰਦਰੋਂ ਦਲੇਰ ਹਨ। ਉਹ ਭਾਈ ਘਨੱਈਆ ਜਿਹੜੇ ਲੜਾਈ ਵਿੱਚ ਦੁਸ਼ਮਣਾਂ ਨੂੰ ਵੀ ਸੰਭਾਲਦੇ ਰਹੇ ਸਨ। ਕੋਵਿਡ ਵੇਲੇ ਸਿੱਖਾਂ ਨੇ ਜਿਵੇਂ ਤਨ, ਮਨ ਅਤੇ ਧਨ ਨਾਲ ਸੇਵਾ ਕੀਤੀ ਸੀ, ਉਸ ਨੇ ਕੌਮ ਦਾ ਨਾਂ ਵਿਸ਼ਵ ਭਰ ਵਿੱਚ ਉੱਚਾ ਕੀਤਾ ਹੈ।ਪਾਕਿਸਤਾਨ ਨਾਲ ਹੋਈਆਂ ਪਹਿਲਾਂ ਜੰਗਾਂ ਦੌਰਾਨ ਸਿੱਖਾਂ ਨੇ ਬਾਰਡਰ 'ਤੇ ਜਾ ਕੇ ਆਪਣੀ ਜਾਨ ਦੀ ਪਰਵਾਹ ਨਾ ਕਰਦਿਆਂ ਵਰਦਿਆਂ ਗੋਲਿਆਂ ਵਿੱਚ ਫ਼ੌਜੀਆਂ ਲਈ ਲੰਗਰ ਲਾ ਦਿੱਤੇ ਸਨ । ਬੱਸ ਇਹ ਬੇਇਨਸਾਫ਼ੀ ਨਹੀਂ ਸਹਾਰਦੇ। ਇਹਨਾਂ ਨਾਲ ਹੋਵੇ ਜਾਂ ਦੂਜਿਆਂ ਨਾਲ । ਦਸਮ ਪਾਤਸ਼ਾਹ ਦਾ ਸੁਨੇਹਾ ਇਹਨਾਂ ਨੂੰ ਹਾਲੇ ਤੱਕ ਨਹੀਂ ਭੁੱਲਿਆ ਕਿ ਜੇ ਜ਼ੁਲਮ ਕਰਨਾ ਪਾਪ ਹੈ ਤਾਂ ਜ਼ੁਲਮ ਸਹਿਣਾ ਵੀ ਪਾਪ ਹੈ।ਦੇਸ਼ ਦੀ ਆਜ਼ਾਦੀ ਵੇਲੇ ਇਹਨਾਂ ਵੱਲੋਂ ਕੁਰਬਾਨੀ ਦੇਣ ਵਿੱਚ ਪਾਏ 80 ਫ਼ੀਸਦੀ ਹਿੱਸੇ ਨੂੰ ਕੌਣ ਭੁੱਲ ਸਕਦਾ ਹੈ । ਕਿਸਦੀ ਹਿੰਮਤ ਹੈ ਸਿੱਖਾਂ ਦਾ ਕਰਜ਼ਾ ਚੁਕਾਉਣ ਦੀ । ਬਸ ਇੰਨਾ ਕਾਫ਼ੀ ਹੋਵੇਗਾ ਜੇ ਹਾਕਮ ਇਹਨਾਂ ਵੱਲ ਨੂੰ ਟੇਡੀ ਅੱਖ ਨਾਲ ਦੇਖਣਾ ਛੱਡ ਦੇਣ।

ਹੁਣ ਜਦੋਂ ਭਾਰਤ ਅਤੇ ਪਾਕਿਸਤਾਨ ਦਰਮਿਆਨ ਇੱਕ ਕਿਸਮ ਦੀ ਜੰਗ ਛਿੜੀ ਹੈ ਤਾਂ ਸਿੱਖ ਕੌਮ ਦੀ ਪ੍ਰਤੀਨਿੱਧ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਰਹੱਦੀ ਇਲਾਕਿਆਂ ਵਿੱਚੋਂ ਉਠਾਏ ਜਾ ਰਹੇ ਲੋਕਾਂ ਦੇ ਰਹਿਣ ਲਈ ਸਰਾਵਾਂ ਦੇਣ ਅਤੇ ਲੰਗਰ ਲਈ ਆਪਣੇ ਦਰਵਾਜ਼ੇ ਖੋਲ੍ਹ ਦਿੱਤੇ ਹਨ । ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਰਹੱਦੀ ਖੇਤਰਾਂ ਵਾਲੇ ਇਤਿਹਾਸਿਕ ਗੁਰਦੁਆਰਾ ਸਾਹਿਬਾਨ ਅੰਦਰ ਅਜਿਹੇ ਲੋਕਾਂ ਲਈ ਸਰਾਵਾਂ ਰਾਖਵੀਆਂ ਰੱਖਣ ਅਤੇ ਲੰਗਰ ਦੇ ਪ੍ਰਬੰਧ ਕਰਨ ਦੇ ਆਦੇਸ਼ ਦਿੱਤੇ ਹਨ । ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਵੱਖ-ਵੱਖ ਗੁਰਦੁਆਰਿਆਂ ਦੇ ਪ੍ਰਬੰਧਕਾਂ ਨੂੰ ਲਿਖਤੀ ਪੱਤਰ ਲਿਖ ਕੇ ਆਦੇਸ਼ ਜਾਰੀ ਕੀਤੇ ਹਨ । ਗੁਰਦੁਆਰਾ ਸ੍ਰੀ ਬਾਰਠ ਸਾਹਿਬ ਪਠਾਨਕੋਟ, ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਗੁਰਦਾਸਪੁਰ, ਗੁਰਦੁਆਰਾ ਬਾਬਾ ਬੁੱਢਾ ਸਾਹਿਬ ਜੀ ਰਾਮਦਾਸ ਅੰਮ੍ਰਿਤਸਰ, ਗੁਰਦੁਆਰਾ ਗੁਰੂਸਰ ਸਤਲਾਣੀ ਸਾਹਿਬ ਪਾਤਸ਼ਾਹੀ ਛੇਵੀਂ ਹੁਸ਼ਿਆਰ ਨਗਰ ਅੰਮ੍ਰਿਤਸਰ, ਗੁਰਦੁਆਰਾ ਬਾਬਾ ਬੀਰ ਸਿੰਘ ਜੀ ਪਿੰਡ ਰੱਤੋ ਕੇ ਤਰਨ ਤਾਰਨ, ਗੁਰਦੁਆਰਾ ਭਾਈ ਤਾਰਾ ਸਿੰਘ ਸ਼ਹੀਦ ਪਿੰਡ ਵਾਂ ਤਰਨ ਤਾਰਨ, ਗੁਰਦੁਆਰਾ ਜਾਮਨੀ ਸਾਹਿਬ ਪਾਤਸ਼ਾਹੀ ਦਸਵੀਂ ਵਜ਼ੀਦਪੁਰ ਫਿਰੋਜ਼ਪੁਰ, ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ, ਗੁਰਦੁਆਰਾ ਬੀੜ ਬਾਬਾ ਬੁੱਢਾ ਜੀ ਠੱਠਾ ਤਰਨਤਾਰਨ, ਗੁਰਦੁਆਰਾ ਬਾਬਾ ਬੁੱਢਾ ਜੀ ਤੇਜਾ ਕਲਾਂ ਗੁਰਦਾਸਪੁਰ, ਗੁਰਦੁਆਰਾ ਸੰਨ ਸਾਹਿਬ ਪਿੰਡ ਬਾਸਰਕੇ ਗਿੱਲਾਂ ਅੰਮ੍ਰਿਤਸਰ ਅਤੇ ਗੁਰਦੁਆਰਾ ਪਾਤਸ਼ਾਹੀ ਛੇਵੀਂ ਤੇ ਨੌਵੀਂ ਗੁਰੂ ਕਾ ਬਾਗ ਘੁੱਕੇ ਵਾਲੀ ਅੰਮ੍ਰਿਤਸਰ ਵਿਖੇ ਸਰਹੱਦੀ ਖੇਤਰ ਤੋਂ ਉੱਠ ਕੇ ਆਉਣ ਵਾਲੇ ਲੋਕਾਂ ਲਈ ਰਹਿਣ ਅਤੇ ਲੰਗਰ ਦਾ ਪ੍ਰਬੰਧ ਕਰ ਦਿੱਤਾ ਗਿਆ ਹੈ।

ਦੂਜੇ ਬੰਨੇ ਜੰਗ ਵਰਗੇ ਹਾਲਾਤ ਬਣੇ ਹੋਏ ਹਨ ਪਰ ਸਰਹੱਦੀ ਲੋਕਾਂ ਦੇ ਆਪਣੇ ਹੌਸਲੇ ਵੀ ਤਾਂ ਬੁਲੰਦ ਹਨ । ਉਹ ਪਿੱਛੇ ਹਟਣ ਦੀ ਥਾਂ ਫ਼ੌਜ ਦਾ ਸਾਥ ਦੇਣ ਦੀ ਤਿਆਰੀ ਵਿੱਚ ਹਨ । ਭਾਰਤ ਵੱਲੋਂ ਪਾਕਿਸਤਾਨ ਨੂੰ ਅੱਤਵਾਦੀ ਗਤੀਵਿਧੀਆਂ ਰੋਕਣ ਲਈ ਦਿੱਤੇ ਮੂੰਹ ਤੋੜਵੇਂ ਜਵਾਬ ਤੋਂ ਉਹ ਖੁਸ਼ ਹਨ। ਉਹਨਾਂ ਦੇ ਚਿਹਰਿਆਂ 'ਤੇ ਜੰਗ ਦਾ ਡਰ ਦਿਖਾਈ ਨਹੀਂ ਦਿੰਦਾ ਹੈ । ਜ਼ਿਆਦਾਤਰ ਅਜਿਹੇ ਹਨ ਜਿਹੜੇ ਆਪਣੇ ਬੱਚੇ ਅਤੇ ਸਾਜ਼ੋ ਸਮਾਨ ਨੂੰ ਪਿੱਛੇ ਰਿਸ਼ਤੇਦਾਰਾਂ ਕੋਲ ਛੱਡ ਕੇ ਆਪ ਮੁੜ ਉੱਥੇ ਜਾ ਡੱਟੇ ਹਨ ।

ਡੇਰਾ ਬਾਬਾ ਨਾਨਕ ਲੱਗਦੇ ਕਈ ਸਰਹੱਦੀ ਪਿੰਡਾਂ ਦੇ ਲੋਕਾਂ ਕਹਿਣਾ ਹੈ ਕਿ ਉਹਨਾਂ ਨੇ 1965 ਅਤੇ 1971 ਦੀਆਂ ਜੰਗਾਂ ਦਾ ਸੰਤਾਪ ਆਪਣੇ ਪਿੰਡੇ ਉੱਤੇ ਹੰਢਾਇਆ ਹੈ । ਉਹ ਆਪਣੇ ਨਿੱਤ ਮਰਾ ਦੇ ਕੰਮ ਪਹਿਲਾਂ ਦੀ ਤਰ੍ਹਾਂ ਕਰਦੇ ਦਿਸ ਰਹੇ ਹਨ । ਜ਼ਿਆਦਾਤਰ ਦਾ ਇਹ ਕਹਿਣਾ ਹੈ ਕਿ ਇਸ ਵਾਰ ਵੀ ਆਪਣੇ



ਘਰ ਖ਼ਾਲੀ ਕਰਕੇ ਪਿੱਛੇ ਨਹੀਂ ਜਾਣਗੇ ਅਤੇ ਉਹ ਪਰਿਵਾਰਾਂ ਸਮੇਤ ਇੱਥੇ ਰਹਿ ਕੇ ਭਾਰਤੀ ਫੌਜ ਦਾ ਸਾਥ ਦੇਣਗੇ ਅਤੇ ਦੇਸ਼ ਦੀ ਸੇਵਾ ਵਿੱਚ ਹਿੱਸਾ ਪਾਉਣਗੇ । ਕਈ ਪਿੰਡਾਂ ਨੇ ਸਕੂਲਾਂ ਨੂੰ ਆਰਜੀ ਤੌਰ 'ਤੇ ਸ਼ੈਲਟਰ ਬਣਾ ਲਿਆ ਹੈ । ਇੱਕ ਹੋਰ ਜਾਣਕਾਰੀ ਤੋਂ ਇਹ ਵੀ ਸਾਹਮਣੇ ਆਇਆ ਹੈ ਕਿ ਬੀਐਸਐਫ ਨੇ ਕੰਡਿਆਲੀ ਤਾਰ ਦੇ ਗੇਟ ਪੱਕੇ ਤੌਰ 'ਤੇ ਬੰਦ ਕਰ ਦਿੱਤੇ ਹਨ । ਜਿਸ ਨਾਲ ਕੰਡਿਆਲੀ ਤਾਰ ਤੋਂ ਪਾਰਲੀਮੈਂਟ ਜ਼ਮੀਨਾਂ ਜਿਹਨਾਂ ਵਿੱਚੋਂ ਅਜੇ ਕਿਸਾਨਾਂ ਨੇ ਧੂੜੀ ਬਣਾਉਣੀ ਸੀ, ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸਰਹੱਦੀ ਪਿੰਡ ਥੇ ਕਲਾਂ ਦੇ ਗੁਰਦੁਆਰਾ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਰੂਪ ਗੁਰਦੁਆਰਾ ਜਨਮ ਸਥਾਨ ਬਾਬਾ ਸ਼ਹੀਦ ਦੀਪ ਸਿੰਘ ਜੀ ਪਹੂਵਿੰਡ ਵਿਖੇ ਪਹੁੰਚਾ ਦਿੱਤੇ ਗਏ ਹਨ । ਅਜਿਹੇ ਪੰਜਾਬੀਆਂ ਦੇ ਜਜ਼ਬੇ ਨੂੰ ਸਲਾਮ । ਬੁੱਧਵਾਰ ਨੂੰ ਪਾਕਿਸਤਾਨ ਦੇ ਇੱਕ ਗੁਰਦੁਆਰਾ ਸਾਹਿਬ ਉੱਤੇ ਹਮਲਾ ਹੋਣ ਨਾਲ ਤਿੰਨ ਸਿੱਖਾਂ ਦੇ ਮਾਰੇ ਜਾਣ ਦੀ ਖ਼ਬਰ ਜੰਗਲ ਦੀ ਅੱਗ ਦੀ ਤਰ੍ਹਾਂ ਫੈਲ ਗਈ ਸੀ। ਸਿੱਖਾਂ ਵਿੱਚ ਰੋਹ ਜਾਗ ਪਿਆ ਸੀ ਕਿ ਪਾਕਿਸਤਾਨ ਵੱਲੋਂ ਉਨ੍ਹਾਂ ਦੇ ਧਾਰਮਿਕ ਅਸਥਾਨ ਨੂੰ ਬਿਨਾਂ ਵਜ੍ਹਾ ਨਿਸ਼ਾਨਾ ਬਣਾਇਆ ਗਿਆ ਹੈ। ਉਹਨਾਂ ਦਾ ਹਿਰਦਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਨੂੰ ਲੈ ਕੇ ਤੜਫ ਉੱਠਿਆ ਸੀ ਪਰ ਛੇਤੀ ਹੀ ਇਹ ਪੁਸ਼ਟੀ ਹੋ ਗਈ ਕਿ ਉਹਨਾਂ ਦੇ ਘਰਾਂ ਵਿੱਚ ਬੰਬਾਂ ਦੇ ਸ਼ੈਲ ਡਿੱਗਣ ਨਾਲ ਘਟਨਾ ਵਾਪਰੀ ਹੈ। ਇੱਕ ਬਦਕਿਸਮਤ ਖ਼ਬਰ ਇਹ ਹੈ ਕਿ ਕੇਂਦਰੀ ਗ੍ਰਹਿ ਮੰਤਰਾਲੇ ਦੀ ਇਮੀਗ੍ਰੇਸ਼ਨ ਬਿਊਰੋ ਨੇ ਅਗਲੇ ਹੁਕਮਾਂ ਤੱਕ ਕਰਤਾਰਪੁਰ ਲਾਂਘਾ ਬੰਦ ਕਰ ਦਿੱਤਾ ਹੈ, ਜਿਸ ਦੇ ਚਲਦਿਆਂ 150 ਸ਼ਰਾਲੂਆਂ ਨੂੰ ਸਵੇਰੇ ਡੇਢ ਘੰਟੇ ਦੀ ਉਡੀਕ ਮਗਰੋਂ ਵਾਪਸ ਮੁੜਨਾ ਪਿਆ। ਪਤਾ ਲੱਗਾ ਹੈ ਕਿ ਜਦੋਂ ਤੱਕ ਹਾਲਾਤ ਠੀਕ ਨਹੀਂ ਹੋਣਗੇ ਤਦ ਤੱਕ ਪਾਕਿਸਤਾਨ ਵੱਲੋਂ ਗੇਟ ਖੋਲ੍ਹੇ ਨਹੀਂ ਜਾਣਗੇ ਅਤੇ ਉਦੋਂ ਤੱਕ ਸ਼੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਉੱਤੇ ਰੋਕ ਲੱਗੀ ਰਹੇਗੀ। ਭਾਰਤ ਸਰਕਾਰ ਦੇ ਆਪਰੇਸ਼ਨ ਸਿੰਦੂਰ ਤਹਿਤ 25 ਮਿੰਟਾਂ ਵਿੱਚ 24 ਮਿਜ਼ਾਈਲਾਂ ਨੇ ਨੌ ਅੱਤਵਾਦੀ ਟਿਕਾਣੇ ਤਬਾਹ ਕਰ ਦਿੱਤੇ ਸਨ। ਵਧੀਆ ਗੱਲ ਇਹ ਕਿ ਕਿਸੇ ਵੀ ਫੌਜੀ ਜਾਂ ਗੈਰ ਫੌਜੀ ਅਦਾਰੇ ਨੂੰ ਨਿਸ਼ਾਨਾ ਨਹੀਂ ਬਣਾਇਆ ਗਿਆ ਹੈ । ਜੈਸ਼ ਇਹ ਮੁਹੰਮਦ ਤੇ ਲਸ਼ਕਰ ਦੇ ਹੈਡਕੁਆਰਟਰ ਤਬਾਹ ਕੀਤੇ ਗਏ ਹਨ। ਲਸ਼ਕਰ ਸਰਗਣਾ ਮਸੂਦ ਅਜ਼ਹਰ ਦੇ ਪਰਿਵਾਰ ਦੇ ਦੱਸ ਜੀਆਂ ਸਣੇ 30 ਲੋਕ ਮਾਰੇ ਗਏ ਹਨ।

ਅਸਲ ਵਿੱਚ ਭਾਰਤ ਪਿਛਲੇ 17 ਸਾਲਾਂ ਤੋਂ ਤਪਦਾ ਆ ਰਿਹਾ ਸੀ, ਜਿਸ ਦਾ ਹਿਸਾਬ 25 ਮਿੰਟ ਵਿੱਚ ਲਿਆ ਗਿਆ ਹੈ । ਪਤਾ ਲੱਗਾ ਹੈ ਕਿ ਆਪਰੇਸ਼ਨ ਸਿੰਦੂਰ ਦਾ ਨਾਂ ਹੁਣ ਕਿਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਦਿੱਤਾ ਗਿਆ ਹੈ । ਰੱਖਿਆ ਮੰਤਰਾਲੇ ਦੀ ਉੱਚ ਮੀਟਿੰਗ ਵਿੱਚ ਅਪਰੇਸ਼ਨ ਮੰਗਲ ਸੂਤਰ ਰੱਖਣ ਦੀ ਵੀ ਗੱਲ ਚੱਲੀ ਸੀ ਪਰ ਪ੍ਰਧਾਨ ਮੰਤਰੀ ਮੋਦੀ ਆਪਰੇਸ਼ਨ ਸਿੰਦੂਰ 'ਤੇ ਅੜੇ ਰਹੇ । ਇਸੇ ਕਰਕੇ ਆਪਰੇਸ਼ਨ ਵਿੱਚ ਦੋ ਮਹਿਲਾ ਅਫਸਰਾਂ ਨੂੰ ਵੀ ਅਹਿਮ ਭੂਮਿਕਾ ਦਿੱਤੀ ਗਈ ਸੀ। ਇਸ ਤੋਂ ਭੁੱਲਿਆ ਹੋਇਆ ਹੈ ਕਿ 2008 ਦੇ ਮੁੰਬਈ ਹਮਲੇ ਦੌਰਾਨ ਕਵਿਤਾ ਕਰਕਰੇ ਵਿਧਵਾ ਹੋ ਗਈ ਸੀ । ਸਾਲ 2016 ਦੇ ਪਠਾਨਕੋਟ ਹਮਲੇ ਵਿੱਚ ਸ਼ਹੀਦ ਹਵਾਲਦਾਰ ਸੰਜੀਵਨ ਸਿੰਘ ਰਾਣਾ ਦੀ ਪਤਨੀ ਪਿੰਕੀ ਦੇਵੀ ਦਾ ਸੁਹਾਗ ਵੀ ਲੁੱਟਿਆ ਗਿਆ ਸੀ । ਉਸੇ ਸਾਲ ਕੁੜੀ ਹਮਲੇ ਵਿੱਚ ਡੋਗਰਾ ਰੈਜ਼ੀਮੈਂਟ ਦੇ ਸ਼ਹੀਦ ਰਵੀ ਪਾਲ ਦੀ ਪਤਨੀ ਗੀਤਾ ਦੀ ਦੁਨੀਆ ਵੀ ਉਜੜ ਗਈ ਸੀ । 2019 ਦੇ ਪੁਲਵਾਮਾ ਹਮਲੇ ਵਿੱਚ ਨਿਤਕਾ ਦਾ ਫੌਜੀ ਪਤੀ ਮੇਜਰ ਡਡਿਆਲ ਮਾਰਿਆ ਗਿਆ ਸੀ ਅਤੇ ਉਹ ਹੁਣ ਬਦਲਾ ਲੈਣ ਲਈ ਆਪ ਫੌਜ ਵਿੱਚ ਡਟੀ ਹੋਈ ਹੈ । ਰਾਜੌਰੀ ਵਿੱਚ 2003 ਨੂੰ ਹਮਲਾ ਹੋਇਆ ਜਿੱਥੇ ਚਾਰ ਲੋਕਾਂ ਦੀ ਹੱਤਿਆ ਹੋਈ। ਉਸੇ ਸਾਲ ਪਛਮਲੇ ਵਿੱਚ ਸ਼ਹੀਦ ਸਿਪਾਹੀ ਹਰਕ੍ਰਿਸ਼ਨ ਦੀ ਪਤਨੀ ਵਿਧਵਾ ਹੋ ਗਈ ਅਤੇ ਡੇਢ ਸਾਲ ਦੀ ਬੱਚੀ ਦੇ ਸਿਰ ਤੋਂ ਬਾਪ ਦਾ ਸਾਇਆ ਉੱਠ ਗਿਆ ਸੀ। ਉਸ ਤੋਂ ਇੱਕ ਸਾਲ ਬਾਅਦ ਗਾਂਦਰ ਵੱਲ ਵਿੱਚ ਹਮਲੇ ਦੌਰਾਨ ਆਰਕੀਟੈਕਟ ਸ਼ਸ਼ੀ ਭੂਸ਼ਣ ਦੀ ਪਤਨੀ ਦਾ ਸੁਹਾਗ ਲੁੱਟਿਆ ਗਿਆ । ਇਸੇ ਸਾਲ ਕਠੂਆ ਹਮਲੇ ਵਿੱਚ ਸ਼ਹੀਦ ਕਾਂਸਟੇਬਲ ਜਸਵੰਤ ਸਿੰਘ ਦੀ ਮਾਂ ਦੇ ਤਰਲੇ ਦੇਖੇ ਨਹੀਂ ਸੀ ਜਾਂਦੇ। ਪਹਿਲਗਾਮ ਹਮਲੇ ਵਿੱਚ ਮਾਰੇ ਗਏ ਵਿਨੇ ਦੇ ਵਿਆਹ ਨੂੰ ਅਜੇ ਛੇ ਦਿਨ ਹੋਏ ਸਨ । ਇੱਕ ਹੋਰ ਦੇ ਹੱਥਾਂ ਉੱਤੇ ਹਾਲੇ ਦੋ ਮਹੀਨੇ ਪਹਿਲਾਂ ਹੀ ਮਹਿੰਦੀ ਸੱਜੀ ਸੀ। ਕੁਦਰਤ ਦਾ ਕੌਤਕ ਕਹੀਏ ਕਿ ਇੱਕ ਸੈਲਾਨੀ ਨੂੰ ਜਦੋਂ ਗੋਲੀ ਵੱਜੀ ਤਾਂ ਉਹ ਜਾ ਕੇ ਆਪਣੀ ਪਤਨੀ ਦੀ ਗੋਦੀ ਵਿੱਚ ਲੇਟ ਗਿਆ ਸੀ।

ਅੱਤਵਾਦੀਆਂ ਨੇ ਧਰਮ ਪੁੱਛ ਕੇ ਗੋਲੀਆਂ ਮਾਰੀਆਂ ਸਨ । ਭਾਰਤੀ ਫੌਜੀਆਂ ਨੇ ਧਰਮ ਨਹੀਂ ਪੁੱਛਿਆ ਸਗੋਂ ਪਹਿਲਾ ਦੇਸ਼ ਧਰਮ ਪਰਗਾਇਆ ਹੈ। ਫੌਜੀਆਂ ਲਈ ਪਹਿਲਾ ਧਰਮ ਸਮਾਜ ਹੈ, ਜਿਸ ਨੂੰ ਮਿਲ ਕੇ ਦੇਸ਼ ਬਣਦਾ ਹੈ। ਪਰਿਵਾਰ ਤੋਂ ਹੀ ਸਮਾਜ ਦੀ ਰਚਨਾ ਹੁੰਦੀ ਹੈ। ਮਾਂ ਜਿਸ ਨੇ ਮਨੁੱਖਤਾ ਨੂੰ ਜਨਮ ਦਿੱਤਾ ਹੈ। ਸਾਡੀਆਂ ਮਾਵਾਂ ਧੀਆਂ ਭੈਣਾਂ ਦਾ ਸਿੰਦੂਰ ਦੇਸ਼ ਦੀ ਆਨ ਸ਼ਾਨ ਤੇ ਲਾਜ ਹੈ । ਮਹਿਲਾ ਅਫਸਰ ਕਰਨਲ ਸੋਫੀਆ ਕੁਰੈਸ਼ੀ ਅਤੇ ਵਿੰਗ ਕਮਾਂਡਰ ਵਾਮਿਕਾ ਸਿੰਘ, ਜਿਨ੍ਹਾਂ ਨੇ ਅਪਰੇਸ਼ਨ ਸਿੰਦੂਰ ਵਿੱਚ ਅਹਿਮ ਭੂਮਿਕਾ ਨਿਭਾਈ ਸੀ, ਨਾਲੋਂ ਵੱਧ ਸਿੰਦੂਰ ਦੀ ਛੂਹ ਨੂੰ ਕੌਣ ਜਾਣ ਸਕਦਾ ਹੈ । ਪੰਜਾਬੀਆਂ ਵਿਸ਼ੇਸ਼ ਕਰਕੇ ਸਿੱਖਾਂ ਨੇ ਦੇਸ਼ ਲਈ ਅਣਗਿਣਤ ਕੁਰਬਾਨੀਆਂ ਦਿੱਤੀਆਂ ਹਨ । ਆਪਣੀ ਜਾਨ ਦੀ ਪਰਵਾਹ ਨਹੀਂ ਕੀਤੀ । ਆਜ਼ਾਦੀ ਦੇ 78 ਸਾਲਾਂ ਬਾਅਦ ਵੀ ਸਮੇਂ ਦੇ ਹਾਕਮਾਂ ਦੀ ਸਿੱਖਾਂ ਵੱਲ ਨੂੰ ਅੱਖ ਸਵੱਲੀ ਨਹੀਂ ਹੋਈ ਹੈ । ਰੱਬ ਸਭ ਦਾ ਭਲਾ ਕਰੇ।

## ਬਰਸੀ 'ਤੇ ਵਿਸ਼ੇਸ਼

# ਗ਼ਦਰ ਲਹਿਰ ਦੇ ਪ੍ਰਮੁੱਖ ਆਗੂ-ਬਾਬਾ ਜਵਾਲਾ ਸਿੰਘ ਨੂੰ ਯਾਦ ਕਰਦਿਆਂ



ਭਗਵਾਨ ਸਿੰਘ ਜੌਹਲ
ਮੋ. 98143-24040

ਦੇਸ਼ ਦੀ ਅਜ਼ਾਦੀ ਲਈ ਚੱਲੀਆਂ ਲਹਿਰਾਂ ਵਿੱਚੋਂ ਪ੍ਰਮੁੱਖ ਲਹਿਰ ਗ਼ਦਰ ਲਹਿਰ ਹੈ । ਇਸ ਲਹਿਰ ਨੇ ਅਨੇਕਾਂ ਕ੍ਰਾਂਤੀਕਾਰੀ ਸੂਰਬੀਰਾਂ ਨੂੰ ਜਨਮ ਦਿੱਤਾ । ਜਿਨ੍ਹਾਂ ਜਾਨ ਜੋਖਮ ਵਿੱਚ ਪਾ ਕੇ ਕੁਰਬਾਨੀਆਂ ਦੀ ਝੜੀ ਲਾ ਦਿੱਤੀ । ਇਸ ਲਹਿਰ ਦੇ ਦਿਮਾਗ ਸਮਝੇ ਜਾਣ ਵਾਲੇ ਪ੍ਰਮੁੱਖ ਆਗੂਆਂ ਵਿੱਚੋਂ ਇਕ ਸਨ ਬਾਬਾ ਜਵਾਲਾ ਸਿੰਘ ਠੱਠੀਆਂ । ਇਸ ਬਹਾਦਰ ਗ਼ਦਰੀ ਬਾਬੇ ਨੂੰ ਇਸ ਲਹਿਰ ਦਾ ਦਿਮਾਗ ਕਿਹਾ ਜਾਂਦਾ ਸੀ । ਬਾਬਾ ਜਵਾਲਾ ਸਿੰਘ ਦਾ ਜਨਮ 1866 ਈ: ਵਿੱਚ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਠੱਠੀਆਂ ਵਿਖੇ ਸ: ਕਨ੍ਹਈਆ ਸਿੰਘ ਦੇ ਗ੍ਰਹਿ ਵਿਖੇ ਹੋਇਆ । ਤੰਗੀਆਂ ਤੁਰਸ਼ੀਆਂ ਵਾਲੇ ਜੀਵਨ ਤੋਂ ਛੁਟਕਾਰਾ ਪਾਉਣ ਲਈ ਵੱਡੇ ਸੁਪਨਿਆਂ ਨੂੰ ਸਾਕਾਰ ਕਰਨ ਲਈ 40 ਕੁ ਸਾਲ ਦੀ ਉਮਰ ਵਿੱਚ ਘਰ ਛੱਡ ਕੇ ਵਿਦੇਸ਼ ਵੱਲ ਨੂੰ ਚੱਲ ਪਿਆ । ਚੀਨ, ਪਨਾਮਾ ਅਤੇ ਮੈਕਸੀਕੋ ਹੁੰਦਾ ਹੋਇਆ 1908 ਈ: ਵਿੱਚ ਕੈਲੇਫੋਰਨੀਆਂ (ਅਮਰੀਕਾ) ਪਹੁੰਚ ਗਿਆ । ਇਥੇ ਪਹੁੰਚ ਕੇ ਇਨ੍ਹਾਂ ਦਾ ਮਿਲਾਪ ਬਾਬਾ ਵਿਸਾਖਾ ਸਿੰਘ ਨਾਲ ਹੋਇਆ । ਇਨ੍ਹਾਂ ਦੋਵੇਂ ਸਿਰੜੀ ਜੀਊੜਿਆਂ ਨੇ ਰੱਲ ਕੇ ਆਪ ਪਿਤਾ ਪੁਰਖੀ ਕਿੱਤਾ ਖੇਤੀਬਾੜੀ ਕਰਨ ਦੀ ਸੋਚ ਨੂੰ ਪੂਰਿਆਂ ਕਰਨ ਦੀ ਖਾਤਰ ਇਥੇ ਪੰਜ ਸੌ ਏਕੜ ਦਾ ਫਾਰਮ ਠੇਕੇ ਉੱਤੇ ਲੈ ਕੇ ਆਲੂ ਦੀ ਖੇਤੀ ਸ਼ੁਰੂ ਕੀਤੀ । ਧਾਰਮਿਕ, ਸੱਭਿਆਚਾਰ, ਸਮਾਜਿਕ ਭੁੱਖ ਨੂੰ ਦੂਰ ਕਰਨ ਲਈ ਇਹ ਫਾਰਮ ਹੌਲੀ-ਹੌਲੀ ਪ੍ਰਵਾਸੀ ਭਾਰਤੀਆਂ ਖਾਸ ਕਰਕੇ ਪੰਜਾਬੀਆਂ ਦੇ ਮੇਲ-ਜੋਲ ਦਾ ਕੇਂਦਰ ਬਣ ਗਿਆ ।

ਇਨ੍ਹਾਂ ਸਾਰੇ ਪ੍ਰਵਾਸੀਆਂ ਨੇ ਆਪਣੇ ਸਾਥੀ ਆਗੂਆਂ ਦੇ ਸਹਿਯੋਗ ਨਾਲ ਸਿੱਖਾਂ ਦੀਆਂ ਧਾਰਮਿਕ, ਸਮਾਜਿਕ ਅਤੇ ਸੱਭਿਆਚਾਰਕ ਲੋੜਾਂ ਦੀ ਪੂਰਤੀ ਲਈ ਕੈਲੇਫੋਰਨੀਆ ਦੇ ਸ਼ਹਿਰ ਸਟਾਕਟਨ ਵਿਖੇ ਗੁਰਦੁਆਰਾ ਸਾਹਿਬ ਦੇ ਰੂਪ ਵਿੱਚ ਕੇਂਦਰ ਸਥਾਪਿਤ ਕੀਤਾ । ਜੋ ਸਮਾਂ ਆਉਣ 'ਤੇ ਗ਼ਦਰ ਲਹਿਰ ਦੀਆਂ ਕ੍ਰਾਂਤੀਕਾਰੀ ਸਰਗਰਮੀਆਂ ਦਾ ਕੇਂਦਰ ਬਣ ਗਿਆ । ਉਨ੍ਹਾਂ ਨੇ ਬਾਬਾ ਵਿਸਾਖਾ ਸਿੰਘ ਨਾਲ ਮਿਲ ਕੇ ਪ੍ਰਵਾਸੀ ਭਾਰਤੀਆਂ ਨੂੰ ਉਚੇਰੀ ਤਾਲੀਮ ਦੇਣ ਲਈ ਗੁਰੂ ਨਾਨਕ ਐਜੂਕੇਸ਼ਨਲ ਸੁਸਾਇਟੀ ਦੀ ਸਥਾਪਨਾ ਕਰਕੇ ਅਮਰੀਕਾ ਦੀਆਂ ਵੱਡੀਆਂ ਯੂਨੀਵਰਸਿਟੀਆਂ ਵਿੱਚ ਪੜ੍ਹਨ ਲਈ ਚਾਰ ਵਿੱਦਿਆਰਥੀਆਂ ਨੂੰ ਸੱਦਾ-ਪੱਤਰ ਭੇਜੇ । ਇਨ੍ਹਾਂ ਸਾਰੇ ਆਗੂਆਂ ਦੀ ਇਕੋ ਸੋਚ ਸੀ, ਸਿੱਖਿਆਂ ਤੋਂ ਬਿਨਾਂ ਗੁਲਾਮੀ ਤੇ ਗਰੀਬੀ ਤੋਂ ਕਦੇ ਵੀ ਛੁਟਕਾਰਾ ਨਹੀਂ ਮਿਲ ਸਕਦਾ । 1913 ਈ: ਵਿੱਚ ਬਾਬਾ ਜਵਾਲਾ ਸਿੰਘ ਨੂੰ ਇੰਡੀਅਨ



ਐਸੋਸੀਏਸ਼ਨ ਦੀ ਕੈਲੇਫੋਰਨੀਆ ਸ਼ਾਖਾ ਦਾ ਮੀਤ ਪ੍ਰਧਾਨ ਬਣਾਇਆ ਗਿਆ ।

ਇਸ ਤੋਂ ਛੇਤੀ ਪਿੱਛੋਂ ਪਹਿਲਾ ਵਿਸ਼ਵ ਯੁੱਧ ਸ਼ੁਰੂ ਹੋ ਗਿਆ । ਹੁਣ ਬਾਬਾ ਜਵਾਲਾ ਸਿੰਘ ਨੇ ਆਪਣੇ ਸਾਥੀਆਂ ਬਾਬਾ ਵਸਾਖਾ ਸਿੰਘ, ਬਾਬਾ ਸੋਹਣ ਸਿੰਘ ਭਕਣਾ, ਲਾਲਾ ਹਰਦਿਆਲ ਸਿੰਘ ਨਾਲ ਜੁੜ ਕੇ ਪੈਸੇਫ਼ਿਕ ਸਮੁੰਦਰ ਤੱਟ ਦੇ ਨਾਲ ਵੱਸਦੇ ਪ੍ਰਵਾਸੀ ਭਰਾਵਾਂ ਨਾਲ ਅੰਗ੍ਰੇਜ਼ ਹਕੂਮਤ ਤੋਂ ਆਪਣਾ ਦੇਸ਼ ਅਜ਼ਾਦ ਕਰਵਾਉਣ ਲਈ ਹੱਲਾਸ਼ੇਰੀ ਦੇਣ ਲਈ ਅਤੇ ਜਾਗਰੂਕ ਕਰਨ ਲਈ ਪ੍ਰਚਾਰ ਦੌਰਾ ਸ਼ੁਰੂ ਕੀਤਾ । ਸ਼ਸਤਰ ਬੱਧ ਕ੍ਰਾਂਤੀ ਲਈ ਗ਼ਦਰ ਲਹਿਰ ਦੀ ਸਥਾਪਨਾ ਕੀਤੀ । ਉਨ੍ਹਾਂ ਦੀ ਸੋਚ ਸੀ ਨੌਜਵਾਨਾਂ ਨੂੰ ਹਥਿਆਰਬੰਦ ਕਰਕੇ ਗੋਰੀ ਹਕੂਮਤ ਨਾਲ ਦੋ-ਹੱਥ ਕਰਨੇ ਪੈਣਗੇ । ਇਸ ਕਾਰਨ ਲਈ ਗ਼ਦਰ ਲਹਿਰ ਨਾਂਅ ਦਾ ਮੈਗਜ਼ੀਨ ਅੰਗ੍ਰੇਜ਼ੀ, ਪੰਜਾਬੀ ਤੋਂ ਇਲਾਵਾ ਹੋਰ ਦੇਸੀ ਭਾਸ਼ਾਵਾਂ ਵਿੱਚ ਵੀ ਛਾਪਣਾ ਸ਼ੁਰੂ ਕੀਤਾ । ਬਾਬਾ ਜਵਾਲਾ ਸਿੰਘ ਬਾਕੀ ਗ਼ਦਰੀ ਬਾਬਿਆਂ ਨਾਲ 29 ਅਗਸਤ, 1914 ਈ: ਨੂੰ ਸੈਨਫਰਾਂਸਿਸਕੋ ਤੋਂ ਜਪਾਨ, ਹਾਂਗਕਾਂਗ, ਸਿੰਗਾਪੁਰ ਹੁੰਦੇ ਹੋਏ ਭਾਰਤ ਪੁੱਜੇ । ਜਦੋਂ ਬਾਬਾ ਜਵਾਲਾ ਸਿੰਘ 29 ਅਕਤੂਬਰ, 1914 ਈ: ਨੂੰ ਕਲਕੱਤੇ ਪੁੱਜੇ ਤਾਂ ਉਤਰਦਿਆਂ ਹੀ ਅੰਗ੍ਰੇਜ਼ ਹਕੂਮਤ ਨੇ ਬਾਕੀ ਸਾਥੀਆਂ ਸਮੇਤ ਗ੍ਰਿਫਤਾਰ ਕਰ ਲਿਆ। ਉਨ੍ਹਾਂ ਉੱਪਰ ਵੀ ਪਹਿਲੇ ਲਾਹੌਰ ਸਾਜਿਸ਼ ਕੇਸ ਅਧੀਨ ਮੁਕੱਦਮਾ ਚਲਾਇਆ ਗਿਆ ।

ਇਸ ਮਹਾਨ ਯੋਧੇ ਨੂੰ 13 ਸਤੰਬਰ, 1915 ਈ: ਨੂੰ ਜੀਵਨ ਭਰ ਲਈ ਕਾਲੇ ਪਾਣੀ ਦੀ ਸਜ਼ਾ ਸੁਣਾਈ ਗਈ। ਨਾਲ ਹੀ ਸਾਰੀ ਜਾਇਦਾਦ ਵੀ ਜ਼ਬਤ ਕਰ ਲਈ ਗਈ । 18 ਸਾਲ ਤੱਕ ਜੇਲ੍ਹ ਦੇ ਸਖਤ ਤਸੀਹੇ ਝੱਲਦਿਆਂ ਬਤੀਤ ਕੀਤੇ । ਉਮਰ ਦਾ ਬੇਸ਼ਕੀਮਤੀ ਅਰਸਾ ਗ਼ਦਰ-ਲਹਿਰ ਨੂੰ ਭੇਟ ਕੀਤਾ । ਇਕੋ ਇਕ ਖਾਹਿਸ਼ ਲੈ ਕੇ ਚੱਲੇ ਸਨ, ਦੇਸ਼ ਨੂੰ ਸਦੀਆਂ ਤੋਂ ਗੁਲਾਮੀ ਦੀਆਂ ਜੰਜ਼ੀਰਾਂ ਤੋਂ ਅਜ਼ਾਦ ਕਰਵਾਉਣਾ । ਹੁਣ ਜਦੋਂ 1933 ਵਿੱਚ ਰਿਹਾਅ ਹੋਏ, ਸਦੀਆਂ ਤੋਂ ਨਪੀੜੇ ਜਾ ਰਹੇ ਕਿਸਾਨ ਹਿੱਤਾਂ ਲਈ ਸੰਘਰਸ਼ ਵਿੱਚ ਜੁੱਟ ਗਏ । ਪੰਜਾਬੀ ਪੱਤ੍ਰਿਕਾ ਕਿਰਤੀ ਲਈ ਕਾਰਜਸ਼ੀਲ ਵੀ ਰਹੇ । ਪੰਜਾਬ ਕਿਸਾਨ ਸਭਾ ਦੇ ਪ੍ਰਧਾਨ ਵੀ ਬਣਾਏ ਗਏ ।

1935 ਈ: ਵਿੱਚ ਮੁੜ ਕਿਸਾਨ ਅੰਦੋਲਨ ਵਿੱਚ ਗ੍ਰਿਫਤਾਰ ਕਰਕੇ ਇਕ ਸਾਲ ਲਈ ਮੁੜ ਜੇਲ੍ਹ ਭੇਜ ਦਿੱਤਾ ਗਿਆ । ਜ਼ਿੰਦਗੀ ਦਾ ਵੱਡਾ ਹਿੱਸਾ ਤਸੀਹੇ ਝੱਲ ਕੇ, ਉਹ ਚਾਹੁੰਦੇ ਸਨ ਆਪਣੇ ਜੀਵਨ ਦਾ ਪਲ-ਪਲ ਲੋਕ ਹਿੱਤਾਂ ਲਈ ਬਤੀਤ ਕੀਤਾ ਜਾਵੇ । 9 ਮਈ, 1938 ਈ: ਨੂੰ ਇਹ ਮਹਾਨ ਕ੍ਰਾਂਤੀਕਾਰੀ ਯੋਧਾ ਸਰਬਹਿੰਦ ਕਿਸਾਨ ਕਾਨਫਰੰਸ ਵਿੱਚ ਸ਼ਾਮਿਲ ਹੋਣ ਲਈ ਬੰਗਾਲ ਜਾ ਰਿਹਾ ਸੀ, ਰਸਤੇ ਵਿੱਚ ਜਾਂਦਿਆਂ ਇਕ ਗੰਭੀਰ ਹਾਦਸਾ ਵਾਪਰ ਗਿਆ । ਇਸ ਹਾਦਸੇ ਵਿੱਚ ਇਹ ਮਹਾਨ ਕ੍ਰਾਂਤੀਕਾਰੀ ਗ਼ਦਰੀ ਬਾਬਾ ਸੰਸਾਰ ਨੂੰ ਹਮੇਸ਼ਾ ਲਈ ਅਲਵਿਦਾ ਆਖ ਗਿਆ । ਇਸ ਮਹਾਨ ਯੋਧੇ ਦੇ ਕ੍ਰਾਂਤੀਕਾਰੀ ਤੇ ਸੰਘਰਸ਼ਸ਼ੀਲ ਜੀਵਨ ਨੂੰ ਸਾਡਾ ਪ੍ਰਣਾਮ ।




# ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਕਰਮਚਾਰੀਆਂ ਦੇ ਮਸਲੇ ਪਹਿਲੇ ਦੇ ਆਧਾਰ 'ਤੇ ਕੀਤੇ ਜਾਣਗੇ ਹੱਲ : ਈ.ਟੀ.ਓ.



ਅੰਮ੍ਰਿਤਸਰ, 8 ਮਈ, (ਬਬਲੂ ਮਹਾਜਨ) : ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਸਰਕਾਰ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਕਰਮਚਾਰੀਆਂ ਦੇ ਹਿੱਤਾਂ ਲਈ ਵੱਚਨਬੱਧ ਹੈ ਅਤੇ ਇੰਨ੍ਹਾ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ।

ਬਿਜਲੀ ਮੰਤਰੀ ਹਰਭਜਨ ਸਿੰਘ ਈ:ਟੀ:ਓ ਨੂੰ ਅੱਜ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਕਰਮਚਾਰੀ ਵੈਲਫੇਅਰ ਫੈਡਰੇਸ਼ਨ ਪੀ:ਐਸ:ਪੀ:ਸੀ:ਐਲ ਅਤੇ ਪੀ:ਐਸ:ਟੀ:ਐਲ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨਾਲ ਮੀਟਿੰਗ ਕਰਦੇ ਹੋਏ ਭਰੋਸਾ ਦਿੱਤਾ ਕਿ ਤੁਹਾਡੀਆਂ ਮੰਗਾਂ ਬਿਲਕੁਲ ਜਾਇਜ਼ ਹਨ। ਉਨ੍ਹਾਂ ਕਿਹਾ ਕਿ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਤੁਹਾਡੀਆਂ ਵਿਭਾਗੀ ਤਰੱਕੀਆਂ ਅਤੇ ਸਨਿਆਰਤਾ ਸੂਚੀ ਸਬੰਧੀ ਸਾਰੇ ਮਸਲੇ ਤੁਰੰਤ ਹੱਲ ਕੀਤੇ ਜਾਣ। ਬਿਜਲੀ ਮੰਤਰੀ ਨੇ ਕਿਹਾ ਕਿ ਇਸ ਸਬੰਧੀ ਜਲਦੀ ਹੀ ਮੀਟਿੰਗ ਬੁਲਾ ਕੇ ਤੁਹਾਡੀਆ ਸਮੱਸਿਆਵਾਂ ਦਾ ਹੱਲ ਪਹਿਲ ਦੇ ਅਧਾਰ 'ਤੇ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਤੁਸੀਂ ਵਿਭਾਗ ਦੀ ਰੀੜ੍ਹ ਦੀ ਹੱਡੀ ਹੋ ਅਤੇ ਤੁਹਾਡੇ ਤੋਂ ਬਿਨਾਂ ਵਿਭਾਗ ਤਰੱਕੀ ਨਹੀਂ ਕਰ ਸਕਦਾ।

ਇਸ ਮੌਕੇ ਵੈਲਫੇਅਰ ਫੈਡਰੇਸ਼ਨ ਵੱਲੋਂ ਮੰਤਰੀ ਨੂੰ ਮੰਗ ਪੱਤਰ ਵੀ ਦਿੱਤਾ ਗਿਆ। ਇਸ ਮੌਕੇ ਸੂਬਾ ਪ੍ਰਧਾਨ ਅਵਤਾਰ ਸਿੰਘ ਕੈਂਥ ਨੇ ਈ:ਟੀ:ਓ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਸਾਡੀਆਂ ਮੰਗਾਂ ਨੂੰ ਗਹੁ ਨਾਲ ਵਿਚਾਰਨ ਦਾ ਭਰੋਸਾ ਦਿੱਤਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰਿੰਦਰ ਸਿੰਘ ਕਲਸੀ, ਇੰਜ: ਸੁਖਦੇਵ ਸਿੰਘ , ਇੰਜ: ਹਰਜਿੰਦਰ ਸਿੰਘ, ਪਾਲ ਸਿੰਘ, ਬਲਕਾਰ ਬਾਗੀ, ਸ੍ਰੀ ਵਿਕਰਾਂਤ ਗਿੱਲ ਤੋਂ ਇਲਾਵਾ ਹੋਰ ਵੀ ਕਰਮਚਾਰੀ ਹਾਜਰ ਸਨ।

# ਨਸ਼ਾ ਛੁਡਾਊ ਕੇਂਦਰ 'ਚ ਸੀ.ਐਮ. ਦੀ ਯੋਗਸ਼ਾਲਾ ਤਹਿਤ ਯੋਗਾ ਕਲਾਸਾਂ ਸ਼ੁਰੂ



ਜਲੰਧਰ, 8 ਮਈ, (ਸੰਦੀਪ ਕੌਲ) : ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਯੋਗ ਨੂੰ ਨਸ਼ਾ ਮੁਕਤੀ ਦਾ ਪ੍ਰਭਾਵਸ਼ਾਲੀ ਮਾਧਿਅਮ ਬਣਾਉਂਦਿਆਂ ਜ਼ਿਲ੍ਹੇ ਦੇ ਪਿੰਡ ਸ਼ੇਖੇ ਵਿਖੇ ਚਲਾਏ ਜਾ ਰਹੇ ਨਸ਼ਾ ਛੁਡਾਊ ਕੇਂਦਰ ਵਿੱਚ ਸੀ.ਐਮ ਦੀ ਯੋਗਸ਼ਾਲਾ ਤਹਿਤ ਸ਼ਲਾਘਾਯੋਗ ਪਹਿਲ ਕੀਤੀ ਗਈ ਹੈ।

ਇੱਥੇ ਯੋਗ ਟ੍ਰੇਨਰ ਵੱਲੋਂ ਰੋਜ਼ਾਨਾ ਸਵੇਰੇ 7.45 ਤੋਂ 8.45 ਵਜੇ ਤੱਕ ਅਤੇ ਸ਼ਾਮ 5 ਤੋਂ ਸ਼ਾਮ 6 ਵਜੇ ਤੱਕ ਮੁਫ਼ਤ ਯੋਗ ਕਲਾਸਾਂ ਚਲਾਈਆਂ ਜਾ ਰਹੀਆਂ ਹਨ। ਇਨ੍ਹਾਂ ਕਲਾਸਾਂ ਦਾ ਉਦੇਸ਼ ਨਸ਼ਾ ਛੱਡਣ ਦੀ ਪ੍ਰਕਿਰਿਆ ਵਿਚ ਨੌਜਵਾਨਾਂ ਅਤੇ ਭਾਗੀਦਾਰਾਂ ਨੂੰ ਮਾਨਸਿਕ, ਸਰੀਰਿਕ ਅਤੇ ਆਤਮਿਕ ਤੌਰ 'ਤੇ ਮਜ਼ਬੂਤ ਬਣਾਉਣਾ ਹੈ।

ਲਗਾਤਾਰ ਯੋਗ ਅਭਿਆਸ ਨਾਲ ਇਥੇ ਭਾਗੀਦਾਰਾਂ ਦੇ ਰੁਟੀਨ ਵਿੱਚ ਅਨੁਸ਼ਾਸਨ, ਮਾਨਸਿਕ ਸਥਿਰਤਾ ਅਤੇ ਆਤਮ-ਸੰਜ਼ਮ ਵਿੱਚ ਮਹੱਤਵਪੂਰਣ ਸੁਧਾਰ ਦੇਖਿਆ ਜਾ ਰਿਹਾ ਹੈ। ਯੋਗ ਦੇ ਨਿਯਮਿਤ ਅਭਿਆਸਾਂ ਨਾਲ ਭਾਗੀਦਾਰਾਂ ਦੇ ਵਿਹਵਾਰ ਵਿੱਚ ਵੀ ਸਕਾਰਾਤਮਕ ਤਬਦੀਲੀਆਂ ਆਈਆਂ ਹਨ।

ਇਸ ਉਪਰਾਲੇ ਨੂੰ ਜਲੰਧਰ ਦੇ ਪ੍ਰਸ਼ਾਸਨਿਕ ਅਧਿਕਾਰੀਆਂ ਦਾ ਵੀ ਭਰਪੂਰ ਸਹਿਯੋਗ ਮਿਲ ਰਿਹਾ ਹੈ। ਜਲੰਧਰ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਅਗਰਵਾਲ, ਵਧੀਕ ਡਿਪਟੀ ਕਮਿਸ਼ਨਰ ਜਸਬੀਰ ਸਿੰਘ ਅਤੇ ਸਿਵਲ ਹਸਪਤਾਲ ਦੇ ਸੀਨੀਅਰ ਮਨੋਚਕਿਤਸਕ ਡਾ. ਅਭੈ ਰਾਜ ਸਿੰਘ ਇਸ ਮੁਹਿੰਮ ਵਿੱਚ ਸਰਗਰਮੀ ਨਾਲ ਭਾਗ ਲੈ ਰਹੇ ਹਨ ਅਤੇ ਇਸ ਨੂੰ ਸਫ਼ਲ ਬਣਾਉਣ ਲਈ ਮਾਰਗਦਰਸ਼ਨ ਅਤੇ ਸਹਿਯੋਗ ਪ੍ਰਦਾਨ ਕਰ ਰਹੇ ਹਨ।

ਇਹ ਉਪਰਾਲਾ ਨਸ਼ਾ ਪੀੜਤਾਂ ਦੇ ਮੁੜ ਵਸੇਬੇ ਦੀ ਦਿਸ਼ਾ ਵਿੱਚ ਸ਼ਲਾਘਾਯੋਗ ਉਦਾਹਰਣ ਪੇਸ਼ ਕਰਦਾ ਹੈ, ਜਿੱਥੇ ਪ੍ਰਸ਼ਾਸਨ, ਡਾਕਟਰੀ ਇਲਾਜ ਅਤੇ ਯੋਗ ਮਿਲ ਕੇ ਸਮਾਜ ਨੂੰ ਨਸ਼ਾ ਮੁਕਤ ਬਣਾਉਣ ਲਈ ਯਤਨਸ਼ੀਲ ਹਨ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਕੋਆਰਡੀਨੇਟਰ ਜਤਿਨ ਕੁਮਾਰ ਨੇ ਦੱਸਿਆ ਕਿ ਸੀ.ਐਮ. ਦੀ ਯੋਗਸ਼ਾਲਾ ਪ੍ਰੋਗਰਾਮ ਨਵੇਂ ਮੀਲ ਪੱਥਰ ਸਥਾਪਤ ਕਰ ਰਿਹਾ ਹੈ ਅਤੇ ਜ਼ਿਲ੍ਹੇ ਦੇ ਵੱਡੀ ਗਿਣਤੀ ਲੋਕ ਮੁਫ਼ਤ ਯੋਗ ਕੈਂਪਾਂ ਦਾ ਲਾਭ ਲੈ ਰਹੇ ਹਨ।

ਉਨ੍ਹਾਂ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਜੇਕਰ ਕਿਸੇ ਗਲੀ ਜਾਂ ਮੁਹੱਲੇ ਵਿੱਚ ਘੱਟੋ ਘੱਟ 25 ਮੈਂਬਰ ਯੋਗ ਕਲਾਸ ਲਈ ਆਪਣੀ ਮਨਜ਼ੂਰੀ ਦਿੰਦੇ ਹਨ ਤਾਂ ਉਹ ਪੰਜਾਬ ਸਰਕਾਰ ਵੱਲੋਂ ਦਿੱਤੇ ਗਏ ਨੰਬਰ 76694-00500 'ਤੇ ਮਿਸਡ ਕਾਲ ਮੁਫ਼ਤ ਯੋਗਾ ਟ੍ਰੇਨਰ ਪ੍ਰਾਪਤ ਕਰ ਸਕਦੇ ਹਨ। ਇਸ ਤੋਂ ਇਲਾਵਾ ਚਾਹਵਾਨ ਉਮੀਦਵਾਰ cmdiyogshala.punjab.gov.in ਵੈਬਸਾਈਟ 'ਤੇ ਜਾ ਕੇ ਆਪਣੀ ਯੋਗ ਕਲਾਸ ਰਜਿਸਟਰ ਕਰ ਸਕਦੇ ਹਨ।

# ਸਰਹੱਦੀ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ : ਬ੍ਰਹਮਪੁਰਾ



ਤਰਨ ਤਾਰਨ, 8 ਮਈ, (ਗੁਰਦਿਆਲ ਸਿੰਘ) : ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਖਡੂਰ ਸਾਹਿਬ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਭਾਰਤ-ਪਾਕਿਸਤਾਨ ਸਰਹੱਦ 'ਤੇ ਵੱਧ ਰਹੇ ਤਣਾਅ ਦੇ ਮੱਦੇਨਜ਼ਰ ਸਰਹੱਦੀ ਖੇਤਰਾਂ ਦੇ ਲੋਕਾਂ ਦੀ ਸੁਰੱਖਿਆ ਅਤੇ ਸਹੂਲਤਾਂ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਨੂੰ ਤੁਰੰਤ ਕਾਰਵਾਈ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਪਾਣੀਆਂ ਦੇ ਮੁੱਦੇ 'ਤੇ ਸਿਆਸਤ ਜ਼ਰੂਰੀ ਹੈ, ਪਰ ਦੇਸ਼ ਦੀ ਸੁਰੱਖਿਆ ਨੂੰ ਪਹਿਲ ਦੇਣੀ ਚਾਹੀਦੀ ਹੈ। ਪਿੰਡ ਭੱਠਲ ਭਾਈਕੇ ਦੇ ਦੌਰੇ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬ੍ਰਹਮਪੁਰਾ ਨੇ ਦੱਸਿਆ ਕਿ ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਇੱਕ ਪੱਤਰ ਲਿਖ ਕੇ ਸਰਹੱਦੀ ਖੇਤਰਾਂ ਦੇ ਲੋਕਾਂ ਦੀ ਸੁਰੱਖਿਆ ਅਤੇ ਸਹੂਲਤਾਂ ਲਈ ਕਈ ਸੁਝਾਅ ਦਿੱਤੇ ਹਨ ਅਤੇ ਤੁਰੰਤ ਧਿਆਨ ਦੇਣ ਦੀ ਮੰਗ ਕੀਤੀ ਹੈ।

ਉਨ੍ਹਾਂ ਕਿਹਾ ਕਿ 'ਆਪ੍ਰੇਸ਼ਨ ਸਿੰਧੂਰ' ਵਰਗੀਆਂ ਕਾਰਵਾਈਆਂ ਤੋਂ ਬਾਅਦ ਲੋਕਾਂ ਵਿੱਚ ਡਰ ਦਾ ਮਾਹੌਲ ਹੈ ਅਤੇ ਸਰਕਾਰ ਨੂੰ ਇਸ ਸਥਿਤੀ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ। ਸ. ਬ੍ਰਹਮਪੁਰਾ ਨੇ ਕਿਹਾ ਕਿ ਇਹ ਚਿੰਤਾ ਦਾ ਵਿਸ਼ਾ ਹੈ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਲੋੜੀਂਦੇ ਪ੍ਰਬੰਧਾਂ ਵਿੱਚ ਦੇਰੀ ਕੀਤੀ ਜਾ ਰਹੀ ਹੈ। ਬ੍ਰਹਮਪੁਰਾ ਨੇ ਕਿਹਾ ਕਿ ਸਰਕਾਰ ਨੂੰ ਇਨ੍ਹਾਂ ਸੁਝਾਵਾਂ 'ਤੇ ਗੰਭੀਰਤਾ ਨਾਲ ਵਿਚਾਰ ਕਰਨਾ ਚਾਹੀਦਾ ਹੈ ਅਤੇ ਤੁਰੰਤ ਲੋੜੀਂਦੇ ਕਦਮ ਚੁੱਕਣੇ ਚਾਹੀਦੇ ਹਨ ਤਾਂ ਜੋ ਸਰਹੱਦੀ ਖੇਤਰ ਦੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਉਨ੍ਹਾਂ ਵਿੱਚ ਸੁਰੱਖਿਆ ਅਤੇ ਭਰੋਸੇ ਦੀ ਭਾਵਨਾ ਪੈਦਾ ਹੋ ਸਕੇ।

ਇਸ ਮੌਕੇ ਦਿਲਬਾਗ ਸਿੰਘ ਕਾਹਲਵਾਂ ਸਾਬਕਾ ਸਰਪੰਚ, ਜਸਮੀਤ ਸਿੰਘ ਸਾਬਕਾ ਸਰਪੰਚ ਭੱਠਲ ਭਾਈਕੇ, ਮਨਜਿੰਦਰ ਸਿੰਘ ਸਾਬਕਾ ਸਰਪੰਚ ਭੱਠਲ ਭਾਈਕੇ, ਗੁਰਮੁਖ ਸਿੰਘ ਸਾਬਕਾ ਸਰਪੰਚ ਭੱਠਲ ਭਾਈਕੇ, ਜਥੇਦਾਰ ਨਿਰੰਜਨ ਸਿੰਘ, ਮੁਖਤਾਰ ਸਿੰਘ, ਬਲਦੇਵ ਸਿੰਘ ਅਤੇ ਲਖਬੀਰ ਸਿੰਘ ਮੈਂਬਰ ਪੰਚਾਇਤ ਭੱਠਲ ਭਾਈਕੇ, ਅਮਰਜੀਤ ਸਿੰਘ ਖੇਲਾ ਸਾਬਕਾ ਸਰਪੰਚ, ਸਤਨਾਮ ਸਿੰਘ ਕੱਲਾ ਸਾਬਕਾ ਬਲਾਕ ਸੰਮਤੀ ਮੈਂਬਰ ਆਦਿ ਵੀ ਹਾਜ਼ਰ ਸਨ।

# ਖ਼ਾਲਸਾ ਕਾਲਜ ਪਬਲਿਕ ਸਕੂਲ ਨੂੰ ਰੱਖਿਆ ਮੰਤਰਾਲੇ ਵੱਲੋਂ ਨਵੇਂ ਸੈਨਿਕ ਸਕੂਲ ਵਜੋਂ ਮਿਲੀ ਪ੍ਰਵਾਨਗੀ



ਅੰਮ੍ਰਿਤਸਰ, 8 ਮਈ, (ਬਬਲੂ ਮਹਾਜਨ) : ਸੀ. ਬੀ. ਐੱਸ. ਈ. ਤੋਂ ਮਾਨਤਾ ਪ੍ਰਾਪਤ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਅਧੀਨ ਸਫ਼ਲਤਾਪੂਰਵਕ ਚੱਲ ਰਿਹਾ ਖ਼ਾਲਸਾ ਕਾਲਜ ਪਬਲਿਕ ਸਕੂਲ, ਜੀ. ਟੀ. ਰੋਡ ਨੂੰ ਭਾਰਤ ਸਰਕਾਰ ਵੱਲੋਂ ਨਵਾਂ ਸੈਨਿਕ ਸਕੂਲ ਸਥਾਪਿਤ ਕਰਨ ਦੀ ਮੰਜ਼ੂਰੀ ਮਿਲਣ 'ਤੇ ਕੌਂਸਲ ਦੇ ਆਨੇਰਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਪ੍ਰਿੰਸੀਪਲ ਅਮਰਜੀਤ ਸਿੰਘ ਗਿੱਲ ਨੂੰ ਵਧਾਈ ਦਿੰਦਿਆਂ ਖੁਸ਼ੀ ਦਾ ਇਜ਼ਹਾਰ ਕੀਤਾ ਹੈ। ਕੇਂਦਰੀ ਰੱਖਿਆ ਮੰਤਰਾਲੇ ਵੱਲੋਂ ਦੇਸ਼ ਭਰ 'ਚ 23 ਨਵੇਂ ਸੈਨਿਕ ਸਕੂਲ ਸਥਾਪਿਤ ਕਰਨ ਦੀ ਪ੍ਰਵਾਨਗੀ ਦਿੱਤੀ ਗਈ ਹੈ ਅਤੇ ਖ਼ਾਲਸਾ ਕਾਲਜ ਪਬਲਿਕ ਸਕੂਲ ਇਹ ਰੁਤਬਾ ਹਾਸਲ ਕਰਨ ਵਾਲਾ ਇਸ ਖੇਤਰ ਦਾ ਪਹਿਲਾ ਅਤੇ ਸੂਬੇ ਭਰ ਦਾ ਦੂਜਾ ਸਕੂਲ ਹੈ।

ਇਸ ਸਬੰਧੀ ਛੀਨਾ ਨੇ ਸਕੂਲ ਪ੍ਰਿੰਸੀਪਲ ਸ: ਅਮਰਜੀਤ ਸਿੰਘ ਗਿੱਲ ਦੀ ਮੌਜ਼ੂਦਗੀ 'ਚ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਸਰਕਾਰ ਨੇ ਗੈਰ-ਸਰਕਾਰੀ ਸੰਗਠਨਾਂ, ਨਿੱਜੀ ਅਤੇ ਸਰਕਾਰੀ ਸਕੂਲਾਂ ਨਾਲ ਸਾਂਝੇਦਾਰੀ ਕਰਕੇ ਨਵੇਂ ਸੈਨਿਕ ਸਕੂਲ ਸਥਾਪਿਤ ਕਰਨ ਦੀ ਪਹਿਲਕਦਮੀ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਤਹਿਤ ਸੈਨਿਕ ਸਕੂਲ ਸੋਸਾਇਟੀ ਵੱਲੋਂ ਦੇਸ਼ ਭਰ 'ਚ ਸਥਿਤ 37 ਨਵੇਂ ਸੈਨਿਕ ਸਕੂਲਾਂ ਨਾਲ ਸਮਝੌਤੇ ਪੱਤਰ 'ਤੇ ਦਸਤਖ਼ਤ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਹ ਨਵੇਂ ਸੈਨਿਕ ਸਕੂਲ, ਸਬੰਧਿਤ ਸਿੱਖਿਆ ਬੋਰਡਾਂ ਨਾਲ ਆਪਣੀ ਮਾਨਤਾ ਤੋਂ ਇਲਾਵਾ ਸੈਨਿਕ ਸਕੂਲ ਸੋਸਾਇਟੀ ਦੀ ਅਗਵਾਈ ਹੇਠ ਕੰਮ ਕਰਨਗੇ।

ਇਸ ਮੌਕੇ ਪ੍ਰਿੰ: ਗਿੱਲ ਨੇ ਸ: ਛੀਨਾ ਦਾ ਮੂੰਹ ਮਿੱਠਾ ਕਰਵਾਉਂਦਿਆਂ ਕਿਹਾ ਕਿ ਸਕੂਲ ਨੇ ਦਸੰਬਰ-2023 'ਚ ਰੱਖਿਆ ਮੰਤਰਾਲੇ ਅਧੀਨ ਸੈਨਿਕ ਸਕੂਲ ਸੋਸਾਇਟੀ ਨੂੰ ਮਾਨਤਾ ਸਬੰਧੀ ਅਰਜ਼ੀ ਦਿੱਤੀ ਸੀ। ਜਿਸ ਉਪਰੰਤ ਸਕੂਲ ਨੂੰ ਨਿਰੀਖਣ ਲਈ ਸ਼ਾਰਟਲਿਸਟ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ, ਜ਼ਿਲ੍ਹਾ ਸਿੱਖਿਆ ਅਧਿਕਾਰੀ, ਸੈਨਿਕ ਸਕੂਲ, ਕਪੂਰਥਲਾ ਪ੍ਰਿੰਸੀਪਲ, ਵਾਈਸ ਪ੍ਰਿੰਸੀਪਲ ਅਤੇ ਨੇਵੋਦਿਆ ਵਿਦਿਆਲਾ ਭੀਲੋਵਾਲ ਦੇ ਪ੍ਰਿੰਸੀਪਲ ਆਦਿ ਟੀਮ ਵੱਲੋਂ 10 ਜਨਵਰੀ 2024 ਦੇ ਪਹਿਲੇ ਹਫ਼ਤੇ 'ਚ ਨਿਰੀਖਣ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਲੰਬੇ ਨਿਰੀਖਣ ਉਪਰੰਤ ਟੀਮ ਸਕੂਲ ਦੇ ਕੰਮਕਾਜ ਤੋਂ ਪ੍ਰਭਾਵਿਤ ਹੋਈ, ਜਿਸ ਤੋਂ ਬਾਅਦ ਰੱਖਿਆ ਮੰਤਰਾਲੇ ਨੇ ਪੱਤਰ ਨੰਬਰ 9(6)/2021 (ਭਾਗ ਫਾਈਲ 03)/ਐੱਸ. ਐੱਨ. ਕੇ. ਐੱਲ. ਪੀ. 0019350423, ਮਿਤੀ 25 ਅਪ੍ਰੈਲ, 2025 ਰਾਹੀਂ ਸੈਨਿਕ ਸਕੂਲ ਸੋਸਾਇਟੀ (ਐੱਸ. ਐੱਸ. ਐੱਸ.) ਦੀ ਅਗਵਾਈ ਹੇਠ ਨਵਾਂ ਸੈਨਿਕ ਸਕੂਲ ਨੂੰ ਖੋਲ੍ਹਣ ਨੂੰ ਮਨਜ਼ੂਰੀ ਦਿੱਤੀ ਗਈ।

# ਅੰਮ੍ਰਿਤਸਰ ਦੇ ਪਿੰਡ ਜੇਠੂਵਾਲ ਨੇੜੇ ਖੇਤਾਂ 'ਚੋਂ ਬੰਬ ਨੁਮਾ ਚੀਜ਼ ਮਿਲਣ ਨਾਲ ਹਫੜਾ-ਦਫੜੀ, ਪੁਲਿਸ ਜਾਂਚ 'ਚ ਜੁਟੀ



ਅੰਮ੍ਰਿਤਸਰ, 8 ਮਈ, (ਬਬਲੂ ਮਹਾਜਨ) : ਭਾਰਤ ਅਤੇ ਪਾਕਿਸਤਾਨ ਵਿਚਾਲੇ ਚੱਲ ਰਹੇ ਤਣਾਅ ਦਰਮਿਆਨ ਇਥੇ ਅੰਮ੍ਰਿਤਸਰ-ਬਟਾਲਾ ਰੋਡ 'ਤੇ ਪਿੰਡ ਜੇਠੂਵਾਲ ਦੇ ਬਾਹਰਵਾਰ ਖੇਤਾਂ ਵਿੱਚ ਮਿਜ਼ਾਈਲ ਮਿਲੀ ਹੈ, ਜਿਸ ਨਾਲ ਇਲਾਕੇ ਵਿੱਚ ਡਰ ਅਤੇ ਸਹਿਮ ਵਾਲਾ ਮਾਹੌਲ ਹੈ। ਲੋਕਾਂ ਨੇ ਸਵੇਰ ਵੇਲੇ ਮਿਜ਼ਾਈਲ ਖੇਤਾਂ ਵਿੱਚ ਦੇਖੀ ਅਤੇ ਪ੍ਰਸ਼ਾਸਨ ਨੂੰ ਸੂਚਿਤ ਕੀਤਾ ਹੈ। ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਇਹ ਮਿਜ਼ਾਈਲ ਦਾ ਹਿੱਸਾ ਹੈ, ਪਰ ਫਿਲਹਾਲ ਇਹ ਪਤਾ ਨਹੀਂ ਹੈ ਕਿ ਇਹ ਭਾਰਤੀ ਮਿਜ਼ਾਈਲ ਹੈ ਜਾਂ ਪਾਕਿਸਤਾਨੀ ਹੈ। ਪੰਜਾਬ ਪੁਲਿਸ ਦੇ ਅਧਿਕਾਰੀਆਂ ਦਾ ਕਹਿਣਾ ਹੈ ਕਿ ਇਸ ਦੀ ਜਾਣਕਾਰੀ ਤੁਰੰਤ ਫੌਜ ਨੂੰ ਦੇ ਦਿੱਤੀ ਗਈ ਸੀ। ਇਸ ਤੋਂ ਬਾਅਦ ਫੌਜ ਮੌਕੇ 'ਤੇ ਪਹੁੰਚੀ ਅਤੇ ਇਨ੍ਹਾਂ ਮਿਜ਼ਾਈਲਾਂ ਨੂੰ ਆਪਣੇ ਕਬਜ਼ੇ ਵਿਚ ਲੈ ਕੇ ਨਾਲ ਲੈ ਗਈ। ਸੂਤਰ ਦੱਸਦੇ ਹਨ ਕਿ ਇਹ ਉਹ ਮਿਜ਼ਾਈਲਾਂ ਹਨ ਜਿਸਦੀ ਵਰਤੋਂ ਭਾਰਤ ਅਤੇ ਪਾਕਿਸਤਾਨ ਦੋਵਾਂ ਦੀਆਂ ਫੌਜਾਂ ਕਰਦੀਆਂ ਹਨ। ਸੰਭਾਵਨਾ ਹੈ ਕਿ ਇਨ੍ਹਾਂ 'ਤੇ ਪਾਕਿਸਤਾਨ ਵਾਲੇ ਪਾਸਿਓਂ ਹਮਲਾ ਕੀਤਾ ਗਿਆ ਸੀ, ਪਰ ਭਾਰਤ ਦੇ ਮਿਜ਼ਾਈਲ ਵਿਰੋਧੀ ਸਿਸਟਮ ਨੇ ਇਨ੍ਹਾਂ ਨੂੰ ਅਸਮਾਨ ਵਿਚ ਹੀ ਬੇਅਸਰ ਕਰ ਦਿੱਤਾ।ਦੂਜੇ ਪਾਸੇ ਅੰਮ੍ਰਿਤਸਰ ਦੇ ਸਥਾਨਕ ਲੋਕਾਂ ਦਾ ਆਖਣਾ ਹੈ ਕਿ ਉਨ੍ਹਾਂ ਨੇ ਰਾਤ ਸਮੇਂ ਧਮਾਕਿਆਂ ਦੀਆਂ ਆਵਾਜ਼ਾਂ ਸੁਣੀਆਂ, ਜਿਸ ਮਗਰੋਂ ਸਵੇਰੇ ਇਹ ਮਿਜ਼ਾਈਲਾਂ ਬਰਾਮਦ ਹੋਈਆਂ ਹਨ।ਜ਼ਿਲ੍ਹਾ ਦਿਹਾਤੀ ਪੁਲਿਸ ਦੇ ਐੱਸਐੱਸਪੀ ਮਨਿੰਦਰ ਸਿੰਘ ਨੇ ਕਿਹਾ ਕਿ ਫੋਰੈਂਸਿਕ ਟੀਮਾਂ ਇਸ ਬੰਬ ਨੁਮਾ ਚੀਜ਼ ਦੀ ਜਾਂਚ ਕਰ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਲੋਕਾਂ ਨੇ ਕਿਹਾ ਕਿ ਇਸ ਸਬੰਧੀ ਕੋਈ ਧਮਾਕੇ ਦੀ ਆਵਾਜ਼ ਨਹੀਂ ਸੁਣੀ ਅਤੇ ਨਾ ਹੀ ਇਸ ਦਾ ਖੇਤਾਂ ਵਿੱਚ ਵਿਸਫੋਟ ਹੋਣ ਦਾ ਕੋਈ ਪ੍ਰਭਾਵ ਦੇਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਫਿਲਹਾਲ ਜਾਂਚ ਕੀਤੀ ਜਾ ਰਹੀ ਹੈ।

# ਡੀ.ਸੀ. ਵੱਲੋਂ ਨਾਗਰਿਕਾਂ ਨੂੰ ਸੰਜ਼ਮ ਨਾਲ ਖ਼ਰੀਦਦਾਰੀ ਕਰਨ ਦੀ ਅਪੀਲ



ਜਲੰਧਰ, 8 ਮਈ, (ਸੰਦੀਪ ਕੌਲ) : ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਨਾਗਰਿਕਾਂ ਨੂੰ ਸੰਜ਼ਮ ਨਾਲ ਅਤੇ ਸੋਚ-ਵਿਚਾਰ ਕੇ ਖ਼ਰੀਦਦਾਰੀ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਘਬਰਾਹਟ ਵਿੱਚ ਆ ਕੇ ਧੜਾਧੜ ਖ਼ਰੀਦਦਾਰੀ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਮੁਤਾਬਕ ਕਿਸੇ ਵੀ ਤਰ੍ਹਾਂ ਦੇ ਐਮਰਜੈਂਸੀ ਹਾਲਾਤ ਦਾ ਸਾਹਮਣਾ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਲੋਕਾਂ ਦੇ ਨਾਲ ਖੜ੍ਹਾ ਹੈ।

ਡਾ. ਅਗਰਵਾਲ ਨੇ ਕਿਹਾ ਕਿ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਡਰਨ ਜਾਂ ਘਬਰਾਉਣ ਦੀ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਐਮਰਜੈਂਸੀ ਹਾਲਾਤ ਦੌਰਾਨ ਪੰਜਾਬ ਸਰਕਾਰ ਵੱਲੋਂ ਜਨਤਾ ਨੂੰ ਹਰ ਪ੍ਰਕਾਰ ਦੀ ਸਹਾਇਤਾ ਤੇ ਸਹਿਯੋਗ ਮੁਹੱਈਆ ਕਰਵਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜਲੰਧਰ ਪ੍ਰਸ਼ਾਸਨ ਕਿਸੇ ਵੀ ਤਰ੍ਹਾਂ ਦੇ ਹੰਗਾਮੀ ਹਾਲਾਤ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹੈ।

ਡਿਪਟੀ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਜ਼ਰੂਰੀ ਵਸਤਾਂ ਸਮੇਤ ਕਿਸੇ ਵੀ ਚੀਜ਼ ਦੀ ਜਮ੍ਹਾਖੋਰੀ ਬਿਲਕੁੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਜਮ੍ਹਾਖੋਰੀ ਜਾਂ ਕਾਲਾਬਾਜ਼ਾਰੀ ਕਰਦਾ ਪਾਇਆ ਗਿਆ, ਤਾਂ ਉਸ ਖਿਲਾਫ਼ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਫ਼ਵਾਹਾਂ ਤੋਂ ਬਚਣ ਦੀ ਸਲਾਹ ਦਿੰਦਿਆਂ ਕਿਹਾ ਕਿ ਸਰਕਾਰ ਵੱਲੋਂ ਸਮੇਂ-ਸਮੇਂ 'ਤੇ ਲੋਕ ਹਿੱਤ ਵਿੱਚ ਜਾਰੀ ਐਡਵਾਈਜ਼ਰੀ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ। ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਕੋਈ ਸ਼ਰਾਰਤੀ ਅਨਸਰ ਅਫ਼ਵਾਹ ਫੈਲਾਉਂਦਾ ਪਾਇਆ ਗਿਆ, ਤਾਂ ਉਸ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਓਧਰ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀਆਂ ਹਦਾਇਤਾਂ 'ਤੇ ਡੀ.ਐਫ.ਐਸ.ਸੀ. ਨਰਿੰਦਰ ਸਿੰਘ ਵੱਲੋਂ ਡੀ. ਮਾਰਟ ਸਮੇਤ ਵੱਖ-ਵੱਖ ਸਟੋਰਾਂ ਦਾ ਦੌਰਾ ਕੀਤਾ ਗਿਆ। ਉਨ੍ਹਾਂ ਪ੍ਰਬੰਧਕਾਂ ਨੂੰ ਵਿਅਕਤੀਗਤ ਲੋਕਾਂ ਨੂੰ ਥੋਕ ਵਿੱਚ ਸਾਮਾਨ ਨਾ ਵੇਚਣ ਅਤੇ ਗਾਹਕਾਂ ਨੂੰ ਵੀ ਬਿਨਾਂ ਲੋੜ ਤੋਂ ਥੋਕ ਵਿੱਚ ਖ਼ਰੀਦਦਾਰੀ ਨਾ ਕਰਨ ਲਈ ਪ੍ਰੇਰਿਤ ਕਰਨ ਲਈ ਕਿਹਾ। ਡੀ.ਐਫ.ਐਸ.ਸੀ. ਨੇ ਦੱਸਿਆ ਕਿ ਸਟੋਰ ਵਿੱਚ ਨਿਯਮਿਤ ਤੌਰ 'ਤੇ ਘੋਸ਼ਣਾਵਾਂ ਵੀ ਕਰਵਾਈਆਂ ਜਾ ਰਹੀਆਂ ਹਨ।

# ਕਾਲਜ ਵਿੱਚ ਪਾਰਟੀ ਦਾ ਆਯੋਜਨ

ਜਲੰਧਰ, 8 ਮਈ, (ਸੰਦੀਪ ਕੌਲ) : ਮਿੰਟਗੁਮਰੀ ਗੁਰੂ ਨਾਨਕ ਕਾਲਜ ਆਫ਼ ਐਜੂਕੇਸ਼ਨ, ਜਲੰਧਰ ਦੇ ਬੀ.ਐੱਡ ਸਮੈਸਟਰ ਦੂਜਾ ਦੇ ਵਿਦਿਆਰਥੀਆਂ ਨੇ ਪਾਸਿੰਗ ਆਊਟ ਸੀਨੀਅਰ ਵਿਦਿਆਰਥੀਆਂ ਨੂੰ ਵਿਦਾਇਗੀ ਦੇਣ ਲਈ ਕਾਲਜ ਵਿੱਚ 'ਮਸਕੁਰਾਤੀ ਰੁਖਸਤੀ' ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ। ਸਮਾਗਮ ਦੀ ਸ਼ੁਰੂਆਤ ਦਿੱਵਿਆ, ਰਿਧੀ ਅਤੇ ਅਕਸ਼ਿਤਾ ਦੇ ਡਾਂਸ ਪ੍ਰਦਰਸ਼ਨ ਨਾਲ ਹੋਈ ਜਿਸ ਤੋਂ ਬਾਅਦ ਜੂਨੀਅਰ ਵਿਦਿਆਰਥੀਆਂ ਨੇ ਸੀਨੀਅਰ ਵਿਦਿਆਰਥੀਆਂ ਲਈ ਮਜ਼ੇਦਾਰ ਖੇਡਾਂ ਦਾ ਆਯੋਜਨ ਕੀਤਾ। ਸਮਾਗਮ ਨੂੰ ਮਨੋਰੰਜਕ ਅਤੇ ਵਧੀਆ ਬਣਾਉਣ ਲਈ ਅਨੇਕ ਪ੍ਰਕਾਰ ਦੀਆਂ ਕਿਰਿਆਵਾਂ ਕਰਵਾਈਆਂ ਗਈਆਂ। ਸਮਾਗਮ ਦਾ ਸਭ ਤੋਂ ਆਕਰਸ਼ਕ ਹਿੱਸਾ ਸੁੰਦਰਤਾ ਮੁਕਾਬਲਾ ਸੀ, ਜਿਸ ਵਿੱਚ ਕੈਟਵਾਕ ਕਮ ਇੰਟ੍ਰੋਡਕਸ਼ਨ ਰਾਊਂਡ, ਪਰਫਾਰਮੈਂਸ ਰਾਊਂਡ ਅਤੇ ਪ੍ਰਸ਼ਨਾਵਲੀ ਰਾਊਂਡ ਵਰਗੇ ਵੱਖ-ਵੱਖ ਦੌਰਾਂ ਵਿੱਚੋਂ ਲੰਘਦੇ ਹੋਏ, ਬੀ.ਐੱਡ ਸਮੈਸਟਰ ਚੌਥਾ ਦੇ ਪ੍ਰਤੀਯੋਗੀਆਂ ਨੂੰ ਵੱਖ-ਵੱਖ ਖਿਤਾਬ ਦਿੱਤੇ ਗਏ।

ਇਸ ਮੁਕਾਬਲੇ ਵਿੱਚ ਅਕਸ਼ੈ ਸਿੰਗਲਾ ਮਿਸਟਰ ਐਮ.ਜੀ.ਐਨ ਅਤੇ ਮਿਸ ਸਾਕਸ਼ੀ ਸ਼ਰਮਾ ਮਿਸ ਐਮ.ਜੀ.ਐਨ ਬਣੇ। ਸਿਮਰਨਜੀਤ ਕੌਰ ਨੂੰ ਮਿਸ ਕਨਫਿਡੈਂਟ, ਅਨੁਸ਼ਕਾ ਕਮਲ ਨੂੰ ਮਿਸ ਕਰਿਸ਼ਮੈਟਿਕ ਅਤੇ ਸ਼ਫਕ ਨੂੰ ਮਿਸ ਐਲੀਗੈਂਟ ਦੇ ਖਿਤਾਬ ਦਿੱਤੇ ਗਏ। ਇਸ ਮੁਕਾਬਲੇ ਦੇ ਜਿਊਰੀ ਮੈਂਬਰ ਡਾ.ਰਵਜੀਤ ਕੌਰ, ਸ਼੍ਰੀਮਤੀ ਗੀਤਾਂਜਲੀ ਮਿੱਤੂ ਅਤੇ ਸ਼੍ਰੀਮਤੀ ਗਗਨਪ੍ਰੀਤ ਕੌਰ ਸਨ।

ਪ੍ਰਿੰਸੀਪਲ ਡਾ. ਨੀਲੂ ਝਾਂਜੀ ਨੇ ਵਿਦਾਇਗੀ ਪਾਰਟੀ ਦੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਭਵਿੱਖ ਲਈ ਪੂਰੀ ਇਮਾਨਦਾਰੀ ਅਤੇ ਸਖ਼ਤ ਮਿਹਨਤ ਨਾਲ ਤਿਆਰ ਰਹਿਣ ਦੀ ਅਪੀਲ ਕੀਤੀ। ਸਟੇਜ ਦਾ ਸੰਚਾਲਨ ਰੌਣਿਕਾ ਕੌਸ਼ਿਕ ਅਤੇ ਅਰਸ਼ੀਆ ਅਰੋੜਾ ਨੇ ਕੀਤਾ। ਸਮਾਗਮ ਦਾ ਸੰਚਾਲਨ ਡਾ.ਪੂਜਾ ਭਾਰਦਵਾਜ ਨੇ ਪ੍ਰਿੰਸੀਪਲ ਡਾ.ਨੀਲੂ ਝਾਂਜੀ ਦੀ ਨਿਗਰਾਨੀ ਹੇਠ ਕੀਤਾ। ਇਸ ਸਮਾਗਮ ਵਿੱਚ ਸਮੂਹ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਹਾਜ਼ਰੀ ਭਰੀ।




ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਜੀ ਦਾ 302 ਸਾਲਾ ਜਨਮ ਦਿਹਾੜਾ ਜਸਪਾਲ ਸਿੰਘ ਪਦਮ, ਗੁਰਦੀਪ ਸਿੰਘ ਸਰਪਰਸ, ਇਕਬਾਲ ਸਿੰਘ ਸੈਰੀ, ਜਨਰਲ ਸਕੱਤਰ ਚਮਕੌਰ ਸਿੰਘ ਦੀ ਅਗਵਾਈ ਹੇਠ ਮਨਾਇਆ ਗਿਆ ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਐਡੀ.ਆਨਰੇਰੀ ਸਕੱਤਰ ਸੁਖਜਿੰਦਰ ਸਿੰਘ ਪ੍ਰਿੰਸ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਅਮਰਜੀਤ ਸਿੰਘ ਹੈਪੀ ਰਾਜੇਵਾਲ, ਇੰਦਰਜੀਤ ਸਿੰਘ ਗੜੀ, ਨਰਿੰਦਰ ਸਿੰਘ ਬਿੱਟੂ, ਐਮਆਰ ਜਰਨੈਲ ਸਿੰਘ ਭੂਈ ਅਤੇ ਹੋਰ ਮੈਂਬਰ (ਫੋਟੋ ਵੇਰਵਾ ਬਬਲੂ ਮਹਾਜਨ)

# ਜਲੰਧਰ ਵਾਸੀ ਪਰਿਵਾਰ ਵੱਲੋਂ ਲੰਗਰ ਵਿਖੇ ਵੱਡੀ ਮਾਤਰਾ 'ਚ ਰਸਦਾਂ ਭੇਟ, ਐਡਵੋਕੇਟ ਧਾਮੀ ਵੱਲੋਂ ਸਨਮਾਨ



ਅੰਮ੍ਰਿਤਸਰ, 8 ਮਈ, (ਗੁਰਦਿਆਲ ਸਿੰਘ) : ਲੰਗਰ ਸ੍ਰੀ ਗੁਰੂ ਰਾਮਦਾਸ ਵਿਖੇ ਹਰ ਦਿਨ ਸੰਗਤ ਆਪਣੀ ਕਿਰਤ ਕਮਾਈ ਵਿੱਚੋਂ ਵੱਡੀ ਮਾਤਰਾ 'ਚ ਰਸਦਾਂ ਭੇਟ ਕਰਕੇ ਸ਼ਰਧਾ ਪ੍ਰਗਟਾਉਂਦੀ ਹੈ। ਇਸੇ ਤਹਿਤ ਹੀ ਅੱਜ ਜਲੰਧਰ ਵਾਸੀ ਬੀਬੀ ਗੁਰਦੇਵ ਕੌਰ ਸੰਘਾ ਦੇ ਪਰਿਵਾਰ ਵੱਲੋਂ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਖੇ ਵੱਡੀ ਕਣਕ ਤੇ ਦਾਲਾਂ ਭੇਟ ਕੀਤੀਆਂ ਗਈਆਂ ਹਨ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਸ਼ਰਧਾਲੂ ਪਰਿਵਾਰ ਦਾ ਸਨਮਾਨ ਕੀਤਾ ਗਿਆ।

ਗੁਰਸਿੱਖ ਪਰਿਵਾਰ ਵੱਲੋਂ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਖੇ 3 ਕੁਇੰਟਲ ਸਾਬਤ ਮਾਂਹ, 12 ਕੁਇੰਟਲ ਦਾਲ, ਸਾਢੇ 7 ਕੁਇੰਟਲ ਆਲੂ, 105 ਕੁਇੰਟਲ 90 ਕਿੱਲੋ ਕਣਕ ਭੇਟ ਕੀਤੀ ਗਈ ਹੈ। ਇਸ ਬਾਬਤ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਧਾਮੀ ਨੇ ਕਿਹਾ ਕਿ ਇਹ ਪਰਿਵਾਰ ਹਰ ਸਾਲ ਹੀ ਆਪਣੀ ਸਮਰੱਥਾ ਮੁਤਾਬਿਕ ਲੰਗਰ ਸ੍ਰੀ ਗੁਰੂ ਰਾਮਦਾਸ ਵਿਖੇ ਸੇਵਾ ਕਰਦਾ ਹੈ। ਉਨ੍ਹਾਂ ਦੱਸਿਆ ਕਿ ਪਰਿਵਾਰ ਵੱਲੋਂ 50 ਹਜ਼ਾਰ ਰੁਪਏ ਮਾਇਆ ਵੀ ਲੰਗਰ 'ਚ ਭੇਟ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਲੱਖਾਂ ਦੀ ਗਿਣਤੀ 'ਚ ਸੰਗਤ ਨਤਮਸਤਕ ਹੋਣ ਪਹੁੰਚਦੀ ਹੈ, ਜਿਨ੍ਹਾਂ ਲਈ ਲੰਗਰ ਸ੍ਰੀ ਗੁਰੂ ਰਾਮਦਾਸ ਹਰ ਸਮੇਂ ਖੁੱਲ੍ਹਾ ਰਹਿੰਦਾ ਹੈ। ਇਨ੍ਹਾਂ ਲੰਗਰ ਸੇਵਾਵਾਂ ਵਿਚ ਦੇਸ਼ ਦੁਨੀਆਂ ਦੇ ਸ਼ਰਧਾਲੂ ਰਸਦ ਭੇਟ ਕਰਕੇ ਆਪਣੀ ਸ਼ਰਧਾ ਪ੍ਰਗਟਾਉਂਦੇ ਹਨ, ਜੋ ਗੁਰੂ ਸਾਹਿਬ ਦੇ 'ਵੰਡ ਛਕਣ' ਦੇ ਸਿਧਾਂਤ ਦਾ ਪ੍ਰਗਟਾਵਾ ਹੈ।ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਗੁਰੂ ਕੇ ਲੰਗਰ ਲਈ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਕਣਕ ਭੇਟ ਕਰਕੇ ਰਸੀਦ ਪ੍ਰਾਪਤ ਕਰਨ। ਇਸ ਮੌਕੇ ਉਨ੍ਹਾਂ ਪਰਿਵਾਰ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸੁਨਿਹਰੀ ਮਾਡਲ ਨਾਲ ਸਨਮਾਨਿਤ ਕੀਤਾ।

ਇਸ ਵਿਸ਼ੇਸ਼ ਮੌਕੇ 'ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਜੀ ਦੇ ਨਾਲ ਓਐਸਡੀ ਸਤਬੀਰ ਸਿੰਘ ਧਾਮੀ, ਭਗਵੰਤ ਸਿੰਘ ਧੰਗੇੜਾ ਜਨਰਲ ਮੈਨੇਜਰ, ਸ਼ਾਹਬਾਜ ਸਿੰਘ ਨਿੱਜੀ ਸਕੱਤਰ, ਹਰਭਜਨ ਸਿੰਘ ਵਕਤਾ ਮੀਤ ਸਕੱਤਰ, ਬਲਵਿੰਦਰ ਸਿੰਘ ਮੈਨੇਜਰ, ਗੁਰਤਿੰਦਰ ਸਿੰਘ ਮੈਨੇਜਰ ਆਦਿ ਸ਼ਾਮਲ ਸਨ।

# ਲੋਕਾਂ ਦਾ ਹੌਸਲਾ ਵਧਾਉਣ ਲਈ ਪਹੁੰਚੇ ਸੰਸਦ ਮੈਂਬਰ ਔਜਲਾ



ਅੰਮ੍ਰਿਤਸਰ, 8 ਮਈ, (ਗੁਰਦਿਆਲ ਸਿੰਘ/ਬਬਲੂ ਮਹਾਜਨ) : ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਅੱਜ ਅੰਮ੍ਰਿਤਸਰ ਦੇ ਵੱਖ-ਵੱਖ ਥਾਵਾਂ 'ਤੇ ਲੋਕਾਂ ਨੂੰ ਉਤਸ਼ਾਹਿਤ ਕਰਨ ਲਈ ਪਹੁੰਚੇ। ਇਸ ਦੌਰਾਨ ਉਨ੍ਹਾਂ ਕਿਹਾ ਕਿ ਪਹਿਲਗਾਮ ਘਟਨਾ ਬਹੁਤ ਦਰਦਨਾਕ ਸੀ, ਇਸ ਲਈ ਇਸਦਾ ਜਵਾਬ ਦੇਣਾ ਜ਼ਰੂਰੀ ਹੈ। ਹੁਣ ਆਪ੍ਰੇਸ਼ਨ ਸਿੰਦੂਰ ਤੋਂ ਬਾਅਦ ਪੈਦਾ ਹੋਏ ਹਾਲਾਤਾਂ ਵਿੱਚ, ਲੋਕਾਂ ਨੂੰ ਹੌਸਲਾ ਰੱਖਣ ਅਤੇ ਪ੍ਰਸ਼ਾਸਨ ਦਾ ਸਮੱਰਥਨ ਕਰਨ ਦੀ ਲੋੜ ਹੈ।

ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਸਵੇਰੇ-ਸਵੇਰੇ ਨੋਵੇਲਟੀ ਚੌਕ, ਗਿਆਨੀ ਟੀ ਸਟਾਲ ਵਰਗੀਆਂ ਥਾਵਾਂ 'ਤੇ ਪਹੁੰਚੇ ਅਤੇ ਲੋਕਾਂ ਨਾਲ ਮੁਲਾਕਾਤ ਕੀਤੀ। ਉਹਨਾਂ ਨੇ ਕਿਹਾ ਕਿ ਇਸ ਸਮੇਂ ਵੱਧ ਤੋਂ ਵੱਧ ਸੰਜਮ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਸ ਸਮੇਂ ਅੰਮ੍ਰਿਤਸਰ ਵਿੱਚ ਸਥਿਤੀ ਬਹੁਤ ਗੰਭੀਰ ਹੈ ਅਤੇ ਅੰਮ੍ਰਿਤਸਰ ਇੱਕ ਸਰਹੱਦੀ ਇਲਾਕਾ ਹੈ, ਜਿਸ ਕਾਰਨ ਵਧੇਰੇ ਸਾਵਧਾਨ ਰਹਿਣ ਦੀ ਲੋੜ ਹੈ। ਪਰ ਇਹ ਸਭ ਤੋਂ ਜ਼ਰੂਰੀ ਹੈ ਕਿ ਲੋਕ ਕਿਸੇ ਵੀ ਤਰ੍ਹਾਂ ਨਾ ਘਬਰਾਉਣ ਅਤੇ ਅਫਵਾਹਾਂ ਵੱਲ ਧਿਆਨ ਨਾ ਦੇਣ।

ਇਸ ਤੋਂ ਬਾਅਦ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਦੇਰ ਰਾਤ ਜੇਠੂਵਾਲ, ਮੱਖਣਵਿੰਡ ਹੋਏ ਹਾਦਸੇ ਬਾਰੇ ਜਾਣਕਾਰੀ ਲੈਣ ਪਹੁੰਚੇ ਅਤੇ ਉੱਥੇ ਲੋਕਾਂ ਨਾਲ ਮੁਲਾਕਾਤ ਕੀਤੀ।

ਉਨ੍ਹਾਂ ਕਿਹਾ ਕਿ ਫੌਜ ਦੇਰ ਰਾਤ ਸੁਣੀਆਂ ਗਈਆਂ ਧਮਾਕਿਆਂ ਦੀ ਆਵਾਜ਼ 'ਤੇ ਕੰਮ ਕਰ ਰਹੀ ਹੈ। ਫੌਜ ਪ੍ਰਸ਼ਾਸਨ ਪਿੰਡਾਂ ਵਿੱਚ ਜੋ ਵੀ ਮਿਲਿਆ ਹੈ, ਉਸ 'ਤੇ ਕੰਮ ਕਰ ਰਿਹਾ ਹੈ, ਇਸ ਲਈ ਲੋਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਉਨ੍ਹਾਂ ਨੂੰ ਆਪਣਾ ਕੰਮ ਕਰਨ ਦੇਣ ਅਤੇ ਸ਼ਾਂਤੀ ਬਣਾਈ ਰੱਖਣ।

ਸਥਿਤੀ ਦਾ ਜਾਇਜ਼ਾ ਲੈਣ ਤੋਂ ਬਾਅਦ, ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਥੋਕ ਵਪਾਰੀਆਂ ਨੂੰ ਮਿਲਣ ਲਈ ਮਜੀਠ ਮੰਡੀ ਪਹੁੰਚੇ। ਜਿੱਥੇ ਉਨ੍ਹਾਂ ਮਜੀਠ ਮੰਡੀ ਦਾ ਦੌਰਾ ਕੀਤਾ ਅਤੇ ਸਥਾਨਕ ਵਪਾਰੀਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਕਾਲਾਬਾਜ਼ਾਰੀ ਤੋਂ ਬਚਣ ਅਤੇ ਜੰਗ ਵਰਗੇ ਸੰਕਟ ਦੇ ਸਮੇਂ ਜ਼ਰੂਰੀ ਵਸਤੂਆਂ ਦੀ ਨਿਯਮਤ ਸਪਲਾਈ ਬਣਾਈ ਰੱਖਣ ਵਿੱਚ ਸਹਿਯੋਗ ਕਰਨ ਦੀ ਅਪੀਲ ਕੀਤੀ।

ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਉਹ ਕਿਸੇ ਵੀ ਤਰ੍ਹਾਂ ਅਫਵਾਹਾਂ ਨਾ ਫੈਲਾਉਣ ਦੀ ਅਪੀਲ ਕਰਦੇ ਹਨ। ਉਹ ਕਿਸੇ ਵੀ ਗੰਭੀਰ ਸਥਿਤੀ ਵਿੱਚ ਲੋਕਾਂ ਦੇ ਨਾਲ ਖੜ੍ਹੇ ਹੈ ਅਤੇ ਹਮੇਸ਼ਾ ਉਨ੍ਹਾਂ ਦੇ ਨਾਲ ਖੜ੍ਹੇ ਰਹਿਣਗੇ। ਕਿਸੇ ਨੂੰ ਵੀ ਘਬਰਾਉਣ ਦੀ ਕੋਈ ਲੋੜ ਨਹੀਂ ਹੈ। ਪ੍ਰਸ਼ਾਸਨ ਦੇ ਹਰ ਹੁਕਮ ਦੀ ਪਾਲਣਾ ਕਰੋ ਅਤੇ ਸੁਰੱਖਿਅਤ ਰਹੋ।

# ਬਾਬਾ ਚੇਤ ਸਿੰਘ, ਬਾਬਾ ਸੰਤਾ ਸਿੰਘ ਦੀ ਸਾਲਾਨਾ ਬਰਸੀ ਸਮਾਗਮ ਅੱਜ ਹੋਣਗੇ: ਬਾਬਾ ਬਲਬੀਰ ਸਿੰਘ



ਤਲਵੰਡੀ ਸਾਬੋ, 8 ਮਈ, (ਗੁਰਦਿਆਲ ਸਿੰਘ) : ਨਿਹੰਗ ਸਿੰਘਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਬੁੱਢਾ ਦਲ ਦੇ ਬਾਰਵੇਂ ਮਰਹੂਮ ਜਥੇ: ਰਹੇ ਮਹਾਨ ਤਪੱਸਵੀ ਅਤੇ ਪੰਥ ਦੀ ਬੇਹਤਰੀ ਲਈ ਰਾਤ ਦਿਨ ਜੂਝਣ ਵਾਲੇ ਸਿੰਘ ਸਾਹਿਬ ਬਾਬਾ ਚੇਤ ਸਿੰਘ ਜੀ ਦੀ 57ਵੀਂ ਸਲਾਨਾ ਬਰਸੀ ਅਤੇ ਬ੍ਰਹਮ ਗਿਆਨੀ, ਗੁਰਮਤਿ ਮਾਰਤੰਡ ਬਾਬਾ ਸੰਤਾ ਸਿੰਘ ਜੀ ਅਕਾਲੀ ਦੀ 17ਵੀਂ ਸਲਾਨਾ ਬਰਸੀ ਸਮਾਗਮ ਗੁ: ਬੇਰ ਸਾਹਿਬ ਦੇਗਸਰ ਸਾਹਿਬ ਯਾਦਗਾਰ ਬਾਬਾ ਦੀਪ ਸਿੰਘ ਛਾਉਣੀ ਬੁੱਢਾ ਦਲ ਤਲਵੰਡੀ ਸਾਬੋ ਬਠਿੰਡਾ ਵਿਖੇ ਹੋਣਗੇ। ਇਸ ਮੌਕੇ ਬਾਬਾ ਬਲਬੀਰ ਸਿੰਘ ਮੁਖੀ ਬੁੱਢਾ ਦਲ ਨੇ ਨਿਹੰਗ ਸਿੰਘ ਦਲਾਂ, ਪੰਥਕ ਸਨੇਹੀਆਂ, ਵੱਖ-ਵੱਖ ਸੰਪਰਦਾਵਾਂ ਅਤੇ ਸੰਤ ਮਹਾਪੁਰਸ਼ਾਂ ਨੂੰ ਬਰਸੀ ਦੇ ਗੁਰਮਤਿ ਸਮਾਗਮਾਂ ਵਿੱਚ ਵੱਧ ਚੜ੍ਹ ਕੇ ਪੁੱਜਣ ਲਈ ਅਪੀਲ ਕੀਤੀ ਹੈ।

ਉਨ੍ਹਾਂ ਕਿਹਾ ਕਿ ਗੁਰਦੁਆਰਾ ਬੇਰ ਸਾਹਿਬ (ਦੇਗਸਰ ਸਾਹਿਬ) ਪਾ:ਦਸਵੀਂ, ਯਾਦਗਾਰ ਬਾਬਾ ਦੀਪ ਸਿੰਘ ਜੀ ਸ਼ਹੀਦ ਛਾਉਣੀ ਬੁੱਢਾ ਦਲ ਵਿਖੇ 7 ਮਈ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਹੋਏ ਸਨ ਅਤੇ 9 ਮਈ ਨੂੰ ਸਵੇਰੇ 10:30 ਵਜੇ ਭੋਗ ਉਪਰੰਤ ਗੁਰਮਤਿ ਸਮਾਗਮ ਹੋਣਗੇ, ਧਾਰਮਿਕ ਦੀਵਾਨ ਸਮੇਂ ਗੁਰੂਘਰ ਦੇ ਮਹਾਨ ਰਾਗੀ,ਢਾਡੀ, ਪ੍ਰਚਾਰਕ, ਸੰਤ ਜਨ ਗੁਰੂ ਜਸ ਰਾਹੀਂ ਇਨ੍ਹਾਂ ਮਹਾਨ ਜਰਨੈਲਾਂ ਸੰਤ ਸਿਪਾਹੀਆਂ ਨੂੰ ਭਾਵ ਭਿੰਨੀ ਸਰਧਾਜਲੀ ਅਰਪਣ ਕਰਨਗੇ। ਇਸ ਮੌਕੇ ਬੁੱਢਾ ਦਲ ਦੇ ਸਕੱਤਰ ਉਘੇ ਸਿੱਖ ਵਿਦਵਾਨ ਦਿਲਜੀਤ ਸਿੰਘ ਬੇਦੀ ਵੱਲੋਂ ਤਿਆਰ ਕੀਤੀ ਪੁਸਤਕ ਬੁੱਢਾ ਦਲ ਜਥੇਦਾਰ ਸਾਹਿਬਾਨਾਂ ਦਾ ਜੀਵਨ ਸੰਗ੍ਰਹਿ ਰਲੀਜ਼ ਕੀਤੀ ਜਾਵੇਗੀ। ਉਨ੍ਹਾਂ ਇਸ ਮੌਕੇ ਇਲਾਕਾ ਨਿਵਾਸੀਆਂ ਨੂੰ ਵੱਧ ਚੱੜ੍ਹ ਕੇ ਇਨ੍ਹਾਂ ਸਮਾਗਮਾਂ ਵਿੱਚ ਪੁਜਣ ਲਈ ਹਾਰਦਿਕ ਅਪੀਲ ਕੀਤੀ। ਉਨ੍ਹਾਂ ਅਕਾਲ ਪੁਰਖ ਅੱਗੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।

# ਗੁਰਦੁਆਰਾ ਬਿਬੇਕਸਰ ਸਾਹਿਬ ਦੇ ਬਾਹਰ ਨਵੀਂ ਬਣੀ ਠੰਢੇ ਜਲ ਦੀ ਛਬੀਲ ਦਾ ਉਦਘਾਟਨ

## ਗੁਰੂ ਦੀ ਸੰਗਤ ਦੀ ਸੇਵਾ ਮਹਾਨ ਪਰਉਪਕਾਰ : ਭਾਈ ਗੁਰਇਕਬਾਲ ਸਿੰਘ



ਅੰਮ੍ਰਿਤਸਰ, 8 ਮਈ, (ਬਬਲੂ ਮਹਾਜਨ) : ਬੀਬੀ ਕੌਲਾਂ ਜੀ ਭਲਾਈ ਕੇਂਦਰ ਦੇ ਮੁੱਖ ਸੇਵਾਦਾਰ ਭਾਈ ਗੁਰਇਕਬਾਲ ਸਿੰਘ ਜੀ ਅਗਵਾਈ ਹੇਠ ਗੁਰਦੁਆਰਾ ਬਿਬੇਕਸਰ ਸਾਹਿਬ ਦੇ ਬਾਹਰ ਨਵੀਂ ਬਣੀ ਠੰਢੇ ਜਲ ਦੀ ਛਬੀਲ ਦਾ ਉਦਘਾਟਨ ਕੀਤਾ ਗਿਆ। ਛਬੀਲ ਦਾ ਉਦਘਾਟਨ ਗੁਰਦੁਆਰਾ ਸ਼ਹੀਦਾਂ ਸਾਹਿਬ ਦੇ ਮੈਨੇਜਰ ਜਤਿੰਦਰ ਪਾਲ ਸਿੰਘ ਜੇ ਪੀ ਅਤੇ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਵੱਲੋਂ ਅਰਦਾਸ ਕਰਕੇ ਕੀਤਾ ਗਿਆ। ਦੱਸਣਯੋਗ ਹੈ ਕਿ ਗੁਰੂ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਕੋਲੋਂ ਕਥਾ-ਕੀਰਤਨ ਦੁਆਰਾ ਦੇਸ਼ਾਂ ਵਿਦੇਸ਼ਾਂ ਵਿੱਚ ਸੇਵਾ ਲੈ ਰਹੇ ਹਨ। ਇਸ ਦੇ ਨਾਲ ਹੀ ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ ਵੱਲੋ ਮਾਨਵਤਾ ਦੀ ਸੇਵਾ ਲਈ ਪਰਉਪਕਾਰ ਚੱਲ ਰਹੇ ਹਨ।ਜਿਸ ਵਿੱਚ ਹਰ ਮਹੀਨੇ ਬੀਬੀਆਂ ਨੂੰ ਰਾਸ਼ਨ ਦੀ ਸੇਵਾ, ਲੋੜਵੰਦ ਬੱਚਿਆਂ ਨੂੰ ਸਿਲਾਈ-ਕਢਾਈ ਸਿਖਲਾਈ ਕੇਂਦਰ,ਕੰਪਿਊਟਰ ਸਿਖਲਾਈ ਕੇਂਦਰ,ਅਤੇ ਇਤਿਹਾਸਿਕ ਗੁਰਦੁਆਰਿਆਂ ਦੀ ਕਾਰ ਸੇਵਾ ਚੱਲ ਰਹੀ ਹੈ। ਭਾਈ ਗੁਰਇਕਬਾਲ ਸਿੰਘ ਨੇ ਦੱਸਿਆ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਚੁਪਹਿਰਾ ਸਾਹਿਬ ਵਿਖੇ ਸੰਗਤਾਂ ਦੀ ਆਮਦ ਨੂੰ ਦੇਖਦੇ ਅੱਜ ਗੁਰਦੁਆਰਾ ਬਿਬੇਕਸਰ ਸਾਹਿਬ ਵਿਖੇ ਨਵੀਂ ਛਬੀਲ ਬਣਾ ਕੇ ਲੋਕ ਅਰਪਣ ਕੀਤੀ ਗਈ। ਸੰਗਤਾਂ ਦਾ ਭਰਵਾਂ ਇਕੱਠ ਗੁਰਦੁਆਰਾ ਸ਼ਹੀਦਾਂ ਸਾਹਿਬ ਦੇ ਆਲੇ ਦੁਆਲੇ ਗੁਰਦੁਆਰਾ ਸਾਹਿਬ ਵਿੱਚ ਬੈਠ ਕੇ ਵੀ ਚੁਪਹਿਰਾ ਸਾਹਿਬ ਕੱਟਦੇ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਦੁਆਰਾ ਸ਼ਹੀਦਾਂ ਸਾਹਿਬ ਦੇ ਮੈਨੇਜਰ ਜਤਿੰਦਰ ਪਾਲ ਸਿੰਘ ਜੇ ਪੀ ਨੇ ਦੱਸਿਆ ਗੁਰਦੁਆਰਾ ਬਿਬੇਕਸਰ ਸਾਹਿਬ ਦੇ ਅੰਦਰ ਲੱਗ ਰਹੇ ਸੰਗਮਰਮਰ (ਪੱਥਰ) ਦੀ ਸੇਵਾ ਭਾਈ ਗੁਰਇਕਬਾਲ ਸਿੰਘ ਜੀ ਵੱਲੋਂ ਕੀਤੀ ਜਾ ਰਹੀ ਹੈ। ਉਹਨਾਂ ਸੰਗਤਾਂ ਨੂੰ ਅਪੀਲ ਕੀਤੀ ਸੰਗਤਾਂ ਵੱਧ ਚੜ੍ਹ ਕੇ ਭਾਈ ਸਾਹਿਬ ਨਾਲ ਸਹਿਯੋਗ ਕਰਨ। ਇਸ ਮੌਕੇ ਭਾਈ ਗੁਰਇਕਬਾਲ ਸਿੰਘ ਜੀ ਵੱਲੋਂ ਮੈਨੇਜਰ ਜਤਿੰਦਰ ਪਾਲ ਸਿੰਘ ਜੇ ਪੀ ਅਤੇ ਆਏ ਹੋਏ ਪਤਵੰਤੇ ਸੱਜਣਾਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ।ਇਸ ਮੌਕੇ ਮਨਦੀਪ ਸਿੰਘ ਭੋਲੂ, ਪਰਮਜੀਤ ਸਿੰਘ ਢੱਲ, ਤਲਵਿੰਦਰ ਸਿੰਘ ਨਿੱਕੂ, ਸਤਨਾਮ ਸਿੰਘ ਸੱਤਾ,ਗੁਰਪਾਲ ਸਿੰਘ, ਉਸਤਾਦ ਜਗਜੀਤ ਸਿੰਘ, ਤਲਵਿੰਦਰ ਸਿੰਘ ਮੋਨੂ ਬੰਟੀ ਵੀਰ ਜੀ ਆਦਿ ਹਾਜ਼ਰ ਸਨ।

# ਸਰਕਾਰ ਵੱਲੋਂ ਨਗਰ ਸੁਧਾਰ ਟ੍ਰੱਸਟਾਂ ਦੀਆਂ ਦੋ ਵਨ ਟਾਈਮ ਰਿਲੈਕਸੇਸ਼ਨ ਪਾਲਿਸੀ ਜਾਰੀ : ਭਿੰਡਰ



ਲੁਧਿਆਣਾ, 8 ਮਈ (ਵਿਸ਼ਾਲ ਸ਼ਰਮਾ/ਰਵਿੰਦਰ ਸਿੰਘ ਨਿੱਝਰ) : ਨਗਰ ਸੁਧਾਰ ਟਰੱਸਟ ਲੁਧਿਆਣਾ ਦੇ ਚੇਅਰਮੈਨ ਸ੍ਰੀ ਤਰਸੇਮ ਸਿੰਘ ਭਿੰਡਰ ਨੇ ਵੀਰਵਾਰ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਾਜ ਸਭਾ ਮੈਂਬਰ ਸ੍ਰੀ ਸੰਜੀਵ ਅਰੋੜਾ ਦੇ ਉੱਦਮ ਸਦਕਾ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਅਤੇ ਸਥਾਨਕ ਸਰਕਾਰਾਂ ਮੰਤਰੀ ਪੰਜਾਬ ਡਾ.ਰਵਜੋਤ ਸਿੰਘ ਵੱਲੋਂ ਨਗਰ ਸੁਧਾਰ ਟਰੱਸਟਾਂ ਦੀਆਂ ਵਿਕਾਸ ਸਕੀਮਾਂ ਵਿੱਚ ਪੈਂਦੀਆਂ ਜਾਇਦਾਦਾਂ ਦੇ ਅਲਾਟੀਆਂ, ਟਰਾਂਸਫਰੀਆਂ, ਮਾਲਕਾਂ ਵਾਸਤੇ ਹੇਠ ਲਿਖੀਆਂ ਦੋ ਵਨ ਟਾਈਮ ਰਿਲੈਕਸੇਸ਼ਨ ਪਾਲਿਸੀ ਜਾਰੀ ਕੀਤੀਆਂ ਗਈਆਂ ਹਨ

1\. ਨਾ-ਉਸਾਰੀ ਫੀਸ (ਐਨ.ਸੀ.ਐਫ) : ਇਸ ਪਾਲਿਸੀ ਅਨੁਸਾਰ ਟਰੱਸਟ ਦੀਆਂ ਵਿਕਾਸ ਸਕੀਮਾਂ ਵਿੱਚ ਪੈਂਦੀਆਂ ਜਾਇਦਾਦਾਂ ਦੇ ਜਿਨ੍ਹਾਂ ਅਲਾਟੀਆਂ ਨੂੰ ਅਲਾਟਮੈਂਟ ਪੱਤਰ ਜਾਰੀ ਹੋਣ ਦੀ ਮਿਤੀ ਤੋਂ 15 ਸਾਲ ਤੋਂ ਘੱਟ ਜਾਂ 15 ਸਾਲ ਤੋਂ ਵੱਧ ਸਮਾਂ ਹੋ ਚੁੱਕਾ ਹੈ ਉਨ੍ਹਾਂ ਅਲਾਟੀਆਂ ਦੀ ਬਣਦੀ 'ਨਾ-ਉਸਾਰੀ ਫੀਸ' ਦੀ ਕੁੱਲ ਰਕਮ (ਮੂਲ ਰਕਮ + ਵਿਆਜ) ਤੇ 50 ਪ੍ਰਤੀਸ਼ਤ ਛੋਟ ਦਿੱਤੀ ਹੈ ਅਤੇ 15 ਸਲਾ ਤੋਂ ਵੱਧ ਸਮੇਂ ਦੀ ਬਣਦੀ 'ਨਾ-ਉਸਾਰੀ ਫੀਸ' ਰਿਜ਼ਰਵ ਰੇਟ (Applicable) ਦੇ 5 ਪ੍ਰਤੀਸ਼ਤ ਦੀ ਦਰ ਨਾਲ ਮੁਕੱਰਰ ਕੀਤੀ ਗਈ ਹੈ । ਇਸ ਦੇ ਨਾਲ ਹੀ ਸੀਨੀਅਰ ਸਿਟੀਜ਼ਨ, ਔਰਤਾਂ ਅਤੇ Legal heirs of soldiers of Armed or Paramilitary Forces Killed in Action, ਨੂੰ ਵੀ 'ਨਾ-ਉਸਾਰੀ ਫੀਸ' ਸਬੰਧੀ ਉਕਤ ਦਿੱਤੀ ਛੋਟ ਦੇ ਉਪਰ ਐਡੀਸ਼ਨਲ 25 ਪ੍ਰਤੀਸ਼ਤ ਵਾਧੂ ਤੌਰ 'ਤੇ ਛੋਟ ਦਿੱਤੀ ਗਈ ਹੈ। ਸਰਕਾਰ ਵੱਲੋਂ ਨਾ-ਉਸਾਰੀ ਫੀਸ (ਐਨ.ਸੀ.ਐਫ) ਦੀ ਰਕਮ ਸਬੰਧੀ ਵਨ ਟਾਈਮ ਰੀਲੈਕਸੇਸ਼ਨ ਪਾਲਿਸੀ ਅਧੀਨ ਛੋਟ ਪ੍ਰਾਪਤ ਕਰਨ ਉਪਰੰਤ ਰਕਮ ਜਮ੍ਹਾਂ ਕਰਵਾਕੇ ਅਲਾਟੀ ਆਪਣੀ ਜਾਇਦਾਦ ਦਾ ਮਿਤੀ 31.12.2025 ਤੱਕ ਨਕਸ਼ਾ ਪਾਸ ਕਰਵਾਕੇ ਉਸਾਰੀ ਕਰਨ ਦਾ ਪਾਬੰਦ ਹੋਵੇਗਾ ।

2\. ਇਹ ਛੋਟ ਕੇਵਲ ਉਹਨ੍ਹਾਂ ਕੇਸਾਂ ਤੇ ਲਾਗੂ ਹੋਵੇਗੀ ਜਿਸ ਵਿੱਚ ਅਲਾਟੀਆਂ ਵੱਲੋਂ ਸਬੰਧਤ ਜਾਇਦਾਦ ਦੀ ਅਲਾਟਮੈਂਟ ਉਪਰੰਤ 1/4 ਹਿੱਸਾ ਰਕਮ ਜਮ੍ਹਾਂ ਕਰਵਾਈ ਗਈ ਹੋਵੇ ਜਿਸ ਅਨੁਸਾਰ ਅਲਾਟੀ ਵੱਲੋਂ ਬਕਾਇਆ ਰਹਿੰਦੀ ਰਕਮ ਤੇ ਸਮੇਂ ਸਮੇਂ ਸਿਰ ਜਾਰੀ ਰੂਲਾਂ ਅਨੁਸਾਰ ਬਣਦੀ ਦਰ(ਸਾਧਾਰਨ ਵਿਆਜ 'ਤੇ) ਅਤੇ ਰੈਸਟੋਰੇਨ ਚਾਰਜਿਜ਼ ਸਾਲ 2025-26 ਦੇ ਰਿਜ਼ਰਵ ਰੇਟ ਤੇ 2.5 ਪ੍ਰਤੀਸ਼ਤ ਹਿਸਾਬ ਨਾਲ ਜਮਾਂ ਕਰਵਾਕੇ ਆਪਣੀ ਜਾਇਦਾਦ ਨੂੰ ਰੈਗੂਲਰਾਈਜ਼ ਕਰਵਾ ਸਕਣਗੇ। Penalty/ਪੀਨਲ ਵਿਆਜ 'ਤੇ ਮੁਕੰਮਲ ਛੋਟ ਦਿੱਤੀ ਗਈ ਹੈ। ਇਸ ਸਬੰਧੀ ਸ੍ਰ. ਤਰਸੇਮ ਸਿੰਘ ਭਿੰਡਰ ਜੀ ਵੱਲੋਂ ਅੱਗੇ ਦੱਸਿਆ ਗਿਆ ਕਿ ਟਰੱਸਟ ਦੀਆਂ ਵਿਕਾਸ ਸਕੀਮਾਂ ਵਿੱਚ ਪੈਂਦੀਆਂ ਜਾਇਦਾਦਾਂ ਦੇ ਅਲਾਟੀਆਂ, ਟਰਾਂਸਫਰੀਆਂ,ਮਾਲਕਾਂ ਨੇ ਸਰਕਾਰ ਵੱਲੋਂ ਜਾਰੀ ਨਾ-ਉਸਾਰੀ ਫੀਸ(ਐਨ.ਸੀ.ਐਫ) ਦੀ ਰਕਮ ਸਬੰਧੀ ਵਨ ਟਾਈਮ ਰੀਲੈਕਸੇਸ਼ਨ ਪਾਲਿਸੀ ਤਹਿਤ ਲਾਭ ਪ੍ਰਾਪਤ ਕਰਨਾ ਹੈ ਤਾਂ ਉਹ ਮਿਤੀ 31.07.2025 ਤੱਕ ਟਰੱਸਟ ਦਫਤਰ ਵਿਖੇ ਦਸਤੀ ਜਾਂ ਈ-ਮੇਲ ਆਈ.ਡੀ. ਤੇ ਪ੍ਰਤੀ ਬੇਨਤੀ ਦੇ ਕੇ ਲਾਭ ਪ੍ਰਾਪਤ ਕਰ ਸਕਦੇ ਹਨ । ਇਸ ਸਬੰਧੀ ਜੇਕਰ ਕਿਸੇ ਨੇ ਹੋਰ ਕੋਈ ਜਾਣਕਾਰੀ ਪ੍ਰਾਪਤ ਕਰਨੀ ਹੋਵੇ ਤਾਂ ਉਹ ਕਿਸੇ ਵੀ ਕੰਮ ਵਾਲੇ ਦਿਨ ਦਫਤਰ ਨਗਰ ਸੁਧਾਰ ਟਰੱਸਟ, ਲੁਧਿਆਣਾ ਵਿਖੇ ਆ ਕੇ ਜਾਣਕਾਰੀ ਪ੍ਰਾਪਤ ਕਰ ਸਕਦਾ ਹੈ।

# ਮੈਂ ਭਾਰਤੀ ਫ਼ੌਜ ਕੋਲ ਅਪਣੇ ਆਪ ਨੂੰ ਸਮਰਪਿਤ ਕਰਨ ਲਈ ਦੇਰੀ ਨਹੀਂ ਕਰਾਂਗਾ : ਐਡਵੋਕੇਟ ਘੁੰਮਣ



ਲੁਧਿਆਣਾ, 8 ਮਈ (ਰਵਿੰਦਰ ਸਿੰਘ ਨਿੱਝਰ): ਅਪ੍ਰੇਸ਼ਨ 'ਸੰਧੂਰ' ਦੀ ਸਫਲਤਾ ਤੇ ਜਿੱਥੇ ਐਡਵੋਕੇਟ ਪ੍ਰਉਪਕਾਰ ਸਿੰਘ ਘੁੰਮਣ ਨੇ ਸ਼ਲਾਘਾ ਕੀਤੀ ਉੱਥੇ "ਅੱਤਵਾਦ ਦੇ ਖ਼ਲਾਫ਼ ਆਰੰਭੀ ਗਈ ਲੜਾਈ ਵਿੱਚ ਪੂਰਾ ਦੇਸ਼ ਇੱਕਜੁੱਟ ਦੀ ਗੱਲ ਵੀ ਕਹੀ। ਉਨ੍ਹਾਂ ਕਿਹਾ ਕਿ ਸਾਨੂੰ ਸਾਡੀ ਭਾਰਤੀ ਫੌਜ ਅਤੇ ਆਪਣੇ ਵੀਰ ਜਵਾਨਾਂ 'ਤੇ ਮਾਣ ਹੈ। ਘੁੰਮਣ ਨੇ ਕਿਹਾ ਕਿ 140 ਕਰੋੜ ਦੇਸ਼ ਵਾਸੀ ਭਾਰਤੀ ਫੌਜ ਦੇ ਨਾਲ ਖੜ੍ਹੇ ਹਨ। ਉਨ੍ਹਾਂ ਅਪਣੀ ਗੱਲ ਕਰਦਿਆਂ ਕਿਹਾ ਕਿ ਜੇਕਰ ਕਿਸੇ ਕਿਸਮ ਦੀ ਜਰੂਰਤ ਪੈਂਦੀ ਹੈ ਤਾਂ ਮੈਂ ਭਾਰਤੀ ਫੌਜ ਕੋਲ ਅਪਣੇ ਆਪ ਨੂੰ ਸਮਰਪਿਤ ਕਰਨ ਲਈ ਦੇਰੀ ਨਹੀਂ ਕਰਾਂਗਾ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਪ੍ਰੀਵਾਰ ਵਿਚੋਂ ਕਈ ਮੈਂਬਰ ਭਾਰਤੀ ਫੌਜ ਵਿਚ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ। ਘੁੰਮਣ ਨੇ ਕਿਹਾ ਕਿ ਨੌਜਵਾਨਾਂ ਦੀ ਹਿੰਮਤ ਅਤੇ ਹੌਸਲੇ ਲਈ ਪੰਜਾਬ ਦੇ ਲੋਕ ਦੇਸ਼ ਦੀ ਫੌਜ ਦੇ ਨਾਲ ਖੜ੍ਹੇ ਹਨ। ਦੂਜੇ ਪਾਸੇ ਐਡਵੋਕੇਟ ਪ੍ਰਉਪਕਾਰ ਸਿੰਘ ਘੁੰਮਣ ਨੇ ਐਲਾਨ ਕੀਤਾ ਕਿ ਬੇਸ਼ੱਕ ਉਹ ਲੁਧਿਆਣਾ ਹਲਕਾ ਪੱਛਮੀ ਦੀ ਉੱਪ ਚੋਣ ਲਈ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਵਜੋਂ ਲੋਕਾਂ ਨਾਲ ਲਗਾਤਾਰ ਮੀਟਿੰਗਾਂ ਕਰਨ ਵਿਚ ਵਿਅਸਤ ਹਨ ਪਰ ਮੌਜੂਦਾ ਸਥਿਤੀ ਨੂੰ ਦੇਖਦੇ ਹੋਏ ਅਗਲੇ ਐਲਾਨ ਤੱਕ ਉਹ ਆਪਣੀਆਂ ਸਾਰੀਆਂ ਮੀਟਿੰਗਾਂ ਨੂੰ ਰੱਦ ਕਰਦੇ ਹਨ। ਐਡਵੋਕੇਟ ਘੁੰਮਣ ਨੇ ਸਮੂਹ ਸ਼ਹਿਰ ਤੇ ਪੰਜਾਬ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਜਾ ਪ੍ਰਸ਼ਾਸਨ ਵੱਲੋਂ ਜੋ ਦਿਸ਼ਾ ਨਿਰਦੇਸ਼ ਦਿੱਤੇ ਜਾਂਦੇ ਹਨ ਉਨ੍ਹਾਂ ਨਿਰਦੇਸ਼ਾਂ ਨੂੰ ਮੁਢਲਾ ਫਰਜ਼ ਸਮਝਦੇ ਹੋਏ ਪਾਲਣਾ ਕਰਨ।

# ਸਪਰਿੰਗ ਡੇਲ ਪਲੇਅ ਸਕੂਲ ਵਿਖੇ ਮਦਰਸ ਡੇ ਮਨਾਇਆ



ਲੁਧਿਆਣਾ, 8 ਮਈ (ਰਵਿੰਦਰ ਸਿੰਘ ਨਿੱਝਰ) : ਸਪਰਿੰਗ ਡੇਲ ਪਲੇਅ ਸਕੂਲ ਜੀ.ਕੇ. ਅਸਟੇਟ ਚੰਡੀਗੜ੍ਹ ਰੋਡ ਵਿਖੇ ਮਾਂ ਦਿਵਸ ਨੂੰ ਬੜੇ ਜੋਸ਼ ਅਤੇ ਉਤਸ਼ਾਹ ਦੇ ਨਾਲ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਦੇ ਵਿੱਚ ਸਕੂਲ ਦੇ ਮਾਣਯੋਗ ਚੇਅਰਪਰਸਨ ਮੈਡਮ ਸ਼੍ਰੀਮਤੀ ਅਵਿਨਾਸ਼ ਕੌਰ ਵਾਲੀਆ ਜੀ ਨੂੰ 'ਵਰਲਡਸ ਬੈਸਟ ਮੌਮ' ਅਤੇ ਡਾਇਰੈਕਟਰ ਮੈਡਮ ਕਮਲਪ੍ਰੀਤ ਕੌਰ ਜੀ ਨੂੰ 'ਸੁਪਰ ਮੌਮ' ਦੇ ਸੈਸ਼ੇ ਅਤੇ ਤਾਜ ਪਹਿਨਾ ਕੇ ਉਨ੍ਹਾਂ ਦਾ ਸਵਾਗਤ ਕੀਤਾ ਗਿਆ।

ਇਸ ਮੌਕੇ ਡਿਪਟੀ ਡਾਇਰੈਕਟਰ ਸ਼੍ਰੀਮਤੀ ਸੋਨੀਆ ਵਰਮਾ ਜੀ ਨੇ ਆਈਆਂ ਹੋਈਆਂ ਸਾਰੀਆਂ ਮਾਵਾਂ ਦਾ ਦਿਲੀ ਸਵਾਗਤ ਕਰਦੇ ਹੋਏ ਉਹਨਾਂ ਨੂੰ ਜੀ ਆਇਆਂ ਨੂੰ ਕਿਹਾ। ਇਸ ਦੌਰਾਨ ਪਲੇਅ ਗਰੁੱਪ ਅਤੇ ਕਿੰਡਰ ਗਾਰਟਨ ਦੇ ਬੱਚਿਆਂ ਨੇ 'ਤੇਰੀ ਉਂਗਲੀ ਪਕੜ ਕੇ ਚਲਾ', 'ਤੂੰ ਕਿਤਨੀ ਅੱਛੀ ਹੈ', 'ਲੁਕਾ ਛੁਪੀ' ਗਾਣਿਆਂ 'ਤੇ ਖੂਬਸੂਰਤ ਡਾਂਸ ਦੀ ਪੇਸ਼ਕਾਰੀ ਕਰਕੇ ਅਤੇ ਮਾਵਾਂ ਪ੍ਰਤੀ ਆਪਣੇ ਦਿਲੀ ਪਿਆਰ ਨੂੰ ਵਿਅਕਤ ਕਰਦੇ ਹੋਏ ਸਾਰਿਆਂ ਨੂੰ ਮੰਤਰ ਮੁਗਧ ਕਰ ਦਿੱਤਾ। ਇਸ ਦੌਰਾਨ ਸਕੂਲ ਕਾਉਂਸਲਰਸਡਾਕਟਰ ਗੁਰਪ੍ਰੀਤ ਕੌਰ ਜੀ ਅਤੇ ਮੈਡਮ ਏਂਜਲਾਨੇ ਸਾਰੇ ਮਾਪਿਆਂ ਨੂੰ 'ਮੋਬਾਈਲ ਇੱਕ ਰੋਗ' ਵਿਸ਼ੇ 'ਤੇ ਭਰਪੂਰ ਜਾਣਕਾਰੀ ਦਿੰਦਿਆਂ ਆਪਣੇ ਬੱਚਿਆਂ ਨੂੰ ਮੋਬਾਇਲ ਦੀ ਵਰਤੋਂ ਨਾ ਕਰਨ ਦੇ ਲਈ ਪ੍ਰੇਰਿਆ ਅਤੇ ਮਾਪਿਆਂ ਨੂੰ ਵੱਧ ਤੋਂ ਵੱਧ ਸਮਾਂ ਆਪਣੇ ਬੱਚਿਆਂ ਦੇ ਨਾਲ? ਬਿਤਾਉਣ ਦੇ ਲਈ ਕਿਹਾ।ਇਸ ਦੌਰਾਨ ਵਨ ਮਿਨਟ ਫ਼ਨ ਗੇਮਸ ਨੇ ਤਾਂ ਸਾਰਿਆਂ ਨੂੰ ਕੀਲ ਕੇ ਹੀ ਰੱਖ ਦਿੱਤਾ। ਸਾਰੀਆਂ ਆਈਆਂ ਹੋਈਆਂ ਮਾਵਾਂ ਨੇ ਇਹਨਾਂ ਫ਼ਨ ਗੇਮਸ ਦਾ ਬਹੁਤ- ਬਹੁਤ ਆਨੰਦ ਮਾਣਿਆ। ਇਸ ਦੇ ਨਾਲ ?ਹੀ ਪਲੇਅ ਗਰੁੱਪ ਦੀਆਂ ਮਦਰਸ ਨੇ ਆਪਣੇ ਨੰਨ੍ਹੇ- ਮੁੰਨੇ ਬੱਚਿਆਂ ਦੇ ਨਾਲ? ਰੈਂਪ ਵੌਕ ਕਰਕੇ ਸਭ ਨੂੰ ਚੁਕਾਚੌਂਧ ਕਰਕੇ ਰੱਖ ਦਿੱਤਾ।

ਸਕੂਲ ਦੇ ਚੇਅਰਪਰਸਨ ਮੈਡਮ ਅਵਿਨਾਸ਼ ਕੌਰ ਵਾਲੀਆ, ਡਾਇਰੈਕਟਰ ਮੈਡਮ ਕਮਲਪ੍ਰੀਤ ਕੌਰ, ਹੈਡਮਿਸਟਰੈਸ ਮੈਡਮ ਅਲਕਾ ਗੰਭੀਰ ਅਤੇ ਸਮੂਹ ਸਟਾਫ਼ ਨੇ ਆਈਆਂ ਹੋਈਆਂ ਸਾਰੀਆਂ ਮਾਵਾਂ ਨੂੰ 'ਮਾਂ-ਦਿਵਸ' ਦੀਆਂ ਬਹੁਤ-ਬਹੁਤ ਵਧਾਈਆਂ ਦਿੱਤੀਆਂ।

# ਬਲੌਜ਼ਮਜ਼ ਕਾਨਵੈਂਟ ਸਕੂਲ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ



ਜਗਰਾਓਂ, 8 ਮਈ (ਵਿਸ਼ਾਲ ਅੱਤਰੇ/ਆਰੀਨ ਅੱਤਰੇ) : ਬਲੌਜ਼ਮਜ਼ ਕਾਨਵੈਂਟ ਸਕੂਲ ਵਿਖੇ ਬੀਤੇ ਦਿਨੀਂ ਸਕੂਲ ਦਾ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਜਿਸ ਵਿੱਚ ਪਿਛਲੀਆਂ ਜਮਾਤਾਂ ਵਿਚ ਅੱਵਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਜਿੱਥੇ ਟਰਾਫ਼ੀਆਂ ਦਿੱਤੀਆਂ ਗਈਆਂ ਉਥੇ ਨਾਲ ਹੀ ਉਹਨਾਂ ਨੂੰ ਕੈਸ਼ ਰਾਸ਼ੀ ਵਜੋਂ ਵਾਊਚਰ ਦੇ ਉਹਨਾਂ ਦੀ ਕੀਤੀ ਮਿਹਨਤ ਨੂੰ ਬਾਕੀ ਵਿਦਿਆਰਥੀਆਂ ਲਈ ਪ੍ਰੇਰਨਾਦਾਇਕ ਬਣਾਇਆ।ਇਸ ਮੌਕੇ ਕਿੰਡਰ ਗਾਰਡਨ ਦੇ ਵਿਦਿਆਰਥੀਆਂ ਤੋਂ ਲੈ ਕੇ ਵੱਡੀਆਂ ਜਮਾਤਾਂ ਦੇ ਸਾਰੇ ਵਿਦਿਆਰਥੀਆਂ ਨੂੰ ਇੱਕੋ ਲੜੀ ਤਹਿਤ ਪਰੋਇਆ। ਇਸ ਮੌਕੇ ਸਕੂਲ ਦੇ ਪ੍ਰਿੰ. ਡਾ. ਨਵਨੀਤ ਕੌਰ ਨੇ ਸਾਰੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਧਾਈ ਦੇ ਪਾਤਰ ਦੱਸਦੇ ਹੋਏ ਕਿਹਾ ਕਿ ਇਹ ਹਰ ਬੱਚੇ ਵਿਚ ਛੁਪੇ ਹੁਨਰ ਨੂੰ ਉਭਾਰਨ ਲਈ ਵੱਡੇ ਹੌਂਸਲੇ ਹਨ ਜੋ ਇਹਨਾਂ ਬੱਚਿਆਂ ਨੂੰ ਆਪਣੀਆਂ ਮੰਜ਼ਿਲਾਂ ਸਰ ਕਰਨ ਵਿੱਚ ਵੱਡਾ ਯੋਗਦਾਨ ਬਣਨਗੇ। ਬਾਕੀ ਵਿਦਿਆਰਥੀ ਇਹਨਾਂ ਤੋਂ ਪ੍ਰੇਰਨਾ ਲੈ ਕੇ ਆਪਣੀਆਂ ਚੱਲ ਰਹੀਆਂ ਜਮਾਤਾਂ ਵਿੱਚ ਚੰਗੀ ਮਿਹਨਤ ਕਰਨਗੇ ਤਾਂ ਜੋ ਆਉਣ ਵਾਲੇ ਦਿਨਾਂ ਵਿੱਚ ਉਹ ਅਜਿਹੇ ਸਮਾਰੋਹ ਦਾ ਹਿੱਸਾ ਬਣ ਸਕਣ। ਇਹ ਪ੍ਰੋਗਰਾਮ ਸਕੂਲ ਦੇ ਪ੍ਰੈਜ਼ੀਡੈਂਟ ਸ. ਮਨਪ੍ਰੀਤ ਸਿੰਘ ਬਰਾੜ ਦੀ ਦੇਖ-ਰੇਖ ਵਿੱਚ ਹੋਇਆ। ਉਹਨਾਂ ਨੇ ਵੀ ਸਾਰੇ ਮਾਪਿਆਂ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਹੋਰ ਮਿਹਨਤ ਕਰਨ ਦੀ ਕਾਮਨਾ ਜਤਾਈ।

# ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਿਖੇ ਚੁਪਹਿਰਾ ਸਮਾਗਮ ਕਰਵਾਇਆ



ਲੁਧਿਆਣਾ, 8 ਮਈ (ਕਰਨੈਲ ਸਿੰਘ ਐੱਮ.ਏ.) : ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਗੁਰੂ ਤੇਗ ਬਹਾਦਰ ਨਗਰ, ਗਲੀ ਨੰਬਰ 2, ਚੰਡੀਗੜ੍ਹ ਰੋਡ ਲੁਧਿਆਣਾ ਵਿਖੇ ਚੁਪਹਿਰਾ ਸਮਾਗਮ ਬੀਤੇ ਦਿਨੀਂ ਬੜੇ ਸ਼ਰਧਾ ਭਾਵਨਾ ਨਾਲ ਆਯੋਜਿਤ ਕੀਤਾ ਗਿਆ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਮਨਜੀਤ ਸਿੰਘ ਨੇ ਦੱਸਿਆ ਕਿ ਮਹਾਨ ਜਪ-ਤਪ ਚੁਪਹਿਰਾ ਸਮਾਗਮ ਵਿੱਚ ਜਪੁਜੀ ਸਾਹਿਬ, ਚੌਪਈ ਸਾਹਿਬ, ਸੁਖਮਨੀ ਸਾਹਿਬ ਦਾ ਪਾਠ ਕੀਤਾ ਗਿਆ ਅਤੇ ਬੀਬੀਆਂ ਦੇ ਜਥੇ ਨੇ ਗੁਰਬਾਣੀ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਉਹਨਾਂ ਨੇ ਦੱਸਿਆ ਕਿ ਜਪ-ਤਪ ਚੁਪਹਿਰਾ ਸਮਾਗਮ ਦੀ ਲੜੀ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਨਾਲ ਜੋੜਨ ਲਈ ਹਰ ਵੀਰਵਾਰ ਨੂੰ ਗੁਰਦੁਆਰਾ ਸਾਹਿਬ ਵਿੱਚ ਬਾਅਦ ਦੁਪਹਿਰ 2 ਵਜੇ ਤੋਂ ਸ਼ਾਮ 6 ਵਜੇ ਤੱਕ ਕਰਵਾਇਆ ਜਾਂਦਾ ਹੈ। ਸ੍ਰ: ਮਨਜੀਤ ਸਿੰਘ ਨੇ ਗੁਰੂ ਤੇਗ ਬਹਾਦਰ ਨਗਰ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਹਰ ਜਪ-ਤਪ ਚੁਪਹਿਰਾ ਸਮਾਗਮ ਵਿੱਚ ਆਪਣੀਆਂ ਹਾਜ਼ਰੀਆਂ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਇਸ ਮੌਕੇ ਉਹਨਾਂ ਦੇ ਨਾਲ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ ਸ੍ਰ: ਗੁਰਮੀਤ ਸਿੰਘ, ਸ੍ਰ: ਸੁਰਜੀਤ ਸਿੰਘ ਖੁਰਾਣਾ, ਸ੍ਰ: ਸੁਰਿੰਦਰ ਸਿੰਘ, ਸ੍ਰ: ਪਲਵਿੰਦਰ ਸਿੰਘ, ਸ੍ਰ: ਰਣਜੀਤ ਸਿੰਘ, ਸ੍ਰ: ਸਵਰਨ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਲੋਕਾਂ ਨੂੰ ਘਬਰਾਹਟ 'ਚ ਖ਼ਰੀਦਦਾਰੀ ਤੋਂ ਬੱਚਣ ਦੀ ਅਪੀਲ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ : ਡੀ.ਸੀ.

## ਡੀ.ਸੀ. ਲੁਧਿਆਣਾ ਵੱਲੋਂ 9-10 ਮਈ ਨੂੰ ਸਕੂਲ ਬੰਦ ਰੱਖਣ ਦੇ ਹੁਕਮ




ਲੁਧਿਆਣਾ, 8 ਮਈ (ਵਿਸ਼ਾਲ ਸ਼ਰਮਾ) : ਇੱਕ ਸਰਗਰਮ ਕਦਮ ਚੁੱਕਦੇ ਹੋਏ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ 9 ਅਤੇ 10 ਮਈ ਨੂੰ ਲੁਧਿਆਣਾ ਜ਼ਿਲ੍ਹੇ ਦੇ ਸਾਰੇ ਸਕੂਲ (ਸਰਕਾਰੀ ਅਤੇ ਨਿੱਜੀ) ਬੰਦ ਰੱਖਣ ਦਾ ਐਲਾਨ ਕੀਤਾ ਹੈ। ਡਿਪਟੀ ਕਮਿਸ਼ਨਰ ਨੇ ਨਾਗਰਿਕਾਂ ਨੂੰ ਸੰਜਮ ਵਰਤਣ ਅਤੇ ਘਬਰਾਹਟ ਵਿੱਚ ਖਰੀਦਦਾਰੀ ਤੋਂ ਬਚਣ ਦੀ ਅਪੀਲ ਕੀਤੀ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਜ਼ਿਲ੍ਹਾ ਪ੍ਰਸ਼ਾਸਨ ਕਿਸੇ ਵੀ ਐਮਰਜੈਂਸੀ ਦੇ ਪ੍ਰਬੰਧਨ ਲਈ ਪੂਰੀ ਤਰ੍ਹਾਂ ਤਿਆਰ ਹੈ। ਉਨ੍ਹਾਂ ਜਨਤਾ ਨੂੰ ਭਰੋਸਾ ਦਿਵਾਇਆ ਕਿ ਡਰਨ ਦੀ ਕੋਈ ਲੋੜ ਨਹੀਂ ਹੈ ਕਿਉਂਕਿ ਲੁਧਿਆਣਾ ਪ੍ਰਸ਼ਾਸਨ ਮਜ਼ਬੂਤ ਐਮਰਜੈਂਸੀ ਪ੍ਰਤੀਕਿਰਿਆ ਪ੍ਰਣਾਲੀਆਂ ਅਤੇ ਜ਼ਰੂਰੀ ਚੀਜ਼ਾਂ ਅਤੇ ਵਸਤੂਆਂ ਦੇ ਭਰਪੂਰ ਸਟਾਕ ਨਾਲ ਲੈਸ ਹੈ। ਉਨ੍ਹਾਂ ਕਿਹਾ ਕਿ ਸਾਰੇ ਵਿਭਾਗਾਂ ਨੂੰ ਅਲਰਟ ਕਰ ਦਿੱਤਾ ਗਿਆ ਹੈ ਅਤੇ ਐਮਰਜੈਂਸੀ ਰਿਸਪਾਂਸ ਸਿਸਟਮ ਲਗਾਏ ਗਏ ਹਨ। ਉਨ੍ਹਾਂ ਕਿਹਾ ਕਿ ਡੀਸੀ ਦਫ਼ਤਰ ਵਿੱਚ 24ਘੰਟੇ ਸਮਰਪਿਤ ਕੰਟਰੋਲ ਰੂਮ ਵੀ ਸਥਾਪਤ ਕੀਤਾ ਗਿਆ ਹੈ। ਡੀਸੀ ਜੈਨ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਾਰੇ ਵਿਭਾਗ ਚੌਕਸ ਹਨ ਅਤੇ ਨਿਰਵਿਘਨ ਕਾਰਜਾਂ ਨੂੰ ਯਕੀਨੀ ਬਣਾਉਣ ਲਈ ਸਬੰਧਤ ਅਧਿਕਾਰੀਆਂ ਨਾਲ ਨੇੜਿਓਂ ਤਾਲਮੇਲ ਕਰਕੇ ਕੰਮ ਕਰ ਰਹੇ ਹਨ। ਉਸਨੇ ਵਸਨੀਕਾਂ ਨੂੰ ਸ਼ਾਂਤ ਰਹਿਣ ਸੋਚ-ਸਮਝ ਕੇ ਖਰੀਦਦਾਰੀ ਫੈਸਲੇ ਲੈਣ ਅਤੇ ਵਿਵਸਥਾ ਅਤੇ ਸੁਰੱਖਿਆ ਬਣਾਈ ਰੱਖਣ ਲਈ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨਾਲ ਸਹਿਯੋਗ ਕਰਨ ਦਾ ਸੱਦਾ ਦਿੱਤਾ।

# ਈਸਟਵੁੱਡ ਸਕੂਲ ਵਿਖੇ ਇਨਵੈਸਚਰ ਸੈਰੇਮਨੀ ਦਾ ਆਯੋਜਨ



ਮੁੱਲਾਂਪੁਰ ਦਾਖਾ, 8 ਮਈ (ਦਵਿੰਦਰ ਸਿੰਘ ਲੰਮੇਂ) : ਸਥਾਨਕ ਈਸਟਵੁੱਡ ਇੰਟਰਨੈਸ਼ਨਲ ਸਕੂਲ ਵਿਖੇ ਪ੍ਰਧਾਨ ਦਮਨਜੀਤ ਸਿੰਘ ਮੋਹੀ ਦੀ ਪ੍ਰਧਾਨਗੀ ਅਤੇ ਪ੍ਰਿੰਸੀਪਲ ਡਾ.ਅਮਨਦੀਪ ਕੌਰ ਬਖਸ਼ੀ ਦੀ ਅਗੁਵਾਈ ਹੇਠ ਸਕੂਲ ਕੈਬਨਿਟ ਲਈ 'ਇਨਵੈਸਚਰ ਸੈਰੇਮਨੀ' ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸੌਰਵ ਗਿਆਰਵੀਂ ਨਾਨ - ਮੈਡੀਕਲ ਨੂੰ ਹੈੱਡ ਬੁਆਏ ਅਤੇ ਗੁਰਪ੍ਰੀਤ ਕੌਰ ਗਿਆਰਵੀ ਹਿਊਮੈਨਟੀਜ਼ ਨੂੰ ਹੈੱਡ ਗਰਲ ਸਥਾਪਿਤ ਕੀਤਾ ਗਿਆ। ਗੁਰਅੰਸ਼ਵੀਰ ਸਿੰਘ ਗਿਆਰਵੀ ਮੈਡੀਕਲ ਨੂੰ ਵਾਈਸ ਹੈੱਡ ਬੁਆਏ ਅਤੇ ਗੁਰਲੀਨ ਕੌਰ ਵਾਈਸ ਹੈੱਡ ਗਰਲ ਘੋਸ਼ਿਤ ਕੀਤਾ ਗਿਆ। ਜਸਕਰਨ ਸਿੰਘ ਬਾਰਵੀਂ ਕਾਮਰਸ ਨੂੰ ਸਪੋਰਟਸ ਕੈਪਟਨ ਅਤੇ ਰਿਤਵਿਕ ਗਿਆਰਵੀਂ ਕਾਮਰਸ ਨੂੰ ਵਾਈਸ ਸਪੋਰਟਸ ਕੈਪਟਨ ਦਾ ਅਹੁਦਾ ਸੰਭਾਲਿਆ। ਇਸੇ ਤਰ੍ਹਾਂ ਅਰਮਾਨਦੀਪ ਸਿੰਘ ਗਿਆਰਵੀਂ ਮੈਡੀਕਲ, ਗੁਰਲੀਨ ਕੌਰ ਮੈਡੀਕਲ ਨੂੰ ਡੇਜੀ ਹਾਊਸ ਦੇ ਕੈਪਟਨ, ਮਨਜੋਤ ਸਿੰਘ ਗਿਆਰਵੀਂ ਕਾਮਰਸ ਨੂੰ ਅਤੇ ਚਾਹਤ ਮਲਹੋਤਰਾ ਗਿਆਰਵੀਂ ਮੈਡੀਕਲ ਨੂੰ ਡੈਫੋਡਿਲ ਹਾਊਸ ਦੇ ਕੈਪਟਨ, ਵਰਿੰਦਰ ਸਿੰਘ ਗਿਆਰਵੀਂ ਕਾਮਰਸ ਨੂੰ ਅਤੇ ਮਨਮੀਤ ਕੌਰ ਗਿਆਰਵੀ ਮੈਡੀਕਲ ਨੂੰ ਰੋਜ਼ ਹਾਊਸ ਦੇ ਕੈਪਟਨ ਅਤੇ ਬੀਰਦਵਿੰਦਰ ਸਿੰਘ ਗਿਆਰਵੀ ਨਾਨ-ਮੈਡੀਕਲ ਅਤੇ ਇਸ਼ਮੀਤ ਕੌਰ ਗਿਆਰਵੀਂ ਮੈਡੀਕਲ ਨੂੰ ਜੈਸਮੀਨ ਹਾਊਸ ਦੇ ਕੈਪਟਨ ਦੀ ਜਿੰਮੇਵਾਰੀ ਸੌਂਪੀ ਗਈ। ਇਸ ਮੌਕੇ ਪ੍ਰਧਾਨ ਦਮਨਜੀਤ ਸਿੰਘ ਮੋਹੀ ਅਤੇ ਪ੍ਰਿੰਸੀਪਲ ਡਾ.ਅਮਨਦੀਪ ਕੌਰ ਬਖਸ਼ੀ ਨੇ ਵਿਦਿਆਰਥੀਆਂ ਨੂੰ ਸੈਸ਼ੇ ਅਤੇ ਬੈਜ ਦੇ ਕੇ ਅਹੁਦੇ ਦੀ ਜਿੰਮੇਵਾਰੀ ਸੌਂਪੀ। ਸਕੂਲ ਦੇ ਹੈੱਡ ਬੁਆਏ ਸੌਰਵ ਨੇ ਸਕੂਲ ਕੈਬਨਿਟ ਨੂੰ ਆਪਣੇ-ਆਪਣੇ ਅਹੁਦਿਆਂ ਦੀ ਸਹੁੰ ਚੁਕਾਈ।

# ਪੈਰਾਗੌਨ ਇੰਟਰਨੈਸ਼ਨਲ ਸਕੂਲ ਵਿਖੇ 'ਵਿਸ਼ਵ ਰੈੱਡ ਕਰਾਸ ਦਿਵਸ' ਮਨਾਇਆ



ਅਹਿਮਦਗੜ੍ਹ, 8 ਮਈ (ਅਮਰਜੀਤ ਸਿੰਘ ਸੰਧੂ / ਨਿੱਕੂ ਵਰਮਾ) : ਪੈਰਾਗੌਨ ਇੰਟਰਨੈਸ਼ਨਲ ਸਕੂਲ ਵਿੱਚ ਰੈੱਡ ਕਰਾਸ ਦਿਵਸ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਮਾਰੋਹ ਵਿਚ ਸਕੂਲ ਦੇ ਡਾਇਰੈਕਟਰ ਡਾ. ਸੁਰਿੰਦਰਪਾਲ ਸਿੰਘ ਸੋਫਤ , ਚੇਅਰਪਰਸਨ ਸੁਮਨ ਸੋਫਤ ਅਤੇ ਸਕੂਲ ਪ੍ਰਿੰਸੀਪਲ ਸ੍ਰੀਮਤੀ ਮਨਜੀਤ ਕੌਰ ਸਿੱਧੂ ਨੇ ਸਮਾਰੋਹ ਦੀ ਸਫਲਤਾ ਲਈ ਮੁੱਖ ਭੂਮਿਕਾ ਨਿਭਾਈ।ਇਸ ਮੌਕੇ ਵਿਦਿਆਰਥੀਆਂ ਵੱਲੋਂ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ ਗਿਆ ਜਿਸ ਵਿੱਚ ਗੀਤਿਕਾ ਵਰਮਾ, ਜਪਨੀਤ ਕੌਰ, ਅਨੰਤਜੋਤ ਕੌਰ, ਜਸਨੂਰ ਕੌਰ, ਸਾਹਿਲ ਸ਼ੈਲੀ, ਰੀਆ ਕੌਰ,ਐਸ਼ਮੀਤ ਕੌਰ, ਜਸਜੋਤ ਕੌਰ ਅਤੇ ਮਹਿਮਾ ਨੇ ਹਿੱਸਾ ਲੈਂਦਿਆਂ ਇਨਸਾਨੀਅਤ ਅਤੇ ਸਹਿਯੋਗ ਦੇ ਸੰਦੇਸ਼ ਨੂੰ ਚਿੱਤਰਕਲਾ ਰਾਹੀਂ ਉਭਾਰਿਆ।ਅੱਠਵੀਂ ਜਮਾਤ ਦੇ ਵਿਦਿਆਰਥੀ ਗੁਰਸੀਰਤ ਕੌਰ ਨੇ ਰੈੱਡ ਕਰਾਸ ਦੀ ਮਹੱਤਤਾ ਤੇ ਮਨੁੱਖਤਾ ਦੇ ਮੂਲ 'ਤੇ ਪ੍ਰਭਾਵਸ਼ਾਲੀ ਭਾਸ਼ਣ ਦਿੱਤਾ। ਅਨੰਤਜੋਤ ਕੌਰ ਨੇ ਦਿਨ ਦਾ ਸ਼ਬਦ ਪੇਸ਼ ਕੀਤਾ, ਜਦਕਿ ਜਸਨੂਰ ਕੌਰ (ਅਹਿਮਦਗੜ੍ਹ) ਨੇ ਸੋਚ ਪਰਿਵਰਤਨ ਵਾਲੀ ਵਿਚਾਰ ਰੇਖਾ ਸਾਂਝੀ ਕੀਤੀ। ਇਹ ਸਮਾਰੋਹ ਵਿਦਿਆਰਥੀਆਂ ਵਿੱਚ ਦਇਆ, ਸੇਵਾ ਅਤੇ ਸੰਜੀਵਨ ਦੀ ਭਾਵਨਾ ਜਗਾਉਣ ਵਿੱਚ ਮੀਲ ਦਾ ਪੱਥਰ ਸਾਬਤ ਹੋਇਆ। ਸੰਸਥਾ ਦੇ ਮੈਂਬਰਾਂ ਅਤੇ ਵਿਦਿਆਰਥੀਆਂ ਦੁਆਰਾ ਰੈੱਡ ਕਰਾਸ ਸੁਸਾਇਟੀ ਨੂੰ ਨਮਨ ਕਰਦਿਆਂ ਸਮਾਜਿਕ ਸੇਵਾ ਲਈ ਆਪਣੀ ਵਚਨਬੱਧਤਾ ਦੁਹਰਾਈ।

# ਮਾਸਟਰ ਕੇਡਰ ਯੂਨੀਅਨ ਵੱਲੋਂ ਬਲਾਕ ਇਕਾਈਆਂ ਦਾ ਗਠਨ



ਮੁੱਲਾਂਪੁਰ ਦਾਖਾ, 8 ਮਈ (ਦਵਿੰਦਰ ਸਿੰਘ ਲੰਮੇ): ਸਿੱਖਿਆ ਵਿਭਾਗ ਪੰਜਾਬ ਦੇ ਸਭ ਤੋਂ ਵੱਡੇ ਅਧਿਆਪਕ ਕੇਡਰ ਦੀਆਂ ਹੱਕੀ ਮੰਗਾਂ ਲਈ ਹਮੇਸ਼ਾ ਤੱਤਪਰ ਅਤੇ ਸੰਘਰਸ਼ਸ਼ੀਲ ਰਹਿਣ ਵਾਲੀ ਜੱਥੇਬੰਦੀ ਮਾਸਟਰ ਕੇਡਰ ਯੂਨੀਅਨ ਪੰਜਾਬ ਦੀ ਜ਼ਿਲ੍ਹਾ ਲੁਧਿਆਣਾ ਇਕਾਈ ਵੱਲੋਂ ਜੱਥੇਬੰਦੀ ਦੀਆਂ ਬਲਾਕ ਪੱਧਰੀ ਇਕਾਈਆਂ ਦਾ ਪੁਨਰ-ਗਠਨ ਕੀਤਾ ਜਾ ਰਿਹਾ ਹੈ, ਜਿਸਦੇ ਤਹਿਤ ਮਾਸਟਰ ਕੇਡਰ ਯੂਨੀਅਨ ਪੰਜਾਬ ਦੇ ਸੂਬਾ ਉਪ ਪ੍ਰਧਾਨ ਅਤੇ ਜ਼ਿਲ੍ਹਾ ਪ੍ਰਧਾਨ ਜਗਜੀਤ ਸਿੰਘ ਸਾਹਨੇਵਾਲ ਦੀ ਅਗਵਾਈ ਅਤੇ ਜ਼ਿਲ੍ਹਾ ਜਨਰਲ ਸਕੱਤਰ ਮਨਦੀਪ ਸਿੰਘ ਸੇਖੋਂ, ਹਰਵਿੰਦਰ ਸਿੰਘ ਪੁੜੈਣ ਅਤੇ ਜ਼ਿਲ੍ਹਾ ਕਮੇਟੀ ਮੈਂਬਰ ਪਰਮਜੀਤ ਸਿੰਘ ਦੇ ਸਹਿਯੋਗ ਨਾਲ ਬਲਾਕ ਸਿੱਧਵਾਂ ਬੇਟ ਅਤੇ ਬਲਾਕ ਸੁਧਾਰ ਦੀਆਂ ਇਕਾਈਆਂ ਦੇ ਪੁਨਰ-ਗਠਨ ਲਈ ਮਾਸਟਰ ਕੇਡਰ ਦੇ ਅਧਿਆਪਕਾਂ ਦੀ ਮੀਟਿੰਗ ਕੀਤੀ ਗਈ।

ਇਸ ਮੀਟਿੰਗ ਦੌਰਾਨ ਪ੍ਰਧਾਨ ਜਗਜੀਤ ਸਿੰਘ, ਜਨ. ਸਕੱਤਰ ਮਨਦੀਪ ਸਿੰਘ ਸੇਖੋਂ, ਸਵਰਨ ਸਿੰਘ, ਪ੍ਰੈਸ ਸਕੱਤਰ ਗੁਰਪ੍ਰੀਤ ਸਿੰਘ, ਇਕਬਾਲ ਸਿੰਘ ਪੁੜੈਣ, ਹਰਵਿੰਦਰ ਸਿੰਘ ਪੁੜੈਣ ਅਤੇ ਗੁਰਸੇਵਕ ਸਿੰਘ ਜਾਂਗਪੁਰ ਨੇ ਮਾਸਟਰ ਕੇਡਰ ਯੂਨੀਅਨ ਦੀਆਂ ਪਿਛਲੀਆਂ ਪ੍ਰਾਪਤੀਆਂ ਅਤੇ ਹੱਕੀ ਮੰਗਾਂ ਬਾਰੇ ਵਿਚਾਰ ਪੇਸ਼ ਕੀਤੇ। ਇਸ ਮੀਟਿੰਗ ਵਿੱਚ ਬਲਾਕ ਸਿੱਧਵਾਂ ਬੇਟ ਲਈ ਹਰਵਿੰਦਰ ਸਿੰਘ ਪੁੜੈਣ ਨੂੰ ਪ੍ਰਧਾਨ, ਸੁਖਵਿੰਦਰ ਸਿੰਘ ਜਨਰਲ ਸਕੱਤਰ, ਕਮਲਜੀਤ ਸਿੰਘ ਵਿੱਤ ਸਕੱਤਰ, ਸੁਖਬੀਰ ਸਿੰਘ ਪ੍ਰੈਸ ਸਕੱਤਰ, ਸੁਖਜਿੰਦਰ ਸਿੰਘ ਕਮੇਟੀ ਮੈਂਬਰ ਅਤੇ ਬਲਾਕ ਸੁਧਾਰ ਇਕਾਈ ਵਿੱਚ ਜਗਮੀਤ ਸਿੰਘ ਮੀਨ ਨੂੰ ਬਲਾਕ ਪ੍ਰਧਾਨ, ਪਰਮਜੀਤ ਸਿੰਘ ਚੌਕੀਮਾਨ ਵਿੱਤ ਸਕੱਤਰ, ਗੁਰਸੇਵਕ ਸਿੰਘ ਜਾਂਗਪੁਰ ਜਨਰਲ ਸਕੱਤਰ , ਨਵਜੋਤ ਸਿੰਘ ਜੱਸੋਵਾਲ ਪ੍ਰੈਸ ਸਕੱਤਰ ਅਤੇ ਜਸਵਿੰਦਰ ਸਿੰਘ ਪ੍ਰੈਸ ਸਕੱਤਰ, ਅਮਨਦੀਪ ਸਿੰਘ ਰੁੜਕਾ ਨੂੰ ਕਮੇਟੀ ਮੈਂਬਰ ਨਿਯੁਕਤ ਕੀਤਾ ਗਿਆ।

# ਡੀ.ਬੀ.ਈ.ਈ. ਵੱਲੋਂ ਪਲੇਸਮੈਂਟ ਕੈਂਪ ਅੱਜ

ਲੁਧਿਆਣਾ, 8 ਮਈ (ਵਿਸ਼ਾਲ ਸ਼ਰਮਾ) : ਪੰਜਾਬ ਸਰਕਾਰ ਦੇ ਮਿਸ਼ਨ ਘਰ-ਘਰ ਰੋਜ਼ਗਾਰ ਤਹਿਤ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਲੁਧਿਆਣਾ ਵੱਲੋਂ ਭਲਕੇ 9 ਮਈ (ਸ਼ੁਕਰਵਾਰ) ਨੂੰ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ (ਡੀ.ਬੀ.ਈ.ਈ.), ਪ੍ਰਤਾਪ ਚੌਕ, ਸਾਹਮਣੇ ਸੰਗੀਤ ਸਿਨੇਮਾ ਲੁਧਿਆਣਾ ਵਿਖੇ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ, ਜਿਸਦਾ ਸਮਾਂ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਹੋਵੇਗਾ। ਡੀ.ਬੀ.ਈ.ਈ. ਲੁਧਿਆਣਾ ਦੇ ਡਿਪਟੀ ਡਾਇਰੈਕਟਰ ਸ਼ ?ਰੀਮਤੀ ਰੁਪਿੰਦਰ ਕੌਰ ਵੱਲੋਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਪ੍ਰਾਰਥੀਆਂ ਨੂੰ ਰੋਜ਼ਗਾਰ ਦੇਣ ਦਾ ਉਪਰਾਲਾ ਲਗਾਤਾਰ ਕੀਤਾ ਜਾ ਰਿਹਾ ਹੈ ਜਿਸਦੇ ਤਹਿਤ ਇਸ ਕੈਂਪ ਮੌਕੇ ਲੁਧਿਆਣਾ ਦੀਆਂ ਨਾਮੀ ਕੰਪਨੀਆਂ ਭਾਗ ਲੈ ਰਹੀਆਂ ਹਨ ਜਿਨ੍ਹਾਂ ਵਿੱਚ ਈ-ਟਰੈਫਿਕ ਸਲਿਊਸ਼ਨ, ਵਾਸਟ ਲਿੰਕਰਜ਼, ਜਾਬ ਰੈਬਿਟਜ਼, ਟਰੂ ਟੀਮ ਸਲਿਊਸ਼ਨ, ਹੀਰੋ ਇਲੈਕਟ੍ਰਿਕ, ਪੇਅ ਟੀ ਐਮ ਆਦਿ ਕੰਪਨੀਆਂ ਭਾਗ ਲੈ ਰਹੀਆਂ ਹਨ।

ਉਨ੍ਹਾਂ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਲੜਕੇ ਅਤੇ ਲੜਕੀਆਂ ਦੋਨੋ ਭਾਗ ਲੈ ਸਕਦੇ ਹਨ ਜਿਨ੍ਹਾਂ ਦੀ ਉਮਰ 18 ਤੋਂ 35 ਸਾਲ ਹੋਵੇ ਅਤੇ ਘੱਟ ਤੋਂ ਘੱਟ ਯੋਗਤਾ 10ਵੀ, 12ਵੀਂ, ਆਈ.ਟੀ.ਆਈ, ਗ੍ਰੈਜੂਏਸ਼ਨ (ਇਸਦੇ ਬਰਾਬਰ ਹੋਰ), ਪੋਸਟ ਗ੍ਰੈਜੂਏਸ਼ਨ (ਇਸਦੇ ਬਰਾਬਰ ਹੋਰ) ਪਾਸ ਕੀਤਾ ਹੋਵੇ। ਵਧੇਰੇ ਜਾਣਕਾਰੀ ਲਈ ਇਸ ਦਫਤਰ ਦੇ ਹੈਲਪਲਾਈਨ ਨੰ: 77400-01682 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

# ਰਵਿੰਦਰਨਾਥ ਟੈਗੋਰ ਦੀ ਬੇਮਿਸਾਲ ਭੂਮਿਕਾ ਨੂੰ ਨਮਨ ਕੀਤਾ



ਲੁਧਿਆਣਾ, 8 ਮਈ (ਰਵਿੰਦਰ ਸਿੰਘ ਨਿੱਝਰ) : ਬਾਬਾ ਬੰਦਾ ਸਿੰਘ ਬਹਾਦਰ ਇੰਟਰਨੈਸ਼ਨਲ ਫਾਊਂਡੇਸ਼ਨ ਦੇ ਚੇਅਰਮੈਨ ਕ੍ਰਿਸ਼ਨ ਕੁਮਾਰ ਬਾਵਾ ਦੀ ਅਗਵਾਈ ਹੇਠ ਇਕ ਵਫਦ ਨੇ ਅੱਜ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀਏਯੂ) ਦਾ ਦੌਰਾ ਕੀਤਾ। ਉਨ੍ਹਾਂ ਦੇ ਨਾਲ ਡਾ. ਜਗਤਾਰ ਸਿੰਘ ਧੀਮਾਨ, ਪ੍ਰੋ ਵਾਈਸ ਚਾਂਸਲਰ, ਗੁਰੂ ਕਾਸ਼ੀ ਯੂਨੀਵਰਸਿਟੀ ਅਤੇ ਪੀਏਯੂ ਦੇ ਸਾਬਕਾ ਐਡਿਸ਼ਨਲ ਡਾਇਰੈਕਟਰ (ਕਮਿਊਨੀਕੇਸ਼ਨ) ਅਤੇ ਸਿੱਖ ਰੈਜੀਮੈਂਟ ਦੇ ਕਰਨਲ ਸੁਨੀਲ ਦੱਤ ਸ਼ਰਮਾ ਵੀ ਸ਼ਾਮਲ ਸਨ। ਵਫਦ ਨੇ ਪੀਏਯੂ ਦੇ ਵਾਈਸ ਚਾਂਸਲਰ ਡਾ. ਸਤਬੀਰ ਸਿੰਘ ਗੋਸਲ ਨੂੰ ਪ੍ਰਸਿੱਧ ਸਿੱਖ ਵਿਦਵਾਨ ਅਤੇ ਇਤਿਹਾਸਕਾਰ ਅਨੁਰਾਗ ਸਿੰਘ ਵੱਲੋਂ ਲਿਖੀ ਕਿਤਾਬ "ਇਲਾਹੀ ਗਿਆਨ ਦਾ ਸਾਗਰ ਆਦਿ ਗੁਰੂ ਗ੍ਰੰਥ ਸਾਹਿਬ, ਸਰਬ ਸਾਂਝੀ ਗੁਰਬਾਣੀ "ਦਾ ਪ੍ਰਤੀਕਾਤਮਕ ਤੌਰ 'ਤੇ ਵੇਰਵਾ ਦਿੱਤਾ ਗਿਆ ਅਤੇ ਕਿਤਾਬ ਭੇਟ ਕੀਤੀ ਗਈ ਇੱਕ ਛੋਟੀ ਗੱਲਬਾਤ ਦੌਰਾਨ ਬਾਵਾ ਨੇ ਦੱਸਿਆ ਕਿ ਇਸ ਕਿਤਾਬ ਦੀ ਰੂਹ ਸਿੱਖ ਧਰਮ ਦੇ ਛੇ ਗੁਰੂਆਂ ਅਤੇ ਪੰਦਰਾਂ ਭਗਤਾਂ ਦੇ ਅਨਮੋਲ ਚਿਤਰਾਂ ਵਿਚ ਵੱਸਦੀ ਹੈ। ਇਸ ਦੇ ਨਾਲ ਹੀ, ਗੁਰੂ ਦਰਬਾਰ ਦੇ ਸੇਵਕਾਂ — ਚਾਰ ਗੁਰਸਿੱਖ ਅਤੇ ਸੋਲ੍ਹਾਂ ਭੱਟਾਂ — ਦੇ ਵੀ ਚਿਤਰ ਹਨ ਜੋ ਰਕਬਾ ਵਿਖੇ ਸਥਿਤ ਸ਼ਬਦ ਪ੍ਰਕਾਸ਼ ਮਿਊਜ਼ੀਅਮ ਵਿੱਚ ਵਿਖਾਏ ਗਏ ਹਨ। ਇਹ ਸਾਰੇ ਚਿਤਰ ਪ੍ਰਸਿੱਧ ਚਿੱਤਰਕਾਰ ਆਰ.ਐਮ ਸਿੰਘ ਵੱਲੋਂ ਬਣਾਏ ਗਏ ਹਨ।

ਬਾਵਾ ਨੇ ਇਹ ਵੀ ਦੱਸਿਆ ਕਿ ਬਾਬਾ ਬੰਦਾ ਸਿੰਘ ਬਹਾਦਰ ਫਾਊਂਡੇਸ਼ਨ ਵਲੋਂ ਸਿਰਹਿੰਦ ਫਤਿਹ ਮਾਰਚ ਦਾ ਆਯੋਜਨ ਕੀਤਾ ਜਾ ਰਿਹਾ ਹੈ ਜੋ ਰਕਬਾ ਤੋਂ ਸ਼ੁਰੂ ਹੋ ਕੇ 13 ਮਈ ਨੂੰ ਸਿਰਹਿੰਦ ਵਿਖੇ ਸਮਾਪਤ ਹੋਵੇਗਾ।

# ਸਰਕਾਰ ਨਗਰ-ਨਿਗਮ ਦੇ ਸੇਵਾ ਮੁਕਤ ਕਰਮਚਾਰੀਆਂ ਦੀ ਪੈਨਸ਼ਨ ਤੁਰੰਤ ਜਾਰੀ ਕਰੇ : ਰਜਨੀਸ਼ ਧੀਮਾਨ



ਲੁਧਿਆਣਾ, 8 ਮਈ (ਰਵਿੰਦਰ ਸਿੰਘ ਨਿੱਝਰ): ਨਗਰ ਨਿਗਮ ਦੇ ਲਗਭਗ 3000 ਸੇਵਾਮੁਕਤ ਕਰਮਚਾਰੀਆਂ ਦੀ ਪੈਨਸ਼ਨ ਅੱਜ 7 ਮਈ ਹੋਣ ਤੋਂ ਬਾਅਦ ਵੀ ਅਜੇ ਤੱਕ ਆਪ' ਸਰਕਾਰ ਵੱਲੋ ਜਾਰੀ ਨਹੀਂ ਕੀਤੀ ਗਈ ਹੈ। ਜਦੋਂ ਕਿ 'ਆਪ' ਸਰਕਾਰ ਵੱਲੋਂ ਆਪਣੇ ਵੱਡੇ ਵੱਡੇ ਇਸ਼ਤਿਹਾਰਾਂ ਵਿੱਚ ਆਪ' ਸਰਕਾਰ ਦੇ ਸ਼ਾਸਨ ਹੇਠ ਸਰਕਾਰੀ ਕਰਮਚਾਰੀ ਖੁਸ਼ ਅਤੇ ਆਪ' ਸਰਕਾਰ ਵੱਲੋਂ ਸਾਰੇ ਸਰਕਾਰੀ ਕਰਮਚਾਰੀਆਂ ਨੂੰ ਹਰ ਮਹੀਨੇ ਦੀ ਪਹਿਲੀ ਤਾਰੀਖ ਨੂੰ ਤਨਖਾਹ ਦਿੱਤੀ ਜਾ ਰਹੀ ਹੈ, ਦੇ ਕੀਤੇ ਜਾ ਰਹੇ ਦਾਅਵੇ ਬਿਲਕੁਲ ਝੂਠੇ ਅਤੇ ਬੇਬੁਨਿਆਦ ਹਨ, ਜਿਸਦਾ ਕੋਈ ਤਰਕ ਨਹੀਂ ਹੈ। ਇਹ ਸ਼ਬਦ ਜ਼ਿਲ੍ਹਾ ਭਾਜਪਾ ਪ੍ਰਧਾਨ ਰਜਨੀਸ਼ ਧੀਮਾਨ ਨੇ ਨਗਰ ਨਿਗਮ ਦੇ ਸੇਵਾਮੁਕਤ ਕਰਮਚਾਰੀਆਂ ਨੂੰ ਸਮੇਂ ਸਿਰ ਪੈਨਸ਼ਨ ਨਾ ਦੇਣ ਲਈ 'ਆਪ' ਸਰਕਾਰ 'ਤੇ ਵਰ੍ਹਦਿਆਂ ਕਹੇ। ਧੀਮਾਨ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਕੋਲ ਫਜ਼ੂਲ ਖਰਚੀ ਲਈ ਪੈਸੇ ਹਨ। ਪਰ ਸਰਕਾਰੀ ਕਰਮਚਾਰੀਆਂ ਨੂੰ ਤਨਖਾਹ ਅਤੇ ਪੈਨਸ਼ਨ ਦੇਣ ਦੇ ਨਾਮ 'ਤੇ, ਉਨ੍ਹਾਂ ਦੇ ਵਿਧਾਇਕ ਅਤੇ ਉੱਚ ਅਧਿਕਾਰੀ ਖਜ਼ਾਨਾ ਖਾਲੀ ਹੋਣ ਦਾ ਰੌਲਾ ਪਾਉਣ ਲੱਗ ਪੈਂਦੇ ਹਨ। ਧੀਮਾਨ ਨੇ ਕਿਹਾ ਕਿ ਸੇਵਾਮੁਕਤ ਕਰਮਚਾਰੀ ਪੈਨਸ਼ਨ 'ਤੇ ਗੁਜ਼ਾਰਾ ਕਰਦੇ ਹਨ। ਜੇਕਰ ਉਨ੍ਹਾਂ ਨੂੰ ਸਮੇਂ ਸਿਰ ਪੈਨਸ਼ਨ ਨਹੀਂ ਮਿਲਦੀ, ਤਾਂ ਉਹ ਕਿਵੇਂ ਗੁਜ਼ਾਰਾ ਕਰਨਗੇ। ਭਗਵੰਤ ਮਾਨ ਸਰਕਾਰ ਇਨ੍ਹਾਂ ਮੁੱਦਿਆਂ 'ਤੇ ਗੰਭੀਰ ਨਹੀਂ ਹੈ। ਇਹ ਝੂਠੇ ਬਿਆਨ ਦੇ ਕੇ ਪੰਜਾਬ ਦੇ ਲੋਕਾਂ ਨੂੰ ਗੁੰਮਰਾਹ ਕਰ ਰਹੀ ਹੈ। ਪਰ ਪੰਜਾਬ ਦੇ ਲੋਕ ਉਨ੍ਹਾਂ ਦੀਆਂ ਮਿੱਠੀਆਂ ਗੱਲਾਂ ਵਿੱਚ ਨਹੀਂ ਆਉਣਗੇ। ਉਨ੍ਹਾਂ ਨੂੰ ਪਤਾ ਲੱਗ ਗਿਆ ਹੈ ਕਿ ਹਾਥੀ ਦੇ ਦੰਦ ਦਿਖਾਉਣ ਲਈ ਹੋਰ ਅਤੇ ਖਾਣ ਲਈ ਹੋਰ ਹੁੰਦੇ ਹਨ।

# ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਅਰਬਨ ਅਸਟੇਟ ਫੇਸ-1, ਦੁੱਗਰੀ ਵਿਖੇ ਵਿਸ਼ੇਸ਼ ਕੀਰਤਨ ਸਮਾਗਮ ਕਰਵਾਏ : ਬੈਨੀਪਾਲ



ਲੁਧਿਆਣਾ, 8 ਮਈ (ਕਰਨੈਲ ਸਿੰਘ ਐੱਮ.ਏ.) : ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਅਰਬਨ ਅਸਟੇਟ, ਫੇਸ-1, ਦੁੱਗਰੀ ਵਿੱਚ ਵਿਸ਼ੇਸ਼ ਕੀਰਤਨ ਸ਼ਮਾਗਮ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਨਿੱਘੇ ਸਹਿਯੋਗ ਸਦਕਾ ਬੜੀ ਸ਼ਰਧਾ ਪੂਰਵਕ ਕਰਵਾਏ ਗਏ , ਜਿਨ੍ਹਾਂ ਵਿੱਚ ਸਵੇਰੇ ਅੰਮ੍ਰਿਤ ਵੇਲੇ ਤੋਂ ਗੁਰਬਾਣੀ ਦਾ ਪ੍ਰਵਾਹ ਆਰੰਭ ਹੋਇਆ । ਰੋਜ਼ਾਨਾ ਦੀ ਤਰ੍ਹਾਂ ਪਹਿਲਾਂ ਨਿੱਤਨੇਮ ਅਤੇ ਸੁਖਮਨੀ ਸਾਹਿਬ ਜੀ ਦੇ ਪਾਠ ਸੰਗਤੀ ਰੂਪ ਵਿੱਚ ਕਰਵਾਏ ਗਏ । ਗੁਰੂ ਘਰ ਦੇ ਹਜ਼ੂਰੀ ਰਾਗੀ ਭਾਈ ਜਸਵੰਤ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਗੁਰੂ ਜਸ ਨਾਲ ਜੋੜਿਆ । ਗਿਆਨੀ ਹਰਪ੍ਰੀਤ ਸਿੰਘ ਲੁਧਿਆਣੇ ਵਾਲਿਆਂ ਨੇ ਸੰਗਤਾਂ ਨਾਲ ਗੁਰਬਾਣੀ ਅਤੇ ਇਤਿਹਾਸਕ ਵਿਚਾਰਾਂ ਦੀ ਸਾਂਝ ਪਾਈ । ਸ਼ਾਮ ਦੇ ਪ੍ਰੋਗਰਾਮ ਵਿੱਚ ਗਿਆਨੀ ਸੰਦੀਪ ਸਿੰਘ ਜਵੱਦੀ ਟਕਸਾਲ ਵਾਲਿਆਂ ਨੇ ਸੰਗਤਾਂ ਨਾਲ ਸੂਰਜ ਪ੍ਰਕਾਸ਼ ਦੀ ਕਥਾ ਦੀ ਵਿਆਖਿਆ ਕੀਤੀ ਅਤੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ । ਰਹਿਰਾਸ ਸੋਦਰ ਦੀ ਚੌਂਕੀ ਤੋਂ ਬਾਅਦ ਜਸਪ੍ਰੀਤ ਸਿੰਘ ਲੁਧਿਆਣੇ ਵਾਲਿਆਂ ਨੇ ਸੰਗਤਾਂ ਨੂੰ ਇਲਾਹੀ ਬਾਣੀ ਦਾ ਰਸ-ਭਿੰਨਾ ਕੀਰਤਨ ਸ੍ਰਵਣ ਕਰਵਾਇਆ । ਭਾਰੀ ਗਿਣਤੀ ਵਿੱਚ ਸੰਗਤਾਂ ਨੇ ਗੁਰੂ ਘਰ ਹਾਜ਼ਰੀਆਂ ਭਰ ਕੇ ਆਪਣਾ ਜੀਵਨ ਸਫਲਾ ਕੀਤਾ । ਸੰਗਤਾਂ ਵਿੱਚੋਂ ਕਰਮ ਸਿੰਘ, ਹਰਪਾਲ ਸਿੰਘ ਅਤੇ ਚਮਨ ਸਿੰਘ ਨੇ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਨਾਲ ਭਾਈ ਜਸਪ੍ਰੀਤ ਸਿੰਘ ਲੁਧਿਆਣੇ ਵਾਲਿਆਂ ਦੇ ਕੀਰਤਨੀ ਜੱਥੇ ਨੂੰ ਸਨਮਾਨਿਤ ਕੀਤਾ। ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ ਨੇ ਆਈਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੰਗਤਾਂ ਸਮੇਂ ਸਿਰ ਗੁਰੂ ਘਰ ਆ ਕੇ ਕਥਾ ਅਤੇ ਕੀਰਤਨ ਦਾ ਆਨੰਦ ਮਾਣਿਆ ਕਰਨ ਅਤੇ ਆਪਣਾ ਜੀਵਨ ਸਫਲਾ ਕਰਨ। ਸੰਗਤਾਂ ਵਿੱਚ ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ, ਚੇਅਰਮੈਨ ਬਲਜੀਤ ਸਿੰਘ ਸੇਠੀ, ਪਰਮਿੰਦਰ ਸਿੰਘ, ਕਰਤਾਰ ਸਿੰਘ ਬਰਾੜ, ਦਰਸ਼ਨ ਸਿੰਘ, ਜਗਮੋਹਨ ਸਿੰਘ, ਸਰਬਜੀਤ ਸਿੰਘ ਚਗਰ, ਮਲਕੀਤ ਸਿੰਘ ਆਦਿ ਹਾਜ਼ਰ ਸਨ।

# ਪਾਣੀ ਅਤੇ ਖ਼ਰਚੇ ਦੀ ਬੱਚਤ ਲਈ ਝੋਨੇ ਦੀ ਸਿੱਧੀ ਬਿਜਾਈ 15 ਮਈ ਤੋਂ ਸ਼ੁਰੂ ਕਰਨ ਕਿਸਾਨ



ਲੁਧਿਆਣਾ, 8 ਮਈ (ਵਿਸ਼ਾਲ ਸ਼ਰਮਾ/ਰਵਿੰਦਰ ਸਿੰਘ ਨਿੱਝਰ): ਖੇਤੀ ਵਿੱਚ ਪਾਣੀ ਦੀ ਸੁਚੱਜੀ ਵਰਤੋਂ ਲਈ ਇਸ ਵਾਰ ਜ਼ਿਲ੍ਹਾ ਲੁਧਿਆਣਾ ਦੇ ਕਿਸਾਨਾਂ ਵਿੱਚ ਕਾਫੀ ਉਤਸ਼ਾਹ ਪਾਇਆ ਜਾ ਰਿਹਾ ਹੈ ਇਹ ਗੱਲ ਮੁੱਖ ਖੇਤੀਬਾੜੀ ਅਫ਼ਸਰ ਲੁਧਿਆਣਾ ਡਾ. ਗੁਰਦੀਪ ਸਿੰਘ ਨੇ ਆਪਣੇ ਦਫਤਰ ਵਿੱਚ ਬਲਾਕਾਂ ਦੇ ਖੇਤੀਬਾੜੀ ਅਫ਼ਸਰਾਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦੱਸੀ। ਮੁੱਖ ਖੇਤੀਬਾੜੀ ਅਫ਼ਸਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਤੀਬਾੜੀ ਵਿਭਾਗ ਰਾਹੀਂ ਡਾਇਰੈਕਟ ਸੀਡਿੰਗ ਆਫ਼ ਰਾਈਸ ਜਿਸ ਨੂੰ ਝੋਨੇ ਦੀ ਸਿੱਧੀ ਬਿਜਾਈ ਦੀ ਤਕਨੀਕ ਵੀ ਕਿਹਾ ਜਾਂਦਾ ਹੈ ਦਾ ਵੱਧ ਤੋਂ ਵੱਧ ਪ੍ਰਚਾਰ ਕੀਤਾ ਜਾ ਰਿਹਾ ਹੈ। ਡਾ. ਗੁਰਦੀਪ ਸਿੰਘ ਇਸ ਤਕਨੀਕ ਬਾਰੇ ਹੋਰ ਵਿਸਥਾਰ ਵਿੱਚ ਦੱਸਦਿਆਂ ਕਿਹਾ ਕਿ ਜੋ ਵੀ ਕਿਸਾਨ ਇਸ ਤਕਨੀਕ ਨੂੰ ਅਪਨਾਉਣ ਦੀ ਤਿਆਰੀ ਕਰ ਰਹੇ ਹਨ ਵਿਭਾਗ ਉਨ੍ਹਾਂ ਦੀ ਹਰ ਪ੍ਰਕਾਰ ਨਾਲ ਮਦਦ ਕਰਨ ਲਈ ਤਤਪਰ ਹੈ। ਉਨ੍ਹਾਂ ਅਜਿਹੇ ਕਿਸਾਨਾਂ ਨੂੰ ਕਿਸੇ ਵੀ ਸਮੱਸਿਆ ਲਈ ਖੇਤੀਬਾੜੀ ਵਿਭਾਗ ਦੇ ਨੇੜਲੇ ਦਫ਼ਤਰ ਵਿੱਚ ਸੰਪਰਕ ਕਰਨ ਲਈ ਕਿਹਾ। ਪੰਜਾਬ ਸਰਕਾਰ ਵਲੋਂ ਝੋਨੇ ਦੀ ਸਿੱਧੀ ਬਿਜਾਈ ਕਰਨ ਲਈ 15 ਮਈ, 2025 ਮਿੱਥੀ ਗਈ ਹੈ ਜਿਸ ਤੋਂ ਬਾਅਦ ਕੋਈ ਵੀ ਕਿਸਾਨ ਇਸ ਤਕਨੀਕ ਨਾਲ ਬਿਜਾਈ ਕਰ ਸਕਦਾ ਹੈ। ਇਸ ਤਕਨੀਕ ਨਾਲ ਜਿੱਥੇ ਧਰਤੀ ਹੇਠਲੇ ਪਾਣੀ ਦੀ ਬੱਚਤ ਹੁੰਦੀ ਹੈ ਉੱਥੇ ਹੀ ਬਾਰਿਸ਼ਾਂ ਦਾ ਪਾਣੀ ਧਰਤੀ ਵਿੱਚ ਜ਼ਜ਼ਬ ਹੋ ਜਾਂਦਾ ਹੈ ਜਿਸ ਨਾਲ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਹੇਠਾਂ ਜਾਣ ਦੀ ਗਤੀ ਨੂੰ ਕਾਫ਼ੀ ਹੱਦ ਤੱਕ ਕੰਟਰੋਲ ਕੀਤਾ ਜਾ ਸਕਦਾ ਹੈ। ਜਿਹੜੇ ਕਿਸਾਨ ਇਸ ਵਿਧੀ ਨੂੰ ਅਪਣਾ ਕੇ ਝੋਨੇ ਦੀ ਸਿੱਧੀ ਬਿਜਾਈ ਕਰਨਗੇ ਉਨ੍ਹਾਂ ਨੂੰ ਸਰਕਾਰ ਵਲੋਂ ਪ੍ਰਤੀ ਏਕੜ 1500 ਰੁਪਏ ਦੀ ਪ੍ਰੋਤਸਾਹਨ ਰਾਸ਼ੀ ਵੀ ਦਿੱਤੀ ਜਾਵੇਗੀ। ਇਸ ਤੋਂ ਬਿਨ੍ਹਾਂ ਉਨ੍ਹਾਂ ਦੱਸਿਆ ਕਿ ਇਸ ਤਕਨੀਕ ਨਾਲ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ ਵਾਢੀ ਉਪਰੰਤ ਝੋਨੇ ਦੀ ਪਰਾਲੀ ਨੂੰ ਸਾਂਭਣ ਲਈ ਵੀ ਵੱਧ ਸਮਾਂ ਮਿਲ ਸਕਦਾ ਹੈ ,ਜਿਸ ਕਾਰਨ ਜਿਲ੍ਹੇ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਹੋਰ ਘਟਾਉਣ ਵਿੱਚ ਮਦਦ ਮਿਲੇਗੀ। ਖੇਤੀਬਾੜੀ ਵਿਭਾਗ ਵੱਲੋਂ ਸਿੱਧੀ ਬਿਜਾਈ ਦੀ ਤਕਨੀਕ ਸਬੰਧੀ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਵੱਡੇ ਪੱਧਰ 'ਤੇ ਜਾਗਰੂਕਤਾ ਅਭਿਆਨ ਚਲਾਇਆ ਜਾ ਰਿਹਾ ਹੈ, ਜਿਸ ਅਧੀਨ ਪਿੰਡ-ਪਿੰਡ ਵਿੱਚ ਕਿਸਾਨ ਸਿਖਲਾਈ ਕੈਂਪ ਲਗਾਏ ਜਾ ਰਹੇ ਹਨ। ਇਸ ਮੌਕੇ ਇੰਜ. ਅਮਨਪ੍ਰੀਤ ਸਿੰਘ ਘੋਈ ਸਹਾਇਕ ਖੇਤੀਬਾੜੀ ਇੰਜੀਨੀਅਰ ਲੁਧਿਆਣਾ ਨੇ ਦੱਸਿਆ ਕਿ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ 1500 ਰੁਪਏ ਪ੍ਰਤੀ ਏਕੜ ਪ੍ਰਾਪਤ ਕਰਨ ਲਈ ਆਪਣੀ ਰਜਿਸਟਰੇਸ਼ਨ ਖੇਤੀਬਾੜੀ ਵਿਭਾਗ ਦੇ ਪੋਰਟਲ ਕਰਵਾਉਣੀ ਲਾਜ਼ਮੀ ਹੈ, ਜਿਸ ਵਿਚ ਉਨ੍ਹਾਂ ਵਲੋਂ ਇਸ ਤਕਨੀਕ ਨਾਲ ਬੀਜੇ ਰਕਬੇ ਬਾਰੇ ਅਤੇ ਆਪਣੇ ਬੈਂਕ ਖਾਤੇ ਦੀ ਡਿਟੇਲ ਦੱਸਣੀ ਲਾਜ਼ਮੀ ਹੈ।

# ਸੜਕ ਕਿਨਾਰੇ ਵਿਕਰੇਤਾ ਤੋਂ ਈ-ਰਿਕਸ਼ਾ ਮਾਲਕ ਤੱਕ ਐਮ.ਪੀ. ਅਰੋੜਾ ਨੇ ਨਵੀਂ ਸ਼ੁਰੂਆਤ ਕਰਨ 'ਚ ਮਦਦ ਕੀਤੀ



ਲੁਧਿਆਣਾ, 8 ਮਈ (ਵਿਸ਼ਾਲ ਸ਼ਰਮਾ) : ਲੁਧਿਆਣਾ ਦੀ ਨੌਜਵਾਨ ਕੁੜੀ ਸੋਨਮ ਅਰੋੜਾ ਲਈ ਸੰਘਰਸ਼ ਭਰੀ ਜ਼ਿੰਦਗੀ ਨੇ ਇੱਕ ਉਮੀਦ ਭਰਿਆ ਮੋੜ ਲਿਆ ਜਦੋਂ ਉਹ ਇੱਕ ਈ-ਰਿਕਸ਼ਾ ਦੀ ਮਾਲਕਣ ਬਣ ਗਈ। ਇਹ ਸਭ ਰਾਜ ਸਭਾ ਮੈਂਬਰ ਸੰਜੀਵ ਅਰੋੜਾ ਦੇ ਸਮੇਂ ਸਿਰ ਸਹਿਯੋਗ ਅਤੇ ਪਹਿਲਕਦਮੀ ਕਾਰਨ ਸੰਭਵ ਹੋਇਆ। ਸੋਨਮ ਜੋ ਆਪਣੀ ਬੀਮਾਰ ਮਾਂ ਅਤੇ ਛੋਟੇ ਭੈਣ-ਭਰਾਵਾਂ ਲਈ ਰੋਟੀ ਦਾ ਜੁਗਾੜ ਕਰਨ ਲਈ ਸ਼ਹਿਰ ਦੇ ਬੱਸ ਸਟੈਂਡ ਦੇ ਨੇੜੇ ਸੜਕ ਕਿਨਾਰੇ ਸਾਮਾਨ ਵੇਚਦੀ ਸੀ ਹੁਣ ਆਤਮਨਿਰਭਰਤਾ ਦਾ ਰਾਹ ਅਪਨਾ ਚੁੱਕੀ ਹੈ। ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ (ਡੀਆਰਸੀਐਸ): ਰਾਹੀਂ ਕਾਰਪੋਰੇਟ ਸੋਸ਼ਲ ਰੇਸਪੋਨਸਿਬਿਲਿਟੀ (ਸੀ ਐਸ ਆਰ) ਫੰਡ ਤਹਿਤ ਦਾਨ ਕੀਤੇ ਗਏ ਈ-ਰਿਕਸ਼ਾ ਨੂੰ ਰਸਮੀ ਤੌਰ 'ਤੇ ਸੰਸਦ ਮੈਂਬਰ ਸੰਜੀਵ ਅਰੋੜਾ ਨੇ ਸੌਂਪਿਆ। ਇਹ ਪ੍ਰੋਗਰਾਮ ਡੀਆਰਸੀਐਸ ਸਕੱਤਰ ਨਵਨੀਤ ਜੋਸ਼ੀ ਅਤੇ ਹੋਰ ਸਥਾਨਕ ਪਤਵੰਤਿਆਂ ਦੀ ਮੌਜੂਦਗੀ ਵਿੱਚ ਆਯੋਜਿਤ ਕੀਤਾ ਗਿਆ। ਭਾਵੁਕ ਹੋਈ ਸੋਨਮ ਨੇ ਕਿਹਾ ਮੈਂ ਐਮਪੀ ਅਰੋੜਾ ਦੀ ਬਹੁਤ ਧੰਨਵਾਦੀ ਹਾਂ ਕਿ ਉਨ੍ਹਾਂ ਨੇ ਬਿਨਾਂ ਕਿਸੇ ਦੇਰੀ ਦੇ ਮੇਰੀ ਬੇਨਤੀ ਨੂੰ ਸਵੀਕਾਰ ਕਰ ਲਿਆ। ਇੱਜ਼ਤ ਨਾਲ ਕਮਾਉਣ ਦਾ ਇਹ ਮੌਕਾ ਮੇਰੇ ਅਤੇ ਮੇਰੇ ਪਰਿਵਾਰ ਲਈ ਇੱਕ ਵਰਦਾਨ ਹੈ। ਮੈਂ ਕਦੇ ਨਹੀਂ ਸੋਚਿਆ ਸੀ ਕਿ ਮੈਨੂੰ ਇੰਨਾ ਵੱਡਾ ਮੌਕਾ ਮਿਲੇਗਾ। ਇਸ ਮੌਕੇ ਬੋਲਦਿਆਂ ਐਮਪੀ ਅਰੋੜਾ ਨੇ ਵਾਂਝਿਆਂ ਦੇ ਉਥਾਨ ਲਈ ਜ਼ਮੀਨੀ ਪੱਧਰ 'ਤੇ ਕੀਤੇ ਜਾ ਰਹੇ ਯਤਨਾਂ ਦਾ ਸਹਿਯੋਗ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਹਰ ਨਾਗਰਿਕ ਨੂੰ ਸਨਮਾਨ ਨਾਲ ਜਿਉਣ ਦਾ ਮੌਕਾ ਮਿਲਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਮੈਨੂੰ ਖੁਸ਼ੀ ਹੈ ਕਿ ਮੈਂ ਸੋਨਮ ਨੂੰ ਇੱਕ ਬਿਹਤਰ ਭਵਿੱਖ ਵੱਲ ਕਦਮ ਵਧਾਉਣ ਵਿੱਚ ਮਦਦ ਕਰ ਸਕਿਆ। ਉਸਦੀ ਹਿੰਮਤ ਅਤੇ ਦ੍ਰਿੜਤਾ ਸੱਚਮੁੱਚ ਪ੍ਰੇਰਨਾਦਾਇਕ ਹੈ। ਉਨ੍ਹਾਂ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਦਾ ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ (ਡੀਆਰਸੀਐਸ) ਰਾਹੀਂ ਯੋਗ ਨੌਜਵਾਨ ਲੜਕੀ ਦੀ ਸਹਾਇਤਾ ਕਰਨ ਦੀ ਉਨ੍ਹਾਂ ਦੀ ਬੇਨਤੀ 'ਤੇ ਤੁਰੰਤ ਕਾਰਵਾਈ ਕਰਨ ਲਈ ਧੰਨਵਾਦ ਵੀ ਕੀਤਾ। ਸੋਨਮ ਜਿਸਨੇ 12ਵੀਂ ਜਮਾਤ ਤੱਕ ਪੜ੍ਹਾਈ ਕੀਤੀ ਹੈ ਨੇ ਕੁਝ ਦਿਨ ਪਹਿਲਾਂ ਸੰਸਦ ਮੈਂਬਰ ਨਾਲ ਆਪਣੀ ਮੁਲਾਕਾਤ ਨੂੰ ਯਾਦ ਕੀਤਾ। ਜਦੋਂ ਮੈਂ ਆਪਣੀ ਕਹਾਣੀ ਸਾਂਝੀ ਕੀਤੀ ਤਾਂ ਉਨ੍ਹਾਂ ਮੇਰੀ ਗੱਲ ਧੀਰਜ ਨਾਲ ਸੁਣੀ ਅਤੇ ਮੈਨੂੰ ਮਦਦ ਦਾ ਭਰੋਸਾ ਦਿੱਤਾ। ਸੱਚ ਕਹਾਂ ਤਾਂ ਮੈਨੂੰ ਪਹਿਲਾਂ ਤਾਂ ਉਨ੍ਹਾਂ ਦੇ ਵਾਅਦੇ 'ਤੇ ਸ਼ੱਕ ਸੀ- ਲੋਕ ਅਕਸਰ ਕਹਿੰਦੇ ਹਨ ਕਿ ਸਿਆਸਤਦਾਨ ਜੋ ਆਖਦੇ ਹਨ ਉਸਦਾ ਕੋਈ ਅਰਥ ਨਹੀਂ ਹੁੰਦਾ। ਪਰ ਐਮਪੀ ਅਰੋੜਾ ਨੇ ਇਸ ਦੇ ਉਲਟ ਸਾਬਤ ਕੀਤਾ ਉਸ ਨੇ ਕਿਹਾ। ਉਸਦੀ ਆਵਾਜ਼ ਵਿੱਚ ਨਵੀਂ ਉਮੀਦ ਭਰੀ ਹੋਈ ਸੀ।

# ਬਿੱਟੂ ਵੱਲੋਂ ਮੁੱਖ ਮੰਤਰੀ ਮਾਨ ਅਤੇ ਸਿੱਖਿਆ ਮੰਤਰੀ ਬੈਂਸ ਖ਼ਿਲਾਫ਼ ਧਰੋਹ ਦਾਖ਼ਲ ਕਰਨ ਦੀ ਮੰਗ



ਲੁਧਿਆਣਾ, 8 ਮਈ (ਵਿਸ਼ਾਲ ਸ਼ਰਮਾ) : ਕੇਂਦਰੀ ਰੇਲ ਅਤੇ ਖਾਧ ਪ੍ਰਸੰਸਕਰਨ ਮੰਤਰੀ ਸ੍ਰੀ ਰਵਨੀਤ ਸਿੰਘ ਬਿੱਟੂ ਨੇ ਅੱਜ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਸਿੱਖਿਆ ਮੰਤਰੀ ਹਰਜੋਤ ਬੈਂਸ ਖ਼ਿਲਾਫ਼ ਸਰਕਾਰੀ ਅਧਿਕਾਰੀਆਂ ਨੂੰ ਆਪਣਾ ਕੰਮ ਕਰਨ ਤੋਂ ਰੋਕਣ ਦੇ ਦੋਸ਼ਾਂ ਹੇਠ ਐਫ.ਆਈ.ਆਰ. ਦਰਜ ਕਰਨ ਅਤੇ ਉਨ੍ਹਾਂ ਉੱਤੇ ਧਰੋਹ ਦੇ ਦੋਸ਼ ਲਗਾਉਣ ਦੀ ਮੰਗ ਕੀਤੀ ਹੈ।

ਬਿੱਟੂ ਨੇ ਦੱਸਿਆ ਕਿ ਅੱਜ ਪੰਜਾਬ ਦੇ ਨੰਗਲ 'ਚ ਜਦੋਂ ਬੀਬੀਐਮਬੀ ਦੇ ਚੇਅਰਮੈਨ ਸਰਕਾਰੀ ਦੌਰੇ 'ਤੇ ਸਨ, ਉਨ੍ਹਾਂ ਨੂੰ ਗੈਰਕਾਨੂੰਨੀ ਢੰਗ ਨਾਲ ਇੱਕ ਕਮਰੇ 'ਚ ਬੰਦ ਕਰ ਦਿੱਤਾ ਗਿਆ। ਸਖ਼ਤ ਬਿਆਨ ਜਾਰੀ ਕਰਦਿਆਂ ਸ੍ਰੀ ਬਿੱਟੂ ਨੇ ਮੁੱਖ ਮੰਤਰੀ ਮਾਨ ਅਤੇ ਮੰਤਰੀ ਬੈਂਸ 'ਤੇ ਇਸ ਮੁਕੜੇ ਸਮੇਂ 'ਚ ਘਿਨਾਉਣੀ ਰਾਜਨੀਤੀ ਕਰਨ ਦਾ ਦੋਸ਼ ਲਾਇਆ ਜਦੋਂ ਦੇਸ਼ ਪਾਕਿਸਤਾਨ ਨਾਲ ਜੰਗ ਵਰਗੀ ਸਥਿਤੀ 'ਚ ਹੈ। ਉਨ੍ਹਾਂ ਨੇ ਕਿਹਾ ਕਿ ਚੇਅਰਮੈਨ ਬੀਬੀਐਮਬੀ ਦੇ ਸਕੱਤਰ ਨਾਲ ਸਾਥ ਸਰਕਟ ਹਾਊਸ 'ਚ ਬੈਠੇ ਸਨ ਜਦੋਂ ਆਮ ਆਦਮੀ ਪਾਰਟੀ ਦੇ ਵਰਕਰਾਂ ਨੇ ਸਿੱਖਿਆ ਮੰਤਰੀ ਹਰਜੋਤ ਬੈਂਸ ਦੀ ਅਗਵਾਈ ਹੇਠ ਉਨ੍ਹਾਂ ਨੂੰ ਕਮਰੇ 'ਚ ਬੰਦ ਕਰ ਦਿੱਤਾ। ਉਸ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਮਾਨ ਵੀ ਓਥੇ ਪਹੁੰਚੇ ਅਤੇ ਉਸ ਭੀੜ ਦਾ ਸਮਰਥਨ ਕੀਤਾ। ਬਾਅਦ ਵਿੱਚ ਪੁਲਿਸ ਨੇ ਕੇਂਦਰ ਸਰਕਾਰ ਦੇ ਧਿਆਨ ਵਿੱਚ ਆਉਣ 'ਤੇ ਉਨ੍ਹਾਂ ਨੂੰ ਬਚਾਇਆ। ਬਿੱਟੂ ਨੇ ਮੰਗ ਕੀਤੀ ਕਿ ਧਰੋਹ ਦੀਆਂ ਧਾਰਾਵਾਂ ਹੇਠ ਤੁਰੰਤ ਐਫ.ਆਈ.ਆਰ. ਦਰਜ ਕੀਤੀ ਜਾਵੇ ਅਤੇ ਪੰਜਾਬ ਪੁਲਿਸ ਨੂੰ ਪੰਜਾਬ ਸਰਕਾਰ ਦੇ ਗੈਰਕਾਨੂੰਨੀ ਹੁਕਮਾਂ ਦੀ ਪਾਲਣਾ ਨਾ ਕਰਨ ਦੀ ਚੇਤਾਵਨੀ ਦਿੱਤੀ। ਬਿੱਟੂ ਨੇ ਕਿਹਾ ਕਿ ਮੁੱਖ ਮੰਤਰੀ ਦਾ ਮਕਸਦ ਸਿਰਫ ਕਿਸੇ ਵੀ ਤਰੀਕੇ ਨਾਲ ਖ਼ਬਰਾਂ ਵਿੱਚ ਬਣੇ ਰਹਿਣਾ ਹੈ। ਉਨ੍ਹਾਂ ਨੇ ਕਿਹਾ ਕਿ ਹਰਿਆਣਾ ਨੂੰ ਪਾਣੀ ਦੇਣ ਦਾ ਮਾਮਲਾ ਅਦਾਲਤੀ ਵਿਚਾਰਧੀਨ ਹੈ ਅਤੇ ਪੰਜਾਬ ਤੇ ਹਰਿਆਣਾ ਹਾਈਕੋਰਟ ਨੇ ਸਾਫ ਹੁਕਮ ਦਿੱਤਾ ਹੈ ਕਿ ਪੰਜਾਬ ਸਰਕਾਰ ਬੀਬੀਐਮਬੀ ਦੇ ਰੋਜ਼ਾਨਾ ਦੇ ਕੰਮ ਵਿੱਚ ਦਖਲਅੰਦਾਜ਼ੀ ਨਾ ਕਰੇ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਦਾ ਇਹ ਰਵੱਈਆ ਬੇਜ਼ਿੰਮੇਵਾਰ ਅਤੇ ਨਿੰਦਣਯੋਗ ਹੈ।

# ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਪੱਛਮੀ ਉਪ ਚੋਣ ਲਈ ਤਿਆਰ

## ਡੀ.ਸੀ. ਨੇ ਤਿਆਰੀਆਂ ਦਾ ਜਾਇਜ਼ਾ ਲਿਆ



ਲੁਧਿਆਣਾ, 8 ਮਈ (ਵਿਸ਼ਾਲ ਸ਼ਰਮਾ/ਰਵਿੰਦਰ ਸਿੰਘ ਨਿੱਝਰ) : ਆਗਾਮੀ ਲੁਧਿਆਣਾ ਪੱਛਮੀ ਉਪ ਚੋਣ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਹਿਮਾਂਸ਼ੂ ਜੈਨ ਨੇ ਨੋਡਲ ਅਧਿਕਾਰੀਆਂ/ਸਹਾਇਕ ਨੋਡਲ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਪ ਚੋਣ ਦੇ ਸੁਚਾਰੂ ਸੰਚਾਲਨ ਨੂੰ ਯਕੀਨੀ ਬਣਾਉਣ ਲਈ ਸਾਰੇ ਪ੍ਰਬੰਧ, ਤਿਆਰੀ ਅਤੇ ਵਿਧੀ ਸਮੇਂ ਸਿਰ ਸਥਾਪਿਤ ਕੀਤੀ ਜਾਵੇ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਾਰੇ ਸਬੰਧਤ ਅਧਿਕਾਰੀਆਂ ਨਾਲ ਚੱਲ ਰਹੀ ਤਿਆਰੀ ਦੀ ਸਮੀਖਿਆ ਕਰਦੇ ਹੋਏ ਜੈਨ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਜ਼ਿਲ੍ਹੇ ਭਰ ਵਿੱਚ ਵੱਖ-ਵੱਖ ਗਤੀਵਿਧੀਆਂ ਕੀਤੀਆਂ ਜਾਣੀਆਂ ਹਨ ਤਾਂ ਜੋ ਸਾਰੀਆਂ ਟੀਮਾਂ ਭਾਰਤ ਦੇ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਤਿਆਰ ਰਹਿਣ ਤਾਂ ਜੋ ਸਾਰੀਆਂ ਪ੍ਰਕਿਰਿਆਵਾਂ ਦੀ ਸਖ਼ਤ ਨਿਗਰਾਨੀ ਅਤੇ ਲਾਗੂਕਰਨ ਕੀਤਾ ਜਾ ਸਕੇ। ਉਨ੍ਹਾਂ ਨੇ ਚੋਣਾਂ ਦੇ ਸੰਚਾਲਨ ਵਿੱਚ ਸੁਚਾਰੂ ਅਤੇ ਪ੍ਰਭਾਵਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਲੋੜੀਂਦੇ ਨਿਰਦੇਸ਼ ਦੇਣ ਦੇ ਨਾਲ-ਨਾਲ ਵੱਖ-ਵੱਖ ਕਮੇਟੀਆਂ ਦੇ ਢਾਂਚੇ ਅਤੇ ਕੰਮਕਾਜ ਦੀ ਵੀ ਸਮੀਖਿਆ ਕੀਤੀ। ਹਿਮਾਂਸ਼ੂ ਜੈਨ ਨੇ ਇਹ ਵੀ ਦੱਸਿਆ ਕਿ ਮੈਨਪਾਵਰ ਮੈਨੇਜਮੈਂਟ ਕਮੇਟੀ ਨੇ ਚੋਣਾਂ ਕਰਵਾਉਣ ਲਈ ਜ਼ਿਲ੍ਹੇ ਵਿੱਚ ਮੈਨਪਾਵਰ ਦੀ ਪੂਰੀ ਜ਼ਰੂਰਤ ਦਾ ਮੁਲਾਂਕਣ ਕੀਤਾ। ਈ.ਵੀ.ਐਮ ਮੈਨੇਜਮੈਂਟ ਕਮੇਟੀ ਈ.ਵੀ.ਐਮ ਦੀ ਸਹੀ ਸਟੋਰੇਜ, ਸੁਰੱਖਿਆ, ਉਪਲਬਧਤਾ ਅਤੇ ਜਾਂਚ ਨੂੰ ਯਕੀਨੀ ਬਣਾਏਗੀ ਜਿਸ ਵਿੱਚ ਸਮੁੱਚੀ ਨਿਗਰਾਨੀ ਸ਼ਾਮਲ ਹੈ। ਇਸੇ ਤਰ੍ਹਾਂ ਆਦਰਸ਼ ਚੋਣ ਜ਼ਾਬਤਾ ਲਾਗੂ ਕਰਨ ਲਈ ਨੋਡਲ ਅਫ਼ਸਰ, ਐਮ.ਸੀ.ਸੀ ਲਾਗੂ ਹੋਣ ਤੋਂ ਬਾਅਦ ਇਹ ਯਕੀਨੀ ਬਣਾਏਗਾ ਕਿ ਚੋਣ ਕਮਿਸ਼ਨ ਦੀਆਂ ਸਾਰੀਆਂ ਹਦਾਇਤਾਂ ਦੀ ਪਾਲਣਾ ਕੀਤੀ ਜਾਵੇ।

ਇਸੇ ਤਰ੍ਹਾਂ ਕਾਨੂੰਨ ਅਤੇ ਵਿਵਸਥਾ, ਕਮਜ਼ੋਰੀ ਮੈਪਿੰਗ ਅਤੇ ਸੁਰੱਖਿਆ ਵਿਕਾਸ ਯੋਜਨਾ ਲਈ ਨੋਡਲ ਅਫ਼ਸਰ ਰੋਜ਼ਾਨਾ ਕਾਨੂੰਨ ਤੇ ਵਿਵਸਥਾ ਰਿਪੋਰਟ ਨੂੰ ਯਕੀਨੀ ਬਣਾਏਗਾ ਅਤੇ ਲੋੜੀਂਦੇ ਪ੍ਰਬੰਧਾਂ ਲਈ ਜ਼ਿਲ੍ਹਾ ਪੁਲਿਸ ਨਾਲ ਤਾਲਮੇਲ ਯਕੀਨੀ ਬਣਾਏਗਾ। ਮੀਡੀਆ ਸਰਟੀਫਿਕੇਸ਼ਨ ਅਤੇ ਨਿਗਰਾਨੀ ਕਮੇਟੀ ਆਮ ਲੋਕਾਂ ਦੀ ਜਾਣਕਾਰੀ ਲਈ ਸਮੇਂ-ਸਮੇਂ 'ਤੇ ਜਾਰੀ ਕੀਤੀਆਂ ਜਾਣ ਵਾਲੀਆਂ ਹਦਾਇਤਾਂ ਦਾ ਸੰਖੇਪ ਪ੍ਰੈਸ ਨੋਟ ਆਦਿ ਦਾ ਪ੍ਰਸਾਰ ਕਰੇਗੀ।

# ਦੇਸ਼ ਭਗਤ ਯੂਨੀਵਰਸਿਟੀ ਨੇ 'ਜੈ ਹਿੰਦ-ਰਾਸ਼ਟਰ ਪਹਿਲਾਂ' ਪ੍ਰੋਗਰਾਮ ਰਾਹੀਂ ਆਪ੍ਰੇਸ਼ਨ ਸਿੰਦੂਰ ਦੀ ਸ਼ਾਨਦਾਰ ਸਫ਼ਲਤਾ ਦਾ ਮਨਾਇਆ ਜਸ਼ਨ




ਮੰਡੀ ਗੋਬਿੰਦਗੜ੍ਹ, 8 ਮਈ (ਅੰਮ੍ਰਿਤਪਾਲ ਸਿੰਘ): ਇੱਕ ਮਾਣਮੱਤੇ ਅਤੇ ਦੇਸ਼ ਭਗਤੀ ਦੇ ਜਸ਼ਨ ਵਿੱਚ, ਦੇਸ਼ ਭਗਤ ਯੂਨੀਵਰਸਿਟੀ ਨੇ 'ਜੈ ਹਿੰਦ-ਰਾਸ਼ਟਰ ਪਹਿਲਾਂ' ਥੀਮ ਵਾਲੇ ਕੈਂਪਸ-ਵਿਆਪੀ ਪ੍ਰੋਗਰਾਮ ਦੇ ਨਾਲ ਆਪ੍ਰੇਸ਼ਨ ਸਿੰਦੂਰ ਦੀ ਸ਼ਾਨਦਾਰ ਸਫਲਤਾ ਦਾ ਜਸ਼ਨ ਮਨਾਇਆ। ਇਸ ਪ੍ਰੋਗਰਾਮ ਨੇ ਭਾਰਤੀ ਹਥਿਆਰਬੰਦ ਸੈਨਾਵਾਂ ਦੀ ਹਿੰਮਤ, ਰਣਨੀਤੀ ਅਤੇ ਕੁਰਬਾਨੀ ਦਾ ਸਨਮਾਨ ਕੀਤਾ, ਜੋ ਕਿ ਰਾਸ਼ਟਰੀ ਮਾਣ ਦੀ ਡੂੰਘੀ ਭਾਵਨਾ ਨਾਲ ਗੂੰਜਦਾ ਹੈ। ਪ੍ਰੋਗਰਾਮ ਦੀ ਸ਼ੁਰੂਆਤ ਮਾਣਯੋਗ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ ਅਤੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਦੀ ਅਗਵਾਈ ਵਿੱਚ ਝੰਡਾ ਲਹਿਰਾਉਣ ਦੀ ਰਸਮ ਨਾਲ ਹੋਈ, ਜਿਸ ਤੋਂ ਬਾਅਦ ਰਾਸ਼ਟਰੀ ਗੀਤ ਗਾਇਆ ਗਿਆ। ਇੱਕ ਜੋਸ਼ੀਲੇ 'ਜੈ ਹਿੰਦ ਮਾਰਚ' ਵਿੱਚ ਵਿਦਿਆਰਥੀਆਂ, ਫੈਕਲਟੀ ਅਤੇ ਸਟਾਫ ਨੇ 'ਓਪਰੇਸ਼ਨ ਸਿੰਦੂਰ-ਭਾਰਤ ਦਾ ਜਵਾਬ!' ਅਤੇ 'ਦੇਸ਼ ਭਗਤ ਸਾਡੇ ਨਾਇਕਾਂ ਨੂੰ ਸਲਾਮ ਕਰਦੇ ਹਨ!' ਵਰਗੇ ਨਾਅਰੇ ਲਗਾਉਂਦੇ ਹੋਏ ਇੱਕਜੁੱਟ ਹੋਏ। ਇਸ ਸਮਾਗਮ ਦਾ ਇੱਕ ਭਾਵੁਕ ਪਲ ਡਾ. ਜ਼ੋਰਾ ਸਿੰਘ ਦੇ ਪਿਤਾ ਅਤੇ ਨੇਤਾਜੀ ਸੁਭਾਸ਼ ਚੰਦਰ ਬੋਸ ਦੀ ਆਜ਼ਾਦ ਹਿੰਦ ਫੌਜ ਦੇ ਬਹਾਦਰ ਆਜ਼ਾਦੀ ਘੁਲਾਟੀਏ ਸਰਦਾਰ ਲਾਲ ਸਿੰਘ ਜੀ ਨੂੰ ਦਿਲੋਂ ਸ਼ਰਧਾਂਜਲੀ ਸੀ। ਉਨ੍ਹਾਂ ਦੇ ਯੋਗਦਾਨ ਨੂੰ 1972 ਵਿੱਚ ਭਾਰਤ ਸਰਕਾਰ ਦੁਆਰਾ ਤਾਮਰ ਪੱਤਰ ਨਾਲ ਸਨਮਾਨਿਤ ਕੀਤਾ ਗਿਆ ਸੀ। ਉਨ੍ਹਾਂ ਦੀ ਵਿਰਾਸਤ ਯੂਨੀਵਰਸਿਟੀ ਦੇ ਦੇਸ਼ ਭਗਤੀ ਅਤੇ ਸੇਵਾ ਪ੍ਰਤੀ ਅਟੁੱਟ ਸਮਰਪਣ ਨੂੰ ਪ੍ਰੇਰਿਤ ਕਰਦੀ ਰਹਿੰਦੀ ਹੈ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਡਾ. ਜ਼ੋਰਾ ਸਿੰਘ ਨੇ ਕਿਹਾ ਕਿ ਦੇਸ਼ ਭਗਤ ਯੂਨੀਵਰਸਿਟੀ ਦੇਸ਼ ਭਗਤੀ ਦੀ ਭਾਵਨਾ ਤੋਂ ਪੈਦਾ ਹੋਈ ਹੈ। 'ਜੈ ਹਿੰਦ' ਦਾ ਨਾਅਰਾ ਇੱਥੇ ਕਦੇ-ਕਦਾਈਂ ਨਹੀਂ ਲੱਗਦਾ ਇਹ ਸਾਡਾ ਰੋਜ਼ਾਨਾ ਸਵਾਗਤ ਅਤੇ ਮਾਰਗਦਰਸ਼ਕ ਸਿਧਾਂਤ ਹੈ। ਇਸ ਦੌਰਾਨ ਡਾ. ਹਰਸ਼ ਸਦਾਵਰਤੀ ਨੇ ਕਿਹਾ ਕਿ ਡੀ.ਬੀ.ਯੂ. ਦਾ ਹਰ ਵਿਦਿਆਰਥੀ ਸੁਤੰਤਰਤਾ ਸੈਨਾਨੀਆਂ ਦੀ ਵਿਰਾਸਤ ਅਤੇ ਸਾਡੇ ਹਥਿਆਰਬੰਦ ਬਲਾਂ ਦੀ ਹਿੰਮਤ ਨੂੰ ਅੱਗੇ ਵਧਾਉਂਦਾ ਹੈ। ਸਾਡਾ ਮਿਸ਼ਨ ਹਰ ਅਰਥ ਵਿੱਚ ਰਾਸ਼ਟਰ ਨਿਰਮਾਣ ਹੈ। ਦੇਸ਼ ਭਗਤੀ ਦੀ ਭਾਵਨਾ ਨੂੰ ਜਾਰੀ ਰੱਖਣ ਲਈ, ਯੂਨੀਵਰਸਿਟੀ ਨੇ ਆਉਣ ਵਾਲੀਆਂ ਗਤੀਵਿਧੀਆਂ ਦਾ ਐਲਾਨ ਕੀਤਾ, ਜਿਸ ਵਿੱਚ ਇੱਕ ਲੇਖ ਮੁਕਾਬਲਾ, ਸਾਬਕਾ ਫੌਜੀ ਅਧਿਕਾਰੀਆਂ ਨਾਲ ਇੱਕ ਰੱਖਿਆ ਵੈਬੀਨਾਰ ਅਤੇ ਫੌਜ ਦੇ ਸਹਿਯੋਗ ਨਾਲ ਇੱਕ ਖੂਨਦਾਨ ਕੈਂਪ ਸ਼ਾਮਲ ਹੈ।

# ਭਾਰਤ ਵੱਲੋਂ ਪਾਕਿ ਵਿਰੁੱਧ ਕੀਤੇ 'ਸਿੰਦੂਰ ਆਪ੍ਰੇਸ਼ਨ' ਕਾਰਨ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤ ਦੀ ਆਮਦ ਘਟੀ

ਅੰਮ੍ਰਿਤਸਰ, 8 ਮਈ (ਚ.ਨ.ਸ): ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਵਲੋਂ ਅੱਜ ਪਾਕਿਸਤਾਨ ਵਿਰੁੱਧ 'ਆਪ੍ਰੇਸ਼ਨ ਸਿੰਦੂਰ' ਤਹਿਤ ਕੀਤੀ ਏਅਰ ਸਟਰਾਈਕ ਤੋਂ ਬਾਅਦ ਪੈਦਾ ਹੋਏ ਤਣਾਅ ਵਾਲੇ ਹਾਲਾਤ ਦੇ ਮੱਦੇਨਜ਼ਰ ਅੱਜ ਸ੍ਰੀ ਹਰਿਮੰਦਰ ਸਾਹਿਬ ਦਰਸ਼ਨ ਕਰਨ ਆਉਣ ਵਾਲੀਆਂ ਸੰਗਤਾਂ ਦੀ ਆਮਦ ਕਾਫੀ ਘੱਟ ਰਹੀ। ਪ੍ਰਾਪਤ ਵੇਰਵਿਆਂ ਅਨੁਸਾਰ ਅੰਮ੍ਰਿਤਸਰ ਦਾ ਹਵਾਈ ਅੱਡਾ ਬੰਦ ਹੋਣ ਕਾਰਨ ਅੱਜ ਵਿਦੇਸ਼ਾਂ ਤੋਂ ਸ਼ਰਧਾਲੂ ਗੁਰੂ ਨਗਰੀ ਨਹੀਂ ਪੁੱਜ ਸਕੇ ਤੇ ਅੱਜ ਸਾਰਾ ਦਿਨ ਜੰਗ ਵਰਗੇ ਬਣੇ ਰਹੇ ਹਾਲਾਤ ਕਾਰਨ ਪੰਜਾਬ ਤੇ ਗੁਆਂਢੀ ਸੂਬਿਆਂ ਤੋਂ ਵੀ ਬਹੁਤ ਘੱਟ, ਭਾਵ ਕੇਵਲ 10-15 ਫੀਸਦੀ ਸ਼ਰਧਾਲੂ ਹੀ ਦਰਸ਼ਨ ਇਸ਼ਨਾਨ ਕਰਨ ਪੁੱਜੇ। ਜਿਥੇ ਆਮ ਦਿਨਾਂ ਵਿੱਚ ਦਰਸ਼ਨ ਕਰਨ ਲਈ ਸ਼ਰਧਾਲੂਆਂ ਨੂੰ ਘੰਟਿਆਂਬੱਧੀ ਕਤਾਰਾਂ ਵਿੱਚ ਖੜੇ ਰਹਿ ਕੇ ਮੱਥਾ ਟੇਕਣ ਲਈ ਇੰਤਜ਼ਾਰ ਕਰਨਾ ਪੈਂਦਾ ਸੀ। ਉਥੇ ਅੱਜ ਸੰਗਤ ਦੀ ਆਮਦ ਘੱਟ ਹੋਣ ਕਾਰਨ ਆਸਾਨੀ ਨਾਲ ਹੀ ਸ਼ਰਧਾਲੂ ਮੱਥਾ ਟੇਕ ਰਹੇ ਹਨ। ਸ੍ਰੀ ਦਰਬਾਰ ਸਾਹਿਬ ਦੇ ਪ੍ਰਬੰਧਕਾਂ ਨੇ ਦੱਸਿਆ ਕਿ ਅੱਜ ਅੰਮ੍ਰਿਤ ਵੇਲੇ, ਬਾਅਦ ਦੁਪਿਹਰ ਤੇ ਰਾਤ ਨੂੰ ਆਮ ਵਾਂਗ ਸਥਾਨਕ ਸ਼ਰਧਾਲੂ ਹੀ ਪੁੱਜੇ, ਪਰ ਹੋਰਨਾਂ ਸ਼ਹਿਰਾਂ ਜਾਂ ਸੂਬਿਆਂ ਅਤੇ ਵਿਦੇਸ਼ ਤੋਂ ਸੰਗਤਾਂ ਥੋੜੀ ਗਿਣਤੀ ਵਿੱਚ ਹੀ ਪੁੱਜੀਆਂ। ਇਸੇ ਦੌਰਾਨ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ, ਸਰਾਵਾਂ, ਸ੍ਰ.ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਆਮ ਦਿਨਾਂ 'ਚ ਕਰੀਬ ਇਕ ਲੱਖ ਸ਼ਰਧਾਲੂ ਸ੍ਰੀ ਦਰਬਾਰ ਸਾਹਿਬ ਵਿਖੇ ਦਰਸ਼ਨ ਕਰਨ ਪੁੱਜਦੇ ਸਨ ਤੇ ਇਨ੍ਹਾਂ 'ਚੋਂ ਵੱਡੀ ਗਿਣਤੀ ਵਿੱਚ ਸ਼ਰਧਾਲੂ ਗੁਰੂ ਘਰ ਦੀਆਂ ਸਰਾਵਾਂ ਅਤੇ ਯਾਤਰੀ ਨਿਵਾਸਾਂ ਵਿੱਚ ਵੀ ਰਾਤ ਵਿਸ਼ਰਾਮ ਕਰਦੇ ਸਨ ਪਰ ਅੱਜ ਦੇ ਹਾਲਾਤ ਦੇ ਮੱਦੇਨਜ਼ਰ ਸੰਗਤਾਂ ਦੀ ਗਿਣਤੀ ਕਾਫੀ ਘੱਟ ਹੋਣ ਕਰਕੇ ਸਾਰੀਆਂ ਸਰਾਵਾਂ ਤੇ ਯਾਤਰੀ ਨਿਵਾਸਾਂ ਦੇ ਕਰੀਬ 850 ਦੇ ਕਰੀਬ ਕਮਰਿਆਂ ਵਿਚੋਂ ਕੇਵਲ 30 ਕੁ ਫੀਸਦੀ ਹੀ ਕਮਰੇ ਸ਼ਰਧਾਲੂਆਂ ਵੱਲੋਂ ਬੁੱਕ ਕਰਵਾਏ ਗਏ।




# ਸਿਰਸਾ ਵੱਲੋਂ ਪੁੰਛ 'ਚ ਸਥਿਤ ਗੁਰਦੁਆਰਾ ਸਾਹਿਬ 'ਤੇ ਪਾਕਿ ਹਮਲੇ ਦੀ ਨਿਖੇਧੀ



ਨਵੀਂ ਦਿੱਲੀ, 8 ਮਈ (ਚ.ਨ.ਸ): ਭਾਜਪਾ ਦੇ ਕੌਮੀ ਸਕੱਤਰ ਅਤੇ ਦਿੱਲੀ ਦੇ ਕੈਬਨਿਟ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਪਾਕਿਸਤਾਨੀ ਫ਼ੌਜ ਵਲੋਂ ਪੁਣਛ 'ਚ ਗੁਰਦੁਆਰਾ ਸਿੰਘ ਸਭਾ ਸਿੰਡੀਕੇਟ ਮੁਹੱਲਾ 'ਤੇ ਹਮਲਾ ਕਰਨ ਦੀ ਜ਼ੋਰਦਾਰ ਨਿਖੇਧੀ ਕੀਤੀ ਹੈ, ਜਿਸ ਵਿੱਚ ਇਸ ਦੇ ਰਾਗੀ ਸਿੰਘ ਭਾਈ ਅਮਰੀਕ ਸਿੰਘ ਤੇ ਭਾਈ ਅਮਰਜੀਤ ਸਿੰਘ ਤੇ ਭਾਈ ਅਮਰਜੀਤ ਸਿੰਘ ਤੇ ਭਾਈ ਰਣਜੀਤ ਸਿੰਘ ਸਮੇਤ ਸਿੱਖ ਕੌਮ ਦੇ ਹੋਰ ਮੈਂਬਰ ਸ਼ਹੀਦ ਹੋਏ ਹਨ ਅਤੇ ਉਨ੍ਹਾਂ ਕਿਹਾ ਹੈ ਕਿ ਇਸ ਹਮਲੇ ਤੋਂ ਪਾਕਿਸਤਾਨੀ ਫ਼ੌਜ ਦੀ ਕਾਇਰਾਨਾ ਹਰਕਤ ਸਪੱਸ਼ਟ ਹੋ ਗਈ ਹੈ। ਸਿਰਸਾ ਨੇ ਦੱਸਿਆ ਕਿ ਉਨ੍ਹਾਂ ਨੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਨਰਿੰਦਰ ਸਿੰਘ ਨਾਲ ਗੱਲਬਾਤ ਕੀਤੀ ਹੈ ਅਤੇ ਪੀੜਤ ਪਰਿਵਾਰਾਂ ਦੀ ਹਰ ਸੰਭਵ ਮਦਦ ਦਾ ਭਰੋਸਾ ਦਿਵਾਇਆ ਹੈ। ਉਨ੍ਹਾਂ ਨੇ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਵਿੱਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਿਸ਼ ਕਰਨ ਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਿਸ਼ ਕਰਨ।

# ਪੰਜਾਬੀ ਭਾਸ਼ਾ ਚੇਤਨਾ ਬੋਰਡ ਦੇ ਡਾਇਰੈਕਟਰ ਹਰਮੀਤ ਸਿੰਘ ਭਕਨਾ ਦਾ ਦੇਹਾਂਤ

ਲੰਡਨ, 8 ਮਈ (ਚ.ਨ.ਸ): ਪੰਜਾਬੀ ਭਾਸ਼ਾ ਚੇਤਨਾ ਬੋਰਡ ਦੇ ਡਾਇਰੈਕਟਰ ਹਰਮੀਤ ਸਿੰਘ ਭੱਕਨਾ ਦਾ ਬੀਤੇ ਦਿਨੀਂ ਦਿਹਾਂਤ ਹੋ ਗਿਆ, ਉਹ ਪਿਛਲੇ ਕਾਫੀ ਸਮੇਂ ਤੋਂ ਕੈਂਸਰ ਦੀ ਨਾਮੁਰਾਦ ਬਿਮਾਰੀ ਤੋਂ ਪੀੜਤ ਸਨ। ਉਨ੍ਹਾਂ ਦੇ ਬੇਟੇ ਹਰਜੋਤ ਸਿੰਘ ਤੇ ਬੇਟੀ ਜਗਜੋਤ ਕੌਰ ਨੇ ਦੱਸਿਆ ਕਿ ਉਨ੍ਹਾਂ ਨੇ ਬ੍ਰਮਿੰਘਮ ਦੇ ਗੁੱਡ ਹੋਪ ਹਸਪਤਾਲ ਵਿੱਚ ਆਖ਼ਰੀ ਸਾਹ ਲਏ। ਭਕਨਾ ਲੰਮੇ ਸਮੇਂ ਤੋਂ ਯੂ.ਕੇ. ਵਿਚ ਰਹਿ ਰਹੇ ਸਨ ਅਤੇ ਟਰੱਕਿੰਗ ਕਾਰੋਬਾਰ ਨਾਲ ਜੁੜੇ ਹੋਏ ਸਨ ਉਹ ਪੰਜਾਬੀ ਭਾਸ਼ਾ ਦੇ ਪ੍ਰਚਾਰ ਤੇ ਪ੍ਰਸਾਰ ਲਈ ਇੱਕ ਦਹਾਕੇ ਤੋਂ ਵੱਧ ਸਮੇਂ ਤੋਂ ਕੰਮ ਕਰ ਰਹੇ ਸਨ। ਉਹ ਯੂ.ਕੇ. ਦੇ ਸਕੂਲਾਂ ਵਿੱਚ ਪੰਜਾਬੀ ਨੂੰ ਵਿਸ਼ੇ ਦੇ ਤੌਰ 'ਤੇ ਪੜ੍ਹਾਏ ਜਾਣ ਦੀ ਮੁਹਿੰਮ ਚਲਾ ਰਹੇ ਸਨ, ਜਿਸ ਵਿੱਚ ਬਾਅਦ ਵਿੱਚ ਭਾਰਤੀ ਭਾਸ਼ਾਵਾਂ ਨੂੰ ਸ਼ਾਮਿਲ ਕਰ ਲਿਆ ਗਿਆ ਸੀ। ਉਨ੍ਹਾਂ ਦੇ ਯਤਨਾਂ ਸਦਕਾ ਹੀ ਬਰਤਾਨੀਆ ਦੀ ਸੰਸਦ ਵਿੱਚ 70 ਸਾਲ ਬਾਅਦ ਪੁਰਾਤਨ ਢੰਗ ਨਾਲ ਸਾਰਾਗੜ੍ਹੀ ਦੇ ਸ਼ਹੀਦਾਂ ਦੀ ਯਾਦ ਮਨਾਈ ਗਈ ਸੀ।

# ਐੱਨ.ਸੀ.ਸੀ. ਕੈਡਿਟਸ ਵੱਲੋਂ ਨਸ਼ਿਆਂ ਵਿਰੁੱਧ ਤੇ ਦੇਸ਼ ਦੀ ਏਕਤਾ ਤੇ ਅਖੰਡਤਾ ਲਈ ਤਿਆਰ ਰਹਿਣ ਦਾ ਪ੍ਰਣ ਕਰਨਾ ਸ਼ਲਾਘਾਯੋਗ : ਟਿਵਾਣਾ/ਭਲਵਾਨ




ਸ੍ਰੀ ਫ਼ਤਹਿਗੜ੍ਹ ਸਾਹਿਬ, 8 ਮਈ (ਹਰਪ੍ਰੀਤ ਕੌਰ ਟਿਵਾਣਾ): ਜ਼ਿਲ੍ਹਾ ਸਮਾਜਿਕ ਸੁਰੱਖਿਆ ਦਫ਼ਤਰ ਵੱਲੋਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਅਤੇ ਰਿਮਟ ਯੂਨੀਵਰਸਿਟੀ ਦੇ ਐਨ ਸੀ ਸੀ ਦੇ ਸਹਿਯੋਗ ਨਾਲ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਡਿਪਟੀ ਕਮਿਸ਼ਨਰ ਸ੍ਰੀ ਫ਼ਤਹਿਗੜ੍ਹ ਸਾਹਿਬ ਡਾ. ਸੋਨਾ ਥਿੰਦ ਅਤੇ ਐਸ. ਐਸ.ਪੀ ਸ਼ੁਭਮ ਅਗਰਵਾਲ ਦੀ ਸਰਪ੍ਰਸਤੀ ਅਤੇ ਰਿਮਟ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਬੀ.ਐੱਸ.ਭਾਟੀਆ ਦੀ ਅਗਵਾਈ ਹੇਠ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਵਰਿੰਦਰ ਸਿੰਘ ਟਿਵਾਣਾ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਸ੍ਰੀ ਫ਼ਤਹਿਗੜ੍ਹ ਸਾਹਿਬ ਨੇ ਸ਼ਿਰਕਤ ਕੀਤੀ, ਪ੍ਰੋਗਰਾਮ ਦੀ ਪ੍ਰਧਾਨਗੀ ਸ੍ਰੀ ਵੇਦ ਪ੍ਰਕਾਸ਼ ਸਟੇਟ ਅਵਾਰਡੀ ਅਤੇ ਸ੍ਰੀ ਅਮਨ ਸਰਦਾਰ ਰਾਜ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕੀਤੀ, ਪ੍ਰੋਗਰਾਮ ਦਾ ਉਦਘਾਟਨ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕੀਤਾ। ਇਸ ਮੌਕੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਵਰਿੰਦਰ ਸਿੰਘ ਟਿਵਾਣਾ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਾਨਯੋਗ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਐਨ ਸੀ ਸੀ ਕੈਡਿਟਸ ਵੱਲੋਂ ਅੱਜ ਕੇ ਨਸ਼ਿਆਂ ਵਿਰੁੱਧ ਲੜਾਈ ਵਿੱਚ ਸਹਿਯੋਗ ਕਰਨ ਲਈ ਪ੍ਰਣ ਕਰਨਾ ਸ਼ਲਾਘਾਯੋਗ ਹੈ ਉਪਰਾਲਾ, ਉਹਨਾਂ ਪਬਲਿਕ ਨੂੰ ਅੱਗੇ ਆ ਕੇ ਸਹਿਯੋਗ ਕਰਨਾ ਚਾਹੀਦਾ ਹੈ ਤਾਂ ਹੀ ਅਸੀਂ ਆਪਣੇ ਬੱਚਿਆਂ ਨੂੰ ਨਸ਼ਿਆਂ ਤੋਂ ਬਚਾਉਣ ਵਿਚ ਸਫ਼ਲ ਹੋ ਸਕਾਂਗੇ, ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਵੱਲੋਂ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।

# ਬੀ.ਡੀ. ਸਚਦੇਵਾ ਸੁਸਾਇਟੀ ਨੇ ਲੇਬਰ ਡੇਅ ਮੌਕੇ ਕੀਤੇ ਵਾਅਦੇ ਨੂੰ ਪੂਰਾ ਕਰਦਿਆਂ ਲਗਵਾਏ ਬੈਂਚ

ਫ਼ਾਜ਼ਿਲਕਾ, 8 ਮਈ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਸਮਾਜ ਸੇਵਾ ਅਤੇ ਲੋਕ ਭਲਾਈ ਦੇ ਖੇਤਰ ਵਿੱਚ ਹਮੇਸ਼ਾ ਅਗਵਾਈ ਕਰਦੀ ਆ ਰਹੀ ਡਾ. ਬੀ. ਡੀ. ਸਚਦੇਵਾ ਮੈਮੋਰੀਅਲ ਵੈੱਲਫੇਅਰ ਸੋਸਾਇਟੀ ਨੇ ਇੱਕ ਵਾਰ ਫਿਰ ਆਪਣੀ ਵਚਨਬੱਧਤਾ ਨੂੰ ਪੂਰਾ ਕਰਦਿਆਂ ਸ਼ਹਿਰ ਦੇ ਵੱਖ-ਵੱਖ ਸਥਾਨਾਂ 'ਤੇ ਨਵੇਂ ਬੈਂਚ ਲਗਵਾਏ ਹਨ। ਜ਼ਿਕਰਯੋਗ ਹੈ ਕਿ ਸੋਸਾਇਟੀ ਵੱਲੋਂ ਬੀਤੇ ਦਿਨੀਂ ਲੇਬਰ ਡੇ ਮਨਾਇਆ ਗਿਆ ਸੀ, ਉਸ ਮੌਕੇ ਮਜ਼ਦੂਰਾਂ ਨੇ ਸੋਸਾਇਟੀ ਤੋਂ ਬੈਂਚਾਂ ਅਤੇ ਪੀਣ ਵਾਲੇ ਪਾਣੀ ਦੇ ਪ੍ਰਬੰਧ ਦੀ ਮੰਗ ਕੀਤੀ ਸੀ। ਉਸ ਸਮੇਂ ਸੋਸਾਇਟੀ ਵੱਲੋਂ ਪੀਣ ਵਾਲੇ ਪਾਣੀ ਦਾ ਪ੍ਰਬੰਧ ਤਾਂ ਤੁਰੰਤ ਕਰ ਦਿੱਤਾ ਗਿਆ ਸੀ, ਪਰ ਬੈਂਚਾਂ ਦੀ ਉਪਲਬਧਤਾ ਨਾ ਹੋਣ ਕਾਰਨ ਇਹ ਵਾਅਦਾ ਕੀਤਾ ਗਿਆ ਸੀ ਕਿ ਆਉਣ ਵਾਲੇ ਦਿਨਾਂ ਵਿੱਚ ਬੈਂਚ ਲਗਵਾਏ ਜਾਣਗੇ। ਇਸ ਵਾਅਦੇ ਨੂੰ ਅੱਜ ਸੋਸਾਇਟੀ ਨੇ ਪੂਰਾ ਕਰਕੇ ਆਪਣੀ ਸਮਾਜ ਪ੍ਰਤੀ ਜ਼ਿੰਮੇਵਾਰੀ ਨੂੰ ਨਿਭਾਇਆ ਹੈ। ਸੋਸਾਇਟੀ ਦੇ ਚੇਅਰਮੈਨ ਅਜੇ ਸਚਦੇਵਾ (ਬੰਟੀ) ਨੇ ਦੱਸਿਆ ਕਿ ਸੋਸਾਇਟੀ ਦੀ ਸਥਾਪਨਾ ਤੋਂ ਲੈ ਕੇ ਹੁਣ ਤੱਕ ਸਮਾਜ ਦੀ ਭਲਾਈ ਲਈ ਨਿਰੰਤਰ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਜਾਣਕਾਰੀ ਦਿੱਤੀ ਕਿ ਸੋਸਾਇਟੀ ਨੇ ਸ਼ਹਿਰ ਦੇ ਵੱਖ-ਵੱਖ ਧਾਰਮਿਕ ਅਤੇ ਜਨਤਕ ਸਥਾਨਾਂ 'ਤੇ 100 ਤੋਂ ਵੱਧ ਬੈਂਚ ਪਹਿਲਾਂ ਹੀ ਲਗਵਾਏ ਹਨ, ਜਿਸ ਨਾਲ ਆਮ ਲੋਕਾਂ ਨੂੰ ਬੈਠਨ ਦੀ ਸਹੂਲਤ ਮਿਲੀ ਹੈ। ਹੁਣ ਇਸ ਸਿਲਸਿਲੇ ਨੂੰ ਅੱਗੇ ਵਧਾਉਂਦਿਆਂ ਸੋਸਾਇਟੀ ਨੇ ਰਾਜਾ ਸਿਨਮਾ ਨੇੜੇ ਲੇਬਰ ਚੌਂਕ, ਬੀਕਾਨੇਰੀ ਰੋਡ ਵਿਖੇ ਲੇਬਰ ਚੌਕ, ਸੀਵਰੇਜ ਸਫ਼ਾਈ ਸੈਨਿਕਾਂ ਦੇ ਬੈਠਣ ਲਈ ਬੀਕਾਨੇਰੀ ਰੋਡ 'ਤੇ ਪਾਣੀ ਵਾਲੀ ਟੈਂਕੀ ਨੇੜੇ ਅਤੇ ਅਨੰਦਪੁਰ ਕੁਟੀਆ ਦੇ ਬਾਹਰ ਨਵੇਂ ਬੈਂਚ ਲਗਵਾਏ ਹਨ। ਉਨ੍ਹਾਂ ਕਿਹਾ ਕਿ ਸੋਸਾਇਟੀ ਦੇ ਚੇਅਰਮੈਨ ਅਜੇ ਸਚਦੇਵਾ ਨੇ ਕਿਹਾ ਕਿ ਉਨ੍ਹਾਂ ਦੀ ਸੰਸਥਾ ਦਾ ਇੱਕ ਮਕਸਦ ਹੈ ਸਮਾਜ ਦੀ ਸੇਵਾ। ਸੋਸਾਇਟੀ ਦੀ ਜਨਰਲ ਸਕੱਤਰ ਪੂਜਾ ਲੂਥਰਾ ਸਚਦੇਵਾ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸੋਸਾਇਟੀ ਦਾ ਮੁੱਖ ਮਕਸਦ ਲੋਕਾਂ ਦੀ ਸਹੂਲਤ ਅਤੇ ਸਮਾਜ ਦੀ ਸੇਵਾ ਹੈ।



# ਕੌਮੀ ਲੋਕ ਅਦਾਲਤ ਦਾ ਵੱਧ ਤੋਂ ਵੱਧ ਲਾਭ ਉਠਾਉਣ ਜ਼ਿਲ੍ਹਾ ਵਾਸੀ : ਜ਼ਿਲ੍ਹਾ ਤੇ ਸੈਸ਼ਨ ਜੱਜ



ਫਤਹਿਗੜ੍ਹ ਸਾਹਿਬ, 8 ਮਈ (ਹਰਪ੍ਰੀਤ ਕੌਰ ਟਿਵਾਣਾ): ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਚੇਅਰਮੈਨ-ਕਮ-ਜ਼ਿਲ੍ਹਾ ਤੇ ਸੈਸ਼ਨ ਜੱਜ ਸ਼੍ਰੀ ਅਰੁਣ ਗੁਪਤਾ ਨੇ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ 10 ਮਈ ਨੂੰ ਜ਼ਿਲ੍ਹੇ ਵਿੱਚ ਲਗਾਈ ਜਾਣ ਵਾਲੀ ਕੌਮੀ ਲੋਕ ਅਦਾਲਤ ਦਾ ਵੱਧ ਤੋਂ ਵੱਧ ਲਾਭ ਉਠਾਇਆ ਜਾਵੇ। ਉਨ੍ਹਾਂ ਕਿਹਾ ਕਿ ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ ਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ 10 ਮਈ ਨੂੰ ਸਾਲ 2025 ਦੀ ਦੂਸਰੀ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਹਰੇਕ ਤਰ੍ਹਾਂ ਦੇ ਰਾਜ਼ੀਨਾਮੇਯੋਗ ਝਗੜਿਆਂ ਦਾ ਦੋਵਾਂ ਧਿਰਾਂ ਦੀ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਕਚਹਿਰੀਆਂ ਫ਼ਤਹਿਗੜ੍ਹ ਸਾਹਿਬ, ਅਮਲੋਹ ਤੇ ਖਮਾਣੋਂ ਦੀ ਸਬ ਅਦਾਲਤਾਂ ਵਿੱਚ ਵੀ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ। ਸ਼੍ਰੀ ਅਰੁਣ ਗੁਪਤਾ ਨੇ ਦੱਸਿਆ ਕਿ ਇਸ ਲੋਕ ਅਦਾਲਤ ਵਿੱਚ ਸਿਵਲ ਕੇਸ, ਸਿਵਲ ਐਗਜ਼ੀਕਿਊਸ਼ਨ, ਪਰਿਵਾਰਕ ਝਗੜੇ, ਬੈਂਕ ਰਿਕਵਰੀ ਕੇਸ, ਅਰਧ ਸਿਵਲ ਕੇਸ ਅਤੇ ਫੁਟਕਲ ਸਿਵਲ ਮਾਮਲੇ ਆਦਿ ਦਾ ਨਿਪਟਾਰਾ ਕੀਤਾ ਜਾਣਾ ਹੈ। ਇਸ ਦੇ ਨਾਲ ਹੀ ਸੰਗੀਨ ਫੌਜਦਾਰੀ ਕੇਸਾਂ ਨੂੰ ਛੱਡ ਕੇ, ਜਿਵੇਂ ਕਿ ਹਰ ਕਿਸਮ ਦੇ ਦੀਵਾਨੀ ਕੇਸ, ਪਰਿਵਾਰਕ ਝਗੜੇ, ਰੈਵਿਨਿਊ ਕੇਸ, ਚੈੱਕ ਬਾਊਂਸ, ਕ੍ਰੀਮਨਲ ਐਗਜ਼ੀਕਿਊਸ਼ਨ ਅਤੇ ਟ੍ਰੈਫਿਕ ਚਲਾਨ ਆਦਿ ਕੇਸਾਂ ਦੀ ਕੌਮੀ ਲੋਕ ਅਦਾਲਤ ਵਿੱਚ ਸੁਣਵਾਈ ਕੀਤੀ ਜਾਵੇਗੀ। ਇਸ ਤੋਂ ਇਲਾਵਾ ਬੈਂਕ ਲੋਨ ਕੇਸ, ਬੀਮਾ ਰਿਕਵਰੀ ਕੇਸਾਂ ਦੀ ਵੀ ਸੁਣਵਾਈ ਹੋਵੇਗੀ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ 'ਰਿਜ਼ਿਊਮ ਤੋਂ ਭਰਤੀ ਤੱਕ : ਇੰਟਰਵਿਊ ਹੁਨਰ ਤੇ ਵਿਸ਼ਵਾਸ 'ਤੇ ਮਾਸਟਰ ਕਲਾਸ' 'ਤੇ ਸੈਮੀਨਾਰ



ਫ਼ਤਹਿਗੜ੍ਹ ਸਾਹਿਬ, 8 ਮਈ (ਹਰਪ੍ਰੀਤ ਕੌਰ ਟਿਵਾਣਾ): ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਦੇ ਕੰਪਿਊਟਰ ਸਾਇੰਸ ਵਿਭਾਗ ਨੇ ਵਿਦਿਆਰਥੀਆਂ ਦੇ ਪੇਸ਼ੇਵਰ ਹੁਨਰ ਅਤੇ ਕਰੀਅਰ ਦੀ ਤਿਆਰੀ ਲਈ 'ਰਿਜ਼ਿਊਮ ਤੋਂ ਭਰਤੀ ਤੱਕ: ਇੰਟਰਵਿਊ ਹੁਨਰ ਅਤੇ ਵਿਸ਼ਵਾਸ 'ਤੇ ਮਾਸਟਰ ਕਲਾਸ' 'ਤੇ ਸੈਮੀਨਾਰ ਆਯੋਜਿਤ ਕੀਤਾ। ਇਹ ਸਮਾਗਮ ਕੰਪਿਊਟਰ ਸਾਇੰਸ ਵਿਭਾਗ ਦੇ ਮੁਖੀ ਅਤੇ ਪ੍ਰੋਗਰਾਮ ਦੇ ਕਨਵੀਨਰ ਪ੍ਰੋ. ਡਾ. ਨਵਦੀਪ ਕੌਰ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ। ਇਸਦਾ ਪ੍ਰਭਾਵਸ਼ਾਲੀ ਢੰਗ ਨਾਲ ਤਾਲਮੇਲ ਕੰਪਿਊਟਰ ਸਾਇੰਸ ਵਿਭਾਗ ਦੇ ਸਹਾਇਕ ਪ੍ਰੋਫੈਸਰ ਡਾ. ਕਿਰਨ ਪ੍ਰੀਤ ਕੌਰ ਅਤੇ ਸ਼੍ਰੀਮਤੀ ਜਸਕੀਰਤ ਕੌਰ ਦੁਆਰਾ ਕੀਤਾ ਗਿਆ। ਮੁੱਖ ਭਾਸ਼ਣ ਐਮ.ਐਮ. ਮੋਦੀ ਕਾਲਜ, ਪਟਿਆਲਾ ਦੇ ਸਹਾਇਕ ਪ੍ਰੋਫੈਸਰ ਸ. ਹਰਪ੍ਰੀਤ ਸਿੰਘ ਅਤੇ ਸ਼੍ਰੀਮਤੀ ਮਨਿੰਦਰ ਕੌਰ ਬੈਂਸ ਦੁਆਰਾ ਦਿੱਤਾ ਗਿਆ। ਬੁਲਾਰਿਆਂ ਨੇ ਪ੍ਰਭਾਵਸ਼ਾਲੀ ਰੈਜ਼ਿਊਮ ਲਿਖਣ, ਇੰਟਰਵਿਊ ਦੀ ਤਿਆਰੀ, ਇੰਟਰਵਿਊ ਦੌਰਾਨ ਆਤਮਵਿਸ਼ਵਾਸ ਵਧਾਉਣ ਦੀਆਂ ਰਣਨੀਤੀਆਂ ਅਤੇ ਇੰਟਰਵਿਊ ਦੀ ਸਫਲਤਾ ਵਿੱਚ ਸਕਾਰਾਤਮਕ ਸਰੀਰਕ ਭਾਸ਼ਾ ਦੀ ਭੂਮਿਕਾ 'ਤੇ ਕੇਂਦ੍ਰਿਤ ਦਿਲਚਸਪ ਅਤੇ ਵਿਹਾਰਕ ਸੈਸ਼ਨ ਦਾ ਆਯੋਜਨ ਕੀਤਾ। ਇਸ ਸੈਮੀਨਾਰ ਵਿਚ ਅੰਤਿਮ ਸਾਲ ਅਤੇ ਪ੍ਰੀ-ਅੰਤਿਮ ਸਾਲ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਸਮਾਗਮ ਦਾ ਅੰਤ ਧੰਨਵਾਦ ਦੇ ਮਤੇ ਨਾਲ ਹੋਇਆ, ਜਿਸ ਵਿੱਚ ਪਤਵੰਤਿਆਂ, ਮਾਹਰ ਬੁਲਾਰਿਆਂ, ਕੋਆਰਡੀਨੇਟਰਾਂ ਤੇ ਵਿਦਿਆਰਥੀਆਂ ਦਾ ਉਨ੍ਹਾਂ ਦੀ ਸਰਗਰਮ ਭਾਗੀਦਾਰੀ ਤੇ ਸਮਾਗਮ ਦੀ ਸਫਲਤਾ ਲਈ ਧੰਨਵਾਦ ਕੀਤਾ ਗਿਆ।

# ਪੰਜਾਬ 'ਚ ਕਾਂਗਰਸ ਸਰਕਾਰ ਲਿਆਉਣ ਲਈ ਮਤਭੇਦ ਭੁਲਾ ਕੇ ਕੰਮ ਕਰਨ ਦੀ ਲੋੜ : ਰਣਦੀਪ ਸਿੰਘ

ਅਮਲੋਹ, 8 ਮਈ (ਜਸਵੰਤ ਸਿੰਘ): ਕੇਂਦਰ ਦੀ ਭਾਜਪਾ ਅਤੇ ਪੰਜਾਬ ਦੀ ਆਪ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਤੋਂ ਅੱਜ ਹਰ ਵਰਗ ਪ੍ਰੇਸ਼ਾਨ ਹੈ ਜਿਸ ਕਾਰਨ 2027 ਵਿਚ ਕਾਂਗਰਸ ਸਰਕਾਰ ਸੱਤਾ 'ਚ ਆਉਣੀ ਯਕੀਨੀ ਹੈ। ਇਹ ਗੱਲ ਸਾਬਕਾ ਮੰਤਰੀ ਰਣਦੀਪ ਸਿੰਘ ਨਾਭਾ ਨੇ ਇਥੇ ਸੁਰਜੀਤ ਬੈਂਕਿਟ ਹਾਲ ਵਿਚ 12 ਮਈ ਦੀ ਅਮਲੋਹ 'ਚ ਜ਼ਿਲ੍ਹਾ ਪੱਧਰੀ 'ਸੰਵਿਧਾਨ ਬਚਾਓ ਅਭਿਆਨ' ਤਹਿਤ ਹੋ ਰਹੀ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਬਲਾਕ ਪ੍ਰਧਾਨ ਜਗਵੀਰ ਸਿੰਘ ਸਲਾਣਾ ਅਤੇ ਮੰਡੀ ਗੋਬਿੰਦਗੜ੍ਹ ਦੇ ਪ੍ਰਧਾਨ ਸੰਜੀਵ ਦੱਤਾ ਦੀ ਪ੍ਰਧਾਨਗੀ ਹੇਠ ਕੀਤੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਹੀ। ਉਨ੍ਹਾਂ ਕਿਹਾ ਕਿ ਕਾਂਗਰਸ ਸਰਕਾਰ ਲਿਆਉਣ ਲਈ ਸਾਨੂੰ ਆਪਸੀ ਮਤਭੇਦ ਭੁੱਲਾ ਕੇ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨ ਦੀ ਜ਼ਰੂਰਤ ਹੈ। ਉਨ੍ਹਾਂ 12 ਮਈ ਦੀ ਰੈਲੀ ਲਈ ਵੱਖ-ਵੱਖ ਕਮੇਟੀਆਂ ਦਾ ਗਠਨ ਕਰਦੇ ਹੋਏ ਦੱਸਿਆ ਕਿ ਇਸ ਵਿਚ ਕੇਂਦਰ ਤੇ ਸੂਬਾ ਪੱਧਰੀ ਪਾਰਟੀ ਲੀਡਰਸ਼ਿਪ ਸੰਬੋਧਨ ਕਰੇਗੀ। ਉਨ੍ਹਾਂ ਵਰਕਰਾਂ ਨੂੰ ਹੁਣ ਤੋਂ ਹੀ ਤਿਆਰੀਆਂ ਵਿੱਢਣ ਦਾ ਸੱਦਾ ਦਿੱਤਾ। ਇਸ ਪ੍ਰਭਾਵਸ਼ਾਲੀ ਮੀਟਿੰਗ ਨੂੰ ਸਾਬਕਾ ਚੇਅਰਮੈਨ ਹਰਿੰਦਰ ਸਿੰਘ ਭਾਂਬਰੀ, ਸਾਬਕਾ ਕੌਂਸਲ ਪ੍ਰਧਾਨ ਜਗਮੀਤ ਸਿੰਘ ਸਹੋਤਾ, ਸਾਬਕਾ ਚੇਅਰਮੈਨ ਜਸਮੀਤ ਸਿੰਘ ਰਾਜਾ, ਰਣਜੀਤ ਸਿੰਘ ਅੰਬੈਮਾਜਰਾ, ਰਣਜੀਤ ਸਿੰਘ ਲੁਹਾਰ ਮਾਜਰਾ, ਨੀਲਮ ਰਾਣੀ, ਕੌਂਸਲਰ ਅਰਵਿੰਦ ਸਿੰਗਲਾ, ਕੁਲਵਿੰਦਰ ਸਿੰਘ, ਜਸਵਿੰਦਰ ਸਿੰਘ ਬਿੰਦਰ, ਚਰਨਜੀਤ ਸਿੰਘ ਬਾਜਵਾ, ਐਡਵੋਕੇਟ ਤੇਜਿੰਦਰ ਸਿੰਘ ਸਲਾਣਾ, ਸ਼ਿਵ ਕੁਮਾਰ ਗਰਗ, ਡਾ. ਜੋਗਿੰਦਰ ਸਿੰਘ ਮੈਣੀ, ਯੂਥ ਪ੍ਰਧਾਨ ਲੱਕੀ ਸ਼ਰਮਾ, ਹੈਪੀ ਸੂਦ, ਗੰਗਾ ਪੂਰੀ, ਰਾਮ ਕੇਵਲ ਯਾਦਵ, ਹਰਪ੍ਰੀਤ ਸਿੰਘ ਗੁਰਧਨਪੁਰ, ਬਲਬੀਰ ਸਿੰਘ ਮਿੰਟੂ, ਅਮਨਦੀਪ ਸਿੰਘ, ਜਗਦੀਸ਼ ਸਿੰਘ ਦੀਸ਼ਾ ਸੈਂਟੀ, ਰਕੇਸ਼ ਕੁਮਾਰ ਗੋਗੀ, ਰਾਜਾ ਰਾਮ, ਗੁਰਮੀਤ ਸਿੰਘ ਟਿੱਬੀ, ਜਗਬੀਰ ਸਿੰਘ ਬਡਾਲੀ, ਜਸਪਾਲ ਸਿੰਘ ਸਮਸ਼ਪੁਰ, ਨਰਿੰਦਰ ਸਿੰਘ ਚੀਮਾ, ਜਗਦੀਪ ਬੜੈਚਾਂ, ਰਾਜਵਿੰਦਰ ਸਿੰਘ ਘੁਟੀਡ, ਸੁਖਵਿੰਦਰ ਸਿੰਘ ਸੁੱਖਾ ਖੁੰਮਣਾ, ਗੁਰਪ੍ਰੀਤ ਸਿੰਘ ਗਰੇਵਾਲ, ਹੈਪੀ ਸੇਢਾ, ਹੈਪੀ ਪਜਨੀ, ਬਿੱਕਰ ਸਿੰਘ ਦੀਵਾ, ਗੁਰਿੰਦਰਪਾਲ ਸਿੰਘ ਹੈਪੀ ਕੁੰਭ, ਸਸ਼ੀ ਬਾਲਾ, ਪੂਨਮ ਗੋਸਾਈ, ਕਮਲਜੀਤ ਸਿੰਘ ਜੱਸੜ੍ਹਾਂ, ਵਿਮਲ ਗੁਪਤਾ, ਜਸਪਾਲ ਸਿੰਘ ਜੱਗਾ ਸਮਸ਼ਪੁਰ, ਬਲਜੀਤ ਸਿੰਘ ਮਰਾਰੂ, ਐਡਵੋਕੇਟ ਹਰਜਿੰਦਰ ਸਿੰਘ ਟਿੰਕਾ ਰੁੜਕੀ, ਜਗਤਾਰ ਸਿੰਘ ਤੰਗਰਾਲਾ ਤੇ ਪੀਏ ਮਨਪ੍ਰੀਤ ਸਿੰਘ ਮਿੰਟਾ ਆਦਿ ਹਾਜ਼ਰ ਸਨ।



# ਪਲੈਨਿੰਗ ਬੋਰਡ ਚੇਅਰਮੈਨ ਨੇ ਜਿੰਮ ਬਣਾਉਣ ਲਈ ਦਿੱਤੀ ਇੱਕ ਲੱਖ ਰੁਪਏ ਦੀ ਸਹਾਇਤਾ

ਜ਼ੀਰਾ, 8 ਮਈ (ਦੀਪਕ ਭਾਰਗੋ): ਪੰਜਾਬ ਸਰਕਾਰ ਵੱਲੋਂ ਜਿਸ ਤਰ੍ਹਾਂ ਦੇ ਅਖਤਿਆਰ ਜਿਸ ਵਿਅਕਤੀ ਨੂੰ ਦਿੱਤੇ ਗਏ ਹਨ, ਉਹ ਉਸੇ ਤਰ੍ਹਾਂ ਦੇ ਕੰਮਕਾਰ ਕਰਦਾ ਨਜ਼ਰ ਆ ਰਿਹਾ ਹੈ। ਇਸੇ ਤਰ੍ਹਾਂ ਜ਼ਿਲ੍ਹਾ ਪਲੈਨਿੰਗ ਬੋਰਡ ਦੇ ਚੇਅਰਮੈਨ ਸਰਦਾਰ ਚੰਦ ਸਿੰਘ ਗਿੱਲ ਵੱਲੋਂ ਜ਼ਿਲ੍ਹਾ ਫਿਰੋਜ਼ਪੁਰ ਵਿੱਚ ਆਪਣੀਆਂ ਪਾਵਰਾਂ ਅਨੁਸਾਰ ਪਿੰਡਾਂ ਸ਼ਹਿਰਾਂ ਵਿੱਚ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਉਹਨਾਂ ਵੱਲੋਂ ਜਗ੍ਹਾ ਜਗ੍ਹਾ 'ਤੇ ਲਾਈਟਾਂ, ਜਿੰਮ, ਗਲੀਆਂ, ਨਾਲੀਆਂ ਤੇ ਹੋਰ ਕਈ ਤਰ੍ਹਾਂ ਦੇ ਕੰਮ ਕਰਵਾਏ ਜਾ ਰਹੇ ਹਨ ਜੋ ਉਹਨਾਂ ਦੀ ਹੱਦ ਵਿੱਚ ਆਉਂਦੇ ਹਨ। ਇਸੇ ਤਰ੍ਹਾਂ ਵਿਧਾਨ ਸਭਾ ਹਲਕਾ ਜ਼ੀਰਾ ਦੇ ਪਿੰਡ ਫੇਰੋਕੇ ਦੇ ਸਰਪੰਚ ਤੀਰਥ ਸਿੰਘ ਬਰਾੜ ਵੱਲੋਂ ਚੰਦ ਸਿੰਘ ਗਿੱਲ ਨੂੰ ਜਿੰਮ ਬਣਾਉਣ ਵਾਸਤੇ ਪੇਸ਼ਕਸ਼ ਕੀਤੀ, ਜਿਸ 'ਤੇ ਵਿਚਾਰ ਕਰਦੇ ਹੋਏ ਚੰਦ ਸਿੰਘ ਗਿੱਲ ਵੱਲੋਂ ਕਿਹਾ ਗਿਆ ਕਿ ਨੌਜਵਾਨੀ ਨੂੰ ਨਸ਼ੇ ਤੋਂ ਬਚਾਉਣ ਵਾਸਤੇ ਉਹ ਹਰ ਵੇਲੇ ਤਿਆਰ ਬਰ ਤਿਆਰ ਹਨ ਤੇ ਉਹਨਾਂ ਵੱਲੋਂ ਇਕ ਲੱਖ ਰੁਪਏ ਦੀ ਰਕਮ ਦਾ ਚੈੱਕ ਪਿੰਡ ਫ਼ੇਰੋਕੇ ਦੇ ਸਰਪੰਚ ਤੀਰਥ ਸਿੰਘ ਨੂੰ ਭੇਟ ਕੀਤਾ। ਇਸ ਮੌਕੇ ਸਰਪੰਚ ਤੀਰਥ ਸਿੰਘ ਤੋਂ ਇਲਾਵਾ ਮੈਂਬਰ ਜਗਦੀਪ ਸਿੰਘ, ਮਨਜੀਤ ਸਿੰਘ, ਹਰਜਿੰਦਰ ਸਿੰਘ, ਅਮਰਜੀਤ ਸਿੰਘ, ਪਰਮਜੀਤ ਸਿੰਘ, ਰੇਸ਼ਮ ਸਿੰਘ, ਸੰਦੀਪ ਸਿੰਘ ਇਹਨਾਂ ਸਾਰੇ ਮੈਂਬਰਾਂ ਤੋਂ ਇਲਾਵਾ ਪਿੰਡ ਦੇ ਪਤਵੰਤੇ ਸੱਜਣ ਜਗਦੀਪ ਸਿੰਘ, ਜਗਰਾਜ ਸਿੰਘ, ਕੇਵਲ ਸਿੰਘ, ਰੇਸ਼ਮ ਸਿੰਘ, ਮਨਜੀਤ ਸਿੰਘ, ਜਸਵੰਤ ਸਿੰਘ, ਗੁਰਲਾਲ ਸਿੰਘ, ਅਮਰੀਕ ਸਿੰਘ, ਰਮਨਦੀਪ ਸਿੰਘ, ਲਖਵਿੰਦਰ ਸਿੰਘ, ਧਰਮ ਸਿੰਘ, ਕੁਲਦੀਪ ਸਿੰਘ ਤੇ ਰਾਜਦੀਪ ਸਿੰਘ ਹਾਜ਼ਰ ਸਨ।



# ਡਾ. ਕੇਸ਼ਵ ਸਚਦੇਵਾ ਵੱਲੋਂ ਡੀ.ਐੱਮ. ਕਾਰਡੀਓਲੋਜੀ 'ਚ ਸੋਨ ਤਮਗਾ ਹਾਸਲ



ਫ਼ਾਜ਼ਿਲਕਾ, 8 ਮਈ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਫ਼ਾਜ਼ਿਲਕਾ ਸ਼ਹਿਰ ਲਈ ਇਹ ਬਹੁਤ ਮਾਣ ਦੀ ਗੱਲ ਹੈ ਕਿ ਪ੍ਰਤਿਭਾਸ਼ਾਲੀ ਡਾ. ਕੇਸ਼ਵ ਸਚਦੇਵਾ ਨੇ ਡੀ.ਐਮ. ਕਾਰਡੀਓਲੋਜੀ ਵਿੱਚ ਸੋਨ ਤਗਮਾ ਪ੍ਰਾਪਤ ਕਰਕੇ ਨਾ ਸਿਰਫ਼ ਆਪਣੇ ਪਰਿਵਾਰ ਦਾ ਸਿਰ ਉੱਚਾ ਕੀਤਾ ਹੈ, ਬਲਕਿ ਪੂਰੇ ਫ਼ਾਜ਼ਿਲਕਾ ਦਾ ਨਾਂ ਰੌਸ਼ਨ ਕੀਤਾ ਹੈ। ਡਾ. ਕੇਸ਼ਵ ਪ੍ਰਸਿੱਧ ਛਾਤੀ ਮਾਹਿਰ ਅਤੇ ਸਚਦੇਵਾ ਹਸਪਤਾਲ ਦੇ ਡਾਇਰੈਕਟਰ ਡਾ. ਵਿਜੇ ਸਚਦੇਵਾ ਅਤੇ ਮਾਤਾ ਰਿਤੂ ਸਚਦੇਵਾ ਦੇ ਸਪੁੱਤਰ ਹਨ। ਉਨ੍ਹਾਂ ਨੇ ਹੀਰੋ ਹਾਰਟ, ਦਯਾਨੰਦ ਮੈਡੀਕਲ ਕਾਲਜ, ਲੁਧਿਆਣਾ ਤੋਂ ਡੀ.ਐਮ. ਦੀ ਪੜ੍ਹਾਈ ਦੌਰਾਨ ਨਾ ਸਿਰਫ਼ ਅਕਾਦਮਿਕ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ, ਸਗੋਂ ਮਰੀਜ਼ਾਂ ਦੀ ਸੇਵਾ ਵਿੱਚ ਵੀ ਆਪਣੀ ਡੂੰਘੀ ਲਗਨ ਅਤੇ ਸਮਰਪਣ ਦਰਸਾਇਆ। ਡਾ. ਕੇਸ਼ਵ ਸਚਦੇਵਾ ਨੇ ਆਪਣੀ ਸਫਲਤਾ ਦਾ ਸ਼੍ਰੇਯ ਡਾ. ਜੀ. ਐਸ ਵਾਡਰ, ਡਾ. ਬਿਸ਼ਵ ਮੋਹਨ, ਡਾ. ਨਾਵੇਦ ਅਸਲਮ, ਡਾ. ਸ਼ੀਬਾ ਟੱਕਰ ਛਾਬੜਾ ਅਤੇ ਡਾ. ਅਭਿਸ਼ੇਕ ਗੋਇਲ ਨੂੰ ਦਿੱਤਾ, ਜਿਨ੍ਹਾਂ ਦੀ ਅਗਵਾਈ 'ਚ ਉਨ੍ਹਾਂ ਨੇ ਡਾਕਟਰੀ ਵਿਗਿਆਨ ਦੀਆਂ ਬਾਰੀਕੀਆਂ ਸਿੱਖੀਆਂ। ਉਨ੍ਹਾਂ ਨੇ ਹੀਰੋ ਹਾਰਟ ਹਸਪਤਾਲ ਦੇ ਸਮੂਹ ਸਟਾਫ਼ ਦਾ ਵੀ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

# ਪਿੰਡਾਂ 'ਚ 21 ਮੈਂਬਰੀ ਕਲੱਬ ਬਣਾ ਕੇ ਨੌਜਵਾਨੀ ਨੂੰ ਕੀਤਾ ਜਾਵੇਗਾ ਵਿਕਸਿਤ : ਵਿਸ਼ਾਲ ਸ਼ਰਮਾ



ਮੰਡੀ ਗੋਬਿੰਦਗੜ੍ਹ, 8 ਮਈ (ਸੂਦ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਆਮ ਆਦਮੀ ਪਾਰਟੀ ਪੰਜਾਬ ਦੇ ਯੂਥ ਵਿੰਗ ਦੀ ਤਿੰਨ ਰੋਜ਼ਾ ਟਰੇਨਿੰਗ ਅਤੇ ਅਹਿਮ ਮੀਟਿੰਗ ਕੀਤੀ ਗਈ, ਜਿਸ ਵਿੱਚ ਪੰਜਾਬ ਦੇ 117 ਵਿਧਾਨ ਸਭਾ ਹਲਕਿਆਂ ਦੇ ਯੂਥ ਵਿੰਗ ਪ੍ਰਧਾਨਾਂ ਨੇ ਸ਼ਿਰਕਤ ਕੀਤੀ। ਹਲਕਾ ਅਮਲੋਹ ਦੇ ਯੂਥ ਪ੍ਰਧਾਨ ਵਿਸ਼ਾਲ ਸ਼ਰਮਾ ਨੇ ਦੱਸਿਆ ਇਸ ਪ੍ਰੋਗਰਾਮ ਤਹਿਤ ਤਿੰਨ ਦਿਨਾਂ ਟਰੇਨਿੰਗ ਹੋਈ, ਜਿਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਅਤੇ ਡਿਪਟੀ ਕਮਿਸ਼ਨਰ ਜੈ ਕ੍ਰਿਸ਼ਨ ਸਿੰਘ ਆਦਿ ਨੇ ਸੰਬੋਧਨ ਕੀਤਾ। ਉਨ੍ਹਾਂ ਦਸਿਆ ਕਿ ਹਲਕਾ ਅਮਲੋਹ ਦੇ ਪਿੰਡਾਂ ਵਿੱਚ ਯੂਥ ਕਲੱਬ ਬਣਾਏ ਜਾਣਗੇ, ਜਿੱਥੇ ਆਪਣਾ ਖੁਦ ਦਾ ਕਾਰੋਬਾਰ ਕਰਨ ਵਾਲੇ ਨੌਜਵਾਨਾਂ ਲਈ ਰੁਜ਼ਗਾਰ ਅਤੇ ਉਨ੍ਹਾਂ ਨੂੰ ਸਰਕਾਰੀ ਮਦਦ ਦਿੱਤੀ ਜਾਵੇਗੀ। ਸਰਕਾਰ ਖੇਡਾਂ ਨੂੰ ਪ੍ਰਮੋਟ ਕਰਨ ਵਾਸਤੇ ਖਿਡਾਰੀਆਂ ਨੂੰ ਖੇਡ ਕਿੱਟਾਂ, ਨੌਜਵਾਨਾਂ ਨੂੰ ਨਸ਼ੇ ਤੋਂ ਰਹਿਤ ਕਰਨ ਵਾਸਤੇ ਸਰਕਾਰ ਹਰੇਕ ਪਿੰਡ ਦੇ ਵਿੱਚ ਹਰੇਕ ਸ਼ਹਿਰ ਦੇ ਵਿੱਚ ਹਰੇਕ ਮਹੱਲੇ ਦੇ ਵਿੱਚ ਕਲੱਬ ਰਜਿਸਟਰ ਕਰਨ ਜਾ ਰਹੀ ਹੈ, ਜਿਸ ਦੇ 21 ਮੈਂਬਰ ਹੋਣਗੇ। ਸਰਕਾਰ ਅਜਿਹਾ ਪਿੰਡਾਂ ਦੇ ਨੌਜਵਾਨਾਂ ਦਾ ਜੀਵਨ ਪੱਧਰ ਉੱਚਾ ਕਰਨ ਅਤੇ ਉਨ੍ਹਾਂ ਨੂੰ ਪੜ੍ਹਾਈ ਦੇ ਨਾਲ ਖੇਡਾਂ ਅਤੇ ਪੜ੍ਹ ਲਿਖ ਕੇ ਪੈਰਾਂ 'ਤੇ ਖੜ੍ਹਾ ਹੋਣ ਵਾਸਤੇ ਰੁਜ਼ਗਾਰ ਪੈਦਾ ਕਰਨਾ ਆਮ ਆਦਮੀ ਪਾਰਟੀ ਦਾ ਮੁੱਖ ਮਕਸਦ ਰਹੇਗਾ।

# ਰਣਜੀਤ ਸਾਗਰ ਡੈਮ ਜੁਗਿਆਲ ਕਲੋਨੀ ਦੇ ਨਜਾਇਜ਼ ਕਬਜ਼ੇ ਬਣ ਸਕਦੇ ਨੇ ਵੱਡਾ ਖ਼ਤਰਾ

ਭੋਗਪੁਰ, 8 ਮਈ (ਜੰਡੀਰ ਸੈਣੀ): ਰਣਜੀਤ ਸਾਗਰ ਡੈਮ ਦੀ ਜੁਗਿਆਲ ਕਲੋਨੀ ਵਿੱਚ ਰਹਿ ਰਹੇ ਅਣਪਛਾਤੇ ਲੋਕ ਬਣ ਸਕਦੇ ਹਨ ਵੱਡਾ ਖਤਰਾ। ਜੀ ਹਾਂ ਜਗਿਆਲ ਕਲੋਨੀ ਵਿੱਚ ਬਹੁਤ ਸਾਰੇ ਇਹੋ ਜਿਹੇ ਸਰਕਾਰੀ ਮਕਾਨ ਹਨ, ਜਿਨ੍ਹਾਂ ਵਿੱਚ ਲੋਕਾਂ ਨੇ ਨਜਾਇਜ਼ ਕਬਜ਼ੇ ਕੀਤੇ ਹੋਏ ਹਨ। ਲੋਕਾਂ ਦਾ ਕਹਿਣਾ ਹੈ ਕਿ ਪ੍ਰਸ਼ਾਸਨ ਨੂੰ ਕਈ ਵਾਰ ਸ਼ਿਕਾਇਤਾਂ ਕੀਤੀਆਂ ਗਈਆਂ ਹਨ ਪਰ ਕਿਸੇ ਨੇ ਵੀ ਕੋਈ ਧਿਆਨ ਨਹੀਂ ਦਿੱਤਾ। ਕੋਈ ਆਪਣੇ ਆਪ ਨੂੰ ਮੰਤਰੀਆਂ ਦਾ ਬੰਦਾ ਦੱਸ ਰਿਹਾ ਤੇ ਕੋਈ ਪ੍ਰਸ਼ਾਸਨ ਦੀ ਮਿਲੀ ਭੁਗਤ ਨਾਲ ਬੈਠੇ ਹੋਏ ਹਨ, ਲਗਭਗ 300 ਦੇ ਕਰੀਬ ਜਾਅਲੀ ਮਕਾਨ ਹੈ। ਪਰ ਪ੍ਰਸ਼ਾਸਨ ਦੇ ਕੰਨ 'ਤੇ ਜੂੰ ਤੱਕ ਨਹੀਂ ਸਰਕ ਰਹੀ, ਬਹੁਤ ਸਾਰੇ ਨਾਜਾਇਜ਼ ਮਕਾਨਾਂ ਦੇ ਨੰਬਰ ਵੀ ਸਾਹਮਣੇ ਆਏ ਹਨ, ਜਿਵੇਂ ਕਿ ਟੀਟੂ 505, ਟੀਟੂ 279, ਟੀਟੂ 187, ਟੀਟੂ 425, ਪੰਜ ਮਕਾਨ ਟੀ-3 ਅਤੇ ਟੀ-4 ਦੇ ਵੀ ਕਾਫੀ ਮਕਾਨ, ਹਨ ਭਾਰੀ ਮਾਤਰਾ ਵਿੱਚ ਟੀ.1 ਜ਼ੂ.ਵਨ ਤੇ ਐਸ 2 ਬਲਾਕ ਦੇ ਮਕਾਨ ਹਨ, ਇਹ ਵੀ ਸੁਣਨ ਵਿੱਚ ਆਇਆ ਹੈ ਕਿ ਨਾਜਾਇਜ਼ ਕਬਜ਼ਿਆਂ ਵਾਲੇ ਕੁਝ ਡੈਮ ਅਧਿਕਾਰੀਆਂ ਨੂੰ ਸਰਕਾਰੀ ਮਕਾਨਾਂ ਦਾ ਕਿਰਾਇਆ ਦੇ ਰਹੇ ਹਨ। ਪ੍ਰਸ਼ਾਸਨ ਨੇ ਜਲਦ ਧਿਆਨ ਨਹੀਂ ਦਿੱਤਾ ਤਾਂ ਇਹ ਮਿਲੀ ਭੁਗਤ ਕਿਸੇ ਵੇਲੇ ਵੀ ਵੱਡਾ ਖਤਰਾ ਬਣ ਸਕਦੀ ਹੈ। ਅਧਿਕਾਰੀਆਂ ਨਾਲ ਗੱਲਬਾਤ ਕਰਨੀ ਚਾਹੀ ਤਾਂ ਉਹ ਕੋਈ ਖਾਸ ਜਵਾਬ ਨਹੀਂ ਦੇ ਸਕੇ ਸੇਵਾ ਮੁਕਤ ਮੁਲਾਜ਼ਮਾਂ ਦਾ ਕਹਿਣਾ ਹੈ ਕਿ ਜਿਸ ਨੇ ਵੀ ਆਵਾਜ਼ ਉਠਾਈ ਹੈ, ਜ਼ਿੰਮੇਵਾਰ ਲੋਕਾਂ ਨੇ ਆਵਾਜ਼ ਨੂੰ ਦਵੱਲਣ ਦੀ ਕੋਸ਼ਿਸ਼ ਕੀਤੀ ਹੈ।



# ਮਜ਼ਦੂਰ ਦਿਵਸ ਨੂੰ ਸਮਰਪਿਤ ਪ੍ਰੋਗਰਾਮ

ਭੋਗਪੁਰ, 8 ਮਈ (ਜੰਡੀਰ ਸੈਣੀ): ਸਨੋਰਾ ਦੇ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਵਿੱਚ ਮਜ਼ਦੂਰ ਦਿਵਸ ਨੂੰ ਸਮਰਪਿਤ ਖਾਸ ਪ੍ਰੋਗਰਾਮ ਕਰਵਾਇਆ ਗਿਆ। ਸਕੂਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਢੰਗਾਂ ਰਾਹੀਂ ਆਪਣੀ ਅਦਾ ਦੇ ਰੋਲ ਪੇਸ਼ ਕੀਤੇ। ਸਕਿੱਟਾਂ ਰਾਹੀਂ ਸਮਝਾਇਆ ਗਿਆ ਕਿ ਕੰਮ ਹੀ ਪੂਜਾ ਹੁੰਦੀ ਹੈ। ਬੱਚਿਆਂ ਨੇ ਪ੍ਰੋਗਰਾਮ ਰਾਹੀਂ ਪਿਆਰ ਭਾਵਨਾ ਨਾਲ ਰਹਿਣ ਦਾ ਸੰਦੇਸ਼ ਦਿੱਤਾ। ਇਸ ਮੌਕੇ 'ਤੇ ਡਾਇਰੈਕਟਰ ਸੁਖਵਿੰਦਰ ਸਿੰਘ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਮਿਹਨਤ ਤੇ ਇਮਾਨਦਾਰੀ 'ਤੇ ਚੱਲਣ ਲਈ ਪ੍ਰੇਰਤ ਕੀਤਾ। ਨਵਦੀਪ ਕੌਰ ਪ੍ਰਿੰਸੀਪਲ ਨੇ ਆਪਣੇ ਵਿਚਾਰਾਂ ਰਾਹੀਂ ਮਿਹਨਤਕਸ਼ ਅਤੇ ਸ਼ਹੀਦਾਂ ਨੂੰ ਯਾਦ ਕੀਤਾ।

# ਬਾਬਾ ਸੋਹਨ ਸਿੰਘ ਨੇ ਵਿਆਹ ਦੀ 44ਵੀਂ ਵਰ੍ਹੇਗੰਢ ਮਨਾਈ



ਅਮਲੋਹ, 8 ਮਈ (ਜਸਵੰਤ ਸਿੰਘ): ਉਘੇ ਢਾਡੀ ਬਾਬਾ ਸੋਹਨ ਸਿੰਘ ਨੇ ਆਪਣੀ ਪਤਨੀ ਹਰਜੀਤ ਕੌਰ ਨਾਲ ਵਿਆਹ ਦੀ 44ਵੀਂ ਵਰ੍ਹੇਗੰਢ ਮਨਾਈ। ਇਸ ਮੌਕੇ ਇਲਾਕੇ ਦੀਆਂ ਨਾਮਵਰ ਧਾਰਮਿਕ ਸ਼ਖਸੀਅਤਾਂ ਅਤੇ ਇਲਾਕੇ ਦੇ ਪੰਚ ਸਰਪੰਚਾਂ ਨੇ ਉਨ੍ਹਾਂ ਨੂੰ ਵਧਾਈ ਦਿੰਦੇ ਹੋਏ ਉਨ੍ਹਾਂ ਦੀ ਸਿਹਤਯਾਬੀ ਅਤੇ ਲੰਬੀ ਉਮਰ ਦੀ ਕਾਮਨਾ ਕੀਤੀ।

# ਓਮ ਪ੍ਰਕਾਸ਼ ਬਾਂਸਲ ਸਕੂਲ 'ਚ ਕਿੰਡਰ ਗਾਰਟਨ, ਪਹਿਲੀ ਤੇ ਦੂਜੀ ਜਮਾਤ ਦੇ ਬੱਚਿਆਂ ਦਾ ਸਮਾਗਮ ਕਰਵਾਇਆ

ਮੰਡੀ ਗੋਬਿੰਦਗੜ੍ਹ, 8 ਮਈ (ਸੂਦ): ਓਮ ਪ੍ਰਕਾਸ਼ ਬਾਂਸਲ ਮਾਡਰਨ ਸਕੂਲ ਮੰਡੀ ਗੋਬਿੰਦਗੜ੍ਹ ਦੇ ਕਿੰਡਰਗਾਰਟਨ ਅਤੇ ਪਹਿਲੀ ਅਤੇ ਦੂਜੀ ਜਮਾਤ ਦੇ ਛੋਟੇ ਵਿਦਿਆਰਥੀਆਂ ਨੇ ਇੰਟਰਨੈਸ਼ਨਲ ਮਜ਼ਦੂਰ ਦਿਵਸ ਨੂੰ ਸਮਰਪਿਤ ਇਕ ਸਮਾਗਮ ਕੀਤਾ। ਇਸ ਮੌਕੇ ਉਨ੍ਹਾਂ ਆਪਣੇ ਛੋਟੇ ਹੱਥਾਂ ਨਾਲ ਤਿਆਰ ਕੀਤੇ ਸੁੰਦਰ ਬੈਜ ਬਣਾਏ, ਜਿਨ੍ਹਾਂ 'ਤੇ ਭਾਵਨਾਤਮਕ ਸੰਦੇਸ਼ ਲਿਖੇ ਹੋਏ ਸਨ ਜੋ ਸਕੂਲ ਦੇ ਸਹਾਇਕਾਂ ਦੁਆਰਾ ਪਹਿਨੇ ਜਾਣਗੇ। ਇਸ ਪਿਆਰ ਭਰੇ ਦ੍ਰਿਸ਼ ਨੇ ਬਹੁਤ ਸਾਰੇ ਕਰਮਚਾਰੀਆਂ ਨੂੰ ਭਾਵੁਕ ਵੀ ਕੀਤਾ। ਸਮਾਗਮ ਵਿੱਚ 'ਕੇਕ' ਕੱਟਣ ਦੀ ਰਸਮ ਵੀ ਹੋਈ ਅਤੇ ਸਟਾਫ਼ ਮੈਂਬਰਾਂ ਨੂੰ ਸਕੂਲ ਵੱਲੋਂ ਤੋਹਫ਼ੇ ਭੇਟ ਕੀਤੇ ਗਏ। ਪ੍ਰਿੰਸੀਪਲ ਸੰਗੀਤਾ ਸ਼ਰਮਾ ਨੇ ਕਿਹਾ ਕਿ ਅੱਜ ਸਾਡੇ ਛੋਟੇ ਵਿਦਿਆਰਥੀਆਂ ਨੇ ਦਿਖਾਇਆ ਹੈ ਕਿ ਅਸਲੀ ਸਤਿਕਾਰ ਛੋਟੇ ਕੰਮਾਂ ਵਿੱਚ ਹੁੰਦਾ ਹੈ। ਜਦੋਂ ਬਚਪਨ ਤੋਂ ਹੀ ਮਜ਼ਦੂਰਾਂ ਪ੍ਰਤੀ ਸਤਿਕਾਰ ਅਤੇ ਸ਼ੁਕਰਗੁਜ਼ਾਰੀ ਦੀ ਭਾਵਨਾ ਪੈਦਾ ਕੀਤੀ ਜਾਂਦੀ ਹੈ ਤਾਂ ਹੀ ਇੱਕ ਸੱਭਿਅਕ ਅਤੇ ਸੰਵੇਦਨਸ਼ੀਲ ਸਮਾਜ ਦੀ ਨੀਂਹ ਰੱਖੀ ਜਾਂਦੀ ਹੈ। ਉਨ੍ਹਾਂ ਬੱਚਿਆਂ, ਅਧਿਆਪਕਾਂ ਅਤੇ ਸਟਾਫ਼ ਨੂੰ ਵਧਾਈ ਦਿੱਤੀ। ਇਨ੍ਹਾਂ ਬੱਚਿਆਂ ਨੇ ਕਲਾਸਾਂ ਵਿੱਚ ਸਹੁੰ ਚੁੱਕੀ ਕਿ ਉਹ ਹਮੇਸ਼ਾ ਹਰ ਵਰਕਰ ਦਾ ਸਤਿਕਾਰ ਕਰਨਗੇ ਤੇ ਉਨ੍ਹਾਂ ਨਾਲ ਮਾਣ ਤੇ ਪਿਆਰ ਨਾਲ ਪੇਸ਼ ਆਉਣਗੇ।




# ਸ੍ਰੀ ਹੇਮਕੁੰਟ ਸਕੂਲ ਦੇ ਐੱਨ.ਸੀ.ਸੀ. ਕੈਡਿਟਸ ਨੂੰ ਮੌਕ ਡਰਿੱਲ ਦਾ ਅਭਿਆਸ ਕਰਵਾਇਆ




ਜ਼ੀਰਾ, 8 ਮਈ (ਦੀਪਕ ਭਾਰਗੋ): ਇਲਾਕੇ ਦੀ ਨਾਮਵਰ ਸੰਸਥਾ ਸ੍ਰੀ ਹੇਮਕੁੰਟ ਸੀਨੀ. ਸਕੈ. ਸਕੂਲ ਕੋਟ-ਈਸੇ-ਖਾਂ ਜੋ ਇੰਟਰਨੈਸ਼ਨਲ ਲੈਵਲ ਦੀ ਪੜ੍ਹਾਈ ਕਰਾਉਂਦਾ ਹੈ ਜੋ ਸੀ.ਬੀ.ਐਸ.ਈ ਤੋਂ ਮਾਨਤਾ ਪ੍ਰਾਪਤ ਹੋਣ ਦੇ ਨਾਲ ਨਾਲ ਕੈਬਰਿਜ਼ ਇੰਟਰਨੈਸ਼ਨਲ ਯੂਨੀਵਰਸਿਟੀ ਇੰਗਲੈਂਡ ਤੋਂ ਵੀ ਮਾਨਤਾ ਪ੍ਰਾਪਤ ਹੈ। ਇੱਥੇ ਐੱਨ.ਸੀ.ਸੀ, ਐੱਨ.ਐੱਸ.ਐੱਸ ਦੇ ਕੇਂਦਰ ਚੱਲ ਰਹੇ ਹਨ, ਜਿੱਥੇ ਪੜ੍ਹਾਈ ਅਤੇ ਖੇਡਾਂ ਦੇ ਨਾਲ ਸਮੇਂ-ਸਮੇਂ 'ਤੇ ਹੋਰ ਗਤੀਵਿਧੀਆਂ ਵੀ ਕਰਵਾਈਆਂ ਜਾਂਦੀਆਂ ਹਨ। ਹੇਮਕੁੰਟ ਸਕੂਲ ਵਿਖੇ 05 ਪੰਜਾਬ ਬਟਾਲੀਅਨ ਦੇ ਕਮਾਂਡਿੰਗ ਅਫ਼ਸਰ ਸੁਨਿਲ ਕੁਮਾਰ ਅਤੇ ਸੂਬੇਦਾਰ ਮੇਜਰ ਸੁਖਮੰਦਰ ਸਿੰਘ ਦੀ ਯੋਗ ਅਗਵਾਈ ਅਧੀਨ ਵਿਸ਼ੇਸ਼ ਮੌਕ ਡਰਿੱਲ ਦਾ ਆਯੋਜਨ ਕੀਤਾ ਗਿਆ। ਜਿਸ ਦਾ ਉਦੇਸ਼ ਵਿਦਿਆਰਥੀਆਂ ਨੂੰ ਐਮਰਜੈਂਸੀ ਸਥਿਤੀਆਂ ਵਿੱਚ ਚੌਕਸੀ ਅਤੇ ਸੁਰੱਖਿਆਂ ਪ੍ਰਤੀ ਜਾਗਰੂਕ ਕਰਨਾ ਸੀ। ਪ੍ਰੋਗਰਾਮ ਦੀ ਸ਼ੁਰੂਆਤ ਸੈਲਫ ਡਿਫੈਂਸ ਡੈਮੋ ਨਾਲ ਕਰਵਾਈ। ਜਿਸ ਵਿੱਚ ਕੈਡਿਟਸ ਨੇ ਵੱਖ-ਵੱਖ ਸਵੈ ਰੱਖਿਆ ਤਕਨੀਕਾਂ ਦਾ ਪ੍ਰਦਰਸ਼ਨ ਕੀਤਾ। ਐੱਨ.ਸੀ.ਸੀ ਦੇ ਏ.ਐੱਨ.ਓ ਸਿਮਰਨਜੀਤ ਕੌਰ ਅਤੇ ਮਹੇਸ਼ ਕੁਮਾਰ ਦੀ ਦੇਖ-ਰੇਖ ਅਧੀਨ ਐਮਰਜੈਂਸੀ ਸਾਇਰਨ ਵਜਾ ਕੇ ਆਫ਼ਤ ਦੌਰਾਨ ਸੁਰੱਖਿਆ ਪ੍ਰਕਿਰਿਆਵਾਂ ਦਾ ਅਭਿਆਸ ਕਰਵਾਇਆ। ਇਸ ਮੌਕੇ ਮੁੱਢਲੀ ਸਹਾਇਤਾ ਦੀ ਜਾਣਕਾਰੀ ਦਿੱਤੀ ਗਈ ਜਿਸ ਵਿੱਚ ਜ਼ਖਮੀ ਦੀ ਡ੍ਰੈਸਿੰਗ, ਬੇਹੋਸ਼ੀ ਦੀ ਸਥਿਤੀ ਵਿੱਚ ਕੀਤੇ ਜਾਣ ਵਾਲੀ ਸਹਾਇਤਾ ਤੇ ਐਮਰਜੈਂਸੀ ਸੰਪਰਕ ਨੰਬਰਾਂ ਦੀ ਮਹੱਤਵਪੂਰਨ ਜਾਣਕਾਰੀ ਦਿੱਤੀ। ਇਸ ਮੌਕੇ ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਕੁਲਵੰਤ ਸਿੰਘ ਸੰਧੂ, ਐੱਮ.ਡੀ.ਮੈਡਮ ਰਣਜੀਤ ਕੌਰ ਸੰਧੂ ਅਤੇ ਪ੍ਰਿੰਸੀਪਲ ਮੈਡਮ ਰਮਨਜੀਤ ਕੌਰ ਨੇ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਆਫ਼ਤਾਂ ਦੌਰਾਨ ਸ਼ਾਂਤ ਰਹਿਣ ਤੇ ਆਪਣੀ ਤੇ ਦੂਸਰਿਆਂ ਦੀ ਰੱਖਿਆ ਕਰਨ ਲਈ ਪ੍ਰੇਰਿਤ ਕੀਤਾ।

# ਭਾਰਤ ਇੱਟ ਦਾ ਜਵਾਬ ਪੱਥਰ ਨਾਲ ਦੇਵੇਗਾ : ਪਰਸ਼ੋਤਮ ਬੰਗਾ




ਬੰਗਾ, 8 ਮਈ (ਪ੍ਰਭਜੋਤ ਸਿੰਘ): ਸ਼ਿਵ ਸੈਨਾ ਪੰਜਾਬ ਦੀ ਇੱਕ ਮਹੱਤਵਪੂਰਨ ਮੀਟਿੰਗ ਅੱਜ ਬੰਗਾ ਵਿੱਚ ਸ਼ਿਵ ਸੈਨਾ ਐੱਸ.ਸੀ. ਵਿੰਗ ਪੰਜਾਬ ਦੇ ਸੂਬਾ ਪ੍ਰਧਾਨ ਪਰਸ਼ੋਤਮ ਬੰਗਾ ਦੇ ਨਿਵਾਸ ਸਥਾਨ 'ਤੇ ਹੋਈ। ਇਸ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ, ਪਰਸ਼ੋਤਮ ਬੰਗਾ ਨੇ ਕਿਹਾ ਕਿ ਉਹ ਦੇਸ਼ ਦੇ ਪ੍ਰਧਾਨ ਮੰਤਰੀ ਮੋਦੀ ਦਾ ਧੰਨਵਾਦ ਕਰਦੇ ਹਨ, ਜਿਨ੍ਹਾਂ ਨੇ ਪਾਕਿਸਤਾਨ 'ਤੇ ਹਮਲਾ ਕੀਤਾ ਤੇ ਅੱਤਵਾਦੀ ਟਿਕਾਣਿਆਂ ਨੂੰ ਬੁਰੀ ਤਰ੍ਹਾਂ ਤਬਾਹ ਕਰ ਦਿੱਤਾ। ਉਨ੍ਹਾਂ ਕਿਹਾ ਕਿ ਸਿਰਫ਼ ਸ਼ਿਵ ਸੈਨਾ ਹੀ ਨਹੀਂ ਸਗੋਂ ਪੂਰੇ ਦੇਸ਼ ਨੂੰ ਦੇਸ਼ ਦੀ ਫੌਜ 'ਤੇ ਮਾਣ ਹੈ। ਇਸ ਖੁਸ਼ੀ ਵਿੱਚ ਲੱਡੂ ਵੀ ਵੰਡੇ ਗਏ। ਪਰਸ਼ੋਤਮ ਬੰਗਾ ਨੇ ਪਾਕਿਸਤਾਨ ਨੂੰ ਅੱਗੇ ਤੋਂ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਭਾਰਤ ਹੁਣ ਪਹਿਲਾਂ ਵਰਗਾ ਨਹੀਂ ਰਿਹਾ। ਹੁਣ ਭਾਰਤ ਜਾਣਦਾ ਹੈ ਕਿ ਇੱਟ ਦਾ ਜਵਾਬ ਪੱਥਰ ਨਾਲ ਕਿਵੇਂ ਦੇਣਾ ਹੈ। ਪੁਰਸ਼ੋਤਮ ਬੰਗਾ ਨੇ ਕਿਹਾ ਕਿ ਪੂਰਾ ਦੇਸ਼ ਭਾਰਤੀ ਫੌਜ ਤੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨਾਲ ਖੜ੍ਹਾ ਹੈ। ਉਸ ਨੇ ਕਿਹਾ ਸ਼ਿਵ ਸੈਨਾ ਪੰਜਾਬ ਦੇ ਪੀ.ਏ. ਸਚਿਨ ਘਨੌਲੀ ਦੇ ਨਿਰਦੇਸ਼ਾਂ ਅਨੁਸਾਰ ਇਹ ਮੀਟਿੰਗ ਅੱਜ 6 ਜੂਨ ਦੇ ਘੱਲੂਘਾਰੇ ਦਿਵਸ ਦੇ ਸਬੰਧ ਵਿੱਚ ਆਯੋਜਿਤ ਕੀਤੀ ਗਈ ਹੈ। ਪਰਸ਼ੋਤਮ ਬੰਗਾ ਨੇ ਕਿਹਾ ਕਿ ਸ਼ਿਵ ਸੈਨਾ ਪੰਜਾਬ ਵੱਲੋਂ ਮੈਨੂੰ ਸੌਂਪੀ ਗਈ ਡਿਊਟੀ ਹਰ ਹਾਲਤ ਵਿੱਚ ਪੂਰੀ ਕੀਤੀ ਜਾਵੇਗੀ। ਜਿਸ ਵਿੱਚ 6 ਜੂਨ ਨੂੰ ਪ੍ਰੋਗਰਾਮ ਵਿੱਚ 100 ਸ਼ਿਵ ਸੈਨਿਕ ਸ਼ਾਮਲ ਹੋਣਗੇ ਤੇ 300 ਸ਼ਿਵ ਸੈਨਿਕਾਂ ਲਈ ਖਾਣੇ ਦਾ ਪ੍ਰਬੰਧ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਉਹ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਉਹ ਸੂਬੇ ਦੇ ਹਰ ਜ਼ਿਲ੍ਹੇ ਵਿੱਚ ਮੀਟਿੰਗਾਂ ਕਰ ਰਹੇ ਹਨ। ਪਰਸ਼ੋਤਮ ਬੰਗਾ ਨੇ ਕਿਹਾ ਕਿ ਅੱਜ ਪੂਰਾ ਸ਼ਿਵ ਸੈਨਾ ਪੰਜਾਬ ਆਪਣੀ ਫੌਜ 'ਤੇ ਮਾਣ ਕਰ ਰਿਹਾ ਹੈ ਜਿਸ ਨੇ ਪਾਕਿਸਤਾਨ ਜਾ ਕੇ ਅੱਤਵਾਦੀਆਂ ਨੂੰ ਮਾਰ ਮੁਕਾਇਆ ਹੈ। ਉਨ੍ਹਾਂ ਦੱਸਿਆ ਕਿ ਇਸ ਵਾਰ 6 ਜੂਨ ਨੂੰ ਘੱਲੂਘਾਰਾ ਪ੍ਰੋਗਰਾਮ ਹਰ ਸਾਲ ਦੀ ਤਰ੍ਹਾਂ ਅੰਸਰੋ ਸਥਿਤ ਸ਼ਿਵ ਮੰਦਰ ਵਿੱਚ ਮਨਾਇਆ ਜਾਵੇਗਾ ਤੇ ਪੰਜਾਬ ਦੇ ਸਾਰੇ ਸ਼ਿਵ ਸੈਨਿਕ ਇਸ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣਗੇ ਤੇ ਬੰਗਾ ਤੋਂ ਲਗਭਗ 100 ਸ਼ਿਵ ਸੈਨਿਕਾਂ ਦਾ ਕਾਫਲਾ ਵੀ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਵੇਗਾ। ਇਸ ਮੀਟਿੰਗ ਵਿੱਚ ਸਾਰੇ ਸ਼ਿਵ ਸੈਨਿਕਾਂ ਨੇ ਪੂਰਾ ਉਤਸ਼ਾਹ ਦਿਖਾਇਆ ਤੇ 6 ਜੂਨ ਦੇ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਸਹਿਮਤੀ ਪ੍ਰਗਟਾਈ। ਇਸ ਮੌਕੇ ਜਗਮੋਹਨ ਸਿੰਘ ਜੱਗੀ, ਅਜੈਬ ਸਿੰਘ ਨੰਬਰਦਾਰ, ਕਮਲਜੀਤ, ਸੰਤੋਸ਼ ਸਿੰਘ, ਕਮਲਜੀਤ ਕਮਲ, ਅਮਨਦੀਪ, ਰਾਮਪਾਲ, ਜਸਵਿੰਦਰ ਰਾਮ, ਰਾਜ ਕੁਮਾਰ, ਕੁਲਵਿੰਦਰ ਸਿੰਘ, ਮਲਕੀਤ ਰਾਮ, ਸਾਗਰ ਕਾਹਲੋਂ, ਲਖਨ ਹੀਰਾ ਤੇ ਵਿਵੇਕ ਚੁੰਬਰ ਆਦਿ ਵੀ ਹਾਜ਼ਰ ਸਨ।

# ਜ਼ਿਲ੍ਹਾ ਗੁਰਦਾਸਪੁਰ 'ਚ ਅਗਲੇ ਹੁਕਮਾਂ ਤੱਕ ਰੋਜ਼ਾਨਾ ਰਾਤ 9 ਵਜੇ ਤੋਂ ਸਵੇਰੇ 5 ਵਜੇ ਤੱਕ ਹੋਵੇਗਾ ਬਲੈਕ ਆਊਟ : ਡੀ.ਸੀ.

ਗੁਰਦਾਸਪੁਰ, 8 ਮਈ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਹਿੰਦ-ਪਾਕਿ ਸਰਹੱਦ 'ਤੇ ਸੰਵੇਦਨਸ਼ੀਲ ਮਾਹੌਲ ਹੋਣ ਕਰਕੇ ਭਾਰਤ ਸਰਕਾਰ ਤੇ ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਸਿਵਲ ਡਿਫੈਂਸ ਐਕਟ 1968 ਅਧੀਨ ਆਪਾਤਕਾਲੀਨ ਸਥਿਤੀ ਨਾਲ ਨਜਿੱਠਣ ਲਈ ਮਿਤੀ 8 ਮਈ 2025 ਤੋਂ ਲਗਾਤਾਰ ਅਗਲੇ ਹੁਕਮਾਂ ਤੱਕ ਰਾਤ 9.00 ਵਜੇ ਤੋਂ ਅਗਲੇ ਦਿਨ ਸਵੇਰੇ 5.00 ਵਜੇ ਤੱਕ ਜ਼ਿਲ੍ਹਾ ਗੁਰਦਾਸਪੁਰ ਅੰਦਰ ਪੂਰਨ ਤੌਰ 'ਤੇ 'ਬਲੈਕ ਆਊਟ' ਦੇ ਹੁਕਮ ਜਾਰੀ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਬਲੈਕ ਆਊਟ ਅੱਜ 8 ਮਈ 2025 ਦੀ ਰਾਤ 9 ਵਜੇ ਤੋਂ ਅਗਲੇ ਦਿਨ ਸਵੇਰੇ 5.00 ਵਜੇ ਤੱਕ ਜਾਰੀ ਰਹੇਗਾ ਤੇ ਅਗਲੇ ਹੁਕਮਾਂ ਤੱਕ ਇਹ ਰੋਜ਼ਾਨਾ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ 'ਬਲੈਕ ਆਊਟ' ਦਾ ਇਹ ਹੁਕਮ ਕੇਂਦਰੀ ਜੇਲ੍ਹ ਗੁਰਦਾਸਪੁਰ ਤੇ ਹਸਪਤਾਲਾਂ ਵਿੱਚ ਲਾਗੂ ਨਹੀਂ ਹੋਵੇਗਾ, ਪਰ ਇਹ ਵਿਭਾਗ ਕੇਂਦਰੀ ਜੇਲ੍ਹ ਗੁਰਦਾਸਪੁਰ ਅਤੇ ਹਸਪਤਾਲਾਂ ਦੀਆਂ ਖਿੜਕੀਆਂ ਰੋਜ਼ਾਨਾਂ ਰਾਤ 9.00 ਵਜੇ ਤੋਂ ਅਗਲੇ ਦਿਨ ਸਵੇਰੇ 5.00 ਤੱਕ ਬੰਦ ਰੱਖਣ ਦੇ ਨਾਲ-ਨਾਲ ਉਨ੍ਹਾਂ ਨੂੰ ਚੰਗੀ ਤਰ੍ਹਾਂ ਕਵਰ ਕਰਨਾ ਯਕੀਨੀ ਬਣਾਉਣਗੇ ਤਾਂ ਜੋ ਰੋਸ਼ਨੀ ਦੀ ਕੋਈ ਕਿਰਨ ਬਾਹਰ ਨਾ ਆ ਸਕੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਬਲੈਕ ਆਊਟ ਦੌਰਾਨ ਆਪਣੇ ਘਰਾਂ/ਕਾਰੋਬਾਰੀ ਥਾਵਾਂ ਦੀਆਂ ਲਾਈਟਾਂ ਬੰਦ ਕਰਕੇ ਸੁਰੱਖਿਆ ਅਭਿਆਸ ਵਿੱਚ ਸਹਿਯੋਗ ਕਰਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਬਲੈਕ ਆਊਟ ਸੁਰੱਖਿਆ ਤਿਆਰੀਆਂ ਨੂੰ ਮੁੱਖ ਰੱਖਦੇ ਕੀਤਾ ਗਿਆ ਹੈ, ਇਸ ਦੌਰਾਨ ਕਿਸੇ ਨੂੰ ਵੀ ਘਬਰਾਉਣ ਦੀ ਲੋੜ ਨਹੀਂ ਹੈ।



# ਪਿੰਡ ਨਿੱਕੋਸਰਾ ਦੇ ਪ੍ਰਾਇਮਰੀ ਸਕੂਲ 'ਚ ਚੋਰੀ

## ☛ ਦੋ ਕੁਇੰਟਲ ਚੌਲ, ਡੇਢ ਕੁਇੰਟਲ ਕਣਕ ਤੇ ਹੋਰ ਸਮਾਨ ਚੋਰੀ




ਡੇਰਾ ਬਾਬਾ ਨਾਨਕ, 8 ਮਈ (ਹੈਪੀ ਕੋਟਲੀ): ਪੁਲਿਸ ਥਾਣਾ ਡੇਰਾ ਬਾਬਾ ਨਾਨਕ ਅਧੀਨ ਪੈਂਦੇ ਪਿੰਡ ਨਿੱਕੋਸਰਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਬੀਤੀ ਰਾਤ ਚੋਰਾਂ ਨੇ ਸਕੂਲ ਦੀ ਕੰਧ ਪਾੜ ਕੇ ਬੱਚਿਆਂ ਨੂੰ ਦਿੱਤਾ ਜਾਂਦਾ ਮਿਡ-ਏ-ਮੀਲ ਰਾਸ਼ਨ ਤੇ ਕੀਮਤੀ ਸੌਦਾ ਚੋਰੀ ਹੋਣ ਦਾ ਮਾਮਲਾ ਪ੍ਰਾਪਤ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਅਧਿਆਪਕ ਰਾਜਵਿੰਦਰ ਸਿੰਘ, ਕਵਲਜੀਤ ਕੌਰ, ਮਨਦੀਪ ਕੌਰ ਤੇ ਗੁਰਜੀਤ ਕੌਰ ਇੰਚਾਰਜ ਮਿਡਲ ਸਕੂਲ ਨਿੱਕੋਸਰਾ, ਮਾਸਟਰ ਪ੍ਰਗਟ ਸਿੰਘ, ਇੰਦਰਜੀਤ ਕੌਰ, ਰਜਿੰਦਰ ਕੌਰ ਆਦਿ ਨੇ ਦੱਸਿਆ ਕਿ ਜਦ ਅਸੀਂ ਸਕੂਲ ਆਏ ਤਾਂ ਵੇਖਿਆ ਕਿ ਚੋਰਾਂ ਨੇ ਸਕੂਲ ਦੇ ਕਮਰੇ ਦੀ ਕੰਧ ਪਾੜੀ ਹੋਈ ਸੀ ਤੇ ਅਸੀਂ ਜਦੋਂ ਅੰਦਰ ਜਾ ਕੇ ਦੇਖਿਆ ਤਾਂ ਬੱਚਿਆਂ ਨੂੰ ਦਿੱਤਾ ਜਾਂਦਾ ਮਿਡ-ਡੇ-ਮੀਲ ਰਾਸ਼ਨ ਜਿਸ ਵਿੱਚ ਕਰੀਬ ਦੋ ਕੁਇੰਟਲ ਚੌਲ, ਡੇਢ ਕੁਇੰਟਲ ਕਣਕ ਤੇ ਖਾਣਾ ਬਣਾਉਣ ਵਾਲਾ ਸਾਰਾ ਸੌਦਾ ਚੋਰੀ ਹੋ ਚੁੱਕਿਆ ਸੀ ਤੇ ਉੱਥੇ ਹੀ ਸਕੂਲ ਵਿੱਚ ਲੱਗੇ ਸੀ.ਸੀ.ਟੀ.ਵੀ. ਕੈਮਰਿਆਂ ਦਾ ਮੂੰਹ ਚੋਰਾਂ ਵੱਲੋਂ ਉੱਪਰ ਨੂੰ ਕੀਤੇ ਹੋਏ ਸਨ ਤੇ ਇੱਕ ਕੈਮਰਾ ਟੁੱਟਾ ਲਟਕ ਰਿਹਾ ਸੀ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਸਾਡੇ ਵੱਲੋਂ ਪਿੰਡ ਦੇ ਸਰਪੰਚ ਮਹਿੰਦਰ ਸਿੰਘ ਤੇ ਪੁਲਿਸ ਥਾਣਾ ਡੇਰਾ ਬਾਬਾ ਨਾਨਕ ਨੂੰ ਸੂਚਿਤ ਕੀਤਾ ਗਿਆ ਹੈ। ਸਰਪੰਚ ਮਹਿੰਦਰ ਸਿੰਘ ਤੇ ਪੁਲਿਸ ਪਾਰਟੀ ਸਮੇਤ ਪਹੁੰਚੇ ਪੁਲਿਸ ਥਾਣਾ ਡੇਰਾ ਬਾਬਾ ਨਾਨਕ ਦੇ ਐੱਸ.ਐੱਚ.ਓ. ਸਤਪਾਲ ਸਿੰਘ ਵੱਲੋਂ ਮੌਕਾ ਦੇਖਿਆ ਗਿਆ ਹੈ। ਇਸ ਸਬੰਧੀ ਪੱਤਰਕਾਰਾਂ ਨੂੰ ਵਧੇਰੇ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਬ-ਇੰਸਪੈਕਟਰ ਸੁੱਚਾ ਸਿੰਘ ਨੇ ਦੱਸਿਆ ਕਿ ਸਾਨੂੰ ਸਰਕਾਰੀ ਪ੍ਰਾਇਮਰੀ ਸਕੂਲ ਪਿੰਡ ਨਿੱਕੋਸਰਾ ਵਿੱਚ ਚੋਰੀ ਦੀ ਘਟਨਾ ਸਬੰਧੀ ਇਤਲਾਹ ਮਿਲੀ ਸੀ ਤੇ ਇੱਥੇ ਮੌਕਾ ਦੇਖਣ ਉਪਰੰਤ ਇਨ੍ਹਾਂ ਦੇ ਸਕੂਲ ਵਿੱਚੋਂ ਮਿਡ-ਡੇ-ਮੀਲ ਰਾਸ਼ਨ ਚੋਰੀ ਹੋਇਆ ਹੈ ਪਰ ਸਕੂਲ ਵੱਲੋਂ ਕੋਈ ਵੀ ਰਾਤ ਨੂੰ ਰਾਖੀ ਰੱਖਣ ਲਈ ਕੋਈ ਵੀ ਚੌਂਕੀਦਾਰ ਨਹੀਂ ਰੱਖਿਆ ਹੋਇਆ ਪਰ ਫਿਰ ਵੀ ਸਾਡੇ ਵੱਲੋਂ ਸਕੂਲ ਤੇ ਆਸ-ਪਾਸ ਲੱਗੇ ਸੀ.ਸੀ.ਟੀ.ਵੀ. ਕੈਮਰਿਆਂ ਨੂੰ ਖੰਗਾਲਿਆ ਜਾ ਰਿਹਾ ਹੈ ਤੇ ਜਲਦੀ ਹੀ ਚੋਰਾਂ ਨੂੰ ਫੜ ਕੇ ਸਲਾਖਾਂ ਪਿੱਛੇ ਕੀਤਾ ਜਾਵੇਗਾ।

# ਅਨੁਸੂਚਿਤ ਜਾਤੀਆਂ ਤੇ ਪੱਛੜੀਆਂ ਸ਼੍ਰੇਣੀਆਂ ਕਰਮਚਾਰੀਆਂ ਦੇ ਮਸਲੇ ਪਹਿਲ ਦੇ ਆਧਾਰ 'ਤੇ ਕੀਤੇ ਜਾਣਗੇ ਹੱਲ : ਈ.ਟੀ.ਓ.



ਜੰਡਿਆਲਾ ਗੁਰੂ, 8 ਮਈ (ਰਾਮ ਸ਼ਰਨਜੀਤ ਸਿੰਘ): ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਸਰਕਾਰ ਅਨੁਸੂਚਿਤ ਜਾਤੀਆਂ ਤੇ ਪੱਛੜੀਆਂ ਸ਼੍ਰੇਣੀਆਂ ਕਰਮਚਾਰੀਆਂ ਦੇ ਹਿੱਤਾਂ ਲਈ ਵਚਨਬੱਧ ਹੈ ਤੇ ਇਨ੍ਹਾਂ ਨੂੰ ਪੇਸ਼ ਆ ਰਹੀਆਂ ਮੁਸ਼ਕਿਲਾਂ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ। ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਅਨੁਸੂਚਿਤ ਜਾਤੀਆਂ ਤੇ ਪੱਛੜੀਆਂ ਸ਼੍ਰੇਣੀਆਂ ਕਰਮਚਾਰੀ ਵੈੱਲਫੇਅਰ ਫੈਡਰੇਸ਼ਨ ਪੀ.ਐੱਸ.ਪੀ.ਸੀ.ਐੱਲ. ਤੇ ਪੀ.ਐੱਸ.ਟੀ.ਸੀ.ਐੱਲ. ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨਾਲ ਮੀਟਿੰਗ ਕਰਦੇ ਹੋਏ ਭਰੋਸਾ ਦਿੱਤਾ ਕਿ ਤੁਹਾਡੀਆਂ ਮੰਗਾਂ ਬਿਲਕੁਲ ਜਾਇਜ਼ ਹਨ। ਉਨ੍ਹਾਂ ਕਿਹਾ ਕਿ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਤੁਹਾਡੀਆਂ ਵਿਭਾਗੀ ਤਰੱਕੀਆਂ ਤੇ ਸਨਿਆਰਤਾ ਸੂਚੀ ਸਬੰਧੀ ਸਾਰੇ ਮਸਲੇ ਤੁਰੰਤ ਹੱਲ ਕੀਤੇ ਜਾਣ। ਬਿਜਲੀ ਮੰਤਰੀ ਨੇ ਕਿਹਾ ਕਿ ਇਸ ਸਬੰਧੀ ਜਲਦੀ ਹੀ ਮੀਟਿੰਗ ਬੁਲਾ ਕੇ ਤੁਹਾਡੀਆਂ ਸਮੱਸਿਆਵਾਂ ਦਾ ਹੱਲ ਪਹਿਲ ਦੇ ਆਧਾਰ 'ਤੇ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਤੁਸੀਂ ਵਿਭਾਗ ਦੀ ਰੀੜ੍ਹ ਦੀ ਹੱਡੀ ਹੋ ਤੇ ਤੁਹਾਡੇ ਤੋਂ ਬਿਨਾਂ ਵਿਭਾਗ ਤਰੱਕੀ ਨਹੀਂ ਕਰ ਸਕਦਾ। ਇਸ ਮੌਕੇ ਵੈੱਲਫੇਅਰ ਫੈਡਰੇਸ਼ਨ ਵੱਲੋਂ ਮੰਤਰੀ ਨੂੰ ਮੰਗ ਪੱਤਰ ਵੀ ਦਿੱਤਾ ਗਿਆ। ਇਸ ਮੌਕੇ ਸੂਬਾ ਪ੍ਰਧਾਨ ਅਵਤਾਰ ਸਿੰਘ ਕੈਂਥ ਨੇ ਈ.ਟੀ.ਓ. ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਸਾਡੀਆਂ ਮੰਗਾਂ ਨੂੰ ਗਹੁ ਨਾਲ ਵਿਚਾਰਨ ਦਾ ਭਰੋਸਾ ਦਿੱਤਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰਿੰਦਰ ਸਿੰਘ ਕਲਸੀ, ਇੰਜ. ਸੁਖਦੇਵ ਸਿਘ, ਇੰਜ. ਹਰਜਿੰਦਰ ਸਿੰਘ, ਪਾਲ ਸਿੰਘ, ਬਲਕਾਰ ਬਾਗੀ, ਵਿਕਰਾਂਤ ਗਿੱਲ ਤੋਂ ਇਲਾਵਾ ਹੋਰ ਵੀ ਕਰਮਚਾਰੀ ਹਾਜ਼ਰ ਸਨ।

# ਸ੍ਰੀ ਕੀਰਤਪੁਰ ਸਾਹਿਬ ਨਾਲ ਸਬੰਧਤ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਦੀ ਸਾਂਝੀ ਮੀਟਿੰਗ



ਸ੍ਰੀ ਕੀਰਤਪੁਰ ਸਾਹਿਬ, 8 ਮਈ (ਬੀ.ਐਸ. ਰਾਣਾ): ਬੀਤੀ ਸ਼ਾਮ ਪ੍ਰਾਚੀਨ ਸ਼ੀਤਲਾ ਮਾਤਾ ਮੰਦਰ ਸ੍ਰੀ ਕੀਰਤਪੁਰ ਸਾਹਿਬ ਧਰਮਸ਼ਾਲਾ ਵਿੱਚ ਸ਼ਹਿਰ ਦੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਨਾਲ ਸਬੰਧ ਰੱਖਦੇ ਮੋਹਤਬਰ ਵਿਅਕਤੀਆਂ ਦੀ ਇੱਕ ਮੀਟਿੰਗ ਹੋਈ। ਮੀਟਿੰਗ ਵਿੱਚ ਸੇਫ ਪੰਜਾਬ ਹੈਲਪ ਲਾਈਨ ਨੰਬਰ ਤੇ ਸ੍ਰੀ ਕੀਰਤਪੁਰ ਸਾਹਿਬ ਇਲਾਕੇ ਦੇ ਮੋਹਤਬਰ ਵਿਅਕਤੀਆਂ ਦੀਆਂ ਨਸ਼ਾ ਕਰਨ ਸਬੰਧੀ ਸ਼ਿਕਾਇਤਾਂ ਕਰਕੇ ਉਨ੍ਹਾਂ ਦੀ ਛਵੀ ਨੂੰ ਖਰਾਬ ਕਰਨ ਵਾਲੇ ਸ਼ਰਾਰਤੀ ਅਨਸਰ ਦੇ ਖਿਲਾਫ ਝੂਠੀ ਸ਼ਿਕਾਇਤ ਕਰਨ ਤੇ ਪ੍ਰਸ਼ਾਸਨ ਦਾ ਸਮਾਂ ਖਰਾਬ ਕਰਨ ਦੇ ਦੋਸ਼ ਹੇਠ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਗਈ। ਇਸ ਮੀਟਿੰਗ ਨੂੰ ਕਾਂਗਰਸੀ ਆਗੂ ਬਲਵੀਰ ਸਿੰਘ ਭੀਰੀ ਸਾਬਕਾ ਟਰੱਕ ਯੂਨੀਅਨ ਪ੍ਰਧਾਨ, ਆਪ ਆਗੂ ਸਰਬਜੀਤ ਸਿੰਘ ਭਟੋਲੀ ਸਾਬਕਾ ਟਰੱਕ ਯੂਨੀਅਨ ਪ੍ਰਧਾਨ, ਭਾਜਪਾ ਆਗੂ ਸੁਨੀਲ ਦੱਤ ਦਿਵੇਦੀ, ਨਾਜਰ ਸਿੰਘ ਕਾਂਗਰਸੀ ਆਗੂ ਆਦਿ ਨੇ ਸੰਬੋਧਨ ਕੀਤਾ। ਇਸ ਮੌਕੇ ਇਨ੍ਹਾਂ ਬੋਲਦੇ ਹੋਏ ਕਿਹਾ ਕਿ ਪੰਜਾਬ ਵਿੱਚੋਂ ਨਸ਼ਿਆਂ ਦਾ ਖਾਤਮਾ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਨਸ਼ਿਆਂ ਵਿਰੁੱਧ ਯੁੱਧ ਕੀਤੀ ਗਈ ਮੁਹਿੰਮ ਇੱਕ ਸ਼ਲਾਘਾਯੋਗ ਉਪਰਾਲਾ ਹੈ, ਜਿਸ ਤਹਿਤ ਉਨ੍ਹਾਂ ਵੱਲੋਂ ਨਸ਼ਾ ਕਰਨ ਵਾਲੇ ਤੇ ਨਸ਼ਾ ਵੇਚਣ ਵਾਲੇ ਵਿਅਕਤੀਆਂ ਬਾਰੇ ਸੂਚਨਾ ਦੇਣ ਲਈ ਸੇਫ ਪੰਜਾਬ ਹੈਲਪ ਲਾਈਨ ਨੰਬਰ ਜਾਰੀ ਕੀਤਾ ਗਿਆ ਹੈ, ਉਸ ਉੱਪਰ ਹੁਣ ਆਪਸੀ ਰੰਜਿਸ਼ਬਾਜ਼ੀ, ਪਾਰਟੀਬਾਜ਼ੀ ਦੇ ਚੱਲਦੇ ਹੋਏ ਸ੍ਰੀ ਕੀਰਤਪੁਰ ਸਾਹਿਬ ਇਲਾਕੇ ਨਾਲ ਸਬੰਧ ਰੱਖਦੇ ਕੁਝ ਸ਼ਰਾਰਤੀ ਵਿਅਕਤੀਆਂ ਵੱਲੋਂ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਸਥਾਨਕ ਆਗੂਆਂ ਬਾਰੇ ਝੂਠੀਆਂ ਸ਼ਿਕਾਇਤਾਂ ਕਰਕੇ ਉਨ੍ਹਾਂ ਦੀ ਛਵੀ ਨੂੰ ਖਰਾਬ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਰੂਪਨਗਰ ਜ਼ਿਲ੍ਹੇ ਵਿੱਚ ਹੁਣ ਤੱਕ ਹੋਈਆਂ ਸ਼ਿਕਾਇਤਾਂ ਵਿੱਚੋਂ ਸਭ ਤੋਂ ਵੱਧ ਸ਼ਿਕਾਇਤਾਂ ਸ੍ਰੀ ਕੀਰਤਪੁਰ ਸਾਹਿਬ ਇਲਾਕੇ ਦੀਆਂ ਹਨ, ਜਿਨ੍ਹਾਂ ਦੀ ਗਿਣਤੀ 44 ਦੇ ਕਰੀਬ ਹੈ। ਜਿਨ੍ਹਾਂ ਵਿੱਚੋਂ ਅੱਧੇ ਤੋਂ ਵੱਧ ਵਿਅਕਤੀਆਂ ਦਾ ਡੋਪ ਟੈਸਟ ਵੀ ਹੋ ਚੁੱਕਾ ਹੈ ਜੋ ਕਿ ਨੈਗੇਟਿਵ ਆਇਆ ਹੈ। ਇਨ੍ਹਾਂ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਜੇਕਰ ਸੇਫ ਪੰਜਾਬ ਹੈਲਪ ਲਾਈਨ ਨੰਬਰ 'ਤੇ ਸ਼ਿਕਾਇਤ ਕਰਨ ਵਾਲੇ ਵਿਅਕਤੀ ਦੀ ਸ਼ਿਕਾਇਤ ਝੂਠੀ ਨਿਕਲਦੀ ਹੈ ਤਾਂ ਉਸ ਖਿਲਾਫ ਵੀ ਝੂਠੀ ਸ਼ਿਕਾਇਤ ਕਰਨ ਦੇ ਦੋਸ਼ ਹੇਠ ਕਾਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ, ਜਿਸ ਨਾਲ ਆਪਸੀ ਰੰਜਿਸ਼ ਦੇ ਚੱਲਦੇ ਝੂਠੀਆਂ ਸ਼ਿਕਾਇਤਾਂ ਕਰਨ ਵਾਲੇ ਵਿਅਕਤੀਆਂ ਨੂੰ ਠੱਲ ਪਵੇਗੀ। ਉਨ੍ਹਾਂ ਕਿਹਾ ਕਿ ਸ੍ਰੀ ਕੀਰਤਪੁਰ ਸਾਹਿਬ ਇਲਾਕੇ ਇਹ ਮੋਹਤਬਰ ਵਿਅਕਤੀਆਂ ਦੀਆਂ ਸ਼ਿਕਾਇਤਾਂ ਕਰਨ ਵਾਲੇ ਵਿਅਕਤੀ ਦੇ ਖਿਲਾਫ ਕਾਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ, ਕਿਉਂਕਿ ਹੁਣ ਤੱਕ ਜੋ ਵੀ ਸ਼ਿਕਾਇਤਾਂ ਹੋਈਆਂ ਹਨ, ਉਨ੍ਹਾਂ ਵਿੱਚੋਂ ਅੱਧ ਤੋਂ ਵੀ ਵੱਧ ਗਲਤ ਪਾਈਆਂ ਗਈਆਂ ਹਨ ਤੇ ਬਾਕੀ ਸ਼ਿਕਾਇਤਾਂ ਦੀ ਪੁਲਿਸ ਵੱਲੋਂ ਜਾਂਚ ਜਾਰੀ ਹੈ, ਜਿਨ੍ਹਾਂ ਦੇ ਡੋਪ ਟੈਸਟ ਹੋਣ ਤੋਂ ਬਾਅਦ ਸਥਿਤੀ ਸਪੱਸ਼ਟ ਹੋ ਜਾਵੇਗੀ। ਇਸ ਮੀਟਿੰਗ ਵਿੱਚ ਉਪਰੋਕਤ ਆਗੂਆਂ ਤੋਂ ਇਲਾਵਾ ਸੋਮ ਦੱਤ ਜੋਸ਼ੀ ਸਾਬਕਾ ਸਰਪੰਚ ਪਿੰਡ ਜਿਉਵਾਲ, ਜਸਵੀਰ ਸਿੰਘ ਰਾਣਾ, ਕੁਲਵਿੰਦਰ ਕੌਸ਼ਲ, ਗਫੂਰ ਮੁਹੰਮਦ, ਅਮਿਤ ਚਾਵਲਾ, ਜਗਤਾਰ ਸਿੰਘ ਸੈਣੀ, ਜੋਗਿੰਦਰ ਸਿੰਘ ਕੌਂਸਲਰ ਵਾਰਡ ਨੰਬਰ 11, ਗੁਰਦੇਵ ਭੱਲਾ, ਤੇਜਵੀਰ ਸਿੰਘ ਜਗੀਰਦਾਰ ਕੌਂਸਲਰ, ਯੂਨਿਸ ਖ਼ਾਨ, ਬਾਊ ਸੈਣੀ, ਗਗਨ ਭਾਰਜ ਆਦਿ ਹਾਜ਼ਰ ਸਨ।

# ਆਂਗਨਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਮੀਟਿੰਗ



ਗੜ੍ਹਸ਼ੰਕਰ, 8 ਮਈ (ਅਜਮੇਰ ਸਿੰਘ ਭਨੋਟ): ਗੜ੍ਹਸ਼ੰਕਰ ਵਿਖੇ ਪੰਜਾਬ ਆਂਗਨਵਾੜੀ ਮੁਲਾਜ਼ਮ ਯੂਨੀਅਨ ਦੀ ਮੀਟਿੰਗ ਬਲਾਕ ਪ੍ਰਧਾਨ ਨਿਰਮਲ ਕੌਰ ਸਦਰਪੁਰ ਦੀ ਅਗਵਾਈ ਵਿੱਚ ਕੀਤੀ ਗਈ, ਇਸ ਮੀਟਿੰਗ ਵਿੱਚ ਵਿਸ਼ੇਸ਼ ਮਹਿਮਾਨ ਸਾਬਕਾ ਪੰਜਾਬ ਪ੍ਰਧਾਨ ਹਰਪਾਲ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ, ਜਿਨ੍ਹਾਂ ਨੇ ਆਂਗਨਵਾੜੀ ਮੁਲਾਜ਼ਮਾਂ ਨੂੰ ਆਉਣ ਵਾਲੀਆਂ ਸਮੱਸਿਆ ਬਾਰੇ ਚਰਚਾ ਕੀਤੀ। ਇਸ ਮੀਟਿੰਗ ਵਿੱਚ ਜਨਰਲ ਸਕੱਤਰ ਪੰਜਾਬ ਸ਼ਰਮੀਲਾ ਦੇਵੀ ਨੇ ਕਿਹਾ ਕਿ ਲੰਬੇ ਸਮੇਂ ਤੋਂ ਆਂਗਨਵਾੜੀ ਮੁਲਾਜ਼ਮਾਂ ਤੇ ਵਰਕਰਾਂ ਦਾ ਮਾਣ ਭੱਤਾ ਨਹੀਂ ਦਿੱਤਾ ਗਿਆ, ਜੋ ਕਿ ਬਹੁਤ ਦੁੱਖ ਵਾਲੀ ਗੱਲ ਹੈ ਕਿਉਂਕਿ ਬਹੁਤ ਸਾਰੀਆਂ ਭੈਣਾਂ ਇਸ ਮਾਣਭੱਤੇ 'ਤੇ ਹੀ ਨਿਰਭਰ ਹਨ, ਪਰ ਮਹਿਕਮੇ ਵੱਲੋਂ ਇਨ੍ਹਾਂ ਮੁਲਾਜ਼ਮਾਂ ਤੇ ਵਰਕਰਾਂ ਨੂੰ ਵੱਧ ਤੋਂ ਵੱਧ ਕੰਮ ਦਿੱਤਾ ਜਾ ਰਿਹਾ ਹੈ, ਮਹਿਕਮੇ ਵੱਲੋਂ ਲਾਭਪਾਤਰੀਆਂ ਨੂੰ ਰਾਸ਼ਨ ਦੇਣ ਦੇ ਲਈ ਉਨ੍ਹਾਂ ਦੀ ਕੇਵਾਈਸੀ ਕਰਨਾ ਤੇ ਫੋਟੋ ਖਿੱਚ ਕੇ ਓਟੀਪੀ ਭਰ ਕੇ ਹੀ ਨੰਬਰ ਦੇ ਸਕਦੇ ਹਾਂ। ਉਨ੍ਹਾਂ ਕਿਹਾ ਜਦ ਕਿ ਇਹ ਕੰਮ ਸਾਰਾ ਸਰ ਧੋਖੇ ਵਾਲਾ ਹੈ ਅਨਪੜ੍ਹ ਵਿਅਕਤੀ ਨਾਲ ਕਦੇ ਵੀ ਧੋਖਾ ਹੋ ਸਕਦਾ ਹੈ, ਆਂਗਨਵਾੜੀ ਮੁਲਾਜ਼ਮਾਂ ਨੇ ਕਿਹਾ ਕਿ ਜੇਕਰ ਸਾਡੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਸੀ.ਡੀ.ਪੀ.ਓ. ਦਫਤਰ ਵਿਖੇ ਧਰਨਾ ਦਿੱਤਾ ਜਾਵੇਗਾ। ਧਰਨੇ ਤੋਂ ਬਾਅਦ ਕਚਹਿਰੀ ਅੱਗੇ ਚੱਕਾ ਜਾਮ ਕੀਤਾ ਜਾਵੇਗਾ। ਇਸ ਮੀਟਿੰਗ ਵਿੱਚ ਸਲਾਹਕਾਰ ਸੁਸ਼ਮਾ ਦੇਵੀ, ਨੀਤੂ ਜਗੀਰ ਕੌਰ ਕਸ਼ਮੀਰ ਕੌਰ ਲਛਮੀ ਮਹਿੰਦਰ ਕੌਰ, ਚਰਨਜੀਤ ਕੌਰ ਸ਼ਸ਼ੀ ਬਾਲਾ ਪੂਜਾ, ਸੀਮਾ ਰਾਣੀ ਜੈਮਨੀ, ਗੁਰਮੀਤ ਕੌਰ ਸਿਮਰਨਜੀਤ ਕੌਰ ਤੇ ਹੋਰ ਵੀ ਆਂਗਨਵਾੜੀ ਮੁਲਾਜ਼ਮ ਤੇ ਵਰਕਰ ਹਾਜ਼ਰ ਸਨ।

# ਲੋਕਾਂ ਵੱਲੋਂ ਸੀ.ਐੱਮ. ਦੀ ਯੋਗਸ਼ਾਲਾ ਨੂੰ ਮਿਲ ਰਿਹੈ ਭਰਵਾਂ ਹੁੰਗਾਰਾ



ਬਟਾਲਾ, 8 ਮਈ (ਬਲਵਿੰਦਰ ਸਿੰਘ ਪੰਜਗਰਾਈਂ/ਧੰਨਪਾਲ ਕਲਸੀ): ਪੰਜਾਬ ਸਰਕਾਰ ਦੁਆਰਾ ਸ਼ੁਰੂ ਕੀਤੀ ਸੀ.ਐੱਮ. ਦੀ ਯੋਗਸ਼ਾਲਾ ਜ਼ਿਲ੍ਹਾ ਗੁਰਦਾਸਪੁਰ ਦੇ ਵੱਖ-ਵੱਖ ਪਿੰਡਾਂ ਤੇ ਸ਼ਹਿਰਾਂ ਵਿੱਚ ਸਫਲਤਾਪੂਰਵਕ ਚੱਲ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੀ.ਐੱਮ. ਦੀ ਯੋਗਸ਼ਾਲਾ ਦੇ ਜ਼ਿਲ੍ਹਾ ਕੋਆਰਡੀਨੇਟਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਕਈ ਰੋਗੀਆਂ ਵਾਸਤੇ ਇਹ ਯੋਗਸ਼ਾਲਾ ਇੱਕ ਵਰਦਾਨ ਦੇ ਰੂਪ ਵਿੱਚ ਸਾਬਤ ਹੋ ਰਹੀ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਪੰਜ ਅਕਤੂਬਰ ਤੋਂ ਇਹ ਯੋਗਸ਼ਾਲਾ ਜ਼ਿਲ੍ਹਾ ਗੁਰਦਾਸਪੁਰ ਵਿੱਚ ਚੱਲ ਰਹੀ ਹੈ, ਜਿਸ ਵਿੱਚ ਭਾਗ ਲੈਣ ਵਾਲੇ ਲੋਕਾਂ ਨੂੰ ਸਰੀਰਕ ਤੇ ਮਾਨਸਿਕ ਤੌਰ 'ਤੇ ਕਾਫੀ ਰਾਹਤ ਮਿਲੀ ਹੈ। ਜ਼ਿਲ੍ਹਾ ਗੁਰਦਾਸਪੁਰ ਦੇ ਵਿੱਚ ਕੁੱਲ 124 ਕਲਾਸਾਂ ਚੱਲ ਰਹੀਆਂ ਹਨ, ਜਿਨ੍ਹਾਂ ਉੱਪਰ 25 ਟਰੇਨਰ ਕੰਮ ਕਰ ਰਹੇ ਹਨ, ਜੋ ਕਿ ਆਪਣੀ ਡਿਊਟੀ ਨੂੰ ਤਨਦੇਹੀ ਤੇ ਸ਼ਿੱਦਤ ਨਾਲ ਨਿਭਾ ਰਹੇ ਹਨ। ਲੋਕਾਂ ਵੱਲੋਂ ਵੀ ਸੀ.ਐੱਮ. ਦੀ ਯੋਗਸ਼ਾਲਾ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਤੇ ਲੋਕਾਂ ਵੱਲੋਂ ਪੰਜਾਬ ਸਰਕਾਰ ਦਾ ਸ਼ੁਕਰਾਨਾ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜੇਕਰ ਤੁਸੀਂ ਵੀ ਆਪਣੇ ਮੁਹੱਲੇ ਵਿੱਚ ਸੀ.ਐੱਮ. ਦੀ ਯੋਗਸ਼ਾਲਾ ਸ਼ੁਰੂ ਕਰਵਾਉਣਾ ਚਾਹੁੰਦੇ ਹੋ ਤਾਂ 76694-00500 ਨੰਬਰ ਉੱਪਰ ਇੱਕ ਮਿਸ ਕਾਲ ਕਰੋ ਤੁਹਾਡੇ ਕੋਲ ਟੀਚਰ ਸਰਕਾਰ ਵੱਲੋਂ ਭੇਜਿਆ ਜਾਵੇਗਾ।

# ਧਾਰੀਵਾਲ ਵਾਸੀਆਂ ਨੂੰ ਮਿਲਿਆ ਤੋਹਫ਼ਾ, ਇੰਡੀਆ ਦੀ ਸਭ ਤੋਂ ਵੱਡੀ ਕੰਪਨੀ ਏਜੀਲਸ ਡਾਇਗਨੋਸਟਿਕਸ ਦੀ ਖੁੱਲ੍ਹੀ ਲੈਬੋਰਟਰੀ



ਧਾਰੀਵਾਲ, 8 ਮਈ (ਅਸ਼ੋਕ ਕੁਮਾਰ): ਇੰਡੀਆ ਦੀ ਸਭ ਤੋਂ ਵੱਡੀ ਕੰਪਨੀ ਏਜੀਲਸ ਡਾਇਗਨੋਸਟਿਕਸ ਦੀ ਲੈਬੋਰਟਰੀ ਮਿਸ਼ਨ ਹਸਪਤਾਲ ਰੋਡ, ਨੇੜੇ ਬੇਬੇ ਨਾਨਕੀ ਕਾਲਜ ਡਾਕਟਰ ਕਲੋਨੀ ਵਿਖੇ ਖੁੱਲ੍ਹ ਗਈ ਹੈ। ਜਿਸ ਦਾ ਉਦਘਾਟਨ ਅੱਜ ਸੰਤਨੀ ਤਰੇਜਾ ਕੈਥੋਲਿਕ ਚਰਚ ਧਾਰੀਵਾਲ ਸੋਹਲ ਦੇ ਪੈਰਿਸ ਪ੍ਰੀਸਟ ਤੇ ਡੀਨ ਰੈਵ ਫਾਦਰ ਜੋਸ ਪਡਿਆਟੀ ਨੇ ਰੀਬਨ ਕੱਟ ਕੇ ਕੀਤਾ। ਇਸ ਦੌਰਾਨ ਫਾਦਰ ਜੋਸ ਪਡਿਆਟੀ ਨੇ ਪ੍ਰਭੂ ਯਿਸੂ ਮਸੀਹ ਅੱਗੇ ਪ੍ਰਾਥਨਾ ਕਰਕੇ ਇਸ ਲੈਬੋਰਟਰੀ ਨੂੰ ਬਰਕਤ ਦਿੱਤੀ ਤੇ ਲੈਬੋਰਟਰੀ ਦੇ ਮਾਲਕ ਪੱਤਰਕਾਰ ਜੇਮਸ ਨਾਹਰ ਤੇ ਡਾ. ਨਿਰਮਲ ਸਿੰਘ ਨੂੰ ਉਨਤੀ, ਬੇਹਤਰੀ ਤੇ ਤਰੱਕੀ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਦੌਰਾਨ ਗੱਲਬਾਤ ਕਰਦੇ ਹੋਏ ਡਾ. ਨਿਰਮਲ ਸਿੰਘ ਤੇ ਜੇਮਸ ਨਾਹਰ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਇਸ ਲੈਬ ਵਿੱਚ ਹਰ ਤਰ੍ਹਾਂ ਦੇ ਟੈਸਟ ਕੀਤੇ ਜਾਂਦੇ ਹਨ, ਸਾਰੇ ਵੱਡੇ ਟੈਸਟਾਂ ਦੀ ਰਿਪੋਰਟ ਉਸੇ ਦਿਨ ਹੀ ਦਿੱਤੀ ਜਾਂਦੀ ਹੈ। ਤਿੰਨ ਤੋਂ ਚਾਰ ਦਿਨ ਤੱਕ ਇੰਤਜ਼ਾਰ ਕਰਨ ਦੀ ਲੋੜ ਨਹੀਂ ਪਵੇਗੀ। ਉਨ੍ਹਾਂ ਕਿਹਾ ਵੱਡਾ ਟੈਸਟ ਕੋਈ ਵੀ ਹੋਵੇ। ਸਵੇਰੇ ਸੈਂਪਲ ਦੇਵੋ ਤੇ ਸ਼ਾਮ ਨੂੰ ਰਿਪੋਰਟ ਲਵੋ ਰੂਟੀਨ ਵਾਲੇ ਟੈਸਟਾਂ ਦੀ ਰਿਪੋਰਟ ਉਸੇ ਵੇਲੇ ਦਿੱਤੀ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਸਾਡੀ ਲੈਬ ਤੋਂ ਟੈਸਟ ਕਰਵਾਉਣ ਵਾਲੇ ਹਰੇਕ ਵਿਅਕਤੀ ਨੂੰ ਵਿਸ਼ੇਸ਼ 25% ਤੋਂ 30% ਹਰ ਟੈਸਟ 'ਤੇ ਡਿਸਕਾਊਂਟ ਵੀ ਦਿੱਤਾ ਜਾਵੇਗਾ। ਇਸ ਮੌਕੇ ਡਾ. ਨਿਰਮਲ ਸਿੰਘ, ਜੇਮਸ ਨਾਹਰ, ਰੁਬੀਨਾ ਗਿੱਲ, ਜਸਕਰਨ ਨਾਹਰ, ਮਨੋਹਰ ਸਿੰਘ, ਗੁਰਵਿੰਦਰ ਕੌਰ, ਰਾਜਵਿੰਦਰ ਕੌਰ, ਸਿਮਰਨ, ਸੁਨੀਲ ਕੁਮਾਰ, ਕਿਰਨ, ਨਰਿੰਦਰ ਕੌਰ, ਰਹਿਮਤ, ਅਨਿਕੇਤ, ਕਨਿਸ਼ ਜੰਬਾ, ਪਰਮਜੀਤ ਕੌਰ, ਜਗਤਾਰ ਸਿੰਘ, ਸਨੇਹਾ ਨਾਹਰ, ਕ੍ਰਿਸ਼ਚਨ ਯੂਥ ਨੇਤਾ ਬੱਬਾ ਗਿੱਲ, ਸਾਬਾ ਭੱਟੀ, ਸੁਨੀਲ ਮੱਟੂ, ਡੈਨੀਅਲ ਸਿੱਧੂ, ਪੱਤਰਸ ਮਸੀਹ ਤੇ ਬਿੱਲਾ ਕਲਿਆਣਪੁਰ ਤੋਂ ਇਲਾਵਾ ਆਦਿ ਤੋਂ ਇਲਾਵਾ ਹੋਰ ਹਾਜ਼ਰ ਸਨ।

# ਵਿਧਾਇਕ ਕਲਸੀ ਵੱਲੋਂ ਸੜਕਾਂ ਤੋਂ ਮਿੱਟੀ-ਘੱਟਾ ਚੁੱਕਣ ਲਈ 'ਰੋਡ ਸਵੀਪਿੰਗ ਮਸ਼ੀਨ' ਬਟਾਲਾ ਵਾਸੀਆਂ ਨੂੰ ਸਮਰਪਿਤ




ਬਟਾਲਾ, 8 ਮਈ (ਬਲਵਿੰਦਰ ਸਿੰਘ ਪੰਜਗਰਾਈਂ/ਧੰਨਪਾਲ ਕਲਸੀ): ਬਟਾਲਾ ਦੇ ਨੌਜਵਾਨ ਵਿਧਾਇਕ ਤੇ ਕਾਰਜਕਾਰੀ ਪ੍ਰਧਾਨ ਆਮ ਆਦਮੀ ਪਾਰਟੀ ਪੰਜਾਬ, ਅਮਨਸ਼ੇਰ ਸ਼ਿੰਘ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਨੂੰ ਖੂਬਸੂਰਤ ਬਣਾਉਣ ਲਈ ਕੀਤੇ ਜਾ ਰਹੇ ਵਿਸ਼ੇਸ਼ ਉਪਰਾਲਿਆਂ ਤਹਿਤ ਅੱਜ ਇੱਕ ਚੈਪਟਰ ਜੁੜਿਆ ਹੈ। ਅੱਜ ਉਨ੍ਹਾਂ ਵੱਲੋਂ ਬਟਾਲਾ ਸ਼ਹਿਰ ਨੂੰ ਹੋਰ ਖੂਬਸੂਰਤ ਬਣਾਉਣ ਦੇ ਮੰਤਵ ਨਾਲ ਸੜਕਾਂ ਤੋਂ ਮਿੱਟੀ-ਘੱਟਾ ਚੁੱਕਣ ਵਾਲੀ 'ਰੋਡ ਸਵੀਪਿੰਗ ਮਸ਼ੀਨ' ਬਟਾਲਾ ਵਾਸੀਆਂ ਲਈ ਸਮਰਪਿਤ ਕੀਤੀ ਹੈ, ਜਿਸ ਨਾਲ ਸ਼ਹਿਰ ਦੀ ਸਫਾਈ ਵਿਵਸਥਾ ਹੋਰ ਬਿਹਤਰ ਹੋਵੇਗੀ। ਇਸ ਮੌਕੇ ਐੱਸ.ਡੀ.ਓ. ਰੋਹਿਤ ਉੱਪਲ, ਨੀਰਜ ਸ਼ਰਮਾ ਫਾਇਰ ਬ੍ਰਿਗੇਡ ਅਫਸਰ, ਸੀਨੀਅਰ ਆਗੂ ਬਲਬੀਰ ਸਿੰਘ ਬਿੱਟੂ, ਚੇਅਰਮੈਨ ਬਲਜੀਤ ਸਿੰਘ, ਅਮਿਤ ਸੋਢੀ, ਗਗਨ ਬਟਾਲਾ, ਦਵਿੰਦਰ ਸਿੰਘ ਤੇ ਮੁਨੀਸ਼ ਕਾਕਾ ਆਦਿ ਮੌਜੂਦ ਸਨ। ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਬਟਾਲਾ ਸ਼ਹਿਰ ਨੂੰ ਖੂਬਸੂਰਤ ਤੇ ਚਹੁੰਪੱਖੀ ਵਿਕਾਸ ਲਈ ਉਹ ਦਿਨ-ਰਾਤ ਯਤਨਸ਼ੀਲ ਹਨ। ਉਨ੍ਹਾਂ ਕਿਹਾ ਕਿ ਸ਼ਹਿਰ ਵਿੱਚ ਜਿਥੇ ਵਿਕਾਸ ਕੰਮ ਤੇਜ਼ੀ ਨਾਲ ਕਰਵਾਏ ਜਾ ਰਹੇ ਹਨ, ਉਥੇ ਲੋਕਾਂ ਦੀਆਂ ਮੁਸ਼ਕਿਲਾਂ ਸੁਣ ਕੇ ਸਬੰਧਤ ਵਿਭਾਗਾਂ ਵੱਲੋਂ ਹੱਲ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਦਿੱਤੇ ਪਿਆਰ ਸਦਕਾ ਹੁਣ ਤੱਕ ਬਟਾਲਾ ਹਲਕੇ ਅੰਦਰ ਰਿਕਾਰਡ ਵਿਕਾਸ ਕਰਵਾਏ ਗਏ ਹਨ। ਵਿਧਾਇਕ ਸ਼ੈਰੀ ਕਲਸੀ ਨੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਕਿਹਾ ਕਿ ਇਤਿਹਾਸਕ ਤੇ ਧਾਰਮਿਕ ਸ਼ਹਿਰ ਬਟਾਲਾ ਅੰਦਰ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ। ਟ੍ਰੈਫਿਕ ਦੀ ਸਮੱਸਿਆ ਤੋਂ ਲੋਕਾਂ ਨੂੰ ਨਿਜਾਤ ਪਾਉਣ ਦੇ ਮੰਤਵ ਨਾਲ ਸੜਕਾਂ ਨੂੰ ਚੌੜਿਆਂ ਕਰਨ ਦੇ ਨਾਲ ਬਿਜਲੀ ਦੇ ਖੰਬਿਆਂ ਨੂੰ ਸੜਕਾਂ ਦੇ ਕਿਨਾਰਿਆਂ ਤੋਂ ਹਟਾਇਆ ਗਿਆ ਹੈ। ਸ਼ਹਿਰ ਵਿੱਚ ਖੂਬਸੂਰਤ ਪਾਰਕ ਉਸਾਰਨ ਦੇ ਨਾਲ ਚੌਕਾਂ ਨੂੰ ਚੌੜਿਆਂ ਕੀਤਾ ਗਿਆ ਹੈ। ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦੇਣ ਦੇ ਮੰਤਵ ਨਾਲ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ, ਜਿਸ ਨੂੰ ਬਹੁਤ ਜਲਦ ਲੋਕਾਂ ਨੂੰ ਸਮਰਪਿਤ ਕੀਤਾ ਜਾ ਰਿਹਾ ਹੈ।

# ਸਾਉਣੀ ਦੀ ਮੱਕੀ ਨੂੰ ਉਤਸ਼ਾਹਿਤ ਕਰਨ ਲਈ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ : ਮੁੱਖ ਖੇਤੀਬਾੜੀ ਅ਼ਫਸਰ



ਗੁਰਦਾਸਪੁਰ, 8 ਮਈ (ਜਗਮੋਹਨ ਬਾਗੋਵਾਣੀ): ਖ਼ੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੁਆਰਾ ਜ਼ਿਲ੍ਹਾ ਗੁਰਦਾਸਪੁਰ ਵਿਚ ਚਲਾਈਆਂ ਜਾ ਰਹੀਆਂ ਕਿਸਾਨ ਭਲਾਈ ਸਕੀਮਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਮੁੱਖ ਖੇਤੀਬਾੜੀ ਅ਼ਫਸਰ ਡਾ. ਅਮਰੀਕ ਸਿੰਘ ਦੀ ਪ੍ਰਧਾਨਗੀ ਹੇਠ ਸਥਾਨਕ ਮੁੱਖ ਖ਼ੇਤੀਬਾੜੀ ਦਫਤਰ ਵਿਚ ਮਹੀਨਾਵਾਰ ਮੀਟਿੰਗ ਹੋਈ। ਜਿਸ ਵਿਚ ਹੋਰਨਾਂ ਤੋਂ ਇਲਾਵਾ ਡਾ. ਸੁਖਬੀਰ ਸਿੰਘ, ਡਾ. ਗਗਨਦੀਪ ਸਿੰਘ, ਡਾ.ਮਨਪ੍ਰੀਤ ਸਿੰਘ, ਡਾ.ਗੁਰਪ੍ਰੀਤ ਸਿੰਘ, ਡਾ. ਪਰਮਿੰਦਰ ਸਿੰਘ, ਡਾ. ਰਸ਼ਪਾਲ ਸਿੰਘ ਸਮੂਹ ਖੇਤੀਬਾੜੀ ਅ਼ਫਸਰ, ਡਾ. ਹਰਮਨਦੀਪ ਸਿੰਘ, ਡਾ.ਦਿਲਰਾਜ ਸਿੰਘ ਖੇਤੀਬਾੜੀ ਵਿਕਾਸ ਅਫਸਰ ਸਮੇਤ ਸਮੂਹ ਖੇਤੀਬਾੜੀ ਅਧਿਕਾਰੀ ਹਾਜ਼ਰ ਸਨ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ.ਅਮਰੀਕ ਸਿੰਘ ਨੇ ਕਿਹਾ ਕਿ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦਾ ਮੁੱਖ ਕੰਮ ਪੰਜਾਬ ਖ਼ੇਤੀਬਾੜੀ ਯੂਨੀਵਰਸਿਟੀ ਵੱਲੋਂ ਵਿਕਸਿਤ ਕੀਤੀ ਨਵੀਨਤਮ ਖੇਤੀ ਤਕਨੀਕਾਂ ਨੂੰ ਪਸਾਰ ਸਿੱਖਿਆ ਦੇ ਵੱਖ-ਵਖ ਮਾਧਿਅਮਾਂ ਰਾਹੀਂ ਕਿਸਾਨਾਂ ਤੱਕ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਵਿਚ ਚਲਾਏ ਜਾਣ ਵਾਲੇ ਪਾਈਲਟ ਪ੍ਰੋਜੈਕਟ ਅਧੀਨ ਸਾਉਣੀ ਦੀ ਮੱਕੀ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਲਈ 7000 ਹੈਕ. ਰਕਬਾ ਝੋਨੇ ਹੇਠੋਂ ਕੱਢ ਕੇ ਸਾਉਣੀ ਦੀ ਮੱਕੀ ਹੇਠ ਲਿਆਉਣ ਦਾ ਟੀਚਾ ਮਿੱਥਿਆ ਗਿਆ ਹੈ। ਇਹ ਪ੍ਰੋਗਰਾਮ 5 ਬਲਾਕਾਂ ਜਿਵੇਂ ਦੀਨਾਨਗਰ, ਗੁਰਦਾਸਪੁਰ, ਕਾਹਨੂੰਵਾਨ, ਕਾਦੀਆਂ ਤੇ ਸ੍ਰੀ ਹਰਗੋਬਿੰਦਪੁਰ ਵਿਚ ਚਲਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਜੋ ਕਿਸਾਨ ਝੋਨੇ ਦੀ ਕਾਸ਼ਤ ਨੂੰ ਛੱਡ ਕੇ ਮੱਕੀ ਦੀ ਬਿਜਾਈ ਕਰੇਗਾ, ਉਸ ਨੂੰ ਪ੍ਰਤੀ ਹੈਕ.17500/- ਪ੍ਰੋਤਸਾਹਨ ਰਾਸ਼ੀ ਦਿੱਤੀ ਜਾਣੀ ਹੈ। ਉਨ੍ਹਾਂ ਕਿਹਾ ਕਿ ਮੱਕੀ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਲਈ ਪਿੰਡ ਤੋਂ ਇਲਾਵਾ ਬਲਾਕ ਪੱਧਰ 'ਤੇ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ, ਇਸ ਤੋਂ ਇਲਾਵਾ ਸੋਸ਼ਲ ਮੀਡੀਆ ਦੀ ਵਰਤੋਂ ਵੀ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਸਕੀਮ ਤਹਿਤ ਲਾਭਪਾਤਰੀਆਂ ਦੀ ਈ-ਕੇਵਾਈਸੀ ਮੁਕੰਮਲ ਕਰਨ ਲਈ ਪਿੰਡ ਪੱਧਰ 'ਤੇ ਲਾਭਪਾਤਰੀਆਂ ਨਾਲ ਪਹੁੰਚ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ 15 ਮਈ ਤੱਕ ਇਹ ਕੰਮ ਮੁਕੰਮਲ ਕਰਨ ਦਾ ਟੀਚਾ ਮਿੱਥਿਆ ਗਿਆ ਹੈ ਤਾਂ ਅਗਲੀ ਕਿਸ਼ਤ ਜਾਰੀ ਹੋਣ ਤੋਂ ਪਹਿਲਾਂ ਪਹਿਲਾ ਈ-ਕੇਵਾਈਸੀ ਮੁਕੰਮਲ ਕਰ ਲਈ ਜਾਵੇ। ਉਨ੍ਹਾਂ ਕਿਹਾ ਕਿ ਇਸ ਸਾਲ ਝੋਨੇ ਦੀ ਪਰਾਲ਼ੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਜ਼ੀਰੋ ਪੱਧਰ 'ਤੇ ਲਿਆਉਣ ਲਈ ਹੁਣ ਤੋਂ ਹੀ ਵਿਉਂਤਬੰਦੀ ਕਰ ਦਿੱਤੀ ਗਈ ਹੈ। ਜਿਸ ਤਹਿਤ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਹਰ ਬੁੱਧਵਾਰ ਤੇ ਸ਼ੁੱਕਰਵਾਰ ਨੂੰ ਪਿੰਡਾਂ ਵਿਚ ਨੁੱਕੜ ਮੀਟਿੰਗਾਂ ਰਾਹੀਂ ਜਾਗਰੂਕ ਕੀਤਾ ਜਾ ਰਿਹਾ ਹੈ।

# ਪ੍ਰਵਾਸੀ ਔਰਤ ਨਾਲ ਜਬਰ-ਜਨਾਹ ਕਰਨ ਦੇ ਲੱਗੇ ਦੋਸ਼, ਇਨਸਾਫ਼ ਦੀ ਕੀਤੀ ਮੰਗ

## ☛ ਦੂਜੀ ਧਿਰ ਨੇ ਲੱਗੇ ਦੋਸ਼ਾਂ ਨੂੰ ਨਕਾਰਿਆ




ਚੋਗਾਵਾਂ, 8 ਮਈ (ਸੁਬੇਗ ਸਿੰਘ ਸੋਨਾ): ਜ਼ਿਲ੍ਹਾ ਅੰਮ੍ਰਿਤਸਰ ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਸਰਹੱਦੀ ਪਿੰਡ ਮੁਜੱਫਰਪੁਰ ਦੇ ਕਵਲਜੀਤ ਸਿੰਘ ਨੇ ਡੀ.ਜੀ.ਪੀ. ਪੰਜਾਬ, ਐੱਸ.ਐੱਸ.ਪੀ. ਦਿਹਾਤੀ ਅੰਮ੍ਰਿਤਸਰ, ਡੀ.ਆਈ.ਜੀ. ਬਾਰਡਰ ਰੇਂਜ ਸਮੇਤ ਹੋਰਨਾਂ ਪੁਲਿਸ ਦੇ ਉੱਚ ਅਧਿਕਾਰੀਆਂ ਨੂੰ ਲਿਖਤੀ ਸ਼ਿਕਾਇਤ ਦੀਆਂ ਕਾਪੀਆਂ ਭੇਜਦਿਆਂ ਇਨਸਾਫ ਦੀ ਮੰਗ ਕੀਤੀ। ਇਸ ਸਬੰਧੀ ਲਿਖਤੀ ਸ਼ਿਕਾਇਤ ਪੱਤਰ ਵਿੱਚ ਦੋਸ਼ ਲਗਾਉਂਦਿਆਂ ਕਵਲਜੀਤ ਸਿੰਘ ਵਾਸੀ ਮੁਜੱਫਰਪੁਰ ਨੇ ਦੱਸਿਆ ਕਿ ਉਹ ਤੇ ਉਸ ਦੀ ਪਤਨੀ ਬਸੰਤੀ ਮਿਹਨਤ ਮਜ਼ਦੂਰੀ ਕਰਦੇ ਹਨ। ਸਾਡਾ ਸੰਪਰਕ ਤਰਲੋਚਨ ਸਿੰਘ ਪਿੰਡ ਮੋਹਲੇਕੇ ਨਾਲ ਹੋਇਆ। ਉਸ ਨੇ ਕਿਹਾ ਕਿ ਉਹ ਘਰ ਵਿੱਚ ਇਕੱਲਾ ਰਹਿੰਦਾ ਹੈ। ਸਾਨੂੰ ਦੋਵਾਂ ਨੂੰ ਆਪਣੇ ਘਰ ਕੰਮ ਲਈ ਰੱਖ ਲਿਆ। ਬੀਤੀ 28 ਜਨਵਰੀ ਨੂੰ ਉਕਤ ਵਿਅਕਤੀ ਨੇ ਮੈਨੂੰ ਪਿੰਡ ਅਵਾਨ ਤੋਂ ਪੈਸੇ ਲੈਣ ਲਈ ਭੇਜ ਦਿੱਤਾ। ਉਸ ਨੇ ਮੇਰੀ ਪਤਨੀ ਨੂੰ ਪਿਸਤੌਲ ਨਾਲ ਡਰਾ ਧਮਕਾ ਕੇ ਉਸ ਨਾਲ ਜਬਰ-ਜਨਾਹ ਕੀਤਾ ਤੇ ਧਮਕੀ ਦਿੱਤੀ ਕਿ ਜੇਕਰ ਕਿਸੇ ਨੂੰ ਦੱਸਿਆ ਤਾਂ ਤੇਰਾ ਹਸ਼ਰ ਬੁਰਾ ਹੋਵੇਗਾ। ਮੈਂ ਜਦੋਂ ਵਾਪਸ ਆਇਆ ਤਾਂ ਮੇਰੀ ਪਤਨੀ ਨੇ ਮੈਨੂੰ ਉਕਤ ਸਾਰੀ ਘਟਨਾ ਦੱਸੀ। ਅਸੀਂ ਡਰ ਕਾਰਨ ਆਪਣਾ ਮਿਹਨਤਾਨਾ ਲਏ ਬਿਨਾਂ ਹੀ ਚਲੇ ਗਏ। ਕਰੀਬ 10 ਦਿਨ ਬਾਅਦ ਮੈਂ ਪੈਸੇ ਲੈਣ ਆਇਆ ਤਾਂ ਉਕਤ ਵਿਅਕਤੀ ਨੇ ਸਾਨੂੰ ਮਾੜਾ ਚੰਗਾ ਬੋਲਿਆ ਤੇ ਧਮਕੀਆਂ ਦਿੱਤੀਆਂ। ਉਨ੍ਹਾਂ ਕਿਹਾ ਕਿ ਅਸੀਂ ਗਰੀਬ ਹਾਂ। ਉਕਤ ਵਿਅਕਤੀਆਂ ਨੇ ਸਾਡੀ ਗਰੀਬੀ ਦਾ ਫਾਇਦਾ ਚੁੱਕਿਆ ਹੈ। ਇਸ ਸਬੰਧੀ ਅਸੀਂ ਪੁਲਿਸ ਥਾਣਾ ਭਿੰਡੀ ਸੈਦਾਂ ਵਿਖੇ ਲਿਖਤੀ ਦਰਖਾਸਤ ਵੀ ਦਿੱਤੀ। ਪਰ ਸਾਡੀ ਕੋਈ ਸੁਣਵਾਈ ਨਹੀਂ ਹੋ ਰਹੀ। ਦਰਖਾਸਤ ਵਿੱਚ ਉਨ੍ਹਾਂ ਪੁਲਿਸ ਦੇ ਉੱਚ ਅਧਿਕਾਰੀਆਂ ਤੋਂ ਇਨਸਾਫ ਦੀ ਮੰਗ ਕੀਤੀ ਹੈ। ਇਸ ਸਬੰਧੀ ਵਿਰੋਧੀ ਧਿਰ ਦੇ ਤਰਲੋਚਨ ਸਿੰਘ ਨਾਲ ਸੰਪਰਕ ਕਰਨ 'ਤੇ ਉਨ੍ਹਾਂ ਲੱਗੇ ਦੋਸ਼ਾਂ ਨੂੰ ਸਿਰੇ ਤੋਂ ਨਕਾਰਦਿਆਂ ਕਿਹਾ ਕਿ ਕਵਲਜੀਤ ਸਿੰਘ ਤੇ ਬਸੰਤੀ ਸਾਡੇ ਘਰ ਪੰਜ ਦਿਨ ਰਹੇ ਤੇ ਜਦੋਂ ਮੈਨੂੰ ਪਤਾ ਲੱਗਾ ਕਿ ਉਸਨੇ ਬਸੰਤੀ ਨਾਲ ਵਿਆਹ ਨਹੀਂ ਕਰਵਾਇਆ। ਮੈਂ ਉਨ੍ਹਾਂ ਨੂੰ ਜਾਣ ਲਈ ਕਿਹਾ। ਕਿਉਂਕਿ ਉਨ੍ਹਾਂ ਦੀ ਪਿੰਡ ਵਿੱਚ ਇੱਕ ਘਰ ਨਾਲ ਤਕਰਾਰ ਚੱਲਦੀ ਆ ਰਹੀ। ਜਿਸ ਕਰਕੇ ਉਸ ਨੂੰ ਨਾਜਾਇਜ਼ ਫਸਾਇਆ ਜਾ ਰਿਹਾ ਹੈ। ਉਨ੍ਹਾਂ ਪਹਿਲਾਂ ਵੀ ਮੇਰੇ ਖਿਲਾਫ਼ ਪਰਚੇ ਦਰਜ ਕਰਵਾਏ। ਜਿਸ ਦੀ ਜਾਂਚ ਹੋਣੀ ਚਾਹੀਦੀ ਹੈ। ਇਸ ਸਬੰਧੀ ਥਾਣਾ ਭਿੰਡੀ ਸੈਦਾਂ ਦੀ ਪੁਲਿਸ ਨਾਲ ਸੰਪਰਕ ਕਰਨ 'ਤੇ ਉਨ੍ਹਾਂ ਕਿਹਾ ਕਿ ਇਸ ਸਬੰਧੀ ਸਾਰੇ ਪਹਿਲੂਆਂ ਤੋਂ ਬਾਰੀਕੀ ਨਾਲ ਜਾਂਚ ਪੜਤਾਲ ਕਰਕੇ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

# ਜ਼ਿਲ੍ਹੇ 'ਚ ਵੱਖ-ਵੱਖ ਥਾਈਂ ਚੱਲ ਰਹੀਆਂ 124 ਯੋਗ ਕਲਾਸਾਂ : ਰਮਨ ਬਹਿਲ



ਗੁਰਦਾਸਪੁਰ, 8 ਮਈ (ਜਸਵਿੰਦਰ ਸਿੰਘ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਸੀ.ਐੱਮ. ਦੀ ਯੋਗਸ਼ਾਲਾ' ਯੋਜਨਾ ਤਹਿਤ ਗੁਰਦਾਸਪੁਰ ਜ਼ਿਲ੍ਹੇ ਵਿੱਚ ਵੱਡੀ ਗਿਣਤੀ ਵਿੱਚ ਲੋਕ ਯੋਗਾ ਕਲਾਸਾਂ ਦਾ ਲਾਭ ਲੈ ਰਹੇ ਹਨ। ਇਨ੍ਹਾਂ ਕਲਾਸਾਂ ਵਿੱਚ ਸ਼ਾਮਲ ਹੋ ਕੇ ਲੋਕ ਸਰਵਾਈਕਲ, ਪਿੱਠ ਦਰਦ, ਥਾਇਰਾਇਡ, ਬਲੱਡ ਪ੍ਰੈਸ਼ਰ, ਸ਼ੂਗਰ, ਐਸਿਡਟੀ, ਮੋਟਾਪਾ, ਮਾਈਗ੍ਰੇਨ ਵਰਗੀਆਂ ਗੰਭੀਰ ਬਿਮਾਰੀਆਂ ਤੋਂ ਰਾਹਤ ਪਾ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਸੀ.ਐੱਮ. ਦੀ ਯੋਗਸ਼ਾਲਾ ਦੇ ਤਹਿਤ ਇਸ ਸਮੇਂ 124 ਥਾਵਾਂ 'ਤੇ ਯੋਗਾ ਕਲਾਸਾਂ ਚੱਲ ਰਹੀਆਂ ਹਨ, ਜਿਨ੍ਹਾਂ ਵਿੱਚ ਵੱਡੀ ਗਿਣਤੀ ਵਿੱਚ ਨਾਗਰਿਕ ਨਿਯਮਤ ਤੌਰ 'ਤੇ ਭਾਗ ਲੈ ਰਹੇ ਹਨ। ਉਨ੍ਹਾਂ ਕਿਹਾ ਕਿ ਯੋਗ ਨਾ ਸਿਰਫ਼ ਸਰੀਰਕ ਬਲਕਿ ਮਾਨਸਿਕ ਬਿਮਾਰੀਆਂ ਜਿਵੇਂ ਡਿਪ੍ਰੈਸ਼ਨ ਤੇ ਫੋਬੀਆ ਵਿੱਚ ਵੀ ਲਾਭਦਾਇਕ ਸਾਬਤ ਹੋ ਰਿਹਾ ਹੈ। ਚੇਅਰਮੈਨ ਰਮਨ ਬਹਿਲ ਨੇ ਅੱਗੇ ਦੱਸਿਆ ਕਿ ਗੁਰਦਾਸਪੁਰ ਜ਼ਿਲ੍ਹੇ ਵਿੱਚ ਇਸ ਵੇਲੇ 26 ਯੋਗਾ ਟਰੇਨਰ ਤਾਇਨਾਤ ਕੀਤੇ ਗਏ ਹਨ, ਜੋ ਵੱਖ-ਵੱਖ ਥਾਵਾਂ 'ਤੇ ਲੋਕਾਂ ਨੂੰ ਯੋਗਾ ਦੀ ਸਿੱਖਿਆ ਦੇ ਰਹੇ ਹਨ। ਸਥਾਨਕ ਨਾਗਰਿਕਾਂ ਵੱਲੋਂ ਇਸ ਪਹਿਲ ਨੂੰ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ, ਜੋ ਕਿ ਇਕ ਸਿਹਤਮੰਦ ਸਮਾਜ ਵੱਲ ਉਠਾਇਆ ਗਿਆ ਮਹੱਤਵਪੂਰਨ ਕਦਮ ਮੰਨਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਜ਼ਿਲ੍ਹੇ ਦੇ ਕਿਸੇ ਪਿੰਡ ਜਾਂ ਕਸਬੇ ਦੇ ਲੋਕ ਆਪਣੇ ਨੇੜੇ ਯੋਗਾ ਕਲਾਸ ਸ਼ੁਰੂ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਯੋਗ ਕਲਾਸਾਂ ਦੇ ਜ਼ਿਲ੍ਹਾ ਸੁਪਰਵਾਈਜ਼ਰ ਜਾਂ ਜ਼ਿਲ੍ਹਾ ਯੂਨਾਨੀ ਤੇ ਆਯੂਰਵੈਦਿਕ ਅਫ਼ਸਰ ਨਾਲ ਸੰਪਰਕ ਕਰ ਸਕਦੇ ਹਨ।

# 'ਕਿਰਤ ਕਰੋ ਨਾਮ ਜਪੋ ਵੰਡ ਛੱਕੋ' ਕਥਨ ਨੂੰ ਧਾਰਦੇ ਹੋਏ ਆਪਣੀ ਨੇਕ ਕਮਾਈ ਦਾ ਦਸਵੰਧ ਭੇਜਦੇ ਨੇ ਪ੍ਰਧਾਨ ਰਣਜੀਤ ਸਿੰਘ ਕਲਿਆਣਪੁਰ



ਧਾਰੀਵਾਲ, 8 ਮਈ (ਅਸ਼ੋਕ ਕੁਮਾਰ): ਮਾਈ ਭਾਗੋ ਸੇਵਾ ਟਰੱਸਟ ਯੂ.ਕੇ. ਦੇ ਸਹਿਯੋਗ ਨਾਲ ਚੱਲ ਰਹੇ 8 ਮੁਫ਼ਤ ਸਿਲਾਈ ਸਿਖਲਾਈ ਸੈਂਟਰ ਦੇ ਇੱਕ ਸਾਲ ਦਾ ਕੋਰਸ ਪੂਰਾ ਹੋਣ ਉਪਰੰਤ ਮਾਈ ਭਾਗੋ ਸੇਵਾ ਸੁਸਾਇਟੀ ਗੁਰਦਾਸਪੁਰ ਦੇ ਪ੍ਰਧਾਨ ਰਣਜੀਤ ਸਿੰਘ ਕਲਿਆਣਪੁਰ ਸਮੇਤ ਸਮੁੱਚੀ ਟੀਮ ਵੱਲੋਂ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਦੇ ਦੀਵਾਨ ਹਾਲ ਵਿੱਚ ਸਰਟੀਫਿਕੇਟ ਵੰਡ ਸਮਾਰੋਹ ਕਰਵਾਇਆ ਗਿਆ, ਜਿਸ ਦੌਰਾਨ ਕਰੀਬ 80 ਸਿਖਿਆਰਥਣਾਂ ਨੂੰ ਸਰਟੀਫਿਕੇਟ ਦੇਣ ਤੋਂ ਇਲਾਵਾ ਲੋੜਵੰਦ ਪਰਿਵਾਰਾਂ ਨੂੰ ਪੱਖੇ, ਵੀਲ੍ਹਚੇਅਰ, ਘਰੇਲੂ ਰਾਸ਼ਨ ਤੇ ਮਰੀਜ਼ਾਂ ਦੀ ਦਵਾਈ ਲਈ ਚੈੱਕ ਦੇਣ ਦੀ ਸੇਵਾ ਨਿਭਾਈ ਗਈ। ਇਸ ਮੌਕੇ 'ਤੇ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਦੇ ਮੈਨੇਜਰ ਰਣਜੀਤ ਸਿੰਘ ਕਲਿਆਣਪੁਰ, ਹੈੱਡ ਗ੍ਰੰਥੀ ਭਾਈ ਗੁਰਦੇਵ ਸਿੰਘ, ਗ੍ਰੰਥੀ ਭਾਈ ਮਨਜੀਤ ਸਿੰਘ ਬੁੱਟਰ, ਬੀਬੀ ਸੁਖਵਿੰਦਰ ਕੌਰ ਬਾਜਵਾ ਨੇ ਮਾਈ ਭਾਗੋ ਸੇਵਾ ਸੁਸਾਇਟੀ ਗੁਰਦਾਸਪੁਰ ਵੱਲੋਂ ਮਾਨਵਤਾ ਦੇ ਭਲੇ ਸਬੰਧੀ ਨਿਭਾਈਆਂ ਜਾ ਰਹੀਆਂ ਅਨੇਕ ਪ੍ਰਕਾਰ ਦੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮਾਈ ਭਾਗੋ ਸੇਵਾ ਟਰੱਸਟ ਯੂ.ਕੇ. ਦੇ ਚੇਅਰਪਰਸਨ ਰੁਪਿੰਦਰਜੀਤ ਕੌਰ ਸਮੇਤ ਸਮੁੱਚੇ ਟਰੱਸਟੀ ਮੈਂਬਰਾਂ ਤੇ ਨਾਨਕ ਨਾਮ ਲੇਵਾ ਸੰਗਤਾਂ ਆਪਣੀ ਨੇਕ ਕਮਾਈ ਦਾ ਦਸਵੰਧ ਭੇਜਦੇ ਹਨ, ਜਿਸ ਨਾਲ ਲੋੜਵੰਦ ਹੋਣਹਾਰ ਸਕੂਲੀ ਵਿਦਿਆਰਥੀਆਂ ਦੀ ਫੀਸ, ਲੋੜਵੰਦਾਂ ਨੂੰ ਰਾਸ਼ਨ, ਪੀਣ-ਯੋਗ ਪਾਣੀ ਦਾ ਪ੍ਰਬੰਧ, ਵੀਲ੍ਹਚੇਅਰ, ਪੱਖੇ, ਮਰੀਜ਼ਾਂ ਦਾ ਇਲਾਜ ਸਮੇਤ ਹੋਰ ਸੇਵਾਵਾਂ ਨਿਰੰਤਰ ਨਿਭਾਈਆਂ ਜਾ ਰਹੀਆਂ ਹਨ, ਜਦਕਿ ਚੱਲ ਰਹੇ 8 ਸਿਲਾਈ ਸੈਂਟਰਾਂ ਦੀਆਂ ਟੀਚਰ ਨੂੰ ਮਹੀਨਾਵਾਰ ਸੇਵਾ-ਫਲ, ਸਿਲਾਈ ਮਸ਼ੀਨਾਂ ਦੀ ਰਿਪੇਅਰ ਆਦਿ ਸਭ ਸੁਸਾਇਟੀ ਸੇਵਾ ਨਿਭਾਈ ਜਾਂਦੀ ਹੈ। ਸਰਟੀਫਿਕੇਟ ਵੰਡ ਸਮਾਗਮ ਦੌਰਾਨ ਸਟੇਜ ਸੈਕਟਰੀ ਦੀ ਭੂਮਿਕਾ ਸਕੱਤਰ ਰਾਜਬੀਰ ਕੌਰ ਵੱਲੋਂ ਬਾ-ਖੂਬੀ ਨਿਭਾਉਂਦੇ ਹੋਏ ਟੀਚਰਾਂ ਨੂੰ ਸੰਦੇਸ਼ ਦਿੱਤਾ ਕਿ ਰੋਜ਼ਾਨਾ ਸੈਂਟਰ ਆਰੰਭ ਕਰਨ ਤੋਂ ਪਹਿਲਾਂ ਪੰਜ-ਪੰਜ ਮਿੰਟ, ਆਪਣੇ ਧਰਮ ਅਨੁਸਾਰ ਪ੍ਰਮਾਤਮਾ, ਵਾਹਿਗੁਰੂ, ਪ੍ਰਮੇਸ਼ਵਰ ਦੇ ਨਾਮ ਦਾ ਸਿਮਰਨ ਕਰਨਾ ਚਾਹੀਦਾ ਹੈ। ਇਸ ਮੌਕੇ 'ਤੇ ਕੈਸ਼ੀਅਰ ਮਨਦੀਪ ਕੌਰ, ਸੇਵਾਦਾਰ ਮਲਕੀਤ ਸਿੰਘ, ਸੰਦੀਪ ਸਿੰਘ ਜਫਰਵਾਲ ਸਾਰੇ ਸਿਲਾਈ ਸੈਂਟਰਾਂ ਦੀਆਂ ਟੀਚਰਾਂ ਤੇ ਬੱਚੇ ਹਾਜ਼ਰ ਸਨ।

## ਸਿਰਲੇਖਵਾਰ ਇਸ਼ਤਿਹਾਰ/Classified Advertisements

(U/o 5 Rule 20 CPC)
In the Court of
**Sh. Taranjeet Singh Additional Civil Judge (Senior Division), Moga**
CNR No. PBSMA0-000396-2024
Next Date: 29.05.2025
Kiranpal Kaur Widow
Versus
General Public
Notice to: General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **29.05.2025** at 10:00 A.M. For details logon to https://highcourtchd.gov.in/?mod=district_notice&district=mogacourt
Dated, this day of 06-05-2025
**Sd/- Additional Civil Judge (Senior Division),**

(U/o 5 Rule 20 CPC)
In the Court of
**Ms. Minakshi Civil Judge (Junior Division), Batala**
CNR No.- PBGDA0-002171-2024
Next Date:- 21-05-2025
Paramjit Kaur
Versus
Jasbir Singh
Notice to: 2. Satnam Singh S/o Joginder Singh S/o Hazara Singh R/o Village Langarwal, Tehsil Fatehgarh Churian District Gurdaspur 6. Sukhraj Kaur D/o Joginder Singh W/o Mangal Singh R/o Gurnam Nagar, Sultanwind Road, Amritsar
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **21.05.2025** at 10:00 A.M. For details logon to https://highcourtchd.gov.in/?mod=district_notice&district=Gurdaspur
Dated, this day of 07-05-2025
**Sd/- Civil Judge (Junior Division), Batala**

(U/o 5 Rule 20 CPC)
In the Court of
**Sh. Jaspreet Singh Additional Civil Judge (Senior Division), Baba Bakala**
CNR No.- PBASB0-000107-2021
Next Date:- 22-05-2025
Kulwinder Kaur W/o Harjit Singh r/o Village Baba Bakala Sahib Tehsil Baba Bakala Sahib District Amritsar
Versus
Jaiwinder Singh
Notice to: 5. Rajwant Kaur D/o Charanjit Singh R/o Village and Tehsil Baba Bakala Sahib District Amritsar
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **22.05.2025** at 10:00 A.M. For details logon to https://highcourtchd.gov.in/?trs=district_notice&district=Amritsar
Dated, this day of 07-05-2025
**Sd/- Additional Civil Judge (Senior Division), Baba Bakala**

(U/o 5 Rule 20 CPC)
In the Court of
**Sh. Pritpal Singh Principal Judge Family Court, Gurdaspur**
CNR No. PBGD01-001392-2025
Next Date: 26.05.2025
GW/12/2025
Harmeet Singh
Versus
General Public
Notice to: General Public:- General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **26.05.2025** at 10:00 A.M. For details logon to https://highcourtchd.gov.in/?mod=district_notice&district=Gurdaspur
Dated, this day of 07-05-2025
**Sd/- Principal Judge Family Court, Gurdaspur**

(U/o 5 Rule 20 CPC)
In the Court of
**Sh. Baljinder Singh Maan Principal Judge, Family Court, Shaheed Bhagat Singh Nagar**
CNR No. PBSB01-001522-2024
Next Date: 27.05.2025
Rahul Chopra
Versus
General Public
Petition Under Section 7 read with 25 Guardian ward act
Notice to: General Public:- General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **27.05.2025** at 10:00 A.M. For details logon to https://highcourtchd.gov.in/?mod=district_notice&district=sbsnagar
Dated, this day of 05-05-2025
**Sd/- Principal Judge Family Court, Shaheed Bhagat Singh Nagar**

(U/o 5 Rule 20 CPC)
In the Court of
**Sh. Ajay Civil Judge Jr. Div., Chandigarh**
CNR No. CHCH02-002450-2024
Next Date: 15.05.2025
Central Bank of India
Versus
Meena Kumari
Notice to: Meena Kumari Spouse:- Mahesh Kumar R/o House No. 8904-01 Mata Gujri Gurudwara Swaraj Khurar SAS Nagar Mohali Punjab ADD 2- M/s New JBD Readymade Garments Through its proprietor MS Meena Kumari Shop No. 22 Dashmesh Market Balongi SAS Nagar Mohali Punjab
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **15.05.2025** at 10:00 A.M. For details logon to https://highcourtchd.gov.in/?trs=district_notice&district=Chandigarh
Dated, this day of 10-03-2025
**Sd/- Civil Judge Jr. Div., Chandigarh**

(U/o 5 Rule 20 CPC)
In the Court of
**Ms. Sonali Singh Additional Civil Judge (Senior Division), Barnala**
CNR No. PBBR02-000065-2025
Next Date: 26.05.2025
Neetu Gupta
Versus
Raj Rani
Notice to: Raj Rani Spouse:- Mohan Lal Lakhi Colony Barnala Through her General Power of Attorney her son Vikas Kumar Son of Mohan Lal Son of Babu Ram Now Shopkeeper Near PS City Barnala C/o Guru Nanak Jewelers Teh and Distt. Barnala
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **26.05.2025** at 10:00 A.M. For details logon to https://highcourtchd.gov.in/?mod=district_notice&district=barnala
Dated, this day of 06-05-2025
**Sd/- Additional Civil Judge (Senior Division), Barnala**

(U/o 5 Rule 20 CPC)
In the Court of
**Sh. Baljinder Singh Maan Principal Judge, Family Court, Shaheed Bhagat Singh Nagar**
CNR No. PBSB01-000355-2023
Next Date: 27.05.2025
GW/8/2023
Ramandeep Kaur
Versus
Sandeep Singh
U/s 7 read with 25 Guardian ward act
Notice to: Sandeep Singh S/o Jesbee Singh R/o Mohalla Mishran Nawanshahr, Tehsil Nawanshahr, District Shaheed Bhagat Singh Nagar Presently residing at No. 46,. Haluan Tasek Timur 11, Anjung Bercham Megah, 31400 IPOH, Perak, Malaysia 2. General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **27.05.2025** at 10:00 A.M. For details logon to https://highcourtchd.gov.in/?mod=district_notice&district=sbsnagar
Dated, this day of 05-05-2025
**Sd/- Principal Judge, Family Court, Shaheed Bhagat Singh Nagar**

**No. 840/PLA**
**Dt. 05-05-2025**
**Before Permanent LokAdalt (Pus), Shaheed Bhagat Singh Nagar**
**Publication**
Case No. 419/23-09-2025
Next Date: 04.06.2025
1. Jaswinder Singh S/o Gurnam Singh S/o Basakha Singh r/o Village Faggan Majra, Tehsil and District Fatehgarh Sahib, Punjab. 2. Harbans Kaur wife of Sh. Gurnam Singh r/o Village Faggan Majra, Tehsil and District Fatehgarh Sahib, Punjab.
.......Applicants
Versus
1. M/s Akal Sahai Builder and Builder and Developer Pvt. Ltd. having its office at 1786-A, Nai Abadi, Near Post Office, Rupnagar, through its Directors/MD/Authorized Signatory/Officials Second Address: Anandpur Sahib road Garshankar, District Hoshiarpur, Punjab 144507. 2. Ajmer Singh, Director, M/s Akal Sahai Builders and Developer Pvt. Ltd. having its office at 1786-A, Nai Abadi, Near Post office, Roopnagar. Second Address: Ajmer Singh S/o Ujjagar Singh, Village DHer, Tehsil Anandpur Sahib, District Rupnagar, Punjab. (email address: akalsahai78@gmail.com)
..........Respondents
(Application/Petition under Section 22-C of the Legal Services Authorities Act, 1987)
Notice to Respondent Under Order 5 Rule 20 CPC:
1. M/s Akal Sahai Builder and Builder and Developer Pvt. Ltd. having its office at 1786-A, Nai Abadi, Near Post Office, Rupnagar, through its Directors/MD/Authorized Signatory/Officials Second Address: Anandpur Sahib road Garshankar, District Hoshiarpur, Punjab 144507. 2. Ajmer Singh, Director, M/s Akal Sahai Builders and Developer Pvt. Ltd. having its office at 1786-A, Nai Abadi, Near Post office, Roopnagar. Second Address: Ajmer Singh S/o Ujjagar Singh, Village DHer, Tehsil Anandpur Sahib, District Rupnagar, Punjab. (email address: akalsahai78@gmail.com)
Whereas in the above noted case. It has been approved to the satisfaction of this court that the above said Respondent cannot be served upon the ordinary way, you are hereby directed by this notice to appear in the Court on 04.06.2025 at 10:00 AM, in person or along with counsel to failing which ex-parte proceeding will be taken against you.
Given under my hand and seal of the Court this 05.05.2025
**Sd/- (Ashok Kapoor) Chairman Permanent LokAdalat (PUS) Shaheed Bhagat Singh Nagar**

(U/o 5 Rule 20 CPC)
In the Court of
**Sh. Sachin Yadav Additional Civil Judge (Sr. Div.), Chandigarh**
**Next Date, Purpose of case, Orders and Judgments as well as other case information is available on http;// ecourts.gov.in**
CNR No. CHCH02-003354-2022
Next Date: 14.05.2025
State Bank of India
Versus
Bir Singh
For recovery of Rs. 1,18,541/-
Notice to: Late Sh. Bir Singh Through His Legal Heirs 1. Sharda W/o Late Sh. Bir Singh 2. Sh. Amar S/o Late Sh. Bir Singh Both R/o H.No. 1479, Sector 41-B, Chandigarh
Whereas it has been proved to the satisfaction of the Court that the defendant(s)/respondent(s) above named cannot be served in the ordinary way of service. Hence, this proclamation under order 5 Rule 20 CPC is hereby issued against him/them and should appear personally or through their counsel on 14-05-2025 at 10:00 a.m. Take notice that, in default of his/their appearance on the day before mentioned, the above said case will be heard and determined in his/their absence according to law.
Given under my hand and seal of the Court this 15.04.2025
**Sd/- Additional Civil Judge (Sr. Div.), Chandigarh**

(U/o 5 Rule 20 CPC)
In the Court of
**Sh. Rajiv Kalra Additional District and Sessions Judge, Bathinda**
CNR No. PBBT01-007213-2024
Next Date: 29.05.2025
Baljinder Singh
Versus
National Highway authority of India
Notice to: General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **29.05.2025** at 10:00 A.M. For details logon to https://highcourtchd.gov.in/?mod=district_notice&district=Bathinda
Dated, this day of 26-04-2025
**Sd/- Additional District and Sessions Judge, Bathinda**

### ਬੇਦਖਲੀ ਸੂਚਨਾ

ਮੈਂ, ਮਨਜੀਤ ਕੌਰ ਪਤਨੀ ਸ੍ਰੀ ਗੁਰਬਚਨ ਸਿੰਘ ਵਾਸੀ ਮਕਾਨ ਨੰ. 252/2 [illegible] ਆਪਣੇ ਪੁੱਤਰ [illegible] ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। [illegible] ਕੋਈ ਲੈਣ ਦੇਣ ਕਰੇਗਾ ਤਾਂ ਉਹ ਖੁਦ ਜ਼ਿੰਮੇਵਾਰ ਹੋਵੇਗਾ।

### ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿੱਚ ਛਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਨ੍ਹਾਂ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਦੀ ਜ਼ਿੰਮੇਵਾਰੀ ਸਾਡੀ ਨਹੀਂ ਹੈ। ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।
-ਇਸ਼ਤਿਹਾਰ ਮੈਨੇਜਰ

**ਬਾ-ਅਦਾਲਤ ਮਾਨਯੋਗ ਸ੍ਰੀ ਗੁਰਦੇਵ ਸਿੰਘ ਧੰਮ ਪੀ.ਸੀ.ਐਸ. ਉਪ ਮੰਡਲ ਮੈਜਿਸਟਰੇਟ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ ਪਟਿਆਲਾ।**
ਕੇਸ ਨੰਬਰ: 49/ਖਾਨਗੀ
ਕੇਸ ਕਿਸਮ: ਖਾਨਗੀ ਇੰਤਕਾਲ
ਪਿੰਡ: ਝਿਲ
ਤਾਰੀਖ ਪੇਸ਼ੀ : 08.05.2025
ਹੰਸ ਰਾਜ ਪੁੱਤਰ ਮੁਰਾਰੀ ਲਾਲ ਵਾਸੀ ਮਨਜੀਤ ਨਗਰ, ਭਾਦਸੋਂ, ਜ਼ਿਲ੍ਹਾ ਪਟਿਆਲਾ ਤਹਿਸੀਲ ਵਾ ਜ਼ਿਲ੍ਹਾ ਪਟਿਆਲਾ ਦੀ ਮੌਤ ਮਿਤੀ 14.08.2023 ਤੋਂ ਬਾਅਦ ਉਸਦੀ ਖਾਨਗੀ ਵਸੀਅਤ ਦਾ ਇੰਤਕਾਲ ਨੰ. 42647 ਪਿੰਡ ਝਿਲ ਬਾਹੱਕ ਬਿਮਲਾ ਰਾਣੀ ਪਤਨੀ ਹੰਸ ਰਾਜ ਪੁੱਤਰ ਮੁਰਾਰੀ ਲਾਲ ਫੈਸਲਾ ਕਰਨ ਹਿੱਤ ਇਸ ਅਦਾਲਤ ਵਿੱਚ ਮਿਤੀ 23.05.2025 ਨੂੰ ਸੁਣਵਾਈ ਲਈ ਨਿਯਤ ਹੈ।
ਇਸ ਲਈ ਇਸ ਇਸ਼ਤਿਹਾਰ ਰਾਹੀਂ ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਹੰਸ ਰਾਜ ਪੁੱਤਰ ਮੁਰਾਰੀ ਲਾਲ ਮੁਤਵਫੀ ਦੀ ਖਾਨਗੀ ਵਸੀਅਤ ਦਾ ਇੰਤਕਾਲ ਨੰ. 42647 ਪਿੰਡ ਝਿਲ ਬਾਹੱਕ ਬਿਮਲਾ ਰਾਣੀ ਪਤਨੀ ਹੰਸ ਰਾਜ ਪੁੱਤਰ ਮੁਰਾਰੀ ਲਾਲ ਦੇ ਹੱਕ ਵਿੱਚ ਮੰਜੂਰ ਹੋਣ 'ਤੇ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਅਸਾਲਤਨ ਜਾਂ ਵਕਾਲਤਨ ਤਾਰੀਖ ਪੇਸ਼ੀ ਮਿਤੀ 23.05.2025 ਨੂੰ ਨਿਮਨਹਸਤਾਖਰ ਦੀ ਅਦਾਲਤ ਵਿੱਚ ਸਵੇਰੇ 10.00 ਵਜੇ ਹਾਜ਼ਰ ਹੋ ਕੇ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਨਿਸ਼ਚਿਤ ਮਿਤੀ 23.05.2025 ਤੋਂ ਬਾਅਦ ਨਿਯਮਾਂ ਅਨੁਸਾਰ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।
ਇਹ ਇਸ਼ਤਿਹਾਰ ਅੱਜ ਮਿਤੀ 08.05.2025 ਨੂੰ ਮੇਰੇ ਹਸਤਾਖਰ ਹਿੱਤ ਅਦਾਲਤ ਮੋਹਰ ਨਾਲ ਜਾਰੀ ਕੀਤਾ ਗਿਆ।
ਨੰ. 487/ਖਾਨੀ
ਮਿਤੀ: 08.05.2025
**ਸਹੀ/- ਉਪ ਮੰਡਲ ਮੈਜਿਸਟਰੇਟ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ ਪਟਿਆਲਾ।**

**ਬਾ-ਅਦਾਲਤ ਮਾਨਯੋਗ ਸਹਾਇਕ ਕੁਲੈਕਟਰ ਦਰਜਾ ਅਵੱਲ-ਕਮ-ਤਹਿਸੀਲਦਾਰ ਭੁਲੱਥ, ਜ਼ਿਲ੍ਹਾ ਕਪੂਰਥਲਾ**
ਦਰਖਾਸਤ ਕਿਸਮ:- ਮਾਲ ਰਿਕਾਰਡ ਵਿੱਚ ਨਾਮ ਦੀ ਦਰੁਸਤੀ ਮੁਕੱਦਮਾ ਨੰ.:- ਵਰਾਸਤ ਇੰਤਕਾਲ ਨੰ. 2430 ਜਮ੍ਹਾਂਬੰਦੀ ਸਾਲ 1977-78) ਵਾਕਿਆ ਰਕਬਾ:- ਪਿੰਡ ਮਕਸੂਦਪੁਰ, ਤਹਿਸੀਲ ਭੁਲੱਥ (ਕਪੂਰਥਲਾ) ਵਿਸ਼ਾ:- ਰਿਕਾਰਡ ਮਾਲ ਵਿੱਚ ਨਾਮ ਦੀ ਦਰੁਸਤੀ ਕਰਵਾਉਣ ਸਬੰਧੀ। [illegible]
[illegible]
ਨੰਬਰ- 295 /ਰੀਡਰ-1, ਅਵੱਲ-ਮਿਤੀ:- 07/05/2025
**ਸਹੀ/-ਸਹਾਇਕ ਕੁਲੈਕਟਰ ਦਰਜਾ ਅਵੱਲ-ਕਮ-ਤਹਿਸੀਲਦਾਰ ਭੁਲੱਥ, ਜ਼ਿਲ੍ਹਾ ਕਪੂਰਥਲਾ।**

### ਨਾਮ ਦੀ ਬਦਲੀ

ਮੈਂ, ਹਰਜੋਤ ਸਿੰਘ, ਪੁੱਤਰ ਮਨਮੋਹਨ ਸਿੰਘ, ਰਿਹਾਇਸ਼ ਮਕਾਨ ਨੰਬਰ 155/4, ਝੰਡੂ ਦੀ ਬਗੀਚੀ, ਰਾਘੋਮਾਜਰਾ, ਪਟਿਆਲਾ, ਨੇ ਆਪਣਾ ਨਾਮ ਬਦਲ ਕੇ ਹਰਜੋਤ ਸਿੰਘ ਗਰੋਵਰ ਰੱਖ ਲਿਆ ਹੈ।

ਮੈਂ, ਗੁਰਪ੍ਰੀਤ ਸਿੰਘ, ਪੁੱਤਰ ਮਨਮੋਹਨ ਸਿੰਘ, ਰਿਹਾਇਸ਼ ਮਕਾਨ ਨੰਬਰ 155/4, ਝੰਡੂ ਦੀ ਬਗੀਚੀ, ਰਾਘੋ ਮਾਜਰਾ, ਪਟਿਆਲਾ ਨੇ ਆਪਣਾ ਨਾਮ ਬਦਲ ਕੇ ਗੁਰਪ੍ਰੀਤ ਸਿੰਘ ਗਰੋਵਰ ਰੱਖ ਲਿਆ ਹੈ।

# ਸੀ.ਆਈ.ਐਸ.ਸੀ.ਈ. ਦੀਆਂ ਜ਼ੋਨਲ ਖੇਡਾਂ 2025 - ਜੋਸ਼, ਜਜ਼ਬਾ ਅਤੇ ਜਿੱਤ ਦੀ ਦੌੜ

ਜੰਡਿਆਲਾ ਗੁਰੂ, 8 ਮਈ (ਰਾਮ ਸ਼ਰਨਜੀਤ ਸਿੰਘ): ਸੀ ਆਈ ਐਸ ਸੀ ਈ ਦੁਆਰਾ ਬੀਤੇ ਦਿਨੀਂ ਲੜਕੀਆਂ ਅਤੇ ਲੜਕਿਆ ਦੀਆਂ ਜ਼ੋਨਲ ਖੇਡਾਂ ਕਰਵਾਈਆਂ ਗਈਆਂ। ਉਹਨਾਂ ਨੂੰ ਆਯੋਜਨ ਕਰਵਾਉਣ ਦਾ ਸੁਭਾਗ ਇੰਟਰਨੈਸ਼ਨਲ ਫ਼ਤਿਹ ਅਕੈਡਮੀ ਜੰਡਿਆਲਾ ਗੁਰੂ ਨੂੰ ਪ੍ਰਾਪਤ ਹੋਇਆ। ਇਹਨਾਂ ਖੇਡਾਂ ਵਿੱਚ ਅੰਮ੍ਰਿਤਸਰ ਅਤੇ ਤਰਨਤਾਰਨ ਜ਼ਿਲੇ ਦੇ ਆਈ ਸੀ ਐਸ ਸੀ ਈ ਨਾਲ ਸੰਬੰਧਿਤ ਸਕੂਲਾਂ ਨੇ ਭਾਗ ਲਿਆ। ਸਿੱਖਿਆ ਦੇ ਨਾਲ -ਨਾਲ ਖੇਡਾਂ ਵੀ ਵਿਅਕਤੀ ਦੇ ਸਰਵ ਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹਨ। ਏਸੇ ਉਦੇਸ਼ ਨੂੰ ਸਮਰਪਿਤ ਹੋ ਕੇ ਕੌਂਸਲ ਫਾਰ ਇੰਡੀਅਨ ਸਕੂਲ ਸਰਟੀਫਿਕੇਟ ਇਗਜ਼ਾਮੀਨੇਸ਼ਨ (CISCE) ਵੱਲੋਂ ਆਯੋਜਿਤ ਜ਼ੋਨਲ ਖੇਡ ਸਮਾਰੋਹ 2025 ਦਾ ਸ਼ਾਨਦਾਰ ਆਗਾਜ਼ ਇੰਟਰਨੈਸ਼ਨਲ ਫ਼ਤਿਹ ਅਕੈਡਮੀ ਦੁਆਰਾ ਤਰਨਤਾਰਨ ਦੇ ਖੇਡ ਸਟੇਡੀਅਮ ਵਿਖੇ ਸਫਲਤਾ ਪੂਰਵਕ ਕਰਵਾਇਆ ਗਿਆ, ਇਸ ਇਵੈਂਟ ਵਿੱਚ ਅੰਮ੍ਰਿਤਸਰ ਅਤੇ ਤਰਨਤਾਰਨ ਜ਼ਿਲ੍ਹਿਆਂ ਦੇ ਸੀ ਆਈ ਐਸ ਸੀ ਈ ਸਕੂਲਾਂ ਦੇ ਸੈਂਕੜੇ ਖਿਡਾਰੀਆਂ ਨੇ ਹਿੱਸਾ ਲਿਆ। ਖਿਡਾਰੀਆਂ ਨੇ ਵੱਖ-ਵੱਖ ਐਥਲੈਟਿਕਸ ਈਵੈਂਟਸ ਵਿੱਚ ਆਪਣੀ ਲਾਗਨ, ਦ੍ਰਿੜਤਾ ਅਤੇ ਟੀਮ ਵਰਕ ਨਾਲ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇੰਟਰਨੈਸ਼ਨਲ ਫ਼ਤਿਹ ਅਕੈਡਮੀ ਦੀਆਂ ਲੜਕੀਆਂ ਨੇ 14 ਸਾਲ ਤੋਂ ਘੱਟ ਉਮਰ ਵਰਗ ਵਿੱਚ ਇੱਕ ਸੋਨੇ ਦਾ ਇੱਕ ਚਾਂਦੀ ਤੇ ਦੋ ਕਾਂਸੀ ਦੇ ਮੈਡਲ ਹਾਸਲ ਕੀਤੇ। 17 ਸਾਲ ਦੀ ਉਮਰ ਵਿੱਚ ਲੜਕੀਆਂ ਨੇ ਇੱਕ ਚਾਂਦੀ ਅਤੇ ਨੌਂ ਕਾਂਸੀ ਦੇ ਮੈਡਲ ਹਾਸਲ ਕੀਤੇ। 19 ਸਾਲ ਤੋਂ ਘੱਟ ਉਮਰ ਵਿੱਚ 2 ਸੋਨੇ ਦੇ, 4 ਚਾਂਦੀ ਦੇ ਅਤੇ 7 ਕਾਂਸੀ ਦੇ ਮੈਡਲ ਹਾਸਲ ਕੀਤਾ। ਇੰਟਰਨੈਸ਼ਨਲ ਫ਼ਤਿਹ ਅਕੈਡਮੀ ਦੇ ਲੜਕਿਆਂ ਦੀ ਟੀਮ ਨੇ 14 ਸਾਲ ਤੋਂ ਘੱਟ ਉਮਰ ਵਰਗ ਵਿੱਚ 2 ਸੋਨੇ, 4 ਚਾਂਦੀ ਅਤੇ 4 ਕਾਂਸੀ ਦੇ ਮੈਡਲ ਆਪਣੀ ਝੋਲੀ ਪੁਵਾਏ। 17 ਸਾਲ ਤੋਂ ਘੱਟ ਉਮਰ ਵਰਗ ਵਿੱਚ 2 ਸੋਨੇ, 3 ਚਾਂਦੀ ਅਤੇ 10 ਕਾਂਸੀ ਦੇ ਤਮਗੇ ਪ੍ਰਾਪਤ ਕੀਤੇ। 19 ਸਾਲ ਤੋਂ ਘੱਟ ਉਮਰ ਵਰਗ ਵਿੱਚ ਲੜਕਿਆਂ ਨੇ 2 ਸੋਨੇ, 3 ਚਾਂਦੀ ਅਤੇ 4 ਕਾਂਸੀ ਦੇ ਮੈਡਲ ਪ੍ਰਾਪਤ ਕੀਤੇ। ਇੱਥੇ ਹੀ ਬਸ ਨਹੀਂ 17 ਸਾਲ ਤੋਂ ਘੱਟ ਉਮਰ ਵਰਗ ਵਿੱਚ ਲੜਕਿਆਂ ਦੀ ਟੀਮ ਨੇ ਸਮੁੱਚੇ ਤੌਰ ਤੇ ਤੀਸਰਾ ਸਥਾਨ ਹਾਸਿਲ ਕੀਤਾ। ਇੱਥੇ ਇਹ ਵੀ ਜ਼ਿਕਰਯੋਗ ਹੈ ਕਿ ਇੰਟਰਨੈਸ਼ਨਲ ਫ਼ਤਿਹ ਅਕੈਡਮੀ ਸਪੋਰਟਸ ਅਥਾਰਟੀ ਆਫ ਇੰਡੀਆ ਦੁਆਰਾ ਗਤਕੇ ਦਾ ਰਜਿਸਟਰਡ ਸੈਂਟਰ ਹੈ। ਸਪੋਰਟਸ ਅਥਾਰਟੀ ਆਫ ਇੰਡੀਆ ਹਰ ਸਾਲ ਗਤਕੇ ਦੇ ਵਿਦਿਆਰਥੀਆਂ ਨੂੰ ਸਪੈਸ਼ਲ ਟਰੇਨਿੰਗ ਮੁਹੱਈਆ ਕਰਵਾਉਂਦੀ ਹੈ ਅਤੇ ਹੋਰ ਵੀ ਲੋੜੀਂਦੀ ਮਦਦ ਪਦਾਨ ਕਰਦੀ ਹੈ, ਇਸ ਤਰ੍ਹਾਂ ਵੱਖ -ਵੱਖ ਪੱਧਰਾਂ ਲਈ ਕਰਵਾਈਆਂ ਜਾਂਦੀਆਂ ਖੇਡਾਂ ਨੌਜਵਾਨਾਂ ਦੇ ਆਤਮ ਵਿਸ਼ਵਾਸ ਨੂੰ ਵਧਾਉਣ ਵਿੱਚ ਨਿਰਣਾਇਕ ਭੂਮਿਕਾ ਨਿਭਾਉਂਦੀਆਂ ਹਨ।

## ਦਫ਼ਤਰ ਨਗਰ ਪੰਚਾਇਤ ਦਿੜ੍ਹਬਾ (ਸੰਗਰੂਰ) 01676-242567

### ਪਬਲਿਕ ਨੋਟਿਸ

ਹਰ ਆਮ ਅਤੇ ਖ਼ਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਨਗਰ ਪੰਚਾਇਤ ਦਿੜ੍ਹਬਾ ਵੱਲੋਂ ਸਾਲ 2025-2026 ਲਈ ਵਾਹੀ ਯੋਗ ਜ਼ਮੀਨ ਦੇ ਚਾਰ (4) ਟੱਕਾ ਨੂੰ ਠੇਕੇ ਤੇ ਦੇਣ ਲਈ ਹੇਠ ਲਿਖੇ ਅਨੁਸਾਰ ਬੋਲੀਆਂ ਰੱਖੀਆਂ ਗਈਆਂ ਹਨ। ਇਸ ਸਬੰਧੀ ਸ਼ਰਤਾਂ ਕਿਸੇ ਵੀ ਕੰਮ ਕਾਜ ਵਾਲੇ ਦਿਨ ਦਫ਼ਤਰ ਨਗਰ ਪੰਚਾਇਤ ਦਿੜ੍ਹਬਾ ਵਿਖੇ ਦੇਖੀਆਂ ਜਾ ਸਕਦੀਆਂ ਹਨ। ਜੇਕਰ ਬੋਲੀ ਵਾਲੇ ਦਿਨ ਅਚਾਨਕ ਛੁੱਟੀ ਹੋ ਜਾਂਦੀ ਹੈ ਤਾਂ ਬੋਲੀ ਅਗਲੇ ਕੰਮ ਕਾਜ ਵਾਲੇ ਦਿਨ ਉਕਤ ਸਮੇਂ ਅਨੁਸਾਰ ਹੋਵੇਗੀ :

| ਲ. ਨੰ. | ਮੱਦ ਦਾ ਨਾਮ | ਬੋਲੀ ਦੀ ਮਿਤੀ | ਜ਼ਮੀਨ | ਸਮਾਂ | ਠੇਕੇ ਦੀ ਮਿਆਦ | ਸਕਿਓਰਟੀ/ ਬਿਆਨਾ ਰਕਮ (ਮੋੜਨ ਯੋਗ) | ਪਾਰਟੀਸਪੇਸ਼ਨ ਫੀਸ (ਨਾਂ ਮੋੜਨ ਯੋਗ) |
|---|---|---|---|---|---|---|---|
| 1 | ਵਾਹੀ ਯੋਗ ਜ਼ਮੀਨ | 15.05.2025 | ਟੱਕ ਨੰ. 01 ਗਾਮੜ੍ਹੀ ਰੋਡ 7 ਕਨਾਲ | 11.00 ਵਜੇ | 30.04.2026 ਤੱਕ | 7000/- ਰੁਪੈ ਪ੍ਰਤੀ ਏਕੜ | 500/- ਰੁਪੈ |
| 2 | ਵਾਹੀ ਯੋਗ ਜ਼ਮੀਨ | 15.05.2025 | ਟੱਕ ਨੰ. 02 ਗਾਮੜ੍ਹੀ ਰੋਡ 3 ਏਕੜ੍ਹ 5 ਕਨਾਲ 8 ਮਰਲੇ | 11.15 ਵਜੇ | 30.04.2026 ਤੱਕ | 7000/- ਰੁਪੈ ਪ੍ਰਤੀ ਏਕੜ | 500/- ਰੁਪੈ |
| 3 | ਵਾਹੀ ਯੋਗ ਜ਼ਮੀਨ | 15.05.2025 | ਟੱਕ ਨੰ. 03 ਖਨਾਲ ਰੋਡ 6 ਏਕੜ੍ਹ 2.75 ਕਨਾਲ | 11.30 ਵਜੇ | 30.04.2026 ਤੱਕ | 7000/- ਰੁਪੈ ਪ੍ਰਤੀ ਏਕੜ | 500/- ਰੁਪੈ |
| 4 | ਵਾਹੀ ਯੋਗ ਜ਼ਮੀਨ | 15.05.2025 | ਟੱਕ ਨੰ. 04 ਕਮਾਲਪੁਰ ਰੋਡ 9 ਏਕੜ੍ਹ 4 ਕਨਾਲ | 11.45 ਵਜੇ | 30.04.2026 ਤੱਕ | 7000/- ਰੁਪੈ ਪ੍ਰਤੀ ਏਕੜ | 500/- ਰੁਪੈ |

(ਮਨਿੰਦਰ ਸਿੰਘ)
ਪ੍ਰਧਾਨ,
ਨਗਰ ਪੰਚਾਇਤ ਦਿੜ੍ਹਬਾ।

(ਚੰਦਰ ਪ੍ਰਕਾਸ਼)
ਕਾਰਜ ਸਾਧਕ ਅਫ਼ਸਰ,
ਨਗਰ ਪੰਚਾਇਤ, ਦਿੜ੍ਹਬਾ।

RO No. PR Advt. No. na / 12 / 29807 / 2023 / 44245 Dated Chd : 5 / 7 / 2025

**ਕੇਂਦਰ ਸਰਕਾਰ ਕਰਮਚਾਰੀ ਭਲਾਈ ਹਾਊਸਿੰਗ ਸੰਗਠਨ**
(ਹਾਊਸਿੰਗ ਅਤੇ ਸ਼ਹਿਰੀ ਮਾਮਲੇ ਮੰਤਰਾਲਾ ਦੀ ਸਰਪ੍ਰਸਤੀ ਹੇਠ ਭਾਰਤ ਸਰਕਾਰ ਦੀ ਇਕ ਖੁਦਮੁਖਤਿਆਰ ਸੰਸਥਾ)
9ਵੀਂ ਮੰਜ਼ਿਲ, 'ਬੀ' ਵਿੰਗ, ਜਨਪਥ ਭਵਨ, ਜਨਪਥ, ਨਵੀਂ ਦਿੱਲੀ-110001
ਫੋਨ : 23717249/23355408/23322192
E-mail: cgewho@nic.in Website: www.cgewho.in

### ਸੂਚਨਾ

**ਟੈਂਡਰ ਨੰ. ਟੀ-220/6 ਦੀ ਮਿਤੀ ਵਿਚ ਵਾਧਾ**
ਐਸਏਐਸ ਨਗਰ, ਕੋਲਕਾਤਾ ਫੇਜ਼-3 ਅਤੇ ਵਿਸ਼ਾਖਾਪਟਨਮ ਵਿਖੇ ਉਨ੍ਹਾਂ ਦੇ ਪ੍ਰੋਜੈਕਟਾਂ ਲਈ ਪ੍ਰੋਜੈਕਟ ਪ੍ਰਬੰਧਨ ਸਲਾਹਕਾਰਾਂ (ਪੀਐਮਸੀ) ਦੀ ਨਿਯੁਕਤੀ ਲਈ ਸੀਜੀਈਡਬਲਿਊਐਚਓ ਵੱਲੋਂ ਮੰਗੇ ਗਏ ਟੈਂਡਰ ਨੰ. ਟੀ-220/6, ਮਿਤੀ 20.04.2025 ਵਿਚ 10 ਜੂਨ 2025 ਤੱਕ ਵਾਧਾ ਕੀਤਾ ਗਿਆ ਹੈ।

*ਮੁੱਖ ਕਾਰਜਕਾਰੀ ਅਧਿਕਾਰੀ*
**ਸੀਜੀਈਡਬਲਿਊਐਚਓ**

cbc 20105/12/0002/2526

ਟੈਂਡਰ ਹਵਾਲਾ ਨੰ. : ਐਚਆਈਐਲ/ਬਠਿੰਡਾ/ਆਰਈਐਲ/2025-26, ਮਿਤੀ : 01.05.2025

**ਐਚਆਈਐਲ (ਇੰਡੀਆ) ਲਿਮਟਿਡ**
**(ਭਾਰਤ ਸਰਕਾਰ ਦਾ ਉਦਮ)**
ਸਕੋਪ ਕੰਪਲੈਕਸ, ਕੋਰ-6, ਦੂਜੀ ਮੰਜ਼ਿਲ, 7 ਲੋਧੀ ਰੋਡ
ਨਵੀਂ ਦਿੱਲੀ-110003, ਵੈਬਸਾਈਟ- www.hil.gov.in
PROTECT TO PROSPER

ਵੈਬਸਾਈਟ https://hil.abcprocure.com/EPROC & CPP portal
ਰਾਹੀਂ ਆਨਲਾਈਨ ਟੈਂਡਰ ਮੰਗ ਜਾਂਦੇ ਹਨ

| ਵੇਰਵਾ | ਬਿਆਨਾ ਰਕਮ ਰੁ. |
|---|---|
| "ਬਠਿੰਡਾ ਇਕਾਈ ਤੋਂ ਰਸਾਇਣੀ ਇਕਾਈ ਤੱਕ ਵਰਤੋਂਯੋਗ ਪਲਾਂਟ ਅਤੇ ਉਪਕਰਨਾਂ ਦੀ ਪੈਕੇਜਿੰਗ, ਢੋਆ ਢੁਆਈ ਅਤੇ ਪੁਨਰ ਸਥਾਪਨਾ, ਮੁਕੰਮਲ ਪਲਾਂਟ ਦੀ ਤੋੜ ਭੰਨ" ਦੇ ਲਈ ਟੈਂਡਰ, ਈਵੈਂਟ ਆਈਡੀ ਨੰ. 57857, ਟੈਂਡਰ ਦੀ ਨਿਰਧਾਰਤ ਮਿਤੀ 22.05.2025 ਨੂੰ 14.00 ਵਜੇ ਤੱਕ। | Rs. 5,00,000/- |

ਇੱਛੁਕ ਬੋਲੀਕਾਰ ਸਾਡੀ ਵੈਬਸਾਈਟ www.hil.gov.in ਤੋਂ ਵੇਰਵੇ ਡਾਊਨਲੋਡ ਕਰ ਸਕਦੇ ਹਨ।
ਟੈਂਡਰ ਵਿਚ ਹੋਰ ਸੋਧ, ਜੇਕਰ ਕੋਈ ਹੋਵੇ, ਕੇਵਲ ਉਕਤ ਵੈਬਸਾਈਟਾਂ ਵਿਚ ਪਾਈ ਜਾਵੇਗੀ। cbc 02101/11/0002/2526

# ਬਠਿੰਡੇ 'ਚ ਅਣਪਛਾਤਾ ਜਹਾਜ਼ ਹਾਦਸਾਗ੍ਰਸਤ, ਇਕ ਨਾਗਰਿਕ ਦੀ ਮੌਤ,9 ਜ਼ਖਮੀ

ਬਠਿੰਡਾ,8 ਮਈ:(ਚ.ਨ.ਸ) ਬਠਿੰਡਾ ਦੇ ਪਿੰਡ ਆਕਲੀਆ ਖੁਰਦ ਦੇ ਖੇਤਾਂ ਵਿੱਚ ਬੀਤੇ ਦਿਨੀ ਤੜਕੇ ਕਰੀਬ; 1.30 ਵਜੇ ਅਣਪਛਾਤਾ ਜਹਾਜ਼ ਹਾਦਸਾਗ੍ਰਸਤ ਹੋ ਗਿਆ। ਇਸ ਦੌਰਾਨ ਜਹਾਜ਼ 'ਚ ਧਮਾਕਾ ਹੋਣ ਕਾਰਨ ਨੇੜੇ ਖੜ੍ਹੇ ਲੋਕ ਇਸ ਦੀ ਲਪੇਟ ਵਿੱਚ ਆ ਗਏ। ਹਾਲਾਂਕਿ ਘਟਨਾ ਸਥਾਨ 'ਤੇ ਪੁਲਿਸ ਪ੍ਰਸਾਸ਼ਨ ਨੇ ਪਹੁੰਚ ਕੇ ਮੌਕੇ ਦੀ ਸਥਿਤੀ ਨੂੰ ਸੰਭਾਲਿਆ। ਪੁਲਿਸ ਅਤੇ ਫ਼ੌਜ ਪ੍ਰਸ਼ਾਸਨ ਦੀ ਸਖ਼ਤੀ ਕਾਰਨ ਕਿਸੇ ਨੂੰ ਵੀ ਹਾਦਸੇ ਵਾਲੀ ਥਾਂ ਨੇੜੇ ਨਹੀਂ ਜਾਣ ਦਿੱਤਾ ਜਾ ਰਿਹਾ। ਇਹ ਜਹਾਜ਼ ਡਿੱਗਣ ਦੀ ਘਟਨਾ ਨੂੰ ਲੋਕਾਂ ਵੱਲੋਂ ਪਾਕਿਸਤਾਨੀ ਫੌਜੀ ਹਮਲੇ ਨਾਲ ਜੋੜ ਕੇ ਵੇਖਿਆ ਜਾ ਰਿਹਾ ਹੈ, ਪਰ ਇਸ ਬਾਰੇ ਕਿਸੇ ਤਰ੍ਹਾਂ ਦੀ ਪੁਸ਼ਟੀ ਨਹੀਂ ਹੋ ਸਕੀ ਹੈ। ਉਧਰ ਪਿੰਡ ਆਕਲੀਆ ਦੇ ਸਰਪੰਚ ਕਾਲਾ ਸਿੰਘ ਨੇ ਦੱਸਿਆ ਹੈ ਕਿ ਦੋਵੇਂ ਪਾਇਲਟ ਸੁਰੱਖਿਅਤ ਹਨ ਜਿਨ੍ਹਾਂ ਨੂੰ ਇਲਾਜ ਲਈ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ। ਲੋਕਾਂ ਨੇ ਦੱਸਿਆ ਕਿ ਬਿਸ਼ਨੰਦੀ ਪਿੰਡ ਵਿੱਚ ਵੀ ਜਹਾਜ਼ ਦਾ ਮਲਬਾ ਮਿਲਿਆ ਹੈ। ਪਿੰਡ ਦੇ ਪ੍ਰਤੱਖਦਰਸ਼ੀ ਲੋਕਾਂ ਦਾ ਕਹਿਣਾ ਹੈ ਕਿ ਰਾਤ ਵੇਲੇ ਜਹਾਜ਼ ਡਿੱਗਣ ਤੋਂ ਬਾਅਦ ਤਕਰੀਬਨ 35 ਫੁੱਟ ਉੱਚੀ ਲਾਟ ਉਪਰ ਵੱਲ ਗਈ ਤੇ ਲਗਾਤਾਰ ਅੱਧਾ ਘੰਟਾ ਧਮਾਕੇ ਹੁੰਦੇ ਰਹੇ। ਇਸ ਮੌਕੇ ਕੁੱਝ ਲੋਕ ਵੀਡੀਓ ਬਣਾਉਣ ਦੇ ਚੱਕਰ ਵਿੱਚ ਨੇੜੇ ਆ ਗਏ। ਉਨ੍ਹਾਂ ਦੱਸਿਆ ਕਿ ਐਂਬੂਲੈਂਸਾਂ ਸਮੇਤ ਥਾਣਾ ਨੇਹੀਆ ਵਾਲਾ ਦੀ ਪੁਲਿਸ ਅਤੇ ਫੌਜ ਦੇ ਅਧਿਕਾਰੀ ਤਕਰੀਬਨ 2 ਵਜੇ ਮੌਕੇ 'ਤੇ ਪੁੱਜ ਗਏ ਸਨ। ਜਾਣਕਾਰੀ ਅਨੁਸਾਰ ਮ੍ਰਿਤਕ ਦੀ ਪਛਾਣ ਗੋਵਿੰਦ ਪੁੱਤਰ ਓਮ ਪ੍ਰਕਾਸ਼ ਵਜੋਂ ਹੋਈ ਹੈ,ਜੋ ਕਿ ਹਰਿਆਣਾ ਦੇ ਚਰਖੀ ਦਾਦਰੀ ਦਾ ਰਹਿਣਾ ਵਾਲਾ ਇੱਕ ਖੇਤ ਮਜ਼ਦੂਰ ਸੀ। ਇਹ ਹਾਦਸਾ ਸਵੇਰੇ 2 ਵਜੇ ਦੇ ਕਰੀਬ ਕਣਕ ਦੇ ਖੇਤਾਂ ਵਿੱਚ ਹੋਇਆ, ਜੋ ਕਿ ਨੇੜਲੇ ਰਿਹਾਇਸ਼ੀ ਖੇਤਰ ਤੋਂ ਕਰੀਬ 500 ਮੀਟਰ ਦੂਰ ਹੈ। ਚਸ਼ਮਦੀਦਾ ਅਨੁਸਾਰ ਕਈ ਖੇਤ ਮਜ਼ਦੂਰ ਮੰਗਲਵਾਰ ਦੇਰ ਰਾਤ ਸਥਾਨਕ ਅਨਾਜ ਮੰਡੀ ਵਿੱਚ ਸਨ ਜਦੋਂ ਉਨ੍ਹਾਂ ਨੇ ਇੱਕ ਜਹਾਜ਼ ਨੂੰ ਅਸਾਧਾਰਨ ਤੌਰ 'ਤੇ ਹੇਠਾਂ ਆਉਂਦੇ ਦੇਖਿਆ ਅਤੇ ਕੁਝ ਪਲਾਂ ਬਾਅਦ ਇਹ ਖੇਤਾਂ ਵਿੱਚ ਹਾਦਸਾਗ੍ਰਸਤ ਹੋ ਗਿਆ। ਜਹਾਜ਼ ਡਿੱਗਣ ਤੋਂ ਬਾਅਦ ਜਿਵੇਂ ਹੀ ਕੁਝ ਲੋਕ ਅੱਗ ਦੇ ਮਲਬੇ ਕੋਲ ਪਹੁੰਚੇ ਤਾਂ ਇੱਕ ਧਮਾਕਾ ਹੋਇਆ,ਜਿਸ ਵਿੱਚ ਗੋਵਿੰਦ ਦੀ ਮੌਕੇ 'ਤੇ ਹੀ ਮੌਤ ਹੋ ਗਈ ਅਤੇ ਨੌਂ ਹੋਰ ਜ਼ਖਮੀ ਹੋ ਗਏ।

**ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ**
(ਰਜਿਸਟਰਡ ਦਫਤਰ : ਪੀ.ਐਸ.ਈ.ਬੀ.ਹੈਡ ਆਫਿਸ ਦੀ ਮਾਲ ਪਟਿਆਲਾ-147001)
ਕਾਰਪੋਰੇਟ ਆਈਡੈਂਟੀ ਨੰ. U 40109PB2010SGC033813
(ਵੈਬਸਾਈਟ www.pspcl.in)

ਪ੍ਰੈਸ ਨੋਟ
ਇਹ ਬਹੁਤ ਹੀ ਦੁੱਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਬਿਕਰਮਜੀਤ ਸਿੰਘ, ਜੋ ਕਿ ਉਪ ਮੰਡਲ ਅਫਸਰ, ਜੋੜਾ ਛੱਤ੍ਰਾਂ, ਡਿਵਿਜ਼ਨ ਗੁਰਦਾਸਪੁਰ (ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ) ਹੇਠਾਂ ਜੂਨੀਅਰ ਇੰਜੀਨੀਅਰ (JE) ਦੇ ਪਦ 'ਤੇ ਕਾਰਜਰਤ ਸਨ, ਹੁਣ ਇਸ ਦੁਨੀਆਂ ਵਿਚ ਨਹੀਂ ਰਹੇ। ਸਾਰੇ ਸੰਬੰਧਤ ਲੋਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਜੇਕਰ ਕੋਈ ਵਿਅਕਤੀ ਉਨ੍ਹਾਂ ਦੇ ਕਾਨੂੰਨੀ ਵਾਰਸ ਹੋਣ ਦਾ ਦਾਅਵਾ ਕਰਦਾ ਹੈ ਅਤੇ ਉਨ੍ਹਾਂ ਦੇ ਪੈਨਸ਼ਨ ਲਾਭ ਪ੍ਰਾਪਤ ਕਰਨਾ ਚਾਹੁੰਦਾ ਹੈ ਤਾਂ ਉਹ ਆਪਣੇ ਪੂਰੇ ਦਸਤਾਵੇਜ਼ ਸਮੇਤ 15 ਦਿਨਾਂ ਦੇ ਅੰਦਰ ਡਿਵਿਜ਼ਨ ਦਫਤਰ ਗੁਰਦਾਸਪੁਰ ਵਿਚ ਸੰਪਰਕ ਕਰੇ।
ਜੇਕਰ ਨਿਰਧਾਰਤ ਸਮੇਂ ਵਿਚ ਕੋਈ ਵੀ ਕਾਨੂੰਨੀ ਦਾਅਵੇਦਾਰ ਨਹੀਂ ਆਉਂਦਾ ਤਾਂ ਉਨ੍ਹਾਂ ਦੇ ਪੈਨਸ਼ਨ ਲਾਭ ਨਿਯਮਾਂ ਅਨੁਸਾਰ ਰੋਕ ਲਏ ਜਾਣਗੇ।

ਜਾਰੀ ਕਰਤਾ
ਵਧੀਕ ਨਿਗਰਾਨ ਇੰਜੀ/ਵੰਡ
ਮੰਡਲ ਗੁਰਦਾਸਪੁਰ।

C334/25
Ro No PR ADVT NO: 76155/12/4213/2023/44259/Dated CHD: 5/8/2025

**ਉੱਤਰ ਰੇਲਵੇ**
**ਈ-ਨੀਲਾਮੀ ਸੂਚਨਾ**
ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀਅਰ ਮੰਡਲ ਵਾਣਿਜਯ ਪ੍ਰਬੰਧਕ, ਉੱਤਰ ਰੇਲਵੇ, ਅੰਬਾਲਾ ਛਾਵਣੀ ਦੁਵਾਰਾ ਮੰਡਲ ਦੇ ਹੇਠਾ ਲਿਖੇ ਸਟੇਸ਼ਨਾਂ ਉਤੇ ਠੇਕੇ ਅਲਾਟਮੈਂਟ ਕਰਨ ਲਈ ਈ-ਨੀਲਾਮੀ ਰੇਲਵੇ ਵੇਬ ਸਾਈਟ www.ireps.gov.in ਦੇ ਦੁਵਾਰਾ ਤੋਂ ਬੋਲੀ ਮੰਗ ਕੀਤੀ ਜਾਂ ਰਹੀ ਹੈ। ਅਲਾਟਮੈਂਟ ਕੀਤੀ ਜਾਣ ਵਾਲੇ ਪਾਰਕਿੰਗ ਠੇਕਿਆ ਦਾ ਵੇਰਵਾ ਹੇਠਾ ਲਿਖਿਆ ਹੈ।

| ਲ. ਨੰ: | ਨੀਲਾਮੀ ਕੈਟਲਾਗ ਨੰ: | ਕੰਮ ਦਾ ਵੇਰਵਾ | ਨੀਲਾਮੀ ਮਿਤੀ ਤੇ ਸਮਾਂ |
|---|---|---|---|
| 1 | UMB-Parking0925 | ਧੂਰੀ ਰੇਲਵੇ ਸਟੇਸ਼ਨ ਉਤੇ ਕੁਲ 1536 ਵਰਗ ਮੀਟਰ ਖੇਤਰਫਲ ਦਾ ਪੂਰੀ ਪਾਰਕਿੰਗ ਜਗ੍ਹਾਂ। | 14.05.2025 12:00 |
| 2 | UMB-Parking09A25 | ਬਠਿੰਡਾ ਰੇਲਵੇ ਸਟੇਸ਼ਨ ਉਤੇ ਕੁਲ 2262.47 ਵਰਗ ਮੀਟਰ ਖੇਤਰਫਲ ਦਾ ਪੂਰੀ ਪਾਰਕਿੰਗ ਜਗ੍ਹਾਂ (ਦੂਸਰੀ ਪ੍ਰਵੇਸ਼ ਦੁਵਾਰ) | 17.05.2025 12:00 |

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 1366/25

**ASIRVAD MICRO FINANCE LTD**
CIN U65923TN2007PLC064550
9th and 10th Floor, No 9, Club House Road, Anna Salai, Chennai 600 002. Tamil Nadu.
Tel:044-42124493

### ਸੋਨੇ ਦੀ ਨਿਲਾਮੀ ਦਾ ਨੋਟਿਸ

ਖਾਸ ਤੌਰ ਤੇ, ਉਧਾਰਕਰਤਾਵਾਂ ਅਤੇ ਆਮ ਤੌਰ ਤੇ, ਜਨਤਾ ਨੂੰ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ ਹੇਠਾਂ ਦਿੱਤੇ ਖਾਤਿਆਂ ਵਿੱਚ ਗਿਰਵੀ ਰੱਖੇ ਸੋਨੇ ਦੇ ਜੇਵਰਾਂ ਦੀ ਸਮਾਜਿਕ ਨਿਲਾਮੀ ਨੂੰ 23/05/2025 ਨੂੰ ਸਵੇਰੇ 10.00 ਵਜੇ ਤੋਂ ਲੈ ਕੇ ਹੇਠਾਂ ਦਿੱਤੀਆਂ ਸ਼ਾਖਾਵਾਂ ਤੇ ਆਯੋਜਿਤ ਕੀਤੇ ਜਾਣ ਦਾ ਪ੍ਰਸਤਾਵ ਦਿੱਤਾ ਗਿਆ ਹੈ। ਨਿਲਾਮੀ ਡਿਫਾਲਟ ਹੋਏ ਗਾਹਕਾਂ ਦੇ ਸੋਨੇ ਦੇ ਜੇਵਰਾਂ ਦੀ ਹੈ ਜੋ ਪੰਜੀਕ੍ਰਿਤ ਪੱਤਰਾਂ ਦੁਆਰਾ ਸੂਚਿਤ ਕੀਤੇ ਜਾਣ ਦੇ ਬਾਵਜੂਦ ਉਨ੍ਹਾਂ ਦੀ ਲੋਨ ਦੀ ਰਕਮ ਦਾ ਭੁਗਤਾਨ ਕਰਨ ਵਿੱਚ ਵਿਫਲ ਹੋਏ ਹਨ। ਨਿਲਾਮੀ ਨਾ ਹੋਈਆਂ ਵਸਤੂਆਂ ਦੀ ਕੋਈ ਵੀ ਹੋਰ ਨੋਟਿਸ ਤੋਂ ਬਿਨਾਂ ਕਿਸੇ ਹੋਰ ਦਿਨ ਨੂੰ ਨਿਲਾਮੀ ਕੀਤੀ ਜਾਵੇਗੀ। ਸਥਾਨ ਜਾਂ ਮਿਤੀ ਵਿੱਚ ਤਬਦੀਲੀ ਨੂੰ (ਜੇ ਕੋਈ ਹੁੰਦੀ ਹੈ) ਨਿਲਾਮੀ ਦੇ ਕੇਂਦਰ ਵਿਖੇ ਅਤੇ ਕੰਪਨੀ ਦੀ ਵੈਬਸਾਈਟ ਤੇ ਦਰਸਾਇਆ ਜਾਵੇਗਾ। ਥੱਲੇ ਦਿੱਤੇ ਗਏ ਵੇਰਵੇ ਸ਼ਾਖਾ ਦਾ ਨਾਮ, ਲੋਨ ਸੰਖਿਆ ਦੇ ਕ੍ਰਮ ਵਿੱਚ ਹਨ।
ਗਿਰਵੀ ਦੇ ਸਮਾਨ ਦੀ ਸੂਚੀ:-
ਪੰਜਾਬ ਅੰਮਿਰਿਤਸਰ ਚੱਬਲ - ਜੀਐਲ 329510750000008, ਭਠਿੰਡਾ ਤਲਵੰਡੀ ਸਾਬੋ- ਜੀਐਲ 329340700001753, ਫਾਜ਼ਿਲਕਾ ਅਰਨੀਵਾਲਾ ਸ਼ੇਖ ਸੁਭਾਨ - ਜੀਐਲ 340870700000780, ਮੁਕਤਸਰ ਮਲੋਟ- ਜੀਐਲ 329080700001430, ਪਟਿਆਲਾ ਦੇਵੀਗੜ੍ਹ- ਜੀਐਲ 329810700001295, 1299,
ਉੱਪਰ ਦਿੱਤੀ ਨਿਲਾਮੀ ਵਿੱਚ ਭਾਗ ਲੈਣ ਦੇ ਇੱਛੁਕ ਵਿਅਕਤੀ ਹੇਠਾਂ ਦੀ ਪਾਲਣਾ ਕਰਨਗੇ:- ਦਿਲਚਸਪੀ ਰੱਖਣ ਵਾਲੇ ਬੋਲੀ ਲਗਾਉਣ ਵਾਲੇ ਵਿਅਕਤੀਆਂ ਨੂੰ ਨਿਲਾਮੀ ਵਾਲੇ ਦਿਨ ਨਕਦੀ ਦੇ ਜਰੀਏ ਈਐਮਡੀ (ਅਸਫਲ ਬੋਲੀ ਲਗਾਉਣ ਵਾਲੇ ਵਿਅਕਤੀਆਂ ਨੂੰ ਰਿਫੰਡ ਕਰਨ ਯੋਗ) ਵਜੋਂ ਰੁ. 10,000/- ਜਮ੍ਹਾਂ ਕਰਨੇ ਚਾਹੀਦੇ ਹਨ। ਬੋਲੀ ਲਗਾਉਣ ਵਾਲੇ ਵਿਅਕਤੀਆਂ ਨੂੰ ਵੈਧ ਆਈਡੀ ਕਾਰਡ/ਪੈਨ ਕਾਰਡ ਨਾਲ ਲਿਆਉਣਾ ਚਾਹੀਦਾ ਹੈ। ਹੋਰ ਵੇਰਵਿਆਂ ਲਈ, ਕਿਰਪਾ ਕਰਕੇ 9542500664 ਤੇ ਸੰਪਰਕ ਕਰੋ

ਅਧਿਕਾਰਤ ਅਧਿਕਾਰੀ
ਅਸ਼ੀਰਵਾਦ ਮਾਈਕ੍ਰੋ ਫਾਇਨਾਂਸ ਲਮਿਟਿਡ

**ਜਨਤਕ ਸੂਚਨਾ**
**ਸ਼੍ਰੀ ਨਵੀਨ, ਡੈਨਿਕਸ, ਸਹਾਇਕ ਅਸਟੇਟ ਅਫ਼ਸਰ, ਯੂਟੀ, ਚੰਡੀਗੜ੍ਹ**



ਵਿਸ਼ਾ:- ਸਵਰਗੀ ਮੋਹਿੰਦਰ ਕੌਰ ਦੀ ਅਣ-ਰਜਿਸਟਰਡ ਵਸੀਅਤ ਦੇ ਆਧਾਰ 'ਤੇ ਰਿਹਾਇਸ਼ੀ ਸਾਈਟ ਨੰਬਰ 3333, ਸੈਕਟਰ 19-ਡੀ, ਚੰਡੀਗੜ੍ਹ (ਆਰਪੀ 7610) ਦੇ ਸੰਬੰਧ ਵਿੱਚ 50.00% ਹਿੱਸੇ ਦੀ ਹੱਦ ਤੱਕ ਮਾਲਕੀ ਦਾ ਤਬਾਦਲਾ।
ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫ਼ਤਰ ਦੇ ਰਿਕਾਰਡ ਅਨੁਸਾਰ ਸ਼੍ਰੀ/ਸ਼੍ਰੀਮਤੀ ਮੋਹਿੰਦਰ ਕੌਰ ਰਿਹਾਇਸ਼ੀ ਸਾਈਟ ਨੰਬਰ 3333, ਸੈਕਟਰ 19-ਡੀ, ਚੰਡੀਗੜ੍ਹ ਦੇ 50.00% ਹਿੱਸੇ ਦੀ ਹੱਦ ਤੱਕ ਮਾਲਕ/ਪੱਟੇਦਾਰ ਹਨ।
ਕਮਲਜੀਤ ਸੰਧੂ ਦੁਆਰਾ ਸੂਚਿਤ ਕੀਤਾ ਗਿਆ ਹੈ ਕਿ ਸ਼੍ਰੀ/ਸ਼੍ਰੀਮਤੀ। ਮੋਹਿੰਦਰ ਕੌਰ ਦੀ ਮੌਤ 29/06/2024 ਨੂੰ ਹੋਈ ਸੀ ਅਤੇ ਉਨ੍ਹਾਂ/ਉਨ੍ਹਾਂ ਨੇ ਮ੍ਰਿਤਕ ਮਾਲਕ/ਪੱਟੇਦਾਰ ਦੇ ਹੇਠ ਲਿਖੇ ਕਾਨੂੰਨੀ ਵਾਰਸਾਂ ਨੂੰ ਵੀ ਸੂਚਿਤ ਕੀਤਾ ਹੈ:-

| ਲ. ਨੰ. | ਕਾਨੂੰਨੀ ਵਾਰਸ ਦਾ ਨਾਮ | ਮ੍ਰਿਤਕ ਨਾਲ ਸਬੰਧ |
|---|---|---|
| 1. | ਦਲਜੀਤ ਸਿੰਘ ਸੰਧੂ | ਪੁੱਤਰ |
| 2. | ਰਵਿੰਦਰ ਕੌਰ ਗੰਭੀਰ | ਪੁੱਤਰੀ |
| 3. | ਕਮਲਜੀਤ ਸੰਧੂ | ਪੁੱਤਰੀ |

ਹੁਣ, ਕਮਲਜੀਤ ਸੰਧੂ ਨੇ ਰਿਹਾਇਸ਼ੀ ਸਾਈਟ ਨੰਬਰ 3333, ਸੈਕਟਰ 19-ਡੀ, ਚੰਡੀਗੜ੍ਹ ਦੇ ਸੰਬੰਧ ਵਿੱਚ ਮਾਲਕੀ ਦੇ ਤਬਾਦਲੇ ਲਈ ਅਰਜ਼ੀ ਦਿੱਤੀ ਹੈ/ਦੇ ਦਿੱਤੀ ਹੈ, ਜੋ ਕਿ ਸਵਰਗੀ ਮੋਹਿੰਦਰ ਕੌਰ ਦੁਆਰਾ ਆਪਣੇ/ਆਪਣੇ/ਆਪਣੇ ਹੱਕ ਵਿੱਚ 16/01/2015 ਦੀ ਅਣ-ਰਜਿਸਟਰਡ ਵਸੀਅਤ ਦੇ ਆਧਾਰ 'ਤੇ ਹੈ। ਜੇਕਰ ਕਿਸੇ ਕੋਲ ਮ੍ਰਿਤਕ ਦੇ ਉਪਰੋਕਤ ਦੱਸੇ ਗਏ ਤੋਂ ਇਲਾਵਾ ਕਿਸੇ ਹੋਰ ਕਾਨੂੰਨੀ ਵਾਰਸ (ਵਾਰਸਾਂ) ਬਾਰੇ ਕੋਈ ਜਾਣਕਾਰੀ ਹੈ, ਤਾਂ ਇਸਦੀ ਸੂਚਨਾ ਤੁਰੰਤ ਅਸਟੇਟ ਅਫਸਰ, ਯੂ.ਟੀ., ਚੰਡੀਗੜ੍ਹ ਨੂੰ ਦਿੱਤੀ ਜਾ ਸਕਦੀ ਹੈ।
ਜੇਕਰ ਕਿਸੇ ਨੂੰ ਉਪਰੋਕਤ ਨਾਮਜ਼ਦ ਬਿਨੈਕਾਰਾਂ ਦੇ ਹੱਕ ਵਿੱਚ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਦੇ ਇੰਤਕਾਲ 'ਤੇ ਕੋਈ ਇਤਰਾਜ਼ ਹੈ, ਤਾਂ ਉਹ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ-ਅੰਦਰ ਹੇਠ ਹਸਤਾਖਰ ਕੀਤੇ ਗਏ ਵਿਅਕਤੀ ਦੇ ਦਫ਼ਤਰ ਵਿੱਚ ਲਿਖਤੀ ਰੂਪ ਵਿੱਚ (ਮੈਜਿਸਟ੍ਰੇਟ/ਨੋਟਰੀ ਦੁਆਰਾ ਪ੍ਰਮਾਣਿਤ ਹਲਫਨਾਮੇ ਨਾਲ ਸਮਰਥਤ) ਇਸਨੂੰ ਜਮ੍ਹਾਂ ਕਰਵਾ ਸਕਦੇ ਹਨ, ਨਹੀਂ ਤਾਂ ਉਕਤ ਜਾਇਦਾਦ ਵਿੱਚ ਉਕਤ ਹਿੱਸਾ ਉਪਰੋਕਤ ਲਾਭਪਾਤਰੀਆਂ ਦੇ ਨਾਮ 'ਤੇ ਇੰਤਕਾਲ ਕੀਤਾ ਜਾਵੇਗਾ ਅਤੇ ਬਾਅਦ ਵਿੱਚ ਕਿਸੇ ਵੀ ਪੜਾਅ 'ਤੇ ਕੋਈ ਹੋਰ ਦਾਅਵਾ ਨਹੀਂ ਕੀਤਾ ਜਾਵੇਗਾ।
**ਨਵੀਨ, ਡੈਨਿਕਸ, ਸਹਾਇਕ ਅਸਟੇਟ ਅਫਸਰ, ਅਸਟੇਟ ਅਫਸਰ, ਯੂ.ਟੀ., ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ**

**ਐਸਐਮਐਫਜੀ ਇੰਡੀਆ ਹੋਮ ਫਾਇਨਾਂਸ ਕੰਪਨੀ ਲਿਮ.**
SMFG Grihashakti — Nayi Asha. Naya Vishwas.
*(ਸਾਬਕਾ ਤੌਰ 'ਤੇ ਫੁਲਰਟਨ ਇੰਡੀਆ ਹੋਮ ਫਾਇਨਾਂਸ ਕੰਪਨੀ ਲਿਮ.)*
ਕਾਰਪੋਰੇਟ ਦਫਤਰ : 503 ਅਤੇ 504, 5ਵੀਂ ਮੰਜ਼ਿਲ, ਜੀ-ਬਲਾਕ, ਇੰਸਪਾਇਰ ਬੀਕੇਸੀ, ਬੀਕੇਸੀ ਮੁੱਖ ਸੜਕ, ਬਾਂਦਰਾ ਕੁਰਲਾ ਕੰਪਲੈਕਸ, ਬਾਂਦਰਾ (ਪੂਰਬ), ਮੁੰਬਈ-400051, ਮਹਾਰਾਸ਼ਟਰਾ
ਰਜਿ. ਦਫ਼ਤਰ : ਕਾਮਰਜ਼ੋਨ ਆਈਟੀ ਪਾਰਕ, ਟਾਵਰ ਬੀ, ਪਹਿਲੀ ਮੰਜ਼ਿਲ, ਨੰ. 111, ਮਾਊਂਟ ਪੂਨਾਮਾਲੀ ਰੋਡ, ਪੋਰੂਰ, ਚੇਨੱਈ-600116, ਤਾਮਿਲਨਾਡੂ

**ਅਚੱਲ ਸੰਪਤੀ ਦੇ ਲਈ ਕਬਜ਼ਾ ਸੂਚਨਾ**

**ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 9 (1) ਦੀ ਵਿਵਸਥਾ ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਚੱਲ ਸੰਪੱਤੀਆਂ ਦੀ ਵਿਕਰੀ ਲਈ 15 ਰੋਜ਼ਾ ਈ-ਨਿਲਾਮੀ ਵਿਕਰੀ ਸੂਚਨਾ।**
ਆਮ ਕਰਕੇ ਜਨਤਾ ਨੂੰ ਅਤੇ ਵਿਸ਼ੇਸ਼ ਕਰਕੇ ਕਰਜ਼ਦਾਰ (ਾਂ) ਅਤੇ ਜ਼ਾਮਨ (ਾਂ) ਨੂੰ ਇਸ ਦੁਆਰਾ ਸੂਚਨਾ ਦਿੱਤੀ ਜਾਂਦੀ ਹੈ ਕਿ ਸੁਰੱਖਿਅਤ ਕਰਜ਼ਦਾਤਾ ਕੋਲ ਗਿਰਵੀ/ਬੰਦੀ ਨਿਮਨ ਸੂਚੀਬੱਧ ਅਚੱਲ ਸੰਪੱਤੀਆਂ ("ਸੁਰੱਖਿਅਤ ਅਸਾਸੇ"), ਜਿਨ੍ਹਾਂ ਦਾ ਕਬਜ਼ਾ ਐਸਐਮਐਫਜੀ ਇੰਡੀਆ ਹੋਮ ਫਾਇਨਾਂਸ ਕੰਪਨੀ ਲਿਮ. *(ਸਾਬਕਾ ਤੌਰ 'ਤੇ ਫੁਲਰਟਨ ਇੰਡੀਆ ਹੋਮ ਫਾਇਨਾਂਸ ਕੰਪਨੀ ਲਿਮ.)* (ਇਥੇ ਬਾਅਦ ਵਿਚ ਐਸਐਮਐਚਐਫਸੀ ਵਜੋਂ ਸੰਦਰਭਿਤ) ("ਸੁਰੱਖਿਅਤ ਕਰਜ਼ਦਾਤਾ") ਦੇ ਅਧਿਕਾਰਤ ਅਧਿਕਾਰੀ ਵੱਲੋਂ ਲਿਆ ਗਿਆ ਹੈ, ਦੀ ਵਿਕਰੀ ਨਿਮਨ ਦਰਸਾਏ ਕਰਜ਼ਦਾਰ (ਾਂ) ਅਤੇ ਜ਼ਾਮਨ (ਾਂ) ਤੋਂ ਐਸਐਮਐਚਐਫਸੀ ਸੁਰੱਖਿਅਤ ਕਰਜ਼ਦਾਤਾ ਵੱਲ ਬਕਾਇਆ ਰਕਮ ਦੀ ਵਸੂਲੀ ਦੀ ਮਿਤੀ ਤੱਕ ਨਿਮਨ ਦਰਸਾਈ ਬਕਾਇਆ ਰਕਮ ਅਤੇ ਅਗਲੇਰੇ ਵਿਆਜ ਅਤੇ ਹੋਰ ਖਰਚਿਆਂ ਦੀ ਵਸੂਲੀ ਲਈ ਨਿਮਨ ਦਰਸਾਈ ਮਿਤੀ ਅਤੇ ਸਮੇਂ ਨੂੰ "ਜਿਵੇਂ ਹੈ ਜਿਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਜੋ ਵੀ ਉਥੇ ਹੈ" 'ਤੇ ਕੀਤੀ ਜਾਵੇਗੀ।

| ਲ. ਨੰ. | ਕਰਜ਼ਦਾਰ(ਾਂ)/ਜ਼ਾਮਨ (ਾਂ) ਦਾ ਨਾਮ ਕਰਜ਼ ਖਾਤਾ ਨੰਬਰ | ਸੰਪੱਤੀਆਂ ਦੇ ਵੇਰਵੇ | ਰਾਖਵੀਂ ਕੀਮਤ (ਰੁ. 'ਚ) / ਬਿਆਨਾ ਰਕਮ ਜਮ੍ਹਾਂ (ਰੁ. 'ਚ) | ਈ-ਨਿਲਾਮੀ ਦੀ ਮਿਤੀ ਅਤੇ ਸਮਾਂ | ਬਿਆਨਾ ਰਕਮ ਜਮ੍ਹਾਂ ਕਰਨ ਦੀ ਮਿਤੀ |
|---|---|---|---|---|---|
| 1. | Lan No. 610239211369260 1.ਰਣਜੀਤ ਸਿੰਘ 2. ਮਨਜੀਤ ਕੌਰ | ਖੇਵਟ ਖਤੌਨੀ ਨੰਬਰ 56/96, ਖਸਰਾ ਨੰਬਰ 109//7(8-0), 8/1(6-1), ਪਤੰਗ 2 ਵਿੱਚ ਸ਼ਾਮਲ ਕੁੱਲ ਰਕਬਾ 14 ਕਨਾਲ 1 ਮਰਲਾ ਜਿਸ ਵਿੱਚੋਂ 22/1 22/1405 ਹਿੱਸਾ ਭਾਵ 0-4.2/5 ਮਰਲੇ ਭਾਵ 132 ਵਰਗ ਗਜ਼ ਹੇਠ ਲਿਖੇ ਅਨੁਸਾਰ ਘਰ ਨਿਊ ਸਰਾਏਂ ਪੱਟੀ, ਕਾਹਨਗੜ੍ਹ, ਤਹਿਸੀਲ ਸਮਾਣਾ ਜ਼ਿਲ੍ਹਾ ਪਟਿਆਲਾ ਵਿਖੇ ਸਥਿਤ ਖੇਤਰਫਲ 0-4.2/5 ਮਰਲੇ ਭਾਵ 132 ਵਰਗ ਫੁੱਟ। ਹੱਦਬੰਦੀ :- ਪੂਰਬ:- ਸੜਕ ਵਾਲਾ ਪਾਸਾ 22 ਪੱਛਮ:- ਖੇਤੀਬਾੜੀ ਵਾਲੀ ਜ਼ਮੀਨ ਵਾਲਾ ਪਾਸਾ 22' ਉੱਤਰ:- ਖਾਲੀ ਪਲਾਟ ਵਾਲਾ ਪਾਸਾ 54' ਦੱਖਣ:- ਖਾਲੀ ਪਲਾਟ ਵਾਲਾ ਪਾਸਾ 54' | Rs. 12,80,000/- / Rs. 1,28,000/- | 28.05.2025 at 11.00 AM to 01.00 PM | 27.05.2025 |
| 2. | Lan No. 609939511220865 1. ਸਤਨਾਮ ਸਿੰਘ 2. ਬਿੰਦਰ ਕੌਰ ਪਤਨੀ ਸਤਨਾਮ ਸਿੰਘ | ਲਹਿਰਾ ਧੂਰਕੋਟ ਤਹਿਸੀਲ ਨਥਾਣਾ ਜ਼ਿਲ੍ਹਾ ਬਠਿੰਡਾ ਦੀਆਂ ਮਾਲੀਆ ਸੀਮਾਵਾਂ ਦੇ ਅੰਦਰ ਸਥਿਤ ਜ਼ਮੀਨ ਦਾ ਮਾਪ 06 ਮਰਲੇ 07 ਸਰਸਾਹੀ ਜਿਸ ਵਿੱਚ ਜ਼ਮੀਨ ਦਾ ਮਾਪ 00 ਕਨਾਲ 5 1/2 ਮਰਲੇ ਸ਼ਾਮਲ ਹਨ ਜੋ ਕਿ ਜ਼ਮੀਨ ਦੇ ਮਾਪ ਦਾ 11/108 ਹਿੱਸਾ ਹੈ 02 ਕਨਾਲ 14 ਮਰਲੇ ਖਸਰਾ ਨੰਬਰ 14//16/1/1/2 ਵਿੱਚ ਸ਼ਾਮਲ ਹਨ। (2-2), 14//16/1/2/1 ਮਿੰਟ (0-12) ਖੇਵਟ/ਖਤੌਨੀ ਨੰ. 354/533 ਅਤੇ ਜ਼ਮੀਨ ਦਾ ਮਾਪ 01 ਮਰਲੇ 02 ਸਰਸਾਹੀ ਜੋ ਕਿ 00 ਕਨਾਲ 12 ਮਰਲੇ ਜ਼ਮੀਨ ਦਾ 11/108 ਹਿੱਸਾ ਹੈ, ਜੋ ਕਿ ਖਸਰਾ ਨੰ. 14//16/2/1/1 (0-2), 14//16/2/2 (0-10) ਖੇਵਟ/ਖਤੌਨੀ ਨੰ. 646/959 ਵਿੱਚ ਸਾਲ 2014-2015 ਲਈ ਪ੍ਰਤੀ ਜਮ੍ਹਾਂਬੰਦੀ ਦੇ ਤੌਰ 'ਤੇ ਸ਼ਾਮਲ ਹੈ। ਹੇਠ ਲਿਖੇ ਅਨੁਸਾਰ ਹੱਦਬੰਦੀ:- ਪੂਰਬ:-27; ਘਰ, ਪੱਛਮ:-27; ਗਲੀ, ਉੱਤਰ:-66; ਖਾਲੀ ਪਲਾਟ, ਦੱਖਣ:-66; ਖਾਲੀ ਪਲਾਟ। | Rs. 11,50,000/- / Rs. 1,15,000/- | 28.05.2025 at 11.00 AM to 01.00 PM | 27.05.2025 |

ਵਿਕਰੀ ਦੇ ਵਿਸਥਾਰਤ ਨਿਯਮ ਅਤੇ ਸ਼ਰਤਾਂ ਨਿਮਨ ਦਰਸਾਏ ਅਨੁਸਾਰ ਹਨ ਅਤੇ ਵੇਰਵੇ ਨਿਮਨਲਿਖਤ ਲਿੰਕ/ਵੈਬਸਾਈਟ ਪਤੇ (**https://disposalhub.com and https://www.grihashakti.com/pdf/E-Auction.pdf**) 'ਤੇ ਸਾਡੀ/ਸੁਰੱਖਿਅਤ ਕਰਜ਼ਦਾਤਾ ਦੀ ਵੈਬਸਾਈਟ ਵਿਚ ਵੀ ਵਿਵਸਥਿਤ ਹਨ। ਇੱਛੁਕ ਬੋਲੀਕਾਰ **ਸ੍ਰੀ ਹਨੂਵੰਤ ਸਿੰਘ**, ਅਧਿਕਾਰਤ ਵਿਅਕਤੀ ਦਾ ਨਾਮ, ਮੋਬ. ਨੰ. 9988898312, ਈ-ਮੇਲ : **Hanuwant.Singh@grihashakti.com** ਅਤੇ ਸ੍ਰੀ ਨਿਲੋਏ ਡੇਅ,ਨੂੰ ਉਨ੍ਹਾਂ ਦੇ ਮੋਬ. ਨੰ. 9920697801, ਈ-ਮੇਲ : **Niloy.Dey@grihashakti.com** 'ਤੇ ਵੀ ਸੰਪਰਕ ਕਰ ਸਕਦੇ ਹਨ।

ਸਹੀ/-
ਸਥਾਨ : ਪਟਿਆਲਾ/ਬਠਿੰਡਾ ਪੰਜਾਬ
ਮਿਤੀ : 07.05.2025
ਅਧਿਕਾਰਤ ਅਧਿਕਾਰੀ, ਐਸਐਮਐਫਜੀ ਇੰਡੀਆ ਹੋਮ ਫਾਇਨਾਂਸ ਕੰਪਨੀ ਲਿਮਟਿਡ
*(ਸਾਬਕਾ ਤੌਰ 'ਤੇ ਫੁਲਰਟਨ ਇੰਡੀਆ ਹੋਮ ਫਾਇਨਾਂਸ ਕੰਪਨੀ ਲਿਮਟਿਡ)*

**ਬੈਂਕ ਆਫ਼ ਮਹਾਰਾਸ਼ਟਰਾ Bank of Maharashtra**
भारत सरकार का उद्यम
*एक परिवार एक बैंक*
ਜ਼ੋਨਲ ਦਫ਼ਤਰ :- ਪਹਿਲੀ ਮੰਜ਼ਿਲ, ਜੈ ਕਰਤਾਰ ਭਵਨ, ਨੇੜੇ ਸਰਕਟ ਹਾਊਸ, ਫਿਰੋਜ਼ਪੁਰ ਰੋਡ, ਲੁਧਿਆਣਾ-141001, ਫੋਨ : 0161-2495472
ਈ-ਮੇਲ : recovery_ldh@mahabank.co.in, legal_ldh@mahabank.co.in
ਮੁੱਖ ਦਫ਼ਤਰ : 'ਲੋਕਮੰਗਲ', 1501 ਸ਼ਿਵਾਜੀਨਗਰ, ਪੁਣੇ 411005

### ਸੰਕੇਤਕ ਕਬਜ਼ਾ ਸੂਚਨਾ (ਅਚੱਲ ਸੰਪੱਤੀ ਲਈ)

ਜਿਥੇ ਕਿ, ਬੈਂਕ ਆਫ਼ ਮਹਾਰਾਸ਼ਟਰਾ ਦੇ ਅਧਿਕਾਰਤ ਅਧਿਕਾਰੀ ਵਜੋਂ ਨਿਮਨ ਹਸਤਾਖਰੀ ਨੇ ਵਿੱਤੀ ਸੰਪਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 ਨਾਲ ਪੜ੍ਹੀ ਜਾਣ ਵਾਲੀ ਧਾਰਾ 13 ਦੀ ਉਪ-ਧਾਰਾ (12) ਦੇ ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਕਰਜ਼ਦਾਰ/ਜ਼ਾਮਨ ਨੂੰ ਪੁਨਰ ਭੁਗਤਾਨ ਲਈ ਸੱਦੇ ਦਿੰਦੇ ਹੋਏ ਮੰਗ ਸੂਚਨਾ ਜਾਰੀ ਕੀਤੀ ਸੀ। ਸੂਚਨਾ ਪੰਜੀਕ੍ਰਿਤ ਏਡੀ ਡਾਕ/ਕੁਰੀਅਰ ਰਾਹੀਂ ਭੇਜੀ ਗਈ ਸੀ।
ਕਰਜ਼ਦਾਰ ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ ਕਰਜ਼ਦਾਰ ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖਰੀ ਨੇ ਕਰਜ਼ਦਾਰਾਂ ਕੋਲ ਦਰਸਾਏ ਅਨੁਸਾਰ ਸਬੰਧਤ ਦਿਨਾਂ ਨੂੰ ਦਰਸਾਈ ਨਿਯਮਾਂਵਲੀ ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਦਰਸਾਏ ਕਾਨੂੰਨ ਦੀ ਧਾਰਾ 13 (4) ਅਧੀਨ ਉਨ੍ਹਾਂ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ/ਆਂ ਦਾ **ਸੰਕੇਤਕ ਕਬਜ਼ਾ** ਲੈ ਲਿਆ ਹੈ।
ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਇਸ ਰਾਹੀਂ ਚਿਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ/ਆਂ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ/ਆਂ ਦੀ ਕੋਈ ਵੀ ਸੌਦੇਬਾਜ਼ੀ ਨਿਮਨ ਦਰਸਾਈ ਰਕਮ ਦੇ ਲਈ **ਬੈਂਕ ਆਫ਼ ਮਹਾਰਾਸ਼ਟਰਾ** ਦੇ ਚਾਰਜ ਨਾਲ ਸਬੰਧਤ ਹੋਵੇਗੀ।
***ਕਰਜ਼ਦਾਰ ਦਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸੰਬੰਧ ਵਿਚ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।***

| ਸ਼ਾਖਾ ਅਤੇ ਕਰਜ਼ਦਾਰ(ਾਂ)/ਜ਼ਾਮਨ (ਾਂ) ਦਾ ਨਾਮ | ਅਚੱਲ ਸੰਪੱਤੀ/ਆਂ ਦੇ ਵੇਰਵੇ | ਮੰਗ ਸੂਚਨਾ/ ਕਬਜ਼ੇ ਦਾ ਸਰੂਪ ਅਤੇ ਮਿਤੀ | ਬਕਾਇਆ ਰਕਮ ਜਮ੍ਹਾਂ ਵਿਆਜ ਅਤੇ ਹੋਰ ਖਰਚੇ |
|---|---|---|---|
| ਬੀ/ਓ:- ਲੁਧਿਆਣਾ ਮੁੱਖ ਸ਼ਾਖਾ. ਕਰਜ਼ਦਾਰ :- (1) ਸ੍ਰੀ ਰਾਜੀਵ ਜੈਨ ਪੁੱਤਰ ਰਾਕੇਸ਼ ਜੈਨ, ਪਤਾ:- ਐਮਸੀ ਨੰਬਰ ਬੀ-2-1924/8/2031/ਐਚ-1, ਗਲੀ ਨੰ. ਲਿਮਟਿਡ 1, ਆਬਾਦੀ ਗਾਂਧੀ ਨਗਰ, ਸ਼ਿਵਪੁਰੀ, ਲੁਧਿਆਣਾ 141208 (2) ਸ਼੍ਰੀਮਤੀ ਪ੍ਰਿਯੰਕਾ ਜੈਨ ਪਤਨੀ ਰਾਜੀਵ ਜੈਨ, ਪਤਾ:- ਮਕਾਨ ਨੰ. 1041/3/2, ਗਲੀ ਨੰ. 5, ਵਾਰਡ ਨੰ. 22, ਬਾਲ ਸਿੰਘ ਨਗਰ, ਲੁਧਿਆਣਾ, ਬਸਤੀ ਜੋਧੇਵਾਲ, ਪੰਜਾਬ - 141007 (3) ਮੈਸ. ਰਾਜੀਵ ਓਸਵਾਲ ਹੌਜ਼ਰੀ, ਪ੍ਰੋ. ਰਾਜੀਵ ਜੈਨ, ਪਤਾ:- ਐਮਸੀ ਨੰ. ਬੀ-2-1924/8/8/20, ਗਾਂਧੀ ਨੰ. ਸ਼ਿਵਪੁਰੀ, ਲੁਧਿਆਣਾ - 141208 | ਗਲੀ ਨੰਬਰ 1, ਅਬਾਦੀ ਗਾਂਧੀ ਨਗਰ, ਵਾਕੀਆ ਮੌਜਾ, ਪਿੰਡ ਤਰਫਲ ਸੇਖਵਾਲ ਵਿਖੇ ਸਥਿਤ 119.00 ਵਰਗ ਗਜ਼ ਦੇ ਮਕਾਨ ਦਾ ਬਰਾਬਰ ਗਿਰਵੀਨਾਮਾ, ਐਮਸੀ ਨੰਬਰ ਬੀ-2-1924/8/2031/8-1। ਇਸ ਤਰ੍ਹਾਂ ਹੱਦਬੰਦੀ:- ਉੱਤਰ: ਸੁਦੇਸ਼ ਕੁਮਾਰ 21'; ਪੂਰਬ: ਗੁਰਮੀਤ ਕੌਰ 51'; ਪੱਛਮ: ਚਰਨਜੀਤ 51'; ਦੱਖਣ: ਗਲੀ 20' ਚੌੜੀ। CERSAI ਆਈਡੀ: 200054432059 | 27.02.2025 / ਸੰਕੇਤਕ 06.05.2025 | Rs. 54,16,538/- 27.02.2025 ਤੋਂ ਪ੍ਰਭਾਵੀ ਲਾਗੂ ਅਨੁਸਾਰ ਜਮ੍ਹਾਂ ਗੈਰਲਾਗੂ ਵਿਆਜ, ਖਰਚੇ ਅਤੇ ਹੋਰ ਫੀਸਾਂ। |

ਮਿਤੀ : 08.05.2025 ਸਥਾਨ : ਲੁਧਿਆਣਾ ਅਧਿਕਾਰਤ ਅਧਿਕਾਰੀ

**ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ**
**ਪੰਜਾਬ ਐਂਡ ਸਿੰਧ ਬੈਂਕ** (ਭਾਰਤ ਸਰਕਾਰ ਦਾ ਅਦਾਰਾ)
ਸ਼ਾਖਾ ਦਫ਼ਤਰ : ਮਾਡਲ ਟਾਊਨ ਬਠਿੰਡਾ

**ਕਬਜ਼ਾ ਸੂਚਨਾ** [ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8(1) ਦੇ ਅਧੀਨ]

ਜਿਥੇ ਕਿ, ਨਿਮਨ ਹਸਤਾਖਰੀ ਨੇ **ਪੰਜਾਬ ਐਂਡ ਸਿੰਧ ਬੈਂਕ** ਦੇ ਅਧਿਕਾਰਤ ਅਧਿਕਾਰੀ ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 (2002 ਦਾ ਐਕਟ ਨੰ. 54) ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਸਬੰਧਤ ਮੰਗ ਸੂਚਨਾ ਵਿਚ ਦਰਸਾਈ ਰਕਮ ਨੂੰ ਅਦਾ ਕਰਨ ਦੇ ਲਈ ਕਰਜ਼ਦਾਰ(ਾਂ)/ਜ਼ਾਮਨ (ਾਂ) ਨੂੰ ਸੱਦਾ ਦਿੰਦੇ ਹੋਏ ਨਿਮਨ ਦਰਸਾਈ ਮਿਤੀ ਨੂੰ ਕਰਜ਼ਦਾਰ(ਾਂ)/ਜ਼ਾਮਨ (ਾਂ) ਨੂੰ **ਮੰਗ ਸੂਚਨਾ** ਜਾਰੀ ਕੀਤੀ ਸੀ।
ਕਰਜ਼ਦਾਰ(ਾਂ)/ਜ਼ਾਮਨ (ਾਂ) ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ ਕਰਜ਼ਦਾਰ(ਾਂ)/ਜ਼ਾਮਨ (ਾਂ) ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਸ ਦੁਆਰਾ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖਰੀ ਨੇ ਨਿਮਨ ਖਾਤਿਆਂ ਅਧੀਨ ਦਰਸਾਈ ਮਿਤੀ ਨੂੰ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 13 ਦੀ ਉਪ ਧਾਰਾ (4) ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈਆਂ ਸੰਪੱਤੀਆਂ ਦਾ **ਕਬਜ਼ਾ** ਲੈ ਲਿਆ ਹੈ।
ਕਰਜ਼ਦਾਰ(ਾਂ)/ਜ਼ਾਮਨ (ਾਂ) ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ/ਸੰਪੱਤੀਆਂ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀਆਂ ਦੀ ਕੋਈ ਵੀ ਸੌਦੇਬਾਜ਼ੀ ਵਸੂਲ ਹੋਈ ਰਕਮ, ਜੇਕਰ ਕੋਈ ਹੈ, ਮਨਫੀ ਕਰਕੇ ਹੋਰ ਫੀਸਾਂ/ਖਰਚਿਆਂ, ਲਾਗਤਾਂ ਸਮੇਤ ਰਕਮ ਦੇ ਲਈ **ਪੰਜਾਬ ਐਂਡ ਸਿੰਧ ਬੈਂਕ** ਦੇ ਚਾਰਜ ਨਾਲ ਸਬੰਧਤ ਹੋਵੇਗੀ।
ਕਰਜ਼ਦਾਰ/ਜ਼ਾਮਨਾਂ ਦਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸਬੰਧ ਵਿੱਚ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (8) ਦੀ ਵਿਵਸਥਾ ਵੱਲ ਦੁਆਇਆ ਜਾਂਦਾ ਹੈ।

| ਕਰਜ਼ਦਾਰ(ਾਂ)/ਜ਼ਾਮਨ(ਾਂ) ਦਾ ਨਾਮ | ਚੱਲ/ਅਚੱਲ ਸੰਪੱਤੀਆਂ ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ | ਕਬਜ਼ਾ ਸੂਚਨਾ ਦੀ ਮਿਤੀ | ਬਕਾਇਆ ਰਕਮ |
|---|---|---|---|---|
| ਮੈਸ. ਬਾਂਕੇ ਬਿਹਾਰੀ ਇੰਡਸਟ੍ਰੀਜ਼ (ਪ੍ਰੋਪ. ਸਤੀਸ਼ ਕੁਮਾਰ) | ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ, 00 ਕਨਾਲ 09 ਮਰਲੇ ਮਾਪ, ਭਾਵ 155 ਕਨਾਲ 08 ਮਰਲੇ ਮਾਪ ਵਾਲੀ ਜ਼ਮੀਨ ਦਾ 9/3108 ਹਿੱਸਾ, ਖਸਰਾ ਨੰਬਰ 335 ਮਿਨ (13-18), 336 ਮਿਨ(4-3), 338 ਮਿਨ (13-00), 339 ਮਿਨ (8-0), 340 ਮਿਨ (10-5), 338 ਮਿਨ (4-10), 340 ਮਿਨ (10-0), 334 ਮਿਨ (17-10), 336 ਮਿਨ (16-14), 337 ਮਿਨ (6-12), 338 ਮਿਨ (10-0)334 ਮਿਨ (17-14), 335 ਮਿਨ (11-2), 339 ਮਿਨ(12-0), ਖਾਤਾ ਨੰਬਰ 403/1165-1168 ਵਿੱਚ ਸ਼ਾਮਲ ਹੈ। ਇਹ ਪਿੰਡ ਸਿਬੀਆਂ ਤਹਿਸੀਲ ਅਤੇ ਜ਼ਿਲ੍ਹਾ ਬਠਿੰਡਾ ਦੀਆਂ ਮਾਲੀਆ ਸੀਮਾਵਾਂ ਦੇ ਅੰਦਰ ਸਥਿਤ ਹੈ। ਵਿਕਰੀ ਡੀਡ ਨੰਬਰ 7527 ਮਿਤੀ 04.10.2011 ਦੁਆਰਾ। ਉੱਤਰ ਵੱਲ:- 30'-0" ਗਲੀ 25' ਚੌੜੀ ਦੱਖਣ ਵੱਲ:-30'-0" ਖਾਲੀ ਜ਼ਮੀਨ, ਪੂਰਬ ਵੱਲ:-81'-6" ਖਾਲੀ ਜ਼ਮੀਨ, ਪੱਛਮ ਵੱਲ:- 81'-6" ਖਾਲੀ ਜ਼ਮੀਨ | 18.02.2025 | 06.05.2025 | ਰੁ. 12,33,906.80 (ਸੀਸੀ ਲਿਮਟ) ਅਤੇ ਰੁ. 2,70,574.16 (ਮਿਆਦੀ ਕਰਜ਼) ਅਤੇ ਉਸ 'ਤੇ ਵਿਆਜ |

ਮਿਤੀ : 09.05.2025 ਸਥਾਨ : ਮਾਡਲ ਟਾਊਨ ਬਠਿੰਡਾ ਅਧਿਕਾਰਤ ਅਧਿਕਾਰੀ

**ਬੈਂਕ ਆਫ ਬੜੌਦਾ Bank of Baroda**
**ਪਹਿਲੀ ਮੰਜ਼ਿਲ, ਦਸ਼ਮੇਸ਼ ਬਿਲਡਿੰਗ, ਨਿਊ ਲਾਜਪਤ ਨਗਰ, ਨਾਲ ਲਗਦੇ ਅਪਰ ਹਾਊਸ, ਪੱਖੋਵਾਲ ਰੋਡ, ਲੁਧਿਆਣਾ**

**ਮੰਗ ਸੂਚਨਾ (ਸਰਫਾਇਸੀ ਐਕਟ, 2002 ਦੀ ਧਾਰਾ 13 ਦੀ ਉਪ ਧਾਰਾ (2) ਦੇ ਅਧੀਨ)**
ਨਿਮਨ ਦਰਸਾਏ ਕਰਜ਼ਦਾਰ/ਜ਼ਾਮਨਾਂ/ਸਹਿ-ਦੇਣਦਾਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਖਾਤੇ ਅਧੀਨ ਨਿਮਨ ਦਰਸਾਏ ਵੇਰਵਿਆਂ ਅਨੁਸਾਰ ਉਨ੍ਹਾਂ ਵੱਲੋਂ ਪ੍ਰਾਪਤ ਕਰਜ਼ੇ ਐਨਪੀਏ ਬਣ ਚੁੱਕੇ ਹਨ। ਕੁਰੀਅਰ/ਪੰਜੀਕ੍ਰਿਤ ਏਡੀ ਡਾਕ ਰਾਹੀਂ ਉਨ੍ਹਾਂ ਨੂੰ ਸਰਫਾਇਸੀ ਐਕਟ 2002 ਦੀ ਧਾਰਾ 13 (2) ਅਧੀਨ ਭੇਜੀ ਗਈ ਮੰਗ ਸੂਚਨਾ ਅਣ ਸੌਂਪੀ/ਬਿਨਾਂ ਪ੍ਰਾਪਤ ਕੀਤੇ ਪਰਤ ਆਈ ਹੈ।

| ਕਰਜ਼ਦਾਰਾਂ/ ਜ਼ਾਮਨਾਂ/ ਗਿਰਵੀਕਾਰ (ਾਂ) ਦਾ ਨਾਮ | ਸੰਪੱਤੀਆਂ ਦੇ ਵੇਰਵੇ | ਐਨਪੀਏ ਦੀ ਮਿਤੀ | ਮੰਗ ਸੂਚਨਾ ਦੀ ਮਿਤੀ | ਬਕਾਇਆ ਰਕਮ |
|---|---|---|---|---|
| (1) ਸ਼੍ਰੀ ਮੰਗਲ ਮਲਹੋਤਰਾ ਪੁੱਤਰ ਸ੍ਰੀ ਬਹਾਦਰ ਮਲਹੋਤਰਾ (ਬਿਨੈਕਾਰ), ਪਤਾ- ਬੀ-1-810/17 ਪ੍ਰੇਮ ਨਗਰ ਸਿਵਲ ਲਾਈਨ ਲੁਧਿਆਣਾ ਪੰਜਾਬ 141001 (2) ਪੂਨਮ ਮਲਹੋਤਰਾ ਪਤਨੀ ਸ਼੍ਰੀ ਮੰਗਲ ਮਲਹੋਤਰਾ (ਸਹਿ-ਬਿਨੈਕਾਰ) ਪਤਾ- ਬੀ-1-810/17 ਪ੍ਰੇਮ ਨਗਰ ਸਿਵਲ ਲਾਈਨ ਲੁਧਿਆਣਾ ਪੰਜਾਬ 141001 (3) ਸ਼੍ਰੀ ਕੇਸ਼ਵ ਮਲਹੋਤਰਾ ਪੁੱਤਰ ਸ਼੍ਰੀ ਮੰਗਲ ਮਲਹੋਤਰਾ (ਜ਼ਾਮਨ), ਪਤਾ: - ਬੀ-1-810/17 ਪ੍ਰੇਮ ਨਗਰ ਸਿਵਲ ਲਾਈਨ ਲੁਧਿਆਣਾ ਪੰਜਾਬ 141001 | ਪਿੰਡ ਪੀਰੂ ਬੰਦਾ, ਹੱਦਬਸਤ ਨੰਬਰ 167 ਆਬਾਦੀ ਪ੍ਰੀਤਮ ਨਗਰ ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਦੀ ਸਾਲ 2011-12 ਦੀ ਜਮਾਂਬੰਦੀ ਅਨੁਸਾਰ ਖਾਤਾ ਨੰਬਰ 2906/3421 ਤੋਂ 3521 ਤੱਕ ਪਲਾਟ ਨੰਬਰ 22 ਮਿੰਟ, 23 ਮਿੰਟ, ਰਕਬਾ 70 ਵਰਗ ਗਜ਼ ਵਾਲੀ ਰਿਹਾਇਸ਼ੀ ਜਾਇਦਾਦ ਦਾ ਬਰਾਬਰ ਗਿਰਵੀਨਾਮਾ, ਜਿਸਦੀ ਹੱਦ ਹੇਠ ਲਿਖੇ ਅਨੁਸਾਰ ਹੈ: ਪੂਰਬ:- ਗੁਆਂਢ 15'-0", ਪੱਛਮ:- ਗਲੀ ਚੌੜੀ 20', 15'-2", ਉੱਤਰ- ਪਲਾਟ ਨੰਬਰ 23 ਮਿਨ, 42'-0", ਦੱਖਣ- ਪਲਾਟ ਨੰਬਰ 22 ਮਿਨ, 42'-0" ਸ਼੍ਰੀ ਮੰਗਲ ਮਲਹੋਤਰਾ ਦੇ ਨਾਮ 'ਤੇ ਰਜਿਸਟਰਡ, ਵਾਸਿਕਾ ਨੰਬਰ 3675 ਮਿਤੀ 13.05.2016 ਨੂੰ ਸੇਲ ਡੀਡ ਦੇ ਅਨੁਸਾਰ। | 29/01/2025 | 02/05/2025 | Rs 6,21,409.71/- ਅਤੇ ਹੋਰ ਵਿਆਜ |
| (1) ਮੈਸਰਜ ਦੀਪ ਗਾਰਮੈਂਟਸ, ਮਾਲਕ- ਸ੍ਰੀ ਦੀਪ ਲਾਲ ਮਹਿਤੋ, ਗਲੀ ਨੰ. 01, ਕੁਲਦੀਪ ਨਗਰ ਬਸਤੀ ਜੋਧੇਵਾਲ ਲੁਧਿਆਣਾ ਪੰਜਾਬ 141007 | ਸਟਾਕ ਅਤੇ ਬਹੀ ਖਾਤਿਆਂ ਦੀ ਹਾਈਪੋਥੀਕੇਸ਼ਨ | 22/04/2025 | 30/04/2025 | Rs 25,87,368.06/- ਅਤੇ ਹੋਰ ਵਿਆਜ |

ਹੁਣ ਇਸ ਪ੍ਰਕਾਸ਼ਨ ਦੇ ਮਾਧਿਅਮ ਦੁਆਰਾ ਸੁਰੱਖਿਅਣ ਕਾਨੂੰਨ 2002 ਦੀ ਵਿਵਸਥਾ ਅਨੁਸਾਰ ਸੁਰੱਖਿਅਤ ਕਰਜ਼ਦਾਤਾ (ਬੈਂਕ) ਦੇ ਅਧਿਕਾਰਤ ਅਧਿਕਾਰੀ ਵਜੋਂ ਆਪਣੀ ਸਮਰਥਾ ਵਿਚ ਨਿਮਨ ਹਸਤਾਖ਼ਰੀ ਦੁਆਰਾ ਇਸ ਸੂਚਨਾ ਦੇ ਪ੍ਰਕਾਸ਼ਨ ਦੀ ਮਿਤੀ ਤੋਂ 60 ਦਿਨਾਂ ਦੀ ਮਿਆਦ ਦੇ ਅੰਦਰ ਲਾਗੂ ਅਨੁਸਾਰ ਭਾਵੀ ਵਿਆਜ ਅਤੇ ਖਰਚਿਆਂ/ਫੀਸਾਂ ਸਮੇਤ ਬਕਾਇਆ ਦੇਣਦਾਰੀ ਦੀ ਰਕਮ ਨੂੰ ਅਦਾ ਕਰਨ ਲਈ ਸੱਦਾ ਦਿੱਤਾ ਜਾਂਦਾ ਹੈ, ਜਿਸ ਤੋਂ ਅਸਫਲ ਰਹਿਣ 'ਤੇ ਸੁਰੱਖਿਅਤ ਕਰਜ਼ਦਾਤਾ ਦਰਸਾਏ ਅਧਿਆਦੇਸ਼ ਦੀ ਧਾਰਾ 13 ਦੀ ਉਪ ਧਾਰਾ (2) ਅਤੇ ਹੋਰ ਲਾਗੂ ਵਿਵਸਥਾਵਾਂ ਦੇ ਅਧੀਨ ਵਿਸਥਾਰਤ ਅਨੁਸਾਰ ਕਿਸੇ ਵੀ ਜਾਂ ਸਾਰੇ ਅਧਿਕਾਰਾਂ ਦੀ ਵਰਤੋਂ ਕਰਨਗੇ। ਤੁਹਾਨੂੰ ਇਹ ਵੀ ਸੂਚਨਾ ਦਿੱਤੀ ਜਾਂਦੀ ਹੈ ਕਿ ਦਰਸਾਏ ਕਾਨੂੰਨ ਦੀ ਧਾਰਾ 13 ਦੇ ਸਬੰਧ ਵਿਚ ਤੁਸੀਂ ਬੈਂਕ ਦੀ ਲਿਖਤੀ ਪ੍ਰਵਾਨਗੀ ਪ੍ਰਾਪਤ ਕੀਤੇ ਬਿਨਾਂ ਦਰਸਾਈਆਂ ਸੁਰੱਖਿਅਤ ਸੰਪੱਤੀਆਂ ਦੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਮਾਧਿਅਮ ਦੁਆਰਾ ਤਬਾਦਲਾ ਨਹੀਂ ਕਰੋਗੇ। ਬੈਂਕ ਕੋਲ ਉਹ ਦੇਣਦਾਰੀ ਅਦਾ ਕਰਨ ਲਈ ਤੁਹਾਨੂੰ ਸੱਦਾ ਦੇਣ ਦੇ ਇਸ ਦੇ ਅਧਿਕਾਰ ਰਾਖਵੇਂ ਹਨ, ਜੋ ਬਕਾਇਆ ਛੋਟ ਪ੍ਰਾਪਤ ਬਿਲਾਂ, ਬੈਂਕ ਗਰੰਟੀਆਂ ਅਤੇ ਜਾਰੀ ਲੈਟਰ ਆਫ ਕ੍ਰੈਡਿਟ ਦੇ ਅਧੀਨ ਪੈਦਾ ਹੋਈ ਹੋਵੇ ਅਤੇ ਅਚਨਚੇਤ ਦੇਣਦਾਰੀਆਂ ਦੇ ਨਾਲ ਨਾਲ ਤੁਹਾਡੇ ਵੱਲ ਖੜ੍ਹੀ ਹੋਵੇ। ਇਹ ਸੂਚਨਾ ਕਾਨੂੰਨ ਦੀਆਂ ਕਿਸੇ ਵੀ ਹੋਰ ਲਾਗੂ ਵਿਵਸਥਾਵਾਂ ਦੇ ਅਧੀਨ ਜ਼ਰੂਰੀ ਸਮਝੀ ਜਾਂਦੀ ਅਜਿਹੀ ਹੋਰ ਕਾਰਵਾਈ ਜਾਂ ਕਾਨੂੰਨੀ ਪ੍ਰਕਿਰਿਆ ਨੂੰ ਸ਼ੁਰੂ ਕਰਨ ਲਈ ਬੈਂਕ ਦੇ ਅਧਿਕਾਰ ਦੀ ਉਲੰਘਣਾ ਤੋਂ ਬਿਨਾਂ ਹੈ।

ਮਿਤੀ : 09.05.2025 ਸਥਾਨ : ਲੁਧਿਆਣਾ ਸਹੀ/- ਅਧਿਕਾਰਤ ਅਧਿਕਾਰੀ



ਰਜਨੀਸ਼ ਕੁਮਾਰ

# ਭਾਰਤ ਬਨਾਮ ਪਾਕਿਸਤਾਨ

# ਕਿਸ ਦਾ ਡਿਫੈਂਸ ਸਿਸਟਮ ਹੈ ਜ਼ਿਆਦਾ ਤਾਕਤਵਰ?

•ਭਾਰਤ ਨੇ ਪਾਕਿਸਤਾਨ ਅਤੇ ਪਾਕਿਸਤਾਨ ਸ਼ਾਸਿਤ ਕਸ਼ਮੀਰ ਵਿੱਚ 6 ਅਤੇ 7 ਮਈ ਦੀ ਦਰਮਿਆਨੀ ਰਾਤ ਨੂੰ ਇੱਕ ਫੌਜੀ ਆਪ੍ਰੇਸ਼ਨ ਕੀਤਾ ਸੀ। ਭਾਰਤ ਸਰਕਾਰ ਨੇ ਆਪਣੇ ਬਿਆਨ ਵਿੱਚ ਕਿਹਾ, "ਇਸ ਕਾਰਵਾਈ ਹੇਠ ਪਾਕਿਸਤਾਨ ਅਤੇ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਵਿੱਚ ਦਹਿਸ਼ਤਗਰਦਾਂ ਦੇ ਢਾਂਚੇ ਨੂੰ ਨਿਸ਼ਾਨਾ ਬਣਾਇਆ ਹੈ, ਜਿੱਥੋਂ ਭਾਰਤ ਉੱਤੇ ਹੋਏ ਦਹਿਸ਼ਤਗਰਦੀ ਹਮਲਿਆਂ ਦੀ ਯੋਜਨਾ ਬਣਾਈ ਗਈ ਸੀ ਅਤੇ ਉਨ੍ਹਾਂ ਨੂੰ ਅੰਜਾਮ ਦਿੱਤਾ ਗਿਆ ਸੀ।" ਭਾਰਤ ਅਤੇ ਪਾਕਿਸਤਾਨ ਵਿਚਾਲੇ ਹਾਲ ਹੀ ਵਿੱਚ ਹੋਏ ਤਣਾਅ ਤੋਂ ਬਾਅਦ, ਦੋਵਾਂ ਦੇਸ਼ਾਂ ਦੀ ਫੌਜੀ ਸਮਰੱਥਾਵਾਂ 'ਤੇ ਚਰਚਾ ਸ਼ੁਰੂ ਹੋ ਗਈ ਹੈ। ਆਓ ਜਾਣਦੇ ਹਾਂ ਕਿ ਭਾਰਤ ਅਤੇ ਪਾਕਿਸਤਾਨ ਕੋਲ ਕਿਹੜੀਆਂ ਮਿਜ਼ਾਇਲਾਂ ਹਨ ਅਤੇ ਉਨ੍ਹਾਂ ਦੇ ਹਵਾਈ ਰੱਖਿਆ ਪ੍ਰਣਾਲੀ ਦੀ ਸਮਰੱਥਾ ਕੀ ਹੈ। ਭਾਰਤ ਦੀ ਅਗਨੀ-5 ਮਿਜ਼ਾਇਲ ਜ਼ਮੀਨ ਤੋਂ ਪੰਜ ਹਜ਼ਾਰ ਤੋਂ ਅੱਠ ਹਜ਼ਾਰ ਕਿਲੋਮੀਟਰ ਤੱਕ ਮਾਰ ਕਰ ਸਕਦੀ ਹੈ। ਦੂਜੇ ਪਾਸੇ, ਪਾਕਿਸਤਾਨ ਦੀ ਸ਼ਾਹੀਨ-3 ਮਿਜ਼ਾਇਲ ਦੀ ਰੇਂਜ 2,750 ਕਿਲੋਮੀਟਰ ਹੈ। ਭਾਰਤ ਦੀ ਹਥਿਆਰਾਂ ਦੇ ਮਾਮਲਿਆਂ ਵਿੱਚ ਰੂਸ 'ਤੇ ਜ਼ਿਆਦਾ ਨਿਰਭਰਤਾ ਹੈ ਅਤੇ ਪਾਕਿਸਤਾਨ ਚੀਨ 'ਤੇ ਜ਼ਿਆਦਾ ਨਿਰਭਰ ਹੈ। ਪੱਛਮੀ ਦੇਸ਼ ਲੰਬੇ ਸਮੇਂ ਤੋਂ ਭਾਰਤ ਨੂੰ ਮਿਜ਼ਾਇਲ ਤਕਨਾਲੋਜੀ ਦੇਣ ਤੋਂ ਪਰਹੇਜ਼ ਕਰਦੇ ਰਹੇ ਹਨ, ਪਰ ਫਰਾਂਸ ਅਤੇ ਭਾਰਤ ਨੇ ਮਿਜ਼ਾਇਲ ਤਕਨਾਲੋਜੀ 'ਤੇ ਇਕੱਠੇ ਕੰਮ ਕੀਤਾ ਹੈ। ਇਨ੍ਹਾਂ ਵਿੱਚ ਇੰਟਰਕੌਂਟੀਨੈਂਟਲ ਬੈਲਿਸਟਿਕ ਮਿਜ਼ਾਇਲ ਯਾਨਿ ਕਿ ਆਈਸੀਬੀਐੱਮ ਵੀ ਸ਼ਾਮਲ ਹੈ। ਦੁਨੀਆ ਵਿੱਚ ਸਿਰਫ਼ ਸੱਤ ਦੇਸ਼ ਹਨ ਜਿਨ੍ਹਾਂ ਕੋਲ ਆਈਸੀਬੀਐੱਮ ਹਨ। ਐਂਟੀ-ਬੈਲਿਸਟਿਕ ਮਿਜ਼ਾਇਲ ਸਿਸਟਮ ਰੱਖਿਆ ਵਿਸ਼ਲੇਸ਼ਕ ਹੈਰਿਸਨ ਕਾਸ ਨੇ ਦਿ ਨੈਸ਼ਨਲ ਇੰਟਰੈਸਟ ਵਿੱਚ ਲਿਖਿਆ ਹੈ, "ਭਾਰਤ ਉਨ੍ਹਾਂ ਕੁਝ ਦੇਸ਼ਾਂ ਵਿੱਚੋਂ ਇੱਕ ਹੈ ਜਿਨ੍ਹਾਂ ਕੋਲ ਐਂਟੀ-ਬੈਲਿਸਟਿਕ ਮਿਜ਼ਾਇਲ ਸਿਸਟਮ ਹੈ। ਭਾਰਤ ਦੇ ਮਿਜ਼ਾਈਲ ਰੱਖਿਆ ਪ੍ਰਣਾਲੀ ਵਿੱਚ ਦੋ ਤਰ੍ਹਾਂ ਦੀਆਂ ਮਿਜ਼ਾਈਲਾਂ ਹਨ। ਪਹਿਲੀ ਪ੍ਰਿਥਵੀ ਏਅਰ ਡਿਫੈਂਸ (ਪੀਏਡੀ) ਮਿਜ਼ਾਈਲ ਹੈ, ਜੋ ਜ਼ਿਆਦਾ ਉਚਾਈ ਵਾਲੇ ਮਿਜ਼ਾਈਲ ਹਮਲਿਆਂ ਨੂੰ ਰੋਕਦੀ ਹੈ ਅਤੇ ਦੂਜੀ ਐਡਵਾਂਸਡ ਏਅਰ ਡਿਫੈਂਸ (ਏਏਡੀ) ਹੈ, ਜੋ ਘੱਟ ਉਚਾਈ ਵਾਲੇ ਮਿਜ਼ਾਈਲ ਹਮਲਿਆਂ ਨੂੰ ਰੋਕਦੀ ਹੈ।" "ਭਾਰਤ ਦੀ ਐਂਟੀ-ਬੈਲਿਸਟਿਕ ਮਿਜ਼ਾਇਲ ਪ੍ਰਣਾਲੀ ਤੋਂ ਘੱਟੋ-ਘੱਟ 5,000 ਕਿਲੋਮੀਟਰ ਦੀ ਦੂਰੀ ਤੋਂ ਆਉਣ ਵਾਲੇ ਮਿਜ਼ਾਇਲ ਹਮਲਿਆਂ ਨੂੰ ਰੋਕਣ ਦੇ ਸਮਰੱਥ ਹੋਣ ਦੀ ਉਮੀਦ ਹੈ।" ਭਾਰਤ ਨੇ ਰੂਸ ਨਾਲ ਮਿਲ ਕੇ ਬ੍ਰਹਮੋਸ ਅਤੇ ਬ੍ਰਹਮੋਸ-2 ਹਾਈਪਰਸੋਨਿਕ ਕਰੂਜ਼ ਮਿਜ਼ਾਇਲਾਂ ਵੀ ਵਿਕਸਤ ਕੀਤੀਆਂ ਹਨ ਅਤੇ ਇਨ੍ਹਾਂ ਨੂੰ ਜ਼ਮੀਨ, ਹਵਾ, ਸਮੁੰਦਰ ਅਤੇ ਉਪ-ਸਮੁੰਦਰੀ ਪਲੇਟਫਾਰਮਾਂ ਤੋਂ ਲਾਂਚ ਕੀਤਾ ਜਾ ਸਕਦਾ ਹੈ। ਹੈਰੀਸਨ ਕਾਸ ਕਹਿੰਦੇ ਹਨ, "ਭਾਰਤ ਕੋਲ ਰਵਾਇਤੀ ਅਤੇ ਪਰਮਾਣੂ ਹਥਿਆਰਾਂ ਨਾਲ ਲੈਸ ਮਿਜ਼ਾਇਲਾਂ ਦੇ ਕਈ ਬਦਲ ਹਨ। ਇਸ ਵਿੱਚ ਮਿਜ਼ਾਈਲ ਹਮਲਿਆਂ ਨੂੰ ਰੋਕਣ ਦੀ ਸਮਰੱਥਾ ਵੀ ਹੈ।"

ਦੂਜੇ ਪਾਸੇ, ਪਾਕਿਸਤਾਨ ਕੋਲ ਰਵਾਇਤੀ ਅਤੇ ਪਰਮਾਣੂ ਹਥਿਆਰਬੰਦ ਮਿਜ਼ਾਇਲਾਂ ਦੇ ਵੀ ਕਈ ਬਦਲ ਹਨ। ਕਿਹਾ ਜਾਂਦਾ ਹੈ ਕਿ ਦੋਵਾਂ ਦੇਸ਼ਾਂ ਨੇ ਇੱਕ ਦੂਜੇ ਦੇ ਖ਼ਤਰਿਆਂ ਨੂੰ ਦੇਖਦੇ ਹੋਏ ਆਪਣੀਆਂ ਮਿਜ਼ਾਇਲ ਸਮਰੱਥਾਵਾਂ ਨੂੰ ਅੱਗੇ ਵਧਾਇਆ ਹੈ। ਪਰ ਭਾਰਤ ਦੇ ਉਲਟ, ਪਾਕਿਸਤਾਨ ਕੋਲ ਆਈਸੀਬੀਐੱਮ ਦਾ ਬਦਲ ਨਹੀਂ ਹੈ। ਕਈ ਰੱਖਿਆ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਪਾਕਿਸਤਾਨ ਨੂੰ ਇਸ ਦੀ ਬਹੁਤੀ ਲੋੜ ਨਹੀਂ ਹੈ। ਚੀਨ ਅਤੇ ਭਾਰਤ ਵਿਚਕਾਰ ਜੰਗ ਹੋ ਚੁੱਕੀ ਹੈ ਅਤੇ ਭਾਰਤ ਇਸ ਹਿਸਾਬ ਨਾਲ ਵੀ ਆਪਣੀ ਰੱਖਿਆ ਸਮਰੱਥਾ ਦਾ ਵਿਕਾਸ ਕਰ ਰਿਹਾ ਹੈ। ਦੂਜੇ ਪਾਸੇ, ਪਾਕਿਸਤਾਨ ਇਸ ਵੇਲੇ ਸਿਰਫ਼ ਭਾਰਤ ਨੂੰ ਹੀ ਆਪਣਾ ਦੁਸ਼ਮਣ ਮੰਨਦਾ ਹੈ। ਹੈਰੀਸਨ ਕਾਸ ਦਾ ਕਹਿਣਾ ਹੈ, "ਪਾਕਿਸਤਾਨ ਨੂੰ ਭਾਰਤ ਲਈ ਆਈਸੀਬੀਐੱਮ ਦੀ ਬਹੁਤੀ ਜ਼ਰੂਰਤ ਨਹੀਂ ਹੈ। ਪਾਕਿਸਤਾਨ ਦੀ ਮਿਜ਼ਾਇਲ ਸਮਰੱਥਾ ਖੇਤਰੀ ਟੀਚਿਆਂ ਨੂੰ ਹਾਸਲ ਕਰਨ ਦੇ ਸਮਰੱਥ ਹੈ।" ਪਾਕਿਸਤਾਨ ਕੋਲ ਆਈਸੀਬੀਐੱਮ ਨਹੀਂ ਹਨ ਭਾਰਤ ਦੇ ਮਸ਼ਹੂਰ ਰੱਖਿਆ ਵਿਸ਼ਲੇਸ਼ਕ ਰਾਹੁਲ ਬੇਦੀ ਦਾ ਕਹਿਣਾ ਹੈ ਕਿ ਜੇਕਰ ਮਾਮਲਾ ਆਈਸੀਬੀਐੱਮ ਤੱਕ ਪਹੁੰਚਦਾ ਹੈ ਤਾਂ ਕੁਝ ਵੀ ਨਹੀਂ ਬਚੇਗਾ। ਰਾਹੁਲ ਬੇਦੀ ਕਹਿੰਦੇ ਹਨ, "ਆਈਸੀਬੀਐੱਮ ਦਾ ਉਡਾਣ ਸਮਾਂ 15 ਤੋਂ 20 ਸਕਿੰਟ ਹੈ। ਆਈਸੀਬੀਐੱਮ ਇੱਕ ਰਣਨੀਤਕ ਹਥਿਆਰ ਹੈ ਅਤੇ ਭਾਰਤ ਨੇ ਇਸ ਨੂੰ ਚੀਨ ਨੂੰ ਧਿਆਨ ਵਿੱਚ ਰੱਖ ਕੇ ਵਿਕਸਤ ਕੀਤਾ ਹੈ।" "ਪਾਕਿਸਤਾਨ ਕੋਲ ਆਈਸੀਬੀਐੱਮ ਨਹੀਂ ਹੈ। ਪਾਕਿਸਤਾਨ ਨੂੰ ਇਸ ਦੀ ਲੋੜ ਵੀ ਨਹੀਂ ਹੈ। ਪਾਕਿਸਤਾਨ ਦੀ ਪੂਰੀ ਤਿਆਰੀ ਭਾਰਤ ਨੂੰ ਲੈ ਕੇ ਹੈ ਜਦੋਂ ਕਿ ਭਾਰਤ ਦਾ ਮੁੱਖ ਧਿਆਨ ਚੀਨ ਤੇ ਹੈ। ਜਦੋਂ ਭਾਰਤ ਨੇ 1998 ਵਿੱਚ ਪਰਮਾਣੂ ਪ੍ਰੀਖਣ ਕੀਤੇ ਸਨ, ਤਾਂ ਅਟਲ ਬਿਹਾਰੀ ਵਾਜਪਾਈ ਨੇ ਬਿਲ ਕਲਿੰਟਨ ਨੂੰ ਲਿਖੇ ਇੱਕ ਪੱਤਰ ਵਿੱਚ ਇਹੀ ਗੱਲ ਕਹੀ ਸੀ।" ਪਾਕਿਸਤਾਨ ਨੇ ਚੀਨ ਦੇ ਸਹਿਯੋਗ ਨਾਲ ਸ਼ਾਹੀਨ ਲੜੀ ਦੀਆਂ ਮਿਜ਼ਾਇਲਾਂ ਵਿਕਸਤ ਕੀਤੀਆਂ ਹਨ। ਪਾਕਿਸਤਾਨ ਦੀਆਂ ਸ਼ਾਹੀਨ ਮਿਜ਼ਾਈਲਾਂ ਵਿੱਚ ਛੋਟੀ, ਦਰਮਿਆਨੀ ਅਤੇ ਲੰਬੀ ਦੂਰੀ ਦੀ ਮਾਰ ਕਰਨ ਦੀ ਸਮਰੱਥਾ ਹੈ। ਪਾਕਿਸਤਾਨ ਐਂਟੀ-ਬੈਲਿਸਟਿਕ ਮਿਜ਼ਾਇਲ ਸਿਸਟਮ 'ਤੇ ਵੀ ਕੰਮ ਕਰ ਰਿਹਾ ਹੈ ਤਾਂ ਜੋ ਭਾਰਤ ਦੇ ਹਮਲਿਆਂ ਦਾ ਸਾਹਮਣਾ ਕੀਤਾ ਜਾ ਸਕੇ। ਹੈਰੀਸਨ ਦਾ ਕਹਿਣਾ ਹੈ ਕਿ ਪਾਕਿਸਤਾਨ ਕੋਲ ਐੱਚਕਿਊ-9ਬੀਈ ਹੈ, ਪਰ ਭਾਰਤ ਜੇਕਰ ਬ੍ਰਹਮੋਸ ਦੀ ਵਰਤੋਂ ਕਰੇਗਾ ਹੈ ਤਾਂ ਪਾਕਿਸਤਾਨ ਲਈ ਇਸ ਨੂੰ ਰੋਕਣਾ ਆਸਾਨ ਨਹੀਂ ਹੋਵੇਗਾ। ਪਾਕਿਸਤਾਨ ਸੰਸਦ ਵਿੱਚ ਬ੍ਰਹਮੋਸ ਸੁਪਰਸੋਨਿਕ ਮਿਜ਼ਾਇਲ ਨੂੰ ਲੈ ਕੇ ਵਿਰੋਧੀ ਧਿਰ ਦੇ ਸੰਸਦ ਮੈਂਬਰ ਚਿੰਤਾ ਪ੍ਰਗਟ ਕਰਦੇ ਰਹੇ ਹਨ। ਮਈ 2022 ਵਿੱਚ, ਭਾਰਤ ਨੇ ਕਿਹਾ ਕਿ ਉਸ ਦੀ ਇੱਕ ਮਿਜ਼ਾਇਲ ਗ਼ਲਤੀ ਨਾਲ ਪਾਕਿਸਤਾਨ ਵੱਲ ਦਾਗ਼ੀ ਗਈ ਸੀ। ਉਦੋਂ ਪਾਕਿਸਤਾਨ ਦੇ ਤਤਕਾਲੀ ਰਾਸ਼ਟਰੀ ਸੁਰੱਖਿਆ ਸਲਾਹਕਾਰ ਮੋਈਦ ਯੂਸਫ਼ ਨੇ ਕਿਹਾ ਸੀ, "ਇੱਕ ਸੁਪਰਸੋਨਿਕ ਪ੍ਰੋਜੈਕਟਾਈਲ 40 ਹਜ਼ਾਰ ਫੁੱਟ ਦੀ ਉਚਾਈ ਤੋਂ ਸਰਹੱਦ ਪਾਰ ਪਾਕਿਸਤਾਨ ਵਿੱਚ ਡਿੱਗਿਆ ਸੀ।" "ਮਿਜ਼ਾਇਲ ਅੰਤਰਰਾਸ਼ਟਰੀ ਅਤੇ ਘਰੇਲੂ ਵਪਾਰਕ ਏਅਰਲਾਈਨਾਂ ਦੇ ਰਸਤੇ ਦੇ ਨੇੜੇ ਤੋਂ ਲੰਘੀ। ਇਹ ਬਹੁਤ ਗ਼ੈਰ-ਜ਼ਿੰਮੇਵਾਰਾਨਾ ਹੈ ਕਿ ਪਾਕਿਸਤਾਨ ਨੂੰ ਭਾਰਤ ਨੇ ਇਸ ਬਾਰੇ ਸੂਚਿਤ ਵੀ ਨਹੀਂ ਕੀਤਾ ਸੀ।" ਪਾਕਿਸਤਾਨੀ ਅਧਿਕਾਰੀਆਂ ਨੇ ਕਿਹਾ ਸੀ ਕਿ ਇਹ ਮਿਜ਼ਾਇਲ ਭਾਰਤੀ ਸਰਹੱਦ ਤੋਂ 75 ਕਿਲੋਮੀਟਰ ਦੂਰ ਮੀਆਂ ਚਾਨੂ ਨਾਮਕ ਇੱਕ ਛੋਟੇ ਜਿਹੇ ਕਸਬੇ ਵਿੱਚ ਡਿੱਗੀ ਸੀ। ਇਸ ਵਾਰ ਕੀ ਹੋਇਆ? ਰਾਹੁਲ ਬੇਦੀ ਕਹਿੰਦੇ ਹਨ, "ਭਾਰਤ ਨੇ ਇਸ ਵਾਰ ਪਾਕਿਸਤਾਨ ਵਿੱਚ ਦਾਖ਼ਲ ਹੋ ਕੇ ਹਮਲਾ ਕਰਨ ਦੀ ਬਜਾਏ, ਭਾਰਤ ਨੇ ਆਪਣੇ ਹੀ ਖੇਤਰ ਤੋਂ ਹਮਲਾ ਕੀਤਾ ਹੈ। ਸਭ ਤੋਂ ਵੱਡੀ ਗੱਲ ਇਹ ਹੈ ਕਿ ਇਸ ਵਾਰ ਭਾਰਤ ਨੇ ਪਾਕਿਸਤਾਨ ਦੀ ਮੁੱਖ ਭੂਮੀ ਪੰਜਾਬ ਵਿੱਚ ਹਮਲਾ ਕੀਤਾ ਹੈ।" ਭਾਰਤ ਅਤੇ ਪਾਕਿਸਤਾਨ ਦੀ ਮਿਜ਼ਾਇਲ ਸਮਰੱਥਾ ਬਾਰੇ ਰਾਹੁਲ ਬੇਦੀ ਕਹਿੰਦੇ ਹਨ, "ਭਾਰਤ ਕੋਲ ਬੀਐੱਮਡੀ ਸੀਲਸ ਯਾਨਿ ਬੈਲਿਸਟਿਕ ਮਿਜ਼ਾਇਲ ਡਿਫੈਂਸ ਹੈ ਅਤੇ ਪਾਕਿਸਤਾਨ ਕੋਲ ਇਹ ਨਹੀਂ ਹੈ।" "ਹਾਲਾਂਕਿ, ਬੀਐੱਮਡੀ ਹਮੇਸ਼ਾ 100 ਫੀਸਦ ਸਫ਼ਲ ਨਹੀਂ ਹੁੰਦੀ ਹੈ। ਅਸੀਂ ਇਹ ਇਜ਼ਰਾਈਲ ਵਿੱਚ ਦੇਖਿਆ ਜਿੱਥੇ ਉਨ੍ਹਾਂ ਦਾ ਆਇਰਨ ਡੋਮ ਕੁਝ ਮਾਮਲਿਆਂ ਵਿੱਚ ਅਸਫ਼ਲ ਰਿਹਾ। ਇਸ ਦੇ ਬਾਵਜੂਦ, ਬੀਐੱਮਡੀ ਸੀਲਸ ਵੱਡੇ ਹਮਲਿਆਂ ਨੂੰ ਰੋਕਣ ਵਿੱਚ ਉਪਯੋਗੀ ਹੋਣਗੇ।" ਰਾਹੁਲ ਬੇਦੀ ਕਹਿੰਦੇ ਹਨ, "ਭਾਰਤ ਕੋਲ ਸਟ੍ਰੈਟਿਜਿਕ ਅਤੇ ਕਨਵੈਂਸ਼ਨਲ ਦੋਵੇਂ ਤਰ੍ਹਾਂ ਦੀਆਂ ਮਿਜ਼ਾਇਲਾਂ ਹਨ। ਜਿਵੇਂ ਅਗਨੀ ਇੱਕ ਸਟ੍ਰੈਟਿਜਿਕ ਮਿਜ਼ਾਇਲ ਹੈ ਅਤੇ ਬ੍ਰਹਮੋਸ ਕਨਵੈਂਸ਼ਨਲ ਹੈ।" "ਜੇਕਰ ਅਸੀਂ ਉਨ੍ਹਾਂ ਦੀ ਤੁਲਨਾ ਪਾਕਿਸਤਾਨ ਦੀਆਂ ਗੌਰੀ ਅਤੇ ਬਾਬਰ ਨਾਲ ਕਰੀਏ, ਤਾਂ ਉਹ ਮਾਰਕ ਸਮਰੱਥਾ ਵਿੱਚ ਬਹੁਤ ਅੱਗੇ ਹਨ। ਭਾਰਤ ਦੀ ਨਿਗਰਾਨੀ ਪ੍ਰਣਾਲੀ ਵਿੱਚ ਵੀ ਹੁਣ ਸੁਧਾਰ ਹੋਇਆ ਹੈ।" ਦਿੱਲੀ ਦੀ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਵਿੱਚ ਰਾਸ਼ਟਰੀ ਸੁਰੱਖਿਆ ਕੇਂਦਰ ਦੇ ਪ੍ਰੋਫੈਸਰ ਲਕਸ਼ਮਣ ਕੁਮਾਰ ਕਹਿੰਦੇ ਹਨ, "ਭਾਰਤ ਦਾ ਏਅਰ ਡਿਫੈਂਸ ਸਿਸਟਮ ਆਕਾਸ਼ ਅਤੇ ਐੱਸ-400 ਬਹੁਤਾ ਕੰਮ ਨਹੀਂ ਆਏਗਾ।" "ਪਾਕਿਸਤਾਨ ਕੋਲ ਇੰਨੇ ਪ੍ਰਭਾਵਸ਼ਾਲੀ ਏਅਰ ਡਿਫੈਂਸ ਸਿਸਟਮ ਨਹੀਂ ਹਨ। ਮੈਨੂੰ ਨਹੀਂ ਲੱਗਦਾ ਕਿ ਪਾਕਿਸਤਾਨ ਭਾਰਤੀ ਫੌਜੀ ਟਿਕਾਣਿਆਂ 'ਤੇ ਹਮਲਾ ਕਰੇਗਾ। ਇਹ ਯਕੀਨੀ ਹੈ ਕਿ ਉਹ ਜਵਾਬ ਦੇਵੇਗਾ।"




# ਹਵਾਈ ਹਮਲੇ ਵਿੱਚ ਮਸੂਦ ਅਜ਼ਹਰ ਦੇ 10 ਰਿਸ਼ਤੇਦਾਰ ਮਾਰੇ ਗਏ

# ਮਸੂਦ ਭਾਰਤ ਲਈ ਕਿਉਂ ਹੈ ਮੋਸਟ ਵਾਂਟੇਡ?



ਭਾਰਤ ਦੇ ਪਾਕਿਸਤਾਨ 'ਤੇ ਹਮਲੇ ਤੋਂ ਬਾਅਦ, ਕੱਟੜਪੰਥੀ ਸੰਗਠਨ ਜੈਸ਼-ਏ-ਮੁਹੰਮਦ ਨੇ ਕਿਹਾ ਹੈ ਕਿ ਇਸ ਹਮਲੇ ਵਿੱਚ ਸੰਗਠਨ ਦੇ ਮੁਖੀ ਮਸੂਦ ਅਜ਼ਹਰ ਦੇ ਪਰਿਵਾਰ ਦੇ ਦਸ ਮੈਂਬਰ ਅਤੇ ਚਾਰ ਨਜ਼ਦੀਕੀ ਸਾਥੀ ਮਾਰੇ ਗਏ ਹਨ।

ਇਸ ਸਬੰਧ ਵਿੱਚ, ਜੈਸ਼-ਏ-ਮੁਹੰਮਦ (ਜੇਈਐਮ) ਵੱਲੋਂ ਬੁੱਧਵਾਰ ਨੂੰ ਇੱਕ ਬਿਆਨ ਜਾਰੀ ਕੀਤਾ ਗਿਆ।

ਬੀਬੀਸੀ ਨਿਊਜ਼ ਉਰਦੂ ਦੇ ਅਨੁਸਾਰ, ਮ੍ਰਿਤਕਾਂ ਵਿੱਚ ਮਸੂਦ ਅਜ਼ਹਰ ਦੀ ਵੱਡੀ ਭੈਣ ਅਤੇ ਭਣੋਈਆ, ਭਾਣਜੇ ਦੀ ਪਤਨੀ ਅਤੇ ਭਾਣਜੀ ਤੋਂ ਇਲਾਵਾ ਪੰਜ ਬੱਚੇ ਸ਼ਾਮਲ ਹਨ।

ਇਸ ਬਿਆਨ ਦੇ ਮੁਤਾਬਕ, ਪਾਕਿਸਤਾਨ ਦੇ ਬਹਾਵਲਪੁਰ ਵਿੱਚ ਸੁਭਾਨ ਅੱਲ੍ਹਾ ਮਸਜਿਦ 'ਤੇ ਹੋਏ ਹਮਲੇ ਵਿੱਚ ਮਸੂਦ ਅਜ਼ਹਰ ਦੇ ਰਿਸ਼ਤੇਦਾਰ ਮਾਰੇ ਗਏ ਹਨ।

ਇਸੇ ਬਹਾਵਲਪੁਰ ਵਿੱਚ, 10 ਜੁਲਾਈ, 1968 ਨੂੰ ਅੱਲ੍ਹਾਬਖ਼ਸ਼ ਸਾਬੀਰ ਦੇ ਪਰਿਵਾਰ ਵਿੱਚ ਮਸੂਦ ਅਜ਼ਹਰ ਦਾ ਜਨਮ ਹੋਇਆ ਸੀ। ਅਜ਼ਹਰ ਦੇ ਪਿਤਾ ਸਾਬੀਰ ਬਹਾਵਲਪੁਰ ਦੇ ਇੱਕ ਸਰਕਾਰੀ ਸਕੂਲ ਦੇ ਹੈੱਡਮਾਸਟਰ ਸਨ।

7 ਮਾਰਚ, 2024 ਨੂੰ ਭਾਰਤ ਦੇ ਜਾ ਰਿਹਾ ਹੈ ਜਿਸ ਕਾਰਨ ਭਾਰਤ ਨੇ ਪਹਿਲੀ ਵਾਰ ਪਾਕਿਸਤਾਨ ਦੀ ਸਰਹੱਦ ਦੇ 100 ਕਿਲੋਮੀਟਰ ਅੰਦਰ ਜਾਕੇ ਹਮਲਾ ਕੀਤਾ ਹੈ।

ਭਾਰਤ ਵਾਰ-ਵਾਰ ਪਾਕਿਸਤਾਨ ਨੂੰ ਮਸੂਦ ਅਜ਼ਹਰ ਨੂੰ ਭਾਰਤ ਦੇ ਹਵਾਲੇ ਕਰਨ ਲਈ ਕਹਿ ਚੁੱਕਿਆ ਹੈ ਪਰ ਪਾਕਿਸਤਾਨ ਹਮੇਸ਼ਾ ਦਾਅਵਾ ਕਰਦਾ ਰਿਹਾ ਹੈ ਕਿ ਉਹ ਪਾਕਿਸਤਾਨ ਵਿੱਚ ਨਹੀਂ ਹੈ।

## ਜਿਹਾਦੀ ਗਤੀਵਿਧੀਆਂ ਦੀ ਸ਼ੁਰੂਆਤ

ਭਾਰਤ 2009 ਤੋਂ ਮੌਲਾਨਾ ਮਸੂਦ ਅਜ਼ਹਰ ਦੇ ਜੈਸ਼-ਏ-ਮੁਹੰਮਦ ਨੂੰ ਸੰਯੁਕਤ ਰਾਸ਼ਟਰ ਦੇ ਅੱਤਵਾਦੀ ਸੰਗਠਨਾਂ ਦੀ ਸੂਚੀ ਵਿੱਚ ਸ਼ਾਮਲ ਕਰਨ ਦੀ ਮੰਗ ਕਰਦਾ ਆ ਰਿਹਾ ਹੈ, ਪਰ ਚੀਨ ਹਮੇਸ਼ਾ ਇਸਦੇ ਵਿਰੁੱਧ ਆਪਣੇ ਵੀਟੋ ਦੀ ਵਰਤੋਂ ਕਰਦਾ ਆਇਆ ਹੈ।

ਲਗਭਗ ਦਸ ਸਾਲਾਂ ਦੀਆਂ ਕੋਸ਼ਿਸ਼ਾਂ ਅਤੇ ਪੁਲਵਾਮਾ ਹਮਲੇ ਤੋਂ ਬਾਅਦ, 1 ਮਈ, 2019 ਨੂੰ ਸੰਯੁਕਤ ਰਾਸ਼ਟਰ ਨੇ



ਗ੍ਰਹਿ ਮੰਤਰਾਲੇ ਦੁਆਰਾ ਜਾਰੀ ਕੀਤੀ ਗਈ ਮੋਸਟ ਵਾਂਟੇਡ ਲੋਕਾਂ ਦੀ ਸੂਚੀ ਵਿੱਚ 57 ਸਾਲਾ ਮਸੂਦ ਅਜ਼ਹਰ ਦਾ ਨਾਮ ਪਹਿਲੇ ਨੰਬਰ 'ਤੇ ਹੈ।

ਭਾਰਤ ਵਿਰੁੱਧ ਮਸੂਦ ਦੇ ਅਪਰਾਧਾਂ ਦੀ ਇੱਕ ਲੰਬੀ ਸੂਚੀ ਹੈ ਅਤੇ ਉਸਦਾ ਨਾਮ ਕਈ ਮਾਮਲਿਆਂ ਵਿੱਚ ਮੁਲਜ਼ਮ ਵਜੋਂ ਹੈ।

ਇਨ੍ਹਾਂ ਮਾਮਲਿਆਂ ਵਿੱਚ 1 ਅਕਤੂਬਰ 2001 ਨੂੰ ਸ੍ਰੀਨਗਰ ਵਿੱਚ ਤਤਕਾਲੀ ਜੰਮੂ ਅਤੇ ਕਸ਼ਮੀਰ ਵਿਧਾਨ ਸਭਾ ਕੰਪਲੈਕਸ 'ਤੇ ਹਮਲਾ ਵੀ ਸ਼ਾਮਲ ਹੈ, ਜਿਸ ਵਿੱਚ 38 ਲੋਕ ਮਾਰੇ ਗਏ ਸਨ।

ਇਸ ਤੋਂ ਬਾਅਦ, 12 ਦਸੰਬਰ 2001 ਨੂੰ ਭਾਰਤੀ ਸੰਸਦ 'ਤੇ ਹੋਏ ਅੱਤਵਾਦੀ ਹਮਲੇ ਵਿੱਚ ਵੀ ਅਜ਼ਹਰ ਦਾ ਨਾਮ ਹੈ। ਇਸ ਹਮਲੇ ਵਿੱਚ ਛੇ ਸੁਰੱਖਿਆ ਕਰਮਚਾਰੀ ਅਤੇ ਤਿੰਨ ਹੋਰ ਲੋਕ ਮਾਰੇ ਗਏ ਸਨ।

## ਪੁਲਵਾਮਾ ਹਮਲੇ ਦੀ ਸਾਜ਼ਿਸ਼ ਦੇ ਇਲਜ਼ਾਮ

ਮਸੂਦ ਅਜ਼ਹਰ 'ਤੇ ਹੀ ਪੁਲਵਾਮਾ ਹਮਲੇ ਦਾ ਵੀ ਇਲਜ਼ਾਮ ਹੈ, ਜਿਸ ਵਿੱਚ 40 ਸੁਰੱਖਿਆ ਮੁਲਾਜ਼ਮ ਮਾਰੇ ਗਏ ਸਨ।

ਹਾਲਾਂਕਿ, ਮੌਲਾਨਾ ਮਸੂਦ ਅਜ਼ਹਰ ਦੀ ਸਭ ਤੋਂ ਵੱਧ ਚਰਚਾ ਕੰਧਾਰ ਹਾਈਜੈਕ ਦੌਰਾਨ ਹੋਈ ਸੀ। ਸਾਲ 1999 ਵਿੱਚ ਕੰਧਾਰ ਹਾਈਜੈਕ ਦੌਰਾਨ ਜਿਨ੍ਹਾਂ ਤਿੰਨ ਅੱਤਵਾਦੀਆਂ ਦੀ ਰਿਹਾਈ ਦੀ ਮੰਗ ਕੀਤੀ ਗਈ ਸੀ, ਉਨ੍ਹਾਂ ਵਿੱਚ ਮਸੂਦ ਅਜ਼ਹਰ ਦਾ ਨਾਮ ਵੀ ਸ਼ਾਮਲ ਸੀ।

ਭਾਰਤ ਸਰਕਾਰ ਦੇ ਤਤਕਾਲੀ ਵਿਦੇਸ਼ ਮੰਤਰੀ ਜਸਵੰਤ ਸਿੰਘ ਮਸੂਦ ਅਜ਼ਹਰ ਨੂੰ ਇੱਕ ਵਿਸ਼ੇਸ਼ ਜਹਾਜ਼ ਰਾਹੀਂ ਕੰਧਾਰ ਲੈ ਗਏ ਸਨ ਅਤੇ ਉਦੋਂ ਤੋਂ ਹੀ ਭਾਰਤ ਦੀਆਂ ਸੁਰੱਖਿਆ ਏਜੰਸੀਆਂ ਮਸੂਦ ਅਜ਼ਹਰ ਦੀ ਭਾਲ ਕਰ ਰਹੀਆਂ ਹਨ।

ਮਸੂਦ ਅਜ਼ਹਰ ਦੀ ਪਛਾਣ ਭਾਰਤ ਵਿੱਚ ਪਾਬੰਦੀਸ਼ੁਦਾ ਸੰਗਠਨ ਜੈਸ਼-ਏ-ਮੁਹੰਮਦ ਦੇ ਮੁਖੀ ਵਜੋਂ ਹੈ। ਭਾਰਤ ਸਰਕਾਰ ਲਗਾਤਾਰ ਦਾਅਵਾ ਕਰਦੀ ਆ ਰਹੀ ਹੈ ਕਿ ਇਸ ਸੰਗਠਨ ਦਾ ਮੁੱਖ ਦਫਤਰ ਪਾਕਿਸਤਾਨੀ ਪੰਜਾਬ ਦੇ ਬਹਾਵਲਪੁਰ ਵਿੱਚ ਹੈ।

ਇਹ ਵੀ ਇੱਕ ਕਾਰਨ ਮੰਨਿਆ ਮੌਲਾਨਾ ਮਸੂਦ ਅਜ਼ਹਰ ਦੇ ਸੰਗਠਨ ਨੂੰ 'ਅੱਤਵਾਦੀ ਸੰਗਠਨ' ਘੋਸ਼ਿਤ ਕੀਤਾ ਸੀ, ਜਿਸ ਬਾਰੇ ਪਾਕਿਸਤਾਨ ਨੇ ਸੰਯੁਕਤ ਰਾਸ਼ਟਰ ਸੁਰੱਖਿਆ ਪਰਿਸ਼ਦ ਦੀ ਪਾਬੰਦੀ ਕਮੇਟੀ 'ਤੇ ਸਵਾਲ ਉਠਾਏ ਸਨ।

ਭਾਰਤੀ ਗ੍ਰਹਿ ਮੰਤਰਾਲੇ ਦੁਆਰਾ ਮੋਸਟ ਵਾਂਟੇਡ ਸੂਚੀ ਵਿੱਚ ਮਸੂਦ ਅਜ਼ਹਰ ਦੀਆਂ ਜਿਨ੍ਹਾਂ ਗਤੀਵਿਧੀਆਂ ਦਾ ਜ਼ਿਕਰ ਹੈ, ਉਨ੍ਹਾਂ ਦੇ ਅਨੁਸਾਰ, ਅਜ਼ਹਰ ਦੀ ਅਗਵਾਈ ਵਿੱਚ ਜੈਸ਼-ਏ-ਮੁਹੰਮਦ ਅੱਤਵਾਦੀ ਗਤੀਵਿਧੀਆਂ ਲਈ ਇੱਕ ਵਿਸ਼ਾਲ ਭਰਤੀ ਮੁਹਿੰਮ ਚਲਾਉਂਦਾ ਹੈ ਅਤੇ ਨੌਜਵਾਨਾਂ ਨੂੰ ਭਾਰਤ ਵਿਰੁੱਧ ਕਾਰਵਾਈ ਕਰਨ ਲਈ ਉਕਸਾਉਂਦਾ ਰਿਹਾ ਹੈ।

ਜਨਵਰੀ 2002 ਵਿੱਚ, ਇੰਡੀਅਨ ਐਕਸਪ੍ਰੈਸ ਅਖ਼ਬਾਰ ਨੇ ਮੌਲਾਨਾ ਮਸੂਦ ਅਜ਼ਹਰ ਬਾਰੇ ਇੱਕ ਵਿਸਤ੍ਰਿਤ ਲੇਖ ਪ੍ਰਕਾਸ਼ਿਤ ਕੀਤਾ। ਇਸ ਲੇਖ ਦੇ ਅਨੁਸਾਰ, ਮਸੂਦ ਅਜ਼ਹਰ ਜਿਹਾਦੀ ਗਤੀਵਿਧੀਆਂ ਨਾਲ ਜੁੜਾਅ ਕਰਾਚੀ ਵਿੱਚ ਆਪਣੀ ਪੜ੍ਹਾਈ ਦੌਰਾਨ ਹੋਇਆ ਸੀ।

ਭਾਰਤ ਵਿੱਚ ਮਸੂਦ ਅਜ਼ਹਰ ਦੀ ਗ੍ਰਿਫ਼ਤਾਰੀ

ਇਸ ਅਖ਼ਬਾਰ ਦੀ ਰਿਪੋਰਟ ਦੇ ਅਨੁਸਾਰ, ਮਸੂਦ ਅਜ਼ਹਰ ਭਾਰਤ ਵਿੱਚ ਸਰਹੱਦ ਦੇ ਰਸਤਿਓਂ ਦਾਖਿਲ ਨਹੀਂ ਹੋਇਆ ਸੀ, ਸਗੋਂ ਜਨਵਰੀ 1994 ਵਿੱਚ ਢਾਕਾ ਤੋਂ ਦਿੱਲੀ ਹਵਾਈ ਉਡਾਣ ਰਾਹੀਂ ਆਇਆ ਸੀ।

ਕੁਝ ਦਿਨ ਦਿੱਲੀ ਦੇ ਮਸ਼ਹੂਰ ਹੋਟਲਾਂ ਵਿੱਚ ਰਹਿਣ ਤੋਂ ਬਾਅਦ, ਮਸੂਦ ਪਹਿਲਾਂ ਦੇਓਬੰਦ ਅਤੇ ਫਿਰ ਕਸ਼ਮੀਰ ਪਹੁੰਚਿਆ, ਜਿੱਥੋਂ ਉਸਨੂੰ 10 ਫਰਵਰੀ 1994 ਨੂੰ ਭਾਰਤੀ ਸੁਰੱਖਿਆ ਬਲਾਂ ਨੇ ਹਿਰਾਸਤ ਵਿੱਚ ਲੈ ਲਿਆ।

ਮਸੂਦ ਦੀ ਗ੍ਰਿਫ਼ਤਾਰੀ ਦੇ 10 ਮਹੀਨਿਆਂ ਦੇ ਅੰਦਰ, ਅੱਤਵਾਦੀਆਂ ਨੇ ਦਿੱਲੀ ਵਿੱਚ ਕੁਝ ਵਿਦੇਸ਼ੀਆਂ ਨੂੰ ਅਗਵਾ ਕਰ ਲਿਆ ਸੀ ਅਤੇ ਉਨ੍ਹਾਂ ਦੀ ਰਿਹਾਈ ਦੇ ਬਦਲੇ ਮਸੂਦ ਅਜ਼ਹਰ ਦੀ ਰਿਹਾਈ ਦੀ ਮੰਗ ਕੀਤੀ ਸੀ।

ਇਹ ਕਾਰਵਾਈ ਅਸਫਲ ਹੋ ਗਈ ਕਿਉਂਕਿ ਉੱਤਰ ਪ੍ਰਦੇਸ਼ ਅਤੇ ਦਿੱਲੀ ਪੁਲਿਸ ਸਹਾਰਨਪੁਰ ਤੋਂ ਬੰਧਕਾਂ ਨੂੰ ਛੁਡਾਉਣ ਵਿੱਚ ਸਫਲ ਹੋ ਗਈ।

ਇੱਕ ਸਾਲ ਬਾਅਦ, ਹਰਕਤ-ਉਲ-ਅੰਸਾਰ ਨੇ ਫਿਰ ਕੁਝ ਵਿਦੇਸ਼ੀਆਂ ਨੂੰ ਅਗਵਾ ਕਰਕੇ ਅਜ਼ਹਰ ਨੂੰ ਛੁਡਾਉਣ ਦੀ ਕੋਸ਼ਿਸ਼ ਕੀਤੀ, ਪਰ ਇਹ ਕੋਸ਼ਿਸ਼ ਵੀ ਅਸਫਲ ਰਹੀ।

ਉਸ ਤੋਂ ਬਾਅਦ ਤੋਂ 1999 ਵਿੱਚ ਰਿਹਾਈ ਤੱਕ ਅਜ਼ਹਰ ਨੂੰ ਜੰਮੂ ਦੀ ਕੋਟ ਭਲਵਾਲ ਜੇਲ੍ਹ ਵਿੱਚ ਰੱਖਿਆ ਗਿਆ ਸੀ। ਉਸ ਸਮੇਂ ਉੱਥੇ ਕਸ਼ਮੀਰ ਤੋਂ ਗ੍ਰਿਫ਼ਤਾਰ ਕੀਤੇ ਗਏ ਕਸ਼ਮੀਰੀ, ਅਫਗਾਨ ਅਤੇ ਪਾਕਿਸਤਾਨੀ ਅੱਤਵਾਦੀਆਂ ਦੀ ਇੱਕ ਪੂਰੀ ਟੋਲੀ ਕੈਦ ਸੀ।

ਇਸ ਵਿੱਚ ਕੱਟੜਪੰਥੀ ਸੰਗਠਨ ਹਰਕਤ-ਉਲ-ਮੁਜਾਹਿਦੀਨ ਦਾ ਸ਼੍ਰੀਨਗਰ ਦਾ ਕਮਾਂਡਰ ਕਿਹਾ ਜਾਣ ਵਾਲਾ ਸੈਫੁੱਲਾ ਖਾਨ ਅਤੇ ਉਸਦੇ ਦੋ ਭਰਾ ਵੀ ਸ਼ਾਮਲ ਸਨ।

ਅੱਤਵਾਦੀਆਂ 'ਤੇ ਕਿੰਨਾ ਪ੍ਰਭਾਵ?

ਸ੍ਰੀਨਗਰ ਵਿੱਚ ਬੀਬੀਸੀ ਪੱਤਰਕਾਰ ਜ਼ੁਬੈਰ ਅਹਿਮਦ ਨਾਲ ਗੱਲਬਾਤ ਵਿੱਚ, ਸੈਫੁੱਲਾ ਨੇ ਦਾਅਵਾ ਕੀਤਾ ਸੀ ਕਿ ਮਸੂਦ ਅਜ਼ਹਰ ਨੇ ਜੇਲ੍ਹ ਵਿੱਚ ਕੈਦ ਰਹਿਣ ਦੌਰਾਨ ਕੁਝ ਗੱਲਾਂ ਦਾ ਜ਼ਿਕਰ ਕੀਤਾ ਸੀ।

ਉਸਨੇ ਦੱਸਿਆ ਸੀ, "ਮੌਲਾਨਾ ਦਾ ਸਿਰਫ਼ ਇੱਕ ਹੀ ਕੰਮ ਸੀ, ਭਾਸ਼ਣ ਦੇਣਾ। ਉਨ੍ਹਾਂ ਨੇ ਬੰਦੂਕ ਨਹੀਂ ਚੁੱਕੀ ਸੀ, ਕਿਸੇ ਨੂੰ ਮਾਰਿਆ ਨਹੀਂ ਸੀ। ਉਹ ਜਿਹਾਦ ਦੀ ਵਿਚਾਰਧਾਰਾ 'ਤੇ ਭਾਸ਼ਣ ਦਿੰਦੇ ਸਨ।"

ਸੈਫੁੱਲਾ ਦੇ ਅਨੁਸਾਰ, ਮੌਲਾਨਾ ਅਜ਼ਹਰ ਦੇ ਭਾਸ਼ਣ ਦਾ ਉੱਥੇ ਮੌਜੂਦ ਸਾਰੇ ਅੱਤਵਾਦੀਆਂ 'ਤੇ ਬਹੁਤ ਪ੍ਰਭਾਵ ਪੈਂਦਾ ਸੀ। ਹਾਲਾਂਕਿ, ਜ਼ੁਬੈਰ ਅਹਿਮਦ ਨੇ ਆਪਣੀ ਰਿਪੋਰਟ ਵਿੱਚ ਜ਼ਿਕਰ ਕੀਤਾ ਸੀ ਕਿ ਮੌਲਾਨਾ ਦੇ ਯੂਟਿਊਬ 'ਤੇ ਮੌਜੂਦ ਕਲਿੱਪ ਭਾਰਤ ਵਿਰੁੱਧ ਭੜਕਾਊ ਸਨ।

ਬੀਬੀਸੀ ਨਿਊਜ਼ ਉਰਦੂ ਦੇ ਮੌਜੂਦਾ ਸੰਪਾਦਕ ਆਸਿਫ਼ ਫਾਰੂਕੀ ਨੇ ਬੀਬੀਸੀ ਹਿੰਦੀ ਨੂੰ ਦੱਸਿਆ ਕਿ 'ਪਾਕਿਸਤਾਨ ਵਿੱਚ ਪਾਬੰਦੀ ਦੇ ਬਾਵਜੂਦ, ਜੈਸ਼-ਏ-ਮੁਹੰਮਦ ਦੀਆਂ ਕੁਝ ਗਤੀਵਿਧੀਆਂ ਵੇਖੀਆਂ ਗਈਆਂ, ਜਿਨ੍ਹਾਂ ਬਾਰੇ ਕਿਹਾ ਜਾਂਦਾ ਹੈ ਕਿ ਉਨ੍ਹਾਂ ਨੂੰ ਪਾਕਿਸਤਾਨੀ ਖੁਫੀਆ ਤੰਤਰ ਤੋਂ ਮਦਦ ਮਿਲਦੀ ਰਹੀ। ਪਰ ਇਸਦਾ ਕੋਈ ਸਬੂਤ ਨਹੀਂ ਹੈ।'

ਆਸਿਫ਼ ਫਾਰੂਕੀ ਨੇ ਦੱਸਿਆ ਸੀ, "ਸਾਲ 1999 ਵਿੱਚ ਕੰਧਾਰ ਕਾਂਡ ਤੋਂ ਬਾਅਦ ਮਸੂਦ ਅਜ਼ਹਰ ਨੇ ਅਫਗਾਨਿਸਤਾਨ ਵਿੱਚ ਤਾਲਿਬਾਨ ਦੀ ਮਦਦ ਨਾਲ ਜੈਸ਼-ਏ-ਮੁਹੰਮਦ ਬਣਾਇਆ। ਦੋ-ਤਿੰਨ ਸਾਲ ਬਾਅਦ ਪਾਕਿਸਤਾਨ ਵਿੱਚ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਅਤੇ ਉਨ੍ਹਾਂ ਦੇ ਸੰਗਠਨ 'ਤੇ ਪਾਬੰਦੀ ਲਗਾ ਦਿੱਤੀ ਗਈ।"

"ਮੈਂ ਅੱਜ ਤੱਕ ਕੋਈ ਵੀ ਅਜਿਹਾ ਆਗੂ ਨਹੀਂ ਦੇਖਿਆ ਜਿਸਨੇ ਕਦੇ ਵੀ ਮਸੂਦ ਅਜ਼ਹਰ ਦੇ ਹੱਕ ਵਿੱਚ ਖੁੱਲ੍ਹ ਕੇ ਜਾਂ ਦਬੇ-ਛਿਪੇ ਕੋਈ ਗੱਲ ਕਹੀ ਹੋਵੇ।"

ਪਾਕਿਸਤਾਨ ਵਿੱਚ ਕਿਹੋ-ਜਿਹਾ ਅਕਸ

ਆਸਿਫ਼ ਫਾਰੂਕੀ ਮੁਤਾਬਕ, "ਪਾਕਿਸਤਾਨ ਵਿੱਚ ਮਸੂਦ ਅਜ਼ਹਰ ਬਾਰੇ ਕੋਈ ਚੰਗੀ ਰਾਇ ਨਹੀਂ ਹੈ। ਹਰ ਕੋਈ ਜਾਣਦਾ ਹੈ ਕਿ ਉਹ ਇੱਕ ਕੱਟੜਪੰਥੀ ਸਮੂਹ ਦਾ ਮੁਖੀ ਹੈ ਅਤੇ ਕੱਟੜਪੰਥ ਦਾ ਪ੍ਰਚਾਰ ਕਰਦਾ ਹੈ।"

"ਕਈ ਅੱਤਵਾਦੀ ਘਟਨਾਵਾਂ ਵਿੱਚ ਉਨ੍ਹਾਂ ਦਾ ਹੱਥ ਹੈ। ਨੌਜਵਾਨਾਂ ਦੀ ਉਨ੍ਹਾਂ ਬਾਰੇ ਚੰਗੀ ਰਾਇ ਨਹੀਂ ਹੈ। ਪਰ ਸਮਾਜ ਦਾ ਇੱਕ ਵਰਗ ਅਜਿਹਾ ਵੀ ਹੈ, ਜੋ ਉਨ੍ਹਾਂ ਦਾ ਸਮਰਥਨ ਕਰਦਾ ਹੈ। ਇਹ ਉਹ ਲੋਕ ਹਨ, ਜੋ ਭਾਰਤ ਨੂੰ ਆਪਣਾ ਦੁਸ਼ਮਣ ਮੰਨਦੇ ਹਨ।"

ਹਾਲਾਂਕਿ, ਮੌਲਾਨਾ ਮਸੂਦ ਅਜ਼ਹਰ ਨੂੰ ਜਨਤਕ ਤੌਰ 'ਤੇ ਘੱਟ ਹੀ ਦੇਖਿਆ ਗਿਆ ਹੈ। ਹਾਫਿਜ਼ ਸਈਦ ਵਾਂਗ, ਪਾਕਿਸਤਾਨੀ ਮੀਡੀਆ ਵਿੱਚ ਮੌਲਾਨਾ ਨਾਲ ਸਬੰਧਤ ਸੁਰਖੀਆਂ ਨਹੀਂ ਦਿਖਾਈ ਦਿੰਦੀਆਂ।

ਪਿਛਲੇ ਦੋ ਦਹਾਕਿਆਂ ਵਿੱਚ ਮਸੂਦ ਦੀ ਜਨਤਕ ਮੌਜੂਦਗੀ ਦੀ ਚਰਚਾ ਸਿਰਫ਼ ਦੋ ਵਾਰ ਹੋਈ ਹੈ।

ਇਸ ਬਾਰੇ ਆਸਿਫ਼ ਫਾਰੂਕੀ ਨੇ ਦੱਸਿਆ, "ਕਰਾਚੀ ਵਿੱਚ ਇੱਕ ਜਲਸੇ ਵਿੱਚ ਮੌਲਾਨਾ ਨਜ਼ਰ ਆਏ ਸਨ ਅਤੇ ਇਸ ਤੋਂ ਬਾਅਦ ਮੁਜ਼ੱਫਰਾਬਾਦ ਵਿੱਚ ਜੇਹਾਦੀ ਸੰਗਠਨਾਂ ਦੀ ਇੱਕ ਕਾਨਫਰੰਸ ਵਿੱਚ ਉਨ੍ਹਾਂ ਨੂੰ ਦੇਖਿਆ ਗਿਆ ਸੀ।"



# 'ਆਪ੍ਰੇਸ਼ਨ ਸਿੰਦੂਰ' 'ਤੇ ਮੀਡੀਆ ਨੂੰ ਜਾਣਕਾਰੀ ਦੇਣ ਵਾਲੀਆਂ ਦੋ ਮਹਿਲਾ ਅਫ਼ਸਰ ਕੌਣ ਹਨ?

ਭਾਰਤੀ ਫੌਜ ਨੇ ਕਿਹਾ ਹੈ ਕਿ ਉਸ ਨੇ ਮੰਗਲਵਾਰ ਅਤੇ ਬੁੱਧਵਾਰ ਦੀ ਦਰਮਿਆਨੀ ਰਾਤ ਨੂੰ ਪਾਕਿਸਤਾਨ ਅਤੇ ਪਾਕਿਸਤਾਨ ਸ਼ਾਸਿਤ ਕਸ਼ਮੀਰ ਵਿੱਚ "ਨੌਂ ਅੱਤਵਾਦੀ ਟਿਕਾਣਿਆਂ ਨੂੰ ਨਿਸ਼ਾਨਾ ਬਣਾ ਕੇ ਹਮਲਾ ਕੀਤਾ ਹੈ।" ਫੌਜ ਨੇ ਆਪਣੇ ਆਪ੍ਰੇਸ਼ਨ ਨੂੰ 'ਆਪ੍ਰੇਸ਼ਨ ਸਿੰਦੂਰ' ਦਾ ਨਾਮ ਦਿੱਤਾ ਅਤੇ ਇਸ ਬਾਰੇ ਜਾਣਕਾਰੀ ਦੇਣ ਲਈ ਬੁੱਧਵਾਰ ਸਵੇਰੇ ਫੌਜ ਦੀਆਂ ਦੋ ਮਹਿਲਾ ਅਧਿਕਾਰੀ ਪੱਤਰਕਾਰਾਂ ਸਾਹਮਣੇ ਪੇਸ਼ ਹੋਈਆਂ।

ਆਓ ਜਾਣਦੇ ਹਾਂ ਕਿ ਉਹ ਦੋਵੇਂ ਅਧਿਕਾਰੀ ਕੌਣ ਹਨ...

## ਕਰਨਲ ਸੋਫ਼ੀਆ ਕੁਰੈਸ਼ੀ

ਕਰਨਲ ਸੋਫ਼ੀਆ ਕੁਰੈਸ਼ੀ ਭਾਰਤੀ ਫੌਜ ਦੀ ਇੱਕ ਅਧਿਕਾਰੀ ਹੈ। ਸਾਲ 2016 ਵਿੱਚ, ਬਹੁ-ਰਾਸ਼ਟਰੀ ਫੀਲਡ ਸਿਖਲਾਈ ਅਭਿਆਸ ਭਾਰਤੀ ਸ਼ਹਿਰ ਪੁਣੇ ਵਿੱਚ ਹੋਇਆ ਸੀ। ਐੱਫਟੀਐੱਕਸ ਦੇ 'ਫੋਰਸ 18' ਵਿੱਚ ਆਸਿਆਨ ਪਲੱਸ ਦੇਸ਼ ਸ਼ਾਮਲ ਸਨ। ਇਹ ਭਾਰਤੀ ਧਰਤੀ 'ਤੇ ਹੁਣ ਤੱਕ ਦਾ ਸਭ ਤੋਂ ਵੱਡਾ ਜ਼ਮੀਨੀਂ ਫੌਜੀ ਅਭਿਆਸ ਸੀ। ਇਸ ਵਿੱਚ 40 ਸੈਨਿਕਾਂ ਦੀ ਭਾਰਤੀ ਫੌਜ ਦੀ ਟੁਕੜੀ ਦੀ ਅਗਵਾਈ ਸਿਗਨਲ ਕੋਰ ਦੀ ਮਹਿਲਾ ਅਧਿਕਾਰੀ ਲੈਫਟੀਨੈਂਟ ਕਰਨਲ ਸੋਫ਼ੀਆ ਕੁਰੈਸ਼ੀ ਨੇ ਕੀਤੀ ਸੀ। ਉਸ ਸਮੇਂ, ਉਨ੍ਹਾਂ ਨੂੰ ਇੰਨੇ ਵੱਡੇ ਬਹੁ-ਰਾਸ਼ਟਰੀ ਅਭਿਆਸ ਵਿੱਚ ਭਾਰਤੀ ਫੌਜ ਦੀ ਸਿਖਲਾਈ ਟੀਮ ਦੀ ਅਗਵਾਈ ਕਰਨ ਵਾਲੀ ਪਹਿਲੀ ਮਹਿਲਾ ਅਧਿਕਾਰੀ ਬਣਨ ਦਾ ਦੁਰਲੱਭ ਮਾਣ ਪ੍ਰਾਪਤ ਹੋਇਆ ਸੀ। ਰੱਖਿਆ ਮੰਤਰਾਲੇ ਨੇ ਵੀ ਆਪਣੀ ਇੱਕ ਪਿਛਲੀ ਪੋਸਟ ਵਿੱਚ ਇਹ ਜਾਣਕਾਰੀ ਦਿੱਤੀ ਸੀ ਅਤੇ ਸੋਫ਼ੀਆ ਕੁਰੈਸ਼ੀ ਦੀਆਂ ਤਸਵੀਰਾਂ ਵੀ ਸਾਂਝੀਆਂ ਕੀਤੀਆਂ ਸਨ। ਕੁਰੈਸ਼ੀ ਗੁਜਰਾਤ ਤੋਂ ਹਨ। ਉਨ੍ਹਾਂ ਨੇ ਬਾਇਓਕੈਮਿਸਟ੍ਰੀ ਵਿੱਚ ਪੋਸਟ ਗ੍ਰੇਜੂਏਟ ਕੀਤੀ ਹੈ। ਕੁਰੈਸ਼ੀ ਇੱਕ ਫੌਜੀ ਪਰਿਵਾਰ ਨਾਲ ਸਬੰਧਤ ਹਨ। ਉਨ੍ਹਾਂ ਦੇ ਦਾਦਾ ਜੀ ਭਾਰਤੀ ਫੌਜ ਵਿੱਚ ਸਨ। ਉਨ੍ਹਾਂ ਦਾ ਵਿਆਹ ਮੈਕੇਨਾਈਜ਼ਡ ਇਨਫੈਂਟਰੀ ਦੇ ਇੱਕ ਅਧਿਕਾਰੀ ਨਾਲ ਹੋਇਆ ਹੈ। ਸੋਫ਼ੀਆਂ ਕੁਰੈਸ਼ੀ ਸਾਲ 1999 ਵਿੱਚ 17 ਸਾਲ ਦੀ ਉਮਰ ਵਿੱਚ ਸ਼ੌਰਟ ਸਰਵਿਸ ਕਮਿਸ਼ਨ ਰਾਹੀਂ ਭਾਰਤੀ ਫੌਜ ਵਿੱਚ ਆਏ ਸਨ।



ਉਨ੍ਹਾਂ ਨੇ ਛੇ ਸਾਲਾਂ ਲਈ ਸੰਯੁਕਤ ਰਾਸ਼ਟਰ ਸ਼ਾਂਤੀ ਸੈਨਾ ਵਿੱਚ ਵੀ ਕੰਮ ਕੀਤਾ ਹੈ। ਇਸ ਵਿੱਚ 2006 ਵਿੱਚ ਕਾਂਗੋ ਵਿੱਚ ਇੱਕ ਮਹੱਤਵਪੂਰਨ ਦੌਰਾ ਸ਼ਾਮਲ ਸੀ। ਉਸ ਵੇਲੇ ਉਨ੍ਹਾਂ ਦੀ ਮੁੱਖ ਭੂਮਿਕਾ ਸ਼ਾਂਤੀ ਕਾਰਜਾਂ ਵਿੱਚ ਸਿਖਲਾਈ ਨਾਲ ਸਬੰਧਤ ਯੋਗਦਾਨ ਦੇਣ ਦੀ ਸੀ। ਮੈਨੂੰ ਆਪਣੀ ਧੀ 'ਤੇ ਮਾਣ ਹੈ- ਕਰਨਲ ਸੋਫ਼ੀਆ ਦੇ ਪਿਤਾ ਕਰਨਲ ਸੋਫ਼ੀਆ ਦੇ ਪਿਤਾ ਤਾਜ ਮੁਹੰਮਦ ਕੁਰੈਸ਼ੀ ਨੇ ਮੀਡੀਆ ਨਾਲ ਗੱਲਬਾਤ ਦੌਰਾਨ ਕਿਹਾ, "ਅਸੀਂ ਬਹੁਤ ਮਾਣ ਮਹਿਸੂਸ ਕਰ ਰਹੇ ਹਾਂ। ਮੈਨੂੰ ਮਾਣ ਹੈ ਕਿ ਮੇਰੀ ਧੀ ਨੇ ਦੇਸ਼ ਲਈ ਕੁਝ ਕੀਤਾ ਹੈ। ਅਸੀਂ ਰਾਸ਼ਟਰ ਪ੍ਰਤੀ ਸਮਰਪਿਤ ਹਾਂ। ਪਹਿਲਾਂ ਅਸੀਂ ਭਾਰਤੀ ਹਾਂ ਅਤੇ ਫਿਰ ਹਿੰਦੂ ਅਤੇ ਮੁਸਲਮਾਨ।" ਕਰਨਲ ਸੋਫ਼ੀਆ ਦੀ ਫੌਜ ਵਿੱਚ ਭਰਤੀ ਹੋਣ ਦੀ ਪ੍ਰੇਰਨਾ ਬਾਰੇ ਗੱਲ ਕਰਦੇ ਹੋਏ, ਉਨ੍ਹਾਂ ਦੇ ਪਿਤਾ ਨੇ ਕਿਹਾ, "ਉਹ ਹਮੇਸ਼ਾ ਫੌਜ ਵਿੱਚ ਸ਼ਾਮਲ ਹੋਣਾ ਚਾਹੁੰਦੀ ਸੀ। ਉਨ੍ਹਾਂ ਨੇ ਕਿਹਾ ਕਿ ਸਾਡੇ ਪਰਿਵਾਰ ਦਾ ਕੋਈ ਭਰਾ ਫੌਜ ਵਿੱਚ ਨਹੀਂ ਜਾ ਰਿਹਾ ਹੈ, ਕੀ ਮੈਨੂੰ ਜਾਣਾ ਚਾਹੀਦਾ ਹੈ..? ਤਾਂ ਮੈਂ ਤੁਰੰਤ ਹਾਂ ਕਹਿ ਦਿੱਤੀ ਅਤੇ ਉਨ੍ਹਾਂ ਦਾ ਫੌਜ ਵਿੱਚ ਸਲੈਕਸ਼ਨ ਹੋ ਗਿਆ।" ਜਦੋਂ ਕਰਨਲ ਸੋਫੀਆ ਨੇ ਮੀਡੀਆ ਨਾਲ ਆਪ੍ਰੇਸ਼ਨ ਸਿੰਦੂਰ ਬਾਰੇ ਗੱਲ ਕੀਤੀ, ਤਾਂ ਉਨ੍ਹਾਂ ਦੇ ਪਿਤਾ ਨੇ ਆਪਣੇ ਮਨ ਵਿੱਚ ਆਈਆਂ ਕਈ ਭਾਵਨਾਵਾਂ ਬਾਰੇ ਗੱਲ ਕਰਦਿਆਂ ਕਿਹਾ, "ਮੈਨੂੰ ਉਸ ਪਲ ਮਾਣ ਮਹਿਸੂਸ ਹੋਇਆ। ਮੈਨੂੰ ਲੱਗਾ ਕਿ ਮੇਰੀ ਧੀ ਨੇ ਵੀ ਆਪਣੇ ਦੇਸ਼ ਲਈ ਕੁਝ ਕੀਤਾ ਹੈ।" ਆਪਣੀ ਧੀ ਦੀ ਫੌਜ ਵਿੱਚ ਭਰਤੀ ਹੋਣ ਦੀ ਪ੍ਰੇਰਨਾ ਬਾਰੇ ਗੱਲ ਕਰਦੇ ਹੋਏ, ਕਰਨਲ ਸੋਫੀਆ ਦੀ ਮਾਂ ਹਲੀਮਾ ਬੀਬੀ ਕੁਰੈਸ਼ੀ ਨੇ ਕਿਹਾ, "ਉਸ ਦੀ ਦਾਦੀ ਉਸ ਨੂੰ ਦੱਸਦੀ ਹੁੰਦੀ ਸੀ ਕਿ ਉਸ ਦੇ ਦਾਦਾ ਜੀ ਅਤੇ ਪਿਤਾ ਫੌਜ ਵਿੱਚ ਭਰਤੀ ਹੋ ਗਏ ਸਨ। ਇਸ ਲਈ ਸੋਫੀਆ ਉਨ੍ਹਾਂ ਨੂੰ ਕਹਿੰਦੀ ਹੁੰਦੀ ਸੀ ਕਿ ਮੇਰਾ ਕੋਈ ਵੀ ਭਰਾ ਫੌਜ ਵਿੱਚ ਭਰਤੀ ਨਹੀਂ ਹੋਇਆ ਹੈ, ਇਸ ਲਈ ਮੈਂ ਵੱਡੀ ਹੋ ਕੇ ਫੌਜ ਵਿੱਚ ਸ਼ਾਮਲ ਹੋਵਾਂਗੀ।" ਉਨ੍ਹਾਂ ਨੇ ਅੱਗੇ ਕਿਹਾ ਕਿ ਉਨ੍ਹਾਂ ਨੂੰ ਆਪਣੀ ਧੀ ਦੇ ਫੌਜ ਵਿੱਚ ਭਰਤੀ ਹੋਣ ਬਾਰੇ ਕੋਈ ਡਰ ਨਹੀਂ ਹੈ। ਸੋਫ਼ੀਆ ਦੀ ਮਾਂ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਕਰਨਲ ਸੋਫ਼ੀਆ ਦਾ ਪੁੱਤਰ ਵੀ ਹੁਣ ਫੌਜ ਵਿੱਚ ਭਰਤੀ ਹੋਣਾ ਚਾਹੁੰਦਾ ਹੈ। ਕਰਨਲ ਸੋਫ਼ੀਆ ਦੇ ਭਰਾ ਮੁਹੰਮਦ ਸੰਜੇਭਾਈ ਕੁਰੈਸ਼ੀ ਨੇ ਆਪਣੀ ਪ੍ਰਤੀਕਿਰਿਆ ਦਿੰਦੇ ਹੋਏ ਕਿਹਾ, "ਪਹਿਲਗਾਮ ਘਟਨਾ ਤੋਂ ਵੱਧ ਨਿੰਦਣਯੋਗ ਕੋਈ ਘਟਨਾ ਨਹੀਂ ਹੋ ਸਕਦੀ। ਇਹ ਇੱਕ ਪ੍ਰਤੀਕਿਰਿਆ ਸੀ ਅਤੇ ਮੌਜੂਦਾ ਪਲ਼ ਸਾਡੇ ਪਰਿਵਾਰ ਸਮੇਤ ਪੂਰੇ ਭਾਰਤ ਲਈ ਬਹੁਤ ਮਾਣ ਵਾਲਾ ਪਲ਼ ਹੈ।" "ਜਦੋਂ ਸਾਡੀ ਭੈਣ ਸੋਫ਼ੀਆ ਨੇ ਆਰਮੀ ਸਕੂਲ- ਕੇਂਦਰੀ ਵਿਦਿਆਲਿਆ ਤੋਂ ਆਪਣੀ ਪੜ੍ਹਾਈ ਸ਼ੁਰੂ ਕੀਤੀ ਸੀ। ਉਨ੍ਹਾਂ ਨੇ ਵਡੋਦਰਾ ਵਿੱਚ ਹੀ ਪੜ੍ਹਾਈ ਕੀਤੀ ਸੀ। ਉਨ੍ਹਾਂ ਨੇ ਆਪਣੀ ਉੱਚ ਸਿੱਖਿਆ ਐੱਮਐੱਸ ਯੂਨੀਵਰਸਿਟੀ ਕਰ ਰਹੀ ਸੀ। ਜਦੋਂ ਉਹ ਆਪਣੀ ਪੀਐੱਚਡੀ ਕਰ ਰਹੀ ਸੀ, ਉਹ ਯੂਨੀਵਰਸਿਟੀ ਵਿੱਚ ਸਹਾਇਕ ਲੈਕਚਰਾਰ ਵਜੋਂ ਕੰਮ ਕਰ ਰਹੀ ਸੀ।" "ਉਨ੍ਹਾਂ ਨੂੰ ਭਾਰਤੀ ਫੌਜ ਦੇ ਸ਼ਾਰਟ ਸਰਵਿਸ ਕਮਿਸ਼ਨ ਲਈ ਚੁਣਿਆ ਗਿਆ ਸੀ। ਇਸ ਤੋਂ ਬਾਅਦ, ਉਹ ਦੇਸ਼ ਦੀ ਸੇਵਾ ਕਰਨ ਲਈ ਫੌਜ ਵਿੱਚ ਸ਼ਾਮਲ ਹੋ ਗਿਆ, ਭਾਵੇਂ ਉਸ ਦੀ ਪੀਐੱਚਡੀ ਵਿੱਚ ਸਿਰਫ ਇੱਕ ਸਾਲ ਬਾਕੀ ਸੀ।"

## ਵਿਓਮਿਕਾ ਸਿੰਘ

ਵਿੰਗ ਕਮਾਂਡਰ ਵਿਓਮਿਕਾ ਸਿੰਘ ਦੂਜੀ ਅਧਿਕਾਰੀ ਸਨ ਜਿਨ੍ਹਾਂ ਨੇ ਮੀਡੀਆ ਨੂੰ ਫੌਜ ਦੇ ਆਪ੍ਰੇਸ਼ਨ ਸਿੰਦੂਰ ਬਾਰੇ ਜਾਣਕਾਰੀ ਦਿੱਤੀ। ਵਿਓਮਿਕਾ ਸਿੰਘ ਭਾਰਤੀ ਹਵਾਈ ਸੈਨਾ ਵਿੱਚ ਇੱਕ ਹੈਲੀਕਾਪਟਰ ਪਾਇਲਟ ਹੈ। ਰਿਪੋਰਟਾਂ ਅਨੁਸਾਰ, ਉਹ ਹਮੇਸ਼ਾ ਪਾਇਲਟ ਬਣਨਾ ਚਾਹੁੰਦੇ ਸਨ। ਉਨ੍ਹਾਂ ਦੇ ਨਾਮ ਦਾ ਅਰਥ ਹੈ 'ਅਸਮਾਨ ਨਾਲ ਜੁੜਨ ਵਾਲਾ' ਅਤੇ ਇਸ ਨਾਮ ਨੇ ਉਨ੍ਹਾਂ ਦੀ ਇੱਛਾ ਨੂੰ ਆਕਾਰ ਦਿੱਤਾ। ਵਿਓਮਿਕਾ ਸਿੰਘ ਨੈਸ਼ਨਲ ਕੈਡੇਟ ਕੋਰ ਯਾਨਿ ਐੱਨਸੀਸੀ ਵਿੱਚ ਸਨ ਅਤੇ ਉਨ੍ਹਾਂ ਨੇ ਇੰਜੀਨੀਅਰਿੰਗ ਕੀਤੀ ਹੈ। ਉਨ੍ਹਾਂ ਨੂੰ 2019 ਵਿੱਚ ਭਾਰਤੀ ਹਵਾਈ ਸੈਨਾ ਦੀ ਫਲਾਇੰਗ ਬ੍ਰਾਂਚ ਵਿੱਚ ਪਾਇਲਟ ਵਜੋਂ ਸਥਾਈ ਕਮਿਸ਼ਨ ਮਿਲਿਆ। ਵਿਓਮਿਕਾ ਸਿੰਘ ਨੇ 2500 ਘੰਟੇ ਤੋਂ ਵੱਧ ਸਮਾਂ ਉਡਾਣ ਭਰੀ ਹੈ। ਉਨ੍ਹਾਂ ਨੇ ਜੰਮੂ-ਕਸ਼ਮੀਰ ਅਤੇ ਉੱਤਰ-ਪੂਰਬੀ ਭਾਰਤ ਵਿੱਚ ਮੁਸ਼ਕਲ ਹਾਲਾਤਾਂ ਵਿੱਚ ਚੇਤਕ ਅਤੇ ਚੀਤਾ ਵਰਗੇ ਹੈਲੀਕਾਪਟਰ ਉਡਾਏ ਹਨ।

# ਪਾਕਿਸਤਾਨ ਦੇ ਆਤੰਕੀ ਕੈਂਪ 'ਤੇ 'ਆਪਰੇਸ਼ਨ ਸਿੰਦੂਰ' ਦੇ ਤਬਾਹੀ ਦੇ ਉਹ 22 ਮਿੰਟ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

- ਸਟੀਕਤਾ ਸੰਵੇਦਨਸ਼ੀਲਤਾ ਨਾਲ ਆਤੰਕੀ ਅੱਡੇ ਤਬਾਹ
- ਪਾਕਿਸਤਾਨ ਆਤੰਕੀ ਕੈਂਪਾਂ ਤੇ ਮਿਜ਼ਾਈਲ ਏਅਰ ਸਟਰਾਈਕ
- 9 ਟਾਰਗੇਟ ਤੇ 90 ਆਤੰਕੀਆਂ ਦੇ ਮਰਨ ਦੀ ਖ਼ਬਰ
- ਲਸ਼ਕਰੇ ਤੋਇਬਾ ਮਰਕਜ਼ ਤੇ ਜੈਸ਼ ਦੇ ਮੁਰੀਦ ਕੇ ਸਿਆਲਕੋਟ 'ਤੇ ਬੰਬਾਰੀ ਮਸਜਿਦ , ਸੁਭਾਨ ਅੱਲਾਹ ਸਾਰੇ ਤਬਾਹ
- ਸੈਨਾ ਨੇ ਆਪਣੇ ਹੌਂਸਲੇ ਅਤੇ ਸਾਹਸ ਦਾ ਮੁਜ਼ਾਹਰਾ ਕੀਤਾ।
- ਉਹਨਾਂ ਨੂੰ ਮਾਰਿਆ, ਜਿਨਾਂ ਨੇ ਮਾਸੂਮਾਂ ਨੂੰ ਮਾਰਿਆ
- ਯੂਐਨਐਸਸੀ ਤੇ ਪੱਛਮੀ ਦੇਸ਼ਾਂ ਨੂੰ ਬ੍ਰੀਫਿੰਗ ਕੀਤਾ।

ਅਤੰਕਵਾਦ ਦੀ ਪੁਸ਼ਤਪਨਾਹੀ ਕਰਨ ਵਾਲੇ ਪਾਕਿਸਤਾਨ ਨੂੰ ਸਬਕ ਸਿਖਾਉਣ ਲਈ ਭਾਰਤ ਨੇ ਕੱਲ੍ਹ ਰਾਤ ਵੱਡੇ ਤੜਕੇ ਇਕ ਵੱਜ ਕੇ 44 ਮਿੰਟ 'ਤੇ ਏਅਰ ਸਟਰਾਈਕ ਕਰਦਿਆਂ ਪਾਕਿਸਤਾਨ ਸਥਿਤ ਜੈਸ਼ ਲਸ਼ਕਰੇ ਤੋਇਬਾ ਅਤੇ ਉਹਨਾਂ ਆਤੰਕੀ ਟਿਕਾਣਿਆਂ ਨੂੰ ਆਪਣਾ ਨਿਸ਼ਾਨਾ ਬਣਾਇਆ, ਜਿਨ੍ਹਾਂ ਵਿੱਚ ਆਤੰਕੀ ਕੈਂਪ ਅਤੇ ਉਹਨਾਂ ਦੇ ਸਰਗਨਾ ਉਹਨਾਂ ਨੂੰ ਟ੍ਰੇਨਿੰਗ ਦਿੰਦੇ ਸਨ। ਇਹ ਪਹਿਲੀ ਵਾਰ ਹੈ ਕਿ ਕਸ਼ਮੀਰ ਤੋਂ ਬਾਹਰ ਨਿਕਲ ਕੇ ਭਾਰਤੀ ਸੈਨਾ ਦੇ ਮਿਜ਼ਾਇਲ ਅਟੈਕ ਦੀ ਜਦ ਹੇਠ ਮੁਰੀਦ ਕੇ ਪੱਛਮੀ ਪੰਜਾਬ ਅਤੇ ਸਿਆਲਕੋਟ ਵਿੱਚ ਉਹ ਥਾਂ ਵੀ ਟਾਰਗੇਟ ਕੀਤੇ ਗਏ, ਜਿਨ੍ਹਾਂ ਵਿੱਚ ਲਸ਼ਕਰਿ ਤੋਇਬਾ ਅਤੇ ਮਰਕਜ਼ 'ਤੇ ਅੱਡੇ ਬਣਾਏ ਹੋਏ ਸਨ। ਮਸਜਿਦਾਂ ਦੀ ਆੜ ਵਿੱਚ ਅਤੇ ਮਦਰਸਿਆਂ ਦੇ ਨਾਮ 'ਤੇ ਚੱਲਣ ਵਾਲੇ ਇਹ ਟਰੇਨਿੰਗ ਕੈਂਪ ਵਿੱਚ ਭਾਰਤੀ ਸਰਹੱਦਾਂ ਤੋਂ ਪਾਰ ਆਤੰਕਵਾਦੀਆਂ ਦੀ ਟ੍ਰੇਨਿੰਗ ਦੇ ਕੈਂਪ ਇਸ ਤਰ੍ਹਾਂ ਦੇ ਸਨ ਜਿਨ੍ਹਾਂ ਦੇ ਬਾਰੇ ਪਿਛਲੇ ਕਈ ਦਹਾਕਿਆਂ ਤੋਂ ਚਰਚਾ ਚੱਲ ਰਹੀ ਸੀ।

ਭਾਰਤੀ ਫੌਜ ਨੇ ਆਪਰੇਸ਼ਨ ਸਿੰਧੂਰ ਚਲਾ ਕੇ ਨੌ ਟਿਕਾਣਿਆਂ 'ਤੇ 21 ਟਾਰਗੇਟ ਬੰਬਾਰੀ ਕਰਦਿਆਂ ਹੋਇਆਂ ਜਿਹਨਾਂ ਵਿੱਚ ਮਿਜ਼ਾਈਲਾਂ ਡਰੋਨ ਅਤੇ ਹਵਾਈ ਹਮਲੇ ਵੀ ਸ਼ਾਮਿਲ ਸਨ, ਨੇ ਆਪਣਾ ਰੁਦਰ ਰੂਪ ਦਿਖਾਉਂਦਿਆਂ ਹੋਇਆਂ 90 ਤੋਂ ਜ਼ਿਆਦਾ ਆਤੰਕਵਾਦੀਆਂ ਅਤੇ ਉਹਨਾਂ ਦੇ ਸਰਗਨੇ ਇਥੇ ਤੱਕ ਕਿ ਮਸੂਦ ਰਿਸ਼ੀਦ ਵਰਗੇ ਲਸ਼ਕਰੇ ਤੋਇਬਾ ਦੇ ਚੀਫ਼ ਦੇ 14 ਸਿੱਧੇ ਰਿਸ਼ਤੇਦਾਰਾਂ ਵਿੱਚ ਦੀ ਮੌਤ ਦਾ ਪੈਗ਼ਾਮ ਵੀ ਲਿਖ ਦਿੱਤਾ ਹੈ।

ਹੁਣ ਪੂਰੀ ਦੁਨੀਆਂ ਨੂੰ ਅਤੇ ਪਾਕਿਸਤਾਨ ਦੇ ਜਨਰਲ ਮੁਨੀਰ ਅਤੇ ਉੱਥੋਂ ਦੀ ਸਰਕਾਰ ਤੇ ਆਤੰਕਵਾਦ ਨੂੰ ਪਾਲਣ ਵਾਲਿਆਂ ਲਈ ਇਹ ਦੁਨੀਆਂ ਵਿੱਚ ਸਭ ਤੋਂ ਵੱਡਾ ਸੰਦੇਸ਼ ਇਹ ਹੈ ਕਿ ਹੁਣ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਏਗਾ। ਭਾਰਤੀ ਫ਼ੌਜ ਨੇ ਆਪਣੀ ਬਰੀਫਿੰਗ ਦੇ ਵਿੱਚ ਇਹ ਗੱਲ ਸਾਫ਼ ਕੀਤੀ ਹੈ ਕਿ ਇਹ ਨਿਸ਼ਾਨੇ ਬੜੀ ਸਟੀਕਤਾ ਅਤੇ ਸੰਵੇਦਨਸ਼ੀਲਤਾ ਨਾਲ ਤੈਅ ਕੀਤੇ ਗਏ ਹਨ ਅਤੇ ਕਿਸੇ ਵੀ ਮਿਲਟਰੀ ਥਾਂ ਨੂੰ ਟਾਰਗੇਟ ਨਹੀਂ ਕੀਤਾ ਗਿਆ ਹੈ ਅਤੇ ਕੋਈ ਵੀ ਸਧਾਰਨ ਲੋਕਾਂ ਦੀ ਕਿ ਆਮ ਨਾਗਰਿਕਾਂ ਦੀ ਕੈਜ਼ੂਅਲਟੀ ਨਹੀਂ ਹੋਈ ਹੈ।

ਆਤੰਕ ਦੇ ਖ਼ਿਲਾਫ਼ ਸਰਕਾਰ ਦੀ ਇਹ ਲੜਾਈ ਵਿੱਚ ਪੂਰਾ ਦੇਸ਼ ਸ਼ਾਮਿਲ ਹੋਇਆ ਹੈ ਅਤੇ 22 ਤੋਂ 25 ਮਿੰਟ ਦੇ ਆਪਰੇਸ਼ਨ ਦੇ ਵਿੱਚ ਨੌ ਟੈਰਰ ਕੈਂਪ ਤੋਂ ਬਾਅਦ ਕੀਤੇ ਗਏ ਹਨ, ਜਿਨ੍ਹਾਂ ਦੇ ਵਿੱਚ ਸਵਾਈ ਨਾਲਾ ਤੋਂ ਲੈ ਕੇ ਬਰਨਾਲਾ ਸਿਆਲਕੋਟ ਤੇ ਕਲਾ ਮੁਰੀਦ ਕੇ ਬਹਾਵਲਪੁਰ ਕੋਟਲੀ ਮੁਜ਼ੱਫਰਾਬਾਦ ਆਜ਼ਾਦ ਕਸ਼ਮੀਰ ਦਾ ਹਿੱਸਾ ਸ਼ਾਮਿਲ ਹੈ, ਪ੍ਰੰਤੂ ਇਹ ਅਜੇ ਵੀ ਸ਼ਾਇਦ ਅਧੂਰਾ ਹੈ। ਪਰ ਸਰਕਾਰ ਨੇ ਕਿਹਾ ਹੈ ਕਿ ਸੈਨਾ ਨੇ ਤੈਅ ਕੀਤੇ ਟਾਰਗੇਟ 'ਤੇ ਬੜਾ ਸਟੀਕ ਆਪਰੇਸ਼ਨ ਕੀਤਾ ਹੈ, ਪ੍ਰੰਤੂ ਅਜੇ ਵੀ ਉਨ੍ਹਾਂ ਦੇ ਸਰਗਨਾ ਜਿਹੜੇ ਬਚ ਗਏ ਹਨ, ਉਹਨਾਂ ਨੂੰ ਚੁਣ ਚੁਣ ਕੇ ਮਾਰਿਆ ਜਾਵੇਗਾ।

ਅੱਜ ਪੂਰੇ ਭਾਰਤ ਨੇ ਜਿਸ ਤਰ੍ਹਾਂ ਇੱਕ ਮਤ ਹੋ ਕੇ ਇਸ ਅਪਰੇਸ਼ਨ ਦੀ ਸ਼ਲਾਘਾ ਕੀਤੀ ਹੈ, ਉਹ ਭਾਰਤ ਦੀ ਏਕਤਾ ਨੂੰ ਦਰਸਾਉਂਦਾ ਹੈ, ਉੱਥੇ ਰਾਜਨੀਤਿਕ ਅਤੇ ਕੂਟਨੀਤਿਕ ਮਿਸ਼ਨਾਂ ਦੇ ਆਗੂਆਂ ਨੂੰ ਵੀ ਵਿਸ਼ੇਸ਼ਕਰ ਯੂਏਈ ਬਰਟੇਨ ਅਮਰੀਕਾ ਫ਼ਰਾਂਸ ਤੇ ਹੋਰ ਦੇਸ਼ਾਂ ਦੇ ਮੁਲਕਾਂ ਦੇ ਰਾਜਦੂਤਾਂ ਨੂੰ ਬੁਲਾ ਕੇ ਉਹਨਾਂ ਨੂੰ ਇਸ ਦੀ ਬ੍ਰੀਫਿੰਗ ਕੀਤੀ ਗਈ ਹੈ ਤੇ ਆਪਣਾ ਪੱਖ ਦੱਸਿਆ ਗਿਆ ਹੈ।

ਉੱਥੇ ਯੂਐਨ ਐਸਸੀ ਅਰਥਾਤ ਯੂਐਨਓ ਦੀ ਉਸ ਕਮੇਟੀ ਨੂੰ ਸੂਚਨਾ ਦਿੱਤੀ ਗਈ ਹੈ ਜੋ ਟੈਰੋਰਿਜ਼ਮ ਦੇ ਬਾਰੇ ਵਿੱਚ ਆਤੰਕ ਦੇ ਖ਼ਿਲਾਫ਼ ਕਾਰਵਾਈ ਲਈ ਪੂਰੀ ਦੁਨੀਆਂ ਵਿੱਚ ਸੁਣਵਾਈ ਕਰਦੀ ਹੈ, ਪ੍ਰੰਤੂ ਸੱਚ ਇਹ ਹੈ ਕਿ ਪਾਕਿਸਤਾਨ ਅਜੇ ਵੀ ਆਪਣੇ ਇਰਾਦਿਆਂ ਤੋਂ ਬਾਜ਼ ਨਹੀਂ ਆ ਰਿਹਾ ਹੈ ਤੇ ਉਸ ਨੇ ਪਾਕਿਸਤਾਨ ਦੇ ਨਾਲ ਲੱਗਦੇ ਹੋਏ ਬਾਰਡਰ ਕਸ਼ਮੀਰ ਦੇ ਵਿੱਚ ਕਈ ਥਾਵਾਂ 'ਤੇ ਗੋਲਾਬਾਰੀ ਕਰਕੇ ਨੌਂ ਤੋਂ ਜ਼ਿਆਦਾ ਭਾਰਤੀ ਲੋਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਗਿਆ ਹੈ ਅਤੇ ਭਾਰਤੀ ਫ਼ੌਜ ਉਹਨਾਂ ਨੂੰ ਪੂਰੀ ਚੰਗੀ ਤਰ੍ਹਾਂ ਜਵਾਬ ਦੇ ਰਹੀ ਹੈ।

ਸੈਨਾ ਦਾ ਇਸ ਤਹਿਤ ਟਾਰਗੇਟ ਸਿੰਧੂਰ ਆਪਰੇਸ਼ਨ ਦੇ ਨਾਲ ਭਾਰਤੀ ਸੈਨਾ ਦਾ ਸਿੱਕਾ ਪੂਰੀ ਦੁਨੀਆਂ ਵਿੱਚ ਜੰਮ ਗਿਆ ਹੈ ਅਤੇ ਇਹ ਦੱਸਿਆ ਗਿਆ ਹੈ ਕਿ ਕਿਸ ਤਰ੍ਹਾਂ ਸਿੱਧੇ ਸਟੀਕ ਨਿਸ਼ਾਨੇ 'ਤੇ ਨਵੀਂ ਟੈਕਨੋਲੋਜੀ ਦੇ ਨਾਲ ਮਿਜ਼ਾਈਲਾਂ ਦੀ ਵਰਤੋਂ ਕੀਤੀ ਜਾ ਸਕਦੀ ਹੈ, ਭਾਰਤ ਦੀ ਸੈਨਾ ਨੇ ਉਹ ਕਰਕੇ ਦਿਖਾਇਆ ਹੈ। ਪ੍ਰੰਤੂ ਇਹ ਇਹ ਵੀ ਇੱਕ ਪਾਕਿਸਤਾਨ ਨੇ ਇਸ ਨੂੰ ਆਪਣੀ ਹੀ ਜਿੱਤ ਦੱਸਦਾ ਹੋਇਆ ਇਹ ਕਹਿ ਰਿਹਾ ਹੈ ਕਿ ਉਸਨੇ ਭਾਰਤੀ ਸੈਨਾ ਦੇ ਦੋ ਹਵਾਈ ਜਹਾਜ਼ ਗਿਰਾਏ ਹਨ, ਪਰੰਤੂ ਇਹਦੀ ਤਸਦੀਕ ਕਿਸੇ ਨੇ ਨਹੀਂ ਕੀਤੀ, ਪ੍ਰੰਤੂ ਉਹਨਾਂ ਦੇ ਸੂਚਨਾ ਮੰਤਰੀ ਦਾ ਇਹ ਕਹਿਣਾ ਹੈ ਕਿ ਇਹ ਦੇ ਇਮੇਜ਼ਸ ਉਹ ਜਲਦੀ ਹੀ ਜਾਰੀ ਕਰਨਗੇ ਤੇ ਇਸ ਤਰ੍ਹਾਂ ਦਾ ਝੂਠਾ ਪ੍ਰਚਾਰ ਪਾਕਿਸਤਾਨ ਚੈਨਲਾਂ 'ਤੇ ਹੋਣਾ ਤਾਂ ਹਰ ਵਕਤ ਕੀਤਾ ਜਾ ਰਿਹਾ ਹੈ।

ਭਾਰਤੀ ਲੋਕਾਂ ਤੇ ਪਾਕਿਸਤਾਨ ਦੇ ਅਨੁਸਾਰ ਭਾਰਤ ਸਰਕਾਰ ਨੇ ਪਾਕਿਸਤਾਨ ਤੋਂ ਪੈਹਲਗਾਮ ਨਰਸੰਹਾਰ ਦੀ ਘਟਨਾ ਦਾ ਬਦਲਾ ਸਿੱਧੇ ਰੂਪ ਦੇ ਵਿੱਚ ਆਤੰਕਵਾਦ ਅਤੇ ਉਸਦੇ ਸਰਗਨਿਆਂ ਦੇ ਪਰਿਵਾਰਾਂ ਨੂੰ ਮਾਰ ਕੇ ਸਿੱਧੇ ਰੂਪ ਦੇ ਵਿੱਚ ਇੱਕ ਐਸੀ ਤਬਾਹੀ ਦਾ ਦ੍ਰਿਸ਼ ਦਿੱਤਾ ਹੈ, ਜਿਸ ਨੂੰ ਪਾਕਿਸਤਾਨ ਦੀਆਂ ਪੀੜ੍ਹੀਆਂ ਅਤੇ ਆਤੰਕੀ ਸਰਗਨਾ ਦੇ ਬਿਸ ਕੈਂਪ ਚਲਾਉਣ ਵਾਲੇ ਹਮੇਸ਼ਾ ਯਾਦ ਰੱਖਣਗੇ।

ਇਤਿਹਾਸ ਗਵਾਹ ਹੈ ਕਿ ਜਿੰਨੀ ਦੇਰ ਤੱਕ ਸੈਨਾਵਾਂ ਇਸ ਤਰ੍ਹਾਂ ਦੀਆਂ ਘਟਨਾਵਾਂ 'ਤੇ ਸਖ਼ਤ ਰੁਖ ਅਖਤਿਆਰ ਨਹੀਂ ਕਰਦੀਆਂ ਹਨ, ਉਨੀ ਦੇਰ ਤੱਕ ਇਸ ਤਰ੍ਹਾਂ ਦੀਆਂ ਘਟਨਾਵਾਂ 'ਤੇ ਪੂਰੀ ਤਰ੍ਹਾਂ ਲਗਾਉਣਾ ਬੇਹੱਦ ਮੁਸ਼ਕਲ ਹੋ ਜਾਂਦਾ ਹੈ। ਪਿਛਲੇ ਦੋ ਦਹਾਕਿਆਂ ਤੋਂ ਪਾਕਿਸਤਾਨ ਨੇ ਜਿਸ ਤਰ੍ਹਾਂ ਭਾਰਤੀ ਕਸ਼ਮੀਰ ਵਿੱਚ ਅਤੇ ਪੰਜਾਬ ਦੇ ਇਲਾਕਿਆਂ ਤੋਂ ਇਲਾਵਾ ਮੁੰਬਈ ਦੇ ਵਿੱਚ ਜਿਸ ਤਰ੍ਹਾਂ ਆਤੰਕਵਾਦ ਦੀਆਂ ਘਟਨਾਵਾਂ ਨਾਲ ਤਬਾਹੀ ਮਚਾਈ ਹੈ, ਉਸ ਨਾਲ ਭਾਰਤੀ ਸੈਨਾ ਤੇ ਭਾਰਤੀ ਸਰਕਾਰ 'ਤੇ ਪੂਰਾ ਦਬਾਓ ਵੀ ਸੀ ਕਿ ਇਹਨਾਂ ਦਾ ਮੂੰਹ ਤੋੜ ਜਵਾਬ ਦਿੱਤਾ ਜਾਏ ਅਤੇ ਜਿਸ ਢੰਗ ਨਾਲ ਇਹ ਦਿੱਤਾ ਗਿਆ ਹੈ ਤੇ ਭਾਰਤ ਸਰਕਾਰ ਨੇ ਇਹਨਾਂ ਦਾ ਬਦਲਾ ਲਿਆ ਹੈ।

ਉਸ ਨਾਲ ਪੂਰੇ ਦੇਸ਼ ਵਿੱਚ ਸੈਨਾ ਦੇ ਸਾਥ ਅਤੇ ਸੈਨਾ ਨੂੰ ਸਲਾਮ ਕੀਤਾ ਜਾ ਰਿਹਾ ਹੈ ਅਤੇ ਪੂਰੀ ਦੁਨੀਆਂ ਦੇ ਵਿਦੇਸ਼ੀ ਰਾਜਨੀਤਿਕਾਂ ਤੇ 27 ਮੈਂਬਰਾਂ ਨੂੰ ਵਿਦੇਸ਼ੀ ਰਾਜਦੂਤਾਂ ਨੂੰ ਬੁਲਾ ਕੇ ਜਾਣਕਾਰੀ ਦਿੱਤੀ ਹੈ।

ਰੂਸ ਅਤੇ ਚੀਨ ਦੇ ਵਿਦੇਸ਼ ਮੰਤਰਾਲੇ ਨੂੰ ਵੀ ਬ੍ਰੀਫਿੰਗ ਵਿਚ ਬੁਲਾਇਆ ਗਿਆ ਹੈ। ਇਸ ਕਾਰਵਾਈ ਦੇ ਵਿੱਚ ਆਰਮੀ ਦੇ ਟਿਕਾਣੇ ਦੇਖੇ ਜਾ ਸਕਦੇ ਹਨ, ਜਿਨ੍ਹਾਂ ਨੂੰ ਭਾਰਤ ਨੇ ਪੂਰੀ ਤਰ੍ਹਾਂ ਬਰਬਾਦ ਕੀਤਾ ਹੈ। ਇਥੇ ਵੀ ਬਣਨ ਯੋਗ ਹੈ ਕਿ ਐਨਐਸਏ ਅਜੀਤ ਡੋਭਾਲ ਨੇ ਜਪਾਨ ਤੇ ਯੂਏਈ ਤੋਂ ਇਲਾਵਾ ਦੂਜੇ ਦੇਸ਼ਾਂ ਦੇ ਐਨਐਸਏ ਦੇ ਨਾਲ ਪਰਸਪਰ ਗੱਲ ਕੀਤੀ ਹੈ।

ਇਸ ਘਟਨਾ ਦੇ ਨਾਲ ਜੈਸ਼ੇ ਮੁਹੰਮਦ ਦਾ ਹੈੱਡਕੁਆਰਟਰ ਬੁਰੀ ਤਰ੍ਹਾਂ ਤਬਾਹ ਹੋ ਗਿਆ ਹੈ ਅਤੇ ਉਥੇ ਹੁਣ ਖੰਡਰ ਦਿਖਾਈ ਦਿੰਦੇ ਹਨ। ਅਪਰੇਸ਼ਨ ਸਿੰਦੂਰ ਜਿਸ ਵਿੱਚ ਭਾਰਤ ਨੇ ਆਪਣਾ ਪਰਾਕ੍ਰਮ 'ਤੇ ਆਪਣਾ ਦਮਖਮ ਦਿਖਾਇਆ ਹੈ। ਹੁਣ ਪਾਕਿਸਤਾਨ ਅੱਗੋਂ ਕੀ ਕਰਦਾ ਹੈ ਇਸਦੀ ਉਮੀਦ ਕੀਤੀ ਜਾਂਦੀ ਹੈ ਜਦਕਿ ਭਾਰਤ ਤੇ ਬਾਰਡਰ ਨਾਲ ਲੱਗਣ ਵਾਲੇ ਰਾਜਸਥਾਨ ਪੰਜਾਬ ਅਤੇ ਕਸ਼ਮੀਰ ਵਿੱਚ ਜੰਗ ਵਿਰੋਧੀ ਕਾਰਵਾਈਆਂ ਦੇ ਨਾਲ ਮੌਕ ਡਰਿੱਲ ਅਤੇ ਸਿਵਲ ਸੁਸਾਇਟੀ ਨੂੰ ਵੀ ਆਪਣੇ ਆਪਰੇਸ਼ਨ ਤੇ ਗਤੀਵਿਧੀਆਂ ਵਧਾਉਣ ਵਾਸਤੇ ਤੇ ਲੋਕਾਂ ਨੂੰ ਟਰੇਨਿੰਗ ਦੇਣ ਵਾਸਤੇ ਕੀਤੀਆਂ ਜਾ ਰਹੀਆਂ ਹਨ।

ਕੱਲ ਭਾਰਤ ਸਰਕਾਰ ਵੱਲੋਂ ਸਰਵ ਪਾਰਟੀ ਮੀਟਿੰਗ ਬੁਲਾਈ ਜਾਏਗੀ ਤੇ ਜਿਸ ਵਿੱਚ ਇਸ ਅਪਰੇਸ਼ਨ ਸਿੰਦੂਰ ਦਾ ਸਾਰਾ ਵਿਵਰਣ ਦਿੱਤਾ ਜਾਏਗਾ।

ਸਭ ਤੋਂ ਵੱਡੀ ਗੱਲ ਇਹ ਹੋਈ ਹੈ ਕਿ ਮਸੂਦ ਰਿਸ਼ੀਦ ਦੇ ਭਰਾ ਭਤੀਜੇ ਅਤੇ ਭਤੀਜੇ ਦੀ ਬੀਵੀ ਭਾਣਜਾ ਅਤੇ ਉਹਦੇ ਆਪਣੇ ਪਰਿਵਾਰ ਦੇ 14 ਤੋਂ ਜ਼ਿਆਦਾ ਲੋਕਾਂ ਦੀ ਮੌਤ ਤੇ ਜਨਾਜ਼ੇ ਇਸ ਸਟਰਾਈਕ ਨੇ ਨਿਕਾਲ ਦਿੱਤੇ ਹਨ। ਹੁਣ ਮਸੂਦ ਦੀ ਆਪਣੀ ਖ਼ਾਹਸ਼ ਹੈ ਕਿ ਇਹ ਕਿ ਉਹ ਵੀ ਇਸ ਵਿੱਚ ਮਾਰਿਆ ਜਾਂਦਾ ਤਾਂ ਕੋਈ ਵੱਡੀ ਗੱਲ ਨਹੀਂ ਸੀ। ਬਹਾਵਲਪੁਰ ਵਿੱਚ ਜੈਸ਼ ਦਾ ਬਿਲਾਲ ਕੈਂਪ ਸਿਆਲਕੋਟ ਵਿੱਚ ਹਿਜਬੁਲ ਦਾ ਕੈਂਪ ਮਹਿਮੂਨਾ ਜੋ ਉਡਾਇਆ ਗਿਆ, ਅੰਜਮਲ ਕਸਾਬ ਦੀ ਜਿੱਥੇ ਟ੍ਰੇਨਿੰਗ ਕੈਂਪ ਸੀ, ਉਸ ਨੂੰ ਵੀ ਢਾਹਿਆ ਗਿਆ, ਆਤੰਕੀ ਡੇਵਲੀ ਹੇਜਲੀ ਦੀ ਟ੍ਰੇਨਿੰਗ ਵਾਲਾ ਕੈਂਪ ਦੇ ਨਾਲ ਨਾਲ ਉਹ ਸਾਰੇ ਟਿਕਾਣੇ ਸੈਨਾ ਨੇ ਉਡਾ ਦਿੱਤੇ ਹਨ, ਜਿੱਥੇ ਪਾਕਿਸਤਾਨ ਦੇ ਮਿਲਟਰੀ ਸਰਗਨਾ ਇਹਨਾਂ ਆਤੰਕੀਆਂ ਨੂੰ ਟ੍ਰੇਨਿੰਗ ਦੇ ਕੇ ਭਾਰਤ ਵਿੱਚ ਕੁੱਝ ਵੱਖਰਾ ਕਰਨ ਲਈ ਭੇਜਦੇ ਸਨ।

ਹੁਣ ਸਮਾਂ ਆ ਗਿਆ ਹੈ ਕਿ ਪੂਰੀ ਦੁਨੀਆਂ ਨੂੰ ਭਾਰਤ ਦੇ ਨਾਲ ਤਨਾਵ ਖ਼ਤਮ ਕਰਨ ਵਾਸਤੇ ਜੈਸ਼ ਦੇ ਹੈਡਕੁਆਰਟਰ ਨੂੰ ਮਿੱਟੀ ਵਿੱਚ ਮਿਲਾਉਣ ਤੋਂ ਬਾਅਦ ਪਾਕਿਸਤਾਨ ਨੂੰ ਇਹ ਲੱਗਦਾ ਹੈ ਕਿ ਜੇ ਇਹ ਗੱਲ ਵਧਾਈ ਗਈ ਤਾਂ ਭਾਰਤ ਨਾਲ ਪੂਰੀ ਰੋਜ ਦਾ ਯੁੱਧ ਛਿੜ ਸਕਦਾ ਹੈ, ਇਸ ਲਈ ਉਸਨੇ ਭਾਵ ਮੁਰੀਦਕੇ ਵਿੱਚ ਭਾਰਤ ਦੀ ਸਟਰਾਈਕ ਤੋਂ ਬਾਅਦ ਇੱਕ ਵਾਰ ਫਿਰ ਬੈਠ ਕੇ ਗੱਲ ਕਰਨ ਦੀ ਗੱਲ ਕੀਤੀ ਹੈ ਪ੍ਰੰਤੂ ਇਹ ਗੱਲ ਸਾਫ਼ ਹੈ ਕਿ ਭਾਰਤ ਹੁਣ ਉਨੀ ਦੇਰ ਤੱਕ ਪਿੱਛੇ ਨਹੀਂ ਹਟੇਗਾ, ਜਿੰਨੀ ਦੇਰ ਤੱਕ ਪਾਕਿਸਤਾਨ ਦੇ ਬਾਕੀ ਰਹਿੰਦੇ ਆਤੰਕੀ ਅੱਡੇ ਵੀ ਖ਼ਤਮ ਨਾ ਕੀਤੇ ਜਾਣ।

ਹੁਣ ਪੂਰੀ ਦੁਨੀਆਂ ਵਿੱਚ ਅਮਨ ਦੀ ਬਹਾਲੀ ਵਾਸਤੇ ਵੀ ਪਾਕਿਸਤਾਨ ਜੋ ਹਮੇਸ਼ਾ ਪੂਰੀ ਦੁਨੀਆਂ ਦੇ ਨਜ਼ਰ ਵਿੱਚ ਵੀ ਹਮੇਸ਼ਾ ਤੋਂ ਟੈਰੋਰਿਜ਼ਮ ਨੂੰ ਪ੍ਰਸ਼ਰ ਪਨਾਹੀ ਕਰਨ ਵਾਲਾ ਇਹ ਫੇਲ੍ਹ ਸਟੇਟ ਦੇ ਤੌਰ 'ਤੇ ਜਾਣਿਆ ਜਾਣ ਵਾਲਾ ਦੇਸ਼ ਹੈ ਅਤੇ ਹਮੇਸ਼ਾ ਪਾਕਿਸਤਾਨ ਆਰਮੀ ਅੱਲਾ ਅਤੇ ਅਮਰੀਕਾ ਦੇ ਸਹਾਰੇ ਰਹਿਣ ਵਾਲਾ ਦੇਸ਼ ਹੁਣ ਆਪਣੇ ਇਸ ਸੰਕਟ 'ਚੋਂ ਕਿਵੇਂ ਨਿਕਲਦਾ ਹੈ।

ਭਾਰਤ ਨੇ ਜਿਸ ਤਰ੍ਹਾਂ ਹੁਣ ਪਾਕਿਸਤਾਨ ਦੇ ਵਿਰੁੱਧ ਰੁਖ ਅਖਤਿਆਰ ਕੀਤਾ ਹੈ, ਉਹ ਪਹਿਲੇ ਕਦੇ ਨਹੀਂ ਸੀ। ਕਿਉਂਕਿ ਰਾਜਨੀਤਿਕ ਇੱਛਾ ਨਹੀਂ ਸੀ, ਪ੍ਰੰਤੂ ਹੁਣ ਵਰਤਮਾਨ ਸਰਕਾਰ ਜਿਸ ਤਰ੍ਹਾਂ ਉਸ ਰਾਜਨੀਤਿਕ ਇੱਛਾ ਦੇ ਨਾਲ ਹਮਲਾਵਰ ਰੂਪ ਵਿੱਚ ਸਾਹਮਣੇ ਆਈ ਹੈ, ਉਸ ਨਾਲ ਪਾਕਿਸਤਾਨ ਦੀ ਆਰਮੀ ਪਾਕਿਸਤਾਨ ਦੇ ਲੋਕ ਅਤੇ ਬਚੇ ਖੁਚੇ ਆਤੰਕੀ ਸੰਗਠਨਾਂ ਦੇ ਵਿੱਚ ਜਿਸ ਦਹਿਸ਼ਤ ਲਹਿਰ ਦੌੜੀ ਹੈ, ਉਹ ਪਹਿਲਾਂ ਕਦੇ ਵੀ ਨਹੀਂ ਸੀ ਦੇਖੀ ਜਾ ਸਕਦੀ।

ਅੱਜ ਦੀਆਂ ਇਹ ਘਟਨਾਵਾਂ ਅਤੇ ਭਾਰਤ ਦੀ ਇਸ ਸਟਰਾਈਕ ਨੇ ਇਹ ਦੱਸ ਦਿੱਤਾ ਹੈ ਕਿ ਜੇ ਭਾਰਤ ਨੂੰ ਹੁਣ ਹੋਰ ਚੈਲੇਂਜ ਵੀ ਕੀਤਾ ਗਿਆ ਤਾਂ ਇਸ ਤੋਂ ਜ਼ਿਆਦਾ ਵੱਡੀ ਸਟਰਾਈਕ ਵੀ ਕਰ ਸਕਦਾ ਹੈ।

ਅਪਰੇਸ਼ਨ 22 ਮਿੰਟ ਦੇ ਵਿੱਚ ਨੌਂ ਟੈਰਰ ਅੱਡੇ ਅਤੇ 21 ਬੇਸ ਕੈਂਪ ਤਬਾਹ ਕੀਤੇ ਗਏ ਹਨ। ਇਸ ਨਾਲ ਨੂੰ ਭਾਰਤੀ ਸੈਨਾ ਦਾ ਆਤੰਕਵਾਦੀਆਂ ਦੇ ਖ਼ਿਲਾਫ਼ ਸਭ ਤੋਂ ਵੱਡਾ ਐਕਸ਼ਨ ਮੰਨਿਆ ਜਾ ਰਿਹਾ ਹੈ।

ਆਉਣ ਵਾਲੇ ਦਿਨਾਂ ਦੇ ਵਿੱਚ ਜਾਂ ਆਉਣ ਵਾਲੇ 48 ਘੰਟਿਆਂ ਦੇ ਵਿੱਚ ਪਾਕਿਸਤਾਨ ਕਿਸ ਤਰ੍ਹਾਂ ਦਾ ਰਵੱਈਆ ਅਖਤਿਆਰ ਕਰਦਾ ਹੈ ਜੇ ਪਲਟਵਾਰ ਕਰਦਾ ਹੈ ਤਾਂ ਫਿਰ ਇੱਕ ਲੰਬੀ ਜੰਗ ਅਤੇ ਪਾਕਿਸਤਾਨ ਦੀ ਤਬਾਹੀ ਨੂੰ ਹੁਣ ਕੋਈ ਰੋਕ ਨਹੀਂ ਸਕਦਾ।

ਪੂਰੀ ਦੁਨੀਆਂ ਦੀਆਂ ਨਿਗਾਹਾਂ ਭਾਰਤ ਪਾਕਿਸਤਾਨ ਦੇ ਅਪਰੇਸ਼ਨ ਸਿੰਘ ਸਿੰਦੂਰ ਅਤੇ ਆਤੰਕੀਆਂ ਦੇ ਖ਼ਾਤਮੇ 'ਤੇ ਲੱਗੀਆਂ ਹੋਈਆਂ ਹਨ ਅਤੇ ਸਭ ਤੋਂ ਵਿਸ਼ੇਸ਼ ਗੱਲ ਇਹ ਹੈ ਕਿ ਪ੍ਰੈਜ਼ੀਡੈਂਟ ਟਰੰਪ ਨੇ ਅਜੇ ਤੱਕ ਇਸ 'ਤੇ ਕੋਈ ਟਿੱਪਣੀ ਨਹੀਂ ਕੀਤੀ ਹੈ।

# ਨੈਸ਼ਨਲ ਸਕਿੱਲ ਅਕੈਡਮੀ ਸਾਫ਼ਟਵੇਅਰ ਕੋਰਸਾਂ ਦੀ ਔਨਲਾਈਨ ਸਿਖਲਾਈ ਲਈ ਪੂਰੇ ਭਾਰਤ ਤੋਂ ਔਨਲਾਈਨ ਅਰਜ਼ੀਆਂ ਮੰਗੀਆਂ

ਨਵੀਂ ਦਿੱਲੀ, 8 ਮਈ (ਅੰਮ੍ਰਿਤਪਾਲ ਸਿੰਘ): ਨੈਸ਼ਨਲ ਸਕਿੱਲ ਅਕੈਡਮੀ ਭਾਰਤ ਸਰਕਾਰ ਦੁਆਰਾ ਪ੍ਰਮਾਣਿਤ ਨਵੀਨਤਮ ਏਆਈ, ਸਾਈਬਰ ਸੁਰੱਖਿਆ ਅਤੇ ਡੇਟਾ ਸਾਇੰਸ ਅਤੇ ਹੋਰ 100 ਕੰਪਿਊਟਰ ਸਾਫਟਵੇਅਰ ਕੋਰਸਾਂ ਦੀ ਔਨਲਾਈਨ ਸਿਖਲਾਈ ਲਈ ਪੂਰੇ ਭਾਰਤ ਤੋਂ ਔਨਲਾਈਨ ਅਰਜ਼ੀਆਂ ਮੰਗਦੀ ਹੈ। ਇਹ ਪ੍ਰੋਗਰਾਮ 10+2 ਪਾਸ, ਇੰਜੀਨੀਅਰਿੰਗ, ਡਿਗਰੀ, ਪੀਜੀ, ਐਮਬੀਏ ਅਤੇ ਪੌਲੀਟੈਕਨਿਕ ਦੇ ਵਿਦਿਆਰਥੀਆਂ ਲਈ ਨਵੀਨਤਮ ਆਈਟੀ ਅਤੇ ਕੰਪਿਊਟਰ ਸਾਫਟਵੇਅਰ ਤਕਨਾਲੋਜੀਆਂ ਵਿੱਚ ਆਪਣੇ ਹੁਨਰ ਨੂੰ ਵਧਾਉਣ ਦਾ ਇੱਕ ਵਿਲੱਖਣ ਮੌਕਾ ਪ੍ਰਦਾਨ ਕਰਦਾ ਹੈ।ਬਿਨੈਕਾਰ ਕਈ ਤਰ੍ਹਾਂ ਦੇ ਕੋਰਸਾਂ ਵਿੱਚੋਂ ਚੋਣ ਕਰ ਸਕਦੇ ਹਨ, ਡਿਪਲੋਮਾ ਇਨ ਸਾਫਟਵੇਅਰ ਇੰਜੀਨੀਅਰਿੰਗ, ਪੀਜੀ ਡਿਪਲੋਮਾ ਇਨ ਸਾਫਟਵੇਅਰ ਇੰਜੀਨੀਅਰਿੰਗ, ਮਾਸਟਰ ਪ੍ਰੋਗਰਾਮ ਇਨ ਸਾਫਟਵੇਅਰ ਇੰਜੀਨੀਅਰਿੰਗ ਅਤੇ 100 ਤੋਂ ਵੱਧ ਨਵੀਨਤਮ



ਕੰਪਿਊਟਰ ਸਾਫਟਵੇਅਰ ਸਰਟੀਫਿਕੇਸ਼ਨ ਕੋਰਸ ਜੋ ਹਰੇਕ ਵਿਦਿਆਰਥੀ ਨੂੰ ਕੰਪਿਊਟਰ ਸਾਫਟਵੇਅਰ ਦੇ ਖੇਤਰ ਵਿੱਚ ਉੱਤਮਤਾ ਪ੍ਰਾਪਤ ਕਰਨ ਲਈ ਸਿੱਖਣੇ ਚਾਹੀਦੇ ਹਨ। ਆਰਟੀਫੀਸ਼ੀਅਲ ਇੰਟੈਲੀਜੈਂਸ, ਡੇਟਾ ਸਾਇੰਸ, ਬਿਗ ਡੇਟਾ, ਕਲਾਉਡ ਕੰਪਿਊਟਿੰਗ, ਸਾਈਬਰ ਸੁਰੱਖਿਆ, ਨੈਤਿਕ ਹੈਕਿੰਗ, ਕੰਪਿਊਟਰ ਫੋਰੈਂਸਿਕਸ, AWS DevOps ਇੰਜੀਨੀਅਰਿੰਗ, R ਪ੍ਰੋਗਰਾਮਿੰਗ, ਡੀਪ ਲਰਨਿੰਗ, AWS ਸਲਿਊਸ਼ਨ ਆਰਕੀਟੈਕਟ, ਪਾਵਰ 29, ਗੇਮ ਡਿਵੈਲਪਿੰਗ, ਕਲਾਉਡ ਕੰਪਿਊਟਿੰਗ, ਬਿਜ਼ਨਸ ਇੰਟੈਲੀਜੈਂਸ, ਪਾਈਥਨ, ਮਿਸ਼ਨ ਲਰਨਿੰਗ, ਬਿਜ਼ਨਸ ਐਨਾਲਿਟਿਕਸ, DevOps, ਫੁੱਲ ਸਟੈਕ ਡਿਵੈਲਪਮੈਂਟ, ਪ੍ਰੋਜੈਕਟ ਮੈਨੇਜਮੈਂਟ, ਬਲਾਕ ਚੇਨ, ਡੀਪ ਲਰਨਿੰਗ, SaaS, ਸੇਲੇਨੀਅਮ, ਸੇਲਸਫੋਰਸ, ਜਾਵਾ ਪ੍ਰੋਗਰਾਮਿੰਗ, ਓਰੇਕਲ, ਮਿਨੀਟੈਬ, ਲੀਨਕਸ, PHP, ਇੰਟਰਨੈੱਟ ਆਫ ਥਿੰਗਜ਼ (90"), ਐਜਾਇਲ, ਵਰਡਪ੍ਰੈਸ, ਮੋਂਗੋਡੀਬੀ, ਨੈੱਟਵਰਕ ਅਤੇ ਸੁਰੱਖਿਆ, ਟੈਂਸਰਫਲੋ, ਸੇਲੇਨੀਅਮ, ਸਕੇਲਾ, SPSS, SAS ਪ੍ਰੋਗਰਾਮਿੰਗ, ਸਾਫਟਵੇਅਰ ਇੰਜੀਨੀਅਰਿੰਗ, ਸਾਫਟਵੇਅਰ ਡਿਵੈਲਪਮੈਂਟ, ਵੈੱਬ ਡਿਜ਼ਾਈਨ, ਸੋਸ਼ਲ ਮੀਡੀਆ ਮਾਰਕੀਟਿੰਗ, ਡਿਜੀਟਲ ਮਾਰਕੀਟਿੰਗ ਆਦਿ, ਈ-ਲਰਨਿੰਗ ਰਾਹੀਂ ਔਨਲਾਈਨ ਸਿਖਲਾਈ ਦਿੱਤੀ ਜਾਂਦੀ ਹੈ। ਸਿਖਲਾਈ ਤੋਂ ਬਾਅਦ, ਪ੍ਰੀਖਿਆਵਾਂ ਕਰਵਾਈਆਂ ਜਾਂਦੀਆਂ ਹਨ ਅਤੇ ਸਰਕਾਰ ਦੁਆਰਾ ਪ੍ਰਵਾਨਿਤ ਸਰਟੀਫਿਕੇਟ ਦਿੱਤਾ ਜਾਂਦਾ ਹੈ। ਇਹਨਾਂ ਕੋਰਸਾਂ ਦੀ ਮਿਆਦ 2 ਮਹੀਨਿਆਂ ਤੋਂ 6 ਮਹੀਨਿਆਂ ਤੱਕ ਹੈ, ਜੋ ਦਿਲਚਸਪ ਵਿਸ਼ੇ ਵਿੱਚ ਡੂੰਘਾਈ ਨਾਲ ਸਿੱਖਣ ਦਾ ਕਾਫ਼ੀ ਮੌਕਾ ਪ੍ਰਦਾਨ ਕਰਦੇ ਹਨ। ਭਾਗੀਦਾਰਾਂ ਨੂੰ ਵਿਸ਼ੇ ਵਿੱਚ ਉਨ੍ਹਾਂ ਦੀ ਮੁਹਾਰਤ ਨੂੰ ਮਾਨਤਾ ਦਿੰਦੇ ਹੋਏ, ਭਾਰਤ ਸਰਕਾਰ ਦਾ ਸਰਟੀਫਿਕੇਟ ਪ੍ਰਾਪਤ ਹੋਵੇਗਾ। ਉਪਰੋਕਤ ਸਾਫਟਵੇਅਰ ਕੋਰਸਾਂ ਨੂੰ ਪੂਰਾ ਕਰਨ ਤੋਂ ਬਾਅਦ, ਵਿਦਿਆਰਥੀਆਂ ਕੋਲ ਭਾਰਤ ਅਤੇ ਵਿਦੇਸ਼ਾਂ ਵਿੱਚ ਸ਼ਾਨਦਾਰ ਕਰੀਅਰ ਦੇ ਮੌਕੇ ਹਨ।

# ਜ਼ਿਲ੍ਹਾ ਮੈਜਿਸਟਰੇਟ ਫਿਰੋਜ਼ਪੁਰ ਵੱਲੋਂ ਜ਼ਰੂਰੀ ਵਸਤਾਂ ਦੀ ਜਮ੍ਹਾਂਖੋਰੀ/ਕਾਲਾਬਾਜ਼ਾਰੀ 'ਤੇ ਪਾਬੰਦੀ ਦੇ ਹੁਕਮ ਜਾਰੀ

ਫਿਰੋਜ਼ਪੁਰ, 8 ਮਈ (ਤਿਵਾੜੀ) : ਜ਼ਿਲ੍ਹਾ ਮੈਜਿਸਟਰੇਟ ਫਿਰੋਜ਼ਪੁਰ ਦੀਪਸ਼ਿਖਾ ਸ਼ਰਮਾ ਆਈ.ਏ.ਐਸ ਵੱਲੋਂ ਜਨਤਕ ਹਿੱਤਾਂ ਦੀ ਰਾਖੀ ਅਤੇ ਜ਼ਰੂਰੀ ਵਸਤੂਆਂ ਦੀ ਨਿਰਵਿਘਨ ਉਪਲੱਬਧਤਾ ਨੂੰ ਕਾਇਮ ਰੱਖਣ ਲਈ ਜ਼ਰੂਰੀ ਵਸਤਾਂ ਐਕਟ, 1955 ਅਤੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਐਕਟ, 2023 ਦੀ ਧਾਰਾ 163 ਦੇ ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਰੂਰੀ ਵਸਤਾਂ ਦੇ ਜਮ੍ਹਾਂਖੋਰੀ/ਭੰਡਾਰਨ 'ਤੇ ਮਨਾਹੀ ਦੇ ਹੁਕਮ ਜਾਰੀ ਕੀਤੇ ਹਨ।ਇਨ੍ਹਾਂ ਹੁਕਮਾਂ ਅਨੁਸਾਰ ਕਿਸੇ ਵੀ ਵਿਅਕਤੀ, ਵਪਾਰੀ ਆਦਿ ਨੂੰ ਜ਼ਰੂਰੀ ਵਸਤੂਆਂ ਦਾ ਭੰਡਾਰ ਕਰਨ ਦੀ ਇਜਾਜ਼ਤ ਨਹੀਂ ਹੈ, ਜਿਸ ਵਿੱਚ ਅਨਾਜ, ਪਸ਼ੂਆਂ ਦਾ ਚਾਰਾ, ਦੁੱਧ ਅਤੇ ਡੇਅਰੀ ਪ੍ਰਾਡਕਟ, ਪੈਟਰੋਲ, ਡੀਜ਼ਲ, ਦਵਾਈਆਂ ਆਦਿ ਤੋਂ ਇਲਾਵਾ ਰੋਜ਼ਾਨਾ ਜ਼ਰੂਰਤ ਦੀਆਂ ਵਸਤਾਂ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਧਿਆਨ ਵਿੱਚ ਆਇਆ ਹੈ ਕਿ ਕੁੱਝ ਸਟਾਕੀਜ਼/ਵਪਾਰੀ ਜ਼ਰੂਰੀ ਵਸਤਾਂ



ਜਿਵੇਂ ਕਿ ਖਾਣ-ਪੀਣ ਦੀਆਂ ਵਸਤੂਆਂ, ਪੈਟਰੋਲ, ਡੀਜ਼ਲ, ਪਸ਼ੂਆਂ ਦਾ ਚਾਰਾ ਅਤੇ ਹੋਰ ਰੋਜ਼ਮਰਾ ਦੀਆਂ ਜ਼ਰੂਰੀ ਵਸਤਾਂ ਦੀ ਜਮਾਂਖੋਰੀ ਵਿਚ ਲੱਗੇ ਹੋਏ ਹਨ। ਇਸ ਅਨੈਤਿਕ ਅਭਿਆਸ ਨਾਲ ਕੀਮਤਾਂ ਵਿੱਚ ਵਾਧੇ, ਕਾਲਾਬਾਜ਼ਾਰੀ ਅਤੇ ਸਪਲਾਈ ਦੀ ਕਮੀ ਦਾ ਖਦਸ਼ਾ ਪੈਦਾ ਹੋ ਜਾਂਦਾ ਹੈ, ਜਿਸ ਨਾਲ ਆਮ ਲੋਕਾਂ, ਖਾਸ ਕਰਕੇ ਸਮਾਜ ਦੇ ਕਮਜ਼ੋਰ ਵਰਗ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਸਕਦੇ ਹਨ।ਇਸ ਲਈ, ਜਨਤਕ ਹਿੱਤਾਂ ਦੀ ਰਾਖੀ ਅਤੇ ਜ਼ਰੂਰੀ ਵਸਤੂਆਂ ਦੀ ਨਿਰਵਿਘਨ ਉਪਲੱਬਧਤਾ ਨੂੰ ਕਾਇਮ ਰੱਖਣ ਲਈ ਇਹ ਹੁਕਮ ਜਾਰੀ ਕੀਤੇ ਗਏ ਹਨ। ਉਨ੍ਹਾਂ ਕਾਲਾਬਾਜ਼ਾਰੀ ਕਰਨ ਵਾਲਿਆਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਕੋਈ ਦੋਸ਼ੀ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਨਾਗਰਿਕਾਂ ਨੂੰ ਸੰਜ਼ਮ ਨਾਲ ਅਤੇ ਸੋਚ-ਵਿਚਾਰ ਕੇ ਖ਼ਰੀਦਦਾਰੀ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਘਬਰਾਹਟ ਵਿੱਚ ਆ ਕੇ ਧੜਾਧੜ ਖ਼ਰੀਦਦਾਰੀ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਮੁਤਾਬਕ ਕਿਸੇ ਵੀ ਤਰ੍ਹਾਂ ਦੇ ਐਮਰਜੈਂਸੀ ਹਾਲਾਤ ਜਾਂ ਹੰਗਾਮੀ ਸਥਿਤੀ ਦਾ ਸਾਹਮਣਾ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਲੋਕਾਂ ਦੇ ਨਾਲ ਖੜ੍ਹਾ ਹੈ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਡਰਨ ਜਾਂ ਘਬਰਾਉਣ ਦੀ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਐਮਰਜੈਂਸੀ ਹਾਲਾਤ ਦੌਰਾਨ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਨਤਾ ਨੂੰ ਹਰ ਪ੍ਰਕਾਰ ਦੀ ਸਹਾਇਤਾ ਤੇ ਸਹਿਯੋਗ ਮੁਹੱਈਆ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਫ਼ਿਰੋਜ਼ਪੁਰ ਪ੍ਰਸ਼ਾਸਨ ਕਿਸੇ ਵੀ ਤਰ੍ਹਾਂ ਦੇ ਹੰਗਾਮੀ ਹਾਲਾਤ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹੈ। ਪ੍ਰਸ਼ਾਸਨ ਦੀਆਂ ਟੀਮਾਂ ਪੂਰੀ ਮੁਸਤੈਦੀ ਨਾਲ ਕੰਮ ਕਰ ਰਹੀਆਂ ਹਨ।

## ਨਾਮ ਦੀ ਬਦਲੀ

ਰਜਵਿੰਦਰ ਕੌਰ ਪੁੱਤਰੀ ਮਹਿੰਗਾ ਸਿੰਘ ਵਾਸੀ ਪਿੰਡ ਤੇ ਡਾਕਘਰ ਮਾਧੋਪੁਰ ਜ਼ਿਲ੍ਹਾ ਜਲੰਧਰ ਮੌਜੂਦਾ ਪਤਨੀ ਸ੍ਰੀ ਦਲਵੀਰ ਸਿੰਘ ਵਾਸੀ ਪਿੰਡ ਲਿੱਤਰਾਂ ਡਾਕ ਘਰ ਬਾਇਚ ਬਾਜਾ ਤਹਿਸੀਲ ਦਸੂਹਾ ਜ਼ਿਲ੍ਹਾ ਹੁਸ਼ਿਆਰਪੁਰ ਪੰਜਾਬ ਅਤੇ ਸ਼ਾਦੀ ਤੋਂ ਪਹਿਲਾਂ ਮੇਰਾ ਨਾਮ ਬਿੰਦਰੋ ਪੁੱਤਰੀ ਮਹਿੰਗਾ ਸਿੰਘ ਸੀ ਅਤੇ ਸ਼ਾਦੀ ਤੋਂ ਬਾਅਦ ਮੇਰਾ ਨਾਮ ਰਜਵਿੰਦਰ ਕੌਰ ਪਤਨੀ ਦਲਵੀਰ ਸਿੰਘ ਹੈ ਸਬੰਧਤ ਨੋਟ ਕਰਨ।

# ਜ਼ਿਲ੍ਹੇ ਵਿੱਚ 95 ਯੋਗ ਕਲਾਸਾਂ 'ਚ 3500 ਦੇ ਕਰੀਬ ਲੋਕ ਯੋਗ ਰਾਹੀਂ ਲੈ ਰਹੇ ਨੇ ਲਾਭ: ਡੀ.ਸੀ.



ਫਿਰੋਜ਼ਪੁਰ, 8 ਮਈ (ਤਿਵਾੜੀ) : ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਰਾਜ ਦੇ ਲੋਕਾਂ ਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਸਿਹਤਮੰਦ ਰੱਖਣ ਲਈ ਰਾਜ ਵਿੱਚ ਸੀ.ਐਮ. ਦੀ ਯੋਗਸ਼ਾਲਾ ਪ੍ਰੋਜੈਕਟ ਅਕਤੂਬਰ 2023 'ਚ ਸਾਰੇ ਸ਼ਹਿਰਾਂ ਵਿੱਚ ਸ਼ੁਰੂ ਕੀਤਾ ਗਿਆ ਸੀ, ਜਿਸ ਦਾ ਫ਼ਿਰੋਜ਼ਪੁਰ ਵਾਸੀ ਵੀ ਵੱਧ ਤੋਂ ਵੱਧ ਲਾਭ ਲੈ ਰਹੇ ਹਨ। ਯੋਗ ਲੋਕਾਂ ਲਈ ਮਾਨਸਿਕ ਅਤੇ ਸਰੀਰਿਕ ਪ੍ਰੇਸ਼ਾਨੀਆਂ/ਬਿਮਾਰੀਆਂ ਤੋਂ ਛੁਟਕਾਰਾ ਪਾਉਣ ਵਿੱਚ ਸਹਾਈ ਹੋ ਰਿਹਾ ਹੈ।ਉਨ੍ਹਾਂ ਦੱਸਿਆ ਕਿ ਸੀ.ਐਮ. ਦੀ ਯੋਗਸ਼ਾਲਾ ਪ੍ਰਾਜੈਕਟ ਅਧੀਨ ਲੋਕਾਂ ਲਈ ਜ਼ਿਲ੍ਹੇ ਭਰ ਵਿੱਚ 95 ਤੋਂ ਵੱਧ ਥਾਵਾਂ 'ਤੇ ਮੁਫ਼ਤ ਯੋਗ ਕਲਾਸ ਸਵੇਰੇ ਸ਼ਾਮ ਲਗਾਈਆਂ ਜਾ ਰਹੀਆਂ ਹਨ। ਇਨ੍ਹਾਂ ਕਲਾਸਾਂ ਵਿੱਚ ਕਿਸੇ ਵਿਅਕਤੀ ਤੋਂ ਕੋਈ ਫੀਸ ਨਹੀਂ ਲਈ ਜਾਂਦੀ ਅਤੇ ਪੰਜਾਬ ਸਰਕਾਰ ਵੱਲੋਂ ਨਿਯੁਕਤ ਯੋਗ ਟ੍ਰੇਨਰ ਇਨ੍ਹਾਂ ਕਲਾਸਾਂ ਵਿੱਚ ਲੋਕਾਂ ਨੂੰ ਯੋਗ ਕਰਵਾਉਂਦੇ ਹਨ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਅੱਜ ਦੀ ਭੱਜ-ਨੱਠ ਭਰੀ ਜ਼ਿੰਦਗੀ ਵਿੱਚੋਂ ਆਪਣੇ ਲਈ ਸਮਾਂ ਕੱਢ ਕੇ ਆਪਣੇ ਨਜ਼ਦੀਕ ਦੀ ਯੋਗ ਕਲਾਸ ਦਾ ਲਾਭ ਜ਼ਰੂਰ ਲੈਣ, ਕਿਉਂਕਿ ਨਿਰੋਗੀ ਸਰੀਰ ਹੀ ਸਭ ਤੋਂ ਵੱਡਾ ਧਨ ਹੁੰਦਾ ਹੈ। ਇਸ ਸੰਬੰਧੀ ਹੋਰ ਜਾਣਕਾਰੀ ਦਿੰਦਿਆ ਸੀ.ਐਮ. ਦੀ ਯੋਗਸ਼ਾਲਾ ਪ੍ਰੋਜੈਕਟ ਦੇ ਜ਼ਿਲ੍ਹਾ ਕੋਆਰਡੀਨੇਟਰ ਅਮਨਪ੍ਰੀਤ ਕੌਰ ਨੇ ਦੱਸਿਆ ਕਿ ਸਰਕਾਰ ਵੱਲੋਂ ਇਸ ਪ੍ਰੋਜੈਕਟ ਤਹਿਤ ਬਿਲਕੁਲ ਮੁਫ਼ਤ ਯੋਗਾ ਕਲਾਸਾਂ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਫ਼ਿਰੋਜ਼ਪੁਰ ਜ਼ਿਲ੍ਹੇ ਵਿੱਚ ਕੁੱਲ 17 ਟ੍ਰੇਨਰ ਨਿਯੁਕਤ ਕੀਤੇ ਗਏ ਹਨ ਜੋ ਫ਼ਿਰੋਜ਼ਪੁਰ ਦੇ ਤਹਿਸੀਲਾਂ, ਬਲਾਕਾਂ, ਪਿੰਡਾਂ ਵਿੱਚ ਵੱਖ-ਵੱਖ ਥਾਵਾਂ ਤੇ ਸੀ.ਐਮ. ਦੀ ਯੋਗਸ਼ਾਲਾ ਦੀਆਂ ਸਵੇਰੇ-ਸ਼ਾਮ ਕਲਾਸਾਂ ਲੈ ਕੇ ਲੋਕਾਂ ਨੂੰ ਯੋਗ ਸਿਖਾ ਰਹੇ ਹਨ। ਉਨ੍ਹਾਂ ਕਿਹਾ ਕਿ ਸੀ.ਐਮ. ਦੀ ਯੋਗਸ਼ਾਲਾ ਨੂੰ ਜ਼ਿਲ੍ਹੇ ਦੇ ਵਾਸੀਆਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਹਰ ਇੱਕ ਟ੍ਰੇਨਰ ਆਪਣੀ ਸੇਵਾ ਬੜੀ ਬਾਖੂਬੀ ਦੇ ਨਾਲ ਨਿਭਾ ਰਿਹਾ ਹੈ। ਯੋਗ ਕਰਵਾਉਣ ਦੇ ਨਾਲ-ਨਾਲ ਲੋਕਾਂ ਨੂੰ ਯੋਗ ਦੇ ਫਾਇਦਿਆਂ, ਸਿਹਤਮੰਦ ਜੀਵਨਸ਼ੈਲੀ ਅਤੇ ਚੰਗੀ ਖੁਰਾਕ ਬਾਰੇ ਵੀ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਇਸ ਮੁਫ਼ਤ ਯੋਗਸ਼ਾਲਾ ਦੇ ਵਿੱਚ ਹਰ ਵਰਗ ਦੇ ਲੋਕ ਬੱਚੇ, ਨੌਜਵਾਨ, ਔਰਤਾਂ ਅਤੇ ਬਜ਼ੁਰਗ ਭਾਗ ਲੈ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਵੀ ਗਲੀ ਮੁਹੱਲੇ ਦੇ ਵਿੱਚ ਲੋਕ ਮੁਫ਼ਤ ਯੋਗ ਕਲਾਸ ਲਗਵਾਉਣਾ ਚਾਹੁੰਦੇ ਹਨ ਤਾਂ ਉਹ 25 ਮੈਂਬਰਾਂ ਦਾ ਇੱਕ ਗਰੁੱਪ ਬਣਾ ਕੇ ਫੋਨ ਨੰਬਰ 76694-00500 ਉੱਪਰ ਮਿਸਡ ਕਾਲ ਕਰ ਸਕਦੇ ਹਨ ਜਾਂ ਫੋਨ ਨੰਬਰ 78888-40115 ਤੇ ਵੀ ਕਾਲ ਕਰ ਸਕਦੇ ਹਨ ਇਸ ਤੋਂ ਇਲਾਵਾ http://cmdiyogshala.punjab.gov.in 'ਤੇ ਵੀ ਰਜਿਸਟ੍ਰੇਸ਼ਨ ਕਰ ਸਕਦੇ ਹਨ।

# ਮੁਫ਼ਤ ਫਿਜ਼ੀਓਥੈਰੇਪੀ ਤੇ ਲੋਕ ਸੁਵਿਧਾ ਕੈਂਪ ਦਾ ਆਯੋਜਨ

ਫ਼ਾਜ਼ਿਲਕਾ, 8 ਮਈ (ਬਖ਼ਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸਮਾਜ ਸੇਵਾ ਅਤੇ ਲੋਕ ਹਿੱਤਾਂ ਨੂੰ ਸਮਰਪਿਤ ਡਾ. ਬੀ.ਡੀ. ਸਚਦੇਵਾ ਮੈਮੋਰੀਅਲ ਵੈੱਲਫੇਅਰ ਸੋਸਾਇਟੀ ਵੱਲੋਂ ਸਲੇਮਸ਼ਾਹ ਰੋਡ, ਵਾਰਡ ਨੰਬਰ 24 ਵਿਖੇ ਮੁਫ਼ਤ ਫਿਜ਼ੀਓਥੈਰੇਪੀ ਅਤੇ ਲੋਕ ਸੁਵਿਧਾ ਕੈਂਪਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਕੈਂਪ ਕੌਂਸਲਰ ਪੂਜਾ ਲੂਥਰਾ ਸਚਦੇਵਾ ਦੇ ਦਫ਼ਤਰ ਵਿਖੇ ਲਗਾਏ ਜਾਣਗੇ। ਪਹਿਲਾ ਕੈਂਪ 10 ਮਈ ਨੂੰ ਫਿਜ਼ੀਓਥੈਰੇਪੀ ਸੇਵਾਵਾਂ ਲਈ ਅਤੇ ਦੂਜਾ ਕੈਂਪ 11 ਮਈ ਨੂੰ ਲੋਕ ਸੁਵਿਧਾ ਸੇਵਾਵਾਂ ਲਈ ਆਯੋਜਿਤ ਹੋਵੇਗਾ। ਸੋਸਾਇਟੀ ਦੇ ਚੇਅਰਮੈਨ ਅਜੈ ਸਚਦੇਵਾ ਅਤੇ ਜਨਰਲ ਸਕੱਤਰ ਪੂਜਾ ਲੂਥਰਾ ਸਚਦੇਵਾ ਨੇ ਇਨ੍ਹਾਂ ਕੈਂਪਾਂ ਦੀ ਮਹੱਤਤਾ ਅਤੇ ਉਦੇਸ਼ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਸੋਸਾਇਟੀ ਦੇ ਚੇਅਰਮੈਨ ਅਜੈ ਸਚਦੇਵਾ (ਬੰਟੀ) ਨੇ ਜਾਣਕਾਰੀ ਸਾਂਝੀ ਕਰਦੀਆਂ ਦੱਸਿਆ ਕਿ 10 ਮਈ ਨੂੰ ਸ਼ਨੀਵਾਰ ਦੇ ਦਿਨ ਮੁਫ਼ਤ ਫਿਜ਼ੀਓਥੈਰੇਪੀ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਕੈਂਪ ਵਿੱਚ ਪ੍ਰਸਿੱਧ ਫਿਜ਼ੀਓਥੈਰੇਪਿਸਟ ਖ਼ੁਸ਼ਬੂ ਕਟਾਰੀਆ ਖੇੜਾ ਆਪਣੀਆਂ ਮਾਹਿਰ ਸੇਵਾਵਾਂ ਪ੍ਰਦਾਨ ਕਰਨਗੇ। ਇਹ ਕੈਂਪ ਖ਼ਾਸ ਤੌਰ 'ਤੇ ਉਨ੍ਹਾਂ ਲੋਕਾਂ ਲਈ ਵਰਦਾਨ ਸਾਬਤ ਹੋਵੇਗਾ ਜੋ ਸਰੀਰਕ ਦਰਦ, ਜੋੜਾਂ ਦੀ ਸਮੱਸਿਆ, ਮਾਸਪੇਸ਼ੀਆਂ ਦੀ ਅਕੜਨ ਜਾਂ ਹੋਰ ਸੰਬੰਧਿਤ ਸਿਹਤ ਸਮੱਸਿਆਵਾਂ ਨਾਲ ਜੂਝ ਰਹੇ ਹਨ। ਅਜੈ ਸਚਦੇਵਾ ਨੇ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਲੋਕ ਇਸ ਮੁਫ਼ਤ ਸੇਵਾ ਦਾ ਲਾਭ ਉਠਾਉਣ ਅਤੇ ਆਪਣੀ ਸਿਹਤ ਨੂੰ ਬਿਹਤਰ ਬਣਾਉਣ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਸਮਾਜ ਦੇ ਹਰ ਵਰਗ ਦੇ ਲੋਕਾਂ ਤੱਕ ਸਿਹਤ ਸੇਵਾਵਾਂ ਪਹੁੰਚਾਉਣਾ ਸੋਸਾਇਟੀ ਦਾ ਮੁੱਖ ਉਦੇਸ਼ ਹੈ।ਸੋਸਾਇਟੀ ਦੀ ਜਨਰਲ ਸਕੱਤਰ ਅਤੇ ਕੌਂਸਲਰ ਪੂਜਾ ਲੂਥਰਾ ਸਚਦੇਵਾ ਨੇ ਜਾਣਕਾਰੀ ਦਿੱਤੀ ਕਿ 11 ਮਈ ਨੂੰ ਐਤਵਾਰ ਦੇ ਦਿਨ ਲੋਕ ਸੁਵਿਧਾ ਕੈਂਪ ਲਗਾਇਆ ਜਾਵੇਗਾ। ਇਸ ਕੈਂਪ ਵਿੱਚ ਤੀਰਥ ਅਤੇ ਉਨ੍ਹਾਂ ਦੀ ਟੀਮ ਵੱਲੋਂ ਵੱਖ-ਵੱਖ ਸਰਕਾਰੀ ਸਕੀਮਾਂ ਅਤੇ ਦਸਤਾਵੇਜ਼ਾਂ ਨਾਲ ਸੰਬੰਧਿਤ ਸੇਵਾਵਾਂ ਪ੍ਰਦਾਨ ਕੀਤੀਆਂ ਜਾਣਗੀਆਂ। ਇਸ ਕੈਂਪ ਦਾ ਮੁੱਖ ਉਦੇਸ਼ ਆਮ ਲੋਕਾਂ ਨੂੰ ਸਰਕਾਰੀ ਸੁਵਿਧਾਵਾਂ ਅਤੇ ਦਸਤਾਵੇਜ਼ਾਂ ਦੀ ਪ੍ਰਕਿਰਿਆ ਨੂੰ ਸਰਲ ਬਣਾਉਣਾ ਹੈ। ਕੈਂਪ ਵਿੱਚ ਆਧਾਰ ਕਾਰਡ, ਪੈਨ ਕਾਰਡ, ਵੋਟਰ ਕਾਰਡ, ਆਵਾਸ ਯੋਜਨਾ, ਪੈਨਸ਼ਨ ਸਕੀਮਾਂ, ਅਸ਼ੀਰਵਾਦ ਸਕੀਮ ਅਤੇ ਹੋਰ ਮਹੱਤਵਪੂਰਨ ਸਰਟੀਫਿਕੇਟਾਂ ਨਾਲ ਸੰਬੰਧਿਤ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਇਹ ਸੇਵਾਵਾਂ ਖਾਸ ਤੌਰ 'ਤੇ ਉਨ੍ਹਾਂ ਲੋਕਾਂ ਲਈ ਲਾਭਕਾਰੀ ਹੋਣਗੀਆਂ ਜਿਨ੍ਹਾਂ ਨੂੰ ਸਰਕਾਰੀ ਦਫ਼ਤਰਾਂ ਦੀਆਂ ਲੰਬੀਆਂ ਪ੍ਰਕਿਰਿਆਵਾਂ ਜਾਂ ਜਾਣਕਾਰੀ ਦੀ ਕਮੀ ਕਾਰਨ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਪੂਜਾ ਲੂਥਰਾ ਸਚਦੇਵਾ ਨੇ ਦੱਸਿਆ ਕਿ ਕੈਂਪ ਸਵੇਰੇ 11 ਵਜੇ ਤੋਂ ਦੁਪਹਿਰ 2 ਵਜੇ ਤੱਕ ਚੱਲੇਗਾ ਅਤੇ ਇਸ ਦੌਰਾਨ ਹਰ ਇੱਕ ਵਿਅਕਤੀ ਨੂੰ ਮੁਫ਼ਤ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ।

ਡਾ. ਬੀ. ਡੀ. ਸਚਦੇਵਾ ਮੈਮੋਰੀਅਲ ਵੈੱਲਫੇਅਰ ਸੋਸਾਇਟੀ ਲੰਬੇ ਸਮੇਂ ਤੋਂ ਸਮਾਜ ਸੇਵਾ ਦੇ ਖੇਤਰ ਵਿੱਚ ਕੰਮ ਕਰ ਰਹੀ ਹੈ। ਸਿਹਤ, ਸਿੱਖਿਆ, ਅਤੇ ਸਰਕਾਰੀ ਸੁਵਿਧਾਵਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਸੋਸਾਇਟੀ ਨੇ ਕਈ ਪਹਿਲਕਦਮੀਆਂ ਕੀਤੀਆਂ ਹਨ। ਅਜੈ ਸਚਦੇਵਾ ਅਤੇ

## KOTAK MAHINDRA BANK LIMITED

**Regd office:** 27BKC, C 27, G Block, Bandra Kurla Complex, Bandra (E), Mumbai 400 051 **Corporate office:** Kotak Infiniti, Bldg No 21, Infinity Park, General AK Vaidya Marg, Malad (E), Mumbai 400 097 **www.kotak.com**

### AUCTION - NOTICE

That the below mentioned Borrower/s had availed gold loan facility against security of the gold ornaments/ items, as specified below. The Borrower/s defaulted in due repayment of the installments and outstanding dues and as a result of which the Bank was constrained to issue notices calling upon the Borrower/s to repay the outstanding amounts. However, the Borrower/s has failed to repay/clear his outstanding dues thereby compelling the Bank to auction the gold ornaments pledged in favour of the Bank.

The auction of the below mentioned gold ornaments would be held on/after at :-**Date: 20-MAY-2025 Time: 10.00 AM** Place: Respective Branch Premises

| Apppl | Apac/ Account No | Borrower Name | State | Location | Branch | Gross weight (In Gms) |
|---|---|---|---|---|---|---|
| GLN | 3686191 | VIKAS CHHABRA | PUNJAB & CHANDIGARH | LUDHIANA | AMRITSAR | 96.60 |
| GLN | 3324880 | SUKHBIR SINGH | PUNJAB & CHANDIGARH | LUDHIANA | AMRITSAR | 104.90 |
| GLN | 3324894 | SUKHBIR SINGH | PUNJAB & CHANDIGARH | LUDHIANA | AMRITSAR | 115.50 |
| GLN | 3692037 | NEHA CHHABRA | PUNJAB & CHANDIGARH | LUDHIANA | AMRITSAR | 433.10 |
| GLN | 3580264 | SURAJ KUMAR RAI | PUNJAB & CHANDIGARH | LUDHIANA | AMRITSAR | 33.30 |
| GLN | 3749517 | SURAJ KUMAR RAI | PUNJAB & CHANDIGARH | LUDHIANA | AMRITSAR | 34.00 |
| GLN | 3718932 | SWATI SUNEJA | PUNJAB & CHANDIGARH | LUDHIANA | AMRITSAR | 129.40 |
| GLN | 3510694 | BHIMSEN SINGH YADAV | PUNJAB & CHANDIGARH | LUDHIANA | AMRITSAR | 41.00 |
| GLN | 3735597 | RAKESH BHATTI | PUNJAB & CHANDIGARH | LUDHIANA | AMRITSAR | 138.40 |
| GLN | 3598341 | AMANDEEP SINGH | PUNJAB & CHANDIGARH | LUDHIANA | AMRITSAR | 9.70 |
| GLN | 3736660 | SUKHWINDER SINGH | PUNJAB & CHANDIGARH | LUDHIANA | AMTHABAZAR | 7.60 |
| GLN | 3492134 | AMANDEEP KAUR | PUNJAB & CHANDIGARH | LUDHIANA | AMTHABAZAR | 7.30 |
| GLN | 3710452 | SARBINDER PAL SINGH | PUNJAB & CHANDIGARH | LUDHIANA | AMTPCHK | 10.20 |
| GLN | 3710471 | SARBINDER PAL SINGH | PUNJAB & CHANDIGARH | LUDHIANA | AMTPCHK | 14.50 |
| GLN | 3422603 | SONU . | PUNJAB & CHANDIGARH | LUDHIANA | AMTPCHK | 10.90 |
| GLN | 3226221 | SONU . | PUNJAB & CHANDIGARH | LUDHIANA | AMTPCHK | 17.80 |
| GLN | 3154387 | VARSHA . | PUNJAB & CHANDIGARH | LUDHIANA | AMTPCHK | 28.30 |
| GLN | 3598471 | HARSH . | PUNJAB & CHANDIGARH | CHANDIGARH | BHIWANIMEH | 9.29 |
| GLN | 2959937 | SUKHMINDER SINGH | PUNJAB & CHANDIGARH | LUDHIANA | FGMARKET | 129.80 |
| GLN | 3753663 | INDER MOHAN | PUNJAB & CHANDIGARH | LUDHIANA | JALANDHAR | 9.60 |
| GLN | 3645408 | SUNIL . | PUNJAB & CHANDIGARH | CHANDIGARH | JHAJJAR | 98.40 |
| GLN | 3468069 | POONAM . | PUNJAB & CHANDIGARH | CHANDIGARH | JHAJJAR | 132.60 |
| GLN | 3723535 | VIKAS . | PUNJAB & CHANDIGARH | CHANDIGARH | JHAJJAR | 42.80 |
| GLN | 3814036 | VIKAS . | PUNJAB & CHANDIGARH | CHANDIGARH | JHAJJAR | 44.90 |
| GLN | 3196230 | AMANVEER GARG | PUNJAB & CHANDIGARH | CHANDIGARH | KARNAL | 17.19 |
| GLN | 3546327 | NEELAM DEVI | PUNJAB & CHANDIGARH | CHANDIGARH | KARNAL | 32.37 |
| GLN | 3673549 | MAMTA . | PUNJAB & CHANDIGARH | CHANDIGARH | MTOWN | 49.04 |
| GLN | 3270031 | SARLA DEVI | PUNJAB & CHANDIGARH | CHANDIGARH | MTOWN | 6.97 |
| GLN | 2175069 | JASBIR KAUR | PUNJAB & CHANDIGARH | CHANDIGARH | PATIALA | 46.00 |
| GLN | 3222941 | GURDEEP SINGH | PUNJAB & CHANDIGARH | CHANDIGARH | RAJPURA | 29.18 |
| GLN | 3706812 | KULDEEP SINGH | PUNJAB & CHANDIGARH | CHANDIGARH | RAJPURA | 45.06 |
| GLN | 3719147 | PARMINDER SINGH | PUNJAB & CHANDIGARH | CHANDIGARH | RAJPURA | 155.94 |
| GLN | 3145979 | SONY SINGH | PUNJAB & CHANDIGARH | CHANDIGARH | RAJPURA | 9.92 |
| GLN | 3721180 | UDHAM SINGH | PUNJAB & CHANDIGARH | CHANDIGARH | RATIA | 17.52 |
| GLN | 3724781 | PARAMJIT . | PUNJAB & CHANDIGARH | CHANDIGARH | RATIA | 12.68 |
| GLN | 3465910 | SANDEEP SINGH | PUNJAB & CHANDIGARH | CHANDIGARH | RATIA | 159.17 |
| GLN | 3472549 | GURPREET SINGH | PUNJAB & CHANDIGARH | CHANDIGARH | RATIA | 175.74 |
| GLN | 3523218 | GURPREET SINGH | PUNJAB & CHANDIGARH | CHANDIGARH | RATIA | 9.31 |
| GLN | 3233520 | LALIT CHHABRA | PUNJAB & CHANDIGARH | CHANDIGARH | REWARI | 95.70 |
| GLN | 3382735 | SATNAM SINGH | PUNJAB & CHANDIGARH | CHANDIGARH | SAMANA | 38.30 |
| GLN | 3508979 | BIKRAMJIT SINGH | PUNJAB & CHANDIGARH | CHANDIGARH | SAMANA | 107.20 |
| GLN | 3745773 | MANPREET SINGH | PUNJAB & CHANDIGARH | CHANDIGARH | SAMANA | 67.20 |
| GLN | 3751209 | HARJIT SINGH | PUNJAB & CHANDIGARH | CHANDIGARH | SAMANA | 29.90 |
| GLN | 3656010 | SARBJEET KAUR | PUNJAB & CHANDIGARH | CHANDIGARH | SAMANA | 73.20 |
| GLN | 3653317 | VARINDER KUMAR | PUNJAB & CHANDIGARH | CHANDIGARH | SANGRUR | 126.68 |
| GLN | 3454579 | VARINDER KUMAR | PUNJAB & CHANDIGARH | CHANDIGARH | SANGRUR | 48.90 |
| GLN | 3157042 | AMANDEEP SINGH | PUNJAB & CHANDIGARH | CHANDIGARH | SANGRUR | 27.42 |
| GLN | 3287899 | AMANDEEP SINGH | PUNJAB & CHANDIGARH | CHANDIGARH | SANGRUR | 123.34 |
| GLN | 3557707 | KULDEEP SINGH SANDHEY | PUNJAB & CHANDIGARH | CHANDIGARH | SANGRUR | 36.66 |
| GLN | 3553457 | ARUN KUMAR | PUNJAB & CHANDIGARH | CHANDIGARH | SECTORC | 159.70 |
| GLN | 3546476 | ABHISHEK . | PUNJAB & CHANDIGARH | CHANDIGARH | SECTORC | 15.60 |
| GLN | 3216440 | CHARICA . | PUNJAB & CHANDIGARH | CHANDIGARH | SECTORC | 52.50 |
| GLN | 3575044 | MANJU DEVI | PUNJAB & CHANDIGARH | CHANDIGARH | SECTORC | 66.70 |
| GLN | 3575469 | MANJU DEVI | PUNJAB & CHANDIGARH | CHANDIGARH | SECTORC | 61.70 |

Bidders are requested to Submit a copy of their Photo – identity, signature and address proof along with their original for verification together with 2(Two) recent photographs **submit before 10:00 am on** the day of auction. The Bank reserves the right to change the venue/date/time of auction or cancel the auction without any notice to bidders.
The cost of the auction process will be debited to the customer account. Bank reserves the right to recover the balance amount from the customer if the bid amount is insufficient to meet the payoff amount of the account.
For any further details regarding the terms and conditions of the auction, You are required to contact the below mentioned person/s.

Kotak Mahindra Bank Ltd.
Jaskaran Singh Email - jaskaran.singh@kotak.com Cont - +91-9888478036 / 7009634242

# ਅੰਮ੍ਰਿਤਸਰ ਵਿਖੇ ਰਾਤ 9 ਵਜੇ ਤੋਂ ਬਲੈਕ ਆਉਟ, ਸੜਕੀ ਆਵਾਜਾਈ 'ਤੇ ਰੋਕ

## ਅਗਲੇ ਹੁਕਮਾ ਤਕ ਜਾਰੀ ਰਹੇਗਾ ਬਲੈਕ ਆਉਟ: ਡਿਪਟੀ ਕਮਿਸ਼ਨਰ

ਅੰਮ੍ਰਿਤਸਰ, 8 ਮਈ (ਬਬਲੂ ਮਹਾਜਨ) : ਜੰਮੂ ਹਵਾਈ ਅੱਡੇ ਤੇ ਹੋਏ ਹਮਲੇ ਉਪਰੰਤ ਅੰਮ੍ਰਿਤਸਰ



ਵਿਖੇ ਰਾਤ 9 ਵਜੇ ਬਲੈਕ ਆਉਟ ਸ਼ੁਰੂ ਕਰਦਿਆ ਸੜਕੀ ਆਵਾਜਾਈ ਤੇ ਰੋਕ ਲਗਾਈ ਗਈ ਹੈ।ਜਿਸ ਸੰਬਧੀ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ਼ਾਕਸੀ ਸਾਹਨੀ ਨੇ ਦੱਸਿਆ ਕਿ ਇਹ ਬਲੈਕ ਆਉਟ ਅੰਮ੍ਰਿਤਸਰ ਵਿਖੇ ਅਗਲੇ ਹੁਕਮਾ ਤਕ ਜਾਰੀ ਰਹੇਗਾ।ਅਤੇ ਉਹਨਾ ਲੋਕਾ ਨੂੰ ਇਹ ਅਪੀਲ ਕੀਤੀ ਹੈ ਕਿ ਉਹ ਆਪਣੇ ਘਰਾਂ ਵਿਚ ਰਹਿਣ, ਬਾਹਰ ਬਿਲਕੁਲ ਵੀ ਨਾ ਨਿਕਲਣਗੇ ਘਰਾਂ ਦੀਆਂ ਬਾਹਰੀ ਲਾਇਟਾ ਬਿਲਕੁਲ ਬੰਦ ਰਖਣ।ਇਸ ਤੋ ਇਲਾਵਾ ਅੰਮ੍ਰਿਤਸਰ ਜਿਲੇ ਦੇ ਸਰਹੱਦੀ ਪਿੰਡਾ ਵਿਚ ਵੀ ਰਾਤ ਪੂਰੀ ਤਰਾਂ ਨਾਲ ਬਲੈਕ ਆਉਟ ਕੀਤਾ ਗਿਆ ਹੈ ਅਤੇ ਪਿੰਡਾ ਵਿਚ ਪੂਰੀ ਤਰਾਂ ਨਾਲ ਘੁਪ ਹਨੇਰਾ ਦੇਖਣ ਨੂੰ ਮਿਲ ਰਿਹਾ ਹੈ ਅਤੇ ਪ੍ਰਸ਼ਾਸਨ ਵਲੋ ਲੋਕਾ ਨੂੰ ਅਪੀਲ ਕੀਤੀ ਜਾ ਰਹੀ ਹੈ ਕਿ ਉਹ ਸੀਸੀਟੀਵੀ ਕੈਮਰੇ ਦੀਆਂ ਲਾਈਟਾ ਵੀ ਪੂਰੀ ਤਰ੍ਹਾਂ ਨਾਲ ਬੰਦ ਰੱਖਣ।

# ਯੁਵਕ ਸੇਵਾਵਾਂ ਕਲੱਬ ਦੇ ਮੈਂਬਰਾਂ ਦੀ ਡੀ.ਸੀ. ਅਤੇ ਏ.ਡੀ.ਸੀ., ਐਸ.ਐਸ.ਪੀ. ਨਾਲ ਮੀਟਿੰਗ

ਫਿਰੋਜ਼ਪੁਰ, 8 ਮਈ (ਤਿਵਾੜੀ) : ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਫਿਰੋਜ਼ਪੁਰ ਵਿਖੇ ਯੁਵਕ ਸੇਵਾਵਾਂ ਕਲੱਬ ਦੇ ਪ੍ਰਧਾਨ ਅਤੇ ਮੈਂਬਰਾਂ ਦੀ ਡਿਪਟੀ ਕਮਿਸ਼ਨਰ ਅਤੇ ਏਡੀਸੀ, ਐਸਐਸਪੀ ਫਿਰੋਜ਼ਪੁਰ ਨਾਲ ਜੰਗ ਸਬੰਧੀ ਮੀਟਿੰਗ ਹੋਈ, ਜਿਸ ਵਿੱਚ ਨੌਜਵਾਨਾਂ ਤੋਂ ਜੰਗ ਦੇ ਹਲਾਤਾਂ ਸਬੰਧੀ ਸਹਿਯੋਗ ਮੰਗਿਆ ਗਿਆ,ਅਤੇ ਨੌਜਵਾਨਾਂ ਵੱਲੋਂ ਅਤੇ ਡੀਸੀ ਫਿਰੋਜ਼ਪੁਰ ਨੌਜਵਾਨਾਂ ਨੂੰ ਕਿਹਾਂ ਤੁਸੀਂ ਲੋੜ ਪੈਣ ਮੋਢਾ ਜੋੜ ਕੇ ਖੜ੍ਹੇ ਹਾਂ। ਜਦੋ ਵੀ ਕਿਸੇ ਤਰਾਂ ਦੀ ਲੋੜ ਹੋਈ ਅਸੀਂ ਦੇਸ਼ ਸੇਵਾ ਲਈ 24 ਘੰਟੇ ਹਾਜ਼ਰ ਹਾਂ। ਜਿਸ ਤੋ ਬਾਅਦ ਡੀਸੀ ਸਾਹਿਬ ਅਤੇ ਐਸ ਐਸ ਪੀ ਸਾਹਿਬ ਜੀ ਨੇ ਨੌਜਵਾਨਾਂ ਦਾ ਸਾਥ ਦੇਣ ਲਈ ਧੰਨਵਾਦ ਕੀਤਾ।ਇਸ ਮੌਕੇ ਯੁਵਕ ਸੇਵਾਵਾਂ ਵਿਭਾਗ ਦੇ ਸਹਾਇਕ ਡਾਇਰੈਕਟਰ ਦਵਿੰਦਰ ਸਿੰਘ ਲੋਟੇ,ਮੈਡਮ ਤਰਨਜੀਤ ਕੌਰ,ਬਾਬਾ ਬਲਕਾਰ ਸਿੰਘ, ਯੁਵਕ ਸੇਵਾਵਾਂ ਕਲੱਬ ਪ੍ਰਧਾਨ ਤਰਨਜੀਤ ਸਿੰਘ



'ਤੇ ਪਿੰਡ ਨੂੰ ਬਚਾਉਣਾ ਕਿਵੇਂ ਆ, ਉਸਦੀ ਟ੍ਰੇਨਿੰਗ ਦੇਣੀ ਹੈ।ਫਸਟ ਏਡ ਕਿੱਟ ਮੁਹੱਈਆ ਕਰਵਾਉਣੀ ਆ। ਜ਼ਖਮੀਆਂ ਨੂੰ ਅਤੇ ਪ੍ਰਸ਼ਾਸਨ ਦੇ ਨਾਲ ਨਾਲ ਮੇਲ ਨਾਲ ਰਹਿਣਾ ਹੈ ਅਤੇ ਹਾਲ ਦੀ ਘੜੀ ਵਿੱਚ ਪਿੰਡਾ ਵਿੱਚ ਅਫਵਾਹਾਂ ਤੋਂ ਲੋਕਾਂ ਨੂੰ ਬਚਾਇਆ ਜਾਵੇ, ਅਤੇ ਸਾਰੇ ਕਲੱਬਾਂ ਵੱਲੋਂ ਡੀਸੀ ਸਾਹਿਬ ਅਤੇ ਐਸਐਸਪੀ ਸਾਹਿਬ ਨੂੰ ਕਲੱਬਾਂ ਦੇ ਨੌਜਵਾਨਾਂ ਨੇ ਵਿਸ਼ਵਾਸ ਦੁਆਇਆ ਕਿ ਅਸੀ ਭਾਰਤ ਦੀ ਆਰਮੀ ਅਤੇ ਭਾਰਤ ਦੇ ਪ੍ਰਸ਼ਾਸਨ ਨਾਲ ਮੋਢੇ ਨਾਲ ਲੰਗਿਆਣਾ, ਸ਼ੇਰਾ ਸਿੰਘ,ਗੁਰਜੰਟ ਸਿੰਘ ਨਰਿੰਦਰ ਸਿੰਘ ਲੰਗਿਆਣਾ, ਪ੍ਰਧਾਨ ਮੌੜਾ ਸਿੰਘ ਅਮਨਪ੍ਰੀਤ ਸਿੰਘ ਜੋਬਨ ਸ਼ਿਵਕਰਨ ਸਿੰਘ ਸਰੂਪ ਰਾਮ ਪੋਜੇ ਕੇ ਉਤਾੜ,ਪ੍ਰਧਾਨ ਕੁਲਵੀਰ ਸਿੰਘ ਜੇਈ , ਦਵਿੰਦਰ ਸਿੰਘ, ਸ਼ੀਤਲ ਸਿੰਘ, ਪ੍ਰੇਮ ਸਿੰਘ,ਪ੍ਰਦੀਪ ਸਿੰਘ ਪੰਡੋਰੀ ਖੱਤਰੀਆਂ ਜ਼ੀਰਾ,ਪ੍ਰਧਾਨ ਪਰਵਿੰਦਰ ਸਿੰਘ ਸਾਹਨ ਕੇ,ਪ੍ਰਧਾਨ ਸੁਖਦੇਵ ਸਿੰਘ ਬਾਰੇ ਕੇ,ਪ੍ਰਧਾਨ ਨਵਦੀਪ ਸਿੰਘ ਫੇਮੀ ਵਾਲਾਅਤੇ ਹੋਰ ਪਿੰਡਾਂ ਦੇ ਕੱਲਬ ਮੈਂਬਰ ਹਾਜ਼ਰ ਸਨ।

ਰੋਜ਼ਾਨਾ ਚੜ੍ਹਦੀਕਲਾ

## ਸਿਹਤ ਖ਼ਬਰਨਾਮਾ

# ਭੁੱਖ ਨਾ ਲੱਗਣ ਦੇ ਕੀ ਹਨ ਕਾਰਨ !



ਭੁੱਖ ਨਾ ਲੱਗਣਾ ਇਕ ਆਮ ਪਰ ਗੰਭੀਰ ਲੱਛਣ ਹੋ ਸਕਦਾ ਹੈ, ਜੋ ਸਰੀਰ 'ਚ ਹੋ ਰਹੀ ਕਿਸੇ ਅੰਦਰੂਨੀ ਗੜਬੜ ਜਾਂ ਮਾਨਸਿਕ ਅਸਥਿਰਤਾ ਦੀ ਨਿਸ਼ਾਨੀ ਹੋ ਸਕਦਾ ਹੈ। ਜਦੋਂ ਕਿਸੇ ਵਿਅਕਤੀ ਨੂੰ ਸਮੇਂ 'ਤੇ ਖਾਣ ਦੀ ਇੱਛਾ ਨਹੀਂ ਹੁੰਦੀ ਜਾਂ ਖਾਣਾ ਵੇਖ ਕੇ ਵੀ ਮਨ ਨਾ ਕਰੇ, ਤਾਂ ਇਹ ਸਮੱਸਿਆ ਆਹਿਸਤਾ-ਆਹਿਸਤਾ ਸਰੀਰਕ ਕਮਜ਼ੋਰੀ, ਭਾਰ ਘਟਣ ਅਤੇ ਪੋਸ਼ਣ ਦੀ ਘਾਟ ਵੱਲ ਲੈ ਜਾ ਸਕਦੀ ਹੈ। ਇਸ ਲਈ ਭੁੱਖ ਨਾ ਲੱਗਣ ਦੇ ਕਾਰਨ ਸਮਝਣਾ ਅਤੇ ਉਨ੍ਹਾਂ ਦਾ ਉਚਿਤ ਇਲਾਜ ਕਰਨਾ ਬਹੁਤ ਜ਼ਰੂਰੀ ਹੈ।

**ਮਾਨਸਿਕ ਤਣਾਅ ਜਾਂ ਡਿਪਰੈਸ਼ਨ;** - ਚਿੰਤਾ, ਉਦਾਸੀ ਜਾਂ ਡਿਪਰੈਸ਼ਨ ਵਿਚਾਲੇ ਵਿਅਕਤੀ ਅਕਸਰ ਭੁੱਖ ਖੋ ਬੈਠਦਾ ਹੈ।

**ਬਿਮਾਰੀਆਂ:** ਜਿਵੇਂ ਕਿ ਜ਼ੁਕਾਮ, ਬੁਖਾਰ, ਹਾਈਪੋਥਾਇਰਾਇਡਿਜ਼ਮ, ਕੈਂਸਰ, ਲਿਵਰ ਜਾਂ ਕਿਡਨੀ ਦੀ ਬਿਮਾਰੀ।

**ਐਸੀਡੀਟੀ :** ਪਾਚਨ ਤੰਤਰ 'ਚ ਗੜਬੜੀ ਹੋਣਾ ਜਿਵੇਂ ਕਿ ਗੈਸ, ਅਮਲਤਾਸ਼, ਐਸੀਡੀਟੀ ਆਦਿ।

**ਦਵਾਈਆਂ ਦੇ ਸਾਈਡ ਇਫੈਕਟ:** ਕੁਝ ਐਂਟੀਬਾਇਓਟਿਕਸ ਜਾਂ ਡਿਪਰੈਸ਼ਨ ਦੀਆਂ ਦਵਾਈਆਂ ਭੁੱਖ ਘਟਾ ਸਕਦੀਆਂ ਹਨ।

**ਹਾਰਮੋਨਲ ਗੜਬੜ:** ਹਾਰਮੋਨਲ ਬਦਲਾਅ, ਖਾਸ ਕਰਕੇ ਔਰਤਾਂ 'ਚ ਮਾਸਿਕ ਧਰਮ ਜਾਂ ਮੈਨੋਪੌਜ਼ ਸਮੇਂ। ਮੈਗਨੀਸ਼ੀਅਮ ਜਾਂ ਕੈਲਸ਼ੀਅਮ ਦੀ ਕਮੀ - ਇਹ ਖਣਿਜ ਭੁੱਖ ਅਤੇ ਹਾਜ਼ਮੇ ਨੂੰ ਪ੍ਰਭਾਵਿਤ ਕਰਦੇ ਹਨ।

**ਜ਼ਿਆਦਾ ਸਮੇਂ ਤੱਕ ਫਾਸਟਿੰਗ ਕਰਨਾ:** ਭੁੱਖ ਦੀ ਭਾਵਨਾ ਕੁਝ ਸਮੇਂ ਲਈ ਮਰ ਜਾਂਦੀ ਹੈ।

**ਗਰਭਅਵਸਥਾ ਦੇ ਸ਼ੁਰੂਆਤੀ ਮਹੀਨੇ :** ਮਤਲੀ ਜਾਂ ਚੱਕਰਾਂ ਨਾਲ ਭੁੱਖ ਘਟ ਜਾਂਦੀ ਹੈ।

**ਬੁਜ਼ੁਰਗ ਅਵਸਥਾ:** ਉਮਰ ਵਧਣ ਨਾਲ ਸਰੀਰ ਦੀ ਭੁੱਖ ਘਟਣੀ ਆਮ ਗੱਲ ਹੈ।

## ਬਿਲ ਗੇਟਸ ਦਾ ਐਲਾਨ

# ਅਗਲੇ 20 ਸਾਲਾਂ 'ਚ ਦਾਨ ਕਰਨਗੇ ਆਪਣੀ ਸਾਰੀ ਦੌਲਤ

ਨਵੀਂ ਦਿੱਲੀ, 8 ਮਈ (ਚ.ਨ.ਸ.): ਬਿੱਲ ਐਂਡ ਮੇਲਿੰਡਾ ਗੇਟਸ ਫਾਊਂਡੇਸ਼ਨ ਨੇ ਜਦੋਂ ਆਪਣੀ 25ਵੀਂ ਵਰ੍ਹੇਗੰਢ ਮਨਾਈ ਤਾਂ ਇਸਦੇ ਸੰਸਥਾਪਕ ਬਿੱਲ ਗੇਟਸ ਨੇ ਇੱਕ ਵੱਡਾ ਅਤੇ ਇਤਿਹਾਸਕ ਫੈਸਲਾ ਲਿਆ। ਉਸਨੇ ਐਲਾਨ ਕੀਤਾ ਕਿ ਉਹ ਅਗਲੇ 20 ਸਾਲਾਂ ਵਿੱਚ ਆਪਣੀ ਬਾਕੀ ਬਚੀ ਲਗਭਗ ਸਾਰੀ ਦੌਲਤ ਦਾਨ ਕਰ ਦੇਵੇਗਾ। ਉਸਦਾ ਟੀਚਾ ਅਗਲੇ ਦੋ ਦਹਾਕਿਆਂ ਵਿੱਚ ਫਾਊਂਡੇਸ਼ਨ ਰਾਹੀਂ 200 ਬਿਲੀਅਨ ਡਾਲਰ ਖਰਚ ਕਰਨਾ ਹੈ, ਜੋ ਕਿ ਹੁਣ ਤੱਕ ਖਰਚ ਕੀਤੇ ਗਏ ਕੁੱਲ ਖਰਚ (100 ਬਿਲੀਅਨ ਡਾਲਰ) ਤੋਂ ਦੁੱਗਣਾ ਹੈ। ਇਹ ਐਲਾਨ ਅਜਿਹੇ ਸਮੇਂ ਆਇਆ ਹੈ ਜਦੋਂ ਦੁਨੀਆ ਭਰ ਵਿੱਚ ਭੂ-ਰਾਜਨੀਤਿਕ ਤਣਾਅ, ਆਰਥਿਕ ਅਨਿਸ਼ਚਿਤਤਾ ਅਤੇ ਸਿਹਤ ਸੇਵਾਵਾਂ ਤੇ ਦਬਾਅ ਵੱਧ ਰਿਹਾ ਹੈ। ਹਾਲਾਂਕਿ ਬਿਲ ਗੇਟਸ ਨੇ ਸਪੱਸ਼ਟ ਕੀਤਾ ਕਿ ਇਹ ਫੈਸਲਾ ਕਿਸੇ ਮੌਜੂਦਾ ਸੰਕਟ ਕਾਰਨ ਨਹੀਂ ਲਿਆ ਗਿਆ ਹੈ, ਸਗੋਂ ਇਸ ਲਈ ਲਿਆ ਗਿਆ ਹੈ ਤਾਂ ਜੋ ਗੇਟਸ ਫਾਊਂਡੇਸ਼ਨ ਦੀ ਮਦਦ ਦੁਨੀਆ ਤੱਕ ਸਮੇਂ ਸਿਰ ਪਹੁੰਚ ਸਕੇ ਜਦੋਂ ਇਸਦੀ ਸਭ ਤੋਂ ਵੱਧ ਲੋੜ ਹੋਵੇ।



**ਦਾਨ ਦਾ ਉਦੇਸ਼ ;** ਬਿਲ ਗੇਟਸ ਨੇ ਦੱਸਿਆ ਕਿ ਹੁਣ ਸਮਾਂ ਆ ਗਿਆ ਹੈ ਕਿ ਦਾਨ ਵਧਾਇਆ ਜਾਵੇ ਕਿਉਂਕਿ ਆਉਣ ਵਾਲੇ ਸਮੇਂ ਵਿੱਚ ਦੁਨੀਆ ਦੇ ਜਨਤਕ ਸਿਹਤ ਅਤੇ ਵਿਕਾਸ ਪ੍ਰਣਾਲੀਆਂ ਤੇ ਬਹੁਤ ਦਬਾਅ ਹੋਵੇਗਾ। ਉਸਨੇ ਇਹ ਵੀ ਕਿਹਾ ਕਿ ਥੋੜ੍ਹੇ ਸਮੇਂ ਵਿੱਚ ਉਹ ਅੰਤਰਰਾਸ਼ਟਰੀ ਸਹਾਇਤਾ ਅਤੇ ਸਹਿਯੋਗ ਵਿੱਚ ਆਈ ਗਿਰਾਵਟ ਤੋਂ ਦੁਖੀ ਹਨ। ਉਸਨੇ ਸਹਾਇਤਾ ਬਜਟ ਵਿੱਚ ਕਟੌਤੀ, ਵਧਦੇ ਕਰਜ਼ੇ ਅਤੇ ਬਹੁਤ ਸਾਰੇ ਘੱਟ ਆਮਦਨ ਵਾਲੇ ਦੇਸ਼ਾਂ ਵਿੱਚ ਰਾਜਨੀਤਿਕ ਅਸਥਿਰਤਾ ਵਰਗੀਆਂ ਸਮੱਸਿਆਵਾਂ ਵੱਲ ਇਸ਼ਾਰਾ ਕੀਤਾ ਜਿਨ੍ਹਾਂ ਨੇ ਵਿਕਾਸ ਨੂੰ ਹੌਲੀ ਕਰ ਦਿੱਤਾ ਹੈ।

**ਬਿਲ ਗੇਟਸ ਨੂੰ ਉਮੀਦ ;** ਬਿਲ ਗੇਟਸ ਦਾ ਮੰਨਣਾ ਹੈ ਕਿ ਸਿਹਤ ਦੇ ਖੇਤਰ ਵਿੱਚ ਤਰੱਕੀ ਸੰਭਵ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਟੀਚਾ ਬਾਲ ਮੌਤ ਦਰ ਨੂੰ ਅੱਧੇ ਤੋਂ ਵੱਧ ਘਟਾਉਣਾ ਅਤੇ ਛੂਤ ਦੀਆਂ ਬਿਮਾਰੀਆਂ ਨੂੰ ਨਾਟਕੀ ਢੰਗ ਨਾਲ ਘਟਾਉਣਾ ਹੈ। ਫਾਊਂਡੇਸ਼ਨ ਆਉਣ ਵਾਲੇ ਸਾਲਾਂ ਵਿੱਚ ਆਪਣਾ ਪੂਰਾ ਧਿਆਨ ਟੀਕਾਕਰਨ, ਮਾਵਾਂ ਦੀ ਸਿਹਤ ਸੰਭਾਲ ਅਤੇ ਪੋਲੀਓ, ਮਲੇਰੀਆ, ਤਪਦਿਕ ਵਰਗੀਆਂ ਬਿਮਾਰੀਆਂ ਦੇ ਖਾਤਮੇ ਤੇ ਕੇਂਦਰਿਤ ਕਰੇਗਾ।

**ਪਿਛਲੇ 25 ਸਾਲਾਂ ਵਿੱਚ ਕੀ ਬਦਲਿਆ ;** ਗੇਟਸ ਫਾਊਂਡੇਸ਼ਨ ਦੇ ਪਿਛਲੇ ਯਤਨਾਂ ਨੇ ਦੁਨੀਆ ਭਰ ਵਿੱਚ ਬਚਪਨ ਵਿੱਚ ਹੋਣ ਵਾਲੀਆਂ ਮੌਤਾਂ ਦੀ ਗਿਣਤੀ 10 ਮਿਲੀਅਨ ਤੋਂ ਘਟਾ ਕੇ 5 ਮਿਲੀਅਨ ਤੋਂ ਵੀ ਘੱਟ ਕਰ ਦਿੱਤੀ ਹੈ। ਬਿਲ ਗੇਟਸ ਇਸਨੂੰ ਬੇਮਿਸਾਲ ਪ੍ਰਾਪਤੀ ਮੰਨਦੇ ਹਨ। ਉਨ੍ਹਾਂ ਕਿਹਾ ਕਿ ਇਸ ਬਦਲਾਅ ਦਾ ਹਿੱਸਾ ਬਣਨਾ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ। ਪਰ ਉਸਨੇ ਇਹ ਵੀ ਸਵੀਕਾਰ ਕੀਤਾ ਕਿ ਅਗਲੇ ਪੰਜ ਸਾਲ ਚੁਣੌਤੀਪੂਰਨ ਹੋ ਸਕਦੇ ਹਨ, ਕਿਉਂਕਿ (ਵੈਕਸੀਨ ਅਲਾਇੰਸ) ਅਤੇ ਗਲੋਬਲ ਫੰਡ ਵਰਗੀਆਂ ਸੰਸਥਾਵਾਂ ਨੂੰ ਫੰਡਿੰਗ ਦੀ ਭਾਰੀ ਘਾਟ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

**ਟੀਕੇ ਦੀ ਖੋਜ ਵਿੱਚ ਵੱਡੀ ਭੂਮਿਕਾ ;** ਫਾਊਂਡੇਸ਼ਨ ਦੀਆਂ ਸਭ ਤੋਂ ਵੱਡੀਆਂ ਪ੍ਰਾਪਤੀਆਂ ਵਿੱਚੋਂ ਇੱਕ ਟੀਕਾ ਵਿਕਾਸ ਵਿੱਚ ਇਸਦਾ ਯੋਗਦਾਨ ਹੈ। ਭਾਵੇਂ ਇਹ ਮੈਨਿਨਜਾਈਟਿਸ ਤੇ ਸ਼ੁਰੂਆਤੀ ਕੰਮ ਸੀ ਜਾਂ ਰੋਟਾਵਾਇਰਸ ਅਤੇ ਨਿਊਮੋਕੋਕਸ ਵਰਗੀਆਂ ਬਿਮਾਰੀਆਂ ਲਈ ਕਿਫਾਇਤੀ ਅਤੇ ਪ੍ਰਭਾਵਸ਼ਾਲੀ ਟੀਕੇ ਵਿਕਸਤ ਕਰਨਾ ਸੀ।

ਗੇਟਸ ਫਾਊਂਡੇਸ਼ਨ ਦਾ ਹਰ ਜਗ੍ਹਾ ਪ੍ਰਭਾਵ ਸੀ। ਬਿਲ ਗੇਟਸ ਦਾ ਮੰਨਣਾ ਹੈ ਕਿ ਬੱਚਿਆਂ ਲਈ ਟੀਕੇ ਉਪਲਬਧ ਕਰਵਾਉਣਾ ਯਕੀਨੀ ਤੌਰ 'ਤੇ ਇੱਕ ਤਰਕਪੂਰਨ ਅਤੇ ਵਿਹਾਰਕ ਚੁਣੌਤੀ ਹੈ, ਪਰ ਇਸ ਨੂੰ ਦੂਰ ਕੀਤਾ ਜਾ ਸਕਦਾ ਹੈ।

## ਸਾਂਸਦ ਪ੍ਰੀਤੀ ਪਟੇਲ ਨੇ ਪਾਕਿਸਤਾਨ ਨੂੰ ਦਿੱਤੀ ਚੇਤਾਵਨੀ

# ਭਾਰਤ ਨੂੰ ਆਤਮਰੱਖਿਆ ਦਾ ਅਧਿਕਾਰ

ਲੰਡਨ , 8 ਮਈ (ਚ.ਨ.ਸ.) : ਬ੍ਰਿਟੇਨ ਦੀ ਭਾਰਤੀ ਮੂਲ ਦੀ ਐਮ.ਪੀ. ਪ੍ਰੀਤੀ ਪਟੇਲ ਨੇ ਯੂਕੇ ਸੰਸਦ ਚ ਪਹਿਲਗਾਮ ਹਮਲੇ ਦੀ ਨਿੰਦਾ ਕੀਤੀ ਹੈ। ਬ੍ਰਿਟਿਸ਼ ਸੰਸਦ ਵਿੱਚ, ਸੰਸਦ ਮੈਂਬਰ ਪ੍ਰੀਤੀ ਪਟੇਲ ਨੇ ਆਪ੍ਰੇਸ਼ਨ ਸਿੰਦੂਰ ਲਈ ਭਾਰਤ ਦੀ ਪ੍ਰਸ਼ੰਸਾ ਕੀਤੀ ਹੈ। ਉਨ੍ਹਾਂ ਨੇ ਆਪਣੀ ਸਰਕਾਰ ਨੂੰ ਗਲੋਬਲ ਅਤਿਵਾਦ ਦਾ ਮੁਕਾਬਲਾ ਕਰਨ ਲਈ ਸਹਿਯੋਗੀਆਂ ਨਾਲ ਮਿਲ ਕੇ ਕੰਮ ਕਰਨ ਦੀ ਵੀ ਅਪੀਲ ਕੀਤੀ।22 ਅਪ੍ਰੈਲ ਨੂੰ ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅਤਿਵਾਦੀ ਹਮਲੇ ਦੀ ਨਿੰਦਾ ਕਰਦੇ ਹੋਏ, ਪ੍ਰੀਤੀ ਪਟੇਲ ਨੇ ਕਿਹਾ ਕਿ ਸਭ ਜਾਣਦੇ ਹਾਂ ਕਿ ਪਾਕਿਸਤਾਨ ਵਿੱਚ ਅਤਿਵਾਦੀ ਸਿਖਲਾਈ ਕੇਂਦਰ ਭਾਰਤ ਅਤੇ ਪੱਛਮ ਲਈ ਖ਼ਤਰਾ ਹਨ। ਉਨ੍ਹਾਂ ਨੇ ਬ੍ਰਿਟੇਨ ਨੂੰ ਅਤਿਵਾਦ ਵਿਰੋਧੀ ਕਾਰਵਾਈਆਂ ਵਿੱਚ ਭਾਰਤ ਨਾਲ ਸਹਿਯੋਗ ਵਧਾਉਣ ਦੀ ਅਪੀਲ ਕੀਤੀ।ਉਨ੍ਹਾਂ ਯੂਕੇ ਸੰਸਦ ਚ ਬੋਲਦਿਆਂ ਕਿਹਾ ਕਿ ਅਪ੍ਰੈਲ ਨੂੰ ਪਹਿਲਗਾਮ ਵਿੱਚ ਅਤਿਵਾਦੀਆਂ ਨੇ 26 ਸੈਲਾਨੀਆਂ ਨੂੰ ਬੇਰਹਿਮੀ ਨਾਲ ਮਾਰ ਦਿੱਤਾ ਸੀ। ਜ਼ਿਆਦਾਤਰ ਲੋਕਾਂ ਦੇ ਸਿਰ ਵਿੱਚ ਗੋਲੀ ਮਾਰੀ ਗਈ ਸੀ। ਮੈਂ ਇਸ ਬੇਰਹਿਮ ਕਤਲੇਆਮ ਤੋਂ ਪ੍ਰਭਾਵਿਤ ਸਾਰੇ ਪਰਿਵਾਰਾਂ ਦੇ ਨਾਲ ਖੜ੍ਹੀ ਹਾਂ। ਭਾਰਤ ਅਤੇ ਪਾਕਿਸਤਾਨ ਵਿਚਕਾਰ ਤਣਾਅ ਘੱਟ ਹੋਣਾ ਚਾਹੀਦਾ ਹੈ, ਜੰਗ ਨਹੀਂ ਹੋਣੀ ਚਾਹੀਦੀ ਪਰ ਭਾਰਤ ਨੂੰ ਆਪਣੀ ਰੱਖਿਆ ਕਰਨ ਅਤੇ ਪਾਕਿਸਤਾਨੀ ਅਤਿਵਾਦੀ ਟਿਕਾਣਿਆਂ ਨੂੰ ਤਬਾਹ ਕਰਨ ਦਾ ਪੂਰਾ ਅਧਿਕਾਰ ਹੈ ਜੋ ਲਗਾਤਾਰ ਭਾਰਤ ਨੂੰ ਧਮਕੀਆਂ ਦੇ ਰਹੇ ਹਨ ਅਤੇ ਨਾਗਰਿਕਾਂ ਨੂੰ ਮਾਰ ਰਹੇ ਹਨ। ਅਸੀਂ ਜਾਣਦੇ ਹਾਂ ਕਿ ਪਾਕਿਸਤਾਨ ਸਥਿਤ ਅਤਿਵਾਦੀ ਸਮੂਹ ਭਾਰਤ ਅਤੇ ਪੱਛਮੀ ਦੇਸ਼ਾਂ ਦੀ ਨੀਂਦ ਹਰਾਮ ਕਰ ਰਹੇ ਹਨ।ਪਾਕਿਸਤਾਨ ਉਹੀ ਦੇਸ਼ ਹੈ ਜਿੱਥੇ ਓਸਾਮਾ ਬਿਨ ਲਾਦੇਨ ਲੁਕਿਆ ਹੋਇਆ ਸੀ। ਭਾਰਤ ਵਿਰੁੱਧ ਪਾਕਿਸਤਾਨੀ ਅਤਿਵਾਦੀਆਂ ਦੇ ਹਮਲਿਆਂ ਦਾ ਇੱਕ ਲੰਮਾ ਇਤਿਹਾਸ ਹੈ, ਇਸ ਲਈ ਯੂਕੇ ਦੇ ਭਾਰਤ ਨਾਲ ਲੰਬੇ ਸਮੇਂ ਤੋਂ ਸੁਰੱਖਿਆ ਸਹਿਯੋਗ ਸਮਝੌਤੇ ਹਨ। ਪ੍ਰੀਤੀ ਪਟੇਲ ਨੇ ਇਹ ਵੀ ਅਪੀਲ ਕੀਤੀ ਕਿ ਬ੍ਰਿਟੇਨ ਨੂੰ ਗਲੋਬਲ ਅਤਿਵਾਦ ਨੂੰ ਖ਼ਤਮ ਕਰਨ ਲਈ ਸਹਿਯੋਗੀਆਂ ਨਾਲ ਹੋਰ ਸਹਿਯੋਗ ਵਧਾਉਣਾ ਚਾਹੀਦਾ ਹੈ।



# ਪੰਜਾਬ ਦੇ ਰਾਜਪਾਲ ਵੱਲੋਂ ਵਿਸ਼ਵ ਰੈਡ ਕਰਾਸ ਦਿਵਸ ਮੌਕੇ ਰੈਡ ਕਰਾਸ ਝੰਡਾ ਜਾਰੀ

ਚੰਡੀਗੜ੍ਹ, 8 ਮਈ (ਚ.ਨ.ਸ.) : ਵਿਸ਼ਵ ਰੈੱਡ ਕਰਾਸ ਦਿਵਸ ਦੇ ਮੌਕੇ 'ਤੇ, ਪੰਜਾਬ ਦੇ ਰਾਜਪਾਲ ਅਤੇ ਚੇਅਰਮੈਨ, ਪੰਜਾਬ ਸਟੇਟ ਰੈੱਡ ਕਰਾਸ ਸੋਸਾਇਟੀ ਨੇ ਪੰਜਾਬ ਰਾਜ ਭਵਨ, ਚੰਡੀਗੜ੍ਹ ਵਿਖੇ ਆਯੋਜਿਤ ਇੱਕ ਸ਼ਾਨਦਾਰ ਸਮਾਰੋਹ ਵਿੱਚ ਰੈੱਡ ਕਰਾਸ ਝੰਡਾ ਜਾਰੀ ਕੀਤਾ।ਰੈੱਡ ਕਰਾਸ ਵਲੰਟੀਅਰਾਂ (ਵਿਦਿਆਰਥੀਆਂ) ਨੂੰ ਮਾਣਯੋਗ ਰਾਜਪਾਲ ਨੂੰ ਰੈੱਡ ਕਰਾਸ ਬੈਜ ਲਗਾਉਣ ਦਾ ਮਾਣ ਪ੍ਰਾਪਤ ਹੋਇਆ। ਆਪਣੇ ਸੰਬੋਧਨ ਵਿੱਚ, ਰਾਜਪਾਲ ਨੇ ਮਾਨਵਤਾਵਾਦੀ ਸੇਵਾਵਾਂ ਨੂੰ ਉਤਸ਼ਾਹਿਤ ਕਰਨ ਅਤੇ ਯੂਨੀਵਰਸਿਟੀਆਂ, ਕਾਲਜਾਂ ਅਤੇ ਸਕੂਲਾਂ ਰਾਹੀਂ ਨੌਜਵਾਨਾਂ ਨੂੰ ਸਰਗਰਮੀ ਨਾਲ ਸ਼ਾਮਲ ਕਰਨ ਵਿੱਚ ਪੰਜਾਬ ਸਟੇਟ ਰੈੱਡ ਕਰਾਸ ਸੋਸਾਇਟੀ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਮਹੱਤਵਪੂਰਨ ਸਮਾਜਿਕ ਮੁੱਦਿਆਂ, ਖਾਸ ਕਰਕੇ ਰਾਜ ਵਿੱਚ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਮੁਹਿੰਮ ਦਾ ਸਮਰਥਨ ਕਰਨ ਵਿੱਚ ਜਾਗਰੂਕਤਾ ਪੈਦਾ ਕਰਨ ਵਿੱਚ ਨੌਜਵਾਨਾਂ ਦੀ ਭਾਗੀਦਾਰੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਸ੍ਰੀ ਸ਼ਿਵਦੁਲਾਰ ਸਿੰਘ ਢਿੱਲੋਂ, ਸਕੱਤਰ, ਪੰਜਾਬ ਸਟੇਟ ਰੈੱਡ ਕਰਾਸ ਸੋਸਾਇਟੀ ਨੇ ਦੱਸਿਆ ਕਿ ਸਵੈ-ਇੱਛਤ ਯੋਗਦਾਨਾਂ ਨੂੰ ਉਤਸ਼ਾਹਿਤ ਕਰਨ ਲਈ ਰੈੱਡ ਕਰਾਸ ਝੰਡਾ ਸਰਕਾਰੀ ਅਤੇ ਗੈਰ-ਸਰਕਾਰੀ ਵਿਦਿਅਕ ਸੰਸਥਾਵਾਂ, ਵਿਭਾਗਾਂ ਅਤੇ ਗੈਰ-ਸਰਕਾਰੀ ਸੰਗਠਨਾਂ ਨੂੰ ਵੰਡਿਆ ਜਾਂਦਾ ਹੈ। ਇਹ ਫੰਡ ਰੈੱਡ ਕਰਾਸ ਦੀਆਂ ਚੱਲ ਰਹੀਆਂ ਭਲਾਈ ਗਤੀਵਿਧੀਆਂ ਲਈ ਬਹੁਤ ਮਹੱਤਵਪੂਰਨ ਹਨ, ਜਿਨ੍ਹਾਂ ਦਾ ਉਦੇਸ਼ ਕਮਜ਼ੋਰ ਅਤੇ ਪਛੜੇ ਲੋਕਾਂ ਦੀ ਸਹਾਇਤਾ ਕਰਨਾ ਹੈ।ਇਸ ਸਮਾਗਮ ਵਿੱਚ ਪੰਜਾਬ ਰਾਜ ਰੈੱਡ ਕਰਾਸ ਸੋਸਾਇਟੀ ਦੇ ਅਧਿਕਾਰੀਆਂ ਅਤੇ ਵਲੰਟੀਅਰਾਂ ਅਤੇ ਹੋਰ ਪਤਵੰਤਿਆਂ ਦੀ ਮੌਜੂਦਗੀ ਦੇਖਣ ਨੂੰ ਮਿਲੀ।ਇਸ ਮੌਕੇ ਪੰਜਾਬ ਦੇ ਰਾਜਪਾਲ ਦੇ ਪ੍ਰਮੁੱਖ ਸਕੱਤਰ ਸ਼੍ਰੀ ਵੀ.ਪੀ. ਸਿੰਘ ਵੀ ਮੌਜੂਦ ਸਨ।ਸਮਾਰੋਹ ਰੈੱਡ ਕਰਾਸ ਦੇ ਮੁੱਖ ਸਿਧਾਂਤਾਂ: ਮਨੁੱਖਤਾ, ਨਿਰਪੱਖਤਾ, ਨਿਰਪੱਖਤਾ, ਆਜ਼ਾਦੀ, ਸਵੈ-ਇੱਛਤ ਸੇਵਾ, ਏਕਤਾ ਅਤੇ ਵਿਸ਼ਵਵਿਆਪੀਤਾ ਨੂੰ ਬਰਕਰਾਰ ਰੱਖਣ ਦੀ ਵਚਨਬੱਧਤਾ ਨਾਲ ਸਮਾਪਤ ਹੋਇਆ।



# ਈਰਾਨ ਦੇ ਵਿਦੇਸ਼ ਮੰਤਰੀ ਨੇ ਰਾਸ਼ਟਰਪਤੀ ਨਾਲ ਕੀਤੀ ਮੁਲਾਕਾਤ

ਚੰਡੀਗੜ੍ਹ, 8 ਮਈ (ਚ.ਨ.ਸ.) : ਇਸਲਾਮੀ ਗਣਰਾਜ ਈਰਾਨ ਦੇ ਵਿਦੇਸ਼ ਮੰਤਰੀ ਮਹਾਮਹਿਮ ਡਾ. ਅੱਬਾਸ ਅਰਾਘਚੀ ਨੇ ਅੱਜ (8 ਮਈ, 2025) ਰਾਸ਼ਟਰਪਤੀ ਭਵਨ ਵਿਖੇ ਭਾਰਤ ਦੇ ਰਾਸ਼ਟਰਪਤੀ, ਸ਼੍ਰੀਮਤੀ ਦ੍ਰੌਪਦੀ ਮੁਰਮੂ ਨਾਲ ਮੁਲਾਕਾਤ ਕੀਤੀ।ਰਾਸ਼ਟਰਪਤੀ ਭਵਨ ਵਿਖੇ ਡਾ. ਅਰਾਘਚੀ ਦਾ ਸਵਾਗਤ ਕਰਦੇ ਹੋਏ, ਰਾਸ਼ਟਰਪਤੀ ਨੇ ਕਿਹਾ ਕਿ ਉਨ੍ਹਾਂ ਦੀ ਯਾਤਰਾ ਦੋਵਾਂ ਦੇਸ਼ਾਂ ਵਿਚਕਾਰ ਕੂਟਨੀਤਕ ਸਬੰਧਾਂ ਦੀ 75ਵੀਂ ਵਰ੍ਹੇਗੰਢ ਦੇ ਵਿਸ਼ੇਸ਼ ਮੌਕੇ 'ਤੇ ਹੋ ਰਹੀ ਹੈ।ਰਾਸ਼ਟਰਪਤੀ ਨੇ ਕਿਹਾ ਕਿ ਭਾਰਤ ਅਤੇ ਈਰਾਨ ਵਿਚਕਾਰ ਸਬੰਧ ਹਜ਼ਾਰਾਂ ਸਾਲ ਪੁਰਾਣੇ ਹਨ। ਕਲਾ ਅਤੇ ਸੱਭਿਆਚਾਰ ਦੇ ਹਰ ਪਹਿਲੂ ਵਿੱਚ, ਭਾਵੇਂ ਉਹ ਭਾਸ਼ਾ ਅਤੇ ਸਾਹਿਤ ਹੋਵੇ ਜਾਂ ਸੰਗੀਤ ਅਤੇ ਭੋਜਨ, ਅਸੀਂ ਇੱਕ ਦੂਜੇ ਦੀ ਵਿਰਾਸਤ ਦੀ ਝਲਕ ਦੇਖ ਸਕਦੇ ਹਾਂ।ਰਾਸ਼ਟਰਪਤੀ ਨੇ ਕਿਹਾ ਕਿ ਸਾਡੇ ਦੁਵੱਲੇ ਸਬੰਧ ਨਿਯਮਤ ਉੱਚ-ਪੱਧਰੀ ਆਦਾਨ-ਪ੍ਰਦਾਨ ਦੀ ਮਜ਼ਬੂਤ ਨੀਂਹ 'ਤੇ ਬਣੇ ਹਨ। ਇਨ੍ਹਾਂ 75 ਸਾਲਾਂ ਦੌਰਾਨ, ਭਾਰਤ ਅਤੇ ਈਰਾਨ ਵਿਚਕਾਰ ਸਬੰਧ ਵਿਭਿੰਨ ਖੇਤਰਾਂ ਵਿੱਚ ਵਧੇ ਹਨ- ਭਾਵੇਂ ਉਹ ਸੱਭਿਆਚਾਰਕ ਸਹਿਯੋਗ ਹੋਵੇ, ਵਪਾਰ ਅਤੇ ਊਰਜਾ ਭਾਈਵਾਲੀ ਹੋਵੇ, ਜਾਂ ਖੇਤਰੀ ਅਤੇ ਵਿਸ਼ਵਵਿਆਪੀ ਮੰਚਾਂ 'ਤੇ ਰਣਨੀਤਕ ਤਾਲਮੇਲ ਹੋਵੇ। ਦੋਵਾਂ ਦੇਸ਼ਾਂ ਨੇ ਨਾ ਸਿਰਫ਼ ਲੰਬੇ ਸਮੇਂ ਤੋਂ ਚੱਲੀ ਆ ਰਹੀ ਦੋਸਤੀ ਬਣਾਈ ਰੱਖੀ ਹੈ, ਸਗੋਂ ਖੇਤਰੀ ਸ਼ਾਂਤੀ ਅਤੇ ਖੁਸ਼ਹਾਲੀ ਲਈ ਵੀ ਇਕੱਠੇ ਕੰਮ ਕੀਤਾ ਹੈ। ਉਨ੍ਹਾਂ ਨੇ ਚਾਬਹਾਰ ਬੰਦਰਗਾਹ ਦੀ ਪੂਰੀ ਸੰਭਾਵਨਾ ਨੂੰ ਸਾਕਾਰ ਕਰਨ ਵਿੱਚ ਦੋਵਾਂ ਧਿਰਾਂ ਵਿਚਕਾਰ ਚੱਲ ਰਹੇ ਸਹਿਯੋਗ ਦਾ ਸਵਾਗਤ ਕੀਤਾ।





ਇੰਗਲੈਂਡ ਤੋਂ ਵਿਸ਼ੇਸ਼ ਤੌਰ 'ਤੇ ਚੜ੍ਹਦੀਕਲਾ ਅਦਾਰੇ ਵਿਖੇ ਪਹੁੰਚੇ ਪ੍ਰੋ. ਭੁਪਿੰਦਰ ਸਿੰਘ ਸੋਲਿਸਟਰ ਤੇ ਉਹਨਾਂ ਦੀ ਪਤਨੀ ਦਾ 'ਪਦਮ ਸ਼੍ਰੀ' ਡਾ. ਜਗਜੀਤ ਸਿੰਘ ਦਰਦੀ ਅਤੇ ਡਾਇਰੈਕਟਰ ਸ੍ਰ. ਹਰਪ੍ਰੀਤ ਸਿੰਘ ਦਰਦੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ 'ਤੇ ਖੋਜਕਾਰ ਭਗਵਾਨ ਸਿੰਘ ਖੋਜੀ, ਐਡਵੋਕੇਟ ਗੁਰਪ੍ਰੀਤ ਸਿੰਘ ਚੌਧਰੀ ਅਤੇ ਦਲਜਿੰਦਰ ਸਿੰਘ ਨਜ਼ਰ ਆ ਰਹੇ ਹਨ।

# ਰੋਹਿਤ ਸ਼ਰਮਾ ਦੇ ਰਿਟਾਇਰਮੈਂਟ ਤੋਂ ਬਾਅਦ ਕੌਣ ਹੋਵੇਗਾ ਟੀਮ ਇੰਡੀਆ ਦਾ ਅਗਲਾ ਟੈਸਟ ਕਪਤਾਨ ?







ਨਵੀਂ ਦਿੱਲੀ, 8 ਮਈ (ਚ.ਨ.ਸ.): ਸਾਰਿਆਂ ਨੂੰ ਹੈਰਾਨ ਕਰਦੇ ਹੋਏ, ਆਈਪੀਐਲ-2025 ਦੇ ਵਿਚਕਾਰ, ਰੋਹਿਤ ਸ਼ਰਮਾ ਨੇ ਇੱਕ ਵੱਡਾ ਫੈਸਲਾ ਲਿਆ ਹੈ ਅਤੇ ਟੈਸਟ ਕ੍ਰਿਕਟ ਤੋਂ ਸੰਨਿਆਸ ਲੈ ਲਿਆ ਹੈ। ਆਸਟ੍ਰੇਲੀਆ ਦੌਰੇ ਤੋਂ ਹੀ ਇਸ ਬਾਰੇ ਕਿਆਸਅਰਾਈਆਂ ਲਗਾਈਆਂ ਜਾ ਰਹੀਆਂ ਸਨ, ਪਰ ਨਾਲ ਹੀ ਇਹ ਵੀ ਖ਼ਬਰਾਂ ਸਨ ਕਿ ਰੋਹਿਤ ਅਜੇ ਟੈਸਟ ਤੋਂ ਸੰਨਿਆਸ ਲੈਣ ਦੇ ਮੂਡ ਵਿੱਚ ਨਹੀਂ ਹਨ ਅਤੇ ਇੰਗਲੈਂਡ ਦੌਰੇ 'ਤੇ ਜਾਣਗੇ। ਪਰ ਰੋਹਿਤ ਨੇ ਆਪਣਾ ਫੈਸਲਾ ਸੁਣਾ ਦਿੱਤਾ। ਹੁਣ ਸਵਾਲ ਇਹ ਹੈ ਕਿ ਰੋਹਿਤ ਦੀ ਜਗ੍ਹਾ ਟੈਸਟ ਟੀਮ ਦੀ ਕਪਤਾਨੀ ਕੌਣ ਕਰੇਗਾ।

**ਜਸਪ੍ਰੀਤ ਬੁਮਰਾਹ ;** ਰੋਹਿਤ ਸ਼ਰਮਾ ਦੀ ਜਗ੍ਹਾ ਟੈਸਟ ਕਪਤਾਨ ਬਣਨ ਦੀ ਦੌੜ ਵਿੱਚ ਸਭ ਤੋਂ ਅੱਗੇ ਜੋ ਨਾਮ ਹੈ ਉਹ ਤੇਜ਼ ਗੇਂਦਬਾਜ਼ ਜਸਪ੍ਰੀਤ ਬੁਮਰਾਹ ਹੈ। ਬੁਮਰਾਹ ਨੇ ਆਸਟ੍ਰੇਲੀਆ ਦੌਰੇ ਦੌਰਾਨ ਰੋਹਿਤ ਦੀ ਗੈਰਹਾਜ਼ਰੀ ਵਿੱਚ ਟੀਮ ਦੀ ਕਪਤਾਨੀ ਕੀਤੀ ਸੀ। ਉਹ ਟੈਸਟ ਟੀਮ ਦਾ ਉਪ-ਕਪਤਾਨ ਵੀ ਹੈ। ਜੇਕਰ ਬੁਮਰਾਹ ਦੀ ਕਪਤਾਨ ਬਣਨ ਦੀ ਦੌੜ ਵਿੱਚ ਕੋਈ ਸਮੱਸਿਆ ਹੋ ਸਕਦੀ ਹੈ, ਤਾਂ ਉਹ ਉਸਦੀ ਫਿਟਨੈਸ ਹੈ।

**ਸ਼ੁਭਮਨ ਗਿੱਲ ;** ਬੁਮਰਾਹ ਤੋਂ ਬਾਅਦ, ਵਨਡੇ ਟੀਮ ਦੇ ਉਪ-ਕਪਤਾਨ ਸ਼ੁਭਮਨ ਗਿੱਲ ਰੋਹਿਤ ਦੀ ਜਗ੍ਹਾ ਲੈਣ ਦੇ ਦਾਅਵੇਦਾਰ ਹਨ। ਗਿੱਲ ਨੂੰ ਮੁੱਖ ਚੋਣਕਾਰ ਅਜੀਤ ਅਗਰਕਰ ਦਾ ਸਮਰਥਨ ਪ੍ਰਾਪਤ ਹੈ। ਨਾਲ ਹੀ, ਭਵਿੱਖ ਨੂੰ ਦੇਖਦੇ ਹੋਏ, ਗਿੱਲ ਇੱਕ ਢੁਕਵਾਂ ਵਿਕਲਪ ਹੈ। ਉਹ ਆਈਪੀਐਲ ਵਿੱਚ ਗੁਜਰਾਤ ਦੀ ਕਪਤਾਨੀ ਕਰ ਰਿਹਾ ਹੈ ਅਤੇ ਉਸਨੇ ਬਹੁਤ ਪ੍ਰਭਾਵਿਤ ਕੀਤਾ ਹੈ। ਗਿੱਲ ਦੇ ਸਾਹਮਣੇ ਇੱਕ ਲੰਮਾ ਕਰੀਅਰ ਹੈ ਅਤੇ ਜੇਕਰ ਉਹ ਸਫਲ ਹੁੰਦਾ ਹੈ ਤਾਂ ਭਾਰਤ ਕੋਲ ਇੱਕ ਲੰਬੇ ਸਮੇਂ ਦਾ ਕਪਤਾਨ ਹੋਵੇਗਾ।

**ਰਿਸ਼ਭ ਪੰਤ ;** ਰਿਸ਼ਭ ਪੰਤ ਇਸ ਦੌੜ ਵਿੱਚ ਇੱਕ ਹੋਰ ਨਾਮ ਹੈ। ਜਦੋਂ ਵਿਰਾਟ ਕੋਹਲੀ ਨੇ ਟੀਮ ਦੀ ਕਪਤਾਨੀ ਛੱਡ ਦਿੱਤੀ ਤਾਂ ਪੰਤ ਦਾ ਨਾਮ ਕਪਤਾਨੀ ਦੀ ਦੌੜ ਵਿੱਚ ਸੀ, ਪਰ ਰੋਹਿਤ ਨੇ ਉਸਨੂੰ ਪਿੱਛੇ ਛੱਡ ਦਿੱਤਾ। ਪੰਤ ਟੈਸਟ ਟੀਮ ਦਾ ਨਿਯਮਤ ਮੈਂਬਰ ਹੈ ਅਤੇ ਟੀਮ ਦੇ ਸਾਰੇ ਖਿਡਾਰੀਆਂ ਨੂੰ ਚੰਗੀ ਤਰ੍ਹਾਂ ਜਾਣਦਾ ਹੈ। ਪੰਤ ਆਈਪੀਐਲ ਵਿੱਚ ਲਖਨਊ ਸੁਪਰ ਜਾਇੰਟਸ ਦੀ ਕਪਤਾਨੀ ਕਰ ਰਹੇ ਹਨ।

# ਨਿਊਜ਼ੀਲੈਂਡ ਵੱਲੋਂ ਵਿਜ਼ਟਰ ਵੀਜ਼ਾ ਅਰਜ਼ੀ ਪ੍ਰਕਿਰਿਆ 'ਚ ਇੱਕ ਮਹੱਤਵਪੂਰਨ ਬਦਲਾਅ

ਵੈਲਿੰਗਟਨ, 8 ਮਈ (ਚ.ਨ.ਸ.) : ਨਿਊਜ਼ੀਲੈਂਡ ਨੇ ਵਿਜ਼ਟਰ ਵੀਜ਼ਾ ਸਬੰਧੀ ਅਰਜ਼ੀ ਦੇਣ ਵਾਲਿਆਂ ਨੂੰ ਵੱਡੀ ਰਾਹਤ ਦਿੱਤੀ ਹੈ। ਨਿਊਜ਼ੀਲੈਂਡ ਦੀ ਸਰਕਾਰੀ ਏਜੰਸੀ ਨੇ ਆਪਣੀ ਵਿਜ਼ਟਰ ਵੀਜ਼ਾ ਅਰਜ਼ੀ ਪ੍ਰਕਿਰਿਆ ਵਿੱਚ ਇੱਕ ਮਹੱਤਵਪੂਰਨ ਬਦਲਾਅ ਦਾ ਐਲਾਨ ਕੀਤਾ, ਜਿਸ ਵਿਚ ਸਹਾਇਕ ਦਸਤਾਵੇਜ਼ਾਂ ਦੇ ਅਨੁਵਾਦ ਦੀਆਂ ਜ਼ਰੂਰਤਾਂ ਨੂੰ ਸੌਖਾ ਕੀਤਾ ਗਿਆ ਹੈ।26 ਮਈ ਤੋਂ ਪ੍ਰਭਾਵੀ ਨਿਯਮ ਮੁਤਾਬਕ ਬਿਨੈਕਾਰਾਂ ਨੂੰ ਹੁਣ ਅੰਗਰੇਜ਼ੀ ਤੋਂ ਇਲਾਵਾ ਹੋਰ ਸਹਾਇਕ ਦਸਤਾਵੇਜ਼ਾਂ ਲਈ ਪ੍ਰਮਾਣਿਤ ਅਨੁਵਾਦ ਪ੍ਰਦਾਨ ਕਰਨ ਦੀ ਜ਼ਰੂਰਤ ਨਹੀਂ ਹੋਵੇਗੀ, ਜੋਕਿ ਆਸਟ੍ਰੇਲੀਆ ਦੀ ਨੀਤੀ ਨਾਲ ਮੇਲ ਖਾਂਦੀ ਹੈ। ਇੰਮੀਗ੍ਰੇਸ਼ਨ ਨਿਊਜ਼ੀਲੈਂਡ ਅਨੁਸਾਰ ਜਦੋਂਕਿ ਪ੍ਰਮਾਣਿਤ ਅਨੁਵਾਦ ਹੁਣ ਲਾਜ਼ਮੀ ਨਹੀਂ ਹਨ, ਬਿਨੈਕਾਰਾਂ ਨੂੰ ਹਾਲੇ ਵੀ ਅੰਗਰੇਜ਼ੀ ਵਿੱਚ ਨਾ ਹੋਣ ਵਾਲੇ ਸਾਰੇ ਸਹਾਇਕ ਦਸਤਾਵੇਜ਼ਾਂ ਦੇ ਅੰਗਰੇਜ਼ੀ ਅਨੁਵਾਦ ਜਮ੍ਹਾਂ ਕਰਾਉਣ ਦੀ ਲੋੜ ਹੈ। ਇਨ੍ਹਾਂ ਅਨੁਵਾਦਾਂ ਵਿੱਚ ਅਨੁਵਾਦਕ ਦਾ ਨਾਮ ਅਤੇ ਉਨ੍ਹਾਂ ਦੀਆਂ ਯੋਗਤਾਵਾਂ ਜਾਂ ਅਨੁਭਵ ਦੇ ਵੇਰਵੇ ਸ਼ਾਮਿਲ ਹੋਣੇ ਚਾਹੀਦੇ ਹਨ।ਇੰਮੀਗ੍ਰੇਸ਼ਨ ਨਿਊਜ਼ੀਲੈਂਡ ਨੇ ਆਪਣੀ ਘੋਸ਼ਣਾ ਵਿੱਚ ਕਿਹਾ ਕਿ ਅਨੁਵਾਦ ਬਿਨੈਕਾਰ, ਉਨ੍ਹਾਂ ਦੇ ਪਰਿਵਾਰਕ ਮੈਂਬਰਾਂ, ਜਾਂ ਅਰਜ਼ੀ ਪ੍ਰਕਿਰਿਆ ਵਿੱਚ ਸ਼ਾਮਿਲ ਇੰਮੀਗ੍ਰੇਸ਼ਨ ਸਲਾਹਕਾਰਾਂ ਦੁਆਰਾ ਪੂਰੇ ਨਹੀਂ ਕੀਤੇ ਜਾ ਸਕਦੇ ਹਨ। ਇੰਮੀਗ੍ਰੇਸ਼ਨ ਨਿਊਜ਼ੀਲੈਂਡ ਨੇ ਕਿਹਾ ਕਿ ਇਹ ਬਦਲਾਅ ਸਿਰਫ ਵਿਜ਼ਟਰ ਵੀਜ਼ਾ ਅਰਜ਼ੀਆਂ 'ਤੇ ਲਾਗੂ ਹੁੰਦਾ ਹੈ। ਨਿਵਾਸੀ ਵੀਜ਼ਾ ਅਰਜ਼ੀਆਂ ਲਈ ਸਾਰੇ ਗੈਰ-ਅੰਗਰੇਜ਼ੀ ਦਸਤਾਵੇਜ਼ਾਂ ਦੇ ਪ੍ਰਮਾਣਿਤ ਅਨੁਵਾਦਾਂ ਦੀ ਜ਼ਰੂਰਤ ਲਾਗੂ ਹੈ। ਨੀਤੀ ਵਿੱਚ ਤਬਦੀਲੀ ਅਰਜ਼ੀ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਅਤੇ ਬਿਨੈਕਾਰਾਂ ਦੇ ਬੋਝ ਨੂੰ ਘਟਾਉਣ ਲਈ ਮੰਨੀ ਜਾਂਦੀ ਹੈ, ਜਿਸ ਨਾਲ ਸੈਲਾਨੀਆਂ ਲਈ ਲਾਭਕਾਰੀ ਹੋਵੇਗੀ।




## ਵਰ੍ਹੇਗੰਢ ਮੁਬਾਰਕ



ਇੰਦਰਜੀਤ ਸਿੰਘ ਅਤੇ ਬਲਜੀਤ ਕੌਰ ਨੂੰ ਵਿਆਹ ਦੀ 46ਵੀ ਵਰੇਗੰਡ ਮੁਬਾਰਕ

# ਬੈਂਕ ਆਫ਼ ਬੜੌਦਾ ਨੇ 31 ਮਾਰਚ 2025 ਤੱਕ 27 ਲੱਖ ਕਰੋੜ ਦਾ ਬਿਜ਼ਨਸ ਕੀਤਾ

ਨਵੀਂ ਦਿੱਲੀ, 8 ਮਈ (ਚ.ਨ.ਸ.) : ਦੇਸ਼ ਦੇ ਅਗਾਹਵਧੂ ਬੈਂਕ (ਬੈਂਕ ਆਫ ਬੜੌਦਾ) ਵੱਲੋਂ 31 ਮਾਰਚ 2025 ਨੂੰ ਸਮਾਪਤ ਚੌਥੀ ਤਿਮਾਹੀ 'ਤੇ ਆਰਥਿਕ ਸਾਲ ਦੇ ਨਤੀਜੇ ਐਲਾਨੇ ਗਏ। ਜਿਸ 'ਚ ਬੈਂਕ ਨੇ ਗਲੋਬਲ ਬਿਜ਼ਨਸ 'ਚ 31 ਮਾਰਚ 2025 ਤੱਕ 27 ਲੱਖ ਕਰੋੜ ਦੇ ਪੱਧਰ ਤੋਂ ਉਪਰ ਬਿਜ਼ਨਸ ਕੀਤਾ ਹੈ ਤੇ ਮਿਲੀ ਜੁਲੀ ਇਕਾਈ ਦਾ ਸ਼ੁਭ ਲਾਭ 20,716 ਕਰੋੜ ਹੋ ਗਿਆ ਹੈ, ਜੋ ਕਿ 20,000 ਕਰੋੜ ਤੋਂ ਵੱਧ ਦਾ ਇਕ ਨਵਾਂ ਮੀਲ ਪੱਥਰ ਹੈ, ਬੈਂਕ ਦੇ ਬੋਰਡ ਵੱਲੋਂ 418 ਪ੍ਰਤੀਸ਼ਤ ਲਾਭਾਂਸ ਦਾ ਸੁਝਾਅ ਜੋ ਲੋੜੀਂਦੀ ਮੰਜੂਰੀ ਦੇ ਅਧੀਨ ਹੈ।

ਬੈਂਕ ਆਫ਼ ਬੜੌਦਾ (ਬੈਂਕ) ਦੀ ਸਥਾਪਨਾ 20 ਜੁਲਾਈ 1908 ਨੂੰ ਹੋਈ ਸੀ। ਇਹ ਇੱਕ ਭਾਰਤੀ ਸਰਕਾਰੀ ਬੈਂਕ ਅਤੇ ਆਰਥਿਕ ਸੇਵਾਵਾਂ ਦੀ ਸੰਗਠਨ ਹੈ, ਜਿਸਦਾ ਮੁੱਖ ਦਫ਼ਤਰ ਵਡੋਦਰਾ (ਪਹਿਲਾਂ ਬੜੌਦਾ), ਗੁਜਰਾਤ, ਭਾਰਤ ਵਿੱਚ ਹੈ। ਸਰਕਾਰ ਵੱਲੋਂ ਐਲਟਰਨੇਟਿਵ ਮਕੈਨਿਜ਼ਮ ਸਕੀਮ ਦੇ ਤਹਿਤ ਵਿਜਯ ਬੈਂਕ ਅਤੇ ਦੇਨਾ ਬੈਂਕ ਦੇ ਬੈਂਕ ਆਫ਼ ਬੜੌਦਾ ਨਾਲ ਵਿਲੀਨ ਦੀ ਘੋਸ਼ਣਾ ਕੀਤੀ ਗਈ, ਜੋ ਕਿ 1 ਅਪਰੈਲ 2019 ਤੋਂ ਲਾਗੂ ਹੋਈ। ਬੈਂਕ ਆਫ਼ ਬੜੌਦਾ ਭਾਰਤ ਦੇ ਸਭ ਤੋਂ ਵੱਡੇ ਬੈਂਕਾਂ ਵਿੱਚੋਂ ਇੱਕ ਹੈ, ਜਿਸਦੀ ਘਰੇਲੂ ਹਾਜ਼ਰੀ 8,424 ਸ਼ਾਖਾਵਾਂ ਅਤੇ 10,987 ਏ.ਟੀ.ਐਮ. ਅਤੇ ਕੈਸ਼ ਰੀਸਾਈਕਲਰਾਂ ਰਾਹੀਂ ਹੈ, ਜੋ ਕਿ ਸਵੈ-ਸੇਵਾ ਚੈਨਲਾਂ ਨਾਲ ਸਹਾਇਕ ਹੈ। ਬੈਂਕ ਦੀ ਅੰਤਰਰਾਸ਼ਟਰੀ ਪਹੁੰਚ ਵੀ ਮਹੱਤਵਪੂਰਨ ਹੈ, ਜਿਸਦਾ ਜਾਲ 17 ਦੇਸ਼ਾਂ ਵਿੱਚ ਫੈਲੀਆਂ 84 ਵਿਦੇਸ਼ੀ ਸ਼ਾਖਾਵਾਂ ਰਾਹੀਂ ਹੈ।

GOVT. OF PUNJAB
DEPARTMENT OF AGRICULTURE AND FARMERS WELFARE, GOVERNMENT OF PUNJAB

ਪਰਾਲੀ ਦੀ ਸਾਂਭ ਸੰਭਾਲ ਸਬੰਧੀ ਮਸ਼ੀਨਾਂ 'ਤੇ ਸਬਸਿਡੀ ਲਈ ਬਿਨੈ ਪੱਤਰਾਂ ਦੀ ਮੰਗ

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਵੱਲੋਂ ਪਰਾਲੀ ਸਾਂਭਣ ਲਈ ਹੇਠ ਲਿਖੀਆਂ ਮਸ਼ੀਨਾਂ ਸਬਸਿਡੀ 'ਤੇ ਉਪਲਬਧ ਕਰਵਾਉਣ ਲਈ ਆਨਲਾਈਨ ਪੋਰਟਲ **agrimachinerypb.com** ਰਾਹੀਂ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ।

ਰਾਜ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਸਕੀਮ ਦਾ ਲਾਭ ਲੈਣ ਲਈ ਵੱਧ ਤੋਂ ਵੱਧ ਅਪਲਾਈ ਕੀਤਾ ਜਾਵੇ।

- ਸੁਪਰ ਐਸ.ਐਮ.ਐਸ
- ਹੈਪੀ ਸੀਡਰ
- ਸੁਪਰ ਸੀਡਰ
- ਸਰਫੇਸ ਸੀਡਰ
- ਸਮਾਰਟ ਸੀਡਰ
- ਜ਼ੀਰੋ ਟਿੱਲ ਡਰਿੱਲ
- ਬੇਲਰ
- ਰੇਕ
- ਸ਼ਰਬ ਮਾਸਟਰ/ਰੋਟਰੀ ਸਲੈਸ਼ਰ
- ਪੈਡੀ ਸਟਰਾਅ ਚੌਪਰ/ਸ਼ਰੈਡਰ/ਮਲਚਰ
- ਕਰਾਪ ਰੀਪਰ
- ਉਲਟਾਵੇਂ ਪਲਾਓ

ਕਸਟਮ ਹਾਈਰਿੰਗ ਸੈਂਟਰ ਅਤੇ ਪੈਡੀ ਸਪਲਾਈ ਚੇਨ ਸੈਂਟਰ ਸਥਾਪਿਤ ਕਰਨ ਲਈ ਵੀ ਅਰਜ਼ੀਆਂ ਦਿੱਤੀਆ ਜਾਣ।

ਸਬਸਿਡੀ ਦੀ ਦਰ ਸਕੀਮ ਦੀਆਂ ਗਾਈਡਲਾਈਨਜ਼ ਅਨੁਸਾਰ ਹੋਵੇਗੀ।

ਸਬਸਿਡੀ ਲੈਣ ਦੇ ਚਾਹਵਾਨ ਕਿਸਾਨ ਮਿਤੀ 12.05.2025 (ਸ਼ਾਮ 5:00 ਵਜੇ ਤੱਕ) ਆਪਣੀ ਅਰਜ਼ੀਆਂ ਆਨਲਾਈਨ ਪੋਰਟਲ 'ਤੇ ਦੇ ਸਕਦੇ ਹਨ।

ਵਧੇਰੇ ਜਾਣਕਾਰੀ ਲਈ ਵਿਭਾਗ ਦੀ ਵੈੱਬਸਾਈਟ ਜਾਂ ਆਪਣੇ ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫਸਰ ਨਾਲ ਸੰਪਰਕ ਕਰੋ ਜੀ।



ਉੱਨਤ ਮਸ਼ੀਨਾਂ ਅਪਣਾਉ, ਖੇਤੀ ਖਰਚੇ ਘਟਾਉ

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ

ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

# ਮੁਰੱਬੇਬੰਦੀ ਲਈ ਪਿੰਡ ਜਿਉਂਦ 'ਚ ਪੁਲਿਸ ਦਾ ਹੱਲਾ



ਬਠਿੰਡਾ, 8 ਮਈ ( ਜਗਸੀਰ ਭੁੱਲਰ ): ਲਗਾਤਾਰ ਦੂਜੇ ਦਿਨ ਅੱਜ ਵੀ ਬਠਿੰਡਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਡੀ ਪੁਲਸ ਨਫ਼ਰੀ ਨਾਲ ਜਿਉਂਦ ਪਿੰਡ ਦੀ ਮੁਰੱਬੇਬੰਦੀ ਲਈ ਹੱਲਾ ਬੋਲਿਆ ਗਿਆ, ਪ੍ਰੰਤੂ ਸੈਂਕੜੇ ਔਰਤਾਂ ਸਮੇਤ ਹਜ਼ਾਰਾਂ ਨੌਜਵਾਨਾਂ, ਕਿਸਾਨਾਂ, ਮਜ਼ਦੂਰਾਂ ਦੇ ਸਖ਼ਤ ਵਿਰੋਧ ਕਾਰਨ ਉਨ੍ਹਾਂ ਨੂੰ ਪਿੱਛੇ ਹਟਣਾ ਪਿਆ। ਇਹ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਝੰਡਾ ਸਿੰਘ ਜੇਠੂਕੇ ਨੇ ਦੱਸਿਆ ਕਿ ਭਾਰੀ ਕਸ਼ਮਕਸ਼ ਮਗਰੋਂ ਜ਼ਿਲ੍ਹਾ ਪ੍ਰਸ਼ਾਸਨ ਨੇ ਭਲਕੇ 9 ਮਈ ਨੂੰ ਮਸਲੇ ਦਾ ਹੱਲ ਗੱਲਬਾਤ ਰਾਹੀਂ ਕੱਢਣ ਲਈ ਕਿਸਾਨ ਆਗੂਆਂ ਨਾਲ ਮੀਟਿੰਗ ਰੱਖ ਕੇ ਵਾਪਸ ਚਾਲੇ ਪਾ ਦਿੱਤੇ। ਡਰੋਨ ਰਾਹੀਂ ਇੰਟਰਨੈੱਟ ਜ਼ਰੀਏ ਕੀਤੀ ਜਾ ਰਹੀ ਮੁਰੱਬੇਬੰਦੀ ਠੱਪ ਕਰਨੀ ਪਈ। ਇਸ ਮੌਕੇ ਕਿਸਾਨਾਂ ਮਜ਼ਦੂਰਾਂ ਦੀ ਅਗਵਾਈ ਕਰਨ ਵਾਲੇ ਮੁੱਖ ਆਗੂਆਂ ਵਿੱਚ ਸੂਬਾ ਸਕੱਤਰ ਸ਼ਿੰਗਾਰਾ ਸਿੰਘ ਮਾਨ, ਸੂਬਾ ਆਗੂ ਜਗਤਾਰ ਸਿੰਘ ਕਾਲਾਝਾੜ, ਜ਼ਿਲ੍ਹਾ ਪ੍ਰਧਾਨ ਸੰਗਰੂਰ ਅਮਰੀਕ ਸਿੰਘ ਗੰਢੂਆਂ, ਮਾਨਸਾ ਜ਼ਿਲ੍ਹਾ ਪ੍ਰਧਾਨ ਰਾਮ ਸਿੰਘ ਭੈਣੀਬਾਘਾ, ਹਰਬੰਸ ਸਿੰਘ ਕੋਟਲੀ ,ਗੁਰਭੇਜ ਸਿੰਘ ਰੋਹੀਵਾਲਾ, ਹਰਿੰਦਰ ਕੌਰ ਬਿੰਦੂ, ਜੱਗਾ ਸਿੰਘ ਜੋਗੇਵਾਲਾ ,ਗੁਲਾਬ ਸਿੰਘ ਜਿਉਂਦ, ਬੂਟਾ ਸਿੰਘ ਭਾਗੀਕੇ(ਮੋਗਾ) ਸ਼ਾਮਲ ਸਨ। ਸ੍ਰੀ ਜੇਠੂਕੇ ਦਾ ਕਹਿਣਾ ਸੀ ਕਿ ਜਥੇਬੰਦੀ ਦੇ ਆਗੂ ਗੱਲਬਾਤ ਵਿੱਚ ਸ਼ਾਮਲ ਤਾਂ ਹੋਣਗੇ, ਪ੍ਰੰਤੂ ਪੰਜਾਬ ਸਰਕਾਰ ਦੇ ਕਿਸਾਨ ਵਿਰੋਧੀ ਵਤੀਰੇ ਕਾਰਨ ਕਿਸਾਨ ਪੱਖੀ ਹੱਲ ਹੋਣ ਦੀ ਕੋਈ ਗੁੰਜਾਇਸ਼ ਨਜ਼ਰ ਨਹੀਂ ਆਉਂਦੀ। ਉਨ੍ਹਾਂ ਦੋਸ਼ ਲਾਇਆ ਕਿ ਮੋਦੀ ਸਰਕਾਰ ਵੱਲੋਂ ਫ਼ਿਰਕੂ ਨਫ਼ਰਤ ਪਸਾਰੇ ਰਾਹੀਂ ਪਾਕਿਸਤਾਨ ਨਾਲ ਜੰਗ ਦਾ ਮਹੌਲ ਪੈਦਾ ਕਰਨ ਦਾ ਨਜਾਇਜ਼ ਲਾਹਾ ਲੈਂਦਿਆਂ ਭਗਵੰਤ ਮਾਨ ਕਿਸਾਨਾਂ ਦੀਆਂ ਜ਼ਮੀਨਾਂ ਖੋਹਣ ਲਈ ਜੰਗ ਦਾ ਮਹੌਲ ਪੈਦਾ ਕਰ ਰਿਹਾ ਹੈ। ਆਗੂਆਂ ਨੇ ਪ੍ਰਸ਼ਾਸਨ ਨੂੰ ਸਾਫ਼ ਸ਼ਬਦਾਂ ਵਿੱਚ ਚਿਤਾਵਨੀ ਦਿੱਤੀ ਕਿ ਸੰਵਿਧਾਨਕ ਤੌਰ 'ਤੇ ਮਾਲਕੀ ਦੇ ਹੱਕਦਾਰ ਕਾਸ਼ਤਕਾਰ ਮੁਜ਼ਾਰੇ ਕਿਸਾਨਾਂ ਮਜ਼ਦੂਰਾਂ ਦੀਆਂ ਜ਼ਮੀਨਾਂ ਉੱਤੇ ਧੱਕੇਸ਼ਾਹੀ ਨਾਲ ਕਬਜ਼ਾ ਕਿਸੇ ਵੀ ਹਾਲਤ ਵਿੱਚ ਨਹੀਂ ਹੋਣ ਦਿੱਤਾ ਜਾਵੇਗਾ, ਭਾਵੇਂ ਜਾਨਾਂ ਕੁਰਬਾਨ ਕਿਉਂ ਨਾ ਕਰਨੀਆਂ ਪੈਣ। ਉਨ੍ਹਾਂ ਨੇ ਜਿਉਂਦ ਪਿੰਡ ਸਮੇਤ ਮਾਲਵੇ ਦੇ ਸੰਘਰਸ਼ਸ਼ੀਲ ਕਿਸਾਨਾਂ ਮਜ਼ਦੂਰਾਂ ਨੂੰ ਜ਼ਮੀਨਾਂ ਉੱਤੇ ਲਗਾਤਾਰ ਪਹਿਰੇਦਾਰੀ ਕਰਨ ਲਈ ਕਮਰਕੱਸੇ ਕੱਸਣ ਦਾ ਸੱਦਾ ਦਿੱਤਾ।

# ਵਿਧਾਇਕ ਸ਼ੈਰੀ ਕਲਸੀ ਵੱਲੋਂ ਮਿੱਟੀ-ਘੱਟਾ ਚੁੱਕਣ ਲਈ 'ਰੋਡ ਸਵੀਪਿੰਗ ਮਸ਼ੀਨ' ਬਟਾਲਾ ਵਾਸੀਆਂ ਨੂੰ ਸਮਰਪਿਤ



ਬਟਾਲਾ, 8 ਮਈ ( ਸੁਖਦੇਵ ਸਿੰਘ ਰੰਧਾਵਾ, ਬਲਬੀਰ ਸੋਹਲ): ਬਟਾਲਾ ਦੇ ਨੌਜਵਾਨ ਵਿਧਾਇਕ ਅਤੇ ਕਾਰਜਕਾਰੀ ਪ੍ਰਧਾਨ ਆਮ ਆਦਮੀ ਪਾਰਟੀ ਪੰਜਾਬ,ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਨੂੰ ਖੂਬਸੂਰਤ ਬਣਾਉਣ ਲਈ ਕੀਤੇ ਜਾ ਰਹੇ ਵਿਸ਼ੇਸ ਉਪਰਾਲਿਆਂ ਤਹਿਤ ਅੱਜ ਇੱਕ ਚੈਪਟਰ ਜੁੜਿਆ ਹੈ। ਅੱਜ ਉਨ੍ਹਾਂ ਵੱਲੋਂ ਬਟਾਲਾ ਸ਼ਹਿਰ ਨੂੰ ਹੋਰ ਖੂਬਸੂਰਤ ਬਣਾਉਣ ਦੇ ਮੰਤਵ ਨਾਲ ਸੜਕਾਂ ਤੋਂ ਮਿੱਟੀ-ਘੱਟਾ ਚੁੱਕਣ ਵਾਲੀ 'ਰੋਡ ਸਵੀਪਿੰਗ ਮਸ਼ੀਨ' ਬਟਾਲਾ ਵਾਸੀਆਂ ਲਈ ਸਮਰਪਿਤ ਕੀਤੀ ਹੈ, ਜਿਸ ਨਾਲ ਸ਼ਹਿਰ ਦੀ ਸਫਾਈ ਵਿਵਸਥਾ ਹੋਰ ਬਿਹਤਰ ਹੋਵੇਗੀ। ਇਸ ਮੌਕੇ ਐਸ.ਡੀ.ਓ ਰੋਹਿਤ ਉੱਪਲ, ਨੀਰਜ ਸ਼ਰਮਾ ਫਾਇਰ ਬਿਰਗੇਡ ਅਫਸਰ, ਸੀਨੀਅਰ ਆਗੂ ਬਲਬੀਰ ਸਿੰਘ ਬਿੱਟੂ, ਚੇਅਰਮੈਨ ਬਲਜੀਤ ਸਿੰਘ, ਅਮਿਤ ਸੋਢੀ, ਗਗਨ ਬਟਾਲਾ, ਦਵਿੰਦਰ ਸਿੰਘ ਤੇ ਮੁਨੀਸ਼ ਕਾਕਾ ਆਦਿ ਮੌਜੂਦ ਸਨ। ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਬਟਾਲਾ ਸ਼ਹਿਰ ਨੂੰ ਖੂਬਸੂਰਤ ਤੇ ਚਹੁਪੱਖੀ ਵਿਕਾਸ ਲਈ ਉਹ ਦਿਨ ਰਾਤ ਯਤਨਸ਼ੀਲ ਹਨ। ਉਨ੍ਹਾਂ ਕਿਹਾ ਕਿ ਸ਼ਹਿਰ ਵਿੱਚ ਜਿੱਥੇ ਵਿਕਾਸ ਕੰਮ ਤੇਜ਼ੀ ਨਾਲ ਕਰਵਾਏ ਜਾ ਰਹੇ ਹਨ, ਉਥੇ ਲੋਕਾਂ ਦੀਆਂ ਮੁਸ਼ਕਿਲਾਂ ਸੁਣਕੇ ਸਬੰਧਤ ਵਿਭਾਗਾਂ ਵੱਲੋਂ ਹੱਲ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਲੋਕਾਂ ਵਲੋਂ ਦਿੱਤੇ ਪਿਆਰ ਸਦਕਾ ਹੁਣ ਤੱਕ ਬਟਾਲਾ ਹਲਕੇ ਅੰਦਰ ਰਿਕਾਰਡ ਵਿਕਾਸ ਕਰਵਾਏ ਗਏ ਹਨ। ਵਿਧਾਇਕ ਸ਼ੈਰੀ ਕਲਸੀ ਨੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਕਿਹਾ ਕਿ ਇਤਿਹਾਸਕ ਤੇ ਧਾਰਮਿਕ ਸ਼ਹਿਰ ਬਟਾਲਾ ਅੰਦਰ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ। ਟਰੈਫਿਕ ਦੀ ਸਮੱਸਿਆ ਤੋਂ ਲੋਕਾਂ ਨੂੰ ਨਿਜਾਤ ਪਾਉਣ ਦੇ ਮੰਤਵ ਨਾਲ ਸੜਕਾਂ ਨੂੰ ਚੌੜੀਆਂ ਕਰਨ ਦੇ ਨਾਲ ਬਿਜਲੀ ਦੇ ਖੰਭਿਆਂ ਨੂੰ ਸੜਕਾਂ ਦੇ ਕਿਨਾਰਿਆਂ ਤੋਂ ਹਟਾਇਆ ਗਿਆ ਹੈ। ਸ਼ਹਿਰ ਵਿੱਚ ਖੂਬਸੂਰਤ ਪਾਰਕ ਉਸਾਰਨ ਦੇ ਨਾਲ ਚੌਂਕਾਂ ਨੂੰ ਚੌੜਿਆਂ ਕੀਤਾ ਗਿਆ ਹੈ। ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦੇਣ ਦੇ ਮੰਤਵ ਨਾਲ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ, ਜਿਸ ਨੂੰ ਬਹੁਤ ਜਲਦ ਲੋਕਾਂ ਦੇ ਸਮਰਪਿਤ ਕੀਤਾ ਜਾ ਰਿਹਾ ਹੈ। ਮੁਹੱਲਾ ਕਲੀਨਿਕ ਸ਼ੁਰੂ ਕੀਤੇ ਗਏ ਹਨ, ਜਿਥੇ ਰੋਜਾਨਾਂ ਮਰੀਜ਼ ਆਪਣਾ ਮੁਫ਼ਤ ਇਲਾਜ ਕਰਵਾ ਰਹੇ ਹਨ। ਸਰਕਾਰੀ ਸਕੂਲਾਂ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਗਈ ਹੈ। ਸਕੂਲਾਂ ਵਿੱਚ ਨਵੇਂ ਕਮਰੇ, ਕਮਰਿਆਂ ਦਾ ਨਵੀਨੀਕਰਨ, ਚਾਰਦੀਵਾਰੀ ਸਮੇਤ ਵੱਖ-ਵੱਖ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਜਾ ਚੁੱਕੇ ਹਨ।

# ਜ਼ਿਲ੍ਹਾ ਸੰਗਰੂਰ ਵਿੱਚ ਆਤਿਸ਼ਬਾਜੀ, ਬੰਬ, ਹਵਾਈ ਪਟਾਖੇ 'ਤੇ ਪਾਬੰਦੀ

ਖਨੌਰੀ, 8 ਮਈ (ਓਮਪ੍ਰਕਾਸ਼ ਮੁਆਲ) :ਸ਼੍ਰੀ ਟੀ. ਬੈਨਿਥ, ਆਈ.ਏ.ਐਸ.,ਜ਼ਿਲ੍ਹਾ ਮੈਜਿਸਟਰੇਟ, ਸੰਗਰੂਰ ਨੇ ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ 2023 ਦੀ ਧਾਰਾ 163 ਤਹਿਤ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਸੰਗਰੂਰ ਦੀ ਹਦੂਦ ਅੰਦਰ ਵਿਆਹ ਸ਼ਾਦੀਆਂ, ਖੁਸ਼ੀਆਂ ਅਤੇ ਧਾਰਮਿਕ ਸਮਾਗਮਾਂ ਦੌਰਾਨ ਆਮ ਪਬਲਿਕ ਵੱਲੋਂ ਚਲਾਈ ਜਾਂਦੀ ਆਤਿਸ਼ਬਾਜੀ, ਜਿਸ ਵਿੱਚ ਬੰਬ, ਹਵਾਈ ਪਟਾਖੇ ਅਤੇ ਚਾਈਨੀਜ਼ ਕਰੈਕਰ ਆਦਿ ਸ਼ਾਮਲ ਹਨ, ਦੇ ਚਲਾਉਣ ਉੱਤੇ ਪੂਰਨ ਪਾਬੰਦੀ ਲਗਾ ਦਿੱਤੀ ਹੈ। ਇਹ ਹੁਕਮ ਮਿਤੀ 08 ਮਈ ਤੋਂ 04 ਜੂਨ, 2025 ਤੱਕ ਲਾਗੂ ਰਹਿਣਗੇ। ਸੀਨੀਅਰ ਪੁਲਿਸ ਕਪਤਾਨ ਸੰਗਰੂਰ ਵੱਲੋਂ ਇਸ ਹੁਕਮ ਦੀ ਪਾਲਣਾ ਕਰਵਾਏ ਜਾਣ ਨੂੰ ਯਕੀਨੀ ਬਣਾਇਆ ਜਾਵੇਗਾ। ਆਪਣੇ ਹੁਕਮਾਂ ਵਿੱਚ ਉਹਨਾਂ ਕਿਹਾ ਕਿ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਆਦੇਸ਼ਾਂ ਅਨੁਸਾਰ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸੰਕਟਕਾਲੀਨ ਸਥਿਤੀ ਨਾਲ ਨਜਿੱਠਣ ਲਈ ਸਿਵਲ ਡਿਫੈਂਸ ਐਕਟ, 1968 ਅਧੀਨ ਮੌਕ ਡ੍ਰਿਲਾਂ ਕੀਤੀਆਂ ਜਾ ਰਹੀਆਂ ਹਨ। ਆਮ ਤੌਰ 'ਤੇ ਵੇਖਣ ਵਿੱਚ ਆਉਂਦਾ ਹੈ ਕਿ ਆਏ ਦਿਨ ਵਿਆਹ ਸ਼ਾਦੀਆਂ, ਖੁਸ਼ੀਆਂ ਅਤੇ ਧਾਰਮਿਕ ਸਮਾਗਮਾਂ ਦੌਰਾਨ ਆਮ ਪਬਲਿਕ ਵੱਲੋਂ ਆਤਿਸਬਾਜੀ ਜਿਸ ਵਿੱਚ ਬੰਬ,ਹਵਾਈ ਪਟਾਖੇ ਅਤੇ ਚਾਈਨੀਜ਼ ਕਰੈਕਰ ਸ਼ਾਮਲ ਹੁੰਦੇ ਹਨ, ਦੀ ਭਰਪੂਰ ਵਰਤੋਂ ਕੀਤੀ ਜਾਂਦੀ ਹੈ। ਇਹਨਾਂ ਪਟਾਖਿਆਂ ਨਾਲ ਸ਼ੋਰ ਸ਼ਰਾਬੇ ਨਾਲ ਆਮ ਪਬਲਿਕ ਵਿੱਚ ਡਰ ਪੈਦਾ ਹੁੰਦਾ ਹੈ, ਜਿਸ ਨਾਲ ਅਮਨ ਤੇ ਕਾਨੂੰਨ ਦੀ ਸਥਿਤੀ ਵਿਗੜਨ ਦਾ ਖਦਸ਼ਾ ਬਣਿਆ ਰਹਿੰਦਾ ਹੈ।

# ਦੁੱਧ ਉਤਪਾਦਕ ਕਿਸਾਨ ਐਨ.ਐਲ.ਐਮ ਬੀਮਾ ਯੋਜਨਾ ਦਾ ਲਾਭ ਲੈਣ

ਲੁਧਿਆਣਾ, 8 ਮਈ (ਵਿਸ਼ਾਲ ਸ਼ਰਮਾ): ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਅਤੇ ਡਾਇਰੈਕਟਰ ਡੇਅਰੀ ਵਿਕਾਸ ਕੁਲਦੀਪ ਸਿੰਘ ਜੱਸੋਵਾਲ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਲੁਧਿਆਣਾ ਦੇ ਦੁੱਧ ਉਤਪਾਦਕ ਕਿਸਾਨਾਂ ਨੂੰ ਦਫ਼ਤਰ ਡੇਅਰੀ ਵਿਕਾਸ ਵਿਭਾਗ ਲੁਧਿਆਣਾ ਵੱਲੋਂ ਅਪੀਲ ਕੀਤੀ ਗਈ ਹੈ ਕਿ ਉਹ ਸਰਕਾਰ ਦੀ ਰਾਸ਼ਟਰੀ ਪਸ਼ੂਧਨ ਮਿਸ਼ਨ (ਐਨ.ਐਲ.ਐਮ) ਹੇਠ ਚੱਲ ਰਹੀ ਪਸ਼ੂ ਬੀਮਾ ਯੋਜਨਾ ਤਹਿਤ ਆਪਣੇ ਪਸ਼ੂਆਂ ਦਾ ਬੀਮਾ ਕਰਵਾ ਕੇ ਇਸ ਦੀ ਸੁਵਿਧਿਆ ਲਾਭ ਲੈਣ। ਇਹ ਯੋਜਨਾ ਸਿਰਫ ਪੰਜ (5) ਦੁੱਧ ਦੇਣ ਵਾਲੇ ਪਸ਼ੂਆਂ ਤੱਕ ਸੀਮਤ ਹੈ ਅਤੇ ਇਸਦਾ ਉਦੇਸ਼ ਕਿਸਾਨਾਂ ਨੂੰ ਪਸ਼ੂਆਂ ਦੀ ਮੌਤ ਦੀ ਸਥਿਤੀ ਵਿੱਚ ਆਰਥਿਕ ਸੁਰੱਖਿਆ ਦੇਣਾ ਹੈ। ਬੀਮਾ ਪ੍ਰੀਮੀਅਮ ਦੀ ਵੱਡੀ ਰਕਮ ਭਾਰਤ ਸਰਕਾਰ ਤੇ ਪੰਜਾਬ ਸਰਕਾਰ ਵੱਲੋਂ ਭਰੀ ਜਾਂਦੀ ਹੈ। ਬੀਮਾ ਹੋਏ ਪਸ਼ੂ ਦੀ ਮੌਤ ਦੀ ਸਥਿਤੀ ਵਿੱਚ ਲਾਭਪਾਤਰੀ ਨੂੰ ਨਿਯਮਾਂ ਅਨੁਸਾਰ ਮੁਆਵਜ਼ਾ ਦਿੱਤਾ ਜਾਂਦਾ ਹੈ। ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਲੁਧਿਆਣਾ ਵੱਲੋਂ ਦੱਸਿਆ ਗਿਆ ਹੈ ਕਿ ਪਸ਼ੂ ਪਾਲਣ ਕਿਸਾਨ ਦੀ ਰੀੜ੍ਹ ਦੀ ਹੱਡੀ ਹੁੰਦੀ ਹੈ। ਇੱਕ ਪਸ਼ੂ ਦੀ ਮੌਤ ਕਿਸਾਨ ਲਈ ਭਾਰੀ ਨੁਕਸਾਨ ਨਹੀਂ ਸਗੋਂ ਪਰਿਵਾਰ ਦੀ ਆਮਦਨ 'ਤੇ ਵੀ ਵੱਡੀ ਸੱਟ ਲੱਗਦੀ ਹੈ। ਆਪਣੇ ਪਸ਼ੂਆਂ ਦੀ ਜ਼ਿੰਦਗੀ ਅਤੇ ਆਪਣੀ ਆਮਦਨ ਨੂੰ ਸੁਰੱਖਿਅਤ ਬਣਾਉਣ ਲਈ ਡੇਅਰੀ ਕਿਸਾਨ ਅਤੇ ਪਸ਼ੂ ਦੋਵਾਂ ਲਈ ਇਹ ਬੀਮਾ ਨਹੀਂ ਇੱਕ ਆਸਰਾ ਹੈ।

# ਸ਼ਹੀਦੀ ਸ਼ਤਾਬਦੀ ਕਾਨਫ਼ਰੰਸ ਦੇ ਇੰਤਜ਼ਾਮ ਸਬੰਧੀ ਪ੍ਰਬੰਧਕਾਂ ਨਾਲ ਕੀਤਾ ਵਿਚਾਰ-ਵਟਾਂਦਰਾ



ਲੁਧਿਆਣੇ,8 ਮਈ (ਵਿਸ਼ਾਲ ਸ਼ਰਮਾ): ਵਿਸਮਾਦ ਨਾਦ ਸੰਸਥਾ ਗੁਰਦੁਆਰਾ ਗੁਰ ਗਿਆਨ ਪ੍ਰਕਾਸ਼ ਜਵੱਦੀ ਟਕਸਾਲ ਵੱਲੋਂ ਸ੍ਰਿਸ਼ਟੀ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਮਹਾਰਾਜ ਜੀ ਦੀ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ 10,11 ਅਤੇ 12 ਮਈ ਨੂੰ ਤਿੰਨ ਰੋਜ਼ਾ ਕਾਨਫਰੰਸ ਕਰਵਾਈ ਜਾ ਰਹੀ ਹੈ। ਜਿਸਦੇ ਇੰਤਜ਼ਾਮ,ਪ੍ਰਬੰਧਾਂ ਸਬੰਧੀ ਸੰਤ ਬਾਬਾ ਅਮੀਰ ਸਿੰਘ ਜੀ ਨੇ ਡਾ:ਹਰਜੋਧ ਸਿੰਘ, ਸ:ਰਣਜੋਧ ਸਿੰਘ ਜੀ.ਐੱਸ. ਵਾਲੇ ਡਾ.ਅਨੁਰਾਗ ਸਿੰਘ,ਡਾ.ਜੋਗਿੰਦਰ ਸਿੰਘ,ਡਾ.ਮਨਜੀਤ ਸਿੰਘ ਆਦਿ ਪ੍ਰਬੰਧਕਾਂ ਨਾਲ ਵਿਚਾਰ-ਵਟਾਂਦਰਾ ਕੀਤਾ। ਵਿਚਾਰ-ਵਟਾਂਦਰੇ ਉਪਰੰਤ ਮੀਡੀਆ ਦੇ ਰੂ-ਬ-ਰੂ ਗੱਲਬਾਤ ਕਰਦਿਆਂ ਬਾਬਾ ਜੀ ਨੇ ਦੱਸਿਆ ਕਿ ਗੁਰੂ ਸਾਹਿਬਾਨ ਸੰਸਾਰ ਵਿਚੋਂ ਈਰਖਾ-ਦਵੈਸ਼, ਜਬਰ-ਜ਼ੁਲਮ ਆਦਿ ਬਦੀਆਂ ਦਾ ਖਾਤਮਾ ਕਰਕੇ ਪਰਉਪਕਾਰੀ,ਨੇਕੀ,ਦਇਆ ਆਦਿ ਵਰਗੇ ਗੁਣਾਂ ਨਾਲ ਧਰਮ ਦਾ ਓਟ ਆਸਰਾ ਬਣ ਕੇ ਮਾਨਸਿਕ ਤੌਰ 'ਤੇ ਗੁਲਾਮ ਹੋ ਚੁੱਕੇ ਲੋਕਾਂ ਦਾ ਸਮਾਜਿਕ ਪੱਧਰ ਉਤਾਂਹ ਕੀਤਾ। ਉਨ੍ਹਾਂ ਨੇ ਧਾਰਮਿਕ ਪੱਧਰ 'ਚ ਆ ਚੁੱਕੀ ਗਿਰਾਵਟ ਨੂੰ ਦੂਰ ਕੀਤਾ। ਸਮੁੱਚੀ ਲੋਕਾਈ ਨੂੰ ਧਾਰਮਿਕ ਰਹਿਬਰਾਂ ਨੂੰ ਅਪਨਾ ਬਿਗਾਰਿ ਬਿਰਾਂਨਾ ਸਾਂਝੇ ਵਾਲੀ ਜੀਵਨ ਜਾਂਚ ਅਨੁਸਾਰ ਜੀਵਨ ਢਾਲਣ ਦੀ ਪ੍ਰੇਰਨਾ ਦਿੱਤੀ। ਉਨ੍ਹਾਂ ਦੱਸਿਆ ਕਿ ਪਰਮ ਸੰਤ ਬਾਬਾ ਸੁੱਚਾ ਸਿੰਘ ਜੀ ਵੱਲੋਂ ਅਰੰਭੇ ਕਾਰਜਾਂ ਤਹਿਤ ਜਵੱਦੀ ਟਕਸਾਲ ਵੱਲੋਂ ਗੁਰੂ ਸਾਹਿਬ ਜੀ ਦੇ ਜੀਵਨ ਉਨ੍ਹਾਂ ਦੀਆਂ ਸਿੱਖਿਆਵਾਂ-ਫਲਸਫੇ ਨੂੰ ਰਾਸ਼ਟਰੀ-ਅੰਤਰਰਾਸ਼ਟਰੀ ਪੱਧਰ ਦੀ ਇਹ ਤਿੰਨ ਦਿਨਾਂ ਕਾਨਫਰੰਸ ਕਰਵਾਈ ਜਾ ਰਹੀ ਹੈ। ਜਿਸ ਵਿੱਚ ਕੋਲਕਾਤਾ ਤੋਂ ਉਚੇਚੇ ਤੌਰ 'ਤੇ ਪੰ:ਹਿਮਾਂਦਰੀ ਬੈਨਰਜੀ ਸਾਬਕਾ ਮੁਖੀ ਗੁਰੂ ਨਾਨਕ ਚੇਅਰ ਜਾਦਵਪੁਰ, ਡਾ:ਐੱਸ.ਪੀ. ਸਿੰਘ ਉਬਰਾਏ,ਪੰ: ਕਰਮਜੀਤ ਸਿੰਘ ਵਾਇਸ ਚਾਂਸਲਰ ਗੁਰੂ ਨਾਨਕ ਦੇਵ ਯੂਨੀ:,ਪੰ:ਦਵਿੰਦਰ ਸਿੰਘ ਸਿੱਧੂ,ਡਾ:ਕੁਲਦੀਪ ਚੰਦ ਅਗਨੀਹੋਤਰੀ,ਡਾ:ਸੁਰਿੰਦਰਪਾਲ ਸਿੰਘ ਸੁੰਨੜ ਯੂ.ਐੱਸ.ਏ.,ਪੰ:ਬਲਜਿੰਦਰ ਕੌਰ ਖਹਿਰਾ, ਡਾ:ਗੁਰਜਣਜੋਤ ਕੌਰ ਪਟਿਆਲਾ,ਡਾ:ਭੁਪਿੰਦਰ ਕੌਰ ਸਿੰਘ,ਪ੍ਰਿੰਸੀਪਲ ਬਲਜੀਤ ਸਿੰਘ, ਡਾ: ਸਹਿਜਪਾਲ ਸਿੰਘ, ਡਾ: ਮਨਦੀਪ ਸਿੰਘ,ਡਾ:ਸਤੀਸ਼ ਕੁਮਾਰ ਸ਼ਰਮਾ,ਭਾਈ ਮਤੀਦਾਸ ਜੀ ਦੇ ਪ੍ਰਵਾਰ ਵਿੱਚੋਂ ਸ: ਚਰਨਜੀਤ ਸਿੰਘ ਆਦਿ ਹੋਰ ਵੀ ਨਾਮਵਰ ਵਿਦਵਾਨ ਗੁਰੂ ਸਾਹਿਬ ਜੀ ਦੇ ਜੀਵਨ ਦਰਸ਼ਨ, ਸ਼ਹੀਦੀ, ਬਿਰਤਾਂਤ ਅਤੇ ਜੋ ਉਨ੍ਹਾਂ ਵੱਲੋਂ ਸਮੇਂ-ਸਮੇਂ ਕੀਤੀਆਂ ਬਖਸ਼ਿਸ਼ਾਂ ਕੀਤੀਆਂ ਆਦਿ ਨੂੰ ਅਕਾਦਮਿਕ ਤੌਰ 'ਤੇ ਮੁਲਾਂਕਣ ਕਰਨਗੇ। ਉਨ੍ਹਾਂ ਉਮੀਦ ਪ੍ਰਗਟਾਈ ਕਿ ਜਵੱਦੀ ਟਕਸਾਲ ਦਾ ਇਹ ਨਿਮਾਣਾ ਜਿਹਾ ਉਪਰਾਲਾ ਸੰਗਤਾਂ ਲਈ ਲਾਭਕਾਰੀ ਸਾਬਤ ਹੋਵੇਗਾ ਅਤੇ ਸਾਡੀ ਹਰ ਸੰਭਵ ਕੋਸ਼ਿਸ਼ ਰਹੇਗੀ ਕਿ ਗੁਰੂ ਸਾਹਿਬਾਨ ਵੱਲੋਂ ਸਿਰਜੇ ਲਾਸਾਨੀ ਇਤਿਹਾਸ ਨੂੰ ਵਿਸ਼ਵ ਸਾਹਮਣੇ ਪ੍ਰਚਾਰੀਏ,ਕਿਉਂਕਿ ਅਜੋਕੇ ਸਮੇਂ 'ਚ ਲਾਸਾਨੀ ਸਿੱਖ ਇਤਿਹਾਸ ਦੇ ਪੰਨਿਆਂ ਨੂੰ ਕਿਸੇ ਸਾਜ਼ਿਸ਼ ਤਹਿਤ ਮਨਫੀ ਕੀਤਾ ਜਾ ਰਿਹਾ ਹੈ। ਇਸ ਲਈ ਆਓ। ਆਪਸੀ ਭਰਾਤਰੀ ਭਾਵ ਅਤੇ ਧਾਰਮਕ ਏਕਤਾ,ਇਤਫਾਕ ਦੀ ਉਦਾਹਰਣ ਦੇਈਏ। ਮਨੁੱਖਤਾ ਸਾਹਮਣੇ ਆਪਣੇ ਸ਼ਾਨਾਮੱਤੇ ਇਤਿਹਾਸ ਅਤੇ ਗੁਰਮਤਿ ਸਿਧਾਤਾਂ ਨੂੰ ਪ੍ਰਚਾਰਨ ਅਤੇ ਪ੍ਰਸਾਰਨ ਲਈ ਲਾਮਬੰਦ ਹੋਈਏ।

# ਕੌਮੀ ਲੋਕ ਅਦਾਲਤ 'ਚ ਲੋਕਾਂ ਨੂੰ ਲਾਹਾ ਲੈਣ ਦੀ ਕੀਤੀ ਅਪੀਲ

ਮਾਨਸਾ, 8 ਮਈ : (ਵਿਰੇਂਦਰਪਾਲ ਮੰਤਰੋ) :ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ, ਨਵੀਂ ਦਿੱਲੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਮੋਹਾਲੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਿਤੀ 10 ਮਈ 2025 ਨੂੰ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਾਜਵਿੰਦਰ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਅਤੇ ਸੈਸ਼ਨ ਜੱਜ ਮਨਜਿੰਦਰ ਸਿੰਘ ਦੀ ਅਗਵਾਈ ਹੇਠ ਇਸ ਲੋਕ ਅਦਾਲਤ ਨੂੰ ਸਫ਼ਲ ਕਰਨ ਲਈ ਲਗਾਤਾਰ ਕੋਸ਼ਿਸ਼ਾਂ ਕੀਤੀਆਂ ਜਾ ਰਹੀ ਹਨ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਸਤਾ ਅਤੇ ਛੇਤੀ ਨਿਆਂ ਦੇਣਾ, ਝਗੜਿਆਂ ਦਾ ਨਿਪਟਾਰਾ ਆਪਸੀ ਸਹਿਮਤੀ ਅਤੇ ਰਜ਼ਾਮੰਦੀ ਨਾਲ ਕਰਵਾਉਣਾ, ਲੋਕਾਂ ਦੇ ਮਨਾਂ ਵਿੱਚੋਂ ਦੁਸ਼ਮਨੀ ਨੂੰ ਜੜ੍ਹੋਂ ਖਤਮ ਕਰਨਾ ਇਸ ਕੌਮੀ ਲੋਕ ਅਦਾਲਤ ਦੇ ਮੁੱਖ ਮੰਤਵ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਵੱਧ ਤੋਂ ਵੱਧ ਕੇਸ ਕੌਮੀ ਲੋਕ ਅਦਾਲਤ ਵਿਚ ਲਗਾਉਣ, ਜਿਸ ਨਾਲ ਵੱਧ ਤੋਂ ਵੱਧ ਲੋਕਾਂ ਨੂੰ ਫਾਇਦਾ ਹੋ ਸਕੇ। ਉਨ੍ਹਾਂ ਦੱਸਿਆ ਕਿ ਇਸ ਲੋਕ ਅਦਾਲਤ ਵਿਚ ਦਿਵਾਨੀ ਮਾਮਲੇ, ਕਰਿਮੀਨਲ ਕੰਪਾਊਂਡੇਬਲ, ਚੈੱਕਾਂ ਦੇ ਕੇਸ, ਬੈਂਕ, ਬਿਜਲੀ, ਪਾਣੀ ਟੈਲੀਫੋਨ ਅਤੇ ਵਿਆਹ ਨਾਲ ਸਬੰਧਿਤ ਮਾਮਲਿਆਂ ਦਾ ਨਿਪਟਾਰਾ ਕੀਤਾ ਜਾਵੇਗਾ। ਇਸ ਕੌਮੀ ਲੋਕ ਅਦਾਲਤ ਵਿੱਚ ਦੋ ਧਿਰਾਂ ਦੀ ਆਪਸੀ ਰਜ਼ਾਮੰਦੀ ਨਾਲ ਝਗੜਿਆਂ ਦਾ ਨਿਪਟਾਰਾ ਕੀਤਾ ਜਾਂਦਾ ਹੈ। ਇਸ ਲੋਕ ਅਦਾਲਤ ਵਿੱਚ ਆਪਣਾ ਕੇਸ ਲਗਾਉਣ ਲਈ ਇਕ ਦਰਖਾਸਤ ਦੇ ਕੇ ਹੀ ਲੋਕ ਅਦਾਲਤ ਵਿੱਚ ਆਪਣਾ ਕੇਸ ਲਗਾਇਆ ਜਾ ਸਕਦਾ ਹੈ। ਇਸ ਤੋਂ ਇਲਾਵਾ ਜੇਕਰ ਕਿਸੇ ਵੀ ਵਿਅਕਤੀ ਨੂੰ ਕਾਨੂੰਨੀ ਸਹਾਇਤਾ ਦੀ ਲੋੜ ਹੈ ਤਾਂ ਉਹ ਨੈਸ਼ਨਲ ਟੋਲ ਫਰੀ ਹੈਲਪ ਲਾਈਨ ਨੰਬਰ 15100 'ਤੇ ਕਾਲ ਕਰ ਸਕਦਾ ਹੈ।

# ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਮੁਫ਼ਤ ਮੈਡੀਕਲ ਕੈਂਪ



ਲੁਧਿਆਣਾ, 8 ਮਈ (ਕਰਨੈਲ ਸਿੰਘ ਐੱਮ.ਏ.): ਸ੍ਰਿਸ਼ਟੀ ਦੀ ਚਾਦਰ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਮਹਾਰਾਜ ਜੀ ਦੀ 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਸੁਖਸਾਗਰ ਚੈਰੀਟੇਬਲ ਸੁਸਾਇਟੀ ਜਗਰਾਓਂ ਦੇ ਸਰਪ੍ਰਸਤ ਬਾਬਾ ਈਸ਼ਰ ਸਿੰਘ ਅਤੇ ਮੁੱਖ ਸੇਵਾਦਾਰ ਡਾਕਟਰ ਬਲਵਿੰਦਰ ਸਿੰਘ ਪਲਾਹਾ ਵੱਲੋਂ ਗੁਰਦੁਆਰਾ ਦਸਮੇਸ਼ ਗੁਰੂ ਨਾਨਕ ਸੇਵਕ ਸਭਾ, ਮਿਲਰ ਗੰਜ, ਮੈਟਰੋ (ਓਵਰਲਾਕ) ਰੋਡ, ਲੁਧਿਆਣਾ ਵਿਖੇ ਮੁਫਤ ਹੋਮਿਓਪੈਥਿਕ ਮੈਡੀਕਲ ਕੈਂਪ ਲਾਇਆ, ਮੁਫਤ ਦਵਾਈਆਂ ਵੰਡੀਆਂ ਗਈਆਂ। ਇਸ ਸਮੇਂ ਮਹਾਨ ਹੋਮਿਓਪੈਥਿਕ ਮੈਡੀਕਲ ਕੈਂਪ ਅਤੇ ਮੁਫਤ ਦਵਾਈਆਂ ਦੇ ਕੈਂਪ ਦਾ ਉਦਘਾਟਨ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਮੁੱਖ ਸੇਵਾਦਾਰ ਭਾਈ ਘਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ:) ਅਤੇ ਕੌਮੀ ਪ੍ਰਧਾਨ ਅੰਨਦਾਤਾ ਕਿਸਾਨ ਮਜ਼ਦੂਰ ਯੂਨੀਅਨ ਨੇ ਕੀਤਾ। ਇਸ ਸ਼ੁੱਭ ਮੌਕੇ ਤੇ ਡਾਕਟਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਮਨੁੱਖਤਾ ਦੇ ਭਲੇ ਲਈ ਲਾਏ ਗਏ ਮਹਾਨ ਮੈਡੀਕਲ ਕੈਂਪ ਲਾਰਡ ਮਹਾਂਵੀਰ ਮੈਡੀਕਲ ਕਾਲਜ ਦੇ ਡਾਕਟਰ ਸ਼ਾਇਨੀ ਚਾਲੌਂਤਰਾਂ ਦੀ ਟੀਮ ਦੇ ਸਹਿਯੋਗ ਨਾਲ 350 ਮਰੀਜ਼ਾਂ ਦੀ ਜਾਂਚ ਮੁਫਤ ਕੀਤੀ ਗਈ ਅਤੇ ਮੁਫਤ ਦਵਾਈਆਂ ਵੰਡੀਆਂ ਗਈਆਂ ।ਸ਼ੂਗਰ ਟੈਸਟ ਤੇ ਪੰਜ ਗੁਰਦਿਆਂ ਦੇ ਟੈਸਟ ਬਿਲਕੁਲ ਮੁਫਤ ਕੀਤੇ ਗਏ ਤੇ ਆਮ ਲੋਕਾਂ ਨੂੰ ਸਿਹਤਮੰਦ ਜ਼ਿੰਦਗੀ ਜੀਣ ਸੰਬੰਧੀ ਚੰਗੀਆਂ ਆਦਤਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਤੇ ਕੁਲਦੀਪ ਸਿੰਘ, ਹਰਚੰਦ ਸਿੰਘ ਸਮੂਹ ਸੁੱਖ ਸਾਗਰ ਚੈਰੀਟੇਬਲ ਸੁਸਾਇਟੀ ਦੇ ਸਮੂਹ ਮੈਂਬਰ ਸਾਹਿਬਾਨ ਵੀ ਹਾਜ਼ਰ ਸਨ।

# ਵਿਧਾਇਕ ਛੀਨਾ ਵੱਲੋਂ ਵਾਰਡ ਨੰਬਰ 35 'ਚ ਨਵਾਂ ਟਿਊਬਵੈੱਲ ਲੋਕ ਅਰਪਿਤ ਕੀਤਾ



ਲੁਧਿਆਣਾ, 8 ਮਈ (ਵਿਸ਼ਾਲ ਸ਼ਰਮਾ): ਜਲ ਸਪਲਾਈ ਪ੍ਰਣਾਲੀ ਨੂੰ ਹੋਰ ਬਿਹਤਰ ਬਣਾਉਣ ਵੱਲ ਇੱਕ ਕਦਮ ਵਧਾਉਂਦੇ ਹੋਏ, ਵਿਧਾਨ ਸਭਾ ਹਲਕਾ ਲੁਧਿਆਣਾ ਦੱਖਣੀ ਤੋਂ ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਵੱਲੋਂ ਵਾਰਡ ਨੰਬਰ 38 ਅਧੀਨ ਈਸ਼ਰ ਨਗਰ ਬਲਾਕ ਸੀ ਵਿਖੇ 25 ਹਾਰਸ ਪਾਵਰ ਵਾਲੇ ਪੀਣ ਵਾਲੇ ਪਾਣੀ ਦਾ ਟਿਊਬਵੈੱਲ ਚਾਲੂ ਕਰਕੇ ਲੋਕ ਅਰਪਿਤ ਕੀਤਾ ਗਿਆ। ਵਿਧਾਇਕ ਛੀਨਾ ਨੇ ਕਿਹਾ ਕਿ ਪਹਿਲਾਂ ਇਸ ਇਲਾਕੇ ਦੇ ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਸਮੱਸਿਆ ਸੀ, ਪਰ ਹੁਣ ਨਵੇਂ ਟਿਊਬਵੈੱਲ ਦੀ ਸ਼ੁਰੂਆਤ ਹੋਣ ਨਾਲ ਲੋਕਾਂ ਨੂੰ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਦੱਖਣੀ ਵਿਧਾਨ ਸਭਾ ਹਲਕੇ ਦੇ ਉਨ੍ਹਾਂ ਵਾਰਡਾਂ ਵਿੱਚ ਵੀ ਨਵੇਂ ਟਿਊਬਵੈੱਲ ਲਗਾਏ ਜਾਣਗੇ, ਜਿੱਥੇ ਪੀਣ ਵਾਲੇ ਪਾਣੀ ਦੀ ਕਿੱਲਤ ਹੈ। ਉਨ੍ਹਾਂ ਕਿਹਾ ਕਿ 'ਆਪ' ਪਾਰਟੀ ਦੀ ਸਰਕਾਰ ਲੋਕਾਂ ਨੂੰ ਮੁੱਢਲੀਆਂ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਤੋਂ ਬਾਅਦ ਉਨ੍ਹਾਂ ਦੇ ਹੱਲ ਵੀ ਕੀਤੇ ਜਾ ਰਹੇ ਹਨ। ਵਿਧਾਇਕ ਛੀਨਾ ਨੇ ਕਿਹਾ ਕਿ ਹਲਕੇ ਵਿੱਚ ਵੱਖ-ਵੱਖ ਵਿਕਾਸ ਪ੍ਰੋਜੈਕਟ ਵਿੱਚ ਤੇਜੀ ਲਿਆਂਦੀ ਗਈ ਹੈ ਤਾਂ ਜੋ ਵਸਨੀਕਾਂ ਨੂੰ ਇਸਦਾ ਲਾਭ ਹੋ ਸਕੇ। ਵਿਧਾਇਕ ਛੀਨਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਸਕੀਮਾਂ ਨੂੰ ਘਰ-ਘਰ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨੀਲਾ ਕਾਰਡ, ਪੈਨਸ਼ਨ ਅਤੇ ਰਿਹਾਇਸ਼ ਯੋਜਨਾ ਸਮੇਤ ਹੋਰ ਯੋਜਨਾਵਾਂ ਤੋਂ ਵਾਂਝੇ ਰਹਿਣ ਵਾਲਿਆਂ ਦੀ ਸੂਚੀ ਵੀ ਤਿਆਰ ਕੀਤੀ ਜਾ ਰਹੀ ਹੈ, ਤਾਂ ਜੋ ਉਨ੍ਹਾਂ ਨੂੰ ਵੀ ਇਸ ਯੋਜਨਾ ਦਾ ਲਾਭ ਮਿਲ ਸਕੇ।

# ਵੀਕਐਂਡ ਆਫ਼ ਵੈੱਲਨੈੱਸ ਇਵੈਂਟ ਦਾ ਆਯੋਜਨ

ਲੁਧਿਆਣਾ,8 ਮਈ (ਵਿਸ਼ਾਲ ਸ਼ਰਮਾ): ਇਹ ਸਮਾਗਮ 11 ਮਈ 2025, ਰੱਖ ਬਾਗ, ਗੁਰੂ ਨਾਨਕ ਸਟੇਡੀਅਮ ਦੇ ਸਾਹਮਣੇ, ਲੁਧਿਆਣਾ ਵਿਖੇ ਸਵੇਰੇ 6 ਵਜੇ ਤੋਂ ਸ਼ੁਰੂ ਹੋਏਗਾ। ਇਸ ਦਾ ਉਦੇਸ਼ ਸਿਹਤਮੰਦ ਜੀਵਨਸ਼ੈਲੀ, ਫਿਟਨੈੱਸ ਅਤੇ ਸਮੁਦਾਇਕ ਇਕੱਤਰਤਾ ਨੂੰ ਉਤਸ਼ਾਹਿਤ ਕਰਨਾ ਹੈ। ਇਸ ਵਿੱਚ ਹੋਣਗੀਆਂ। ਕਈ ਰੋਮਾਂਚਕ ਗਤੀਵਿਧੀਆਂ ਜਿਵੇਂ ਕੀ ਘੋੜਸਵਾਰੀ, ਮਨੋਰੰਜਕ ਖੇਡਾਂ, ਬਾਸਕਟਬਾਲ, ਜ਼ੁੰਬਾ, ਬੈਡਮਿੰਟਨ, ਕ੍ਰਿਕਟ, ਪੁਸ਼-ਅੱਪ ਮੁਕਾਬਲਾ, ਸਾਈਕਲਿੰਗ, ਕ੍ਰਾਸਫਿਟ ਟਰੇਨਿੰਗ ਆਦਿ। ਹੋਰ ਗਤੀਵਿਧੀਆਂ ਵਿੱਚ ਸ਼ਾਮਿਲ ਹਨ ਰੱਸਾਕਸ਼ੀ, ਵਾਲੀਬਾਲ, ਯੋਗਾ, ਘੋਸਲਾ ਲਗਾਉਣ, ਫੁੱਟਬਾਲ, ਕਰਾਟੇ, ਭੰਗੜਾ, ਵੈਸਟਰਨ ਡਾਂਸ, ਗਾਇਨ ਮੁਕਾਬਲਾ ਅਤੇ ਰੁੱਖ ਲਗਾਉਣ ਦੀ ਮੁਹਿੰਮ। ਸੀਟੀ ਯੂਨੀਵਰਸਿਟੀ ਅਤੇ ਲੁਧਿਆਣਾ ਕਮਿਸ਼ਨਰੇਟ ਪੁਲਿਸ ਤੁਹਾਨੂੰ ਇਸ ਸਮਾਗਮ ਵਿੱਚ ਭਾਗ ਲੈਣ ਲਈ ਸੱਦਾ ਦਿੰਦੇ ਹਨ। ਆਓ, ਅਸੀਂ ਸਭ ਮਿਲ ਕੇ ਸਿਹਤ ਅਤੇ ਫਿਟਨੈੱਸ ਦਾ ਤਿਉਹਾਰ ਮਨਾਈਏ।

# ਸੀ.ਐਮ. ਦੀ ਯੋਗਸ਼ਾਲਾ ਵਿੱਚ ਯੋਗ ਕਰਕੇ ਲੋਕ ਹੋ ਰਹੇ ਹਨ ਤੰਦਰੁਸਤ



ਫਿਰੋਜ਼ਪੁਰ, 8 ਮਈ (ਤਿਵਾੜੀ) : ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਰਾਜ ਦੇ ਲੋਕਾਂ ਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਸਿਹਤਮੰਦ ਰੱਖਣ ਲਈ ਰਾਜ ਵਿੱਚ ਸੀ.ਐਮ. ਦੀ ਯੋਗਸ਼ਾਲਾ ਪ੍ਰੋਜੈਕਟ ਅਕਤੂਬਰ 2023 'ਚ ਸਾਰੇ ਸ਼ਹਿਰਾਂ ਵਿੱਚ ਸ਼ੁਰੂ ਕੀਤਾ ਗਿਆ ਸੀ, ਜਿਸ ਦਾ ਫ਼ਿਰੋਜ਼ਪੁਰ ਵਾਸੀ ਵੀ ਵੱਧ ਤੋਂ ਵੱਧ ਲਾਭ ਲੈ ਰਹੇ ਹਨ। ਯੋਗ ਲੋਕਾਂ ਲਈ ਮਾਨਸਿਕ ਅਤੇ ਸਰੀਰਿਕ ਪ੍ਰੇਸ਼ਾਨੀਆਂ/ਬਿਮਾਰੀਆਂ ਤੋਂ ਛੁਟਕਾਰਾ ਪਾਉਣ ਵਿੱਚ ਸਹਾਈ ਹੋ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸੀ.ਐਮ. ਦੀ ਯੋਗਸ਼ਾਲਾ ਪ੍ਰਾਜੈਕਟ ਅਧੀਨ ਲੋਕਾਂ ਲਈ ਜ਼ਿਲ੍ਹੇ ਭਰ ਵਿੱਚ 95 ਤੋਂ ਵੱਧ ਥਾਵਾਂ 'ਤੇ ਮੁਫ਼ਤ ਯੋਗ ਕਲਾਸ ਸਵੇਰੇ ਸ਼ਾਮ ਲਗਾਈਆਂ ਜਾ ਰਹੀਆਂ ਹਨ। ਇਨ੍ਹਾਂ ਕਲਾਸਾਂ ਵਿੱਚ ਕਿਸੇ ਵਿਅਕਤੀ ਤੋਂ ਕੋਈ ਫੀਸ ਨਹੀਂ ਲਈ ਜਾਂਦੀ ਅਤੇ ਪੰਜਾਬ ਸਰਕਾਰ ਵੱਲੋਂ ਨਿਯੁਕਤ ਯੋਗ ਟਰੇਨਰ ਇਨ੍ਹਾਂ ਕਲਾਸਾਂ ਵਿੱਚ ਲੋਕਾਂ ਨੂੰ ਯੋਗ ਕਰਵਾਉਂਦੇ ਹਨ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਅੱਜ ਦੀ ਭੱਜ-ਨੱਠ ਭਰੀ ਜ਼ਿੰਦਗੀ ਵਿੱਚੋਂ ਆਪਣੇ ਲਈ ਸਮਾਂ ਕੱਢ ਕੇ ਆਪਣੇ ਨਜ਼ਦੀਕ ਦੀ ਯੋਗ ਕਲਾਸ ਦਾ ਲਾਭ ਜ਼ਰੂਰ ਲੈਣ, ਕਿਉਂਕਿ ਨਿਰੋਗੀ ਸਰੀਰ ਹੀ ਸਭ ਤੋਂ ਵੱਡਾ ਧਨ ਹੁੰਦਾ ਹੈ। ਇਸ ਸੰਬੰਧੀ ਹੋਰ ਜਾਣਕਾਰੀ ਦਿੰਦਿਆ ਸੀ.ਐਮ. ਦੀ ਯੋਗਸ਼ਾਲਾ ਪ੍ਰੋਜੈਕਟ ਦੇ ਜ਼ਿਲ੍ਹਾ ਕੋਆਰਡੀਨੇਟਰ ਅਮਨਪ੍ਰੀਤ ਕੌਰ ਨੇ ਦੱਸਿਆ ਕਿ ਸਰਕਾਰ ਵੱਲੋਂ ਇਸ ਪ੍ਰੋਜੈਕਟ ਤਹਿਤ ਬਿਲਕੁਲ ਮੁਫ਼ਤ ਯੋਗਾ ਕਲਾਸਾਂ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਫ਼ਿਰੋਜ਼ਪੁਰ ਜ਼ਿਲ੍ਹੇ ਵਿੱਚ ਕੁੱਲ 17 ਟਰੇਨਰ ਨਿਯੁਕਤ ਕੀਤੇ ਗਏ ਹਨ ਜੋ ਫ਼ਿਰੋਜ਼ਪੁਰ ਦੇ ਤਹਿਸੀਲਾਂ, ਬਲਾਕਾਂ, ਪਿੰਡਾਂ ਵਿੱਚ ਵੱਖ-ਵੱਖ ਥਾਵਾਂ 'ਤੇ ਸੀ.ਐਮ. ਦੀ ਯੋਗਸ਼ਾਲਾ ਦੀਆਂ ਸਵੇਰੇ-ਸ਼ਾਮ ਕਲਾਸਾਂ ਲੈ ਕੇ ਲੋਕਾਂ ਨੂੰ ਯੋਗ ਸਿਖਾ ਰਹੇ ਹਨ। ਉਨ੍ਹਾਂ ਕਿਹਾ ਕਿ ਸੀ.ਐਮ. ਦੀ ਯੋਗਸ਼ਾਲਾ ਨੂੰ ਜ਼ਿਲ੍ਹੇ ਦੇ ਵਾਸੀਆਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਹਰ ਇੱਕ ਟਰੇਨਰ ਆਪਣੀ ਸੇਵਾ ਬੜੀ ਬਾਖੂਬੀ ਦੇ ਨਾਲ ਨਿਭਾ ਰਿਹਾ ਹੈ। ਯੋਗ ਕਰਵਾਉਣ ਦੇ ਨਾਲ-ਨਾਲ ਲੋਕਾਂ ਨੂੰ ਯੋਗ ਦੇ ਫਾਇਦਿਆਂ, ਸਿਹਤਮੰਦ ਜੀਵਨਸ਼ੈਲੀ ਅਤੇ ਚੰਗੀ ਖੁਰਾਕ ਬਾਰੇ ਵੀ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਇਸ ਮੁਫ਼ਤ ਯੋਗਸ਼ਾਲਾ ਦੇ ਵਿੱਚ ਹਰ ਵਰਗ ਦੇ ਲੋਕ ਬੱਚੇ, ਨੌਜਵਾਨ, ਔਰਤਾਂ ਅਤੇ ਬਜ਼ੁਰਗ ਭਾਗ ਲੈ ਸਕਦੇ ਹਨ।

# ਪਰਮਪਾਲ ਸਿੰਘ ਨੇ ਨਾਇਬ ਤਹਿਸੀਲਦਾਰ ਦਾ ਅਹੁਦਾ ਸੰਭਾਲਿਆ



ਮੱਲਾਂਵਾਲਾ, 8 ਮਈ (ਦੀਪਕ ਭਾਰਗੋ) : ਵਿਧਾਨ ਸਭਾ ਹਲਕਾ ਜੀਰਾ ਵਿੱਚ ਪਹਿਲਾਂ ਵੀ ਆਪਣੀਆਂ ਸੇਵਾਵਾਂ ਦੇ ਚੁੱਕੇ ਨੈਬ ਤਹਿਸੀਲਦਾਰ ਸਰਦਾਰ ਪਰਮਪਾਲ ਸਿੰਘ ਵੱਲੋਂ ਹੁਣ ਫਿਰ ਮੱਲਾਂ ਵਾਲਾ ਵਿੱਚ ਨਾਇਬ ਤਹਿਸੀਲਦਾਰ ਦਾ ਆਹੁਦਾ ਸੰਭਾਲਿਆ। ਇਸ ਮੌਕੇ ਦਫਤਰ ਦੇ ਕਰਮਚਾਰੀਆਂ ਵੱਲੋਂ ਉਹਨਾਂ ਨੂੰ ਬੁੱਕੇ ਦੇ ਕੇ ਉਹਨਾਂ ਦਾ ਸਵਾਗਤ ਕੀਤਾ ਤੇ ਦਫਤਰ ਕਰਮਚਾਰੀਆਂ ਵੱਲੋਂ ਵਿਸ਼ਵਾਸ ਦਵਾਇਆ ਗਿਆ, ਕਿ ਜਿਸ ਤਰ੍ਹਾਂ ਪਹਿਲਾਂ ਉਹਨਾਂ ਨਾਲ ਮਿਲ ਕੇ ਕੰਮ ਕੀਤਾ ਗਿਆ ਸੀ, ਉਸੇ ਤਰ੍ਹਾਂ ਹੀ ਫਿਰ ਕੰਮ ਕੀਤਾ ਜਾਵੇਗਾ, ਤੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ। ਇਸ ਮੌਕੇ ਉਹਨਾਂ ਦਾ ਸਵਾਗਤ ਕਰਨ ਵਿੱਚ ਰੀਡਰ ਗੁਰਜੀਤ ਸਿੰਘ, ਰਜਿਸਟਰੀ ਕਲਰ ਰੋਬਿਨ ਸਚਦੇਵਾ, ਗੁਰਸੇਵਕ ਸਿੰਘ ਮੱਟੂ ਆਪਰੇਟਰ ,ਰਵਿੰਦਰ ਸੇਵਾਦਾਰ ਹਾਜਰ ਸਨ।

# ਪੰਜਾਬ ਦੇ ਲੋਕਾਂ ਅਤੇ ਪੰਜਾਬ ਦੀਆਂ ਫ਼ਸਲਾਂ ਨੂੰ ਪਿਆਸਾ ਮਾਰ ਕੇ ਹਰਿਆਣਾ ਨੂੰ ਪਾਣੀ ਨਹੀਂ ਦਿੱਤਾ ਜਾ ਸਕਦਾ : ਅਮਨ ਅਰੋੜਾ

## ਦੇਸ਼ ਦੀ ਆਨ, ਬਾਨ ਤੇ ਸ਼ਾਨ ਦੀ ਰਾਖੀ ਲਈ ਪੰਜਾਬ ਸਰਕਾਰ ਅਤੇ ਪੰਜਾਬੀ ਹਿੱਕ ਡਾਹ ਕੇ ਮੁਕਾਬਲਾ ਕਰਨਗੇ



ਫ਼ਤਹਿਗੜ੍ਹ ਸਾਹਿਬ, 8 ਮਈ: (ਨਰਿੰਦਰ ਸਿੰਘ) : ਪੰਜਾਬ ਦੇ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਨੇ ਅੱਜ ਮੰਡੀ ਗੋਬਿੰਦਗੜ੍ਹ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਕੋਲ ਹਰਿਆਣਾ ਨੂੰ ਦੇਣ ਲਈ ਵਾਧੂ ਪਾਣੀ ਨਹੀਂ ਹੈ। ਅਰੋੜਾ, ਅੱਜ ਮੰਡੀ ਗੋਬਿੰਦਗੜ੍ਹ ਦੇ ਗੋਲਡਨ ਹਾਈਟ ਹੋਟਲ ਵਿਖੇ ਉੱਘੇ ਸਮਾਜ ਸੇਵੀ ਸੰਚਿਤ ਸਿੰਗਲਾ ਅਤੇ 100 ਪਰਿਵਾਰਾਂ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਵਾਉਣ ਲਈ ਪਹੁੰਚੇ ਹੋਏ ਸਨ। ਇਸ ਮੌਕੇ ਵਿਧਾਇਕ ਅਮਲੋਹ ਗੁਰਿੰਦਰ ਸਿੰਘ ਗੈਰੀ ਬੜਿੰਗ ਤੇ ਹੋਰਨਾਂ ਸ਼ਖਸ਼ੀਅਤਾਂ ਨੇ ਉਹਨਾਂ ਦਾ ਸਵਾਗਤ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਪਹਿਲਾਂ ਹੀ ਇਹ ਸਪੱਸ਼ਟ ਕਰ ਚੁੱਕੇ ਹਨ, ਕਿ ਪੰਜਾਬ ਕੋਲ ਵਾਧੂ ਪਾਣੀ ਨਹੀਂ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਨੂੰ ਮਾਨਵਤਾ ਦੇ ਆਧਾਰ 'ਤੇ ਪੀਣ ਲਈ ਲੋੜੀਂਦਾ ਪਾਣੀ ਦਿੱਤਾ ਜਾ ਰਿਹਾ ਹੈ ਫਿਰ ਹਰਿਆਣਾ ਨੂੰ ਹੋਰ ਪਾਣੀ ਕਿਸ ਲਈ ਚਾਹੀਦਾ ਹੈ। ਭਾਰਤ-ਪਾਕਿ ਵਿਚਾਲੇ ਬਣੀ ਸੰਭਾਵੀ ਜੰਗ ਦੀ ਸਥਿਤੀ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਇਸ ਸਬੰਧੀ ਪੰਜਾਬ ਸਰਕਾਰ ਦਾ ਰੁਖ ਬਹੁਤ ਸਪਸ਼ਟ ਹੈ। ਉਨ੍ਹਾਂ ਕਿਹਾ ਕਿ ਜੇਕਰ ਦੇਸ਼ ਦੀ ਆਨ, ਬਾਨ ਤੇ ਸ਼ਾਨ ਨੂੰ ਕੋਈ ਖਤਰਾ ਹੋਵੇਗਾ ਤਾਂ ਤਿੰਨ ਕਰੋੜ ਪੰਜਾਬੀ ਤੇ ਪੰਜਾਬ ਸਰਕਾਰ, ਹਿੱਕ ਡਾਹ ਕੇ ਇਸ ਦਾ ਮੁਕਾਬਲਾ ਕਰੇਗੀ। ਉਨ੍ਹਾਂ ਕਿਹਾ ਕਿ ਪੰਜਾਬ ਨੇ ਪਹਿਲਾਂ ਵੀ ਦੇਸ਼ ਦੀ ਸੁਰੱਖਿਆ ਲਈ ਹਮੇਸ਼ਾਂ ਮੋਹਰੀ ਹੋ ਕੇ ਲੜਾਈਆਂ ਲੜੀਆਂ ਹਨ ਅਤੇ ਹੁਣ ਵੀ ਜੇਕਰ ਲੋੜ ਪਈ ਤਾਂ ਪੰਜਾਬ ਦੇ ਲੋਕ ਪਿੱਛੇ ਨਹੀਂ ਹਟਣਗੇ। ਕੈਬਨਿਟ ਮੰਤਰੀ ਨੇ ਪੱਤਰਕਾਰਾਂ ਵੱਲੋਂ ਉਦਯੋਗਿਕ ਵਿਕਾਸ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਉਦਯੋਗਿਕ ਵਿਕਾਸ ਸੂਬੇ ਦੀ ਜਿੰਦ ਜਾਨ ਹੈ ਤੇ ਰਾਜ ਸਰਕਾਰ ਪਹਿਲਾਂ ਹੀ ਸਪਸ਼ਟ ਕਰ ਚੁੱਕੀ ਹੈ ਕਿ ਉਦਯੋਗਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਉਦਯੋਗਿਕ ਵਿਕਾਸ ਨੂੰ ਮੁੱਖ ਰੱਖਦਿਆਂ ਪੰਜਾਬ ਸਰਕਾਰ ਨੇ ਇਸ ਸਾਲ ਦੇ ਬਜਟ ਵਿੱਚ ਉਦਯੋਗਾਂ ਲਈ 3400 ਕਰੋੜ ਰੁਪਏ ਦਾ ਪ੍ਰੋਤਸਾਹਨ ਦੇਣ ਦਾ ਪ੍ਰਬੰਧ ਕੀਤਾ ਹੈ ਅਤੇ ਹੁਣ ਉਦਯੋਗਾਂ ਨੂੰ 250 ਕਰੋੜ ਰੁਪਏ ਦੀ ਹੋਰ ਸਹਾਇਤਾ ਦਿੱਤੀ ਜਾਵੇਗੀ। ਵਿਧਾਇਕ ਗੈਰੀ ਬੜਿੰਗ ਦੇ ਯਤਨਾਂ ਸਦਕਾ ਸਮਾਜ ਸੇਵੀ ਸੰਚਿਤ ਸਿੰਗਲਾ ਸਮੇਤ 100 ਪਰਿਵਾਰਾਂ ਦਾ ਪਾਰਟੀ ਵਿੱਚ ਸ਼ਾਮਲ ਹੋਣ ਤੇ ਗਰਮਜੋਸ਼ੀ ਨਾਲ ਸਵਾਗਤ ਕਰਦਿਆਂ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਸੂਬੇ ਦੇ ਵੱਡੀ ਗਿਣਤੀ ਲੋਕ ਪਾਰਟੀ ਦੀਆਂ ਨੀਤੀਆਂ ਤੋਂ ਖੁਸ ਹੋ ਕੇ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ ਅਤੇ ਸੰਚਿਤ ਸਿੰਗਲਾ ਜ਼ਮੀਨ ਨਾਲ ਜੁੜੇ ਆਗੂ ਹਨ। ਜਿਨ੍ਹਾਂ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਪਾਰਟੀ ਹੋਰ ਮਜਬੂਤ ਹੋਵੇਗੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਹਮੇਸ਼ਾਂ ਹੀ ਮਿਹਨਤੀ ਤੇ ਇਮਾਨਦਾਰ ਲੋਕਾਂ ਨੂੰ ਬਣਦਾ ਮਾਣ ਸਨਮਾਨ ਦਿੱਤਾ ਹੈ। ਇਸ ਮੌਕੇ ਅਮਲੋਹ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਕਿਹਾ ਕਿ ਸੰਚਿਤ ਸਿੰਗਲਾ ਇੱਕ ਮਿਹਨਤੀ ਤੇ ਇਮਾਨਦਾਰ ਸਮਾਜ ਸੇਵੀ ਹਨ ਜੋ ਕਿ ਲੋੜਵੰਦਾਂ ਦੀ ਸੇਵਾ ਲਈ ਹਮੇਸ਼ਾਂ ਤਤਪਰ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਵਿਅਕਤੀਆਂ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਜਿੱਥੇ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਮਜਬੂਤੀ ਮਿਲੇਗੀ ਉਥੇ ਹੀ ਪਾਰਟੀ ਤੇ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਵਿੱਚ ਵੀ ਸੌਖ ਹੋਵੇਗੀ। ਇਸ ਮੌਕੇ ਪ੍ਰਧਾਨ ਨਗਰ ਕੌਂਸਲ ਹਰਪ੍ਰੀਤ ਸਿੰਘ ਪ੍ਰਿੰਸ, ਮਾਰਕਿਟ ਕਮੇਟੀ ਸਰਹਿੰਦ ਦੇ ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋਂ, ਮਾਰਕਿਟ ਕਮੇਟੀ ਅਮਲੋਹ ਦੇ ਚੇਅਰਪਰਸਨ ਸੁਖਵਿੰਦਰ ਕੌਰ ਗਹਿਲੋਤ, ਮਾਰਕੀਟ ਕਮੇਟੀ ਮੰਡੀ ਗੋਬਿੰਦਗੜ੍ਹ ਦੇ ਚੇਅਰਮੈਨ ਜਗਦੀਪ ਸਿੰਘ ਚੱਠਾ, ਨਗਰ ਕੌਂਸਲ ਅਮਲੋਹ ਦੇ ਪ੍ਰਧਾਨ ਸਮੇਤ ਵੱਡੀ ਗਿਣਤੀ ਵਿੱਚ ਹੋਰ ਵਰਕਰ, ਆਗੂ ਅਤੇ ਪਤਵੰਤੇ ਹਾਜ਼ਰ ਸਨ।

# ਹੇਮਕੁੰਟ ਸਕੂਲ ਦੇ ਐਨ.ਸੀ.ਸੀ ਕੈਡਟਿਸ ਨੂੰ ਮੌਕ ਡਰਿੱਲ ਦਾ ਅਭਿਆਸ ਕਰਵਾਇਆ

ਕੋਟ ਈਸੇ ਖਾਂ, 8 ਮਈ (ਗਾਂਧੀ/ ਗੁਰਦੇਵ ਖੁਰਾਣਾ): ਇਲਾਕੇ ਦੀ ਨਾਮਵਰ ਸੰਸਥਾ ਸ੍ਰੀ ਹੇਮਕੁੰਟ ਸੀਨੀ.ਸੰਕੈ. ਸਕੂਲ ਕੋਟ-ਈਸੇ-ਖਾਂ ਜੋ ਇੰਟਰਨੈਸ਼ਨਲ ਲੈਵਲ ਦੀ ਪੜ੍ਹਾਈ ਕਰਾਉਂਦਾ ਹੈ,ਜੋ ਸੀ.ਬੀ.ਐਸ.ਈ ਤੋ ਮਾਨਤਾ ਪ੍ਰਾਪਤ ਹੋਣ ਦੇ ਨਾਲ ਨਾਲ ਕੈਂਬਰਿਜ਼ ਇੰਟਰਨੈਸ਼ਨਲ ਯੂਨੀਵਰਸਿਟੀ ਇੰਗਲੈਂਡ ਤੋਂ ਵੀ ਮਾਨਤਾ ਪ੍ਰਾਪਤ ਹੈ। ਇੱਥੇ ਐਨ.ਸੀ.ਸੀ, ਐਨ.ਐਸ.ਐਸ ਦੇ ਕੇਂਦਰ ਚੱਲ ਰਹੇ ਹਨ,ਜਿੱਥੇ ਪੜ੍ਹਾਈ ਅਤੇ ਖੇਡਾਂ ਦੇ ਨਾਲ ਸਮੇਂ -ਸਮੇਂ 'ਤੇ ਹੋਰ ਗਤੀਵਿਧੀਆਂ ਵੀ ਕਰਵਾਈਆ ਜਾਂਦੀਆਂ ਹਨ। ਹੇਮਕੁੰਟ ਸਕੂਲ ਵਿਖੇ 05 ਪੰਜਾਬ ਬਟਾਲੀਅਨ ਦੇ ਕਮਾਂਡਿੰਗ ਅਫ਼ਸਰ ਸੁਨਿਲ ਕੁਮਾਰ ਅਤੇ ਸੂਬੇਦਾਰ ਮੇਜਰ ਸੁਖਮੰਦਰ ਸਿੰਘ ਦੀ ਯੋਗ ਅਗਵਾਈ ਅਧੀਨ ਵਿਸ਼ੇਸ਼ ਮੌਕ ਡਰਿੱਲ ਦਾ ਆਯੋਜਨ ਕੀਤਾ ਗਿਆ। ਜਿਸ ਦਾ ਉਦੇਸ਼ ਵਿਦਿਆਰਥੀਆਂ ਨੂੰ ਐਮਰਜੈਂਸੀ ਸਥਿਤੀਆਂ ਵਿੱਚ ਚੌਕਸੀ ਅਤੇ ਸੁਰੱਖਿਆਂ ਪ੍ਰਤੀ ਜਾਗਰੂਕ ਕਰਨਾ ਸੀ। ਪ੍ਰੋਗਰਾਮ ਦੀ ਸ਼ੁਰੂਆਤ ਸੈਲਫ ਡਿਫੈਂਸ ਡੈਮੋ ਨਾਲ ਕਰਵਾਈ। ਜਿਸ ਵਿੱਚ ਕੈਡਿਟਸ ਨੇ ਵੱਖ-ਵੱਖ ਸਵੈ ਰੱਖਿਆਂ ਤਕਨੀਕਾਂ ਦਾ ਪ੍ਰਦਰਸ਼ਨ ਕੀਤਾ। ਐਨ.ਸੀ.ਸੀ ਦੇ ਏ.ਐਨ.ਓ ਸਿਮਰਨਜੀਤ ਕੌਰ ਅਤੇ ਮਹੇਸ਼ ਕੁਮਾਰ ਦੀ ਦੇਖ-ਰੇਖ ਅਧੀਨ ਐਮਰਜੈਂਸੀ ਸਾਇਰਨ ਵਜਾ ਕੇ ਆਫ਼ਤ ਦੌਰਾਨ ਸੁਰੱਖਿਆ ਪ੍ਰਕਿਰਿਆਵਾਂ ਦਾ ਅਭਿਆਸ ਕਰਵਾਇਆ। ਇਸ ਮੌਕੇ ਮੁੱਢਲੀ ਸਹਾਇਤਾ ਦੀ ਜਾਣਕਾਰੀ ਦਿੱਤੀ ਗਈ ਜਿਸ ਵਿੱਚ ਜਖਮੀ ਦੀ ਡੈਸਿੰਗ, ਬਹੋਸ਼ੀ ਦੀ ਸਥਿਤੀ ਵਿੱਚ ਕੀਤੇ ਜਾਣ ਵਾਲੀ ਸਹਾਇਤਾ ਅਤੇ ਐਮਰਜੈਂਸੀ ਸੰਪਰਕ ਨੰਬਰਾਂ ਦੀ ਮਹੱਤਵਪੂਰਨ ਜਾਣਕਾਰੀ ਦਿੱਤੀ।

# ਐਮਰਜੈਂਸੀ ਹਾਲਾਤਾਂ ਨਾਲ ਨਜਿੱਠਣ ਲਈ ਜ਼ਿਲ੍ਹਾ ਪੱਧਰ 'ਤੇ ਕੰਟਰੋਲ ਰੂਮ ਸਥਾਪਿਤ : ਡੀ.ਸੀ

ਫ਼ਰੀਦਕੋਟ, 8 ਮਈ,(ਅਵਤਾਰ ਸਿੰਘ ਮੱਲਾ) :ਜ਼ਿਲ੍ਹਾ ਪ੍ਰਸ਼ਾਸਨ ਫ਼ਰੀਦਕੋਟ ਵੱਲੋਂ ਕਿਸੇ ਵੀ ਤਰ੍ਹਾਂ ਦੀ ਸੰਕਟ ਵਾਲੀ ਸਥਿਤੀ ਨਾਲ ਨਜਿੱਠਣ ਲਈ ਪੂਰੀਆਂ ਤਿਆਰੀਆਂ ਮੁਕੰਮਲ ਕੀਤੀਆਂ ਗਈਆਂ ਹਨ ਤੇ ਇਸ ਸਬੰਧੀ ਜ਼ਿਲ੍ਹਾ ਵਾਸੀਆਂ ਦੀ ਸਹੂਲਤ ਲਈ ਸਿਵਲ ਤੇ ਪੁਲਿਸ ਪ੍ਰਸ਼ਾਸਨ ਵੱਲੋਂ ਕੰਟਰੋਲ ਰੂਮ ਵੀ ਜ਼ਿਲ੍ਹਾ ਪੱਧਰ ਤੇ ਸਥਾਪਿਤ ਕੀਤੇ ਗਏ ਹਨ ਇਹ ਜਾਣਕਾਰੀ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੇ ਦਿੱਤੀ । ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰ 'ਤੇ ਕੰਟਰੋਲ ਰੂਮ ਡੀ.ਸੀ ਦਫ਼ਤਰ ਵਿਖੇ ਸਥਾਪਿਤ ਕੀਤਾ ਗਿਆ ਹੈ, ਜਿਸ ਦਾ ਨੰਬਰ 01639-250338 ਹੈ, ਇਸੇ ਤਰ੍ਹਾਂ ਡੀ.ਸੀ ਕੈਂਪ ਆਫਿਸ ਵਿਖੇ ਬਣਾਏ ਗਏ ਕੰਟਰੋਲ ਰੂਮ ਦਾ ਨੰਬਰ 01639-251000 ਅਤੇ 01639-251024 ਹੈ । ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਪੁਲਿਸ ਵਿਭਾਗ ਦਾ ਕੰਟਰੋਲ ਰੂਮ ਐਸ.ਐਸ.ਪੀ ਦਫ਼ਤਰ ਫ਼ਰੀਦਕੋਟ ਵਿਖੇ ਸਥਾਪਿਤ ਕੀਤਾ ਗਿਆ ਹੈ, ਜਿਸ ਦਾ ਨੰਬਰ 75270-17100 ਹੈ ।ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਤਰ੍ਹਾਂ ਦੀਆਂ ਅਫ਼ਵਾਹਾਂ ਤੋਂ ਸੁਚੇਤ ਰਹਿਣ ਤੇ ਹਰ ਤਰ੍ਹਾਂ ਦੀ ਜਾਣਕਾਰੀ ਜਾਂ ਮੱਦਦ ਲਈ ਉਪਰੋਕਤ ਕੰਟਰੋਲ ਰੂਮ ਦੇ ਨੰਬਰਾਂ ਤੇ ਸੰਪਰਕ ਕੀਤਾ ਜਾਵੇ ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ, ਪੁਲਿਸ ਪ੍ਰਸ਼ਾਸਨ ਸਮੇਤ ਸਾਰੇ ਵਿਭਾਗਾਂ ਦੀਆਂ ਟੀਮਾਂ ਦਾ ਗਠਨ ਕੀਤਾ ਗਿਆ ਹੈ ਜੋ ਕਿਸੇ ਵੀ ਤਰ੍ਹਾਂ ਦੀ ਅਣਸੁਖਾਵੀ ਘਟਨਾ ਨਾਲ ਨਜਿੱਠਣ ਲਈ 24 ਘੰਟੇ ਤਿਆਰ ਰਹਿਣਗੇ ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਇਹ ਵੀ ਅਪੀਲ ਕੀਤੀ ਕਿ ਬਲੈਕ ਆਊਟ ਸਮੇਂ ਆਪਣੇ ਘਰਾਂ ਦੀਆਂ ਸਾਰੀਆਂ ਲਾਈਟਾਂ ਬੰਦ ਕੀਤੀਆਂ ਜਾਣ ਤੇ ਇਥੋਂ ਤੱਕ ਕਿ ਕੈਮਰਿਆਂ ਨੂੰ ਵੀ ਉਸ ਸਮੇਂ ਟੇਪ ਜਾਂ ਕਿਸੇ ਹੋਰ ਚੀਜ਼ ਨਾਲ ਢੱਕ ਲਿਆ ਜਾਵੇ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਰੋਸ਼ਨੀ ਸਬੰਧੀ ਪਤਾ ਨਾ ਲੱਗੇ । ਉਨ੍ਹਾਂ ਕਿਹਾ ਕਿ ਜੇਕਰ ਘਰ ਦੇ ਕਿਸੇ ਕਮਰੇ ਵਿੱਚ ਲਾਈਟ ਚਲਾਉਣੀ ਬਹੁਤ ਜ਼ਰੂਰੀ ਹੋਵੇ ਉਹ ਕਮਰਾ ਪੂਰੀ ਤਰ੍ਹਾਂ ਪਰਦਿਆਂ, ਖਿੜਕੀਆਂ, ਦਰਵਾਜ਼ਿਆਂ ਨਾਲ ਬੰਦ ਹੋਣਾ ਚਾਹੀਦਾ ਹੈ ਤਾਂ ਜੋ ਰੋਸ਼ਨੀ ਬਾਹਰ ਨਾ ਜਾ ਸਕੇ । ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਤਰ੍ਹਾਂ ਘਬਰਾਉਣ ਦੀ ਜ਼ਰੂਰਤ ਨਹੀਂ ਹੈ ਪਰ ਸਾਨੂੰ ਆਪਣੀ ਸੁਰੱਖਿਆ ਲਈ ਹਮੇਸ਼ਾ ਸਾਵਧਾਨ ਰਹਿਣਾ ਚਾਹੀਦਾ ਹੈ ਤੇ ਕਿਸੇ ਵੀ ਸੰਕਟਕਾਲੀਨ ਸਥਿਤੀ ਵਿੱਚ ਆਪਣੇ ਪਰਿਵਾਰ ਤੇ ਦੂਜਿਆਂ ਦੀ ਮੱਦਦ ਕਰਨੀ ਚਾਹੀਦੀ ਹੈ ।

# ਸਮਾਗਮ ਦੀਆਂ ਤਿਆਰੀਆਂ ਮੁਕੰਮਲ



ਕੋਟ ਈਸੇ ਖਾਂ, 8 ਮਈ (ਗਾਂਧੀ/ ਗੁਰਦੇਵ ਖੁਰਾਣਾ): ਸਮੂਹ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਗੁਰਦੁਆਰਾ ਬਾਬਾ ਬਚਿੱਤਰ ਸਿੰਘ ਜੀ ਧਰਮਕੋਟ ਰੋਡ ਕੋਟ ਈਸੇ ਖਾਂ ਵਿਖੇ ਅੱਜ ਹੋਣ ਵਾਲੇ ਬਾਬਾ ਬੀਰ ਸਿੰਘ ਜੀ ਨੌਰੰਗਾਬਾਦ ਵਾਲਿਆਂ ਦੀ ਯਾਦ ਵਿੱਚ ਸਮਾਗਮ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ। ਅੱਜ ਸ਼ੁੱਕਰਵਾਰ ਸਵੇਰੇ 11 ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ,ਰਾਤ ਨੂੰ 7 ਵਜੇ ਤੋਂ ਲੈਕੇ 12 ਵਜੇ ਤੱਕ ਕੀਰਤਨ ਦਰਬਾਰ ਕਰਵਾਇਆ ਜਾਵੇਗਾ,ਜਿਸ ਵਿਚ ਪੰਥਕ ਪ੍ਰਸਿੱਧ ਰਾਗੀ ਜਥੇ ਹਾਜ਼ਰੀ ਭਰਨਗੇ। ਇਹ ਜਾਣਕਾਰੀ ਭਾਈ ਬਲਵੀਰ ਸਿੰਘ ਪਾਂਧੀ ਨੇ ਦਿੱਤੀ।

## ਖ਼ਰੀਦ ਕੇਂਦਰਾਂ 'ਚ ਕਣਕ ਦੀ ਖ਼ਰੀਦ ਦਾ ਕੰਮ ਮੁਕੰਮਲ ਬੰਦ : ਡੀ.ਸੀ.

ਬਠਿੰਡਾ, 8 ਮਈ : (ਜਗਸੀਰ ਭੁੱਲਰ):ਜ਼ਿਲ੍ਹੇ ਦੀਆਂ ਮੰਡੀਆਂ 'ਚ ਜਿੱਥੇ ਪਿਛਲੇ 72 ਘੰਟਿਆਂ ਦੇ ਹਿਸਾਬ ਨਾਲ ਕਣਕ ਦੀ ਲਿਫਟਿੰਗ ਲਗਭਗ 80 ਫੀਸਦੀ ਪੂਰੀ ਹੋ ਚੁੱਕੀ ਹੈ ਉੱਥੇ ਹੀ 267 ਮੰਡੀਆਂ 'ਤੇ ਖਰੀਦ ਕੇਂਦਰਾਂ 'ਚੋਂ 73 ਆਰਜ਼ੀ ਮੰਡੀਆਂ ਤੇ ਖਰੀਦ ਕੇਂਦਰਾਂ ਵਿੱਚ ਕਣਕ ਦੀ ਖਰੀਦ ਦਾ ਕੰਮ ਮੁਕੰਮਲ ਤੌਰ 'ਤੇ ਬੰਦ ਹੋ ਚੁੱਕਾ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨਾਲ ਕੀਤੀ ਗਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸਾਂਝੀ ਕੀਤੀ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 7 ਮਈ 2025 ਤੱਕ 882875 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ, ਜਿਸ 'ਚੋ ਵੱਖ-ਵੱਖ ਖਰੀਦ ਏਜੰਸੀਆਂ ਨੇ 876948 ਮੀਟ੍ਰਿਕ ਕਣਕ ਦੀ ਖਰੀਦ ਕੀਤੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਇਸ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਖਰੀਦ ਏਜੰਸੀਆਂ ਵੱਲੋਂ ਖਰੀਦੀ ਗਈ ਕਣਕ ਦੀ ਅਦਾਇਗੀ ਵਜੋਂ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ 1919.18 ਕਰੋੜ ਰੁਪਏ ਜਮ੍ਹਾਂ ਵੀ ਕਰਵਾਏ ਗਏ ਹਨ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਫੂਡ ਤੇ ਸਪਲਾਈ ਕੰਟਰੋਲਰ ਡਾ. ਰਵਿੰਦਰ ਕੌਰ ਨੇ 7 ਮਈ 2025 ਅਪ੍ਰੈਲ ਤੱਕ ਵੱਖ-ਵੱਖ ਏਜੰਸੀਆਂ ਦੁਆਰਾ ਕੀਤੀ ਖਰੀਦੀ ਗਈ ਕਣਕ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਨਗ੍ਰੇਨ ਵੱਲੋਂ 268249 ਮੀਟ੍ਰਿਕ ਟਨ, ਮਾਰਕਫ਼ੈਡ 189149, ਪਨਸਪ 200701, ਵੇਅਰ ਹਾਊਸ 152457 ਤੇ ਪ੍ਰਾਈਵੇਟ ਵਪਾਰੀਆਂ ਵੱਲੋਂ 66392 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ।

## ਸੀਨੀ. ਡਿਪਟੀ ਮੇਅਰ ਖ਼ਿਲਾਫ਼ ਵੋਟ ਕਰਨ ਦੇ ਮਾਮਲੇ 'ਚ ਕਾਂਗਰਸ ਵੱਲੋਂ 11 ਨੂੰ ਜਾਰੀ ਕੀਤੇ ਕਾਰਨ ਦੱਸੋ ਨੋਟਿਸ

ਬਠਿੰਡਾ, 8 ਮਈ( ਦੀਪਕ ਸ਼ਰਮਾ): ਕਾਂਗਰਸ ਪਾਰਟੀ ਦੇ ਗੜ੍ਹ ਮੰਨੇ ਜਾਂਦੇ ਬਠਿੰਡਾ ਸ਼ਹਿਰੀ ਖੇਤਰ 'ਚ ਪਾਰਟੀ ਲਗਾਤਾਰ ਬਿਖਰਾਅ ਵੱਲ ਵਧ ਰਹੀ ਹੈ। ਪਹਿਲਾਂ ਨਗਰ ਨਿਗਮ 'ਚ ਸਾਰੇ ਅਹੁਦਿਆਂ ਤੋਂ ਬਾਹਰ ਹੋਈ ਕਾਂਗਰਸ ਦੀ ਪਰੇਸ਼ਾਨੀ ਮੁੱਕਣ ਦਾ ਨਾਮ ਨਹੀਂ ਲੈ ਰਹੀ। ਹੁਣ ਸ਼ਹਿਰੀ ਹਲਕੇ 'ਚ ਵੱਡਾ ਸਿਆਸੀ ਧਮਾਕਾ ਹੋਇਆ ਹੈ। ਹਾਲ ਹੀ ਵਿੱਚ ਕਾਂਗਰਸ ਪਾਰਟੀ ਨਾਲ ਜੁੜੇ ਸੀਨੀਅਰ ਡਿਪਟੀ ਮੇਅਰ ਅਸ਼ੋਕ ਪ੍ਰਧਾਨ ਦੇ ਖਿਲਾਫ ਮੇਅਰ ਮਹਿਤਾ ਗੁੱਟ ਵੱਲੋਂ ਲਿਆਂਦੇ ਗਏ ਅਵਿਸ਼ਵਾਸ ਪ੍ਰਸਤਾਵ ਦੌਰਾਨ ਪਾਰਟੀ ਦੇ ਵਿਰੁੱਧ ਜਾ ਕੇ ਵੋਟਿੰਗ ਕਰਨ ਵਾਲੇ ਪਾਰਸ਼ਦਾਂ ਉੱਤੇ ਪਾਰਟੀ ਆਲਾ ਕਮਾਨ ਵੱਲੋਂ ਵੱਡੀ ਕਾਰਵਾਈ ਕੀਤੀ ਗਈ ਹੈ। ਜ਼ਿਲ੍ਹਾ ਪ੍ਰਧਾਨ ਅਤੇ ਸ਼ਹਿਰ ਦੇ ਸੀਨੀਅਰ ਆਗੂਆਂ ਅਤੇ ਪਾਰਟੀ ਨਾਲ ਜੁੜੇ ਪਾਰਸ਼ਦਾਂ ਦੀ ਸ਼ਿਕਾਇਤ 'ਤੇ ਪਾਰਟੀ ਅਨੁਸ਼ਾਸਨ ਕਮੇਟੀ ਦੇ ਪ੍ਰਧਾਨ ਅਵਤਾਰ ਹੈਨਰੀ ਨੇ ਪੰਜਾਬ ਕਾਂਗਰਸ ਦੇ ਨੁਮਾਇੰਦੇ ਪਵਨ ਮਾਨੀ ਸਮੇਤ ਕੁੱਲ 11 ਪਾਰਸ਼ਦਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਹੈ। ਦੱਸਿਆ ਜਾ ਰਿਹਾ ਹੈ ਕਿ ਕਈ ਹੋਰ ਵਿਅਕਤੀਆਂ ਨੂੰ ਵੀ ਨੋਟਿਸ ਜਾਰੀ ਹੋ ਸਕਦੇ ਹਨ। ਜਾਣਕਾਰੀ ਮੁਤਾਬਕ, ਇਹਨਾਂ ਨੋਟਿਸਾਂ ਰਾਹੀਂ ਪਾਰਸ਼ਦਾਂ ਅਤੇ ਆਗੂਆਂ ਤੋਂ ਤਿੰਨ ਦਿਨਾਂ ਦੇ ਅੰਦਰ-ਅੰਦਰ ਜਵਾਬ ਮੰਗਿਆ ਗਿਆ ਹੈ। ਜੇਕਰ ਉੱਤਰ ਸੰਤੋਸ਼ਜਨਕ ਨਾ ਹੋਇਆ ਤਾਂ ਅਨੁਸ਼ਾਸਨਾਤਮਕ ਕਾਰਵਾਈ ਦੀ ਚੇਤਾਵਨੀ ਵੀ ਦਿੱਤੀ ਗਈ ਹੈ। ਦੂਜੇ ਪਾਸੇ, ਪਾਰਟੀ ਦੇ ਆਪਣੇ ਹੀ ਆਗੂ ਮੰਨ ਰਹੇ ਹਨ ਕਿ ਪਾਰਟੀ ਹੁਣ ਸਖਤੀ ਦੇ ਮੂਡ ਵਿੱਚ ਹੈ ਅਤੇ ਜਲਦੀ ਹੀ ਵੱਡੀ ਕਾਰਵਾਈ ਕਰਨ ਵਾਲੀ ਹੈ। ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਰਾਜਨ ਗਰਗ ਨੇ ਅਨੁਸ਼ਾਸਨ ਕਮੇਟੀ ਵੱਲੋਂ ਨੋਟਿਸ ਜਾਰੀ ਕਰਨ ਦੀ ਪੁਸ਼ਟੀ ਕਰਦੇ ਹੋਏ ਕਿਹਾ ਕਿ ਵਾਰ-ਵਾਰ ਪਾਰਟੀ ਦਾ ਅਨੁਸ਼ਾਸਨ ਤੋੜਨ ਵਾਲਿਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਇਸ ਮਾਮਲੇ ਉੱਤੇ ਪਾਰਟੀ ਆਲਾ ਕਮਾਨ ਨੇ ਐਕਸ਼ਨ ਲਿਆ ਹੈ,ਜਿਨ੍ਹਾਂ ਪਾਰਸ਼ਦਾਂ ਨੂੰ ਨੋਟਿਸ ਭੇਜੇ ਗਏ ਹਨ,ਉਨ੍ਹਾਂ ਵਿੱਚ ਕਾਂਗਰਸ ਡੈਲੀਗੇਟ ਪਵਨ ਮਾਨੀ ਅਤੇ ਉਹਨਾਂ ਦੀ ਪਾਰਸ਼ਦ ਪਤਨੀ ਪ੍ਰਵੀਨ ਗਰਗ, ਨਿਲੰਬਤ ਕਾਰਜਕਾਰੀ ਬਲਾਕ ਪ੍ਰਧਾਨ ਵਿਪਨ ਮੀਤੂ ਦੀ ਪਤਨੀ ਪਾਰਸ਼ਦ ਪੁਸ਼ਪਾ ਰਾਣੀ, ਨਿਲੰਬਤ ਆਗੂ ਚਰਨਜੀਤ ਸਿੰਘ ਭੋਲਾ ਦੀ ਪਤਨੀ ਪਾਰਸ਼ਦ ਕਮਲਜੀਤ ਕੌਰ, ਪਾਰਸ਼ਦ ਸੁਰੇਸ਼ ਚੌਹਾਨ, ਪਾਰਸ਼ਦ ਸ਼ਾਮ ਲਾਲ ਜੈਨ, ਮਹਿਲਾ ਪਾਰਸ਼ਦ ਕੁਲਵਿੰਦਰ ਕੌਰ, ਪਾਰਸ਼ਦ ਰਾਜ ਰਾਣੀ, ਨੇਹਾ ਜਿੰਦਲ, ਪਾਰਸ਼ਦ ਮਮਤਾ ਸੈਨੀ ਅਤੇ ਪਾਰਸ਼ਦ ਕਮਲੇਸ਼ ਮਹੇਰਾ ਦੇ ਨਾਮ ਸ਼ਾਮਲ ਹਨ।ਦੱਸਣਯੋਗ ਹੈ ਕਿ ਉਕਤ ਅਵਿਸ਼ਵਾਸ ਪ੍ਰਸਤਾਵ ਦੌਰਾਨ ਪਾਰਸ਼ਦ ਬਲਰਾਜ ਪੱਕਾ, ਪ੍ਰਵੀਨ ਗਰਗ ਮਾਨੀ ਅਤੇ ਜਸਵੀਰ ਸਿੰਘ ਜੱਸਾ ਗੈਰਹਾਜ਼ਰ ਰਹੇ। ਇਹ ਵੀ ਦੱਸਣਾ ਯੋਗ ਹੈ ਕਿ ਇਹਨਾਂ ਵਿੱਚੋਂ ਜ਼ਿਆਦਾਤਰ ਪਾਰਸ਼ਦਾਂ ਨੇ 5 ਫਰਵਰੀ 2025 ਨੂੰ ਹੋਏ ਮੇਅਰ ਚੋਣ ਦੌਰਾਨ ਵੀ ਕਾਂਗਰਸ ਦਾ ਵਿਰੋਧ ਕੀਤਾ ਸੀ ਅਤੇ ਉਸ ਵੇਲੇ ਲਗਭਗ ਇੱਕ ਦਰਜਨ ਪਾਰਸ਼ਦਾਂ ਨੂੰ ਨੋਟਿਸ ਵੀ ਜਾਰੀ ਕੀਤੇ ਗਏ ਸਨ, ਜਿਨ੍ਹਾਂ ਵਿੱਚੋਂ ਤਿੰਨ ਪਾਰਸ਼ਦਾਂ ਸੋਨੀਆ ਬੰਸਲ, ਅਨਿਤਾ ਗੋਇਲ ਅਤੇ ਵਿਕਰਮ ਕ੍ਰਾਂਤੀ ਨੂੰ ਪਾਰਟੀ 'ਚੋਂ ਕੱਢ ਦਿੱਤਾ ਗਿਆ ਸੀ।

## ਜੰਗ ਨਹੀਂ ਅਮਨ, ਦੇ ਨਾਅਰੇ ਨੂੰ ਲੈ ਕੇ ਸਕੂਲੀ ਵਿਦਿਆਰਥੀਆਂ ਦੀ ਰੈਲੀ ਅੱਜ

ਲਹਿਰਾਗਾਗਾ, 8 ਮਈ (ਗੁਰਦੀਪ ਸਿੰਘ):ਪਿਛਲੇ ਕਈ ਦਿਨਾਂ ਤੋਂ ਭਾਰਤ-ਪਾਕਿ ਦੇਸ਼ਾਂ ਵਿੱਚ ਯੁੱਧ ਦੇ ਮੰਡਰਾ ਰਹੇ ਬੱਦਲਾਂ ਵਿੱਚ ਸ਼ਾਂਤੀ ਦਾ ਪੈਗਾਮ ਦੇਣ ਸਬੰਧੀ ਡਾ. ਦੇਵ ਰਾਜ ਡੀ.ਏ.ਵੀ. ਪਬਲਿਕ ਸਕੂਲ, ਖਾਈ/ ਲਹਿਰਾਗਾਗਾ ਵੱਲੋਂ 9 ਮਈ (ਸ਼ੁੱਕਰਵਾਰ) ਨੂੰ ਇੱਕ ਰੈਲੀ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਪ੍ਰਬੰਧਕ ਸ੍ਰੀ ਐੱਲ.ਕੇ. ਖੋਖਰ, ਸ੍ਰੀ ਪ੍ਰਵੀਨ ਖੋਖਰ, ਐਡਵੋਕੇਟ ਅਨਿਰੁੱਧ ਕੌਸ਼ਲ ਅਤੇ ਪ੍ਰਿੰਸੀਪਲ ਡਾ. ਨਵਦੀਪ ਭਾਰਦਵਾਜ ਨੇ ਦੱਸਿਆ, ਕਿ ਇਹ ਰੈਲੀ ਸਵੇਰੇ 9 ਵਜੇ ਸਕੂਲ ਕੈਂਪਸ ਵਿੱਚੋਂ ਸ਼ੁਰੂ ਹੋਵੇਗੀ, ਜਿਹੜੀ ਕਿ ਮੰਦਰ ਚੌਕ, ਮੁੱਖ ਬਾਜ਼ਾਰ ਆਦਿ ਵਿੱਚੋਂ ਗੁਜ਼ਰਦੀ ਹੋਈ, ਰਾਮੇ ਵਾਲੀ ਖੂਹੀ ਤੇ ਜਾ ਕੇ ਸਮਾਪਤ ਹੋਵੇਗੀ। ਉਨਾਂ ਕਿ ਦੋਨਾਂ ਦੇਸ਼ਾਂ ਦੇ ਆਮ ਲੋਕ ਜੰਗ ਨਹੀਂ ਅਮਨ ਚਾਹੁੰਦੇ ਹਨ।

## ਨਸ਼ੀਲੇ ਪਦਾਰਥਾਂ ਸਮੇਤ ਦਸ ਵਿਅਕਤੀ ਗ੍ਰਿਫ਼ਤਾਰ,116.56 ਗ੍ਰਾਮ ਹੈਰੋਇਨ, 340 ਨਸ਼ੀਲੀਆਂ ਗੋਲ਼ੀਆਂ ਬਰਾਮਦ

ਬਠਿੰਡਾ, 8 ਮਾਈ ( ਦੀਪਕ ਸ਼ਰਮਾ):ਜ਼ਿਲ੍ਹਾ ਪੁਲਿਸ ਨੇ ਵੱਖ-ਵੱਖ ਥਾਵਾਂ ਤੋਂ 10 ਵਿਅਕਤੀਆਂ ਨੂੰ ਭਾਰੀ ਮਾਤਰਾ ਵਿੱਚ ਨਸ਼ੀਲੇ ਪਦਾਰਥਾਂ ਸਮੇਤ ਗ੍ਰਿਫਤਾਰ ਕੀਤਾ ਹੈ। ਪੁਲਿਸ ਨੇ ਫੜੇ ਗਏ ਮੁਲਜ਼ਮਾਂ ਕੋਲੋ 116.56 ਗ੍ਰਾਮ ਹੈਰੋਇਨ ਅਤੇ 340 ਨਸ਼ੀਲੀਆਂ ਗੋਲ਼ੀਆਂ ਬਰਾਮਦ ਕੀਤੀਆਂ ਹਨ। ਪ੍ਰਾਪਤ ਜਾਣਕਾਰੀ ਅਨੁਸਾਰ ਸੀਆਈਏ ਸਟਾਫ ਦੋ ਦੀ ਪੁਲਿਸ ਨੇ ਭਾਗੂ ਰੋਡ 'ਤੇ ਇਕ ਸ਼ੱਕੀ ਵਿਅਕਤੀ ਨੂੰ ਰੋਕ ਕੇ ਤਲਾਸ਼ੀ ਲਈ ਤਾਂ ਉਸ ਕੋਲੋਂ 50 ਗ੍ਰਾਮ ਹੈਰੋਇਨ ਬਰਾਮਦ ਹੋਈ। ਸਹਾਇਕ ਥਾਣੇਦਾਰ ਹਰਮਨਜੀਤ ਸਿੰਘ ਨੇ ਦੱਸਿਆ ਕਿ ਮੁਲਜਮ ਨੂੰ ਮੌਕੇ 'ਤੇ ਕਾਬੂ ਕਰ ਲਿਆ, ਜਿਸ ਦੀ ਪਛਾਣ ਸਿਮਰਜੀਤ ਸਿੰਘ ਵਾਸੀ ਬੀੜ ਤਲਾਬ ਪਿੰਡ ਵਜੋਂ ਹੋਈ ਹੈ। ਇਸ ਤਰ੍ਹਾਂ ਹੀ ਥਾਣਾ ਕੈਂਟ ਬਠਿੰਡਾ ਦੀ ਪੁਲਿਸ ਨੇ ਵੀ ਦੋ ਵਿਅਕਤੀਆਂ ਨੂੰ ਭਾਰੀ ਮਾਤਰਾ ਹੈਰੋਇਨ ਸਮੇਤ ਕਾਬੂ ਕੀਤਾ ਹੈ। ਸਹਾਇਕ ਥਾਣੇਦਾਰ ਰਾਜਵੀਰ ਸਿੰਘ ਨੇ ਦੱਸਿਆ ਕਿ ਗਸ਼ਤ ਦੌਰਾਨ ਉਨ੍ਹਾਂ ਪਟੇਲ ਨਗਰ ਵਿੱਚ ਦੋ ਸ਼ੱਕੀ ਵਿਅਕਤੀਆਂ ਨੂੰ ਰੋਕ ਕੇ ਤਲਾਸ਼ੀ ਲਈ ਤਾਂ ਉਨ੍ਹਾਂ ਕੋਲੋਂ 5.60 ਗ੍ਰਾਮ ਹੈਰੋਇਨ ਬਰਾਮਦ ਹੋਈ। ਉਨ੍ਹਾਂ ਦੱਸਿਆ ਕਿ ਦੋਵਾਂ ਮੁਲਜਮਾਂ ਨੂੰ ਮੌਕੇ 'ਤੇ ਕਾਬੂ ਕਰ ਲਿਆ, ਜਿਨ੍ਹਾਂ ਦੀ ਪਛਾਣ ਸਾਹਿਲ ਕੁਮਾਰ ਅਤੇ ਹਰਦੀਪ ਸਿੰਘ ਵਾਸੀ ਬੱਲਾ ਰਾਮ ਨਗਰ ਬਠਿੰਡਾ ਵਜੋਂ ਹੋਈ ਹੈ। ਇਸ ਤਰ੍ਹਾਂ ਹੀ ਸੀਆਈਏ ਸਟਾਫ ਇਕ ਦੀ ਟੀਮ ਨੇ ਤਿੰਨ ਵਿਅਕਤੀਆਂ ਨੂੰ ਭਾਰੀ ਮਾਤਰਾ ਹੈਰੋਇਨ ਸਮੇਤ ਫੜ੍ਹਿਆ ਹੈ। ਸੀਆਈਏ ਸਟਾਫ ਦੇ ਸਹਾਇਕ ਥਾਣੇਦਾਰ ਪਰਮਜੀਤ ਸਿੰਘ ਨੇ ਦੱਸਿਆ ਕਿ ਗਸ਼ਤ ਦੌਰਾਨ ਉਨ੍ਹਾਂ ਬੀੜ ਤਲਾਬ ਰੋਡ ਉੱਪਰ ਕਿਸਾਨ ਚੌਂਕ ਨੇੜੇ ਤਿੰਨ ਮੋਟਰਸਾਈਕਲ ਸਵਾਰਾਂ ਨੂੰ ਰੋਕ ਕੇ ਤਲਾਸ਼ੀ ਲਈ ਤਾਂ 44.46 ਗ੍ਰਾਮ ਹੈਰੋਇਨ ਬਰਾਮਦ ਹੋਈ। ਉਨ੍ਹਾਂ ਦੱਸਿਆ ਕਿ ਤਿੰਨਾਂ ਮੁਲਜ਼ਮਾਂ ਨੂੰ ਮੌਕੇ 'ਤੇ ਕਾਬੂ ਕਰ ਲਿਆ ਗਿਆ, ਜਿੰਨ੍ਹਾਂ ਦੀ ਪਛਾਣ ਹਰਪ੍ਰੀਤ ਸਿੰਘ ਵਾਸੀ ਲੱਖੇ ਕੇ ਬਹਿਰਾਮ ਜ਼ਿਲ੍ਹਾ ਫਿਰੋਜ਼ਪੁਰ, ਗੁਰਵਿੰਦਰ ਸਿੰਘ ਵਾਸੀ ਪਿੰਡ ਚੁੱਘੇ ਖੁਰਦ ਅਤੇ ਹਰਪਿੰਦਰ ਸਿੰਘ ਵਾਸੀ ਪਿੰਡ ਸਰਦਾਰਗੜ੍ਹ ਵਜੋਂ ਹੋਈ ਹੈ। ਥਾਣਾ ਕੋਟਫੱਤਾ ਦੀ ਪੁਲਿਸ ਨੇ ਇਕ ਵਿਅਕਤੀ ਨੂੰ 10 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਹੈ, ਜਿਸ ਦੀ ਪਛਾਣ ਬਰਿੰਦਰ ਸਿੰਘ ਵਾਸੀ ਹਰਬੰਸ ਨਗਰ ਬਠਿੰਡਾ ਵਜੋਂ ਹੋਈ ਹੈ। ਇੱਕ ਹੋਰ ਮਾਮਲੇ ਵਿੱਚ ਥਾਣਾ ਮੌੜ ਮੰਡੀ ਦੀ ਪੁਲਿਸ ਨੇ ਇੱਕ ਵਿਅਕਤੀ ਨੂੰ 6.5 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਹੈ, ਜਿਸ ਦੀ ਪਛਾਣ ਮੰਗਾ ਸਿੰਘ ਵਾਸੀ ਮੌੜ ਕਲਾਂ ਵਜੋਂ ਹੋਈ ਹੈ। ਇਸ ਤਰ੍ਹਾਂ ਹੀ ਥਾਣਾ ਨੰਦਗੜ੍ਹ ਦੀ ਪੁਲਿਸ ਨੇ ਵੀ ਦੋ ਵਿਅਕਤੀਆਂ ਨੂੰ 340 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕੀਤਾ ਹੈ, ਜਿੰਨ੍ਹਾਂ ਦੀ ਪਛਾਣ ਕਮਲਜੀਤ ਸਿੰਘ ਵਾਸੀ ਪਿੰਡ ਘੁੱਦਾ ਅਤੇ ਹਰਪ੍ਰੀਤ ਸਿੰਘ ਵਾਸੀ ਪਿੰਡ ਕੋਟਗੁਰੂ ਵਜੋਂ ਹੋਈ ਹੈ। ਪੁਲਿਸ ਨੇ ਇਨ੍ਹਾਂ ਸਾਰੇ ਮੁਲਜ਼ਮਾਂ ਖਿਲਾਫ ਐਨਡੀਪੀਐਸ ਐਕਟ ਦੀਆਂ ਧਰਾਵਾਂ ਤਹਿਤ ਕੇਸ ਦਰਜ ਕੀਤਾ ਹੈ।

## ਸ਼ੱਕੀ ਹਾਲਤ ਵਿੱਚ ਨੌਜਵਾਨ ਦੀ ਮੌਤ, ਮੋਟਰ ਵਾਲੇ ਕਮਰੇ ਦੇ ਬਰਾਂਡੇ 'ਚੋਂ ਮਿਲੀ ਲਾਸ਼, ਕਤਲ ਦਾ ਖਦਸ਼ਾ

ਬਠਿੰਡਾ, 8 ਮਈ( ਦੀਪਕ ਸ਼ਰਮਾ):ਜ਼ਿਲ੍ਹੇ ਦੇ ਪਿੰਡ ਚੱਕ ਫਤਿਹ ਸਿੰਘ ਵਾਲਾ ਵਿੱਚੋਂ ਇੱਕ ਨੌਜਵਾਨ ਦੀ ਲਾਸ਼ ਮਿਲਣ ਕਾਰਨ ਦਹਿਸ਼ਤ ਦਾ ਮਾਹੌਲ ਬਣ ਗਿਆ। ਉਕਤ ਲਾਸ਼ ਖੇਤ ਵਿੱਚ ਬਣੇ ਮੋਟਰ ਵਾਲੇ ਕਮਰੇ ਦੇ ਬਰਾਂਡੇ ਵਿੱਚ ਪਈ ਸੀ। ਮ੍ਰਿਤਕ ਨੌਜਵਾਨ ਦੇ ਸ਼ਰੀਰ 'ਤੇ ਸੱਟਾਂ ਦੇ ਨਿਸ਼ਾਨ ਸਨ, ਜਿਸ ਤੋਂ ਸ਼ੱਕ ਪੈਦਾ ਹੁੰਦਾ ਹੈ ਕਿ ਉਸ ਦਾ ਕਤਲ ਕਰਕੇ ਲਾਸ਼ ਇੱਥੇ ਸੁੱਟੀ ਗਈ ਹੈ। ਪਿੰਡ ਵਾਸੀਆਂ ਵੱਲੋਂ ਇਸ ਸਬੰਧੀ ਥਾਣਾ ਨਥਾਣਾ ਦੀ ਪੁਲਿਸ ਨੂੰ ਸੂਚਿਤ ਕੀਤਾ ਗਿਆ। ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲਿਆ ਅਤੇ ਮੌਕੇ ਦਾ ਮੁਆਇਨਾ ਕਰਨ ਤੋਂ ਬਾਅਦ ਸਮਾਜ ਸੇਵੀ ਸੰਸਥਾ ਸਹਾਰਾ ਦੇ ਵਰਕਰਾਂ ਦੀ ਮਦਦ ਨਾਲ ਲਾਸ਼ ਨੂੰ ਸਰਕਾਰੀ ਹਸਪਤਾਲ ਦੇ ਮੁਰਦਾ ਘਰ ਵਿੱਚ ਪਹੁੰਚਾਇਆ। ਪ੍ਰਾਪਤ ਜਾਣਕਾਰੀ ਅਨੁਸਾਰ ਥਾਣਾ ਨਥਾਣਾ ਦੀ ਪੁਲਿਸ ਨੂੰ ਸੂਚਨਾ ਮਿਲੀ ਸੀ ਕਿ ਰਾਏਖਾਨਾ ਤੋਂ ਪਿੰਡ ਚੱਕ ਫਤਿਹ ਸਿੰਘ ਵਾਲਾ ਲਿੰਕ ਰੋਡ ਉੱਪਰ ਇਕ ਮੋਟਰ ਵਾਲੇ ਕੋਠੇ ਦੇ ਬਰਾਂਡੇ ਵਿੱਚ ਇੱਕ ਨੌਜਵਾਨ ਦੀ ਲਾਸ਼ ਪਈ ਹੈ। ਥਾਣਾ ਨਥਾਣਾ ਦੀ ਪੁਲਿਸ ਨੇ ਮੌਕੇ 'ਤੇ ਜਾ ਕੇ ਜਾਂਚ ਕੀਤੀ ਤਾਂ ਦੇਖਿਆ ਕਿ ਮ੍ਰਿਤਕ ਦੇ ਸਰੀਰ ਉੱਪਰ ਸੱਟਾਂ ਦੇ ਨਿਸ਼ਾਨ ਲੱਗੇ ਹੋਏ ਸਨ। ਪੁਲਿਸ ਵੱਲੋਂ ਪੜਤਾਲ ਕਰਨ 'ਤੇ ਪਤਾ ਲੱਗਿਆ ਕਿ ਉਕਤ ਨੌਜਵਾਨ ਦੀ ਦੇਖੀ ਲਾਸ਼ ਪਿੰਡ ਮਾਈਸਰਖਾਨਾ ਦਾ ਰਹਿਣ ਵਾਲਾ ਹੈ ਤਾਂ ਦੀ ਦੱਸੀ, ਜਿਸ ਤੋਂ ਬਾਅਦ ਮ੍ਰਿਤਕ ਦੇ ਪਰਿਵਾਰ ਵਾਲਿਆਂ ਨੂੰ ਇਤਲਾਹ ਦਿੱਤੀ ਗਈ। ਸੂਚਨਾ ਮਿਲਦੇ ਹੀ ਪੀੜਤ ਪਰਿਵਾਰ ਨੇ ਮੌਕੇ 'ਤੇ ਪਹੁੰਚ ਕੇ ਆਪਣੇ ਲੜਕੇ ਦੀ ਪਛਾਣ ਕੀਤੀ। ਇਸ ਸਬੰਧੀ ਥਾਣਾ ਨਥਾਣਾ ਦੀ ਪੁਲਿਸ ਨੂੰ ਦਰਜ ਕਰਵਾਏ ਬਿਆਨਾਂ ਵਿੱਚ ਦਰਸ਼ਨ ਸਿੰਘ ਵਾਸੀ ਮਾਈਸਰਖਾਨਾ ਨੇ ਦੱਸਿਆ ਕਿ ਉਸਦਾ ਲੜਕਾ ਰਣਜੀਤ ਸਿੰਘ 32 ਸਾਲ ਰਿਫਾਇਨਰੀ ਵਿੱਚ ਨੌਕਰੀ ਕਰਦਾ ਹੈ। ਉਹ ਘਰੋਂ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਕਿਸੇ ਕੰਮ ਲਈ ਗਿਆ ਸੀ ਪਰ ਰਾਤ ਵਾਪਸ ਨਹੀਂ ਗਿਆ। ਪੀੜਤ ਨੇ ਸ਼ੱਕ ਜਤਾਇਆ ਕਿ ਅਣਪਛਾਤੇ ਵਿਅਕਤੀਆਂ ਨੇ ਸੱਟਾਂ ਮਾਰ ਕੇ ਉਸ ਦਾ ਕਤਲ ਕੀਤਾ ਹੈ ਅਤੇ ਲਾਸ਼ ਨੂੰ ਇੱਥੇ ਸੁੱਟ ਦਿੱਤਾ ਹੈ। ਥਾਣਾ ਨਥਾਣਾ ਦੇ ਸਬ ਇੰਸਪੈਕਟਰ ਦਿਲਬਾਗ ਸਿੰਘ ਨੇ ਦੱਸਿਆ ਹੈ ਕਿ ਮ੍ਰਿਤਕ ਦੇ ਪਿਤਾ ਦੀ ਸ਼ਿਕਾਇਤ 'ਤੇ ਅਣਪਛਾਤੇ ਵਿਅਕਤੀਆਂ ਖਿਲਾਫ ਕਤਲ ਦਾ ਕੇਸ ਦਰਜ ਕੀਤਾ ਗਿਆ ਹੈ। ਕਥਿਤ ਦੋਸ਼ੀਆਂ ਨੂੰ ਜਲਦੀ ਹੀ ਕਾਬੂ ਕਰ ਲਿਆ ਜਾਵੇਗਾ।

## ਕਾਮਰੇਡ ਭੀਮ ਸਿੰਘ ਯਾਦਗਾਰੀ 6ਵੇਂ ਖੂਨ ਦਾਨ ਅਤੇ ਮੁਫ਼ਤ ਮੈਡੀਕਲ ਜਾਂਚ ਕੈਂਪ ਦਾ ਆਯੋਜਨ



ਦਿੜ੍ਹਬਾ ਮੰਡੀ , 8 ਮਈ (ਹੈਪੀ) :ਇਲਾਕਾ ਦਿੜ੍ਹਬਾ ਦੇ ਮਹਾਨ ਦੂਰ ਅੰਦੇਸ਼ੀ , ਸਾਹਿਤ ਪ੍ਰੇਮੀ, ਕਾਮਰੇਡੀ ਸੋਚ ਦੇ ਧਾਰਨੀ ਮਹਾਨ ਬੁੱਧੀਜੀਵੀ ਮਹਾਨ ਇਨਸਾਨ ਕਾਮਰੇਡ ਭੀਮ ਸਿੰਘ ਜੀ, ਜਿਹਨਾਂ ਨੇ ਆਪਣੀ ਜ਼ਿੰਦਗੀ ਦੀ ਪਾਈ ਪਾਈ ਨੇਕ ਕਮਾਈ ਕਰੀਬ 55 ਲੱਖ ਰੁਪਏ ਸਮਾਜ ਦੇ ਸਰਬ ਉਤਮ ਮੰਦਰ ਸਰਕਾਰੀ ਸਕੂਲ ਨੂੰ ਦਾਨ ਕਰਕੇ ਸਮਾਜ ਦੇ ਲੋਕਾਂ ਲਈ ਚਾਨਣ ਮੁਨਾਰਾ ਹੀ ਨਹੀਂ ਬਣੇ , ਬਲਕਿ ਉਨਾਂ ਨੇ ਸਹੀ ਢੰਗ ਨਾਲ ਦਾਨ ਕੀਤੇ ਜਾਣ ਦੀ ਜਾਂਚ ਸਿਖਾਈ ਅਤੇ ਦਾਨ ਨੂੰ ਲੋੜਵੰਦ ਲੋਕਾਂ ਦੀ ਸਹਾਇਤਾ ਲਈ ਅਤੇ ਉਸ ਸਥਾਨ 'ਤੇ ਦਾਨ ਕੀਤੇ ਜਾਣਾ ਜੋ ਸਮਾਜ ਦੇ ਲੋਕਾਂ ਲਈ ਲਾਹੇਵੰਦ ਸਾਬਤ ਹੋ ਸਕਣ , ਦਾ ਸਮਾਜ ਦੇ ਲੋਕਾਂ ਨੂੰ ਸੰਦੇਸ਼ ਦਿੱਤਾ। ਅੱਜ ਸ਼ਹਿਰ ਦੇ ਧਾਰਮਿਕ ਸਥਾਨ ਸ਼ਹੀਦ ਬਾਬਾ ਬੈਰਸੀਆਣਾ ਸਾਹਿਬ ਚੈਰੀਟੇਬਲ ਹਸਪਤਾਲ ਵਿਖੇ ਪੰਜਾਬ ਪੈਨਸ਼ਨਜ ਐਸੋਸੀਏਸ਼ਨ, ਸਾਹਿਤ ਅਤੇ ਸੱਭਿਆਚਾਰ ਮੰਚ ਦਿੜ੍ਹਬਾ, ਤਰਕਸ਼ੀਲ ਸੁਸਾਇਟੀ ਦੇ ਸਹਿਯੋਗ ਸਦਕਾ ਕਾਮਰੇਡ ਭੀਮ ਸਿੰਘ ਜੀ ਦੀ ਨਿੱਘੀ ਯਾਦ ਨੂੰ ਸਮਰਪਿਤ 6 ਖੂਨਦਾਨ ਅਤੇ ਮੁਫ਼ਤ ਮੈਡੀਕਲ ਜਾਂਚ ਕੈਂਪ ਦਾ ਆਯੋਜਨ ਕੀਤਾ ਗਿਆ ਜੋ ਆਪਣੀਆਂ ਸਫਲਤਾ ਦੀਆਂ ਬੁਲੰਦੀਆਂ ਨੂੰ ਛੂੰਹਦਾ ਹੋਇਆ ਯਾਦਗਾਰੀ ਹੋ ਨਿੱਬੜਿਆ। ਕਾਮਰੇਡ ਭੀਮ ਸਿੰਘ ਜੀ ਦੀ ਨਿੱਘੀ ਯਾਦ ਨੂੰ ਸਮਰਪਿਤ 6 ਵੇਂ ਖੂਨ ਦਾਨ ਕੈਂਪ ਅਤੇ ਮੁਫ਼ਤ ਮੈਡੀਕਲ ਜਾਂਚ ਕੈਂਪ ਦੇ ਉਪਰਾਲੇ ਦੀ ਹਰ ਪਾਸਿਓਂ ਪੂਰਨ ਤੌਰ ਤੇ ਸ਼ਲਾਘਾ ਕੀਤੀ ਜਾ ਰਹੀ ਹੈ। ਇਸ ਵਿਸ਼ਾਲ ਕੈਂਪ ਵਿੱਚ ਸ੍ਰ ਸੁਰਜੀਤ ਸਿੰਘ ਧੀਮਾਨ ਸਾਬਕਾ ਐਮ ਐਲ ਏ, ਸ੍ਰ ਮਨਜੀਤ ਸਿੰਘ ਬਰਾੜ ਰਿਟਾ ਐਸ ਪੀ ਪੰਜਾਬ ਪੁਲੀਸ, ਮੈਡਮ ਜਸਵੀਰ ਕੌਰ ਸ਼ੇਰ ਗਿੱਲ ਚੇਅਰਮੈਨ ਮਾਰਕੀਟ ਕਮੇਟੀ ਦਿੜ੍ਹਬਾ, ਸ੍ਰੀ ਸ਼ਾਮ ਲਾਲ ਬਾਂਸਲ, ਰਾਜ ਕੁਮਾਰ ਰਾਮਾ ਆਦਿ ਤੋਂ ਇਲਾਵਾ ਹੋਰ ਵੀ ਸ਼ਹਿਰ ਪਿੰਡ ਅਤੇ ਇਲਾਕੇ ਦੀਆਂ ਪ੍ਰਮੁੱਖ ਹਸਤੀਆਂ ਅਤੇ ਵੱਡੀ ਗਿਣਤੀ ਵਿਚ ਪਤਵੰਤੇ ਲੋਕਾਂ ਨੇ ਆਪਣੀ ਹਾਜ਼ਰੀ ਲਗਵਾਈ। ਇਸ ਕੈਂਪ ਦੌਰਾਨ 80 ਦੇ ਕਰੀਬ ਲੋਕਾਂ ਵੱਲੋਂ ਖ਼ੂਨ ਦਾਨ ਕੀਤਾ ਗਿਆ ਅਤੇ 1300 ਦੇ ਕਰੀਬ ਲੋਕਾਂ ਵੱਲੋਂ ਮੁਫ਼ਤ ਮੈਡੀਕਲ ਜਾਂਚ ਕੈਂਪ ਦਾ ਲਾਹਾ ਲਿਆ ਗਿਆ।

## 10 ਮਈ ਨੂੰ ਲੱਗੇਗੀ ਕੌਮੀ ਲੋਕ ਅਦਾਲਤ

ਸੰਗਰੂਰ, 8 ਮਈ (ਹਰਕੰਵਲ ਸਿੰਘ ਹੈਪੀ): ਨੈਸ਼ਨਲ ਲੀਗਲ ਸਰਵਿਸਿਜ਼ ਅਥਾਰਟੀ (ਨਾਲਸਾ), ਨਵੀਂ ਦਿੱਲੀ ਦੀਆਂ ਹਦਾਇਤਾਂ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ ਮਾਨਯੋਗ ਜਸਟਿਸ ਸ੍ਰੀ ਦੀਪਕ ਸਿਬਲ, ਜੱਜ, ਪੰਜਾਬ ਅਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ ਜੀਆਂ ਦੀ ਰਹਿਨੁਮਾਈ ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸੰਗਰੂਰ ਦੇ ਮਾਨਯੋਗ ਚੇਅਰਮੈਨ ਸ੍ਰੀ ਮੁਨੀਸ਼ ਸਿੰਗਲ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਜੀ ਦੀ ਅਗਵਾਈ ਹੇਠ ਜ਼ਿਲ੍ਹਾ ਕੋਰਟ ਕੰਪਲੈਕਸ ਸੰਗਰੂਰ ਅਤੇ ਮਲੇਰਕੋਟਲਾ ਅਤੇ ਸਬ ਤਹਿਸੀਲ ਕੋਰਟ ਕੰਪਲੈਕਸ ਧੂਰੀ, ਸੁਨਾਮ ਅਤੇ ਮੂਨਕ ਵਿਖੇ ਮਿਤੀ 10 ਮਈ ਨੂੰ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸੰਗਰੂਰ ਦੇ ਸਕੱਤਰ ਮੈਡਮ ਦਲਜੀਤ ਕੌਰ, ਸਿਵਲ ਜੱਜ (ਸੀਨੀਅਰ ਡਵੀਜ਼ਨ)/ ਸੀ.ਜੇ.ਐਮ. ਨੇ ਦੱਸਿਆ ਕਿ ਇਸ ਲੋਕ ਅਦਾਲਤ ਵਿੱਚ ਮਾਨਯੋਗ ਅਦਾਲਤਾਂ ਵਿੱਚ ਪੈਂਡਿੰਗ ਕਰੀਮੀਨਲ ਕੰਪਾਊਂਡੇਬਲ ਕੇਸ, ਬੈਂਕ ਰਿਕਵਰੀ ਕੇਸ, ਐਮ.ਏ.ਸੀ.ਟੀ. ਕੇਸ, ਮੈਟਰੀਮੋਨੀਅਲ, ਲੇਬਰ ਦੇ ਝਗੜੇ, ਲੈਂਡ, ਬਿਜਲੀ ਅਤੇ ਪਾਣੀ ਦੇ ਬਿੱਲਾਂ, ਪ੍ਰੈਅ ਅਲਾਊਂਸ, ਰੈਵਨਿਊ ਕੇਸ (ਜ਼ਿਲ੍ਹਾ ਅਤੇ ਹਾਈਕੋਰਟ ਕਚਹਿਰੀਆਂ ਵਿੱਚ ਪੈਂਡਿੰਗ)ਆਦਿ ਕੇਸ ਲਗਾਏ ਜਾ ਰਹੇ ਹਨ।

## ਐਨਰਜੀ ਡਰਿੰਕਸ ਵੇਚਣ 'ਤੇ ਮਨਾਹੀ

ਮਾਨਸਾ, 8 ਮਈ: (ਵਿਰੋਦਰਪਾਲ ਮੰਤਰੋ) :ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਕਮਿਸ਼ਨਰ ਫੂਡ ਅਤੇ ਡਰੱਗ ਐਡਮਨਿਸਟ$ਰੇਸ਼ਨ ਪੰਜਾਬ ਅਤੇ ਡਿਪਟੀ ਕਮਿਸ਼ਨਰ ਮਾਨਸਾ ਸ੍ਰ. ਕੁਲਵੰਤ ਸਿੰਘ ਆਈ.ਏ.ਐਸ. ਦੇ ਹੁਕਮਾਂ ਅਨੁਸਾਰ ਸਕੂਲਾਂ ਦੇ ਨੇੜੇ ਐਨਰਜੀ ਡਰਿੰਕਸ ਵੇਚਣ 'ਤੇ ਰੋਕ ਲਗਾਈ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਅਰਵਿੰਦ ਪਾਲ ਸਿੰਘ ਨੇ ਦੱਸਿਆ ਕਿ ਪੇਂਡੂ ਖੇਤਰ ਦੇ ਸਕੂਲਾਂ ਦੇ 100 ਮੀਟਰ ਘੇਰੇ ਵਿੱਚ ਅਤੇ ਸ਼ਹਿਰੀ ਖੇਤਰ ਦੇ ਸਕੂਲਾਂ ਚ 50 ਮੀਟਰ ਦੇ ਘੇਰੇ 'ਚ ਅਤੇ ਸਕੂਲਾਂ 'ਚ ਕੰਟੀਨਾਂ ਤੇ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਐਨਰਜੀ ਡਰਿੰਕਸ ਵੇਚਣ ਦੀ ਮਨਾਹੀ ਕੀਤੀ ਗਈ ਹੈ। ਐਨਰਜੀ ਡਰਿੰਕਸ ਬੱਚਿਆਂ ਦੀ ਸਿਹਤ 'ਤੇ ਮਾੜਾ ਅਸਰ ਪਾਉਂਦੇ ਹਨ। ਇਨ੍ਹਾਂ 'ਚ ਪਾਏ ਜਾਣ ਵਾਲੇ ਰਸਾਇਣਕ ਪਦਾਰਥਾਂ ਤੋਂ ਬੱਚਿਆਂ ਨੂੰ ਬਚਾਉਣ ਲਈ ਸਕੂਲਾਂ ਦੇ ਅੰਦਰ ਅਤੇ ਬਾਹਰ ਦੁਕਾਨਾਂ/ ਕੰਟੀਨਾਂ ਚਲਾ ਰਹੇ ਦੁਕਾਨਦਾਰਾਂ ਨੂੰ ਸਿਹਤ ਵਿਭਾਗ ਨੂੰ ਸਹਿਯੋਗ ਦੇਣਾ ਚਾਹੀਦਾ ਹੈ ਅਤੇ ਆਪਣੀਆਂ ਦੁਕਾਨਾਂ ਅੱਗੇ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਮਨਾਹੀ ਵਾਲੇ ਬੈਨਰ/ ਬੋਰਡ ਵੀ ਲਗਾਉਣੇ ਚਾਹੀਦੇ ਹਨ।

## ਨਵੀਆਂ ਕਲਮਾਂ ਨਵੀਂ ਉਡਾਣਦਾ ਲੋਕ ਅਰਪਣ ਸਮਾਗਮ ਅੱਜ



ਭਗਤਾ ਭਾਈ ਕਾ, 8 ਮਈ(ਸਵਰਨ ਸਿੰਘ ਭਗਤਾ):ਪੰਜਾਬ ਭਵਨ ਸਰੀ ਕੈਨੇਡਾ ਦੇ ਸੰਸਥਾਪਕ ਸੁੱਖੀ ਬਾਠ ਵੱਲੋਂ ਬੱਚਿਆਂ ਨੂੰ ਸਾਹਿਤਕ ਰੁਚੀਆਂ ਨਾਲ ਜੋੜਨ ਲਈ, ਬੱਚਿਆਂ ਵਿੱਚ ਮਾਂ ਬੋਲੀ ਪੰਜਾਬੀ ਦੀ ਚਿਣਗ ਪੈਦਾ ਕਰਨ ਲਈ ਸ਼ੁਰੂ ਕੀਤੇ ਪ੍ਰੋਜੈਕਟ ਨਵੀਆਂ ਕਲਮਾਂ ਨਵੀਂ ਉਡਾਨ ਅਧੀਨ ਪੰਜਾਬ ਦੇ ਵੱਖ-ਵੱਖ ਜਿਲਿਆਂ ਵਿੱਚ ਚੱਲ ਰਹੇ ਪੁਸਤਕ ਲੋਕ ਅਰਪਣ ਸਮਾਗਮ ਦੀ ਲੜੀ ਤਹਿਤ ਬਠਿੰਡਾ ਜ਼ਿਲ੍ਹੇ ਦੀ ਚੌਥੀ ਕਿਤਾਬ ਨਵੀਆਂ ਕਲਮਾਂ ਨਵੀਂ ਉਡਾਨ ਦਾ ਲੋਕ ਅਰਪਣ ਸਮਾਰੋਹ ਅਕਾਲ ਕਾਲਜ ਆਫ਼ ਫਿਜ਼ੀਕਲ ਐਜੂਕੇਸ਼ਨ ਮਸਤੂਆਣਾ ਸਾਹਿਬ (ਸੰਗਰੂਰ )ਵਿਖੇ ਕੀਤਾ ਜਾਵੇਗਾ। ਇਸ ਕਿਤਾਬ ਦੇ ਮੁੱਖ ਸੰਪਾਦਕ ਮੈਡਮ ਨਿਸ਼ਾ ਰਾਣੀ ਅਤੇ ਸਹਿ ਸੰਪਾਦਕ ਗੁਰਵਿੰਦਰ ਸਿੰਘ ਕਾਂਗੜ ਹੋਣਗੇ। ਇਸ ਦੀ ਜਾਣਕਾਰੀ ਦਿੰਦਿਆਂ ਸੀਨੀਅਰ ਸਹਿ. ਪ੍ਰੋਜੈਕਟ ਇੰਚਾਰਜ ਗੁਰਵਿੰਦਰ ਸਿੰਘ ਕਾਂਗੜ ਨੇ ਦੱਸਿਆ ਕਿ ਇਹ ਕਿਤਾਬ ਬਠਿੰਡਾ ਜ਼ਿਲ੍ਹੇ ਦੇ ਬਾਲ ਲੇਖਕਾਂ ਦੀ ਚੌਥੀ ਕਿਤਾਬ ਹੈ ਇਸ ਦੇ ਮੁੱਖ ਸੰਪਾਦਕ ਮੈਡਮ ਨਿਸ਼ਾ ਰਾਣੀ ਅਤੇ ਸਹਿ ਸੰਪਾਦਕ ਗੁਰਵਿੰਦਰ ਸਿੰਘ ਕਾਂਗੜ ਹਨ ਉਹਨਾਂ ਦੱਸਿਆ ਕਿ ਇਸ ਕਿਤਾਬ ਵਿੱਚ 32 ਸਕੂਲਾਂ ਦੇ 79 ਬੱਚਿਆਂ ਦੀਆਂ ਰਚਨਾਵਾਂ ਨੂੰ ਸ਼ਾਮਿਲ ਕੀਤਾ ਗਿਆ ਹੈ। ਇਹ ਸਮਾਗਮ ਵਿੱਚ ਸ.ਜਸਵੰਤ ਸਿੰਘ ਖਹਿਰਾ ਸਕੱਤਰ ਅਕਾਲ ਕਾਲਜ ਕੌਂਸਲ,ਗੁਰਚਰਨ ਸਿੰਘ ਧਾਲੀਵਾਲ ਜੇਲ ਸੁਪਰਡੈਂਟ ਬਰਨਾਲਾ,ਹਰਮੰਦਰ ਸਿੰਘ ਬਰਾੜ ਕੋਆਰਡੀਨੇਟਰ ਸਿੱਖਿਆ ਵਿਭਾਗ ਮਾਲਵਾ ਜੋਨ ਪੰਜਾਬ ਜੀ ਮੁੱਖ ਮਹਿਮਾਨ ਹੋਣਗੇ । ਇਸ ਸਮਾਗਮ ਦੀ ਪ੍ਰਧਾਨਗੀ ਸ੍ਰੀਮਤੀ ਮਨਿੰਦਰ ਕੌਰ ਸਿੱਧੂ ਜ਼ਿਲ੍ਹਾ ਸਿੱਖਿਆ ਅਫ਼ਸਰ ਬਠਿੰਡਾ ਜੀ ਕਰਨਗੇ।

## ਡੀ.ਸੀ. ਵੱਲੋਂ ਮੌਨਸੂਨ ਸੀਜ਼ਨ ਦੌਰਾਨ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ



ਸ੍ਰੀ ਮੁਕਤਸਰ ਸਾਹਿਬ, 8 ਮਈ (ਐਚ ਐਸ ਕਪੂਰ) :ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਸੰਭਾਵੀ ਹੜ੍ਹਾਂ ਤੋਂ ਬਚਾਅ ਲਈ ਸ੍ਰੀ ਅਭਿਜੀਤ ਕਪਲਿਸ਼ ਡਿਪਟੀ ਕਮਿਸ਼ਨਰ ਨੇ ਅੱਜ ਦਫਤਰ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਦੇ ਮੀਟਿੰਗ ਹਾਲ ਵਿੱਚ ਜ਼ਿਲ੍ਹਾ ਹੜ੍ਹ ਕੰਟਰੋਲ ਦੀ ਮੀਟਿੰਗ ਦੀ ਪ੍ਰਧਾਨਗੀ ਕੀਤੀ, ਇਸ ਮੀਟਿੰਗ ਵਿੱਚ ਸ੍ਰੀ ਗੁਰਪ੍ਰੀਤ ਸਿੰਘ ਥਿੰਦ ਵਧੀਕ ਡਿਪਟੀ ਕਮਿਸ਼ਨਰ , ਸ੍ਰੀ ਸੁਰਿੰਦਰ ਸਿੰਘ ਢਿੱਲੋਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ ), ਸ੍ਰੀਮਤੀ ਬਲਜੀਤ ਕੌਰ ਐਸ.ਡੀ.ਐਮ ਸ੍ਰੀ ਮੁਕਤਸਰ ਸਾਹਿਬ, ਜਸਪਾਲ ਸਿੰਘ ਐਸ.ਡੀ.ਐਮ ਗਿੱਦੜਬਾਹਾ, ਡੀਐਸਪੀ(ਐਚ ) ਅਮਨਦੀਪ, ਜ਼ਿਲ੍ਹਾ ਭਲਾਈ ਅਫਸਰ ਜਗਮੋਹਨ ਸਿੰਘ ਮਾਨ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਡਰੇਨ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੰਭਾਵੀ ਹੜ੍ਹਾਂ ਦੀ ਸਥਿਤੀ ਤੇ ਕੰਟਰੋਲ ਕਰਨ ਲਈ ਸਾਰੀਆਂ ਡਰੇਨਾਂ ਦੀ ਸਫਾਈ ਮੁਕੰਮਲ ਕਰ ਲਈ ਜਾਵੇ ਤਾਂ ਜੋ ਬਰਸਾਤੀ ਸੀਜ਼ਨ ਦੌਰਾਨ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਪੇਸ਼ ਨਾ ਆਵੇ। ਉਹਨਾਂ ਜ਼ਿਲ੍ਹਾ ਦੇ ਬੀ.ਡੀ.ਪੀ.ਓਜ ਨੂੰ ਹਦਾਇਤ ਕੀਤੀ ਕਿ ਪਿੰਡਾਂ ਦੇ ਛੱਪੜਾਂ ਦੀ ਸਫਾਈ ਦਾ ਕੰਮ ਮੁਕੰਮਲ ਕਰ ਲਿਆ ਜਾਵੇ ਅਤੇ ਜੋ ਛੱਪੜਾਂ ਵਿੱਚ ਪਾਣੀ ਮੌਜੂਦ ਹੈ, ਇਸ ਪਾਣੀ ਦੀ ਨਿਕਾਸੀ ਕੀਤੀ ਜਾਵੇ ਅਤੇ ਛੱਪੜਾਂ ਤੇ ਜੋ ਮੋਟਰਾਂ ਲੱਗੀਆਂ ਹਨ, ਚਾਲੂ ਹਾਲਤ ਵਿੱਚ ਰੱਖੀਆਂ ਜਾਣ ਤਾਂ ਜੋ ਬਰਸਾਤ ਦੌਰਾਨ ਪਿੰਡ ਵਾਸੀਆਂ ਨੂੰ ਕੋਈ ਪ੍ਰੇਸ਼ਾਨੀ ਪੇਸ਼ ਨਾ ਆਵੇ। ਉਹਨਾਂ ਵਾਟਰ ਸਪਲਾਈ ਅਤੇ ਸੀਵਰੇਜ਼ ਬੋਰਡ ਅਤੇ ਸਬੰਧਿਤ ਕਾਰਜ ਸਾਧਕ ਅਫਸਰਾਂ ਨੂੰ ਵੀ ਹਦਾਇਤ ਕੀਤੀ ਕਿ ਸੀਵਰੇਜਾਂ ਦੇ ਮੈਨ ਹੋਲਾਂ ਦੀ ਸਫਾਈ ਨਿਰੰਤਰ ਰੱਖੀ ਜਾਵੇ। ਇਸ ਤੋਂ ਇਲਾਵਾ ਬਿਜਲੀ ਬੋਰਡ ਨੂੰ ਐਗਰੀਕਲਚਰ ਪਾਵਰ ਸਪਲਾਈ ਨਿਰੰਤਰ ਦੇਣ ਦੀ ਹਦਾਇਤ ਕੀਤੀ। ਉਨਾਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਫਲੱਡ ਕੰਟਰੋਲ ਰੂਮ ਦਾ ਨੰਬਰ 01633-260341 ਹੈ। ਇਸ ਤੋਂ ਬਿਨਾਂ ਮਲੋਟ ਵਿਖੇ ਸਥਾਪਿਤ ਫਲੱਡ ਕੰਟਰੋਲ ਰੂਮ ਦਾ ਨੰਬਰ 01637-261072 ਅਤੇ ਗਿੱਦੜਬਾਹਾ ਵਿਖੇ ਸਥਾਪਿਤ ਹੜ੍ਹ ਕੰਟਰੋਲ ਰੂਮ ਦਾ ਨੰਬਰ 01637-231931 ਹੈ । ਜ਼ਿਲ੍ਹਾ ਵਾਸੀ ਹੜ੍ਹਾਂ ਸਬੰਧੀ ਕੋਈ ਵੀ ਜਾਣਕਾਰੀ ਲੈਣ ਜਾਂ ਕੋਈ ਸੂਚਨਾ ਦੇਣ ਲਈ ਇਸ ਕੰਟਰੋਲ ਰੂਮ ਤੇ ਕਾਲ ਕਰ ਸਕਦੇ ਹਨ।

## ਬਹੁਜਨ ਸਮਾਜ ਪਾਰਟੀ ਵਲੋਂ "ਵਰਕਸ਼ਾਪ ਆਨ ਬੂਥ ਕਰੋ ਮਜ਼ਬੂਤ " ਮੁਹਿੰਮ ਦਾ ਆਗਾਜ਼



ਖਨੌਰੀ, 8 ਮਈ (ਓਮਪ੍ਰਕਾਸ਼ ਮੁਆਲ): ਬਹੁਜਨ ਸਮਾਜ ਪਾਰਟੀ ਵੱਲੋਂ ਵਰਕਸ਼ਾਪ ਆਨ 'ਬੂਥ ਕਰੋ ਮਜ਼ਬੂਤ " ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ। ਜਿਸ ਤਹਿਤ ਹਲਕੇ ਦੇ ਸਾਰੇ ਪਿੰਡਾਂ ਨੂੰ ਕਵਰ ਕੀਤਾ ਜਾਵੇਗਾ। ਇਸ ਮੁਹਿੰਮ ਤਹਿਤ ਹਲਕਾ ਪ੍ਰਧਾਨ ਡਾਕਟਰ ਰਾਜ ਕੁਮਾਰ ਜਸੱਲ ਅਤੇ ਜਿਲ੍ਹਾ ਕੋਆਰਡੀਨੇਟਰ, ਹਲਕਾ ਇੰਚਾਰਜ ਇੰਜੀ. ਅਮਨ ਬੋਧ ਮੁੱਖ ਮਹਿਮਾਨ ਦੇ ਤੌਰ 'ਤੇ ਵਰਕਰਾਂ ਨੂੰ ਬੂਥ ਕਰੋ ਮਜ਼ਬੂਤ ਤੇ ਕਾਡਰ ਦੇਣ ਲਈ ਨਜ਼ਦੀਕੀ ਪਿੰਡ ਠਸਕਾ ਅਤੇ ਚੱਠੇ ਗੋਬਿੰਦਪੁਰਾ ਚ ਪਹੁੰਚੇ। ਇਸ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਕੋਆਰਡੀਨੇਟਰ ਅਮਨ ਬੋਧ ਨੇ ਦੱਸਿਆ ਕੇ ਬਸਪਾ 2027 ਵਿਧਾਨ ਸਭਾ ਚੋਣਾ ਅੰਦਰ ਪੰਜਾਬ 'ਚ ਇੱਕ ਵੱਡੀ ਧਿਰ ਬਣਕੇ ਉਭਰੇਗੀ । ਉਨ੍ਹਾਂ ਦੱਸਿਆ ਕੇ ਪਾਰਟੀ ਹਾਈਕਮਾਨ ਦੇ ਦਿਸ਼ਾ ਨਿਰਦੇਸ਼ਾਂ ਹੇਠ ਪੰਜਾਬ ਸੰਭਾਲੋ ਮੁਹਿੰਮ ਨੂੰ ਮਜ਼ਬੂਤ ਕਰਨ ਲਈ ਹਲਕੇ ਲਹਿਰੇ ਦੇ ਵੱਖ ਵੱਖ ਪਿੰਡਾਂ ਅੰਦਰ ਬੂਥ ਕਰੋ ਮਜ਼ਬੂਤ ਵਰਕਸ਼ਾਪਾਂ ਸ਼ੁਰੂ ਕੀਤੀਆਂ ਗਈਆਂ ਹਨ। ਉਨ੍ਹਾ ਦੱਸਿਆ ਕਿ ਇਸ ਵਰਕਸ਼ਾਪ 'ਚ ਵਰਕਰਾਂ ਨੂੰ ਬੜੇ ਟੈਕਨੀਕਲ ਤਰੀਕੇ ਨਾਲ ਪਾਰਟੀ ਬਾਰੇ ਦੱਸਿਆ ਜਾਂਦਾ ਹੈ, ਅਤੇ ਪਾਰਟੀ ਦੀ ਯੂਪੀ 'ਚ ਰਹੀ ਚਾਰ ਵਾਰ ਦੀ ਸਰਕਾਰ ਦੇ ਕੰਮਾਂ ਨੂੰ ਕਿਵੇਂ ਹਲਕੇ ਦੇ ਲੋਕਾਂ ਅੰਦਰ ਪਹੁੰਚਾਉਣਾ ਹੈ , ਕਿਵੇਂ ਭੈਣ ਮਾਇਆਵਤੀ ਜੀ ਨੇ ਸਰਵ ਸਮਾਜ ਲਈ ਰਿਕਾਰਡ ਤੋੜ ਕੰਮ ਕੀਤੇ ਹਨ ਇਹ ਸਭ ਵਰਕਰਾਂ ਨੂੰ ਬੂਥ ਲੇਵਲ 'ਤੇ ਦੱਸਿਆ ਜਾ ਰਿਹਾ ਹੈ, ਤਾਂ ਜੋ ਪਾਰਟੀ ਨੂੰ ਬੂਥ ਲੈਵਲ ਤੋਂ ਮਜ਼ਬੂਤ ਕੀਤਾ ਜਾ ਸਕੇ। ਮੀਟਿੰਗ ਅੰਦਰ ਵਰਕਰਾਂ ਅੰਦਰ ਬੜਾ ਜੋਸ਼ ਦੇਖਣ ਨੂੰ ਮਿਲਿਆ ਅਤੇ ਨੌਜਵਾਨਾਂ ਨੇ ਭਾਰੀ ਗਿਣਤੀ ਵਿੱਚ ਹਾਜ਼ਰ ਹੋ ਕੇ ਮੀਟਿੰਗ ਅੰਦਰ ਹਿੱਸਾ ਲਿਆ । ਇਸ ਦੌਰਾਨ ਵਿਸ਼ੇਸ਼ ਤੌਰ 'ਤੇ ਹਲਕੇ ਦੇ ਜਨਰਲ ਸਕੱਤਰ ਸ਼ੰਭੂ ਰੰਗਾ ਚੱਠੇ, ਗੁਲਾਬ ਸਿੰਘ ਛਾਛੀਆ ਸ਼ਹਿਰੀ ਪ੍ਰਧਾਨ ਖਨੌਰੀ, ਨੰਬਰਦਾਰ ਸ਼ਰਨਜੀਤ ਕਾਲਾ, ਰਾਮਚੰਦਰ ਮੂਵਾਲ ਸਾਬਕਾ ਪ੍ਰਧਾਨ, ਮਨਪ੍ਰੀਤ ਸਿੰਘ , ਸਾਬਕਾ ਹਲਕਾ ਪ੍ਰਧਾਨ ਰਾਮਰੂਪ ਠਸਕਾ, ਕਰਮਚੰਦ ਫੌਜੀ , ਤਰਸੇਮ ਸਿੰਘ ਬੀਵੀਐਫ ਕਨਵੀਨਰ, ਨਿੱਕਾ ਚੱਠੇ, ਬਾਬਾ ਸੁਰਜੀਤ , ਜੰਟਾ ਵਾਲਮਿਕੀ, ਸੁੱਖਾ ਆਦਿ ਹੋਰ ਆਗੂਆਂ ਅਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ।

## ਪੁਲਿਸ ਨੇ ਸ਼ੱਕੀ ਵਾਹਨਾਂ ਦੀ ਕੀਤੀ ਚੈਕਿੰਗ

ਮੂਨਕ, 8 ਮਈ(ਸਮਸ਼ੇਰ ਸਿੰਘ ਭੁਟਾਲ): ਥਾਣਾ ਮੁਖੀ ਮੂਨਕ ਜਗਤਾਰ ਸਿੰਘ ਵੱਲੋਂ ਪੁਲਿਸ ਪਾਰਟੀ ਨਾਲ ਮਿਲ ਕੇ ਜਾਖਲ ਰੋਡ ਮੂਨਕ ਨਾਕਾ ਲਗਾ ਕੇ ਸੜਕ ਤੇ ਗੁਜਰਦੇ ਵਾਹਨਾਂ ਦੀ ਸਖਤੀ ਨਾਲ ਚੈਕਿੰਗ ਕੀਤੀ ਗਈ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਥਾਣਾ ਮੁਖੀ ਜਗਤਾਰ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪੁਲਿਸ ਮੁਖੀ ਸ ਸਰਤਾਜ ਸਿੰਘ ਚਹਾਲ ਤੇ ਡੀਐਸਪੀ ਮੂਨਕ ਗੁਰਦਿੰਰ ਸਿੰਘ ਬੱਲ ਦੇ ਸਖਤ ਦਿਸ਼ਾਂ ਨਿਰਦੇਸ਼ਾਂ ਤਹਿਤ ਨਾਕੇ ਲਗਾ ਕੇ ਵਾਹਨਾਂ ਦੀ ਬਰੀਕੀ ਨਾਲ ਚੈਕਿੰਗ ਕੀਤੀ ਜਾ ਰਹੀ ਹੈ, ਤਾਂ ਜੋ ਕਿਸੇ ਅਣਸੁਖਾਵੀ ਘਟਨਾ ਤੋਂ ਬਚਿਆ ਜਾ ਸਕੇ । ਉਹਨਾਂ ਕਿਹਾ ਕਿ ਇਸ ਮੌਕੇ ਅਧੂਰੇ ਕਾਗਜਾਤ ਵਾਲੇ ਵਾਹਨਾਂ ਦੇ ਚਲਾਨ ਵੀ ਕੱਟੇ ਜਾ ਰਹੇ ਹਨ । ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੁਲਿਸ ਦਾ ਸਾਥ ਦੇਣ ਅਤੇ ਜੇਕਰ ਕਿਸੇ ਨੂੰ ਕਿਸੇ ਅਣਜਾਣ ਵਿਅਕਤੀ ਤੇ ਸ਼ੱਕ ਪੈਂਦਾ ਹੈ ਤਾਂ ਇਸ ਬਾਰੇ ਪੁਲਿਸ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਕਿਸੇ ਅਣਸੁਖਾਵੀਂ ਘਟਨਾ ਨੂੰ ਰੋਕਿਆ ਜਾ ਸਕੇ।

## ਸਿੰਗਲਾ ਦੀ ਮੌਜੂਦਗੀ 'ਚ ਪਿੰਡ ਮਾਝਾ ਦੇ ਸਾਬਕਾ ਸਰਪੰਚ ਪੰਚਾਂ ਸਮੇਤ ਕਾਂਗਰਸ 'ਚ ਹੋਏ ਸ਼ਾਮਿਲ



ਭਵਾਨੀਗੜ੍ਹ, 8 ਮਈ (ਅਮਨਦੀਪ ਸਿੰਘ ਮਾਝਾ): ਸ਼੍ਰੋਮਣੀ ਅਕਾਲੀ ਦਲ ਨੂੰ ਅੱਜ ਉਸ ਸਮੇਂ ਵੱਡਾ ਝਟਕਾ ਲੱਗਿਆ ਜਦੋਂ ਪਿੰਡ ਮਾਝੇ ਦੇ ਸਾਬਕਾ ਸਰਪੰਚ ਅਤੇ ਸਾਬਕਾ ਪੰਚ ਸਮੇਤ ਇੱਕ ਦਰਜਨ ਦੇ ਕਰੀਬ ਪਰਿਵਾਰ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਸ਼੍ਰੀ ਵਿਜੇ ਇੰਦਰ ਸਿੰਗਲਾ ਦੀ ਮੌਜੂਦਗੀ ਵਿੱਚ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋਏ। ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਸਿੰਗਲਾ ਨੇ ਕਿਹਾ ਕਿ ਪੰਜਾਬ ਦੇ ਲੋਕ ਕਾਂਗਰਸ ਪਾਰਟੀ ਦੇ ਕਾਰਜਕਾਲ ਮੌਕੇ ਕੀਤੇ ਕੰਮਾਂ ਨੂੰ ਯਾਦ ਕਰ ਰਹੇ ਹਨ ਅਤੇ ਵੱਡੀ ਗਿਣਤੀ ਵਿੱਚ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ। ਉਹਨਾਂ ਕਿਹਾ ਕਿਕਾਂਗਰਸ ਦੇ ਪਰਿਵਾਰ ਵਿੱਚ ਸ਼ਾਮਿਲ ਹੋਣ ਵਾਲੇ ਆਗੂਆਂ ਨੂੰ ਬਣਦਾ ਮਾਨ ਸਨਮਾਨ ਦਿੱਤਾ ਜਾਵੇਗਾ। ਇਸ ਮੌਕੇ ਪਿੰਡ ਮਾਝਾ ਦੇ ਸਾਬਕਾ ਸਰਪੰਚ ਸਮਸ਼ੇਰ ਸਿੰਘ, ਕਰਮ ਸਿੰਘ, ਸਤਿਗੁਰ ਸਿੰਘ ਸਾਬਕਾ ਪੰਚ, ਕਰਮਜੀਤ ਸਿੰਘ, ਪ੍ਰਗਟ ਸਿੰਘ ਪੱਗਾ, ਹਰਦੀਪ ਸਿੰਘ ਬੁੱਟਰ, ਗੁਰਸੇਵਕ ਸਿੰਘ ਸੇਬੀ ਸਾਬਕਾ ਪੰਚ, ਪਰਮਿੰਦਰ ਸਿੰਘ, ਸੰਦੀਪ ਸਿੰਘ, ਰਮਨਦੀਪ ਸਿੰਘ, ਹਰਪਾਲ ਸਿੰਘ ਪਾਲ, ਬਲਵਿੰਦਰ ਸਿੰਘ ਸਾਬਕਾ ਪੰਚ, ਭਰਭੂਰ ਸਿੰਘ, ਗੁਰਪ੍ਰੀਤ ਸਿੰਘ, ਹਰਵਿੰਦਰ ਸਿੰਘ ਸਮੇਤ ਪਰਿਵਾਰਾਂ ਨੂੰ ਸਿੰਗਲਾ ਨੇ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਕੀਤਾ। ਇਸ ਮੌਕੇ ਜਗਤਾਰ ਨਮਾਦਾ, ਰਣਜੀਤ ਤੂਰ, ਗੁਰਦੀਪ ਸਿੰਘ ਘਰਾਚੋਂ ਬਲਾਕ ਪ੍ਰਧਾਨ, ਗੁਰਪ੍ਰੀਤ ਕੰਧੋਲਾ,ਬਲਵਿੰਦਰ ਸਿੰਘ ਘਾਬਦੀਆ, ਕੁਲਵਿੰਦਰ ਮਾਝਾ, ਮੰਗਤ ਸ਼ਰਮਾ,ਮਹਿੰਦਰ ਸਿੰਘ ਸਾਬਕਾ ਸਰਪੰਚ ਮਾਝੀ, ਜੱਸੀ ਮਾਝੀ, ਜਸਪਾਲ ਸਿੰਘ ਸਾ. ਪੰਚ, ਮਹਿੰਦਰ ਸਿੰਘ ਟੋਬਾ,ਰਾਮ ਸਿੰਘ ਭਰਾਜ, ਮਹਿੰਦਰ ਸਿੰਘ ਮਾਟਾ, ਗੁਰਜਿੰਦਰ ਸਿੰਘ ਮਾਝੀ, ਬਲਕਾਰ ਸਿੰਘ ਵਾਰਾ, ਗੁਰਮੁਖ ਸਿੰਘ ਬੀਂਬੜ, ਬਚਿੱਤਰ ਸਿੰਘ ਰੂਪੀ, ਚਾਂਦੀ ਰਾਮ ਨੱਕਟੇ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਮੌਜੂਦ ਸਨ।

## ਬਲਾਕ ਰਾਮਪੁਰਾ ਫੂਲ ਦਾ ਪੰਜ ਰੋਜ਼ਾ ਸਕਾਊਟਸ ਅਤੇ ਗਾਈਡਜ਼ ਟ੍ਰੇਨਿੰਗ ਕੈਂਪ ਸਮਾਪਤ



ਬਠਿੰਡਾ, 8 ਮਈ (ਇੰਦਰਪਾਲ ਬਾਂਸਲ): ਬਲਾਕ ਰਾਮਪੁਰਾ ਫੂਲ ਵੱਲੋਂ ਦਾ ਪੋਲਰ ਸਟਾਰ ਸਕੂਲ ਢੱਡੇ ਬਠਿੰਡਾ ਵਿਖੇ ਸਟੇਟ ਆਰਗਨਾਈਜ਼ਿੰਗ ਕਮਿਸ਼ਨਰ ਓਕਾਰ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ (ਸਕੈਡੰਰੀ) ਸ਼੍ਰੀਮਤੀ ਅਮਨਿੰਦਰਪਾਲ ਕੌਰ, ਜ਼ਿਲ੍ਹਾ ਆਰਗੇਨਾਈਜਿੰਗ ਕਮਿਸ਼ਨਰ ਅੰਮ੍ਰਿਤਪਾਲ ਸਿੰਘ ਬਰਾੜ, ਜ਼ਿਲ੍ਹਾ ਟਰੇਨਿੰਗ ਕਮਿਸ਼ਨਰ ਰਜਨੀਸ਼ ਬਾਂਸਲ, ਅਤੇ ਸਹਾਇਕ ਜ਼ਿਲ੍ਹਾ ਟਰੇਨਿੰਗ ਕਮਿਸ਼ਨਰ ਅਮਨਿੰਦਰ ਸਿੰਘ ਕੰਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜ ਰੋਜ਼ਾ ਸਕਾਊਟਸ ਅਤੇ ਗਾਈਡਜ ਤ੍ਰਿਤਿਆ ਸੋਪਾਨ ਟੈਸਟਿੰਗ ਕੈਂਪ ਲਗਾਇਆ ਗਿਆ ਇਸ ਕੈਂਪ ਦੇ ਅੰਤਿਮ ਦਿਨ ਮੁੱਖ ਮਹਿਮਾਨ ਵਜੋਂ ਡਾਇਰੈਕਟਰ ਸ. ਪਰਮਿੰਦਰ ਸਿੰਘ ਸਿੱਧੂ ਗਰੁੱਪ ਆਫ ਮਾਤਾ ਸੁੰਦਰੀ ਇੰਸਟੀਚਿਊਟ ਢੱਡੇ ਬਠਿੰਡਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਇਹਨਾਂ ਦੇ ਨਾਲ ਪ੍ਰਿੰਸੀਪਲ ਸ ਕੰਵਰਦੀਪ ਸਿੰਘ ਗਿੱਲ ਦ ਪੋਲਰ ਸਟਾਰ ਸਕੂਲ ਢੱਡੇ , ਸ ਅੰਗਰੇਜ਼ ਸਿੰਘ ਪ੍ਰੋਫੈਸਰ ਮਾਤਾ ਸੁੰਦਰੀ ਕਾਲਜ ਅਤੇ ਸ੍ਰੀ ਚਰਨਜੀਤ ਰਾਮ ਸ਼ਰਮਾ ਵਾਈਸ ਪ੍ਰਧਾਨ ਭਾਰਤ ਸਕਾਊਟਸ ਅਤੇ ਗਾਈਡਜ਼ ਬਠਿੰਡਾ ਜੀ ਵੱਲੋਂ ਇਸ ਕੈਂਪ ਵਿੱਚ ਸ਼ਿਰਕਤ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਟਰੇਨਿੰਗ ਕਮਿਸ਼ਨਰ ਸ੍ਰੀ ਰਜਨੀਸ਼ ਬਾਂਸਲ , ਸ. ਸੁਰਿੰਦਰ ਸਿੰਘ ਬਲਾਕ ਟਰੇਨਿੰਗ ਕੌਂਸਲਰ, ਸ. ਗਗਨਦੀਪ ਸਿੰਘ ਟਰੇਨਿੰਗ ਇੰਚਾਰਜ ਅਤੇ ਅੰਮ੍ਰਿਤਪਾਲ ਕੌਰ ਟਰੇਨਿੰਗ ਇੰਚਾਰਜ ਵੱਲੋਂ ਮੁੱਖ ਮਹਿਮਾਨ ਅਤੇ ਨਾਲ ਆਇਆ ਸ਼ਖ਼ਸੀਅਤਾ ਦੇ ਸਕਾਊਟ ਸਕਾਰਫ਼ ਪਾ ਕੇ ਸਵਾਗਤ ਕੀਤਾ ਗਿਆ। ਟਰੇਨਿੰਗ ਇੰਚਾਰਜ ਗਗਨਦੀਪ ਸਿੰਘ, ਸੁਰਿੰਦਰ ਸਿੰਘ, ਸ਼੍ਰੀਮਤੀ ਅੰਮਿਤਪਾਲ ਕੌਰ ਵੱਲੋਂ ਡਰਾਈਕਟਰ ਸ. ਪਰਮਿੰਦਰ ਸਿੰਘ ਸਿੱਧੂ ਜੀ ਨੂੰ ਜਦ ਕੈਂਪ ਨਿਰੀਖਣ ਲਈ ਲਿਜਾਇਆ ਗਿਆ ਤਦ ਸਕਾਊਟਸ ਅਤੇ ਗਾਈਡਜ਼ ਵੱਲੋਂ ਆਪਣੇ ਅੰਦਾਜ਼ ਨਾਲ ਜ਼ੋਰਦਾਰ ਸਵਾਗਤ ਕੀਤਾ ਗਿਆ । ਨਿਰੀਖਣ ਕਰਦੇ ਸਮੇਂ ਡਾਇਰੈਕਟਰ ਸਾਹਿਬ ਵੱਲੋਂ ਸਕਾਊਟਸ ਅਤੇ ਗਾਈਡਜ਼ ਵੱਲੋਂ ਤਿਆਰ ਕੀਤੇ ਗੈਜੇਟ ਅਤੇ ਟੈਂਟ ਦੇਖਦਿਆਂ ਹੈਰਾਨੀ ਜ਼ਾਹਿਰ ਕੀਤੀ ਕਿ ਛੋਟੇ ਛੋਟੇ ਬੱਚਿਆਂ ਨੇ ਬਹੁਤ ਵਧੀਆ ਕੰਮ ਕੀਤਾ ਹੋਇਆ ਹੈ। ਇਸ ਦੇ ਨਾਲ ਟਰੇਨਿੰਗ ਟੀਮ ਦੀ ਵੀ ਸ਼ਲਾਘਾ ਕੀਤੀ। ਇਸ ਮੌਕੇ ਸਟੇਜ ਸੈਕਟਰੀ ਦੀ ਭੂਮਿਕਾ ਸ. ਗਗਨਦੀਪ ਸਿੰਘ ਵੱਲੋਂ ਨਿਭਾਈ ਗਈ ਅਤੇ ਮੁੱਖ ਮਹਿਮਾਨ ਜੀ ਨੂੰ ਇਸ ਚਾਰ ਰੋਜ਼ਾ ਕੈਂਪ ਬਾਰੇ ਜਾਣਕਾਰੀ ਦਿੱਤੀ ਗਈ। ਪ੍ਰਿੰਸੀਪਲ ਸ. ਕਨਵਦੀਪ ਸਿੰਘ ਗਿੱਲ ਅਤੇ ਸ. ਅੰਗਰੇਜ਼ ਸਿੰਘ ਜੀ ਨੇ ਦੱਸਿਆ ਇਸ ਕੈਂਪ ਦੇ ਟਰੇਨਿੰਗ ਇੰਚਾਰਜ ਰਜਨੀਸ਼ ਬਾਂਸਲ,ਸ. ਸੁਰਿੰਦਰ ਸਿੰਘ, ਸ. ਗਗਨਦੀਪ ਸਿੰਘ, ਗਾਈਡ ਕੈਪਟਨ ਸ੍ਰੀਮਤੀ ਅੰਮ੍ਰਿਤਪਾਲ ਕੌਰ ਵਲੋਂ ਸਕਾਊਟ ਅਤੇ ਗਾਈਡਜ ਨੂੰ ਇਸ ਕੈਂਪ ਵਿੱਚ ਸਕਾਊਟਸ ਅਤੇ ਗਾਈਡਜ ਦੇ ਸਿਲੇਬਸ ਅਨੁਸਾਰ ਸਮਾਜ ਲਈ ਭਲਾਈ ਦੇ ਕੰਮ, ਅਨੁਸਾਸਨ ਵਿੱਚ ਰਹਿਣ, ਕੁਦਰਤੀ ਆਫਤਾ ਦਾ ਕਿਵੇਂ ਸਾਹਮਣਾ ਕਰਨਾ, ਕਦਰਾਂ ਕੀਮਤਾਂ ਸੰਬੰਧੀ, ਮੁਢਲੀ ਸਹਾਇਤਾ, ਗਜਟ ਬਣਾਉਣੇ ਅਤੇ ਟੈਂਟ ਲਗਾਉਣਾ, ਸਮਾਜਿਕ ਬੁਰਾਈਆਂ ਅਤੇ ਨਸ਼ਿਆਂ ਤੋਂ ਦੂਰ ਰਹਿਣਾ ਇਸ ਦੇ ਨਾਲ ਸਕਾਊਟ ਗਾਈਡ ਦੇ ਇਤਿਹਾਸ ਅਤੇ ਇਸ ਦੇ ਕੰਮਾਂ ਬਾਰੇ ਲੱਗ ਭੱਗ 5 ਸਕੂਲਾਂ ਦੇ150 ਦੇ ਕਰੀਬ ਬੱਚਿਆਂ ਨੂੰ ਟਰੇਨਿੰਗ ਦਿੱਤੀ ਗਈ।ਮੁੱਖ ਮਹਿਮਾਨ ਵੱਲੋਂ ਸਮੁੱਚੀ ਟਰੇਨਿੰਗ ਟੀਮ ਨੂੰ ਕੈਂਪ ਸਫਲ ਬਣਾਉਣ ਲਈ ਵਧਾਈ ਦਿੱਤੀ ।ਫਿਰ ਉਹਨਾਂ ਵੱਲੋਂ ਟਰੇਨਿੰਗ ਟੀਮ ਨੂੰ ਪ੍ਰਸ਼ੰਸਾ ਪੱਤਰ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ । ਸ ਅਨੰਦ ਸਿੰਘ ਸਕਾਊਟ ਮਾਸਟਰ, ਸ ਗੁਰਜੀਤ ਸਿੰਘ ਝੱਬਰ ਸਕਾਊਟ ਮਾਸਟਰ ਅਤੇ ਸ਼੍ਰੀਮਤੀ ਅਮਨਦੀਪ ਕੌਰ ਗਾਈਡ ਕੈਪਟਨ ਵੱਲੋਂ ਸਮੂਹ ਸਕਾਊਟਸ ਅਤੇ ਗਾਈਡਜ਼ ਵਿਚ ਅਨੁਸ਼ਾਸਨ ਬਣਾਉਣ ਵਿੱਚ ਆਪਣਾ ਯੋਗਦਾਨ ਪਾਇਆ ਇਸ ਦੇ ਨਾਲ ਦ ਪੋਲਰ ਸਟਾਰ ਸਕੂਲ ਢੱਡੇ ਦੇ ਅਧਿਆਪਕਾ ਮਿਸ ਸੁਖਵੀਰ ਕੌਰ ਗਾਈਡ ਕੈਪਟਨ, ਹਰਦੀਪ ਸਿੰਘ ਸਕਾਊਟ ਮਾਸਟਰ ਅਤੇ ਸਮੂਹ ਸਟਾਫ ਵੱਲੋਂ ਇਸ ਕੈਂਪ ਨੂੰ ਸਫਲ ਬਣਾਉਣ ਵਿੱਚ ਭਰਪੂਰ ਸਹਿਯੋਗ ਦਿੱਤਾ।

## ਅੱਤਵਾਦ ਖ਼ਿਲਾਫ਼ ਕਾਰਵਾਈ ਕਰਨ ਨਾਲ ਭਾਰਤੀ ਸੈਨਾ ਦਾ ਕੱਦ ਹੋਰ ਵੱਡਾ ਹੋਇਆ : ਵਿਨੋਦ ਸਿੰਗਲਾ



ਲਹਿਰਾਗਾਗਾ, 8 ਮਈ (ਗੁਰਦੀਪ ਸਿੰਘ): ਸਾਡੇ ਭਾਰਤ ਦੇਸ਼ ਦੇ ਬਹਾਦਰ ਸੈਨਿਕਾਂ ਨੇ 6 ਅਤੇ 7 ਮਈ ਦੀ ਦਰਮਿਆਨੀ ਰਾਤ ਨੂੰ ਪਾਕਿਸਤਾਨੀ ਅੱਤਵਾਦੀਆਂ ਦੇ ਨੌਂ ਠਿਕਾਨਿਆਂ ਤੇ ਸਰਜੀਕਲ ਸਟਰਾਈਕ ਕਰਕੇ ਪਹਿਲਗਾਮ ਦੇ ਸੈਲਾਨੀਆਂ ਨੂੰ ਸੱਚੀ ਸ਼ਰਧਾਂਜਲੀ ਦਿੱਤੀ ਹੈ, ਉਥੇ ਸ਼ਹੀਦ ਹੋਏ ਵਿਆਕਤੀ ਭਾਵੇਂ ਕਦੇ ਵੀ ਵਾਪਿਸ ਨਹੀਂ ਆ ਸਕਦੇ,ਪਰ ਉਨਾਂ ਦੇ ਪਰਿਵਾਰਾਂ ਨੂੰਇਸ ਕਾਰਵਾਈ ਨਾਲ ਕੁੱਝ ਨਾਂ ਕੁੱਝ ਧਰਵਾਸ ਜਰੂਰ ਮਿਲਿਆ ਹੋਵੇਗਾ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਬੀਜੇਪੀ ਦੇ ਸੀਨੀਅਰ ਆਗੂ ਵਿਨੋਦ ਸਿੰਗਲਾ ਨੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਹੋਇਆਂ ਕੀਤਾ, ਉਹਨਾਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਸਾਰਾ ਦੇਸ਼ ਭਾਰਤ ਦੀ ਬਹਾਦਰ ਸੈਨਾ ਨਾਲ ਖੜਾ ਹੈ। ਭਾਜਪਾ ਆਗੂ ਨੇ ਅੱਗੇ ਕਿਹਾ ਕਿ ਅੱਤਵਾਦ ਰਾਹੀਂ ਸਾਡੇ ਦੇਸ਼ ਦੇ ਹਾਲਾਤ ਵਿਗਾੜਨ ਦੇ ਸੁਪਨੇ ਲੈਣ ਵਾਲੇ ਪਾਕਿਸਤਾਨੀ ਅੱਤਵਾਦੀਆਂ ਦੇ ਨੌਂ ਠਿਕਾਨਿਆਂ ਬਹਾਵਲਪੁਰ, ਮੁਰੀਦਕੇ, ਮੁਜ਼ੱਫਰਾਬਾਦ, ਕੋਟਲੀ, ਗੁਲਪੁਰ, ਭੀਮਬਰ, ਚੱਕ ਅਮਰੂ ਅਤੇ ਸਿਆਲਕੋਟ ਤੇ ਸਾਡੇ ਬਹਾਦਰ ਸੈਨਿਕਾਂ ਨੇ ਹਮਲਾ ਕਰਕੇ ਪਾਕਿਸਤਾਨ ਅਤੇ ਉਸਦੇ ਪਾਲੇ ਹੋਏ ਅੱਤਵਾਦੀਆਂ ਨੂੰ ਚੰਗਾ ਸਬਕ ਸਿਖਾਇਆ ਹੈ, ਜਿਸ ਲਈ ਸਾਡੀ ਸੈਨਾ ਵਧਾਈ ਦੀ ਪਾਤਰ ਹੈ, ਉਹਨਾਂ ਕਿਹਾ ਕਿ ਭਾਰਤ ਦੀ ਇਸ ਕਾਰਵਾਈ ਨਾਲ ਦੁਨੀਆਂ ਵਿੱਚ ਭਾਰਤੀ ਸੈਨਾ ਅਤੇ ਦੇਸ਼ ਦੇ ਪ੍ਰਧਾਨ ਮੰਤਰੀ ਦਾ ਕੱਦ ਹੋਰ ਵੱਡਾ ਹੋਇਆ ਹੈ, ਕਿਉਂਕਿ ਪਾਕਿਸਤਾਨ ਦੇ ਹੱਥ ਠੋਕੇ ਅੱਤਵਾਦੀਆਂ ਵੱਲੋਂ ਪਹਿਲਗਾਮ ਵਿਖੇ ਸੈਲਾਨੀਆਂ ਦੇ ਮਾਰੇ ਜਾਣ ਤੋਂ ਬਾਅਦ ਹੀ ਦੇਸ਼ਾਂ ਵਿਦੇਸ਼ਾਂ ਵਿੱਚ ਕਿਆਸ ਅਰਾਈਆਂ ਲਗਾਈਆਂ ਜਾ ਰਹੀਆਂ ਸਨ, ਕਿ ਮੋਦੀ ਆਪਣੇ ਸੁਭਾਅ ਮੁਤਾਬਿਕ ਜਲਦੀ ਹੀ ਇਸ ਦਾ ਬਦਲਾ ਲੈਣਗੇ, ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਭਾਰਤੀ ਸੈਨਾ ਨੇ ਲੋਕਾਂ ਦੀਆਂ ਕਿਆਸ ਅਰਾਈਆਂ ਨੂੰ ਸੱਚ ਸਾਬਿਤ ਕਰ ਦਿੱਤਾ ਹੈ,ਅਤੇ ਪਹਿਲਗਾਮ ਵਿਖੇ ਮਾਰੇ ਗਏ ਸੈਲਾਨੀਆਂ ਦੇ ਪੀੜਤ ਪਰਿਵਾਰਾਂ ਦੇ ਜਖਮਾਂ 'ਤੇ ਕੁਝ ਮਲਮ ਲਗਾਉਣ ਦਾ ਯਤਨ ਕੀਤਾ ਹ।

# ਜ਼ਿਲ੍ਹਾ ਪ੍ਰਸ਼ਾਸਨ ਨੇ ਮੌਕ ਡਰਿੱਲ ਕਰਵਾਈ



ਤਪਾ ਮੰਡੀ, 8 ਮਈ (ਭੂਸ਼ਣ ਘੜੈਲਾ/ਰਾਜੂ ਮਹਿਰਾ):ਪੰਜਾਬ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਡਿਪਟੀ ਕਮਿਸ਼ਨਰ ਬਰਨਾਲਾ ਟੀ ਬੈਨਿਥ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਟ੍ਰਾਈਡੈਂਟ ਫੈਕਟਰੀ ਧੌਲਾ ਅਤੇ ਆਈਓਐਲ ਫੈਕਟਰੀ ਫਤਿਹਗੜ੍ਹ ਛੰਨਾ ਵਿਖੇ ਮੌਕ ਡਰਿੱਲ ਕਰਵਾਈ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਉਪ ਮੰਡਲ ਮਜਿਸਟ੍ਰੇਟ ਤਪਾ ਸਿਮਰਪ੍ਰੀਤ ਕੌਰ ਨੇ ਦੱਸਿਆ ਕਿ ਟ੍ਰਾਈਡੈਂਟ ਫੈਕਟਰੀ ਵਿਖੇ ਅੱਗ ਲੱਗਣ ਦੀ ਸੰਭਾਵਨਾ ਦੀ ਦ੍ਰਿਸ਼ ਬਣਾ ਕੇ ਇਸ ਦੌਰਾਨ ਵਰਤੀ ਜਾਣ ਵਾਲੀ ਸਾਵਧਾਨੀ ਅਤੇ ਕੀਤੇ ਜਾਣ ਵਾਲੇ ਕੰਮਾਂ ਦਾ ਅਭਿਆਸ ਕੀਤਾ ਗਿਆ। ਇਸ ਦੌਰਾਨ ਫੈਕਟਰੀ ਦੇ ਅਫਸਰ, ਕਰਮਚਾਰੀ, ਪੁਲਸ ਅਤੇ ਸਿਵਲ ਡਿਫੈਂਸ ਦੇ ਨੁਮਾਇੰਦੇ ਮੌਜੂਦ ਸਨ। ਇਸੇ ਤਰ੍ਹਾਂ ਆਈਓਐਲ ਫੈਕਟਰੀ ਫਤਿਹਗੜ੍ਹ ਛੰਨਾ ਵਿਖੇ ਗੈਸ ਲੀਕ ਹੋਣ ਦੀ ਸੂਰਤ ਵਿੱਚ ਵਰਤੀ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਅਭਿਆਸ ਕੀਤਾ ਗਿਆ। ਉਪ ਮੰਡਲ ਮਜਿਸਟ੍ਰੇਟ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਮੌਕ ਡਰਿੱਲ ਅਤੇ ਬਲੈਕ ਆਊਟ ਦੌਰਾਨ ਸਰਕਾਰ ਵੱਲੋਂ ਜਾਰੀ ਹਿਦਾਇਤਾਂ ਦੀ ਪਾਲਣਾ ਕਰਨ ਅਤੇ ਪ੍ਰਸ਼ਾਸਨ ਦਾ ਸਾਥ ਦੇਣ।

## ਮੰਡੀਆਂ ਵਿੱਚ ਲਿਫਟਿੰਗ ਦੀ ਢਿੱਲੀ ਰਫ਼ਤਾਰ ਕਾਰਨ ਕਿਸਾਨਾਂ ਅਤੇ ਆੜ੍ਹਤੀਆਂ ਦਾ ਹੋ ਸਕਦਾ ਭਾਰੀ ਨੁਕਸਾਨ : ਕੁਲਵੰਤ ਮਾਨ

ਭਦੌੜ, 8 ਮਈ (ਸੁਖਵਿੰਦਰ ਪਲਾਹਾ):ਪੰਜਾਬ ਦੀਆਂ ਦਾਣਾ ਮੰਡੀਆਂ ਵਿੱਚ ਲਗਭਗ ਕਿਸਾਨ ਕਣਕ ਵੇਚਕੇ ਵਿਹਲਾ ਹੋ ਚੁੱਕਿਆ ਹੈ ਪਰ ਮੌਸਮ ਖਰਾਬ ਕਾਰਨ ਮੰਡੀਆਂ ਵਿੱਚੋਂ ਕਣਕ ਦੀ ਲਿਫਟਿੰਗ ਦੀ ਰਫ਼ਤਾਰ ਕਾਫੀ ਢਿੱਲੀ ਚੱਲ ਰਹੀਂ ਹੈ। ਕਣਕ ਦੇ ਗੱਟਿਆਂ ਦੇ ਲੱਗੇ ਅੰਬਾਰ ਮੰਡੀਆਂ ਵਿੱਚ ਰੱਬ ਆਸਰੇ ਪਏ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਧਨੇਰ ਦੇ ਜ਼ਿਲ੍ਹਾ ਪ੍ਰਧਾਨ ਕੁਲਵੰਤ ਸਿੰਘ ਭਦੌੜ ਨੇ ਦੱਸਿਆ ਕਿ ਮੰਡੀਆਂ ਵਿੱਚ ਲੇਬਰ ਅਤੇ ਆੜ੍ਹਤੀਆ ਵੀ ਮੰਡੀਆਂ ਵਿੱਚ ਬੱਝਿਆ ਬੈਠਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਕਣਕ ਦੀ ਚੁਕਾਈ ਵਿੱਚ ਤੇਜੀ ਲਿਆਉਣੀ ਚਾਹੀਦੀ ਹੈ ਜਿਹੜਾ ਮਾਲ ਸ਼ੈਡਾਂ ਥੱਲੇ ਪਿਆ ਹੈ ਉਸ ਦੇ ਥੱਲੇ ਬਾਰਿਸ਼ ਦਾ ਪਾਣੀ ਦਾਖਲ ਹੋ ਜਾਣ ਕਾਰਨ ਉਸਦਾ ਭਾਰੀ ਨੁਕਸਾਨ ਹੋ ਰਿਹਾ ਹੈ। ਬਰਨਾਲੇ ਜ਼ਿਲ੍ਹੇ ਦੀਆਂ ਮੰਡੀਆਂ ਦੇ ਪੁਰਾਣੇ ਸਸ਼ੈਡ ਬਣੇ ਹੋਏ ਹਨ ਉਹ ਮੰਡੀਆਂ



ਦੇ ਫੜ ਨਾਲੋਂ ਘੱਟੋ ਘੱਟ ਸੈਂਡ ਵਾਲੀ ਜਗ੍ਹਾ ਇੱਕ ਫੁੱਟ ਉੱਚੀ ਹੋਣੀ ਚਾਹੀਦੀ ਹੈ ਤਾਂ ਕਿ ਬਾਰਿਸ਼ ਦਾ ਪਾਣੀ ਜਿਨਸ ਦੇ ਹੇਠਾਂ ਨਾ ਵੜ ਸਕੇ। ਉਹਨਾਂ ਕਿਹਾ ਕਿ ਸੀਵਰੇਜ ਦੇ ਨਾਲ ਮੰਡੀਆਂ ਦੇ ਫੜਾਂ ਦਾ ਪਾਣੀ ਬਾਹਰ ਕੱਢਣ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ ਅਤੇ ਇਹ ਕੰਮ ਝੋਨੇ ਦੇ ਸੀਜ਼ਨ ਤੋਂ ਪਹਿਲਾਂ ਹੀ ਕਰ ਦੇਣਾ ਚਾਹੀਦਾ ਹੈ। ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਪਾਸੇ ਵੱਲ ਸਰਕਾਰ ਨੂੰ ਤੁਰੰਤ ਧਿਆਨ ਦੇਣ ਦੀ ਲੋੜ ਹੈ।

# ਬੂਟੇ ਲਾਉਣ ਅਤੇ ਨਸ਼ਿਆਂ ਦੀ ਰੋਕਥਾਮ ਲਈ ਕੀਤਾ ਜਾ ਰਿਹੈ ਸਮਾਜ ਨੂੰ ਜਾਗਰੂਕ

ਬਰਨਾਲਾ, 8 ਮਈ (ਸੁਖਵਿੰਦਰ ਸਿੰਘ ਭੰਡਾਰੀ):ਉਪਕਾਰ ਕੋਆਰਡੀਨੇਸ਼ਨ ਸੋਸਾਇਟੀ (ਰਜਿ.) ਬਰਨਾਲਾ ਵੱਲੋਂ ਬੂਟੇ ਲਾਉਣ ਅਤੇ ਨਸ਼ਿਆਂ ਦੀ ਰੋਕਥਾਮ ਲਈ ਸਮਾਜ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਾਤਾਵਰਣ ਪ੍ਰੇਮੀ ਸੰਗੀਤ ਸ਼ਰਮਾ ਪ੍ਰੈਸ ਸਕੱਤਰ ਨੇ ਦੱਸਿਆ ਕਿ ਬੂਟੇ ਲਗਾਉਣ ਨਾਲ ਆਲਾ ਦੁਆਲਾ ਸ਼ੁੱਧ ਰਹਿੰਦਾ ਹੈ। ਇਸ ਤਰ੍ਹਾਂ ਉਪਕਾਰ ਸੋਸਾਇਟੀ ਵੱਲੋਂ ਪਿੰਡਾਂ ਅਤੇ ਸ਼ਹਿਰਾਂ 'ਚ ਸੈਮੀਨਾਰ ਲਗਾਕੇ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਤੋਂ ਲੋਕਾਂ ਨੂੰ ਜਾਗਰੂਕ ਕਰਕੇ ਨਸ਼ੇ ਤਿਆਗਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ ਅਤੇ ਇਹ ਕੰਮ ਭਵਿੱਖ 'ਚ ਵੀ ਜਾਰੀ ਰਹੇਗੀ।

ਇਸ ਸਬੰਧੀ ਵਿਸਥਾਰ 'ਚ ਜਾਣਕਾਰੀ ਦਿੰਦੇ ਹੋਏ ਨੀਰਜ ਕੁਮਾਰ ਸਿੰਗਲਾ ਪ੍ਰਧਾਨ ਉਪਕਾਰ ਕੋਆਰਡੀਨੇਸ਼ਨ ਸੋਸਾਇਟੀ ਬਰਨਾਲਾ ਨੇ ਦੱਸਿਆ ਕਿ ਉਪਕਾਰ ਸੋਸਾਇਟੀ ਵਲੋਂ ਕੋਸ਼ਿਸ਼ ਕੀਤੀ ਗਈ ਹੈ ਕਿ ਸੋਸਾਇਟੀ ਮੈਂਬਰ ਦੇ ਵੱਲੋਂ ਖੁਸ਼ੀ ਮੌਕੇ ਆਪਣੀ ਇੱਛਾ ਨਾਲ ਵੱਖ ਵੱਖ ਥਾਵਾਂ




'ਤੇ ਬੂਟੇ ਲਗਾਏ ਜਾਣ, ਤਾਂਕਿ ਜਿਸ ਨਾਲ ਵਾਤਾਵਰਣ ਸ਼ੁੱਧ ਅਤੇ ਹਰਿਆ ਭਰਿਆ ਹੋ ਸਕੇ। ਸੋਸਾਇਟੀ ਵੱਲੋਂ ਇਹ ਵਧੀਆ ਪਹਿਲ ਕੀਤੀ ਗਈ ਹੈ ਕਿਉਂਕਿ ਦਰੱਖਤ ਕਾਰਬਨ ਡਾਈਆਕਸਾਈਡ ਗੈਸ ਨੂੰ ਗ੍ਰਹਿਣ ਕਰਕੇ ਆਕੀਜ਼ਨ ਛੱਡਦੇ ਹਨ। ਉਪਕਾਰ ਸੋਸਾਇਟੀ ਦੀ ਇਸ ਮੁਹਿੰਮ ਨਾਲ ਹਰੇਕ ਸ਼ਹਿਰ ਵਾਸੀ,ਪਿੰਡ ਵਾਸੀ ਨੂੰ ਜੁੜਨ ਚਾਹੀਦਾ ਹੈ। ਇਸ ਮੌਕੇ ਉਪਕਾਰ ਸੋਸਾਇਟੀ ਮੈਂਬਰ ਅਸ਼ੋਕ ਕੁਮਾਰ, ਸਹਾਇਕ ਖ਼ਜ਼ਾਨਚੀ ਕਮ ਅਕਾਊਂਟੈਂਟ, ਸੀ.ਏ.ਜਯੋਤੀ ਸ਼ਰਨ ਆਦਿ ਹਾਜ਼ਰ ਸਨ।

# ਸਿੰਘ ਸਾਹਿਬ ਧਨੌਲਾ ਦਾ ਸੰਤ ਬਲਵੀਰ ਸਿੰਘ ਘੁੰਨਸ ਵੱਲੋਂ ਸਨਮਾਨ



ਤਪਾ ਮੰਡੀ, 8 ਮਈ (ਭੂਸ਼ਨ ਘੜੈਲਾ):ਤਪ-ਅਸਥਾਨ ਸੰਤ ਬਾਬਾ ਅਤਰ ਸਿੰਘ ਘੁੰਨਸ ਵਿਖੇ ਦਸਮੀਂ ਦੇ ਪਵਿੱਤਰ ਦਿਹਾੜੇ ਮੌਕੇ ਰਖਵਾਏ ਗਏ ਸ੍ਰੀ ਆਖੰਡ ਪਾਠ ਜੀ ਦੇ ਭੋਗ ਦੀ ਸੰਪੂਰਨਤਾ ਉਪਰੰਤ ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਦੇ ਸਿੰਘ ਸਾਹਿਬ ਸੰਤ ਬਾਬਾ ਟੇਕ ਸਿੰਘ ਧਨੌਲਾ ਦਾ ਤਪ ਅਸਥਾਨ ਸੰਤ ਬਾਬਾ ਅਤਰ ਸਿੰਘ ਘੁੰਨਸ ਵਿਖੇ ਪਹੁੰਚਣ ਤੇ ਸਾਬਕਾ ਮੁੱਖ ਸਸਦੀ ਸਕੱਤਰ,ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸੰਤ ਬਲਵੀਰ ਸਿੰਘ ਘੁੰਨਸ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਸਿੰਘ ਸਾਹਿਬ ਬਾਬਾ ਟੇਕ ਸਿੰਘ ਜੀ ਧਨੌਲਾ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਸਾਨੂੰ ਬਾਣੀ ਤੇ ਬਾਣੇ ਦੇ ਧਾਰਨੀ ਹੋਣਾ ਚਾਹੀਦਾ ਹੈ, ਬੀਬੀਆਂ ਤੇ ਨੌਜਵਾਨਾਂ ਨੂੰ ਗੁਰੂ ਸਾਹਿਬ ਦੇ ਲੜ ਲੱਗਕੇ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣਨਾ ਚਾਹੀਦਾ ਹੈ। ਇਸ ਮੌਕੇ ਗੁਰਜੰਟ ਸਿੰਘ ਜੰਟਾ,ਗ੍ਰੰਥੀ ਸਿੰਦਰ ਸਿੰਘ,ਇੰਚਾਰਜ ਭੋਲਾ ਸਿੰਘ ਤਲਵੰਡੀ ਸਾਬੋ,ਸਰਪੰਚ ਬੇਅੰਤ ਸਿੰਘ,ਵਿਸਾਖਾ ਸਿੰਘ,ਚਮਕੌਰ ਸਿੰਘ ਸਿਵੀਆ,ਗੁਰਸੇਵਕ ਸਿੰਘ ਸਿਵੀਆ,ਪ੍ਰੀਤ ਭਦੌੜ,ਬੂਟਾ ਸਿੰਘ,ਨੰਬਰਦਾਰ ਗੁਰਦੀਪ ਸਿੰਘ ਅਤਰ ਸਿੰਘ ਵਾਲਾ,ਸਰਪੰਚ ਗੁਰਜੀਤ ਸਿੰਘ,ਸੁਖਵਿੰਦਰ ਸਿੰਘ,ਮੱਖਣ ਸਿੰਘ ਤੇ ਹੋਰ ਨਗਰ ਨਿਵਾਸੀ ਹਾਜ਼ਰ ਸਨ।

# ਪਿਛਲੇ ਸਾਲ ਨਾਲੋਂ ਇਸ ਸਾਲ 7 ਫੀਸਦੀ ਕਣਕ ਦੀ ਘੱਟ ਆਮਦ ਹੋਈ



ਤਪਾ ਮੰਡੀ, 8 ਮਈ (ਭੂਸ਼ਨ ਘੜੈਲਾ):ਮਾਰਕੀਟ ਕਮੇਟੀ ਤਪਾ ਦੇ ਅਧੀਨ ਆਉਂਦੇ ਖਰੀਦ ਕੇਂਦਰਾਂ ਪਿਛਲੇ ਸਾਲ ਨਾਲੋਂ 7ਫੀਸਦੀ ਕਣਕ ਦੀ ਆਮਦ ਘੱਟ ਹੋਣ ਦੀਆਂ ਖਬਰਾਂ ਹਨ। ਮਾਰਕੀਟ ਕਮੇਟੀ ਦੇ ਸਕੱਤਰ ਹਰਦੀਪ ਸਿੰਘ ਅਨੁਸਾਰ ਪਿਛਲੇ ਸਾਲ ਅੱਜ ਦੇ ਦਿਨਾਂ ਵਿੱਚ ਕਣਕ ਦੀ ਖਰੀਦ 1038330 ਕੁਇੰਟਲ ਹੋਈ ਸੀ ਜਦਕਿ ਅੱਜ ਦੇ ਦਿਨ ਹੁਣ 965230 ਕੁਇੰਟਲ ਕਣਕ ਦੀ ਖਰੀਦ ਹੋ ਚੁੱਕੀ,ਜੋ ਕਿ ਪਿਛਲੇ ਸਾਲ ਨਾਲੋਂ 7 ਫੀਸਦੀ ਘੱਟ ਰਹੀ ਹੈ। ਉਨ੍ਹਾਂ ਇਹ ਵੀ ਕਿਹਾ ਕਿ 2-3 ਫੀਸਦੀ ਕਣਕ ਦੀ ਆਮਦ ਹੋਰ ਵੀ ਹੋ ਸਕਦੀ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ ਖਰੀਦ ਏਜੰਸ਼ੀ ਪਨਸਪ ਨੇ 225000,ਵੇਅਰਹਾਊਸ ਨੇ 139250,ਮਾਰਕਫੈਡ ਨੇ 415720,ਪਨਗ੍ਰੇਨ ਨੇ 180910 ਅਤੇ ਪ੍ਰਾਈਵੇਟ ਵਿਉਪਾਰੀ ਵੱਲੋਂ ਵੱਧ ਮੁੱਲ ਦੇਕੇ 4350 ਕੁਇੰਟਲ ਖਰੀਦ ਕੀਤੀ ਗਈ ਹੈ ਪਰ ਅਜੇ ਤੱਕ 258890 ਕੁਇੰਟਲ ਕਣਕ ਦੀਆਂ ਬੋਰੀਆਂ ਦੀ ਲਿਫਟਿੰਗ ਨਾ ਹੋਣ ਕਾਰਨ ਵੱਖ-ਵੱਖ ਖਰੀਦ ਕੇਂਦਰਾਂ 'ਚ ਪਈ ਹੈ। ਦੂਸਰੇ ਪਾਸੇ ਕੁਝ ਕਿਸਾਨਾਂ ਨਾਲ ਗੱਲਬਾਤ ਕਰਨ ਤੋਂ ਬਾਅਦ ਪਤਾ ਲੱਗਿਆ ਕਿ ਕਣਕ ਦਾ ਝਾੜ ਇਸ ਸਾਲ 60 ਤੋਂ 65 ਮਣ ਤੱਕ ਪ੍ਰਤੀ ਏਕੜ ਹੋਈ ਹੈ। ਇਨ੍ਹਾਂ ਅੰਕੜਿਆਂ ਤੋਂ ਭੰਬਲਭੂਸਾ ਪੈਦਾ ਹੁੰਦਾ ਹੈ ਕਿ ਕਣਕ ਦੀ ਖਰੀਦ 7 ਪ੍ਰਤੀਸ਼ਤ ਘੱਟ ਹੋਈ ਹੈ ਪਰੰਤੂ ਝਾੜ ਵਧੇਰੇ ਦੱਸਿਆ ਜਾ ਰਿਹਾ ਹੈ। ਇਸ ਤੋਂ ਇਹ ਨਤੀਜਾ ਵੀ ਕੱਢਿਆ ਜਾ ਸਕਦਾ ਹੈ ਕਿ ਕੁਝ ਅਮੀਰ ਕਿਸਾਨਾਂ ਨੇ ਭਾਅ ਨੂੰ ਦੇਖਦਿਆਂ ਕਣਕ ਦੀ ਸਟੋਰੇਜ ਕੀਤੀ ਹੈ।

## ਨਸ਼ੇ ਦੇ ਸੌਦਾਗਰਾਂ ਨੂੰ ਨੱਥ ਪਾਉਣਾ ਮਾਨ ਸਰਕਾਰ ਦਾ ਸ਼ਲਾਘਾਯੋਗ ਉਦਮ : ਚੇਅਰਮੈਨ ਢਿੱਲੋਂ

ਸ਼ੇਰਪੁਰ, 8 ਮਈ (ਰਣਜੀਤ ਸਿੰਘ ਪੇਧਨੀ):ਪੰਜਾਬ ਦੀ ਧਰਤੀ ਜੋ ਕਿ ਗੁਰੂਆਂ ਪੀਰਾਂ ਤੇ ਯੋਧਿਆਂ ਦੀ ਧਰਤੀ ਹੈ। ਪਰ ਬੀਤੀਆਂ ਸਰਕਾਰਾਂ ਦੀਆਂ ਨਲਾਇਕੀਆਂ ਕਾਰਨ ਪੰਜਾਬ ਦੀ ਨੌਜਵਾਨੀ ਨੂੰ ਨਸ਼ੇ ਦਾ ਦੈਂਤ ਨਿਗਲ ਰਿਹਾ ਸੀ। ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨਸ਼ੇ ਦੇ



ਕਾਰੋਬਾਰੀਆਂ ਦਾ ਖਾਤਮਾ ਹੋ ਰਿਹਾ ਹੈ ਅਤੇ ਪੰਜਾਬ ਹੁਣ ਰੰਗਲਾ ਪੰਜਾਬ ਬਣਨ ਵੱਲ ਵਧ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ. ਦਲਵੀਰ ਸਿੰਘ ਢਿੱਲੋਂ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਪਿਛਲੀਆਂ ਸਰਕਾਰਾਂ ਵੱਲੋਂ ਭਾਵੇਂ ਪੰਜਾਬ ਅੰਦਰ ਨਸ਼ੇ ਦੇ ਖਾਤਮੇ ਲਈ ਬਾਹਾਂ ਉਲਾਰ ਕੇ ਦਾਅਵੇ ਕੀਤੇ ਜਾ ਰਹੇ ਸਨ ਪਰ ਉਨ੍ਹਾਂ ਦੇ ਰਾਜ 'ਚ ਨਸ਼ਾ ਖਤਮ ਤਾਂ ਕੀ ਹੋਣਾ ਸੀ ਬਲਕਿ ਉਸਦਾ ਮੱਕੜ ਜਾਲ ਦਿਨ ਪ੍ਰਤੀ ਦਿਨ ਵੱਧਦਾ ਹੀ ਗਿਆ। ਆਮ ਆਦਮੀ ਪਾਰਟੀ ਦੀ ਸਰਕਾਰ ਪਹਿਲੀ ਵਾਰ ਹੋਂਦ ਵਿਚ ਆਈ ਹੈ ਜੋ ਸੂਬੇ ਅੰਦਰ ਨਸ਼ੇ ਦੇ ਖਿਲਾਫ ਨਿਰਣਾਇਕ ਜੰਗ ਲੜ ਰਹੀ ਹੈ। ਉਨ੍ਹਾਂ ਕਿਹਾ ਕਿ ਜਦੋਂ ਤੋਂ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਆਏ ਦਿਨ ਨਸ਼ੇ ਦੇ ਸੌਦਾਗਰਾਂ ਨੂੰ ਨੱਥ ਪਾਈ ਜਾ ਰਹੀ ਹੈ, ਨਸ਼ੇ ਦੇ ਵਪਾਰੀਆਂ ਵੱਲੋਂ ਨਸ਼ੇ ਵੇਚਕੇ ਉਸਾਰੇ ਗਏ ਮਹਿਲ ਵੀ ਢਹਿ ਢੇਰੀ ਕੀਤੇ ਜਾ ਰਹੇ ਹਨ।

# ਸਿਵਲ ਸਰਜਨ ਡਾ. ਬਲਜੀਤ ਸਿੰਘ ਵੱਲੋਂ ਸਬ ਡਵੀਜ਼ਨਲ ਹਸਪਤਾਲ ਤਪਾ ਦਾ ਅਚਨਚੇਤ ਦੌਰਾ




ਤਪਾ ਮੰਡੀ, 8 ਮਈ(ਭੂਸ਼ਨ ਘੜੈਲਾ/ਰਾਜੂ ਮਹਿਰਾ):ਸਿਵਲ ਸਰਜਨ ਬਰਨਾਲਾ ਡਾ.ਬਲਜੀਤ ਸਿੰਘ ਵੱਲੋਂ ਸਬ ਡਵੀਜ਼ਨਲ ਹਸਪਤਾਲ ਤਪਾ ਦਾ ਅਚਨਚੇਤੀ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਹਸਪਤਾਲ ਵਿਖੇ ਮਿਲ ਰਹੀਆਂ ਵੱਖ-ਵੱਖ ਸਿਹਤ ਸੁਵਿਧਾਵਾਂ ਦਾ ਜਾਇਜ਼ਾ ਲਿਆ। ਡਾ. ਬਲਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਯੁੱਧ ਨਸ਼ਿਆਂ ਵਿਰੁੱਧ, ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਅਤੇ ਸਕੂਲਾਂ ਵਿੱਚ ਤੇ ਸਕੂਲਾਂ ਦੇ 100 ਮੀਟਰ ਦੇ ਆਸ-ਪਾਸ ਦੇ ਖ਼ੇਤਰ ਵਿੱਚ ਐਨਰਜੀ ਡਰਿੰਕਸ ਦੀ ਮਨਾਹੀ ਬਾਰੇ ਵੱਧ ਤੋਂ ਵੱਧ ਲੋਕਾਂ ਨੂੰ ਜਾਗਰੂਕ ਕੀਤੇ ਜਾਵੇ। ਉਨ੍ਹਾਂ ਕਿਹਾ ਕਿ ਸਾਡਾ ਮੁੱਢਲਾ ਫਰਜ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣਾ ਹੈ। ਇਸ ਦੌਰਾਨ ਉਨ੍ਹਾਂ ਇਹ ਵੀ ਕਿਹਾ ਕਿ ਲੋੜਵੰਦ ਤੇ ਯੋਗ ਵਰਗ ਨੂੰ ਮਿਲਣ ਵਾਲੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤੇ ਹੋਰ ਵੱਖ ਵੱਖ ਯੋਜਨਾਵਾਂ ਬਾਰੇ ਵੀ ਵੱਧ ਤੋਂ ਵੱਧ ਲੋਕਾਂ ਨੂੰ ਜਾਣਕਾਰੀ ਦਿੱਤੀ ਜਾਵੇ। ਇਸ ਦੌਰਾਨ ਉਨ੍ਹਾਂ ਐਮਰਜੈਂਸੀ, ਓ.ਪੀ.ਡੀ. ਜੱਚਾ-ਬੱਚਾ ਵਿਭਾਗ, ਫਾਰਮੇਸੀ ਆਦਿ ਵਿੱਚ ਮਰੀਜ਼ਾਂ ਨੂੰ ਮਿਲ ਰਹੀਆਂ ਸਹੂਲਤਾਂ ਦਾ ਵੀ ਜਾਇਜ਼ਾ ਲਿਆ। ਇਸ ਤੋਂ ਇਲਾਵਾ ਉਨ੍ਹਾਂ ਇਲਾਜ ਅਧੀਨ ਮਰੀਜ਼ਾਂ ਨਾਲ ਗੱਲਬਾਤ ਵੀ ਕੀਤੀ ਅਤੇ ਮਰੀਜ਼ਾਂ ਨੂੰ ਮਿਲ ਰਹੀਆਂ ਸਹੂਲਤਾਂ ਬਾਰੇ ਤਸੱਲੀ ਪ੍ਰਗਟ ਕੀਤੀ ਗਈ। ਇਸ ਉਪਰੰਤ ਸਿਵਲ ਸਰਜਨ ਵੱਲੋਂ ਸਮੂਹ ਸਟਾਫ ਨਾਲ ਮੀਟਿੰਗ ਕੀਤੀ ਗਈ ਤੇ ਸਾਰਿਆਂ ਨੂੰ ਸਮੇਂ ਦੀ ਪਾਬੰਧੀ ਤੇ ਅਨੁਸ਼ਾਸਨ ਵਿੱਚ ਰਹਿਣ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਸਾਰੇ ਅਧਿਕਾਰੀ ਤੇ ਕਰਮਚਾਰੀ ਆਪਣਾ ਕੰਮ ਸਮੇਂ ਸਿਰ ਤੇ ਇਮਾਨਦਾਰੀ ਨਾਲ ਕਰਨ ਤਾਂ ਜੋ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਸੀਨੀਅਰ ਮੈਡੀਕਲ ਅਫਸਰ ਡਾ.ਇੰਦੂ ਬਾਂਸਲ ਨੇ ਉਨ੍ਹਾਂ ਨੂੰ ਲੋਕ ਹਿੱਤ ਵਿੱਚ ਲਗਾਤਾਰ ਤੇ ਹੋਰ ਬਿਹਤਰ ਕੰਮ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਡਾ. ਗੁਰਪ੍ਰੀਤ ਸਿੰਘ ਮਾਹਲ, ਡਾ. ਕੰਵਲਜੀਤ ਸਿੰਘ ਬਾਜਵਾ, ਡਾ. ਗੁਰਸਾਗਰਦੀਪ ਸਿੰਘ, ਡਾ. ਜਸਵੀਰ ਕੌਰ, ਡਾ. ਰੁਪਿੰਦਰ ਕੌਰ, ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਕੁਲਦੀਪ ਸਿੰਘ ਮਾਨ, ਬਲਾਕ ਐਜੂਕੇਟਰ ਜਸਪਾਲ ਸਿੰਘ ਜਟਾਣਾ, ਜੂਨੀਅਰ ਸਹਾਇਕ ਬੂਟਾ ਸਿੰਘ, ਨਰਸਿੰਗ ਸਿਸਟਰ ਸਵਰਨ ਕੌਰ, ਐਸ.ਆਈ ਰਣਜੀਵ ਕੁਮਾਰ, ਮ.ਪ.ਹ.ਵ ਗਗਨਦੀਪ ਸਿੰਘ ਸਮੇਤ ਹਸਪਤਾਲ ਦਾ ਸਮੂਹ ਸਟਾਫ ਹਾਜ਼ਰ ਸੀ।

# ਵਿਦਿਆਰਥੀਆਂ ਨੇ ਆਪਣੀਆਂ ਮਾਵਾਂ ਲਈ ਵਿਸ਼ੇਸ਼ ਤੌਰ 'ਤੇ ਬਿਜ਼ਨਸ ਕਾਰਡ ਤਿਆਰ ਕੀਤੇ



ਬਰਨਾਲਾ, 8 ਮਈ (ਅਮਨਦੀਪ ਸਿੰਘ):ਬੀਵੀਐਮ ਇੰਟਰਨੈਸ਼ਨਲ ਸਕੂਲ ਦੇ ਬਿਜ਼ਨਸ ਕਲੱਬ ਦੇ ਵਿਦਿਆਰਥੀਆਂ ਨੇ ਮਾਂ ਦਿਵਸ ਮਨਾਉਣ ਲਈ 'ਮਾਈ ਮਦਰ: ਦ ਸੀਈਓ ਆਫ਼ ਮਾਈ ਲਾਈਫ਼' ਨਾਮਕ ਇੱਕ ਵਿਸ਼ੇਸ਼ ਗਤੀਵਿਧੀ ਦਾ ਆਯੋਜਨ ਕੀਤਾ। ਇਸ ਮੌਕੇ 'ਤੇ, ਵਿਦਿਆਰਥੀਆਂ ਨੇ ਆਪਣੀਆਂ ਮਾਵਾਂ ਲਈ ਵਿਸ਼ੇਸ਼ ਤੌਰ 'ਤੇ ਬਿਜ਼ਨਸ ਕਾਰਡ ਤਿਆਰ ਕੀਤੇ, ਜਿਨ੍ਹਾਂ 'ਤੇ ਉਨ੍ਹਾਂ ਨੇ ਆਪਣੀਆਂ ਮਾਵਾਂ ਦੀਆਂ ਵਿਸ਼ੇਸ਼ ਯੋਗਤਾਵਾਂ, ਭੂਮਿਕਾਵਾਂ ਅਤੇ ਗੁਣਾਂ ਨੂੰ ਦਰਸਾਇਆ।ਵਿਦਿਆਰਥੀਆਂ ਨੇ ਕਾਰਡਾਂ 'ਤੇ ਆਪਣੀ ਮਾਂ ਨੂੰ ਰਚਨਾਤਮਕ ਤੌਰ 'ਤੇ 'ਸੀਈਓ' ਵਜੋਂ ਸੰਬੋਧਿਤ ਕੀਤਾ ਅਤੇ ਉਨ੍ਹਾਂ ਦੁਆਰਾ ਨਿਭਾਈਆਂ ਗਈਆਂ ਵੱਖ-ਵੱਖ ਜ਼ਿੰਮੇਵਾਰੀਆਂ ਨੂੰ ਦਰਸਾਇਆ - ਜਿਵੇਂ ਕਿ ਵਿੱਤ ਪ੍ਰਬੰਧਕ (ਘਰੇਲੂ ਬਜਟ ਦਾ ਪ੍ਰਬੰਧਨ), ਸੰਚਾਲਨ ਮੁਖੀ (ਘਰੇਲੂ ਕੰਮਾਂ ਦਾ ਪ੍ਰਬੰਧਨ), ਤੰਦਰੁਸਤੀ ਪ੍ਰਬੰਧਕ (ਪਰਿਵਾਰ ਦੀ ਸਿਹਤ ਦਾ ਧਿਆਨ ਰੱਖਣਾ)। ਇਸ ਗਤੀਵਿਧੀ ਰਾਹੀਂ ਵਿਦਿਆਰਥੀਆਂ ਨੂੰ ਨਾ ਸਿਰਫ਼ ਕਾਰੋਬਾਰੀ ਸੰਕਲਪਾਂ ਦੀ ਬਿਹਤਰ ਸਮਝ ਮਿਲੀ ਸਗੋਂ ਉਨ੍ਹਾਂ ਨੇ ਆਪਣੀ ਮਾਂ ਪ੍ਰਤੀ ਆਪਣਾ ਧੰਨਵਾਦ ਵੀ ਪ੍ਰਗਟ ਕੀਤਾ।ਇਹ ਗਤੀਵਿਧੀ ਵਿਦਿਆਰਥੀਆਂ ਦੁਆਰਾ ਤਿਆਰ ਕੀਤੇ ਕਾਰਡਾਂ ਦੀ ਪ੍ਰਦਰਸ਼ਨੀ ਅਤੇ ਸਮੂਹ ਡਰਾਇੰਗ ਨਾਲ ਸਮਾਪਤ ਹੋਈ। ਇਹ ਗਤੀਵਿਧੀ ਬੱਚਿਆਂ ਲਈ ਇੱਕ ਯਾਦਗਾਰੀ ਅਨੁਭਵ ਸੀ ਅਤੇ ਉਨ੍ਹਾਂ ਨੇ ਇੱਕ ਵਿਲੱਖਣ ਤਰੀਕੇਨਾਲਆਪਣੀਮਾਂਪ੍ਰਤੀਆਪਣੇਪਿਆਰ ਅਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ।

# ਮਾਂ ਦਿਵਸ 'ਤੇ ਫੋਟੋ ਫਰੇਮ ਬਣਾਉਣ ਦੀ ਗਤੀਵਿਧੀ ਦਾ ਆਯੋਜਨ

ਬਰਨਾਲਾ, 8 ਮਈ (ਹਿਮਾਂਸ਼ੂ ਗਰਗ)-ਮਦਰ ਟੀਚਰ ਕ੍ਰੈਚ ਅਤੇ ਪ੍ਰੀ-ਸਕੂਲ ਨੇ ਮਾਂ ਦਿਵਸ




'ਤੇ ਫੋਟੋ ਫਰੇਮ ਬਣਾਉਣ ਦੀ ਗਤੀਵਿਧੀ ਦਾ ਆਯੋਜਨ ਕੀਤਾ। ਇਹ ਮਦਰਜ਼ ਡੇ ਫੋਟੋ ਫਰੇਮ ਕ੍ਰਾਫਟ ਬੱਚਿਆਂ ਨੂੰ ਸਮੱਗਰੀ ਨੂੰ ਰੀਸਾਈਕਲ ਕਰਨਾ ਅਤੇ ਉਨ੍ਹਾਂ ਤੋਂ ਕੁਝ ਖਾਸ ਬਣਾਉਣਾ ਸਿਖਾਉਣ ਦਾ ਇੱਕ ਵਧੀਆ ਤਰੀਕਾ ਹੈ। ਸਾਰੇ ਵਿਦਿਆਰਥੀਆਂ ਨੇ ਇਸ ਗਤੀਵਿਧੀ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਆਪਣੇ ਅਧਿਆਪਕਾਂ ਦੀ ਮਦਦ ਨਾਲ ਇੱਕ ਸੁੰਦਰ ਫੋਟੋ ਫਰੇਮ ਬਣਾਉਣ ਲਈ ਸਜਾਵਟ ਸਮੱਗਰੀ ਲਿਆਂਦੀ ਤਾਂ ਜੋ ਉਨ੍ਹਾਂ ਦੇ ਜੀਵਨ ਵਿੱਚ ਮਾਂ ਪ੍ਰਤੀ ਆਪਣਾ ਪਿਆਰ ਅਤੇ ਸ਼ੁਕਰਗੁਜ਼ਾਰੀ ਪ੍ਰਗਟ ਕੀਤੀ ਜਾ ਸਕੇ। ਸਕੂਲ ਦੇ ਪ੍ਰਿੰਸੀਪਲ ਅਤੇ ਕੋਆਰਡੀਨੇਟਰ ਨੇ ਵਿਦਿਆਰਥੀਆਂ ਨੂੰ ਇਹ ਵੀ ਦੱਸਿਆ ਕਿ ਮਾਵਾਂ ਆਪਣੇ ਬੱਚਿਆਂ ਦੇ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਮਾਂ ਆਪਣੇ ਬੱਚਿਆਂ ਦੀ ਪਹਿਲੀ ਅਧਿਆਪਕ ਹੁੰਦੀ ਹੈ। ਉਹ ਆਪਣੇ ਬੱਚਿਆਂ ਦੇ ਨਾਲ ਖੜ੍ਹੀ ਹੈ ਅਤੇ ਹਰ ਮੁਸ਼ਕਲ ਵਿੱਚ ਉਨ੍ਹਾਂ ਦਾ ਮਾਰਗਦਰਸ਼ਨ ਕਰਦੀ ਹੈ।

# ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਬਲੈਕ ਆਊਟ ਬਾਰੇ ਜਾਗਰੂਕ ਕਰਨ ਦੇ ਬਾਵਜੂਦ ਕੁਝ ਲੋਕ ਰਹੇ ਲਾਪ੍ਰਵਾਹ



ਬਰਨਾਲਾ, 8 ਮਈ (ਸੁਖਵਿੰਦਰ ਸਿੰਘ ਭੰਡਾਰੀ):ਸਮਾਜ ਸੇਵੀ ਪ੍ਰਿੰਸੀਪਲ ਰਾਕੇਸ਼ ਗਰਗ, ਵਾਤਾਵਰਣ ਪ੍ਰੇਮੀ ਹਰਮਨਜੀਤ ਸਿੰਘ ਰੁਪਾਲ ਅਤੇ ਗਊ ਸੇਵਕ ਮਨੀਸ਼ ਗੋਇਲ ਨੇ ਕਿਹਾ ਕਿ ਭਾਰਤ ਤੇ ਪਾਕਿਸਤਾਨ ਵਿਚਕਾਰ ਸਿਖਰ 'ਤੇ ਪਹੁੰਚੇ ਤਣਾਅ ਨੂੰ ਮੁੱਖ ਰੱਖਦਿਆਂ ਕੇਂਦਰ ਸਰਕਾਰ ਨੇ ਭਾਰਤ ਦੇ ਵੱਖ-ਵੱਖ ਸ਼ਹਿਰਾਂ 'ਚ ਮੌਕ ਡਰਿੱਲ ਅਤੇ ਬਲੈਕ ਆਊਟ ਕਰਨ ਦੇ ਆਦੇਸ਼ ਦਿੱਤੇ ਸਨ। ਜ਼ਿਲ੍ਹਾ ਪ੍ਰਸ਼ਾਸਨ ਬਰਨਾਲਾ ਵੱਲੋਂ ਲੋਕਾਂ ਨੂੰ ਬਲੈਕ ਆਊਟ ਬਾਰੇ ਜਾਗਰੂਕ ਕਰਨ ਲਈ ਜਾਗਰੂਕਤਾ ਗਤੀਵਿਧੀ ਕਰਵਾਈ ਗਈ। ਇਸ ਗਤੀਵਿਧੀ 'ਚ ਬਰਨਾਲਾ ਵਿਖੇ ਜਿਆਦਾਤਰ ਲੋਕਾਂ ਨੇ ਰਾਤ 8 ਤੋਂ 8:10 ਵਜੇ ਤੱਕ ਬਲੈਕ ਆਊਟ 'ਚ ਭਾਗ ਲਿਆ ਅਤੇ ਆਪਣੀਆਂ ਲਾਈਟਾਂ ਬੰਦ ਰੱਖੀਆਂ ਪ੍ਰੰਤੂ ਕੁਝ ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਆਦੇਸ਼ਾਂ ਪ੍ਰਤੀ ਖੁੱਲ੍ਹ ਕੇ ਲਾਪਰਵਾਹੀ ਵਰਤੀ। ਉਹ ਆਪਣੀਆਂ ਕਾਰਾਂ, ਮੋਟਰਸਾਈਕਲ ਅਤੇ ਐਕਟਿਵਾ ਲੈ ਕੇ ਸੜਕਾਂ ਤੇ ਆਮ ਘੁੰਮਦੇ ਦਿਖਾਈ ਦਿੱਤੇ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬਲੈਕ ਆਊਟ ਬਾਰੇ ਜਾਗਰੂਕ ਕਰਨ ਦੇ ਹੁਕਮਾਂ ਦੀ ਉਲੰਘਣਾ ਕੀਤੀ। ਉਹਨਾਂ ਲੋਕਾਂ ਨੂੰ ਬੇਨਤੀ ਕੀਤੀ ਕਿ ਕੇਂਦਰ ਸਰਕਾਰ, ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੇ ਪਬਲਿਕ ਦੇ ਬਚਾਓ ਲਈ ਮੌਕ ਡਰਿੱਲ ਅਤੇ ਬਲੈਕ ਆਊਟ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਲਈ ਹੀ ਇਹ ਗਤੀਵਿਧੀ ਕਰਵਾਈ ਤਾਂ ਕਿ ਹਮਲਾ ਹੋਣ ਦੀ ਸੂਰਤ 'ਚ ਲੋਕ ਆਪਣਾ ਬਚਾਅ ਕਰ ਸਕਣ। ਉਕਤ ਸਮਾਜਿਕ ਕਾਰਕੁੰਨਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਜੇਕਰ ਅੱਗੇ ਤੋਂ ਅਜਿਹੀ ਗਤੀਵਿਧੀ ਕਰਾਉਣ ਦੀ ਲੋੜ ਪੈਂਦੀ ਹੈ ਤਾਂ ਜਿਹੜੇ ਲੋਕ ਅਜਿਹੀ ਲਾਪਰਵਾਹੀ ਵਰਤਦੇ ਹਨ, ਉਨਾਂ ਦੇ ਨਾਲ ਸਖ਼ਤੀ ਨਾਲ ਪੇਸ਼ ਆਇਆ ਜਾਵੇ । ਆਮ ਦੇਖਣ 'ਚ ਆਉਂਦਾ ਹੈ ਕਿ ਕੁਝ ਲੋਕ ਜ਼ੁਬਾਨ ਦੀ ਭਾਸ਼ਾ ਨਹੀਂ ਸਮਝਦੇ ਬਲਕਿ ਸਖ਼ਤੀ ਦੀ ਭਾਸ਼ਾ ਜਲਦੀ ਸਮਝ ਜਾਂਦੇ ਹਨ। ਉਹਨਾਂ ਇਲਾਕਾ ਨਿਵਾਸੀਆਂ ਨੂੰ ਵੀ ਬੇਨਤੀ ਕੀਤੀ ਕਿ ਅੱਗੇ ਤੋਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਪੂਰਾ ਸਹਿਯੋਗ ਦਿੱਤਾ ਜਾਵੇ।

# ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਆਤਮ-ਮੰਥਨ ਵਿਸ਼ੇ 'ਤੇ ਸੈਮੀਨਾਰ

ਬਠਿੰਡਾ, 8 ਮਈ (ਜਗਸੀਰ ਭੁੱਲਰ) : ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫ਼ੈਕਲਟੀ ਆਫ਼ ਮੈਨੇਜਮੈਂਟ ਐਂਡ ਕਾਮਰਸ ਵੱਲੋਂ ਆਤਮ-ਮੰਥਨ ਵਿਸ਼ੇ 'ਤੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸੀ.ਏ. ਚਰਨਜੋਤ ਸਿੰਘ ਨੰਦਾ, ਪ੍ਰਧਾਨ, ਦੀ ਇੰਸਟੀਚਿਊਟ ਆਫ਼ ਚਾਰਟਡ ਅਕਾਉਂਟੈਂਟਸ ਆਫ਼ ਇੰਡੀਆ (ਆਈ.ਸੀ.ਏ.ਆਈ.) ਨੇ ਬਤੌਰ ਮੁੱਖ ਮਹਿਮਾਨ, ਮੁੱਖ ਬੁਲਾਰੇ ਤੇ ਸੀ.ਏ. ਦਰਪਣ ਕੁਮਾਰ, ਚੇਅਰਮੈਨ ਬਠਿੰਡਾ ਬ੍ਰਾਂਚ ਆਫ਼ ਆਈ.ਸੀ.ਏ.ਆਈ. ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਪ੍ਰੋ. (ਡਾ.) ਰਾਮੇਸ਼ਵਰ ਸਿੰਘ, ਉਪ ਕੁਲਪਤੀ, ਡਾ. ਪੀਯੂਸ਼ ਵਰਮਾ, ਰਜਿਸਟਰਾਰ, ਡਾ. ਆਰ.ਪੀ.ਸਹਾਰਨ, ਡੀਨ ਅਕਾਦਮਿਕ, ਡਾ. ਅਸ਼ਵਨੀ ਸੇਠੀ, ਡਾਇਰੈਕਟਰ ਯੋਜਨਾ ਤੇ ਵਿਕਾਸ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਮੁੱਖ ਬੁਲਾਰੇ ਡਾ. ਨੰਦਾ ਨੇ ਵਿਦਿਆਰਥੀਆਂ ਨੂੰ ਆਪਣੇ ਪ੍ਰੇਰਣਾਦਾਈ ਸੰਬੋਧਨ ਵਿੱਚ ਕਿਹਾ ਕਿ ਵਿਅਕਤੀ ਦਾ ਦ੍ਰਿਸ਼ਟੀਕੋਣ ਤੇ ਆਤਮ ਵਿਸ਼ਵਾਸ ਕਿਸੇ ਵੀ ਕੰਮ ਦਾ ਨਤੀਜਾ




ਨਿਸ਼ਚਿਤ ਕਰਦਾ ਹੈ ਇਸ ਲਈ ਉਨ੍ਹਾਂ ਸਾਰਿਆਂ ਨੂੰ ਪੱਕੇ ਇਰਾਦੇ ਨਾਲ ਆਪਣਾ-ਆਪਣਾ ਕੰਮ ਜਾਂ ਆਪਣੇ ਪ੍ਰੋਜੈਕਟ ਪੂਰੇ ਕਰਨ ਦਾ ਮਸ਼ਵਰਾ ਦਿੱਤਾ। ਉਨ੍ਹਾਂ ਕਿਹਾ ਕਿ ਕਾਮਯਾਬੀ ਲਈ ਆਪਣੇ ਕੰਮ ਨਾਲ ਮੁਹੱਬਤ ਕਰਨਾ ਅਤਿ ਜ਼ਰੂਰੀ ਹੈ। ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਆਪਣੇ ਮਾਂ ਬਾਪ ਦਾ ਸਨਮਾਨ ਕਰਨ ਦੀ ਪ੍ਰੇਰਣਾ ਵੀ ਦਿੱਤੀ। ਉਨ੍ਹਾਂ ਇਹ ਵੀ ਕਿਹਾ ਕਿ ਜ਼ਿੰਦਗੀ ਵਿੱਚ ਕਾਮਯਾਬੀ ਲਈ ਫਰਾਖ਼ ਦਿਲ ਦਾ ਹੋਣਾ ਜ਼ਰੂਰੀ ਹੈ। ਉਨ੍ਹਾਂ ਦੂਜਿਆਂ ਦੀਆਂ ਗਲਤੀਆਂ ਨੂੰ ਮਾਫ਼ ਕਰਦੇ ਹੋਏ ਭੁੱਲ ਜਾਣ ਦਾ ਮਸ਼ਵਰਾ ਦਿੱਤਾ। ਉਨ੍ਹਾਂ ਅਨੁਸਾਰ ਦੁਨੀਆਂ ਕੋਸ਼ਿਸ਼ਾਂ ਦੀ ਨਹੀਂ ਸਗੋਂ ਨਤੀਜਿਆਂ ਦੀ ਕਦਰ ਕਰਦੀ ਹੈ। ਇਸ ਲਈ ਜਿੰਨ੍ਹੀ ਦੇਰ ਤੱਕ ਮੰਜ਼ਿਲ ਨਾ ਮਿਲੇ ਪਾਂਧੀ ਨੂੰ ਰੁਕਣਾ ਨਹੀਂ ਚਾਹੀਦਾ।ਉੱਪ ਕੁਲਪਤੀ ਡਾ. ਸਿੰਘ ਨੇ ਮੁੱਖ ਮਹਿਮਾਨ ਵੱਲੋਂ ਵਰਸਿਟੀ ਵਿਦਿਆਰਥੀਆਂ ਦੇ ਸਰਵ ਪੱਖੀ ਵਿਕਾਸ ਲਈ ਆਈ.ਸੀ.ਏ.ਆਈ. ਨਾਲ ਕੀਤੇ ਦੁਵੱਲੇ ਸਮਝੌਤੇ ਲਈ ਪ੍ਰਗਟਾਈ ਸਹਿਮਤੀ ਲਈ ਧੰਨਵਾਦ ਕੀਤਾ। ਉਨ੍ਹਾਂ ਬਾਜ਼ਾਰ ਵਿੱਚ ਪੈਦਾ ਹੋ ਰਹੀਆਂ ਨਵੀਆਂ ਸੰਭਾਵਨਾਵਾਂ ਤੇ ਰੁਜ਼ਗਾਰ ਦੇ ਮੌਕਿਆਂ ਬਾਰੇ ਵਿਦਿਆਰਥੀਆਂ ਦੇ ਮਾਰਗ ਦਰਸ਼ਨ ਲਈ ਆਈ.ਸੀ.ਏ.ਆਈ. ਵੱਲੋਂ ਸ੍ਵੈ ਇੱਛਾ ਨਾਲ ਪੇਸ਼ ਕੀਤੀਆਂ ਸੇਵਾਵਾਂ ਅਤੇ ਆਯੋਜਿਤ ਕੀਤੇ ਜਾਣ ਵਾਲੇ ਸੈਮੀਨਾਰਾਂ ਦਾ ਸਵਾਗਤ ਕੀਤਾ।ਡਾ. ਵਰਮਾ ਨੇ ਮੁੱਖ ਬੁਲਾਰੇ ਵੱਲੋਂ ਜ਼ਿੰਦਗੀ ਦੇ ਤਜ਼ਰਬਿਆਂ ਰਾਹੀਂ ਸਾਂਝੇ ਕੀਤੇ ਗਏ ਜੀਵਨ ਦੇ ਫਲਸਫ਼ੇ ਅਤੇ ਮਾਰਗ ਦਰਸ਼ਨ ਲਈ ਧੰਨਵਾਦ ਕੀਤਾ।

ਡਾ. ਨਵਨੀਤ ਸੇਠ ਡੀਨ ਨੇ ਮੁੱਖ ਮਹਿਮਾਨ ਅਤੇ ਪਤਵੰਤਿਆਂ ਦੀ ਜਾਣ ਪਛਾਣ ਕਰਵਾਉਂਦੇ ਹੋਏ ਦੱਸਿਆ ਕਿ ਪ੍ਰਬੰਧਨ ਅਤੇ ਕਾਮਰਸ ਦੇ ਖੇਤਰ ਵਿੱਚ ਵਰਤਮਾਨ ਸਮੇਂ ਆਰਥਿਕ ਅਤੇ ਸਮਾਜਿਕ ਤਰੱਕੀ ਦੇ ਬਹੁਤ ਮੌਕੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਸਮੇਂ ਅਤੇ ਉਦਯੋਗਾਂ ਦੀ ਲੋੜ ਅਨੁਸਾਰ ਆਪਣੇ ਆਪ ਨੂੰ ਅੱਪਡੇਟ ਰੱਖਣ ਦੀ ਸਲਾਹ ਦਿੱਤੀ। ਆਯੋਜਕਾਂ ਵੱਲੋਂ ਮੁੱਖ ਮਹਿਮਾਨ ਅਤੇ ਪਤਵੰਤਿਆਂ ਨੂੰ ਯਾਦਾਸ਼ਤ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵੱਖ-ਵੱਖ-ਵੱਖ ਵਿਭਾਗਾਂ ਦੇ ਡੀਨ, ਫੈਕਲਟੀ ਮੈਂਬਰ ਅਤੇ ਲਗਭਗ 300 ਵਿਦਿਆਰਥੀਆਂ ਨੇ ਹਿੱਸਾ ਲਿਆ।

## ਸੜਕ ਹਾਦਸੇ 'ਚ ਬਜ਼ੁਰਗ ਦੀ ਮੌਤ, ਮਾਮਲਾ ਦਰਜ

ਬਰਨਾਲਾ, 8 ਮਈ (ਹਿਮਾਂਸ਼ੂ ਗਰਗ):ਕਸਬਾ ਹੰਡਿਆਇਆ ਵਿੱਚ ਬੀਤੀ ਰਾਤ ਇੱਕ ਬਜ਼ੁਰਗ ਸਾਈਕਲ ਸਵਾਰ ਦੀ ਮੌਤ ਹੋ ਗਈ। ਜਾਣਕਾਰੀ ਅਨੁਸਾਰ 60 ਸਾਲਾ ਸ਼ਮਸ਼ੇਰ ਸਿੰਘ ਘੁੰਨਸ ਹੰਡਿਆਇਆ ਫੈਕਟਰੀ 'ਚ ਡਿਊਟੀ 'ਤੇ ਜਾਣ ਲਈ ਆਪਣੀ ਸਾਈਕਲ 'ਤੇ ਹੰਡਿਆਇਆ ਜਾ ਰਿਹਾ ਸੀ, ਪਿਛੇ ਤੋਂ ਇੱਕ ਤੇਜ਼ ਰਫ਼ਤਾਰ ਅਤੇ ਲਾਪਰਵਾਹ ਕਾਰ ਚਾਲਕ ਨੇ ਉਸਨੂੰ ਪਿੱਛੇ ਤੋਂ ਟੱਕਰ ਮਾਰ ਦਿੱਤੀ, ਜਿਸ ਕਾਰਨ ਸ਼ਮਸ਼ੇਰ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ। ਥਾਣਾ ਹੰਡਿਆਇਆ ਦੇ ਏਐਸਆਈ ਗੁਰਮੇਲ ਸਿੰਘ ਨੇ ਦੱਸਿਆ ਕਿ ਲਾਸ਼ ਨੂੰ ਸਿਵਲ ਹਸਪਤਾਲ ਬਰਨਾਲਾ ਲਿਜਾਇਆ ਗਿਆ ਹੈ ਅਤੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

## ਬਿਰਧ ਆਸ਼ਰਮ ਵਿੱਚ ਰਹਿਣ ਲਈ ਲੋੜਵੰਦ ਬਜ਼ੁਰਗ ਆਪਣਾ ਰਜਿਸਟ੍ਰੇਸ਼ਨ ਜ਼ਿਲ੍ਹਾ ਸਮਾਜਿਕ ਸੁਰੱਖਿਆ ਦਫ਼ਤਰ ਵਿਖੇ ਕਰਵਾ ਸਕਦੇ ਨੇ :ਡੀ.ਸੀ.

ਬਰਨਾਲਾ, 8 ਮਈ (ਬਘੇਲ ਸਿੰਘ ਧਾਲੀਵਾਲ):ਡਿਪਟੀ ਕਮਿਸ਼ਨਰ ਬਰਨਾਲਾ ਟੀ ਬੈਨਿਥ ਨੇ ਦੱਸਿਆ ਕਿ ਡਾਇਰੈਕਟਰ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ, ਚੰਡੀਗੜ੍ਹ ਵੱਲੋਂ ਖੱਟਰ ਪੱਤੀ ਤਪਾ, ਜ਼ਿਲ੍ਹਾ ਬਰਨਾਲਾ ਵਿਖੇ ਲੋੜਵੰਦ ਬਜ਼ੁਰਗਾਂ ਦੇ ਰਹਿਣ ਲਈ 72 ਬੈੱਡਾਂ ਦਾ ਸਰਕਾਰੀ ਬਿਰਧ ਆਸ਼ਰਮ ਬਣਾਇਆ ਹੈ ਜਿਥੇ 8 ਬਜ਼ੁਰਗ ਰਹਿ ਰਹੇ ਹਨ। ਉਨ੍ਹਾਂ ਕਿਹਾ ਕਿ ਜੋ ਵੀ ਲੋੜਵੰਦ ਬਜ਼ੁਰਗ ਬਿਰਧ ਆਸ਼ਰਮ ਵਿੱਚ ਰਹਿਣਾ ਚਾਹੁੰਦੇ ਹਨ ਉਹ ਆਪਣਾ ਅਧਾਰ ਕਾਰਡ ਲੈ ਕੇ ਤਹਿਸੀਲ ਕੰਪਲੈਕਸ, ਨੇੜੇ ਸੇਵਾ ਕੇਂਦਰ, ਹੰਡਿਆਇਆ ਰੋਡ, ਦਫਤਰ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ, ਬਰਨਾਲਾ ਜਾਂ ਆਪਣੇ ਬਲਾਕ ਨਾਲ ਸਬੰਧਤ ਦਫ਼ਤਰ ਬਾਲ ਵਿਕਾਸ ਪ੍ਰੋਜੈਕਟ ਅਫਸਰ (ਸੀ ਡੀ ਪੀ ਓ) ਵਿਖੇ ਜਾ ਕੇ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਡਿਪਟੀ ਕਮਿਸ਼ਨਰ ਵੱਲੋਂ ਇਹ ਵੀ ਦੱਸਿਆ ਗਿਆ ਕਿ ਜੋ ਬਜ਼ੁਰਗ ਬਿਰਧ ਆਸ਼ਰਮ ਵਿੱਚ ਰਹਿਣਗੇ ਉਨ੍ਹਾਂ ਨੂੰ ਰਹਿਣ ਲਈ ਕਮਰੇ, ਸਿਹਤ ਅਤੇ ਮੈਡੀਕਲ ਸੇਵਾਵਾਂ, ਖਾਣਾ ਪੀਣਾ, ਕੱਪੜੇ, ਸੁਰੱਖਿਆ ਅਤੇ ਸੰਭਾਲ, ਲਾਇਬ੍ਰੇਰੀ ਅਤੇ ਹੋਰ ਆਧੁਨਿਕ ਸਹੂਲਤਾਂ ਮੁਫਤ ਮੁਹੱਈਆ ਕਰਵਾਈਆਂ ਜਾਣਗੀਆਂ। ਰਜਿਸਟ੍ਰੇਸ਼ਨ ਵਾਸਤੇ ਸਬੰਧਤ ਬਜ਼ੁਰਗ ਦਾ ਨਾਮ, ਪਿਤਾ ਦਾ ਨਾਮ, ਮੌਜੂਦਾ ਰਿਹਾਇਸ਼, ਮੋਬਾਈਲ ਨੰਬਰ, ਆਧਾਰ ਕਾਰਡ ਨੰਬਰ ਆਦਿ ਲੋੜੀਂਦਾ ਹੈ। ਵਧੇਰੇ ਜਾਣਕਾਰੀ ਲਈ 0167929110,9780356117 'ਤੇ ਸੰਪਰਕ ਕਰੋ।

# ਇਨਕਲਾਬੀ ਜਥੇਬੰਦੀਆਂ ਵੱਲੋਂ ਬਰਨਾਲਾ ਵਿਖੇ ਵਿਸ਼ਾਲ ਕਨਵੈਨਸ਼ਨ ਅਤੇ ਰੋਸ ਪ੍ਰਦਰਸ਼ਨ

ਬਰਨਾਲਾ, 8 ਮਈ (ਚਮਕੌਰ ਸਿੰਘ ਗੱਗੀ):ਮੋਦੀ ਹਕੂਮਤ ਵੱਲੋਂ ਪਹਿਲਗਾਮ ਘਟਨਾ ਦੀ ਫ਼ਿਰਕੂ ਸਿਆਸੀ ਮਨੋਰਥਾਂ ਲਈ ਵਰਤੋਂ ਵਿਰੁੱਧ ਅਤੇ ਬਦਲੇ ਦੇ ਨਾਂ ਹੇਠ ਪਾਕਿਸਤਾਨ ਖਿਲਾਫ਼ ਵਿੱਢੀ ਨਿਹੱਕੀ ਜ਼ੰਗ ਖਿਲਾਫ਼ ਇਨਕਲਾਬੀ ਜਥੇਬੰਦੀਆਂ ਲੋਕ ਮੋਰਚਾ ਪੰਜਾਬ ਅਤੇ ਇਨਕਲਾਬੀ ਕੇਂਦਰ ਪੰਜਾਬ ਵੱਲੋਂ ਬਰਨਾਲਾ ਵਿਖੇ ਵਿਸ਼ਾਲ ਕਨਵੈਨਸ਼ਨ ਅਤੇ ਰੋਸ ਪ੍ਰਦਰਸ਼ਨ ਕੀਤਾ ਗਿਆ। ਕਨਵੈਨਸ਼ਨ ਨੂੰ ਸੰਬੋਧਨ ਕਰਦਿਆਂ ਲੋਕ ਮੋਰਚਾ ਪੰਜਾਬ ਦੇ ਸੂਬਾ ਸਕੱਤਰ ਜਗਮੇਲ ਸਿੰਘ ਨੇ ਕਿਹਾ ਕਿ ਇਸ ਘਟਨਾ ਖਿਲਾਫ਼ ਸਭਨਾਂ ਭਾਈਚਾਰਿਆਂ ਵੱਲੋਂ ਦਿਖਾਈ ਇੱਕਮੁੱਠਤਾ ਦੇ ਬਾਵਜੂਦ ਇਸਦੀ ਵਰਤੋਂ ਦੇਸ਼ ਭਰ ਅੰਦਰ ਫ਼ਿਰਕੂ ਪਾਲਾਬੰਦੀਆਂ ਲਈ ਕੀਤੀ ਜਾ ਰਹੀ ਹੈ। ਇਸਨੂੰ ਪਹਿਲਾਂ ਹੀ ਵਿਤਕਰੇ ਦਾ ਸ਼ਿਕਾਰ ਘੱਟ ਗਿਣਤੀ ਮੁਸਲਿਮ ਅਤੇ ਕਸ਼ਮੀਰੀ ਭਾਈਚਾਰੇ ਖਿਲਾਫ਼ ਲਾਮਬੰਦੀ ਕਰਨ ਲਈ ਵਰਤਿਆ ਜਾ ਰਿਹਾ ਹੈ। ਅਜਿਹੀ ਲਾਮਬੰਦੀ ਦਾ ਮਕਸਦ ਲੋਕਾਂ ਅੰਦਰ ਵੰਡੀਆਂ ਡੂੰਘੀਆਂ ਕਰਕੇ ਉਨ੍ਹਾਂ ਦੀ ਭਾਈਚਾਰਕ ਨੂੰ ਖੋਰਨਾ ਅਤੇ ਹਕੂਮਤ ਦੀਆਂ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਇੱਕ ਅਸਰਦਾਰ ਤਾਕਤ ਵਿੱਚ ਪਲਟਣੋਂ ਰੋਕਣਾ ਹੈ। ਇਨਕਲਾਬੀ ਕੇਂਦਰ ਪੰਜਾਬ ਦੇ ਆਗੂ ਮੁਖਤਿਆਰ ਸਿੰਘ ਪੂਹਲਾ ਨੇ ਤੱਥਾਂ ਅਤੇ ਅੰਕੜਿਆਂ ਦੇ ਹਵਾਲੇ ਨਾਲ ਮੁਲਕ ਅੰਦਰ ਚੱਲ ਰਹੀ ਸਾਮਰਾਜੀ ਲੁੱਟ ਦੀ ਚਰਚਾ ਕੀਤੀ, ਜਿਸਨੂੰ ਇਸ ਜੰਗੀ ਜਨੂੰਨ ਬਣ ਅਤੇ ਅੰਨ੍ਹੀ ਦੇਸ਼ ਭਗਤੀ ਦੇ ਗੁਬਾਰ ਹੇਠ ਢਕਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਲੁੱਟ ਨੂੰ ਅੱਗੇ ਵਧਾਉਂਦਿਆਂ ਨਵੇਂ ਤੋਂ ਨਵੇਂ ਸਾਮਰਾਜੀ ਸਮਝੌਤੇ ਅਤੇ ਸੰਧੀਆਂ ਕੀਤੀਆਂ ਜਾ ਰਹੀਆਂ ਹਨ ਜਿਹਨਾਂ ਦੇ ਲੋਕਾਂ ਉੱਤੇ ਬੇਹੱਦ ਮਾਰੂ ਅਸਰ ਪੈਣੇ ਹਨ। ਉਹਨਾਂ ਨੇ ਇਸ ਜੰਗੀ ਜਨੂੰਨ ਨੂੰ ਰੱਦ ਕਰਨ ਅਤੇ ਸਾਮਰਾਜੀ ਲੁੱਟ ਖ਼ਿਲਾਫ਼ ਸਭਨਾਂ ਤਬਕਿਆਂ ਦੀ ਸਾਂਝ ਉਸਾਰਨ ਦਾ ਸੱਦਾ ਦਿੱਤਾ। ਇਸ ਮੌਕੇ ਹਾਜ਼ਰ ਇਕੱਠ ਵੱਲੋਂ ਬਸਤਰ ਅੰਦਰ ਆਦਿਵਾਸੀਆਂ ਅਤੇ ਇਨਕਲਾਬੀਆਂ ਦੇ ਭਾਰਤੀ ਹਕੂਮਤ ਵੱਲੋਂ ਕੀਤੇ ਜਾ ਰਹੇ ਕਤਲਾਂ ਅਤੇ ਅਪਰੇਸ਼ਨ ਕਗਾਰ ਖਿਲਾਫ਼, ਭਗਵੰਤ ਮਾਨ ਸਰਕਾਰ ਵੱਲੋਂ ਧਰਨਿਆਂ, ਰੋਸ ਪ੍ਰਦਰਸ਼ਨਾਂ ਉੱਤੇ ਲਾਈ ਪਾਬੰਦੀ ਖ਼ਿਲਾਫ, ਸਾਰੀਆਂ ਮੌਕਾਪ੍ਰਸਤ ਸਿਆਸੀ ਧਿਰਾਂ ਵੱਲੋਂ ਪਾਣੀਆਂ ਦੇ ਮੁੱਦੇ ਦੀ ਲੋਕਾਂ ਵਿੱਚ ਟਕਰਾਅ ਭੜਕਾਉਣ ਲਈ ਕੀਤੀ ਜਾ ਰਹੀ ਵਰਤੋਂ ਖਿਲਾਫ਼ ਅਤੇ ਮੋਦੀ ਹਕੂਮਤ ਵੱਲੋਂ ਆਮ ਲੋਕਾਂ ਉੱਤੇ ਮੜ੍ਹੀ ਭਰਾਮਾਰ ਜ਼ੰਗ ਖਿਲਾਫ਼ ਮਤੇ ਪਾਸ ਕੀਤੇ ਗਏ।



# ਪਟਿਆਲਾ-ਆਸ/ਪਾਸ



## ਜੱਸੀ ਸੋਹੀਆਂ ਵਾਲਾ ਨੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਚੇਅਰਮੈਨ ਤੇ ਅਧਿਕਾਰੀਆਂ ਨਾਲ ਕੀਤੀ ਮੁਲਾਕਾਤ

### ਚੇਅਰਮੈਨ ਨੇ ਧਰਤੀ ਹੇਠਲੇ ਪਾਣੀ ਦੇ ਦੂਸ਼ਿਤ ਹੋਣ ਦਾ ਮੁੱਦਾ ਉਠਾਇਆ



ਪਟਿਆਲਾ, 8 ਮਈ (ਰੁਪਾਣਾ/ ਦੀਪਕ ਜੈਦਕਾ) : ਜ਼ਿਲ੍ਹਾ ਯੋਜਨਾ ਕਮੇਟੀ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਅੱਜ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਮੁੱਖ ਦਫ਼ਤਰ ਵਿਖੇ ਪੁੱਜ ਕੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਚੇਅਰਮੈਨ ਡਾ. ਅਦਰਸ਼ਪਾਲ ਵਿੱਗ ਨਾਲ ਬੈਠਕ ਕੀਤੀ। ਮੀਟਿੰਗ ਦੌਰਾਨ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਵਾਤਾਵਰਣ ਦੀ ਸਾਂਭ ਸੰਭਾਲ ਸਬੰਧੀ ਬੋਰਡ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਪ੍ਰਸ਼ੰਸਾ ਕੀਤੀ ਅਤੇ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਨਾ ਕਰਨ ਸਬੰਧੀ ਆਮ ਪਬਲਿਕ ਨੂੰ ਜਾਗਰੂਕ ਕਰਨ ਲਈ ਉਪਰਾਲਿਆਂ 'ਤੇ ਜ਼ੋਰ ਦੇਣ ਲਈ ਵਿਚਾਰਾਂ ਹੋਈਆਂ। ਇਸ ਮੌਕੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਪਟਿਆਲਾ ਜ਼ਿਲ੍ਹੇ ਸਮੇਤ ਨਾਭਾ ਹਲਕੇ ਵਿੱਚ ਕਈ ਥਾਈਂ ਦੂਸ਼ਿਤ ਹੋ ਰਹੇ ਧਰਤੀ ਹੇਠਲੇ ਪਾਣੀ ਦਾ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ। ਇਸ ਮੌਕੇ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਮੈਂਬਰ ਸਕੱਤਰ ਗੁਰਿੰਦਰ ਸਿੰਘ ਮਜੀਠੀਆ ਅਤੇ ਰਾਜ ਕੁਮਾਰ ਰੱਤੜਾ, ਚੀਫ਼ ਇੰਜੀਨੀਅਰ ਵੀ ਹਾਜ਼ਰ ਸਨ। ਬੋਰਡ ਦੇ ਚੇਅਰਮੈਨ ਡਾ. ਅਦਰਸ਼ਪਾਲ ਵਿੱਗ ਵੱਲੋਂ ਚੇਅਰਮੈਨ ਜੱਸੀ ਸੋਹੀਆਂਵਾਲਾ ਨੂੰ ਬੋਰਡ ਵੱਲੋਂ ਤਿਆਰ ਕੀਤੀ ਵਰਮੀ ਕੰਪੋਸਟਿੰਗ (ਗੰਡੋਆ ਖਾਦ) ਬਣਾਉਣ ਦੀ ਵਿਧੀ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਅਤੇ ਪਲਾਸਟਿਕ ਬੈਗ ਦੀ ਵਰਤੋਂ ਬੰਦ ਕਰਨ ਦਾ ਸੰਦੇਸ਼ ਦਿੰਦੇ ਹੋਈ ਕੱਪੜੇ ਤੋਂ ਬਣੇ ਥੈਲੇ ਉਚੇਚੇ ਤੌਰ 'ਤੇ ਭੇਟ ਕੀਤੇ।

## ਸਿਹਤ ਮੰਤਰੀ ਦੀ ਹਦਾਇਤ, ਟਿੱਪਰਾਂ ਤੇ ਸਕੂਲੀ ਬੱਸਾਂ ਵੱਲੋਂ ਸਪੀਡ ਲਿਮਿਟ ਦੀ ਉਲੰਘਣਾ 'ਤੇ ਜ਼ੀਰੋ ਟਾਲਰੈਂਸ ਦੀ ਨੀਤੀ ਅਪਣਾਈ ਜਾਵੇ

### ☛ਸਵੇਰੇ ਸਕੂਲ ਲੱਗਣ ਤੇ ਦੁਪਹਿਰੇ ਛੁੱਟੀ ਦੇ ਸਮੇਂ ਦੌਰਾਨ ਸੜਕਾਂ 'ਤੇ ਟਿੱਪਰ ਚਲਾਉਣ ਦੀ ਮਨਾਹੀ ਦੀ ਸਖ਼ਤੀ ਨਾਲ ਹੋਵੇ ਪਾਲਣਾ : ਡਾ. ਬਲਬੀਰ ਸਿੰਘ

☛ਜ਼ਿਲ੍ਹਾ ਪ੍ਰਸ਼ਾਸਨ ਨਾਲ ਸੜਕ ਸੁਰੱਖਿਆ ਬਾਰੇ ਅਹਿਮ ਬੈਠਕ



ਪਟਿਆਲਾ, 8 ਮਈ (ਰੁਪਾਣਾ/ ਅਮਰਜੀਤ/ਵਿਨੋਦ ਸ਼ਰਮਾ) : ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਜ਼ਿਲ੍ਹਾ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਹੈ ਕਿ ਟਿੱਪਰਾਂ ਤੇ ਸਕੂਲ ਬੱਸਾਂ ਵੱਲੋਂ ਸਪੀਡ ਲਿਮਟ ਦੀ ਉਲੰਘਣਾ ਕਰਨ 'ਤੇ ਜ਼ੀਰੋ ਟਾਲਰੈਂਸ ਦੀ ਨੀਤੀ ਸਖ਼ਤੀ ਨਾਲ ਅਪਣਾਈ ਜਾਵੇ। ਬੀਤੇ ਦਿਨ ਸਮਾਣਾ ਦੇ ਸਕੂਲੀ ਬੱਚਿਆਂ ਦੀ ਭਿਆਨਕ ਸੜਕ ਹਾਦਸੇ ਵਿੱਚ ਮੌਤ ਦਾ ਗੰਭੀਰ ਨੋਟਿਸ ਲੈਂਦਿਆਂ ਸਿਹਤ ਮੰਤਰੀ ਨੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ, ਐਸ.ਪੀ. ਵੈਭਵ ਚੌਧਰੀ, ਆਰ.ਟੀ.ਏ ਨਮਨ ਮਾਰਕੰਨ ਸਮੂਹ ਐਸ.ਡੀ.ਐਮਜ਼ ਤੇ ਡੀ.ਐਸ.ਪੀ. ਟ੍ਰੈਫਿਕ ਸਮੇਤ ਹੋਰ ਹੋਰ ਸਬੰਧਤ ਵਿਭਾਗਾਂ ਨਾਲ ਸੜਕ ਸੁਰੱਖਿਆ ਬਾਰੇ ਇੱਕ ਅਹਿਮ ਬੈਠਕ ਕੀਤੀ। ਮੀਟਿੰਗ ਦੌਰਾਨ ਨੰਨ੍ਹੇ-ਮੁੰਨ੍ਹੇ ਬੱਚਿਆਂ ਦੀ ਮੌਤ ਦਾ ਸੋਗ ਮਨਾਉਂਦੇ ਹੋਏ ਦੋ ਮਿੰਟ ਦਾ ਮੌਨ ਰੱਖਕੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ ਗਈ। ਡਾ. ਬਲਬੀਰ ਸਿੰਘ ਨੇ ਮੀਟਿੰਗ ਦੌਰਾਨ ਸਪੱਸ਼ਟ ਕੀਤਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਇਸ ਗੱਲੋਂ ਵਚਨਬੱਧ ਹੈ ਕਿ ਸਕੂਲ ਵਾਹਨ ਸੁਰੱਖਿਆ ਮਾਪਦੰਡਾਂ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ, ਇਸ ਲਈ ਟਿੱਪਰਾਂ ਦੀ ਸਪੀਡ ਸੜਕਾਂ ਉਪਰ ਚੱਲਣ ਸਮੇਂ 60 ਕਿਲੋਮੀਟਰ ਪ੍ਰਤੀ ਘੰਟਾ ਤੋਂ ਵੱਧ ਨਹੀਂ ਹੋਣੀ ਚਾਹੀਦੀ। ਇਸ ਤੋਂ ਬਿਨ੍ਹਾਂ ਹਰੇਕ ਟਿੱਪਰ ਵਿੱਚ ਸਪੀਡ ਗਵਰਨਰ ਲੱਗਿਆ ਹੋਵੇ ਤੇ ਸਕੂਲੀ ਬੱਸਾਂ ਵੱਲੋਂ ਵੀ ਸੇਫ਼ ਸਕੂਲ ਵਾਹਨ ਨੀਤੀ ਮੁਤਾਬਕ ਇੱਕ ਨਿਰਧਾਰਤ ਮਾਪਦੰਡਾਂ ਨੂੰ ਪੂਰਾ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ। ਸਿਹਤ ਮੰਤਰੀ ਨੇ ਜ਼ਿਲ੍ਹਾ ਪ੍ਰਸ਼ਾਸਨ ਤੇ ਪੁਲਿਸ ਨੂੰ ਹਦਾਇਤ ਕੀਤੀ ਕਿ ਇਹ ਵੀ ਯਕੀਨੀ ਬਣਾਇਆ ਜਾਵੇ ਕਿ ਸਵੇਰੇ ਸਕੂਲ ਲੱਗਣ ਸਮੇਂ ਅਤੇ ਦੁਪਹਿਰ ਸਕੂਲਾਂ ਦੀ ਛੁੱਟੀ ਦੇ ਸਮੇਂ ਦੌਰਾਨ ਸੜਕਾਂ ਉਪਰ ਟਿੱਪਰ ਨਾ ਚੱਲਣ ਅਤੇ ਜੇਕਰ ਕੋਈ ਉਲੰਘਣਾ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਨ ਲਈ ਕਿਸੇ ਅਧਿਕਾਰੀ ਜਾਂ ਕਰਮਚਾਰੀ ਦੀ ਮਿਲੀਭੁਗਤ ਸਾਹਮਣੇ ਆਈ ਤਾਂ ਸਰਕਾਰ ਉਸਨੂੰ ਵੀ ਨਹੀਂ ਬਖ਼ਸ਼ੇਗੀ। ਉਨ੍ਹਾਂ ਟ੍ਰੈਫਿਕ ਪੁਲਿਸ, ਟਰਾਂਸਪੋਰਟ ਤੇ ਸਿਹਤ ਵਿਭਾਗ ਨੂੰ ਹਦਾਇਤ ਕੀਤੀ ਕਿ ਸਾਰੇ ਟਿੱਪਰ ਤੇ ਟਰੱਕ ਡਰਾਈਵਰਾਂ ਸਮੇਤ ਸਕੂਲੀ ਬੱਸਾਂ ਦੇ ਚਾਲਕਾਂ ਦੀ ਫਿਟਨੈਸ ਜਾਂਚ, ਡੋਪ ਟੈਸਟ ਤੇ ਅੱਖਾਂ ਦੀ ਨਜ਼ਰ ਜਾਂਚ ਸਮੇਤ ਇਨ੍ਹਾਂ ਨੂੰ ਆਵਾਜਾਈ ਨੇਮਾਂ ਦੀ ਟ੍ਰੇਨਿੰਗ ਕਰਵਾਉਣੀ ਵੀ ਯਕੀਨੀ ਬਣਾਈ ਜਾਵੇ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਬੀਤੇ ਦਿਨ ਹੋਇਆ ਹਾਦਸਾ ਅਸਹਿ ਹੈ, ਇਸ ਲਈ ਸਮੂਹ ਅਧਿਕਾਰੀ ਇਸ ਗੱਲ ਦੀ ਸਹੁੰ ਚੁੱਕਣ ਕਿ ਉਹ ਸੜਕਾਂ ਨੂੰ ਸੁਰੱਖਿਅਤ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡਣਗੇ, ਕਿਉਂਕਿ ਕਿਸੇ ਦੀ ਵੀ ਜਾਨ ਸੜਕ ਹਾਦਸੇ ਵਿੱਚ ਅਜਾਂਈ ਚਲੀ ਜਾਣੀ ਪਰਿਵਾਰਕ ਮੈਂਬਰਾਂ ਲਈ ਨਾ ਪੂਰਾ ਹੋਣ ਵਾਲਾ ਘਾਟਾ ਹੁੰਦਾ ਹੈ। ਉਨ੍ਹਾਂ ਨੇ ਰਾਜਿੰਦਰਾ ਹਸਪਤਾਲ ਮੂਹਰੇ ਤੇ ਸੜਕਾਂ 'ਤੇ ਬਣੇ ਢਾਬਿਆਂ ਦੇ ਦੇਰ ਰਾਤ ਸਮੇਂ ਤੱਕ ਖੁੱਲ੍ਹੇ ਰਹਿਣ ਦਾ ਵੀ ਗੰਭੀਰ ਨੋਟਿਸ ਲੈਂਦਿਆਂ ਜ਼ਿਲ੍ਹਾ ਪੁਲਿਸ ਨੂੰ ਨਿਰਦੇਸ਼ ਦਿੱਤੇ ਕਿ ਅਜਿਹੇ ਢਾਬਿਆਂ ਦਾ ਸਮਾਂ ਇਸ ਢੰਗ ਨਾਲ ਕਰਨਾ ਯਕੀਨੀ ਬਣਾਇਆ ਜਾਵੇ। ਸਿਹਤ ਮੰਤਰੀ ਨੇ ਅੱਗੇ ਕਿਹਾ ਕਿ ਸ਼ਹਿਰ ਵਿੱਚ ਜਿੱਥੇ ਕਿਤੇ ਲੰਮੀ ਦੂਰ ਦੀਆਂ ਸੜਕਾਂ ਉਪਰ ਸਪੀਡ ਟੇਬਲ ਬਣਨ ਤੇ ਸਪੀਡ ਲਿਮਟ ਦੇ ਬੋਰਡ ਥਾਂ-ਥਾਂ ਲਗਾਏ ਜਾਣ। ਉਨ੍ਹਾਂ ਆਰ.ਟੀ.ਏ. ਨੂੰ ਹਦਾਇਤ ਕੀਤੀ ਕਿ ਸਕੂਲੀ ਬੱਸਾਂ ਤੇ ਹੋਰ ਵਾਹਨਾਂ, ਜਿਨ੍ਹਾਂ ਵਿੱਚ ਸਕੂਲੀ ਬੱਚੇ ਜਾਂਦੇ ਹਨ ਸਮੇਤ ਟਿੱਪਰਾਂ ਤੇ ਟਰੱਕਾਂ ਦੀ ਆਵਾਜਾਈ ਨੂੰ ਸਖ਼ਤੀ ਨਾਲ ਚੈਕਿੰਗ ਕਰਕੇ ਹਾਦਸਿਆਂ ਦਾ ਕਾਰਨ ਬਣਨ ਵਾਲੇ ਚਾਲਕਾਂ ਵਿਰੁੱਧ ਸਖ਼ਤੀ ਵਰਤੀ ਜਾਵੇ। ਉਨ੍ਹਾਂ ਨੇ ਸ਼ਹਿਰ ਵਿੱਚ ਸਕੂਲਾਂ ਦੁਆਲੇ ਟ੍ਰੈਫਿਕ ਨੂੰ ਨਿਯਮਤ ਕਰਨ ਲਈ ਇਨ੍ਹਾਂ ਸਕੂਲਾਂ ਦੀ ਛੁੱਟੀ ਦਾ ਸਮਾਂ ਆਪਸ 'ਚ ਬਦਲਕੇ ਨਿਰਧਾਰਤ ਕਰਨ ਦੀ ਵੀ ਹਦਾਇਤ ਕੀਤੀ। ਇਸ ਮੌਕੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਅਜਿਹੇ ਹਾਦਸੇ ਮੁੜ ਨਾ ਵਾਪਰਨ ਸਬੰਧੀ ਸਬੰਧਤ ਵਿਭਾਗਾਂ ਦੇ ਸਮੂਹ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਇਸ ਤੋਂ ਇਲਾਵਾ ਜ਼ਿਲ੍ਹਾ ਸਿੱਖਿਆ ਅਫ਼ਸਰ, ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਸਕੂਲ ਮੁਖੀਆਂ ਨਾਲ ਹਰ ਸਬ ਡਵੀਜ਼ਨ ਵਿਖੇ ਬੈਠਕਾਂ ਕਰਕੇ ਸਕੂਲ ਪ੍ਰਬੰਧਕਾਂ ਤੇ ਮਾਪਿਆਂ ਵੱਲੋਂ ਸੇਫ਼ ਸਕੂਲ ਵਾਹਨ ਨੀਤੀ ਨੂੰ ਸਖ਼ਤੀ ਨਾਲ ਲਾਗੂ ਕਰਵਾਉਣਾ ਯਕੀਨੀ ਬਣਾਉਣਗੇ। ਉਨ੍ਹਾਂ ਕਿਹਾ ਕਿ ਜਿਹੜੇ ਮਾਪਿਆਂ ਨੇ ਪ੍ਰਾਈਵੇਟ ਟਰਾਂਸਪੋਰਟ ਲਗਾਈ ਹੋਈ ਹੈ, ਉਨ੍ਹਾਂ ਨਾਲ ਵੀ ਮੀਟਿੰਗਾਂ ਕੀਤੀਆਂ ਜਾਣਗੀਆਂ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਕੂਲਾਂ ਤੇ ਹਸਪਤਾਲਾਂ ਦੇ ਮਾਮਲੇ ਵਿੱਚ ਕੋਈ ਵੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

## ਹਫਤਾ ਪਹਿਲਾਂ ਲਾਪਤਾ ਵਿਅਕਤੀ ਦੀ ਲਾਸ਼ ਨਹਿਰ 'ਚੋਂ ਬ੍ਰਾਮਦ

ਸਮਾਣਾ, 8 ਮਈ (ਵਿਜੇ ਕੁਮਾਰ): ਇਕ ਹਫਤਾ ਪਹਿਲਾਂ ਲਾਪਤਾ ਬੰਮਣਾ ਪਤੀ ਸਮਾਣਾ ਨਿਵਾਸੀ ਵਿਅਕਤੀ ਦੀ ਲਾਸ਼ ਭਾਖੜਾ ਨਹਿਰ 'ਚੋਂ ਬਰਾਮਦ ਹੋਣ ਤੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਲਿਆਂਦੀ ਗਈ। ਸਿਟੀ ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਮ੍ਰਿਤਕ ਅਰੁਣ ਕੁਮਾਰ (43) ਪੁੱਤਰ ਬਲਦੇਵ ਸਿੰਘ ਨਿਵਾਸੀ ਬੰਮਣਾਪੱਤੀ ਸਮਾਣਾ ਦੀ ਪਤਨੀ ਕਿਰਨਜੀਤ ਕੌਰ ਵੱਲੋਂ ਦਰਜ ਕਰਵਾਏ ਬਿਆਨ ਅਨੁਸਾਰ ਨਸ਼ੇ ਦਾ ਆਦੀ ਉਸ ਦੇ ਪਤੀ ਨੂੰ ਨਸ਼ਾ ਛਡਾਉ ਕੇਂਦਰ 'ਚ ਭਰਤੀ ਕਰਵਾਇਆ ਗਿਆ ਸੀ। ਉਹ 30 ਅਪ੍ਰੈਲ ਨੂੰ ਇਕ ਦਿਨ ਦੀ ਛੁੱਟੀ 'ਤੇ ਘਰ ਆਇਆ ਸੀ, ਅਤੇ ਉਸੇ ਦਿਨ ਸ਼ਾਮ ਬਿਨਾਂ ਦੱਸੇ ਘਰ ਤੋਂ ਚਲਾ ਗਿਆ। ਕਾਫੀ ਭਾਲ ਉਪਰੰਤ ਬੀਤੇ ਦਿਨੀਂ ਉਸ ਦੀ ਲਾਸ਼ ਪਿੰਡ ਕਲਵਾਣੂ ਨੇੜੇ ਭਾਖੜਾ ਨਹਿਰ 'ਚੋਂ ਬਰਾਮਦ ਹੋਣ 'ਤੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ। ਅਧਿਕਾਰੀ ਅਨੁਸਾਰ ਦਰਜ ਕਰਵਾਏ ਬਿਆਨ ਦੇ ਆਧਾਰ 'ਤੇ ਪੁਲਸ ਨੇ ਧਾਰਾ 194 ਤਹਿਤ ਕਾਰਵਾਈ ਕਰਦੇ ਹੋਏ ਪੋਸਟਮਾਰਟਮ ਉਪਰੰਤ ਮ੍ਰਿਤਕ ਦੀ ਲਾਸ਼ ਵਾਰਸਾਂ ਹਵਾਲੇ ਕਰ ਦਿੱਤੀ।

## ਬਾਰ ਐਸੋਸੀਏਸ਼ਨ ਨੇ ਮ੍ਰਿਤਕ ਸਕੂਲੀ ਬੱਚਿਆਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਦਿੱਤੀ ਸ਼ਰਧਾਂਜਲੀ



ਸਮਾਣਾ, 8 ਮਈ (ਵਿਜੇ ਕੁਮਾਰ/ ਜਵੰਦਾ) : ਬਾਰ ਐਸੋਸੀਏਸ਼ਨ ਸਮਾਣਾ ਦੀ ਇਕ ਸ਼ਿਸ਼ ਮੀਟਿੰਗ ਨਵਦੀਪ ਸਿੰਘ ਢਿੱਲੋਂ ਦੀ ਪ੍ਰਧਾਨਗੀ 'ਚ ਹੋਈ, ਜਿਸ ਵਿੱਚ ਸੜਕ ਹਾਦਸੇ ਵਿੱਚ ਮਾਰੇ ਗਏ ਸਕੂਲੀ ਬੱਚਿਆਂ ਨੂੰ ਹੜਤਾਲ ਕਰਕੇ ਅਫਸੋਸ ਦਾ ਪ੍ਰਗਟਾਵਾ ਕਰਦਿਆਂ ਦੋ ਮਿੰਟ ਮੌਨ ਧਾਰ ਕੇ ਬੱਚਿਆਂ ਨੂੰ ਸ਼ਰਧਾਂਜਲੀ ਭੇਟ ਕੀਤੀ । ਇਸ ਮੌਕੇ ਜ਼ਖ਼ਮੀ ਬੱਚਿਆਂ ਦੀ ਜਲਦੀ ਠੀਕ ਹੋਣ ਲਈ ਪਰਮਾਤਮਾ ਅੱਗੇ ਅਰਦਾਸ ਕੀਤੀ ।ਇਸ ਮੌਕੇ ਬਾਰ ਐਸੋਸੀਏਸ਼ਨ ਦੇ ਮੀਤ ਪ੍ਰਧਾਨ ਸੰਦੀਪ ਜਿੰਦਲ, ਸੈਕਟਰੀ ਕਸ਼ਮੀਰ ਸਿੰਘ ਚੁੰਬਰ, ਜੁਆਇੰਟ ਸੈਕਟਰੀ ਕੁਲਜੀਤ ਸਿੰਘ ਵਿਰਕ, ਕੈਸ਼ੀਅਰ ਬਘੇਲ ਸਿੰਘ ਸੰਧੂ , ਲਾਈਬ੍ਰੇਰੀਅਨ ਖਵਾਬ ਸੋਨੀ, ਐਗਜੈਕਟਿਵ ਮੈਂਬਰ ਅਰਨਦੀਪ ਸਿੰਘ ਸੰਧੂ, ਨੇਹਾ ਚੋਪੜਾ, ਜਸਵਿੰਦਰ ਸਿੰਘ ਗੋਲਣ ਤੋਂ ਇਲਾਵਾ ਸਾਬਕਾ ਪ੍ਰਧਾਨ ਕਰਮਜੀਤ ਸਿੰਘ ਰੰਧਾਵਾ, ਦਵਿੰਦਰ ਸਿੰਘ ਢਿੱਲੋਂ, ਗੁਰਜੀਤ ਕੌਰ ਬੱਲ, ਅਰਮਾਨ ਸਿੰਘ, ਕਸ਼ਮੀਰ ਸਿੰਘ ਵਿਰਕ, ਕੁਲਵੰਤ ਸਿੰਘ ਢਿੱਲੋਂ, ਸੁਰੇਸ਼ ਸਰਮਾ, ਵਿਕਰਮ ਭਟਨਾਗਰ, ਜਸਵਿੰਦਰ ਸਿੰਘ,ਧਾਲੀਵਾਲ ਰਣਜੀਤ ਸਿੰਘ ਬਰਾੜ, ਮਾਨ ਸਿੰਘ ਗਿੱਲ, ਵਿਕਾਸ ਸ਼ਰਮਾ ,ਇੰਦਰਜੀਤ ਸਿੰਘ ਸਲੂਜਾ ,ਕੁਲਵਿੰਦਰ ਸਿੰਘ ਗਲੌਲੀ, ਅਮਰਜੀਤ ਸਿੰਘ ਬਾਜਵਾ, ਰਵਿੰਦਰ ਕੁਮਾਰ ਸਹੋਤਾ, ਸਾਹਿਬ ਸਿੰਘ ਸ਼ੇਰਗੜ੍ਹ, ਲਵਲੀ ਗਰਗ, ਰਿਸ਼ੀ ਚੋਪੜਾ, ਵਿਕਰਮ ਭਟਨਾਗਰ , ਸੰਜੀਵ ਬਾਂਸਲ, ਵਿਪਨ ਬਾਂਸਲ,ਭੁਪਿੰਦਰ ਸਿੰਘ ਚੀਮਾਂ, ਹਰਿੰਦਰ ਪਾਲ ਸਿੰਘ, ਗੁਰਚੈਨ ਸਿੰਘ ਔਲਖ ਆਦਿ ਵੀ ਹਾਜ਼ਰ ਸਨ ।

## ਟ੍ਰੈਫਿਕ ਸਿਟੀ-2 ਦੇ ਇੰਚਾਰਜ ਨੇ ਟਰੱਕ ਤੇ ਟਿੱਪਰ ਡਰਾਈਵਰਾਂ ਨੂੰ ਟ੍ਰੈਫਿਕ ਨਿਯਮਾਂ ਸੰਬੰਧੀ ਕਰਵਾਇਆ ਜਾਣੂੰ

### ਤੇਜ਼ ਰਫ਼ਤਾਰ ਵਾਹਨ ਚਲਾਉਣ ਵਾਲਿਆਂ 'ਤੇ ਹੋਵੇਗੀ ਕਾਰਵਾਈ : ਬੁੱਟਰ



ਪਟਿਆਲਾ, 8 ਮਈ (ਅਮਰਜੀਤ) : ਸਿਟੀ-2 ਟ੍ਰੈਫਿਕ ਪੁਲਿਸ ਵੱਲੋਂ ਡਾਇਰੈਕਟਰ ਜਨਰਲ ਆਫ਼ ਪੁਲਿਸ ਗੌਰਵ ਯਾਦਵ, ਏ.ਡੀ.ਜੀ.ਪੀ. ਟ੍ਰੈਫਿਕ ਏ ਐਸ ਰਾਏ, ਡੀ ਆਈ ਜੀ ਪਟਿਆਲਾ ਰੇਂਜ ਡਾ. ਨਾਨਕ ਸਿੰਘ, ਐਸ.ਐਸ.ਪੀ. ਵਰੁਣ ਸ਼ਰਮਾ, ਐਸ.ਪੀ. ਟ੍ਰੈਫਿਕ ਕ੍ਰਿਸ਼ਨ ਕੁਮਾਰ ਪੈਂਥੇ , ਡੀ.ਐਸ.ਪੀ. ਟ੍ਰੈਫਿਕ ਅੱਛਰੂ ਰਾਮ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿਟੀ-2 ਟ੍ਰੈਫਿਕ ਪੁਲਿਸ ਪਟਿਆਲਾ ਦੇ ਇੰਚਾਰਜ ਜਗਵਿੰਦਰ ਸਿੰਘ ਬੁੱਟਰ ਨੇ ਸਰਹੰਦ-ਬਾਈਪਾਸ ਵਿਖੇ ਟਿੱਪਰ ਅਤੇ ਟਰੱਕ-ਡਰਾਈਵਰਾਂ ਨੂੰ ਟ੍ਰੈਫਿਕ ਨਿਯਮਾਂ ਬਾਰੇ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਉਹਨਾਂ ਦੇ ਟਰੱਕਾਂ, ਟਿੱਪਰਾ ਦੇ ਕਾਗਜ਼ਾਤ ਪੂਰੇ ਹੋਣੇ ਚਾਹੀਦੇ ਹਨ, ਹਰ ਟਰੱਕ ਅਤੇ ਟਿੱਪਰ ਵਿਚ ਫਸਟ ਏਡ ਕਿੱਟ ਹੋਣੀ ਜ਼ਰੂਰੀ ਹੈ। ਉਹਨਾਂ ਕਿਹਾ ਕਿ ਐਕਸੀਡੈਂਟਾਂ ਦਾ ਮੁੱਖ ਕਾਰਨ ਨਸ਼ਿਆਂ ਦਾ ਸੇਵਨ ਕਰਕੇ ਵਹੀਕਲਜ਼ ਚਲਾਉਣਾ, ਓਵਰਸਪੀਡ ਅਤੇ ਰਾਤ ਦੇ ਸਮੇਂ ਗੱਡੀਆਂ ਉਪਰ ਰਿਫਲੈਕਟਰ ਲੱਗੇ ਨਾ ਹੋਣ ਦਾ ਵੀ ਕਾਰਨ ਬਣਦੇ ਹਨ। ਉਹਨਾਂ ਪਬਲਿਕ ਨੂੰ ਵੀ ਅਪੀਲ ਕੀਤੀ ਕਿ ਉਹੋ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ । ਇਸ ਲਈ ਹਮੇਸ਼ਾ ਆਪਣੇ ਵਹੀਕਲਜ਼ ਓਵਰਸਪੀਡ ਨਾ ਚਲਾਉ । ਤੇਜ਼ ਰਫ਼ਤਾਰ ਵਾਹਨ ਚਲਾਉਣ ਵਾਲਿਆ 'ਤੇ ਪੁਲਿਸ ਵੱਲੋਂ ਕਾਰਵਾਈ ਕੀਤੀ ਜਾਵੇਗੀ।

## ਨਹਿਰ 'ਚ ਰੁੜੀ ਔਰਤ ਦੀ ਲਾਸ਼ ਬਰਾਮਦ

ਸਮਾਣਾ , 8 ਮਈ( ਵਿਜੇ ਕੁਮਾਰ): ਭਾਖੜਾ ਨਹਿਰ ਵਿੱਚ ਡੁੱਬੀ ਔਰਤ ਦੀ ਲਾਸ਼ ਭਾਖੜਾ ਨਹਿਰ ਦੀ ਖਨੌਰੀ ਹੈਡ ਤੋਂ ਬਰਾਮਦ ਹੋਈ ।ਪੁਲਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਮ੍ਰਿਤਕਾ ਸਰਬਜੀਤ ਕੌਰ (52) ਦੇ ਪਤੀ ਦਵਿੰਦਰ ਸਿੰਘ ਨਿਵਾਸੀ ਪਿੰਡ ਅਸਰਪੁਰ ਵੱਲੋਂ ਦਰਜ ਕਰਵਾਏ ਬਿਆਨ ਅਨੁਸਾਰ ਉਸ ਦੀ ਪਤਨੀ ਬਿਮਾਰ ਰਹਿੰਦੀ ਸੀ ਅਤੇ ਕਾਫੀ ਸਮੇਂ ਤੋਂ ਇਲਾਜ ਚੱਲਣ ਕਾਰਨ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਸੀ। ਤਿੰਨ ਮਈ ਨੂੰ ਖਵਾਜਾ ਪੀਰ ਦਾ ਮੱਥਾ ਟੇਕਣ ਭਾਖੜਾ ਨਹਿਰ ਦੇ ਢੈਂਠਲ ਪੁਲ 'ਤੇ ਗਈ ਸੀ। ਮੱਥਾ ਟੇਕਣ ਦੌਰਾਨ ਪੈਰ ਫਿਸਲਣ ਨਾਲ ਨਹਿਰ ਵਿੱਚ ਡਿੱਗ ਕੇ ਪਾਣੀ ਦੇ ਤੇਜ਼ ਬਹਾਅ 'ਚ ਰੁੜ ਗਈ । ਦਰਜ ਬਿਆਨ ਦੇ ਆਧਾਰ 'ਤੇ ਪੁਲਸ ਨੇ ਬੀ.ਐਨ.ਐਸ ਦੀ ਧਾਰਾ 194 ਤਹਿਤ ਮਾਮਲਾ ਦਰਜ ਕਰਕੇ ਪੋਸਟਮਾਰਟਮ ਉਪਰੰਤ ਲਾਸ ਵਾਰਸਾਂ ਹਵਾਲੇ ਕਰ ਦਿੱਤੀ।

## ਪਿੰਡ ਉੱਪਲੀ ਵਿਖੇ ਕਰਵਾਏ ਕਬੱਡੀ ਕੱਪ 'ਚ ਹੈਂਡਬਾਲ ਖਿਡਾਰੀ ਨੂੰ 21 ਹਜ਼ਾਰ ਦੀ ਨਗਦ ਰਾਸ਼ੀ ਦੇ ਕੇ ਕੀਤਾ ਸਨਮਾਨਤ

### ☛ਮਿੰਟੂ ਤੇ ਗੁਰੀ ਭਿੰਡਰ ਯੂ.ਐਸ.ਏ. ਵੱਲੋਂ ਪਿੰਡ ਦੀਆਂ ਲੜਕੀਆਂ ਦੀ ਪੜ੍ਹਾਈ ਦਾ ਪੂਰਾ ਖਰਚਾ ਚੁੱਕਣ ਦਾ ਪ੍ਰਣ



ਭੁਨਰਹੇੜੀ , 8 ਮਈ (ਗੁਰਜੀਤ ਸਿੰਘ ਢੌਟ) : ਪਿੰਡ ਉਪਲੀ ਵਿਖੇ ਐਨਆਰਆਈ ਅਤੇ ਗ੍ਰਾਮ ਪੰਚਾਇਤ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਪਿੰਡ ਉਪਲੀ ਵਿਖੇ ਪਹਿਲਾ ਕਬੱਡੀ ਕੱਪ ਕਰਵਾਇਆ ਗਿਆ, ਜਿਸ ਵਿੱਚ ਮਿੰਟੂ,ਭਿੰਦਾ ਗਿੱਲ ਬਰਦਰ ਯੂਐਸਏ ਅਤੇ ਗੁਰੀ ਭਿੰਡਰ ਯੂਐਸਏ ਵੱਲੋਂ ਵੱਧ ਚੜ ਕੇ ਹਿੱਸਾ ਪਾਇਆ ਗਿਆ ਅਤੇ ਉਨ੍ਹਾਂ ਵੱਲੋਂ ਪਿੰਡ ਦੇ ਹੈਂਡਬਾਲ ਨੈਸ਼ਨਲ ਖਿਡਾਰੀ ਵਿਕਰਮ ਸਿੰਘ ਨੂੰ 21000/ ਦੀ ਨਗਦ ਰਾਸ਼ੀ ਦੇ ਕੇ ਸਨਮਾਨਤ ਕੀਤਾ ਗਿਆ। ਜਾਣਕਾਰੀ ਦਿੰਦੇ ਹੋਏ ਪਿੰਡ ਦੇ ਸਰਪੰਚ ਸੱਜਣ ਸਿੰਘ ਸਰੋਆ ਅਤੇ ਗੁਰਜੀਤ ਸਿੰਘ ਉਪਲੀ ਨੇ ਕਿਹਾ ਕਿ ਸ਼ਹੀਦ ਬਾਬਾ ਕਾਬਲ ਸਿੰਘ ਜੀ ਸਪੋਰਟਸ ਕਲੱਬ ਅਤੇ ਐਨਆਰਆਈ ਦੇ ਸਹਿਯੋਗ ਨਾਲ ਪਿੰਡ ਵਿੱਚ ਪਹਿਲਾ ਕਬੱਡੀ ਕੱਪ ਕਰਵਾਇਆ ਗਿਆਏ। ਉਹਨਾਂ ਕਿਹਾ ਕਿ ਮਿੰਟੂ ਭਿੰਦਾ ਗਿੱਲ ਬਰਦਰ ਯੂਐਸਏ ਅਤੇ ਗੁਰੀ ਭਿੰਡਰ ਯੂਐਸਏ ਵੱਲੋਂ ਇਲਾਕੇ ਦੇ ਦੋ ਨੌਜਵਾਨ ਕਬੱਡੀ ਖਿਡਾਰੀ ਕਾਕਾ ਠਾਕਰਗੜ੍ਹ ਅਤੇ ਲਾਡੀ ਸ਼ਾਦੀਪੁਰ ਨੂੰ 2 ਹੀਰੋ ਸਪਲੈਂਡਰ ਮੋਟਰਸਾਈਕਲ ਦੇ ਕੇ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਿੰਟੂ ਭਿੰਦਾ ਗਿੱਲ ਬਰਦਰਜ਼ ਵੱਲੋਂ ਕੱਪ ਦੌਰਾਨ ਵੱਡੇ ਐਲਾਨ ਵੀ ਕੀਤੇ ਗਏ ਜਿਨ੍ਹਾਂ ਵਿੱਚ ਉਹਨਾਂ ਕਿਹਾ ਕਿ ਪਿੰਡ ਉਪਲੀ ਵਿੱਚ ਜਨਮ ਲੈਣ ਵਾਲੀ ਹਰ ਧੀ ਨੂੰ 11 ਹਜ਼ਾਰ ਰੁਪਏ ਦੀ ਨਗਦ ਰਾਸ਼ੀ ਪਿੰਡ ਦੀ ਬਣਾਈ ਗਈ 11 ਮੈਂਬਰੀ ਕਮੇਟੀ ਦੇ ਰਾਹੀਂ ਦਿੱਤੀ ਜਾਵੇਗੀ ਅਤੇ ਅੱਗੇ ਉਨ੍ਹਾਂ ਨੇ ਇਹ ਵੀ ਐਲਾਨ ਕੀਤਾ ਕਿ ਜੇਕਰ ਪਿੰਡ ਉਪਲੀ ਦੀ ਹਰ ਅਮੀਰ ਗਰੀਬ ਲੜਕੀ ਧੀ ਦਾ ਵਿਆਹ ਪੈਲਸਾਂ ਜਾਂ ਹੋਟਲਾਂ ਦੀ ਬਜਾਏ ਉਨ੍ਹਾਂ ਦੇ ਮਾਤਾ ਪਿਤਾ ਵੱਲੋਂ ਪਿੰਡ ਵਿੱਚ ਟੈਂਟ ਲਗਾ ਕੇ ਕੀਤਾ ਜਾਵੇਗਾ ਤਾਂ ਉਨ੍ਹਾਂ ਵੱਲੋਂ ਉਸ ਪਰਿਵਾਰ ਦੀ ਧੀ ਨੂੰ ਇੱਕ ਲੱਖ ਰੁਪਏ ਐਨਆਰਆਈ ਬਰਦਰਜ਼ ਵੱਲੋਂ ਸ਼ਗਨ ਦੇ ਤੌਰ 'ਤੇ ਦਿੱਤਾ ਜਾਵੇਗਾ ਅਤੇ ਮਿੰਟੂ ਨੇ ਕਿਹਾ ਕਿ ਪਿੰਡ ਉਪਲੀ ਦੀ ਕੋਈ ਵੀ ਧੀ ਅਮੀਰ ਜਾਂ ਗਰੀਬ ਦੀ ਲੜਕੀ ਬਾਰਵੀਂ ਤੋਂ ਅੱਗੇ ਉੱਚ ਵਿੱਦਿਆ ਹਾਸਲ ਕਰਨਾ ਚਾਹੁੰਦੀ ਹੈ ਤਾਂ ਉਸ ਦਾ ਸਾਰਾ ਖਰਚ ਮਿੰਟੂ ਭਿੰਦਾ ਗਿੱਲ ਬਰਦਰਜ਼ ਚੁੱਕਣਗੇ। ਇਸ ਸਬੰਧੀ ਸਰਪੰਚ ਸੱਜਣ ਸਿੰਘ ਸਰੋਆ ਅਤੇ ਗੁਰਜੀਤ ਸਿੰਘ ਉੱਪਲੀ ਨੇ ਕਿਹਾ ਕਿ ਉਹਨਾਂ ਦੇ ਇਸ ਉਪਰਾਲੇ ਨਾਲ ਪਿੰਡ ਦੇ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਮੌਕੇ ਗੁਰਪ੍ਰੀਤ ਸਿੰਘ ਮਾਹਲ, ਜਸਪ੍ਰੀਤ ਸਿੰਘ ਵਿਰਕ ਆਸਟਰੇਲੀਆ, ਮਾਲਕ ਸਿੰਘ ਵਿਰਕ, ਗੁਰਜੀਤ ਸਿੰਘ ਉਪਲੀ, ਸੱਜਣ ਸਿੰਘ ਸਰੋਆ ਸਰਪੰਚ, ਅਮਰਜੀਤ ਸਿੰਘ ਮਾਹਲ, ਤਰਸੇਮ ਸਿੰਘ ਮੀਰਾਂਪੁਰ ਟਰੈਫਿਕ ਇੰਚਾਰਜ, ਯੋਧਾ ਬਾਜਵਾ, ਨਿਧਾਨ ਸਿੰਘ ਸਰੋਆ, ਲੱਭੀ ਗਿੱਲ, ਸਾਹਿਬ ਸਿੰਘ ਸੰਧੂ, ਜਸਪ੍ਰੀਤ ਸਿੰਘ ਆਸਟਰੇਲੀਆ, ਸੁਖਜਿੰਦਰ ਸਿੰਘ ਸਰੋਆ, ਦਿਲਬਾਗ ਸਿੰਘ ਸਰੋਆ ਆਦਿ ਤੋਂ ਇਲਾਵਾ ਹੋਰ ਵੀ ਪਤਵੰਤੇ ਸੱਜਣ ਹਾਜ਼ਰ ਸਨ।

## 70 ਪੰਚਾਂ-ਸਰਪੰਚਾਂ ਅਤੇ ਸਕੱਤਰਾਂ ਨੂੰ ਜਾਣਕਾਰੀ ਆਧਾਰਿਤ ਈ-ਕਿਤਾਬਚਾ ਵੰਡਿਆ

ਸਨੌਰ, 8 ਮਈ (ਗੁਰਜੀਤ ਸਿੰਘ ਢੌਟ) : ਭਾਰਤੀ ਮਿਆਰ ਬਿਊਰੋ (ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰਾਲਾ, ਭਾਰਤ ਸਰਕਾਰ) ਵਲੋਂ ਬੀ ਡੀ ਪੀ ਦਫਤਰ ਸਨੌਰ ਬਲਾਕ ਵਿਖੇ ਪਰਵਾਣੂ ਬ੍ਰਾਂਚ ਦੇ ਡਾਇਰੈਕਟਰ ਸ੍ਰੀ ਐਸ ਸੀ ਨਾਇਕ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਿਸਾਨਾਂ ਲਈ ਖੇਤੀ ਦੇ ਅਧਾਰਿਤ ਅਤੇ ਹੋਰ ਲੋੜਾਂ ਅਨੁਸਾਰ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ ਜਿਸ ਵਿਚ ਤਕਰੀਬਨ 70 ਸਰਪੰਚਾਂ-ਪੰਚਾਂ ਅਤੇ ਸਕੱਤਰਾਂ ਨੂੰ ਜਾਣਕਾਰੀ ਅਧਾਰਿਤ ਈ-ਕਿਤਾਬਚਾ ਵੰਡਿਆ ਗਿਆ। ਇਹ ਜਾਗਰੂਕਤਾ ਲੜੀ ਅਧੀਨ ਸੱਤਵਾਂ ਪ੍ਰੋਗਰਾਮ ਸੀ । ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਅਤੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਇਸ਼ਾ ਸਿੰਗਲ ਦੇ ਸਹਿਯੋਗ ਨਾਲ ਸਨੌਰ ਬਲਾਕ ਵਿਖੇ ਆਯੋਜਿਤ ਇਸ ਸਮਾਗਮ ਦੌਰਾਨ ਭਾਗੀਦਾਰਾਂ ਨੂੰ ਕਿਸੇ ਵੀ ਵਿਕਾਸ ਗਤੀਵਿਧੀ ਜਾਂ ਨਿੱਜੀ ਲੋੜਾਂ ਲਈ ਗੁਣਵੱਤਾ ਵਾਲੀਆਂ ਚੀਜ਼ਾਂ ਦੀ ਖਰੀਦ ਲਈ ਮਿਆਰਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ ਅਤੇ ਭਾਗੀਦਾਰਾਂ ਨੇ ਬੀ ਆਈ ਐਸ ਕੇਅਰ ਐਪ ਨੂੰ ਵੀ ਆਪਣੇ ਮੋਬਾਈਲ ਉੱਪਰ ਡਾਊਨਲੋਡ ਕੀਤਾ ਅਤੇ ਅਸਲ ਆਈ ਐਸ ਆਈ ਮਾਰਕ ਦੀ ਪ੍ਰਮਾਣਿਕਤਾ ਦੀ ਪੁਸ਼ਟੀ ਕਰਨ ਲਈ ਇਸ ਐਪ ਦੀ ਵਰਤੋਂ ਕਰਨਾ ਸਿੱਖਿਆ ਤਾਂ ਜੋ ਰੋਜ਼ਾਨਾ ਜੀਵਨ ਵਿੱਚ ਮਿਆਰਾਂ ਬਾਰੇ ਉਹਨਾਂ ਦੇ ਗਿਆਨ ਵਿੱਚ ਵਾਧਾ ਕੀਤਾ ਜਾ ਸਕੇ। ਭਾਗੀਦਾਰਾਂ ਦੀ ਰਜਿਸਟ੍ਰੇਸ਼ਨ ਕੀਤੀ ਗਈ ਅਤੇ ਬੀਆਈਐਸ ਦੁਆਰਾ ਪ੍ਰਦਾਨ ਕੀਤੀ ਗਈ ਸਰੋਤ ਸਮੱਗਰੀ ਭਾਗੀਦਾਰਾਂ ਵਿੱਚ ਵੰਡੀ ਗਈ। ਭਾਗੀਦਾਰਾਂ ਨੇ ਵਰਕਸ਼ਾਪ ਦੌਰਾਨ ਪ੍ਰਾਪਤ ਕੀਤੀ ਜਾਣਕਾਰੀ ਦੀ ਪ੍ਰਭਾਵੀ ਵਰਤੋਂ ਕਰਨ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਭਾਗੀਦਾਰ ਇਹ ਜਾਣ ਕੇ ਹੈਰਾਨ ਰਹਿ ਗਏ ਕਿ ਉਹ ਬੀ ਆਈ ਐਸ ਕੇਅਰ ਐਪ 'ਤੇ ਸਿੱਧੇ ਤੌਰ 'ਤੇ ਸ਼ਿਕਾਇਤ ਕਰ ਸਕਦੇ ਹਨ।ਹਾਜ਼ਰੀਨ ਨੇ ਬੀ.ਆਈ.ਐਸ. ਮਾਰਕਿੰਗ ਅਤੇ ਪ੍ਰਮਾਣਿਕਤਾ ਦੀ ਜਾਂਚ ਕਰਨ ਦੇ ਸਾਧਨਾਂ 'ਤੇ ਪ੍ਰਾਪਤ ਕੀਤੇ ਨਵੇਂ ਗਿਆਨ ਬਾਰੇ ਚਾਨਣਾ ਪਾਉਣ ਲਈ ਧੰਨਵਾਦ ਕੀਤਾ ਅਤੇ ਆਪਣੇ-ਆਪਣੇ ਪਿੰਡਾਂ ਵਿੱਚ ਅਜਿਹੇ ਹੋਰ ਪ੍ਰੋਗਰਾਮ ਕਰਵਾਉਣ ਦੀ ਮੰਗ ਕੀਤੀ। ਬੀ.ਡੀ.ਪੀ.ਓ. ਸਨੌਰ ਮਨਦੀਪ ਸਿੰਘ ਨੇ ਬੀ.ਆਈ.ਐਸ. ਦੇ ਰਿਸੋਰਸ ਪਰਸਨ ਦਲਬੀਰ ਸਿੰਘ ਦਾ ਜਾਗਰੂਕਤਾ ਪ੍ਰੋਗਰਾਮ ਲਈ ਧੰਨਵਾਦ ਕੀਤਾ।

## ਜਥੇ: ਹਰਦਿਆਲ ਸਿੰਘ ਰਾਜਲਾ ਦੀ ਬਰਸੀ ਭਲਕੇ

ਸਮਾਣਾ, 8 ਮਈ (ਜਵੰਦਾ) : ਸੀਨੀਅਰ ਕਾਂਗਰਸੀ ਆਗੂ ਸਾਬਕਾ ਵਿਧਾਇਕ ਜਥੇ: ਜਗਤਾਰ ਸਿੰਘ ਰਾਜਲਾ, ਜਰਨੈਲ ਸਿੰਘ ਦਿੱਲੋਂ ਅਤੇ ਐਸ.ਡੀ.ਐਮ. ਗੁਰਦਾਸਪੁਰ ਮਨਜੀਤ ਸਿੰਘ ਰਾਜਲਾ ਦੇ ਸਤਿਕਾਰਯੋਗ ਪਿਤਾ ਸਾਬਕਾ ਵਿਧਾਇਕ, ਮੈਂਬਰ ਐਸ.ਜੀ. ਪੀ. ਸੀ ਸ਼ਹੀਦ ਹਰਦਿਆਲ ਸਿੰਘ ਰਾਜਲਾ ਦੀ ਮਿੱਠੀ ਯਾਦ 'ਚ 36ਵੀਂ ਸਾਲਾਨਾ ਬਰਸੀ 10 ਮਈ ਦਿਨ ਸ਼ਨੀਵਾਰ ਨੂੰ 10 ਵਜੇ ਤੋਂ 12 ਵਜੇਂ ਤੱਕ ਗੁਰਦੁਆਰਾ ਈਸ਼ਰਸਰ ਸਾਹਿਬ (ਸਮਾਣਾ- ਪਟਿਆਲਾ ਰੋਡ) ਬੱਸ ਅੱਡਾ ਪਿੰਡ ਢੈਂਠਲ ਵਿਖੇ ਮਨਾਈ ਜਾਵੇਗੀ। ਉਨਾ ਨੂੰ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਪਾਰਟੀਆਂ ਦੇ ਆਗੂ ਸ਼ਰਧਾਂਜਲੀ ਭੇਟ ਕਰਨਗੇ।

## ਭਾਰਤੀ ਸੈਨਾ ਨੇ ਪਹਿਲਗਾਮ ਦੇ ਅੱਤਵਾਦੀ ਹਮਲੇ ਦਾ ਜਵਾਬ ਆਪ੍ਰੇਸ਼ਨ ਸਿੰਦੂਰ ਨਾਲ ਦਿੱਤਾ : ਡਾ. ਕਾਂਸਲ



ਪਟਿਆਲਾ, 8 ਮਈ (ਚ.ਨ.ਸ.) : ਭਾਰਤੀ ਸੀਨੀਅਰ ਯੁਵਾ ਨੇਤਾ ਅਤੇ ਵਿਜੇ ਸਾਂਪਲਾ ਦੇ ਕਰੀਬੀ ਡਾ. ਗੁਰਵਿੰਦਰ ਕਾਂਸਲ ਨੇ ਭਾਰਤੀ ਸੈਨਾ ਨੂੰ ਵਧਾਈ ਦਿੰਦੇ ਕਿਹਾ ਅੱਜ ਭਾਰਤ ਲਈ ਬਹੁਤ ਫ਼ੱਕਰ ਦੀ ਗੱਲ ਹੈ ਕਿ ਪਹਿਲਗਾਮ ਵਿੱਚ ਹੋਏ ਆਤਵਾਦੀ ਹਮਲੇ ਦੌਰਾਨ ਉਜਾੜੇ ਗਏ ਸਿੰਦੂਰ ਦਾ ਬਦਲਾ ਆਪਰੇਸ਼ਨ ਸਿੰਦੂਰ ਨੂੰ ਕਾਮਯਾਬ ਬਣਾ ਕੇ ਲਿੱਆ ਗਿਆ ਅਤੇ ਨਾਲ ਇਹ ਵੀ ਕਿਹਾ ਜਿਸ ਤਰ੍ਹਾਂ ਭਾਰਤੀ ਸੈਨਾ ਨੇ ਪਾਕਿਸਤਾਨ 'ਚ ਅੱਤਵਾਦੀ ਟਿਕਾਣਿਆਂ ਨੂੰ ਢੇਰ ਕੀਤਾ ਹੈ ਉਹ ਬਹੁਤ ਹੀ ਸ਼ਲਾਘਾਯੋਗ ਹੈ। ਡਾ. ਕਾਂਸਲ ਦਾ ਇਹ ਵੀ ਕਹਿਣਾ ਹੈ ਕਿ ਭਾਰਤ ਦੇ 140 ਕਰੋੜ ਦੇਸ਼ਵਾਸੀ ਭਾਰਤੀ ਸੈਨਾ ਦੇ ਨਾਲ ਖੜੇ ਨੇ, ਹਰ ਪੱਖ ਤੋਂ ਪਾਕਿਸਤਾਨ ਨੂੰ ਜਵਾਬ ਦੇਣ ਲਈ ਇਕਜੁੱਟ ਹੋਕੇ ਤਿਆਰ ਖੜੇ ਨੇ। ਅੰਤ ਵਿੱਚ ਕਾਂਸਲ ਨੇ ਇਹ ਵੀ ਕਿਹਾ ਕੇ ਸਾਡੀ ਲੜਾਈ ਅੱਤਵਾਦ ਦੇ ਖ਼ਿਲਾਫ਼ ਹੈ।

## ਨਵ-ਨਿਯੁਕਤ ਮੈਡੀਕਲ ਸੁਪਰਡੈਂਟ ਡਾ. ਵਿਸ਼ਾਲ ਚੋਪੜਾ ਦਾ ਸਵਾਗਤ



ਪਟਿਆਲਾ, 8 ਮਈ (ਚ.ਨ.ਸ.) : ਅੱਜ ਇਥੇ ਰਾਜਿੰਦਰਾ ਹਸਪਤਾਲ ਅਤੇ ਮੈਡੀਕਲ ਕਾਲਜ ਦੇ ਕਰਮਚਾਰੀਆਂ ਦੀਆਂ ਪ੍ਰਮੁੱਖ ਜੱਥੇਬੰਦੀਆਂ ਦੇ ਆਗੂਆਂ ਸਵਰਨ ਸਿੰਘ ਬੰਗਾ ਅਤੇ ਰਾਜੇਸ਼ ਕੁਮਾਰ ਗੋਲੂ ਦੀ ਅਗਵਾਈ ਵਿੱਚ ਰਾਜਿੰਦਰਾ ਹਸਪਤਾਲ ਦੇ ਨਵ-ਨਿਯੁਕਤ ਮੈਡੀਕਲ ਸੁਪਰਡੈਂਟ ਡਾ. ਵਿਸ਼ਾਲ ਚੌਪੜਾ ਦਾ ਸਵਾਗਤ ਕਰਦਿਆਂ ਨਵਾਂ ਅਹੁਦਾ ਸੰਭਾਲਣ ਮੌਕੇ 'ਤੇ ਮੁਬਾਰਕਬਾਦ ਦਿੱਤੀ। ਡਾ. ਵਿਸ਼ਾਲ ਚੌਪੜਾ ਨੇ ਕਰਮਚਾਰੀ ਆਗੂਆਂ ਨੂੰ ਹਸਪਤਾਲ ਅਤੇ ਮਰੀਜ਼ਾਂ ਦੀ ਭਲਾਈ ਹਿੱਤ ਇੱਕਜੁੱਟ ਹੋ ਕੇ ਕੰਮ ਕਰਨ ਲਈ ਕਿਹਾ ਅਤੇ ਨਾਲ ਹੀ ਵਿਸ਼ਵਾਸ ਦਿਵਾਇਆ ਕਿ ਕਰਮਚਾਰੀਆਂ ਦੀਆਂ ਮੰਗਾਂ ਅਤੇ ਸਮੱਸਿਆਵਾਂ ਦੇ ਹੱਲ ਲਈ ਉੱਚ ਅਧਿਕਾਰੀਆਂ ਅਤੇ ਸਰਕਾਰ ਤੱਕ ਪੂਰੀ ਇਮਾਨਦਾਰੀ ਨਾਲ ਤੁਹਾਡੀ ਆਵਾਜ਼ ਪਹੁੰਚਾ ਕੇ ਪੂਰੀਆਂ ਕਰਵਾ ਕੇ ਰਹਾਂਗੇ। ਇਸ ਮੌਕੇ ਅਰੁਣ ਕੁਮਾਰ ਪ੍ਰਧਾਨ ਮੈਡੀਕਲ ਕਾਲਜ, ਅਜੈ ਕੁਮਾਰ ਸੀਪਾ, ਸੁਰਿੰਦਰਪਾਲ ਦੁੱਗਲ, ਸ਼ੰਕਰ, ਆਸਾ ਸਿੰਘ, ਰਾਮ ਬਾਬੂ ਸ਼ਰਮਾ ਆਦਿ ਹਾਜ਼ਰ ਸਨ।

## ਯਾਦਵਿੰਦਰਾ ਪਬਲਿਕ ਸਕੂਲ ਨੇ ਨਵੇਂ ਵਿਦਿਆਰਥੀ ਆਗੂਆਂ ਦੇ ਚੋਣ ਸਮਾਰੋਹ ਦੀ ਖੁਸ਼ੀ ਮਨਾਈ

ਪਟਿਆਲਾ, 8 ਮਈ (ਚ.ਨ.ਸ.) : ਯਾਦਵਿੰਦਰਾ ਪਬਲਿਕ ਸਕੂਲ, ਪਟਿਆਲਾ ਨੇ ਅੱਜ ਆਪਣੀ ਇਨਵੇਸਟਿਚਰ ਸੈਰੇਮਨੀ ਮਨਾਈ। ਇਸ ਸਮਾਰੋਹ ਵਿਚ ਸਕੂਲ ਨੇ 2025-26 ਸੈਸ਼ਨ ਲਈ 25 ਵਿਦਿਆਰਥੀਆਂ ਦੀ ਪ੍ਰੀਫੈਕਟ ਟੀਮ ਚੁਣੀ। ਇਹ ਸਮਾਰੋਹ ਕੈਪਟਨ ਅਮਰਿੰਦਰ ਸਿੰਘ ਆਡੀਟੋਰੀਅਮ ਵਿੱਚ ਹੋਇਆ। ਇਸ ਵਿੱਚ ਸਕੂਲ ਦੇ ਅਧਿਕਾਰੀ, ਅਧਿਆਪਕ, ਵਿਦਿਆਰਥੀ ਅਤੇ ਮਾਪੇ ਸ਼ਾਮਲ ਹੋਏ। ਕਾਰਜ ਦੀ ਸ਼ੁਰੂਆਤ ਇਕ ਸ਼ਾਨਦਾਰ ਪਰੇਡ ਨਾਲ ਹੋਈ, ਜਿੱਥੇ ਚੁਣੇ ਹੋਏ ਪ੍ਰੀਫੈਕਟ ਮੰਚ 'ਤੇ ਆਏ। ਸਕੂਲ ਦੇ ਹੈਡਮਾਸਟਰ ਸ੍ਰੀ ਨਵੀਨ ਕੁਮਾਰ ਦਿਕਸ਼ਿਤ ਨੇ ਉਹਨਾਂ ਨੂੰ ਬੈਜ ਲਾਏ ਤੇ ਉਹਨਾਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ।ਉਸ ਤੋਂ ਬਾਅਦ, ਹੈਡਮਾਸਟਰ ਨੇ ਉਹਨਾਂ ਤੋਂ ਸੱਚਾਈ ਅਤੇ ਲਗਨ ਨਾਲ ਕੰਮ ਕਰਨ ਦੀ ਕਸਮ ਚੁਕਾਈ। ਇਹ ਪ੍ਰੀਫੈਕਟ ਉਹ ਵਿਦਿਆਰਥੀ ਹਨ, ਜੋ ਚੰਗੇ ਅਕਾਦਮਿਕ ਨਤੀਜੇ, ਲੀਡਰਸ਼ਿਪ ਗੁਣ ਅਤੇ ਸਕੂਲ ਲਈ ਯੋਗਦਾਨ ਦੇ ਆਧਾਰ 'ਤੇ ਚੁਣੇ ਗਏ। ਇਸ ਵਾਰ ਕ੍ਰਿਤਿਕ ਜੈਨ ਅਤੇ ਰੇਨੀ ਧਦਲੀ ਨੂੰ ਹੈਡ ਬੋਏ ਤੇ ਹੈਡ ਗਰਲ ਬਣਾਇਆ ਗਿਆ। ਹਰਮਨਮੀਤ ਸਿੰਘ ਬਤਰਾ ਅਤੇ ਪਲਕਦੀਪ ਕੌਰ ਬਰਾਰ ਨੂੰ ਡਿਪਟੀ ਹੈਡ ਬੋਏ ਅਤੇ ਡਿਪਟੀ ਹੈਡ ਗਰਲ ਦੀ ਜ਼ਿੰਮੇਵਾਰੀ ਮਿਲੀ। 25 ਵਿਦਿਆਰਥੀਆਂ ਦੀ ਇਸ ਟੀਮ ਵਿੱਚ ਹਾਊਸ, ਖੇਡਾਂ ਅਤੇ ਹੋਰ ਗਤੀਵਿਧੀਆਂ ਲਈ ਵੀ ਕੈਪਟਨ ਚੁਣੇ ਗਏ। ਅਖੀਰ ਵਿੱਚ, ਹੈਡਮਾਸਟਰ ਨੇ ਇੱਕ ਵਿਸ਼ੇਸ਼ ਅਰਦਾਸ ਕਰਵਾਈ ਅਤੇ ਰਾਸ਼ਟਰੀ ਗੀਤ ਹੋਇਆ। ਇਹ ਸਮਾਂ ਸਕੂਲ ਲਈ ਬਹੁਤ ਮਹੱਤਵਪੂਰਨ ਸੀ, ਜਦੋਂ ਨਵੇਂ ਆਗੂ ਚੁਣੇ ਗਏ ਜੋ ਹੁਣ ਮਨ ਲਾ ਕੇ ਸਕੂਲ ਦੀ ਆਗਵਾਈ ਕਰਨਗੇ।



## ਭਾਰਤੀ ਮਿਆਰ ਬਿਊਰੋ ਵੱਲੋਂ ਸਮਾਣਾ ਬਲਾਕ ਵਿਖੇ ਪੰਚਾਂ-ਸਰਪੰਚਾਂ ਅਤੇ ਸਕੱਤਰਾਂ ਲਈ ਜਾਗਰੂਕਤਾ ਪ੍ਰੋਗਰਾਮ




ਸਮਾਣਾ, 8 ਮਈ (ਵਿਜੇ ਕੁਮਾਰ/ ਸੁਖਜਿੰਦਰ/ਜਵੰਦਾ/ਅਮਿਤ) : ਭਾਰਤੀ ਮਿਆਰ ਬਿਊਰੋ (ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰਾਲਾ, ਭਾਰਤ ਸਰਕਾਰ) ਵੱਲੋਂ ਬੀ ਡੀ ਪੀ ਦਫਤਰ ਸਮਾਣਾ ਬਲਾਕ ਵਿਖੇ ਪਰਵਾਣੂ ਬ੍ਰਾਂਚ ਦੇ ਡਾਇਰੈਕਟਰ ਸ੍ਰੀ ਐਸ ਸੀ ਨਾਇਕ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਿਸਾਨਾਂ ਲਈ ਖੇਤੀ ਦੇ ਅਧਾਰਿਤ ਅਤੇ ਹੋਰ ਲੋੜਾਂ ਅਨੁਸਾਰ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ ਜਿਸ ਵਿਚ ਤਕਰੀਬਨ 70 ਸਰਪੰਚਾਂ, ਪੰਚਾਂ ਅਤੇ ਸਕੱਤਰਾਂ ਨੂੰ ਜਾਣਕਾਰੀ ਅਧਾਰਿਤ ਈ- ਕਿਤਾਬਚਾ ਵੰਡਿਆ ਗਿਆ। ਡਿਪਟੀ ਕਮਿਸ਼ਨਰ ਡਾ.ਪ੍ਰੀਤੀ ਯਾਦਵ ਅਤੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਇਸ਼ਾ ਸਿੰਗਲ ਦੇ ਸਹਿਯੋਗ ਨਾਲ ਸਮਾਣਾ ਬਲਾਕ ਵਿਖੇ ਆਯੋਜਿਤ ਇਸ ਸਮਾਗਮ ਦੌਰਾਨ ਭਾਗੀਦਾਰਾਂ ਨੂੰ ਕਿਸੇ ਵੀ ਵਿਕਾਸ ਗਤੀਵਿਧੀ ਜਾਂ ਨਿੱਜੀ ਲੋੜਾਂ ਲਈ ਗੁਣਵੱਤਾ ਵਾਲੀਆਂ ਚੀਜ਼ਾਂ ਦੀ ਖਰੀਦ ਲਈ ਮਿਆਰਾਂ ਦੀ ਮਹੱਤਤਾ ਬਾਰੇ ਜਾਣੂੰ ਕਰਵਾਇਆ ਗਿਆ ਅਤੇ ਭਾਗੀਦਾਰਾਂ ਨੇ ਬੀ ਆਈ ਐਸ ਕੇਅਰ ਐਪ ਨੂੰ ਵੀ ਆਪਣੇ ਮੋਬਾਈਲ ਉੱਪਰ ਡਾਊਨਲੋਡ ਕੀਤਾ ਅਤੇ ਅਸਲ ਆਈ ਐਸ ਆਈ ਮਾਰਕ ਦੀ ਪ੍ਰਮਾਣਿਕਤਾ ਦੀ ਪੁਸ਼ਟੀ ਕਰਨ ਲਈ ਇਸ ਐਪ ਦੀ ਵਰਤੋਂ ਕਰਨਾ ਸਿੱਖਿਆ ਤਾਂ ਜੋ ਰੋਜ਼ਾਨਾ ਜੀਵਨ ਵਿੱਚ ਮਿਆਰਾਂ ਬਾਰੇ ਉਹਨਾਂ ਦੇ ਗਿਆਨ ਵਿੱਚ ਵਾਧਾ ਕੀਤਾ ਜਾ ਸਕੇ ।ਭਾਗੀਦਾਰਾਂ ਦੀ ਰਜਿਸਟ੍ਰੇਸ਼ਨ ਕੀਤੀ ਗਈ ਅਤੇ ਬੀਆਈਐਸ ਦੁਆਰਾ ਪ੍ਰਦਾਨ ਕੀਤੀ ਗਈ ਸਰੋਤ ਸਮੱਗਰੀ ਭਾਗੀਦਾਰਾਂ ਵਿੱਚ ਵੰਡੀ ਗਈ।ਪ੍ਰੋਗਰਾਮ ਦੀ ਸ਼ੁਰੂਆਤ ਬੀ ਆਈ ਐਸ ਦੇ ਰਿਸੋਰਸ ਪਰਸਨ ਦੁਆਰਾ ਪੰਚਾਇਤ ਪੱਧਰ 'ਤੇ ਮਿਆਰਾਂ ਦੀ ਮਹੱਤਤਾ ਬਾਰੇ ਦੱਸ ਕੇ ਕੀਤੀ ਗਈ। ਭਾਗੀਦਾਰਾਂ ਨੂੰ ਦੱਸਿਆ ਗਿਆ ਕਿ ਭਾਰਤੀ ਮਿਆਰ ਬਿਊਰੋ ਵੱਲੋਂ ਗੁਣਵੱਤਾ ਵਾਲੇ ਉਤਪਾਦਾਂ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਪੱਧਰਾਂ 'ਤੇ ਨਵੇਂ ਯਤਨ ਕੀਤੇ ਜਾ ਰਹੇ ਹਨ। ਭਾਗੀਦਾਰਾਂ ਨੇ ਬੜੇ ਜੋਸ਼ ਨਾਲ 'ਜਾਗੋ ਗਰਾਹਕ ਜਾਗੋ' ਦਾ ਨਾਅਰਾ ਵੀ ਲਗਾਇਆ। ਭਾਗੀਦਾਰਾਂ ਨੇ ਵਰਕਸ਼ਾਪ ਦੌਰਾਨ ਪ੍ਰਾਪਤ ਕੀਤੀ ਜਾਣਕਾਰੀ ਦੀ ਪ੍ਰਭਾਵੀ ਵਰਤੋਂ ਕਰਨ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਭਾਗੀਦਾਰ ਇਹ ਜਾਣ ਕੇ ਹੈਰਾਨ ਰਹਿ ਗਏ ਕਿ ਉਹ ਬੀ ਆਈ ਐਸ ਕੇਅਰ ਐਪ 'ਤੇ ਸਿੱਧੇ ਤੌਰ 'ਤੇ ਸ਼ਿਕਾਇਤ ਕਰ ਸਕਦੇ ਹਨ ਅਤੇ ਸਟੈਂਡਰਡ ਮਾਰਕ ਦੀ ਦੁਰਵਰਤੋਂ ਦੀ ਜਾਂਚ ਕਰ ਸਕਦੇ ਹਨ। ਹਾਜ਼ਰੀਨ ਨੇ ਬੀ.ਆਈ.ਐਸ. ਮਾਰਕਿੰਗ ਅਤੇ ਪ੍ਰਮਾਣਿਕਤਾ ਦੀ ਜਾਂਚ ਕਰਨ ਦੇ ਸਾਧਨਾਂ 'ਤੇ ਪ੍ਰਾਪਤ ਕੀਤੇ ਨਵੇਂ ਗਿਆਨ ਬਾਰੇ ਚਾਨਣਾ ਪਾਉਣ ਲਈ ਧੰਨਵਾਦ ਕੀਤਾ। ਬੀ.ਡੀ.ਪੀ.ਓ.ਘਨੌਰ ਸੁਖਵਿੰਦਰ ਸਿੰਘ ਟਿਵਾਣਾ ਨੇ ਬੀ.ਆਈ.ਐਸ. ਦੇ ਰਿਸੋਰਸ ਪਰਸਨ ਦਲਬੀਰ ਸਿੰਘ ਦਾ ਜਾਗਰੂਕਤਾ ਪ੍ਰੋਗਰਾਮ ਲਈ ਧੰਨਵਾਦ ਕੀਤਾ। ਪ੍ਰੋਗਰਾਮ ਸਫਲਤਾਪੂਰਵਕ ਸੰਚਾਲਿਤ ਅਤੇ ਸੰਪੂਰਨ ਹੋਇਆ।

## ਡਾ. ਬੀ.ਐਸ. ਸੰਧੂ ਸਕੂਲ ਦੇ ਵਿਦਿਆਰਥੀਆਂ ਦਾ ਗੁਰਮਤਿ ਪ੍ਰਸ਼ਨੋਤਰੀ ਮੁਕਾਬਲੇ 'ਚ ਸ਼ਾਨਦਾਰ ਪ੍ਰਦਰਸ਼ਨ



ਭੁਨਰਹੇੜੀ, 8 ਮਈ (ਗੁਰਜੀਤ ਸਿੰਘ ਢੌਟ) : ਡਾ. ਬੀ ਐਸ ਸੰਧੂ ਮੈਮੋਰੀਅਲ ਪਬਲਿਕ ਸਕੂਲ ਘੜਾਮ ਰੋਡ ਜੁਲਾਹ ਖੇੜੀ ਦੇ ਵਿਦਿਆਰਥੀਆਂ ਦਾ ਪ੍ਰਦਰਸ਼ਨ ਹਰ ਇੱਕ ਖੇਤਰ ਵਿੱਚ ਹਮੇਸ਼ਾ ਹੀ ਸ਼ਾਨਦਾਰ ਰਿਹਾ ਹੈ। ਜ਼ਿਕਰਯੋਗ ਹੈ ਕਿ ਇਸ ਸਕੂਲ ਦੇ ਵਿਦਿਆਰਥੀਆਂ ਨੇ ਸਿੱਖ ਮਿਸ਼ਨਰੀ ਕਾਲਜ, ਲੁਧਿਆਣਾ ਵੱਲੋਂ ਆਯੋਜਿਤ ਗੁਰਮਤਿ ਪ੍ਰਸ਼ਨੋਤਰੀ ਮੁਕਾਬਲੇ ਵਿੱਚ ਉਤਸ਼ਾਹਪੂਰਵਕ ਭਾਗ ਲੈਂਦਿਆਂ ਵਧੀਆ ਅੰਕ ਹਾਸਲ ਕੀਤੇ ਹਨ ।ਇਸ ਮੁਕਾਬਲੇ ਦੌਰਾਨ ਸ਼ਾਨਦਾਰ ਅੰਕ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਸਕੂਲ ਦੇ ਚੇਅਰਮੈਨ ਸ. ਹਰਦੀਪ ਸਿੰਘ ਸੰਧੂ, ਪ੍ਰਿੰਸੀਪਲ ਰਜਿੰਦਰ ਕੌਰ ਸੰਧੂ ਅਤੇ ਗੁਰਮਤ ਪ੍ਰਚਾਰਕ ਸ. ਸਰਬਜੀਤ ਸਿੰਘ ਘੜਾਮ ਵੱਲੋਂ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੀ ਵੰਡੇ ਗਏ ਅਤੇ ਉਨ੍ਹਾਂ ਦੀ ਹੌਂਸਲਾ ਅਫਜ਼ਾਈ ਕਰਦਿਆਂ ਭਵਿੱਖ ਵਿੱਚ ਹੋਰ ਉਚਾਈਆਂ ਹਾਸਲ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ ।



# ਪਟਿਆਲਾ-ਆਸ/ਪਾਸ



## ਜਸਵਿੰਦਰ ਸਿੰਘ ਰਾਣਾ ਬਣੇ ਆੜ੍ਹਤੀ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ

### ਰਾਣਾ ਵੱਲੋਂ ਆੜ੍ਹਤੀਆਂ ਦੇ ਪੈਂਡਿੰਗ ਮਸਲਿਆਂ ਨੂੰ ਸਰਕਾਰ ਕੋਲੋਂ ਪਹਿਲ ਦੇ ਆਧਾਰ 'ਤੇ ਕਰਵਾਉਣ ਦਾ ਭਰੋਸਾ



ਭੁਨਰਹੇੜੀ, 8 ਮਈ (ਗੁਰਜੀਤ ਸਿੰਘ ਢੋਟ) : ਆੜ੍ਹਤੀ ਐਸੋਸੀਏਸ਼ਨ ਪੰਜਾਬ ਦਾ ਜਰਨਲ ਇਜਲਾਸ ਕਿਸਾਨ ਭਵਨ ਚੰਡੀਗੜ੍ਹ ਵਿਖੇ ਸੂਬਾ ਪ੍ਰਧਾਨ ਰਵਿੰਦਰ ਸਿੰਘ ਚੀਮਾ ਦੀ ਪ੍ਰਧਾਨਗੀ ਹੇਠ ਹੋਇਆ ,ਜਿਸ ਵਿੱਚ ਪੰਜਾਬ ਦੀਆਂ 111 ਮੰਡੀਆਂ ਵੱਲੋਂ ਭਾਗ ਲਿਆ ਗਿਆ। ਇਜਲਾਸ ਦੌਰਾਨ ਪਹਿਲੇ ਭਾਗ ਵਿੱਚ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਦੀ ਚੋਣ ਲਈ ਮੂਣਕ ਮੰਡੀ ਵੱਲੋਂ ਜਸਵਿੰਦਰ ਸਿੰਘ ਰਾਣਾ ਦੇ ਨਾਮ ਦੀ ਪੇਸ਼ਕਸ਼ ਕੀਤੀ ਗਈ, ਜਿਸ ਵਿੱਚ ਹਾਜ਼ਰ ਮੰਡੀਆਂ ਦੇ ਪ੍ਰਧਾਨਾਂ ਅਤੇ ਜ਼ਿਲ੍ਹਾ ਪ੍ਰਧਾਨਾਂ ਵੱਲੋਂ ਤਾਇਦ ਕੀਤੀ ਗਈ। ਜਸਵਿੰਦਰ ਸਿੰਘ ਰਾਣਾ ਨੂੰ ਸਰਬ ਸੰਮਤੀ ਨਾਲ ਦੋ ਸਾਲਾਂ ਲਈ ਆੜ੍ਹਤੀ ਐਸੋਸੀਏਸ਼ਨ ਪੰਜਾਬ ਦਾ ਪ੍ਰਧਾਨ ਚੁਣ ਲਿਆ ਗਿਆ ਅਤੇ ਇਸ ਮੌਕੇ ਪੰਜਾਬ ਦੇ ਕੈਬਨਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਐਸੋਸੀਏਸ਼ਨ ਦਾ ਚੇਅਰਮੈਨ ਬਣਾਇਆ ਗਿਆ। ਇਸ ਮੌਕੇ ਜਸਵਿੰਦਰ ਸਿੰਘ ਰਾਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਪਿਛਲੇ ਕਾਫੀ ਲੰਬੇ ਸਮੇਂ ਤੋਂ ਆੜ੍ਹਤੀਆਂ ਦੇ ਪੈਂਡਿੰਗ ਮਸਲਿਆਂ ਨੂੰ ਉਹ ਸਰਕਾਰਾ ਕੋਲੋਂ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣਗੇ ਜਿਨ੍ਹਾਂ ਵਿੱਚ ਆੜ੍ਹਤੀਆਂ ਦੀ ਆੜ੍ਹਤ ਖੇਤੀਬਾੜੀ ਕਾਨੂੰਨ ਮੁਤਾਬਕ 2.5 ਫੀਸਦੀ ਸਰਕਾਰੀ ਖਰੀਦ ਤੇ ਦਵਾਉਣਾ, ਮੰਡੀ ਮਜ਼ਦੂਰਾਂ ਦੀ ਮਜ਼ਦੂਰੀ ਨੂੰ ਘੱਟੋ ਘੱਟ ਉਜਰ 25 ਫੀਸਦੀ ਦਾ ਵਾਧਾ ਕਰਨਾ, ਲੇਟ ਲਿਫਟਿੰਗ ਕਾਰਨ ਹੁੰਦੀ ਆ ਬੋਰੀਆਂ ਦੇ ਵਜਨ ਦੀ ਘਾਟ, ਸਟੋਰੇਜ ਦੀ ਆੜ੍ਹਤੀਆਂ 'ਤੇ ਕੋਈ ਜ਼ਿੰਮੇਵਾਰੀ ਨਾ ਪਾਉਣਾ ਤੇ ਪੰਜਾਬ ਦਾ ਸਾਈਲੋ ਗੁਦਾਮਾਂ ਦੀ ਨਵੀਂ ਉਸਾਰੀ 'ਤੇ ਪਾਬੰਦੀ ਲਾਉਣ ਦੀ ਮੰਗ ਆਦਿ ਸਬੰਧੀ ਕਰਵਾਉਣ ਆਦਿ ਹਨ, ਦਾ ਭਰੋਸਾ ਦਿੱਤਾ। ਉਨ੍ਹਾਂ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ, ਗੁਰਮੀਤ ਸਿੰਘ ਖੁਡੀਆਂ ਅਤੇ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦਾ ਵੀ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿਥੀਪਾਲ ਸਿੰਘ ਧਾਂਦੀਆਂ ਪ੍ਰਧਾਨ ਅਨਾਜ ਮੰਡੀ ਭੁੱਨਰਹੇੜੀ, ਗੁਰਮੇਜ ਸਿੰਘ, ਦਰਸ਼ਨ ਸਿੰਘ ਆੜ੍ਹਤੀ ਭੁੱਨਰਹੇੜੀ, ਸਤਵਿੰਦਰ ਸਿੰਘ ਸੈਣੀ ਪਟਿਆਲਾ, ਜਤਿੰਦਰ ਸਿੰਘ ਭੰਡੇਰ ਧੂਰੀ, ਨਰਿੰਦਰ ਕਟਾਰੀਆ, ਜਸਵਿੰਦਰ ਸਿੰਘ ਜੱਸੀ ਅਬੋਹਰ, ਤਜਿੰਦਰ ਚੀਮਾ ਦਸੂਹਾ, ਗੁਲਜਾਰ ਸਿੰਘ, ਤੋਂ ਇਲਾਵਾ ਹੋਰ ਵੀ ਆੜ੍ਹਤੀ ਐਸੋਸੀਏਸ਼ਨ ਦੇ ਆਗੂ ਵਿਸ਼ੇਸ਼ ਤੌਰ ਮੌਜੂਦ ਸਨ।

## ਪੰਜਾਬੀ ਯੂਨੀਵਰਸਿਟੀ ਦੇ ਦੋ ਤੀਰਅੰਦਾਜ਼ਾਂ ਨੇ ਭਾਰਤੀ ਤੀਰਅੰਦਾਜ਼ੀ ਟੀਮ 'ਚ ਚੋਣ ਪੱਕੀ ਕੀਤੀ




ਪਟਿਆਲਾ, 8 ਮਈ (ਚ.ਨ.ਸ.) : ਪੰਜਾਬੀ ਯੂਨੀਵਰਸਿਟੀ ਦੇ ਤੀਰਅੰਦਾਜ਼ ਪੂਜਾ ਅਤੇ ਹਰਵਿੰਦਰ ਸਿੰਘ ਨੇ ਭਾਰਤੀ ਤੀਰਅੰਦਾਜ਼ੀ ਟੀਮ ਵਿੱਚ ਆਪਣੀ ਚੋਣ ਪੱਕੀ ਕਰ ਲਈ ਹੈ। ਇਹ ਦੋਵੇਂ ਖਿਡਾਰੀ ਮਈ 2025 ਵਿੱਚ ਇਟਲੀ 'ਚ ਹੋਣ ਵਾਲ਼ੇ ਵਅਲਡ ਰੈਂਕਿੰਗ ਟੂਰਨਾਮੈਂਟ ਅਤੇ ਜੂਨ 2025 ਵਿੱਚ ਚੀਨ 'ਚ ਹੋਣ ਵਾਲੀ ਪੈਰਾ ਏਸ਼ੀਅਨ ਚੈਂਪੀਅਨਸ਼ਿਪ ਵਿੱਚ ਭਾਗ ਲੈਣਗੇ। ਖੇਡ ਵਿਭਾਗ ਦੇ ਡਾਇਰੈਕਟਰ ਡਾ. ਗੁਰਦੀਪ ਕੌਰ ਰੰਧਾਵਾ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਖਿਡਾਰੀ ਪਿਛਲੇ 10 ਸਾਲਾਂ ਤੋਂ ਪੰਜਾਬੀ ਯੂਨੀਵਰਸਿਟੀ ਵਿੱਚ ਨਿਯਮਤ ਤੌਰ 'ਤੇ ਅਭਿਆਸ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਇਹ ਪਹਿਲੀ ਵਾਰ ਹੈ ਕਿ ਪੰਜਾਬੀ ਯੂਨੀਵਰਸਿਟੀ ਤੋਂ 6 ਤੀਰਅੰਦਾਜ਼ਾਂ ਨੇ ਟਰਾਇਲਜ਼ ਵਿੱਚ ਭਾਗ ਲਿਆ। ਉਨ੍ਹਾਂ ਦੱਸਿਆ ਕਿ ਇਸੇ ਦੌਰਾਨ ਤੀਰਅੰਦਾਜ਼ ਗੁਰਵਿੰਦਰ ਸਿੰਘ ਨੇ ਵੀ ਘੱਟ ਸਮੇਂ ਵਿੱਚ ਬੇਮਿਸਾਲ ਪ੍ਰਦਰਸ਼ਨ ਕਰ ਕੇ ਸਭ ਦਾ ਧਿਆਨ ਖਿੱਚਿਆ ਹੈ। ਜ਼ਿਕਰਯੋਗ ਹੈ ਕਿ ਯੂਨੀਵਰਸਿਟੀ ਕੈਂਪਸ ਵਿਖੇ ਰੋਜ਼ਾਨਾ 100-150 ਖਿਡਾਰੀ ਤੀਰਅੰਦਾਜ਼ੀ ਦਾ ਅਭਿਆਸ ਕਰ ਰਹੇ ਹਨ। ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ, ਡੀਨ ਅਕਾਦਮਿਕ ਡਾ. ਨਰਿੰਦਰ ਕੌਰ ਮੁਲਤਾਨੀ ਅਤੇ ਰਜਿਸਟਰਾਰ ਡਾ. ਸੰਜੀਵ ਪੁਰੀ ਵੱਲੋਂ ਇਸ ਪ੍ਰਾਪਤੀ ਉੱਤੇ ਖਿਡਾਰੀਆਂ, ਉਨ੍ਹਾਂ ਦੇ ਕੋਚ ਅਤੇ ਖੇਡ ਵਿਭਾਗ ਨੂੰ ਵਧਾਈ ਦਿੱਤੀ ਗਈ।

## ਡੀ. ਸੀ. ਨੇ ਸਿਵਲ ਡਿਫੈਂਸ ਮੌਕ ਡਰਿੱਲ ਤੇ ਬਲੈਕ ਆਊਟ ਦੌਰਾਨ ਜ਼ਿਲ੍ਹਾ ਵਾਸੀਆਂ ਵੱਲੋਂ ਦਿੱਤੇ ਸਹਿਯੋਗ ਲਈ ਧੰਨਵਾਦ ਕੀਤਾ

### ➢ਲੋਕ ਅਫ਼ਵਾਹਾਂ 'ਤੇ ਵਿਸ਼ਵਾਸ ਨਾ ਕਰਨ : ਡਾ. ਪ੍ਰੀਤੀ ਯਾਦਵ



ਪਟਿਆਲਾ, 8 ਮਈ (ਰੁਪਾਣਾ) : ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ 7 ਮਈ ਨੂੰ ਜ਼ਿਲ੍ਹੇ ਵਿੱਚ ਬਲੈਕ ਆਊਟ ਤੇ ਨਾਗਰਿਕ ਸੁਰੱਖਿਆ ਦੀ ਕਰਵਾਈ ਗਈ ਮੌਕ ਡ੍ਰਿਲ ਦੌਰਾਨ ਜ਼ਿਲ੍ਹਾ ਨਿਵਾਸੀ ਨਾਗਰਿਕਾਂ ਵੱਲੋਂ ਦਿੱਤੇ ਗਏ ਸਹਿਯੋਗ ਲਈ ਧੰਨਵਾਦ ਕੀਤਾ ਹੈ। ਡਿਪਟੀ ਕਮਿਸ਼ਨਰ ਨੇ ਭਰੋਸਾ ਦਿੱਤਾ ਕਿ ਸਮੁੱਚਾ ਜ਼ਿਲ੍ਹਾ ਪ੍ਰਸ਼ਾਸਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਮੁਤਾਬਕ ਆਪਣੇ ਨਾਗਰਿਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਸੰਜੀਦਾ ਹੈ, ਇਸ ਲਈ ਲੋਕ ਕਿਸੇ ਵੀ ਤਰ੍ਹਾਂ ਦੀਆਂ ਅਫ਼ਵਾਹਾਂ ਉਪਰ ਯਕੀਨ ਨਾ ਕਰਨ ਸਗੋਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਆਪਣੇ ਅਧਿਕਾਰਤ ਸਰੋਤਾਂ ਰਾਹੀਂ ਮੁਹੱਈਆ ਕਰਵਾਈ ਜਾਣ ਵਾਲੀ ਜਾਣਕਾਰੀ ਉਪਰ ਹੀ ਯਕੀਨ ਕਰਨ। ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਬਲੈਕ ਆਊਟ ਦੌਰਾਨ ਉਨ੍ਹਾਂ ਨੇ ਦੇਖਿਆ ਕਿ ਫ਼ਲਾਂ ਤੇ ਸਬਜੀਆਂ ਦੀਆਂ ਰੇਹੜੀਆਂ, ਫੜੀਆਂ ਸਮੇਤ ਬਹੁਤ ਸਾਰੀਆਂ ਦੁਕਾਨਾਂ ਤੇ ਹੋਰ ਵਪਾਰਕ ਅਦਾਰਿਆਂ ਵਿੱਚ ਵੱਖ-ਵੱਖ ਤਰ੍ਹਾਂ ਦੀਆਂ ਲਾਇਟਾਂ ਜਲਦੀਆਂ ਰਹੀਆਂ ਅਤੇ ਕਈ ਥਾਵਾਂ 'ਤੇ ਸੀ.ਸੀ.ਟੀ.ਵੀ. ਕੈਮਰਿਆਂ ਤੇ ਸੋਲਰ ਲਾਇਟਾਂ ਵੀ ਜਲਦੀਆਂ ਪਾਈਆਂ ਗਈਆਂ, ਜਿਸ ਲਈ ਲੋਕ ਭਵਿੱਖ ਵਿੱਚ ਆਪਣੀ ਤੇ ਹੋਰਨਾਂ ਦੀ ਨਾਗਰਿਕ ਸੁਰੱਖਿਆ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਦਿੱਤੀਆਂ ਹਦਾਇਤਾਂ ਦੀ ਗੰਭੀਰਤਾ ਨਾਲ ਪਾਲਣਾ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਬਲੈਕ ਆਊਟ ਤੇ ਹੋਰ ਨਾਗਰਿਕ ਸੁਰੱਖਿਆ ਦੀਆਂ ਗਤੀਵਿਧੀਆਂ ਲੋਕਾਂ ਦੀ ਸੁਰੱਖਿਆ ਲਈ ਹੀ ਕਰਵਾਈਆਂ ਜਾਂਦੀਆਂ ਹਨ, ਇਸ ਲਈ ਹਰੇਕ ਨਾਗਰਿਕ ਪ੍ਰਸ਼ਾਸਨ ਨੂੰ ਸਹਿਯੋਗ ਕਰਨਾ ਵੀ ਯਕੀਨੀ ਬਣਾਵੇ। ਇਸ ਲਈ ਭਵਿੱਖ ਵਿੱਚ ਅਜਿਹਾ ਹੋਣ ਦੀ ਸੂਰਤ 'ਚ ਲੋਕ ਸਾਵਧਾਨੀਆਂ ਵਰਤਣ 'ਤੇ ਸੋਸ਼ਲ ਮੀਡੀਆ ਉਪਰ ਅਫ਼ਵਾਹਾਂ ਫੈਲਾਉਣ ਤੋਂ ਵੀ ਗੁਰੇਜ਼ ਕਰਨ 'ਤੇ ਨਾ ਹੀ ਅਜਿਹੀਆਂ ਅਫ਼ਵਾਹਾਂ ਉਪਰ ਯਕੀਨ ਕਰਨ।

## ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਮਾਰੀ ਠੱਗੀ

ਪਟਿਆਲਾ, 8 ਮਈ (ਵਿਨੋਦ ਸ਼ਰਮਾ) : ਥਾਣਾ ਕੋਤਵਾਲੀ ਪਟਿਆਲਾ ਪੁਲਿਸ ਕੋਲ ਬਲਜੋਤ ਸਿੰਘ ਪੁੱਤਰ ਗੁਰਧਿਆਨ ਸਿੰਘ ਵਾਸੀ ਪਿੰਡ ਮੈਣ ਨੇ ਕਥਿਤ ਦੋਸ਼ੀਆਂ ਜਸਪ੍ਰੀਤ ਕੌਰ ਪਤਨੀ ਗੁਰਮੁੱਖ ਸਿੰਘ ਵਾਸੀ ਡੇਰਾ ਗੂਲਰ, ਰਣਜੀਤ ਸਿੰਘ ਵਾਸੀ ਬੈਕਸਾਇਡ ਲਾਹੌਰੀ ਅੱਡਾ ਦਾ ਵੁਡ ਕੈਪੀਟਲ ਐਨ ਐਕ-1 ਸਾਹਮਣੇ ਘਨੌਰ ਕਰਾਸਿੰਗ ਸ਼ੰਭੂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਕਥਿਤ ਦੋਸ਼ੀਆਂ ਨੇ ਉਸ ਨੂੰ ਸਟੱਡੀ ਵੀਜਾ ਪਰ ਆਸਟ੍ਰੇਲੀਆ ਭੇਜਣ ਦਾ ਝਾਂਸਾ ਦੇ ਕੇ 11,00,400 ਰੁਪਏ ਲੈ ਲਏ, ਪਰ ਬਾਅਦ ਵਿੱਚ ਨਾ ਤਾਂ ਵਿਦੇਸ਼ ਭੇਜਿਆ ਅਤੇ ਨਾ ਹੀ ਪੈਸੇ ਵਾਪਿਸ ਕੀਤੇ। ਪੁਲਿਸ ਨੇ ਧਾਰਾ 406,420 ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਪਟਿਆਲਾ ਸੋਸ਼ਲ ਵੈਲ.ਫੇਅਰ ਸੁਸਾਇਟੀ ਵੱਲੋਂ ਮਹਿੰਦਰਾ ਕਾਲਜ ਦੇ ਪ੍ਰਿੰਸੀਪਲ ਪ੍ਰੋ. ਮਨਿੰਦਰ ਕੌਰ ਸਿੱਧੂ ਦਾ ਸਨਮਾਨ



ਪਟਿਆਲਾ, 8 ਮਈ (ਚ.ਨ.ਸ.) : ਪਟਿਆਲਾ ਸ਼ੋਸ਼ਲ ਵੈਲਫੇਅਰ ਸੁਸਾਇਟੀ 25 ਸਾਲਾਂ ਤੋਂ ਲੋਕ ਭਲਾਈ ਦੇ ਕੰਮ ਕਰ ਰਹੀ ਹੈ। ਅੱਖਾ ਦੇ ਚੇਕਅੱਪ ਕੈਂਪ, ਖੂਨਦਾਨ ਕੈਂਪ, ਬੱਚਿਆਂ ਦੀ ਹੋਸਲਾਂ ਹਫਜਾਈ, ਸਟੇਸ਼ਨਰੀ ਵੰਡਣਾ, ਮੈਡੀਕਲ ਕੈਂਪ ਲਗਾਤਾਰ ਲਗਾਏ ਜਾ ਰਹੇ ਹਨ। ਮਹਿੰਦਰਾ ਕਾਲਜ ਸ਼ਹਿਰ ਦਾ 150 ਸਾਲਾ ਪੁਰਾਣਾ ਅਤੇ ਵਧਿਆ ਕਾਲਜ ਹੈ। ਇਸ ਦੇ ਸਹਿਯੋਗ ਨਾਲ ਅਧਿਆਪਕਾਂ ਅਤੇ ਬੱਚਿਆਂ ਦਾ ਸਨਮਾਨ ਕੀਤਾ ਗਿਆ। ਪ੍ਰੋ. ਮਨਿੰਦਰ ਕੌਰ ਸਿੱਧੂ ਪ੍ਰਿੰਸੀਪਲ ਕਾਲਜ ਨੂੰ ਹੋਰ ਵੀ ਵਧਿਆ ਬਣਾਉਣ ਦੇ ਉਪਰਾਲੇ ਕਰ ਰਹੇ ਹਨ। ਕਾਲਜ ਦੇ 150 ਸਾਲਾ ਵਿੱਚ ਆਉਣ ਤੇ ਉਹਨਾਂ ਦਾ ਸਨਮਾਨ ਕੀਤਾ ਗਿਆ। ਪ੍ਰੋ. ਡਾ. ਅਮ੍ਰਿਤ ਸਮਰਾ ਦੀ ਮਿਹਨਤ ਸਦਕਾ ਪ੍ਰੋਗਰਾਮ ਬਹੁਤ ਸਫਲ ਰਿਹਾ। ਪ੍ਰੋ. ਮਨਿੰਦਰ ਕੌਰ ਸਿੱਧੂ ਦਾ ਸੁਸਾਇਟੀ ਵੱਲੋਂ ਸਨਮਾਨਿਤ ਹੁੰਦੇ ਹੋਏ ਕਿਹਾ ਉਨ੍ਹਾਂ ਨੇ ਕਾਲਜਾਂ ਦੇ ਇਤਿਹਾਸ ਬਾਰੇ ਵੀ ਦੱਸਿਆ। ਪੁਰਾਣੇ ਵਿਦਿਆਰਥੀ ਜੋ ਇਸ ਕਾਲਜ ਵਿੱਚ ਵਧੀਆ ਕਾਰਜ ਕੀਤੇ ਹਨ ਉਹਨਾਂ ਨੂੰ ਵੀ ਨਾਲ ਜੋੜਨ ਦੀ ਗੱਲ ਕਹੀ। ਲਾਰਸਨ ਸਿੰਗਲਾ ਨੇ ਆਪਣਾ ਯੂ.ਪੀ.ਐਸ. ਪਾਸ ਕਰਨ ਤਜਰਬਾ ਕਾਲਜ ਦੇ ਵਿਦਿਆਰਥੀਆਂ ਨਾਲ ਸਾਂਝਾ ਕੀਤਾ ਅਤੇ ਵਿਦਿਆਰਥੀਆਂ ਨੂੰ ਪੜਾਈ ਦਾ ਮਹੱਤਵ ਸਮਝਾਇਆ। ਇਸ ਮੌਕੇ ਉਪਰ ਜਾਰਸਨ ਸਿੰਗਲਾ ਨੂੰ ਪਟਿਆਲਾ ਸ਼ੋਸ਼ਲ ਵੈਲਫੇਅਰ ਸੁਸਾਇਟੀ ਪਟਿਆਲਾ ਵੱਲੋਂ ਮਹਿੰਦਰਾ ਕਾਲਜ ਦੇ ਸਹਿਯੋਗ ਨਾਲ ਸਨਮਾਨਿਤ ਕੀਤਾ। ਇਸ ਮੌਕੇ ਉਪਰ ਪ੍ਰੋ. ਅਮਿਤ ਸ਼ਮਰਾ ਨੇ ਵਿਦਿਆਰਥੀਆਂ ਨੂੰ ਯੂ.ਪੀ.ਐਸ. ਤੋਂ ਇਲਾਵਾ ਬਾਕੀ ਕੋਰਸ ਅਤੇ ਟੈਸਟਾਂ ਦੀ ਮਹੱਤਤਾ ਬਾਰੇ ਦੱਸਿਆ ਅਤੇ ਕਿਹਾ ਕਿ ਹਰੇਕ ਵਿਸ਼ੇ ਆਪਣੇ ਆਪ ਪੂਰਾ ਹੈ ਹਰ ਫੀਲਡ ਵਿੱਚ ਵਿਦਿਆਰਥੀ ਆਪਣਾ ਕੈਰੀਅਰ ਬਣਾ ਸਕਦੇ ਹਨ ਅਤੇ ਵਿਦਿਆਰਥੀਆਂ ਨੂੰ ਚਾਹੀਦਾ ਹੈ ਕਿ ਹਰੇਕ ਵਿਸ਼ੇ ਨੂੰ ਇਮਾਨਦਾਰੀ ਅਤੇ ਲਗਨ ਨਾਲ ਪੜਨ ਤਾਂ ਵਿਦਿਆਰਥੀ ਆਪਣਾ ਮੁਕਾਮ ਪੂਰਾ ਕਰ ਸਕਦੇ ਹਨ। ਇਸ ਮੌਕੇ ਉਪਰ ਪ੍ਰੋ. ਸੰਦੀਪ ਕੁਮਾਰ ਨੇ ਵੀ ਵਿਦਿਆਥੀਆਂ ਨੂੰ ਆਪਣਾ ਕੈਰੀਅਰ ਚੁਣਨ ਲਈ ਅਲੱਗ-ਅਲੱਗ ਪਹਿਲੂਆਂ ਬਾਰੇ ਜਾਣਕਾਰੀ ਦਿੱਤੀ ਇਸ ਮੌਕੇ ਉਪਰ ਮਹਿੰਦਰਾ ਕਾਲਜ ਦੇ ਪ੍ਰੋ. ਰਿਤੂਪਰਨ ਕੌਂਸਲ, ਪ੍ਰੋ. ਸੁਖਵਿੰਦਰ ਸਿੰਘ, ਪ੍ਰੋ. ਪਲਵਿੰਦਰ ਸਿੱਧੂ, ਪ੍ਰੋ. ਸੰਦੀਪ ਕੌਰ, ਸ੍ਰ. ਸੁਖਪ੍ਰੀਤ ਸਿੰਘ, ਪ੍ਰੋ. ਕਰਮਨ ਸਿੰਘ, ਪ੍ਰੋ. ਕਿਰਨਜੀਤ ਕੌਰ, ਪ੍ਰੋ. ਸੁਖਦੀਪ ਕੌਰ, ਪ੍ਰੋ. ਗੌਰਵ ਗੁਪਤਾ ਨਾਨ ਟੀਚਿੰਗ ਅਮਲੇ ਵਿਚੋਂ ਸੀ ਭਜਿੰਦਰ ਕੌਰ, ਰਜਨੀਸ਼ ਕੁਮਾਰ ਅਤੇ ਕਿਸ਼ਨਜੀਤ ਸਿੰਘ, ਸੰਦੀਪ ਕੌਰ, ਰਾਜਵੰਤ ਕੌਰ ਨੂੰ ਸਨਮਾਨਿਤ ਕੀਤਾ। ਇਸ ਅਵਸਰ ਉਪਰ ਸੋਸਾਇਟੀ ਦੇ ਪ੍ਰਧਾਨ ਵਿਜੇ ਕੁਮਾਰ ਗੋਇਲ, ਸਕੱਤਰ ਡਾ. ਪ੍ਰਸ਼ੋਤਮ ਗੋਇਲ, ਰਾਵਿੰਦਰ ਸਭਰਵਾਲ, ਅਸ਼ੋਕ ਗਰਗ ਅਤੇ ਅਜੀਤ ਸਿੰਘ ਭੱਟੀ ਅਤੇ ਹਰਬੰਸ ਬਾਂਸਲ ਹਾਜਰ ਸਨ।

## 12 ਬੋਤਲਾਂ ਸ਼ਰਾਬ ਬ੍ਰਾਮਦ

ਘਨੌਰ, 8 ਮਈ (ਮਦਨ ਲਾਲ) : ਥਾਣਾ ਖੇੜੀ ਗੰਡਿਆ ਪੁਲਿਸ ਨੇ ਕਥਿਤ ਦੋਸ਼ੀ ਗੁਰਮੇਜਰ ਸਿੰਘ ਪੁੱਤਰ ਸੁਰਿੰਦਰ ਸਿੰਘ ਵਾਸੀ ਪਿੰਡ ਖੇੜੀ ਗੁਰਨਾ ਥਾਣਾ ਸੰਭੂ ਵਿਰੁੱਧ ਧਾਰਾ 61, 1, 14 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏ.ਐਸ.ਆਈ. ਰਾਮ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾ ਦੇ ਸਬੰਧ ਵਿੱਚ ਪਿੰਡ ਸੈਦਖੇੜੀ ਪਾਸ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ 12 ਬੋਤਲਾ ਸ਼ਰਾਬ ਠੇਕਾ ਦੇਸੀ ਰਾਣੋ ਪੰਜਾਬ ਦੀਆ ਬ੍ਰਾਮਦ ਹੋਈਆਂ।

## ਟਿੱਪਰ ਚਾਲਕ ਤੇ ਮਾਲਕਾਂ ਖ਼ਿਲਾਫ਼ ਮਾਮਲਾ ਦਰਜ

ਸਮਾਣਾ 8 ਮਈ (ਵਿਜੇ ਕੁਮਾਰ) : ਸਦਰ ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਪੁਲਿਸ ਨੇ ਹਾਦਸਾਗ੍ਰਸਤ ਟਿੱਪਰ ਨੂੰ ਆਪਣੇ ਕਬਜ਼ ਵਿਚ ਲੈ ਕੇ ਟਿੱਪਰ ਚਾਲਕ ਭੁਪਿੰਦਰ ਸਿੰਘ ਨਿਵਾਸੀ ਪਿੰਡ ਤਰੈਂ ਅਤੇ ਮਾਲਕਾਂ ਦਵਿੰਦਰ ਸਿੰਘ ਅਤੇ ਰਣਧੀਰ ਸਿੰਘ ਖਿਲਾਫ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਆਪਣੀ ਜਾਂਚ ਅਤੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਜਾਂਚ ਅਧਿਕਾਰੀ ਗੁਰਦੇਵ ਸਿੰਘ ਨੇ ਦੱਸਿਆ ਕਿ ਸੰਦੀਪ ਲੂੰਬਾ ਨਿਵਾਸੀ ਘੜਾਮੀ ਪਤੀ ਸਮਾਣਾ ਵੱਲੋਂ ਦਰਜ ਕਰਵਾਈ ਸ਼ਿਕਾਇਤ ਅਨੁਸਾਰ ਤੇਜ਼ ਰਫਤਾਰ ਨਾਲ ਚਲਾਏ ਜਾ ਰਹੇ ਉਕਤ ਟਿੱਪਰ ਚਾਲਕ ਨੇ ਪਿੰਡ ਨਸੂਪੁਰ ਨੇੜੇ ਲਾਪ੍ਰਵਾਹੀ ਨਾਲ ਇਨੋਵਾ ਗੱਡੀ ਵਿਚ ਟੱਕਰ ਮਾਰ ਦਿੱਤੀ, ਜਿਸ ਨਾਲ ਇਨੋਵਾ ਗੱਡੀ ਬੇਕਾਬੂ ਹੋ ਕੇ ਖਤਾਨਾਂ ਵਿਚ ਜਾ ਡਿੱਗੀ। ਗੱਡੀ ਵਿਚ ਸਵਾਰ ਇਨੋਵਾ ਚਾਲਕ ਅਤੇ ਪੰਜ ਮਾਸੂਮ ਬੱਚਿਆਂ ਦੀ ਮੌਤ ਹੋ ਗਈ, ਜਦੋਂਕਿ ਜ਼ਿਲ੍ਹੇ ਦੇ ਵੱਖ-ਵੱਖ ਪ੍ਰਾਈਵੇਟ ਹਸਪਤਾਲਾਂ ਵਿਚ ਇਲਾਜ ਅਧੀਨ 7 ਬੱਚੇ ਅਜੇ ਗੰਭੀਰ ਹਾਲਤ ਵਿਚ ਹਨ। ਅਧਿਕਾਰੀ ਅਨੁਸਾਰ ਮੁਲਜ਼ਮ ਨੂੰ ਮਾਣਯੋਗ ਅਦਾਲਤ ਵਿਚ ਪੇਸ਼ ਕਰਕੇ ਹੋਰ ਪੁਛਗਿੱਛ ਲਈ ਇਕ ਦਿਨ ਦਾ ਪੁਲਸ ਰਿਮਾਂਡ ਹਾਸਲ ਕੀਤਾ ਹੈ।

## ਮਾਸੂਮ ਬੱਚਿਆਂ ਦੀ ਮੌਤ 'ਤੇ ਪਾਸਟਰ ਐਸੋਸੀਏਸ਼ਨ ਵੱਲੋਂ ਦੁੱਖ ਦਾ ਪ੍ਰਗਟਾਵਾ



ਸਮਾਣਾ, 8 ਮਈ (ਵਿਜੇ ਕੁਮਾਰ) : ਪਾਸਟਰ ਐਸੋਸੀਏਸ਼ਨ ਸਮਾਣਾ ਦੀ ਇਕ ਵਿਸ਼ੇਸ਼ ਮੀਟਿੰਗ ਚਰਚ 'ਚ ਪ੍ਰਧਾਨ ਪਾਸਟਰ ਜੋਨ ਮਸੀਹ ਦੀ ਅਗਵਾਈ ਵਿੱਚ ਹੋਈ। ਇਸ ਮੀਟਿੰਗ ਵਿੱਚ ਬੀਤੇ ਦਿਨ ਸਮਾਣਾ-ਪਟਿਆਲਾ ਰੋਡ 'ਤੇ ਇਕ ਸਕੂਲ ਦੀ ਵੈਨ ਦਾ ਹਾਦਸਾ ਗ੍ਰਸਤ ਹੋਣ ਨਾਲ ਛੋਟੇ ਮਾਸੂਮ ਬੱਚਿਆਂ ਅਤੇ ਡਰਾਈਵਰ ਦੀ ਮੌਤ ਹੋਣ ਦੀ ਇਸ ਮੰਦਭਾਗੀ ਘਟਨਾ 'ਤੇ ਪਾਸਟਰ ਸਾਹਿਬਾਨਾਂ ਤੇ ਸਮੂਹ ਮਸੀਹ ਭਾਈਚਾਰੇ ਵੱਲੋਂ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਸ ਦੁੱਖਦਾਈ ਘਟਨਾ ਨੇ ਸਾਰੇ ਸਮਾਜ ਦੇ ਦਿਲਾਂ ਨੂੰ ਝਿੰਜੋੜ ਕੇ ਰੱਖ ਦਿੱਤਾ। ਇਸ ਮੌਕੇ 'ਤੇ ਪਾਸਟਰ ਐਸੋਸੀਏਸ਼ਨ ਦੇ ਸੈਕਟਰੀ ਰਣਜੀਤ ਸਿੰਘ ਤੇ ਪਾਸਟਰ ਹੇਪੀ ਜੋਨ, ਵਿਕਟਰ, ਰਾਮੇਸ਼ ਕੁਮਾਰ, ਜਸਵੀਰ ,ਅਵਤਾਰ ਸਿੰਘ ਪਾਤੜਾਂ, ਹਰਬੰਸ ਸਿੰਘ, ਤਰਸੇਮ, ਰਾਹੁਲ ਸਮਾਣਾ ਆਦਿ ਵੀ ਹਾਜ਼ਰ ਸਨ।

## ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਹਥਿਆਰਾਂ ਦੇ ਪ੍ਰਦਰਸ਼ਨ 'ਤੇ ਪੂਰਨ ਪਾਬੰਦੀ ਦੇ ਹੁਕਮ ਜਾਰੀ

### ਹਥਿਆਰਾਂ ਜਾਂ ਹਿੰਸਾ ਦੀ ਵਡਿਆਈ ਕਰਨ ਵਾਲੇ ਗੀਤਾਂ 'ਤੇ ਵੀ ਲਗਾਈ ਪਾਬੰਦੀ

ਪਟਿਆਲਾ, 8 ਮਈ (ਵਿਨੋਦ ਸ਼ਰਮਾ) : ਵਧੀਕ ਜ਼ਿਲ੍ਹਾ ਮੈਜਿਸਟਰੇਟ ਪਟਿਆਲਾ ਇਸ਼ਾ ਸਿੰਗਲ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਪਟਿਆਲਾ ਅੰਦਰ ਅਮਨ ਅਤੇ ਕਾਨੂੰਨ ਦੀ ਸਥਿਤੀ ਨੂੰ ਮੁੱਖ ਰੱਖਦੇ ਹੋਏ ਹਥਿਆਰਾਂ ਦੇ ਜਨਤਕ ਪ੍ਰਦਰਸ਼ਨ 'ਤੇ ਪੂਰਨ ਪਾਬੰਦੀ ਲਗਾਈ ਹੈ ਅਤੇ ਇਹ ਪਾਬੰਦੀ ਸੋਸ਼ਲ ਮੀਡੀਆ 'ਤੇ ਵੀ ਲਾਗੂ ਰਹੇਗੀ। ਇਸ ਤੋਂ ਇਲਾਵਾ ਵਿਆਹ ਸ਼ਾਦੀਆਂ/ ਸਮਾਗਮਾਂ ਹੋਰ ਸਮਾਰੋਹਾਂ ਵਿੱਚ ਹਥਿਆਰਾਂ ਜਾਂ ਹਿੰਸਾ ਦੀ ਵਡਿਆਈ ਕਰਨ ਵਾਲੇ ਗੀਤਾਂ 'ਤੇ ਪੂਰਨ ਪਾਬੰਦੀ ਲਗਾਈ ਗਈ ਹੈ। ਜਨਤਕ ਇਕੱਠਾਂ, ਧਾਰਮਿਕ ਸਥਾਨਾਂ, ਵਿਆਹ ਪਾਰਟੀਆਂ ਜਾਂ ਹੋਰ ਸਮਾਗਮਾਂ ਵਿੱਚ ਵੀ ਹਥਿਆਰ ਲਿਜਾਣ ਅਤੇ ਪ੍ਰਦਰਸ਼ਨ ਕਰਨ 'ਤੇ ਪੂਰਨ ਪਾਬੰਦੀ ਰਹੇਗੀ ਅਤੇ ਕਿਸੇ ਵੀ ਭਾਈਚਾਰੇ ਵਿਰੁੱਧ ਨਫ਼ਰਤ ਭਰਿਆ ਭਾਸ਼ਣ ਦੇਣ ਉਤੇ ਵੀ ਪਾਬੰਦੀ ਲਾਗੂ ਹੋਵੇਗੀ। ਹੁਕਮ 8 ਜੁਲਾਈ 2025 ਤੱਕ ਲਾਗੂ ਰਹਿਣਗੇ। ਵਧੀਕ ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਕਿ ਜੇਕਰ ਜ਼ਿਲ੍ਹੇ ਅੰਦਰ ਕੋਈ ਵੀ ਆਮ ਅਤੇ ਖਾਸ ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਦਾ ਪਾਇਆ ਜਾਂਦਾ ਹੈ ਤਾਂ ਉਸਦੇ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਤੁਰੰਤ ਅਮਲ ਵਿੱਚ ਲਿਆਂਦੀ ਜਾਵੇਗੀ।

## ਹਰਚੰਦ ਸਿੰਘ ਬਰਸਟ ਵੱਲੋਂ ਸੜਕ ਹਾਦਸੇ 'ਚ ਸਕੂਲੀ ਬੱਚਿਆਂ ਦੀ ਹੋਈ ਮੌਤ 'ਤੇ ਦੁੱਖ ਪ੍ਰਗਟ

ਸਮਾਣਾ, 8 ਮਈ (ਜਵੰਦਾ/ਵਿਜੇ ਕੁਮਾਰ) : ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ (ਆਪ), ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਨੇ ਸਮਾਣਾ-ਪਟਿਆਲਾ ਰੋਡ 'ਤੇ ਵਾਪਰੇ ਦਰਦਨਾਕ ਸੜਕ ਹਾਦਸੇ ਵਿੱਚ 6 ਸਕੂਲੀ ਬੱਚਿਆਂ ਅਤੇ ਡਰਾਇਵਰ ਦੀ ਹੋਈ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਨੇ ਅੱਜ ਮ੍ਰਿਤਕ ਬੱਚਿਆਂ ਦੇ ਸਸਕਾਰ 'ਤੇ ਪਹੁੰਚ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਅਤੇ ਪੀੜਤ ਪਰਿਵਾਰਾਂ ਨਾਲ ਦੁੱਖ ਸਾਂਝਾ ਕੀਤਾ। ਉਨ੍ਹਾਂ ਕਿਹਾ ਕਿ ਹਾਦਸੇ ਵਿੱਚ ਜ਼ਖ਼ਮੀ ਹੋਏ ਬਾਕੀ ਬੱਚਿਆਂ ਦਾ ਸ਼ਹਿਰ ਦੇ ਵੱਖ-ਵੱਖ ਹਸਪਤਾਲਾਂ ਵਿੱਚ ਇਲਾਜ ਚੱਲ ਰਿਹਾ ਹੈ। ਇਸ ਹਾਦਸੇ 'ਤੇ ਦੁੱਖ ਪ੍ਰਗਟ ਕਰਦਿਆਂ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਪੀੜਤ ਪਰਿਵਾਰਾਂ ਦੇ ਮੈਂਬਰਾਂ ਨਾਲ ਦੁੱਖ ਅਤੇ ਹਮਦਰਦੀ ਸਾਂਝੀ ਕੀਤੀ। ਉਨ੍ਹਾਂ ਨੇ ਅਕਾਲ ਪੁਰਖ ਅੱਗੇ ਹਸਪਤਾਲ ਵਿੱਚ ਦਾਖਲ ਬੱਚਿਆਂ ਦੇ ਜਲਦ ਸਿਹਤਮੰਦ ਹੋਣ ਦੀ ਵੀ ਅਰਦਾਸ ਕੀਤੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੀਵਨ ਬਹੁਤ ਅਨਮੋਲ ਹੈ। ਇਸ ਲਈ ਵਹੀਕਲ ਚਲਾਉਂਦਿਆਂ ਹੋਇਆ ਟ੍ਰੈਫਿਕ ਨਿਯਮਾਂ ਦੀ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ, ਕਿਉਂਕਿ ਟ੍ਰੈਫਿਕ ਨਿਯਮਾਂ ਦੀ ਪਾਲਨਾ ਕਰਨਾ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ।



## ਸੜਕ ਹਾਦਸੇ 'ਚ ਮਾਰੇ ਗਏ ਸਕੂਲੀ ਬੱਚਿਆਂ ਦੇ ਸਮੂਹਿਕ ਅੰਤਿਮ ਸਸਕਾਰ ਮੌਕੇ ਹਜ਼ਾਰਾਂ ਲੋਕਾਂ ਨੇ ਨਮ ਅੱਖਾਂ ਨਾਲ ਦਿੱਤੀ ਵਿਦਾਇਗੀ





ਸਮਾਣਾ, 8 ਮਈ (ਵਿਜੇ ਕੁਮਾਰ/ ਸੁਖਜਿੰਦਰ/ਜਵੰਦਾ/ਅਮਿਤ) : ਸਮਾਣਾ-ਪਟਿਆਲਾ ਸੜਕ 'ਤੇ ਬੁੱਧਵਾਰ ਦੁਪਹਿਰ ਬਾਅਦ ਮਿੱਟੀ ਨਾਲ ਭਰੇ ਟਿੱਪਰ ਅਤੇ ਸਕੂਲੀ ਬੱਚਿਆਂ ਨੂੰ ਪਟਿਆਲਾ ਤੋਂ ਸਮਾਣਾ ਲੈ ਕੇ ਆ ਰਹੀ ਇਨੋਵਾ ਕਾਰ ਦਰਮਿਆਨ ਹੋਈ ਭਿਆਨਕ ਟੱਕਰ 'ਚ ਮਾਰੇ ਗਏ ਪੰਜ ਬੱਚਿਆਂ ਦਾ ਸਮੂਹਿਕ ਅੰਤਿਮ ਸਸਕਾਰ ਵੀਰਵਾਰ ਦੁਪਹਿਰ ਸਵਰਗਧਾਮ ਸਮਾਣਾ 'ਚ ਕਰ ਦਿੱਤਾ ਗਿਆ, ਜਦੋਂਕਿ ਇਨੋਵਾ ਚਾਲਕ ਬਲਵਿੰਦਰ ਸਿੰਘ ਦਾ ਅੰਤਿਮ ਸਸਕਾਰ ਉਸ ਦੇ ਪਿੰਡ ਫਤਿਹਪੁਰ ਵਿਖੇ ਕੀਤਾ ਗਿਆ। ਮਾਸੂਮ ਬੱਚਿਆਂ ਦੀ ਮੌਤ ਦੇ ਸੋਗ ਵਿਚ ਸਮਾਣਾ ਸ਼ਹਿਰ ਅਤੇ ਅਦਾਲਤਾਂ ਦਾ ਕੰਮ ਵੀ ਪੂਰੀ ਤਰ੍ਹਾ ਬੰਦ ਰਿਹਾ। ਵੀਰਵਾਰ ਸਵੇਰੇ ਸਿਵਲ ਹਸਪਤਾਲ ਸਮਾਣਾ 'ਚ ਚਾਲਕ ਬਲਵਿੰਦਰ ਸਿੰਘ ਸਣੇ ਸਾਰੇ ਮ੍ਰਿਤਕ ਬੱਚਿਆਂ ਦੀਆਂ ਲਾਸ਼ਾਂ ਪੋਸਟਮਾਰਟਮ ਉਪਰੰਤ ਵਾਰਸਾਂ ਹਵਾਲੇ ਕੀਤੀਆਂ ਗਈਆਂ। ਅੰਤਿਮ ਸਸਕਾਰ ਮੌਕੇ ਸਾਂਸਦ ਡਾ. ਧਰਮਵੀਰ ਗਾਂਧੀ, ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ, ਸਾਬਕਾ ਵਿਧਾਇਕ ਰਾਜਿੰਦਰ ਸਿੰਘ, ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ, ਹਰਿੰਦਰਪਾਲ ਸਿੰਘ ਹੈਰੀਮਾਨ, ਗੁਰਸ਼ਰਨ ਕੌਰ ਰੰਧਾਵਾ, ਯਸ਼ਪਾਲ ਸਿੰਗਲਾ, ਕਪੂਰ ਚੰਦ ਬਾਂਸਲ, ਪਵਨ ਸਾਸ਼ਤਰੀ, ਸਣੇ ਸਾਰੇ ਰਾਜਸੀ, ਸਮਾਜਿਕ, ਧਾਰਮਿਕ ਅਤੇ ਵਪਾਰਿਕ ਸੰਸਥਾਵਾਂ ਦੇ ਹਜ਼ਾਰਾ ਲੋਕਾਂ ਨੇ ਨਮ ਅੱਖਾਂ ਨਾਲ ਮ੍ਰਿਤਕ ਮਾਸੂਮਾਂ ਨੂੰ ਸ਼ਰਧਾਜਲੀ ਭੇਟ ਕੀਤੀ ਅਤੇ ਪ੍ਰੀਵਾਰਾਂ ਨਾਲ ਹਮਦਰਦੀ ਪ੍ਰਗਟਾਈ। ਸਸਕਾਰ 'ਚ ਸ਼ਾਮਲ ਲੋਕਾਂ ਨੇ ਸਕੂਲੀ ਬੱਚਿਆਂ ਨੂੰ ਲੈ ਜਾਣ ਵਾਲੇ ਵਾਹਨਾਂ ਦੀ ਲਗਾਤਾਰ ਜਾਂਚ ਨਾ ਕੀਤੇ ਜਾਣ ਅਤੇ ਸਮਾਣਾ-ਪਟਿਆਲਾ ਸੜਕ 'ਤੇ ਨਿਯਮਾਂ ਦੀਆਂ ਧੱਜੀਆਂ ਉਡਾ ਕੇ ਹਰ ਰੋਜ਼ ਦੌੜ ਰਹੇ ਮਿੱਟੀ ਨਾਲ ਭਰੇ ਟਿੱਪਰਾਂ ਵੱਲੋਂ ਕੀਤੇ ਜਾ ਰਹੇ ਹਾਦਸਿਆਂ ਦੇ ਵਿਰੋਧ ਵਿਚ ਪੁਲਿਸ ਅਤੇ ਪ੍ਰਸ਼ਾਸ਼ਨ ਖਿਲਾਫ ਨਾਅਰੇਬਾਜ਼ੀ ਵੀ ਕੀਤੀ ਗਈ। ਮਾਮਲੇ ਦੇ ਜਾਂਚ ਅਧਿਕਾਰੀ ਸਦਰ ਪੁਲਿਸ ਦੇ ਏ.ਐਸ.ਆਈ. ਗੁਰਦੇਵ ਸਿੰਘ ਨੇ ਦੱਸਿਆ ਕਿ ਇਲਾਜ ਅਧੀਨ ਬੱਚਿਆਂ ਦੀ ਹਾਲਤ ਗੰਭੀਰ ਹੈ। ਜ਼ਖ਼ਮੀ ਬੱਚਿਆਂ 'ਚੋਂ ਚਾਰ ਬੱਚੇ ਪਟਿਆਲਾ ਦੇ ਨਿੱਜੀ ਹਸਪਤਾਲਾਂ 'ਚ ਅਤੇ ਇਕ ਬੱਚਾ ਮੁਹਾਲੀ ਦੇ ਪ੍ਰਾਈਵੇਟ ਹਸਪਤਾਲ ਵਿਚ ਇਲਾਜ ਅਧੀਨ ਹਨ।

## ਅਦਾਲਤ ਨੇ ਰਿਸ਼ਵਤ ਦੇ ਮਾਮਲੇ 'ਚ ਮੀਟਰ ਰੀਡਰ ਨੂੰ ਨਿਆਂਇਕ ਹਿਰਾਸਤ 'ਚ ਭੇਜਿਆ

ਪਟਿਆਲਾ, 8 ਮਈ (ਵਿਨੋਦ ਸ਼ਰਮਾ) : ਰਿਸ਼ਵਤ ਦੇ ਮਾਮਲੇ 'ਚ ਡਿਊਟੀ ਮੈਜਿਸਟ੍ਰੇਟ ਦੀ ਅਦਾਲਤ ਵਿੱਚ ਮੀਟਰ ਰੀਡਰ ਪ੍ਰਿਤਪਾਲ ਸਿੰਘ ਨੂੰ ਪੇਸ਼ ਕੀਤਾ ਗਿਆ। ਅਦਾਲਤ ਨੇ ਉਸ ਨੂੰ 22 ਮਈ ਤੱਕ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਹੈ। ਵਿਜੀਲੈਂਸ ਪੁਲਿਸ ਨੇ ਉਸ ਦੇ ਖ਼ਿਲਾਫ਼ ਸਾਲ 2024 ਵਿੱਚ ਵੱਖ-ਵੱਖ ਧਾਰਾਵਾਂ ਦੇ ਤਹਿਤ ਮਾਮਲਾ ਦਰਜ ਕੀਤਾ ਸੀ। ਉਕਤ ਵਿਅਕਤੀ ਜੋ ਕਿ ਇਸ ਮਾਮਲੇ ਵਿੱਚ ਪੀ.ਓ. ਚਲ ਰਿਹਾ ਸੀ, ਜਿਸ ਨੂੰ ਬਾਅਦ ਵਿਚ ਪੁਲਿਸ ਨੇ ਕਾਬੂ ਕੀਤਾ ਸੀ।

## ਨਾਜਾਇਜ਼ ਮਾਈਨਿੰਗ ਦੇ ਮਾਮਲੇ 'ਚ ਅਣਪਛਾਤੇ ਜ਼ਮੀਨ ਮਾਲਕ ਖ਼ਿਲਾਫ਼ ਮਾਮਲਾ ਦਰਜ

ਸਮਾਣਾ, 8 ਮਈ (ਵਿਜੇ ਕੁਮਾਰ) : ਪਿੰਡ ਧਨੇਠਾ 'ਚ ਹੋਈ ਨਾਜਾਇਜ਼ ਮਾਈਨਿੰਗ ਦੇ ਮਾਮਲੇ 'ਚ ਸਦਰ ਪੁਲਿਸ ਨੇ ਅਣਪਛਾਤੇ ਜ਼ਮੀਨ ਮਾਲਕ ਅਤੇ ਅਣਪਛਾਤੀ ਮਸ਼ੀਨਰੀ ਦੇ ਖਿਲਾਫ ਮਾਮਲਾ ਦਰਜ ਕੀਤਾ ਹੈ। ਮਾਮਲੇ ਦੇ ਜਾਂਚ ਅਧਿਕਾਰੀ ਮਵੀਕਲਾਂ ਪੁਲਸ ਮੁਖੀ ਸਬ- ਇੰਸਪੈਕਟਰ ਬਲਕਾਰ ਸਿੰਘ ਨੇ ਦੱਸਿਆ ਕਿ ਮਾਈਨਿੰਗ ਇੰਸਪੈਕਟਰ ਸਮਾਣਾ ਹੁਸਨਪ੍ਰੀਤ ਸਿੰਘ ਵੱਲੋਂ ਦਰਜ ਕਰਵਾਈ ਸ਼ਿਕਾਇਤ ਅਨੁਸਾਰ ਪ੍ਰਾਪਤ ਸੂਚਨਾ ਉਪਰੰਤ ਉਹਨਾਂ ਨੇ ਪੁਲਸ ਦੀ ਮਦਦ ਨਾਲ ਪਿੰਡ ਧਨੇਠਾ 'ਚ ਰੇਡ ਕਰਕੇ ਉੱਥੇ ਪੰਜ ਕਨਾਲ ਜ਼ਮੀਨ ਵਿੱਚੋਂ ਚਾਰ ਫੁੱਟ ਡੂੰਘੀ ਨਾਜਾਇਜ਼ ਮਾਈਨਿੰਗ ਹੋਈ ਪਾਈ। ਮਾਈਨਿੰਗ ਇੰਸਪੈਕਟਰ ਅਨੁਸਾਰ ਹਲਕਾ ਪਟਵਾਰੀ ਵੱਲੋਂ ਜੀ.ਪੀ.ਐਸ ਸਿਸਟਮ ਰਾਹੀਂ ਜ਼ਮੀਨ ਮਾਲਕ ਦਾ ਪਤਾ ਲੱਗਾ ਕੇ ਉਸ ਨੂੰ ਨਾਮਜ਼ਦ ਕੀਤਾ ਜਾਵੇਗਾ, ਅਤੇ ਮਾਈਨਿੰਗ 'ਚ ਵਰਤੀ ਮਸ਼ੀਨਰੀ ਬਾਰੇ ਪਤਾ ਲਗਾ ਕੇ ਕਾਰਵਾਈ ਕੀਤੀ ਜਾਵੇਗੀ।

## 28 ਜੂਨ ਨੂੰ ਪਟਿਆਲਾ ਤੋਂ ਨਿਕਲੇਗੀ 23ਵੀਂ ਭਗਵਾਨ ਜਗਨ ਨਾਥ ਯਾਤਰਾ



ਪਟਿਆਲਾ, 8 ਮਈ (ਚ.ਨ.ਸ.) : ਇਸ਼ਕੋਨ ਫੈਡਰੇਸ਼ਨ ਕਮੇਟੀ ਵੱਲੋਂ ਇੱਕ ਬੈਠਕ ਰਾਧਾ ਗੋਬਿੰਦ ਆਸ਼ਰਮ ਪਟਿਆਲਾ ਵਿਖੇ ਸ੍ਰੀਮਾਨ ਅਕਿੰਚਨ ਪ੍ਰੀਆ ਦਾਸ, ਠਾਕੁਰ ਦਾਸ, ਪ੍ਰਧਾਨ ਧੀਰਜ ਚਲਾਣਾ, ਅਸ਼ਵਨੀ ਗੋਇਲ ਚੇਅਰਮੈਨ, ਸੀ.ਐਮ. ਮਿੱਤਲ ਮਹਾਂ ਸਚਿਵ ਦੀ ਅਗਵਾਈ ਵਿੱਚ ਹੋਈ। ਮਿਤੀ 28-6-2025 ਨੂੰ ਪੰਜਾਬ ਦੇ ਪਟਿਆਲਾ ਵਿੱਚ 23ਵੀਂ ਭਗਵਾਨ ਜਗਨ ਨਾਥ ਯਾਤਰਾ ਕਰਨ ਦਾ ਨਿਰਣੇ ਲਿਆ ਗਿਆ। ਇਸ ਬੈਠਕ ਵਿੱਚ ਅਰਵਿੰਦ ਨੋਰੀਆ, ਬਲਜਿੰਦਰ ਧੀਮਾਨ, ਚੰਦਰ ਸ਼ੇਖਰ, ਅਵਿਨਾਸ਼ ਗੌਡ, ਸੈਂਡੀ ਵਾਲਿਆ, ਪ੍ਰਦੀਪ ਕਪਿਲਾ, ਯੋਗੇਸ਼ ਬਾਂਸਲ, ਬਿਕਰਮ ਅਹੁਜਾ, ਸੰਦੀਪ ਕੁਮਾਰ, ਸੁਭਾਸ਼ ਗੁਪਤਾ, ਸੰਜੇ ਸੇਠ, ਜਿੰਮੀ ਗੁਪਤਾ, ਅਨਿਲ ਵਰਮਾ, ਗੋਇਲ, ਐਡਵੋਕੇਟ ਪਰਨਵ, ਸ਼ਾਮਲ ਹੋਏ। ਇਸ਼ਕੋਨ ਮਹਾਂਉਤਸਵ ਸੰਮਤੀ ਪਟਿਆਲਾ ਦੇ ਚੇਅਰਮੈਨ ਅਸ਼ਵਨੀ ਗੋਇਲ ਨੇ ਦੱਸਿਆ ਕਿ ਛੱਪਨ ਭੋਗ ਅਤੇ ਆਰਤੀ ਮਿਤੀ 28-6-2025 ਨੂੰ ਸਵੇਰੇ 9 ਵਜੇ ਐਸ.ਡੀ.ਕੇ.ਐਸ. ਭਵਨ ਰਾਜਪੁਰਾ ਰੋਡ ਪਟਿਆਲਾ ਵਿਖੇ ਸ਼ੁਰੂ ਹੋਵੇਗੀ। ਭਗਵਾਨ ਜਗਨ ਨਾਥ, ਭਗਵਾਨ ਬਲਭਦਰ ਅਤੇ ਦੇਵੀ ਸੁਭਦਰਾ ਦੀ ਰੱਥ ਯਾਤਰਾ ਰੰਗ ਬਰੰਗੇ ਸਜਾਏ ਗਏ ਰੱਥ ਵਿੱਚ ਦਿਵਿਆ ਚੱਕਰ ਦੇ ਨਾਲ ਕਾਲੀ ਮਾਤਾ ਮੰਦਿਰ ਪਟਿਆਲਾ ਤੋਂ ਲਾਹੋਰੀ ਗੇਟ, ਆਰੀਆ ਸਮਾਜ, ਤ੍ਰਿਵੈਣੀ ਚੌਂਕ ਤੋਂ ਹੁੰਦੇ ਹੋਏ ਸਰਹਿੰਦੀ ਬਜਾਰ, ਦਰਸ਼ਨੀ ਗੇਟ, ਅਦਾਲਤ ਬਜਾਰ, ਧਰਮਪੁਰਾ ਬਜਾਰ, ਗਊਸ਼ਾਲਾ ਰੋਡ, ਸ਼ੇਰੇ ਪੰਜਾਬ ਮਾਰਕੀਟ, ਪ੍ਰੈਸ ਰੋਡ, ਆਰੀਆ ਸਮਾਜ, ਸਬਜੀ ਮੰਡੀ, ਨਹਿਰੂ ਪਾਰਕ, ਸਰਹਿੰਦੀ ਗੇਟ, ਸ੍ਰੀ ਹਨੂੰਮਾਨ ਮੰਦਿਰ, ਰਾਜਪੁਰਾ ਰੋਡ, ਐਸ.ਡੀ.ਕੇ.ਐਸ. ਭਵਨ ਵਿਖੇ ਸੰਪਨ ਹੋਵੇਗੀ। ਇਸ ਮੌਕੇ ਸੁਦਰਸ਼ਨ ਮਿੱਤਲ ਪ੍ਰੈਸ ਸਕੱਤਰ ਨੇ ਦੱਸਿਆ ਕਿ ਪਰਸ਼ੂ ਰਾਮ ਚੌਂਕ ਤੋਂ ਸਰਹਿੰਦੀ ਗੇਟ ਤੋਂ ਐਸ.ਡੀ.ਕੇ.ਐਸ. ਭਵਨ ਤੱਕ ਰੰਗ ਬਰੰਗੀ ਲਾਇਟਾਂ ਦਾ ਪ੍ਰਬੰਧ ਵੀ ਕੀਤਾ ਜਾਵੇਗਾ। ਇਸ ਤੋਂ ਬਾਅਦ ਐਸ.ਡੀ.ਕੇ.ਐਸ. ਭਵਨ ਵਿਖੇ ਲੋਕਾਂ ਦੇ ਲਈ ਪ੍ਰਸ਼ਾਦ ਵਰਤਾਇਆ ਜਾਵੇਗਾ।

## ਮੇਜਰ ਸਿੰਘ ਵਜੀਦਪੁਰ ਬੀ.ਪੀ.ਈ.ਓ. ਬਾਬਰਪੁਰ ਹੋਏ ਨਿਯੁਕਤ



ਭਾਦਸੋਂ, 8 ਮਈ (ਭਰਪੂਰ ਸਿੰਘ ਮੱਟਰਾਂ ) : ਅੱਜ ਸੀਐੱਚਟੀ ਅਲੌਹਰਾਂ ਕਲਾਂ ਮੇਜਰ ਸਿੰਘ ਵਜੀਦਪੁਰ ਨੂੰ ਬੀਪੀਈਓ ਦੀ ਤਰੱਕੀ ਮਿਲਣ 'ਤੇ ਬਲਾਕ ਬਾਬਰਪੁਰ ਐਟ ਨਾਭਾ ਵਿਖੇ ਬਤੌਰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਹਾਜ਼ਰ ਹੋਏ । ਅੱਜ ਉਹਨਾਂ ਦੇ ਹਾਜ਼ਰ ਹੋਣ ਸਮੇਂ ਉਹਨਾਂ ਦਾ ਬਲਾਕ ਅਧਿਆਪਕਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਮੁਬਾਰਕਵਾਦ ਦੇਣ ਲਈ ਵਿਸ਼ੇਸ਼ ਤੌਰ 'ਤੇ ਪਹੁੰਚੇ ਬੀਪੀਈਓ ਜਗਜੀਤ ਸਿੰਘ ਨੌਹਰਾ ,ਜਸਵਿੰਦਰ ਸਿੰਘ ਪਟਿਆਲਾ ,ਸੋਹਣ ਸਿੰਘ ਮਲੇਰਕੋਟਲਾ, ਗੁਰਦਰਸ਼ਨ ਸਿੰਘ ਧੂਰੀ, ਅਖਤਰ ਸਲੀਮ ਨਾਭਾ, ਰਿਟਾਇਰਡ ਬੀਪੀਈਓ ਜੋਗਿੰਦਰ ਸਿੰਘ, ਹੰਸਰਾਜ ,ਹਰਤੇਜ ਸਿੰਘ , ਰਿਟਾਇਰਡ ਸੀਐਚਟੀ ਕੁਲਦੀਪ ਸਿੰਘ , ਸੀਐਚਟੀ ਬਿਕਰਮਜੀਤ ਸਿੰਘ, ਦਿਲਪ੍ਰੀਤ ਕੌਰ , ਗੁਰਮੇਲ ਸਿੰਘ ਨੌਹਰਾ , ਗੁਰਪ੍ਰੀਤ ਸਿੰਘ , ਗੁਰਮੇਲ ਸਿੰਘ ਪਹਾੜਪੁਰ, ਬੀ ਆਰ ਸੀ ਆਂਚਲ, ਰਮਨਜੀਤ ਸਿੰਘ, ਅਮਰ ਸਿੰਘ ਟੋਡਰਵਾਲ ਨੇ ਮੇਜਰ ਸਿੰਘ ਨੂੰ ਬੀਪੀਈਓ ਹਾਜ਼ਰ ਹੋਣ 'ਤੇ ਵਧਾਈਆਂ ਦਿੱਤੀਆਂ।

## ਪੁਲਿਸ ਸਾਂਝ ਕੇਂਦਰ ਵੱਲੋਂ ਚਲਾਈ ਜਾ ਰਹੀ ਹਰ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਕਮੇਟੀ ਮੈਂਬਰਾਂ ਦਾ ਬਹੁਮੁੱਲਾ ਸਹਿਯੋਗ ਸ਼ਲਾਘਾਯੋਗ : ਬਾਜਵਾ



ਪਟਿਆਲਾ, 8 ਮਈ (ਚ.ਨ.ਸ.): ਕਮਿਊਨਿਟੀ ਅਫੇਅਰਜ਼ ਡਵੀਜਨ, ਪੰਜਾਬ ਪੁਲਿਸ ਹੁਕਮਾਂ ਅਨੁਸਾਰ ਡੀ.ਸੀ.ਪੀ.ਓ. ਵੈਭਵ ਚੌਧਰੀ ਐਸ.ਪੀ. (ਹੈਡ ਕੁਆਟਰ) ਦੇ ਦਿਸ਼ਾ ਨਿਰਦੇਸ਼ ਅਨੁਸਾਰ ਸੀ.ਪੀ.ਆਰ.ਸੀ.ਪਟਿਆਲਾ ਦੇ ਇੰਚਾਰਜ ਸੁਖਜਿੰਦਰ ਸਿੰਘ ਬਾਜਵਾ ਦੀ ਸਰਪ੍ਰਸਤੀ ਅਤੇ ਐਸ. ਆਈ. ਜਸਵੰਤ ਕੁਮਾਰ ਇੰਚਾਰਜ ਪੁਲਿਸ ਸਾਂਝ ਕੇਂਦਰ ਡਵੀਜ਼ਨ ਸਿਟੀ-2 ਦੀ ਅਗਵਾਈ ਹੇਠ ਗਤੀਸ਼ੀਲ ਸਮਾਜ ਸੇਵੀ ਸੰਸਥਾਵਾਂ ਯੂਥ ਕਲੱਬ ਬਾਦਸ਼ਾਹਪੁਰ ਅਤੇ ਚਾਇਲਡ ਪ੍ਰੋਟੈਕਸਨ ਐਂਡ ਓਲਡਏਜ ਹੋਮ ਵੈਲਫੇਅਰ ਸੁਸਾਇਟੀ ਦੇ ਸਹਿਯੋਗ ਨਾਲ ਰੈਡ ਕਰਾਸ ਦਿਵਸ ਨੂੰ ਸਮਰਪਿਤ ਸੈਮੀਨਾਰ ਕੀਤਾ ਗਿਆ। ਸੈਮੀਨਾਰ ਵਿੱਚ ਮੈਂਬਰ ਪੁਲਿਸ ਸਾਂਝ ਕਮੇਟੀ ਸਟੇਟ ਅਵਾਰਡੀ ਪਰਮਜੀਤ ਸਿੰਘ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ,ਸਟੇਟ ਅਵਾਰਡੀ ਗੁਰਜੰਟ ਸਿੰਘ,ਪੁਲਿਸ ਸਾਂਝ ਕਮੇਟੀ ਮੈਂਬਰਾਂ ਗੁਰਕੀਰਤ ਸਿੰਘ ਨੈਸ਼ਨਲ ਅਵਾਰਡੀ ਐਚ. ਐਸ. ਕਰੀਰ, ਹੇਮ ਰਿਸ਼ੀ,ਕੁਲਵੰਤ ਧੀਮਾਨ,ਕਰਨੈਲ ਸਿੰਘ,ਪਰਮਜੀਤ ਸਿੰਘ ਗਿੱਲ, ਸੁਖਵਿੰਦਰ ਸਿੰਘ ਕਲੇਰ,ਨਰਿੰਦਰ ਸਿੰਘ ਅਰੋੜਾ, ਸਟੇਟ ਅਵਾਰਡੀ ਗੁਰਪ੍ਰੀਤ ਸਿੰਘ, ਰਵਿੰਦਰ ਸਿੰਘ,ਰਜੇਸ਼ ਮਿੱਤਲ, ਗੁਰਚੇਤ ਸਿੰਘ, ਅਮਰੀਕ ਸਿੰਘ ਭੁੱਲਰ, ਅਰਵਿੰਦਰ ਸਿੰਘ,ਅਤੇ ਗੁਰਪ੍ਰਤਾਪ ਸਿੰਘ ਸਾਹੀ ਸਾਮਲ ਹੋਏ। ਇਸ ਮੌਕੇ ਸੁਖਜਿੰਦਰ ਸਿੰਘ ਬਾਜਵਾ ਨੇ ਕਮੇਟੀ ਮੈਂਬਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੁਲਿਸ ਸਾਂਝ ਕੇਂਦਰ ਦੀਆਂ ਮੁਹਿੰਮਾਂ ਨੂੰ ਸਫਲ ਬਣਾਉਣ ਵਿੱਚ ਕਮੇਟੀ ਮੈਂਬਰਾਂ ਦਾ ਸਮਰਥਨ ਸੱਚਮੁੱਚ ਕੀਮਤੀ ਹੈ। ਪੁਲਿਸ ਸਾਂਝ ਕੇਂਦਰ ਕਮਿਊਨਿਟੀ ਪੁਲਿਸਿੰਗ ਪਹਿਲਕਦਮੀਆਂ ਜਿਨ੍ਹਾਂ ਦਾ ਉਦੇਸ਼ ਪੁਲਿਸ ਅਤੇ ਜਨਤਾ ਵਿਚਕਾਰ ਵਿਸ਼ਵਾਸ ਅਤੇ ਸਹਿਯੋਗ ਬਣਾਉਣਾ ਹੈ। ਕਮੇਟੀ ਮੈਂਬਰ ਇਹਨਾਂ ਮੁਹਿੰਮਾਂ ਦੀ ਸਫਲਤਾ ਵਿੱਚ ਵੱਡਮੁੱਲਾ ਯੋਗਦਾਨ ਪਾ ਰਹੇ ਹਨ। ਪੁਲਿਸ ਸਾਂਝ ਕੇਂਦਰ ਨਾਲ ਮਿਲਕੇ ਭਾਈਚਾਰਕ ਚਿੰਤਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕਰ ਸਕਦੇ ਹਨ ਅਤੇ ਇੱਕ ਸੁਰੱਖਿਅਤ, ਵਧੇਰੇ ਸਦਭਾਵਨਾ ਪੂਰਨ ਵਾਤਾਵਰਣ ਨੂੰ ਉਤਸ਼ਾਹਿਤ ਕਰ ਸਕਦੇ ਹਨ।